27-MAY-PAGE-1.qxd 5/26/2023 9:45 PM Page 1

ਸ਼ਨੀਵਾਰ, 27 ਮਈ, 2023

13 ਜੇਠ { ਨਾਨਕਸ਼ਾਹੀ 555 / ਬਿਕਰਮੀ 2080 }

ਜਿਲਦ/VOL. : 71

ਅੰਕ/NO. : 356

ਨਵਾਂ ਜ਼ਮਾਨਾ

DAILY NAWAN ZAMANA • SATURDAY, 27 MAY, 2023 ਜਲੰਧਰ

You Tube nawan zamana TV

'ਨਵਾਂ ਜ਼ਮਾਨਾ' ਦੇ ਫ਼ੋਨ ਨੰਬਰ

ਪੁੱਛ-ਗਿੱਛ (ਰਿਸੈਪਸ਼ਨ)	0181-5097300
ਇਸ਼ਤਿਹਾਰ ਵਿਭਾਗ	0181-5097302
ਸਾਹਿਤ ਸੰਪਾਦਕ (ਐਤਵਾਰਤਾ)	0181-5097305
ਕੰਪਿਊਟਰ ਰੂਮ	0181-5097310
ਵੈੱਬ ਟੀ ਵੀ	0181-5133160

ਕੀਮਤ/PRICE : 5.00 ਰੁਪਏ   Regd. No : Pb/JL-123/2021-23, (R.N.I.)-00068/57   E-mail : nawanzamana@gmail.com   www.nawanzamana.in   ਸਫ਼ੇ : 12

'ਦਾਮ' ਵਾਇਰਸ ਤੋਂ ਬਚੋ

ਨਵੀਂ ਦਿੱਲੀ : ਕੌਮੀ ਸਾਈਬਰ ਸੁਰੱਖਿਆ ਏਜੰਸੀ ਨੇ ਚਿਤਾਵਨੀ ਦਿੱਤੀ ਹੈ ਕਿ ਐਂਡਰੌਇਡ ਦਾ 'ਦਾਮ' ਨਾਮਕ ਮਾਲਵੇਅਰ ਕਾਲ ਰਿਕਾਰਡ, ਸੰਪਰਕ ਜਾਣਕਾਰੀ, ਪਿਛਲੀਆਂ ਫੋਨ ਗਤੀਵਿਧੀਆਂ ਅਤੇ ਮੋਬਾਈਲ ਫੋਨਾਂ ਦੇ ਕੈਮਰੇ ਵਰਗੇ ਸੰਵੇਦਨਸ਼ੀਲ ਡੈਟਾ ਨੂੰ ਹੈਕ ਕਰਦਾ ਹੈ। 'ਇੰਡੀਅਨ ਕੰਪਿਊਟਰ ਐਮਰਜੰਸੀ ਰਿਸਪਾਂਸ ਟੀਮ' ਜਾਂ 'ਸੀ ਈ ਆਰ ਟੀ-ਇਨ' ਨੇ 'ਭਰੋਸੇਯੋਗ ਵੈੱਬਸਾਈਟਾਂ' 'ਤੇ ਜਾਣ ਅਤੇ ਅਵਿਸ਼ਵਾਸਯੋਗ ਲਿੰਕਾ 'ਤੇ ਕਲਿੱਕ ਕਰਨ ਤੋਂ ਬਚਣ ਦੀ ਸਲਾਹ ਦਿੱਤੀ ਹੈ। ਇਸ ਨੇ 'ਐਂਟੀ-ਵਾਇਰਸ' ਅਤੇ 'ਐਂਟੀ-ਸਪਾਈਵੇਅਰ' ਸੌਫਟਵੇਅਰ ਨੂੰ ਡਾਊਨਲੋਡ ਨਾ ਕਰਨ ਅਤੇ ਸ਼ੱਕੀ ਨੰਬਰਾਂ ਵਾਲੇ ਫੋਨ ਨੰਬਰਾਂ ਦੇ ਸੁਨੇਹਿਆਂ ਤੋਂ ਸੁਚੇਤ ਰਹਿਣ ਦੀ ਸਲਾਹ ਦਿੱਤੀ ਹੈ।

ਰਾਹੁਲ ਨੂੰ ਪਾਸਪੋਰਟ ਲੈਣ ਦੀ ਇਜਾਜ਼ਤ

ਨਵੀਂ ਦਿੱਲੀ : ਸਥਾਨਕ ਅਦਾਲਤ ਨੇ ਕਾਂਗਰਸ ਆਗੂ ਰਾਹੁਲ ਗਾਂਧੀ ਨੂੰ ਤਿੰਨ ਸਾਲ ਦੀ ਵੈਧਤਾ ਵਾਲਾ ਪਾਸਪੋਰਟ ਲੈਣ ਦੀ ਇਜਾਜ਼ਤ ਦੇ ਦਿੱਤੀ ਹੈ ਤੇ ਇਸ ਲਈ 'ਇਤਰਾਜ਼ ਨਹੀਂ ਸਰਟੀਫਿਕੇਟ' ਦੇ ਦਿੱਤਾ ਹੈ। ਗੁਜਰਾਤ ਦੇ ਸੂਰਤ ਦੀ ਅਦਾਲਤ ਵੱਲੋਂ ਅਪਰਾਧਕ ਮਾਣਹਾਨੀ ਦੇ ਕੇਸ 'ਚ ਦੋਸ਼ੀ ਕਰਾਰ ਦਿੱਤੇ ਜਾਣ ਤੋਂ ਬਾਅਦ ਰਾਹੁਲ ਗਾਂਧੀ ਨੂੰ ਸੰਸਦ ਮੈਂਬਰ ਵਜੋਂ ਅਯੋਗ ਕਰਾਰ ਦਿੱਤਾ ਗਿਆ ਸੀ। ਇਸ ਤੋਂ ਬਾਅਦ ਰਾਹੁਲ ਨੇ ਡਿਪਲੋਮੈਟਿਕ ਯਾਤਰਾ ਦਸਤਾਵੇਜ਼ ਵਾਪਸ ਕਰ ਦਿੱਤੇ ਸਨ। ਰਾਹੁਲ ਗਾਂਧੀ ਨੇ ਅਗਲੇ ਮਹੀਨੇ ਦੇ ਸ਼ੁਰੂ 'ਚ ਅਮਰੀਕਾ ਦਾ ਦੌਰਾ ਕਰਨਾ ਹੈ।

ਉੱਡਦੇ ਜਹਾਜ਼ ਦਾ ਦਰਵਾਜ਼ਾ ਖੋਲ੍ਹ'ਤਾ

ਸਿਓਲ : ਏਸ਼ੀਆਨਾ ਏਅਰਲਾਈਨਜ਼ ਦੇ ਉੱਡਦੇ ਜਹਾਜ਼ ਦਾ ਯਾਤਰੀ ਨੇ ਦਰਵਾਜ਼ਾ ਖੋਲ੍ਹ ਦਿੱਤਾ, ਪਰ ਇਸ ਦੇ ਬਾਵਜੂਦ ਜਹਾਜ਼ ਦੱਖਣੀ ਕੋਰੀਆ ਦੇ ਹਵਾਈ ਅੱਡੇ 'ਤੇ ਸੁਰੱਖਿਅਤ ਉੱਤਰ ਗਿਆ। ਕੁਝ ਯਾਤਰੀਆਂ ਨੇ ਵਿਅਕਤੀ ਨੂੰ ਦਰਵਾਜ਼ਾ ਖੋਲ੍ਹਣ ਤੋਂ ਰੋਕਣ ਦੀ ਕੋਸ਼ਿਸ਼ ਕੀਤੀ, ਪਰ ਉਹ ਨਾਕਾਮ ਰਹੇ। 194 ਯਾਤਰੀਆਂ ਨੂੰ ਲੈ ਕੇ ਇਹ ਜਹਾਜ਼ ਦੱਖਣੀ ਟਾਪੂ ਜੇਜੂ ਤੋਂ ਦੱਖਣ-ਪੂਰਬੀ ਸ਼ਹਿਰ ਡੇਗੂ ਜਾ ਰਿਹਾ ਸੀ। ਸਫਰ ਕਰੀਬ ਘੰਟੇ ਦਾ ਸੀ ਪਰ ਹਾਲੇ ਤੱਕ ਸਪੱਸ਼ਟ ਨਹੀਂ ਹੋਇਆ ਕਿ ਦਰਵਾਜ਼ਾ ਕਿੰਨਾ ਸਮਾਂ ਖੁੱਲ੍ਹਾ ਰਿਹਾ। ਏਅਰਲਾਈਨ ਨੇ ਦੱਸਿਆ ਕਿ ਪੁਲਸ ਨੇ ਦਰਵਾਜ਼ਾ ਖੋਲ੍ਹਣ ਵਾਲੇ ਨੂੰ ਹਿਰਾਸਤ 'ਚ ਲੈ ਲਿਆ। ਉਸ ਦੇ ਇਰਾਦੇ ਦਾ ਤੁਰੰਤ ਪਤਾ ਨਹੀਂ ਲੱਗ ਸਕਿਆ। 9 ਯਾਤਰੀਆਂ ਨੂੰ ਸਾਹ ਦੀ ਸਮੱਸਿਆ ਕਾਰਨ ਹਸਪਤਾਲ ਲਿਜਾਇਆ ਗਿਆ।

ਵੈਨਕੂਵਰ ਲਈ ਉੱਡੇ ਜਹਾਜ਼ 'ਚ ਨੁਕਸ

ਨਵੀਂ ਦਿੱਲੀ : ਇੱਥੋਂ ਵੈਨਕੂਵਰ ਲਈ ਉੱਡਿਆ ਏਅਰ ਇੰਡੀਆ ਦਾ ਜਹਾਜ਼ (ਏ ਆਈ 185) ਥੋੜ੍ਹੀ ਦੇਰ ਬਾਅਦ ਤਕਨੀਕੀ ਖਰਾਬੀ ਕਾਰਨ ਵਾਪਸ ਪਰਤ ਆਇਆ। ਏਅਰ ਇੰਡੀਆ ਦੇ ਬੁਲਾਰੇ ਨੇ ਦੱਸਿਆ ਕਿ ਜਹਾਜ਼ ਦਿੱਲੀ ਹਵਾਈ ਅੱਡੇ 'ਤੇ ਸੁਰੱਖਿਅਤ ਉਤਰ ਗਿਆ।

300 ਯਾਤਰੀ ਮੁੰਬਈ 'ਚ 10 ਘੰਟੇ ਫਸੇ ਰਹੇ

ਮੁੰਬਈ : ਵੀਅਤਜੈੱਟ ਦੀ ਉਡਾਣ ਵਿਚ ਵਿਘਨ ਪੈਣ ਕਾਰਨ ਇਸ ਦੇ ਘੱਟੋ-ਘੱਟ 300 ਯਾਤਰੀ ਇੱਥੇ ਫਸ ਗਏ। ਜਹਾਜ਼ ਵੀਅਤਨਾਮ ਦੇ ਹੋ ਚੀ ਮਿੰਨ੍ਹ ਸ਼ਹਿਰ ਜਾ ਰਿਹਾ ਸੀ। ਜਹਾਜ਼ 'ਚ ਖਰਾਬੀ ਕਾਰਨ ਯਾਤਰੀਆਂ ਨੂੰ ਕਰੀਬ 10 ਘੰਟੇ ਹਵਾਈ ਅੱਡੇ 'ਤੇ ਰੁਕਣਾ ਪਿਆ। ਯਾਤਰੀਆਂ ਨੇ ਦੋਸ਼ ਲਾਇਆ ਕਿ ਲੰਬਾ ਸਮਾਂ ਇੰਤਜ਼ਾਰ ਕਰਨ ਦੇ ਬਾਵਜੂਦ ਏਅਰਲਾਈਨ ਨੇ ਯਾਤਰੀਆਂ ਲਈ ਹੋਟਲ ਜਾਂ ਖਾਣੇ ਦਾ ਪ੍ਰਬੰਧ ਨਹੀਂ ਕੀਤਾ। ਡੀ ਜੀ ਸੀ ਏ ਦੇ ਨਿਯਮਾਂ ਤਹਿਤ ਜੇ ਕਿਸੇ ਫਲਾਈਟ 'ਚ ਨਿਰਧਾਰਤ ਸਮੇਂ ਤੋਂ ਜ਼ਿਆਦਾ ਦੇਰੀ ਹੁੰਦੀ ਹੈ ਤਾਂ ਏਅਰਲਾਈਨ ਨੂੰ ਯਾਤਰੀਆਂ ਦੇ ਬੋਰਡਿੰਗ ਅਤੇ ਰਹਿਣ ਦੀ ਵਿਵਸਥਾ ਕਰਨੀ ਹੋਵੇਗੀ। ਵੀਅਤਜੈੱਟ ਤੋਂ ਇਸਦਾ ਜਵਾਬ ਨਹੀਂ ਮਿਲਿਆ।

ਸਤੇਂਦਰ ਜੈਨ ਨੂੰ ਅੰਤ੍ਰਿਮ ਜ਼ਮਾਨਤ

ਨਵੀਂ ਦਿੱਲੀ : ਸੁਪਰੀਮ ਕੋਰਟ ਨੇ ਦਿੱਲੀ ਦੇ ਸਾਬਕਾ ਮੰਤਰੀ ਸਤੇਂਦਰ ਜੈਨ ਨੂੰ ਮੈਡੀਕਲ ਆਧਾਰ 'ਤੇ ਛੇ ਹਫਤਿਆਂ ਦੀ ਅੰਤ੍ਰਿਮ ਜ਼ਮਾਨਤ ਦੇ ਦਿੱਤੀ ਹੈ। ਜੈਨ ਬੀਤੇ ਦਿਨੀਂ ਤਿਹਾੜ ਜੇਲ੍ਹ ਦੇ ਗੁਸਲਖਾਨੇ 'ਚ ਚੱਕਰ ਖਾ ਕੇ ਡਿੱਗ ਗਏ ਸਨ ਤੇ ਉਨ੍ਹਾ ਦਾ ਹਸਪਤਾਲ 'ਚ ਇਲਾਜ ਚੱਲ ਰਿਹਾ ਹੈ। ਸੁਪਰੀਮ ਕੋਰਟ ਨੇ ਸ਼ਰਤ ਲਾਈ ਹੈ ਕਿ ਉਹ ਆਪਣੇ ਜ਼ਮਾਨਤ ਸਮੇਂ ਦੌਰਾਨ ਮੀਡੀਆ ਨਾਲ ਗੱਲ ਨਹੀਂ ਕਰਨਗੇ। ਉਹ ਆਪਣੀ ਪਸੰਦ ਦੇ ਹਸਪਤਾਲ 'ਚ ਇਲਾਜ ਕਰਵਾ ਸਕਦੇ ਹਨ ਤੇ ਸਾਰੀ ਮੈਡੀਕਲ ਰਿਪੋਰਟ ਜਮ੍ਹਾਂ ਕਰਾਉਣੀ ਪਵੇਗੀ।

ਪੰਜਾਬ ਤੋਂ ਬਿਹਾਰ ਜਾ ਰਹੀ ਬੱਸ ਹਾਦਸੇ ਦਾ ਸ਼ਿਕਾਰ, ਇਕ ਮੌਤ, 11 ਗੰਭੀਰ

ਨੋਇਡਾ : ਯੂ ਪੀ ਦੇ ਗੌਤਮ ਬੁੱਧ ਨਗਰ ਜ਼ਿਲ੍ਹੇ ਦੇ ਥਾਣਾ ਕਸਨਾ ਇਲਾਕੇ ਵਿਚ ਸ਼ੁੱਕਰਵਾਰ ਤੜਕੇ ਟਰੱਕ ਨੇ ਪੰਜਾਬ ਤੋਂ ਬਿਹਾਰ ਜਾ ਰਹੀ ਡਬਲ ਡੈਕਰ ਬੱਸ ਨੂੰ ਈਸਟਰਨ ਪੈਰੀਫੇਰਲ ਐਕਸਪ੍ਰੈਸ ਵੇਅ 'ਤੇ ਟੱਕਰ ਮਾਰ ਦਿੱਤੀ, ਜਿਸ ਕਾਰਨ ਇਕ ਵਿਅਕਤੀ ਦੀ ਮੌਤ ਹੋ ਗਈ ਅਤੇ 28 ਜ਼ਖ਼ਮੀ ਹੋ ਗਏ, ਜਿਨ੍ਹਾਂ ਵਿੱਚੋਂ 11 ਦੀ ਹਾਲਤ ਨਾਜ਼ੁਕ ਦੱਸੀ ਗਈ ਹੈ। ਇਹ ਲੋਕ ਪੰਜਾਬ ਤੋਂ ਬਿਹਾਰ ਤੇ ਨੇਪਾਲ ਜਾ ਰਹੇ ਸਨ।

ਅਮਰੀਕੀ ਰੱਖਿਆ ਮੰਤਰੀ ਅਗਲੇ ਹਫਤੇ ਦਿੱਲੀ 'ਚ

ਵਾਸ਼ਿੰਗਟਨ : ਅਮਰੀਕੀ ਰੱਖਿਆ ਮੰਤਰੀ ਲੋਇਡ ਔਸਟਿਨ ਭਾਰਤੀ ਰੱਖਿਆ ਮੰਤਰੀ ਰਾਜਨਾਥ ਸਿੰਘ ਨੂੰ ਮਿਲਣ ਲਈ ਅਗਲੇ ਹਫਤੇ ਨਵੀਂ ਦਿੱਲੀ ਜਾਣਗੇ। ਇਹ ਦੌਰਾ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੇ ਅਗਲੇ ਮਹੀਨੇ ਹੋਣ ਵਾਲੇ ਅਮਰੀਕਾ ਦੌਰੇ ਤੋਂ ਪਹਿਲਾਂ ਹੋ ਰਿਹਾ ਹੈ। ਔਸਟਿਨ ਅਗਲੇ ਹਫਤੇ ਜਾਪਾਨ, ਸਿੰਗਾਪੁਰ, ਭਾਰਤ ਅਤੇ ਫਰਾਂਸ ਦਾ ਦੌਰਾ ਕਰਨਗੇ। ਉਹ ਅਮਰੀਕਾ-ਭਾਰਤ ਰੱਖਿਆ ਸਾਂਝੇਦਾਰੀ ਨੂੰ ਮਜ਼ਬੂਤ ਕਰਨ ਲਈ ਰਾਜਨਾਥ ਸਿੰਘ ਤੇ ਹੋਰਾਂ ਨਾਲ ਮੁਲਾਕਾਤ ਕਰਨਗੇ।

9 ਸਾਲ, 9 ਸਵਾਲ

ਨਵੀਂ ਦਿੱਲੀ : ਕਾਂਗਰਸ ਨੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੀ ਅਗਵਾਈ ਵਾਲੀ ਸਰਕਾਰ ਦੇ 9 ਸਾਲ ਪੂਰੇ ਹੋਣ 'ਤੇ ਸ਼ੁੱਕਰਵਾਰ '9 ਸਾਲ, 9 ਸਵਾਲ' ਨਾਂਅ ਕਿਤਾਬਚਾ ਜਾਰੀ ਕਰਦਿਆਂ ਕਿਹਾ ਕਿ 26 ਮਈ ਨੂੰ ਪ੍ਰਧਾਨ ਮੰਤਰੀ ਮੋਦੀ ਨੂੰ 'ਮੁਆਫੀ ਦਿਵਸ' ਵਜੋਂ ਮਨਾਇਆ ਜਾਣਾ ਚਾਹੀਦਾ ਹੈ। ਪਾਰਟੀ ਦੇ ਜਨਰਲ ਸਕੱਤਰ ਜੈਰਾਮ ਰਮੇਸ਼ ਨੇ ਪੱਤਰਕਾਰਾਂ ਨੂੰ ਕਿਹਾ-9 ਸਾਲਾਂ ਬਾਅਦ ਅੱਜ ਕਾਂਗਰਸ 9 ਸਵਾਲ ਪੁੱਛ ਰਹੀ ਹੈ। ਇਹ ਸਵਾਲ ਰਾਹੁਲ ਗਾਂਧੀ ਨੇ 'ਭਾਰਤ ਜੋੜੋ ਯਾਤਰਾ' ਦੌਰਾਨ ਪੁੱਛੇ ਸਨ, ਪਰ ਪ੍ਰਧਾਨ ਮੰਤਰੀ ਅਤੇ ਸਰਕਾਰ ਵੱਲੋਂ ਕੋਈ ਜਵਾਬ ਨਹੀਂ ਆਇਆ।

ਉਨ੍ਹਾ ਸਵਾਲ ਕੀਤਾ-ਪ੍ਰਧਾਨ ਮੰਤਰੀ ਜੀ, ਮਹਿੰਗਾਈ ਅਤੇ ਬੇਰੁਜ਼ਗਾਰੀ ਕਿਉਂ ਅਸਮਾਨ ਛੂਹ ਰਹੀ ਹੈ? ਇਹ ਆਰਥਿਕ ਅਸਮਾਨਤਾ ਕਿਉਂ ਵਧ ਰਹੀ ਹੈ? ਅਜਿਹਾ ਕਿਉਂ ਹੈ ਕਿ ਕਿਸਾਨਾਂ ਦੀ ਆਮਦਨ ਦੁੱਗਣੀ ਕਿਉਂ ਨਹੀਂ ਹੋਈ, ਕਿਸਾਨਾਂ ਨਾਲ ਕੀਤੇ ਵਾਅਦੇ ਪੂਰੇ ਕਿਉਂ ਨਹੀਂ ਕੀਤੇ ਗਏ? ਐੱਮ ਐੱਸ ਪੀ ਦੀ ਕਾਨੂੰਨੀ ਗਾਰੰਟੀ ਨਹੀਂ ਦਿੱਤੀ ਗਈ? ਅਡਾਨੀ ਨੂੰ ਫਾਇਦਾ ਪਹੁੰਚਾਉਣ ਲਈ ਐੱਸ ਬੀ ਆਈ ਅਤੇ ਐੱਲ ਆਈ ਸੀ 'ਚ ਜਮ੍ਹਾਂ ਲੋਕਾਂ ਦੀ ਮਿਹਨਤ ਦੀ ਕਮਾਈ ਇਸ ਸਮੂਹ 'ਚ ਕਿਉਂ ਲਗਾਈ ਗਈ, ਅਡਾਨੀ ਸਮੂਹ ਦੀਆਂ ਸ਼ੈੱਲ ਕੰਪਨੀਆਂ 'ਚ ਜਮ੍ਹਾਂ 20,000 ਕਰੋੜ ਰੁਪਏ ਕਿਸਦੇ ਹਨ? ਪ੍ਰਧਾਨ ਮੰਤਰੀ ਜੀ, ਚੀਨ ਨੂੰ ਅੱਖ ਦਿਖਾਉਣ ਦੀ ਗੱਲ ਕਰਨ ਦੇ ਬਾਵਜੂਦ ਤੁਸੀਂ ਚੀਨ ਨੂੰ ਕਲੀਨ ਚਿੱਟ ਕਿਉਂ ਦਿੱਤੀ? ਸਿਆਸੀ ਲਾਹੇ ਲਈ ਡਰ ਦਾ ਮਾਹੌਲ ਕਿਉਂ ਬਣਾਇਆ ਜਾ ਰਿਹਾ ਹੈ? ਤੁਸੀਂ ਔਰਤਾਂ, ਦਲਿਤਾਂ, ਆਦਿਵਾਸੀਆਂ ਅਤੇ ਘੱਟਗਿਣਤੀਆਂ 'ਤੇ ਹੋ ਰਹੇ ਅੱਤਿਆਚਾਰਾਂ 'ਤੇ ਚੁੱਪ ਕਿਉਂ ਹੋ, ਜਾਤੀ ਆਧਾਰਤ ਜਨਗਣਨਾ 'ਤੇ ਚੁੱਪ ਕਿਉਂ ਹੋ? ਅਜਿਹਾ ਕਿਉਂ ਹੈ ਕਿ ਵਿਰੋਧੀ ਧਿਰ ਦੇ ਨੇਤਾਵਾਂ ਵਿਰੁੱਧ ਬਦਲਾਖੋਰੀ ਦੀ ਕਾਰਵਾਈ ਕੀਤੀ ਜਾ ਰਹੀ ਹੈ ਅਤੇ ਵਿਰੋਧੀ ਧਿਰ ਦੀਆਂ ਸਰਕਾਰਾਂ ਨੂੰ ਅਸਥਿਰ ਕਰਨ ਦੀਆਂ ਕੋਸ਼ਿਸ਼ਾਂ ਕੀਤੀਆਂ ਜਾ ਰਹੀਆਂ ਹਨ? ਕੀ ਇਹ ਨਹੀਂ ਹੈ ਕਿ 40 ਲੱਖ ਲੋਕਾਂ ਦੀ ਕੁਪ੍ਰਬੰਧਨ ਕਾਰਨ ਮੌਤ ਹੋ ਗਈ ਅਤੇ ਪ੍ਰਭਾਵਤ ਪਰਵਾਰਾਂ ਨੂੰ ਮੁਆਵਜ਼ਾ ਕਿਉਂ ਨਹੀਂ ਦਿੱਤਾ ਗਿਆ? ਪ੍ਰਧਾਨ ਮੰਤਰੀ ਨੂੰ ਇਨ੍ਹਾਂ ਸਵਾਲਾਂ 'ਤੇ ਬੋਲਣਾ ਚਾਹੀਦਾ ਹੈ।

ਕੁਝ ਤਾਂ ਬੋਲੋ : ਕਾਂਗਰਸ

ਦਸਵੀਂ 'ਚ ਵੀ ਕੁੜੀਆਂ ਟਾਪ 'ਤੇ, ਸਰਕਾਰੀ ਸਕੂਲਾਂ ਦਾ ਬਿਹਤਰ ਪ੍ਰਦਰਸ਼ਨ

ਮੋਹਾਲੀ (ਗੁਰਜੀਤ ਬਿੱਲਾ)

ਪੰਜਾਬ ਸਕੂਲ ਸਿੱਖਿਆ ਬੋਰਡ ਦਾ ਦਸਵੀਂ ਸ਼੍ਰੇਣੀ (ਰੈਗੂਲਰ ਅਤੇ ਓਪਨ ਸਕੂਲ) ਦਾ ਨਤੀਜਾ ਸ਼ੁੱਕਰਵਾਰ ਐਲਾਨਿਆ ਗਿਆ। 281327 ਪ੍ਰੀਖਿਆਰਥੀ ਅਪੀਅਰ ਹੋਏ, ਜਿਨ੍ਹਾਂ ਵਿੱਚੋਂ 274400 ਪ੍ਰੀਖਿਆਰਥੀ ਪਾਸ ਹੋਏ। ਨਤੀਜੇ ਦੀ ਪਾਸ ਪ੍ਰਤੀਸ਼ਤਤਾ 97.54 ਰਹੀ। ਸਰਕਾਰੀ ਸਕੂਲਾਂ ਦੇ ਕੁੱਲ 97.76 ਪ੍ਰਤੀਸ਼ਤ ਅਤੇ ਗੈਰ-ਸਰਕਾਰੀ ਸਕੂਲਾਂ ਦੇ 97 ਪ੍ਰਤੀਸ਼ਤ ਪ੍ਰੀਖਿਆਰਥੀ ਪਾਸ ਹੋਏ ਹਨ। ਕੁੜੀਆਂ ਦੀ ਪਾਸ ਪ੍ਰਤੀਸ਼ਤਤਾ 98.46 ਅਤੇ ਮੁੰਡਿਆਂ ਦੀ ਪਾਸ ਪ੍ਰਤੀਸ਼ਤਤਾ 96.73 ਰਹੀ ਹੈ।

ਪਹਿਲਾ ਸਥਾਨ ਸੰਤ ਮੋਹਨ ਦਾਸ ਮੈਮੋਰੀਅਲ ਸੀਨੀਅਰ ਸੈਕੰਡਰੀ ਸਕੂਲ, ਕੋਟ ਸੁਖੀਆ ਜ਼ਿਲ੍ਹਾ ਫ਼ਰੀਦਕੋਟ ਦੀ ਵਿਦਿਆਰਥਣ ਗਗਨਦੀਪ ਕੌਰ ਪੁੱਤਰੀ ਗੁਰਸੇਵਕ ਸਿੰਘ ਨੇ 650 ਵਿੱਚੋਂ 650 ਅੰਕ ਲੈ ਕੇ ਪ੍ਰਾਪਤ ਕੀਤਾ ਹੈ। ਇਸੇ ਸਕੂਲ ਦੀ ਹੀ ਵਿਦਿਆਰਥਣ ਨਵਜੋਤ ਪੁੱਤਰੀ ਵਿਜੈ ਕੁਮਾਰ 650 ਵਿੱਚੋਂ 648 (99.69%) ਅੰਕ ਪ੍ਰਾਪਤ ਕਰਕੇ ਦੂਸਰੇ ਸਥਾਨ 'ਤੇ ਰਹੀ। ਤੀਸਰਾ ਸਥਾਨ ਸਰਕਾਰੀ ਹਾਈ ਸਕੂਲ, ਮੰਢਾਲੀ, ਜ਼ਿਲ੍ਹਾ ਮਾਨਸਾ ਦੀ ਵਿਦਿਆਰਥਣ ਹਰਮਨਦੀਪ ਕੌਰ ਪੁੱਤਰੀ ਸ. ਸੁਖਵਿੰਦਰ ਸਿੰਘ ਨੇ 650 ਵਿੱਚੋਂ 648 (99.38%) ਅੰਕ ਪ੍ਰਾਪਤ ਕਰਕੇ ਹਾਸਲ ਕੀਤਾ।

ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਕੁੜੀਆਂ ਭਵਾਨੀਗੜ੍ਹ ਦੀ ਜਸਮੀਤ ਕੌਰ 644/650 ਅੰਕਾਂ ਨਾਲ ਜ਼ਿਲ੍ਹਾ ਸੰਗਰੂਰ ਵਿੱਚੋਂ ਪਹਿਲੇ ਅਤੇ ਪੰਜਾਬ ਵਿੱਚੋਂ ਚੌਥੇ ਸਥਾਨ 'ਤੇ ਰਹੀ। ਜਸਮੀਤ ਕੌਰ ਦੀ ਵੱਡੀ ਭੈਣ ਜਸ਼ਨਪ੍ਰੀਤ ਕੌਰ ਨੇ ਵੀ 2020 'ਚ ਦਸਵੀਂ 'ਚ ਜ਼ਿਲ੍ਹੇ 'ਚ ਪਹਿਲਾ ਸਥਾਨ ਹਾਸਲ ਕੀਤਾ ਸੀ।

ਗਗਨਦੀਪ   ਨਵਜੋਤ   ਹਰਮਨਦੀਪ

ਧੀਆਂ ਦਾ ਯੁੱਗ : ਮਾਨ

ਅੱਵਲ ਰਹਿਣ ਵਾਲੀਆਂ ਵਿਦਿਆਰਥਣਾਂ ਨੂੰ ਵਧਾਈ ਦਿੰਦਿਆਂ ਮੁੱਖ ਮੰਤਰੀ ਭਗਵੰਤ ਮਾਨ ਨੇ ਕਿਹਾ ਕਿ ਇਹ 'ਧੀਆਂ ਦਾ ਯੁੱਗ' ਹੈ ਕਿਉਂਕਿ ਵਿਦਿਆਰਥਣਾਂ ਆਪਣੇ ਨਿਵੇਕਲੇ ਪ੍ਰਦਰਸ਼ਨ ਨਾਲ ਸਾਰਿਆਂ ਦਾ ਮਾਣ ਵਧਾ ਰਹੀਆਂ ਹਨ। ਮੁੱਖ ਮੰਤਰੀ ਨੇ ਕਿਹਾ ਕਿ ਸੂਬਾ ਸਰਕਾਰ ਵੱਲੋਂ ਹੋਣਹਾਰ ਵਿਦਿਆਰਥੀਆਂ ਨੂੰ ਜਲਦੀ ਹੀ 51,000 ਰੁਪਏ ਦੇ ਨਕਦ ਇਨਾਮ ਨਾਲ ਸਨਮਾਨਤ ਕੀਤਾ ਜਾਵੇਗਾ।

ਮੁੱਖ ਮੰਤਰੀ ਨੇ ਕਿਹਾ ਕਿ ਸਾਡੇ ਸਾਰਿਆਂ ਲਈ ਇਹ ਬੜੇ ਮਾਣ ਅਤੇ ਤਸੱਲੀ ਵਾਲੀ ਗੱਲ ਹੈ ਕਿ ਅੱਠਵੀਂ, ਬਾਰ੍ਹਵੀਂ ਅਤੇ ਹੁਣ ਦਸਵੀਂ ਜਮਾਤ ਦੇ ਨਤੀਜਿਆਂ 'ਚ ਕੁੜੀਆਂ ਨੇ ਮੁੰਡਿਆਂ ਨੂੰ ਪਛਾੜ ਦਿੱਤਾ ਹੈ। ਇਸ ਪ੍ਰਾਪਤੀ ਲਈ ਵਿਦਿਆਰਥੀ, ਉਨ੍ਹਾਂ ਦੇ ਮਾਪੇ ਅਤੇ ਅਧਿਆਪਕ ਵਧਾਈ ਦੇ ਹੱਕਦਾਰ ਹਨ।

75 ਰੁਪਏ ਦਾ ਖਾਸ ਸਿੱਕਾ ਮਿਲੇਗਾ 3800 ਰੁਪਏ 'ਚ

ਨਵੀਂ ਦਿੱਲੀ : ਨਵੇਂ ਸੰਸਦ ਭਵਨ ਦੇ ਉਦਘਾਟਨ ਮੌਕੇ ਕੇਂਦਰ ਸਰਕਾਰ 75 ਰੁਪਏ ਦਾ ਵਿਸ਼ੇਸ਼ ਸਿੱਕਾ ਜਾਰੀ ਕਰੇਗੀ। ਵਿੱਤ ਮੰਤਰਾਲੇ ਨੇ ਕਿਹਾ ਕਿ ਸਿੱਕੇ ਦੇ ਇਕ ਪਾਸੇ ਅਸ਼ੋਕ ਪਿੱਲਰ ਦਾ ਸ਼ੇਰ ਹੋਵੇਗਾ, ਜਿਸ ਦੇ ਹੇਠਾਂ 'ਸਤਯਮੇਵ ਜਯਤੇ' ਲਿਖਿਆ ਹੋਵੇਗਾ। ਦੂਜੇ ਪਾਸੇ ਨਵੇਂ ਸੰਸਦ ਭਵਨ ਦੀ ਤਸਵੀਰ ਹੋਵੇਗੀ। ਇਕ ਸਿੱਕਾ 3800 ਰੁਪਏ ਦਾ ਵੇਚਿਆ ਜਾਵੇਗਾ। ਸਿੱਕੇ ਦਾ ਵਜ਼ਨ 35 ਗ੍ਰਾਮ ਹੈ ਅਤੇ ਇਹ ਚਾਰ ਧਾਤਾਂ ਦਾ ਬਣਿਆ ਹੈ।

ਸੁਪਰੀਮ ਕੋਰਟ ਦੀ ਨਾਂਹ

ਨਵੀਂ ਦਿੱਲੀ : ਸੁਪਰੀਮ ਕੋਰਟ ਨੇ ਨਵੇਂ ਸੰਸਦ ਭਵਨ ਦਾ ਉਦਘਾਟਨ ਰਾਸ਼ਟਰਪਤੀ ਤੋਂ ਕਰਵਾਉਣ ਲਈ ਲੋਕ ਸਭਾ ਸਕੱਤਰੇਤ ਨੂੰ ਨਿਰਦੇਸ਼ ਦੇਣ ਦੀ ਮੰਗ ਵਾਲੀ ਲੋਕਹਿਤ ਪਟੀਸ਼ਨ 'ਤੇ ਸ਼ੁੱਕਰਵਾਰ ਸੁਣਵਾਈ ਕਰਨ ਤੋਂ ਇਨਕਾਰ ਕਰ ਦਿੱਤਾ।

ਬਿਜਲੀ ਬਿੱਲਾਂ ਦੇ ਡਿਫਾਲਟਰਾਂ ਲਈ ਸੁਨਹਿਰੀ ਮੌਕਾ, ਵਿਆਜ ਤੇ ਫਿਕਸਡ ਚਾਰਜ 'ਚ ਛੋਟ ਦਾ ਐਲਾਨ

ਚੰਡੀਗੜ੍ਹ : ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਨੇ ਬਿਜਲੀ ਬਿੱਲ ਨਾ ਭਰਨ ਕਰਕੇ ਡਿਫਾਲਟਰ ਹੋਏ ਖਪਤਕਾਰਾਂ ਲਈ ਯਕਮੁਸ਼ਤ ਨਿਬੇੜਾ ਸਕੀਮ (ਓ ਟੀ ਐਸ) ਦਾ ਐਲਾਨ ਕੀਤਾ ਹੈ ਤਾਂ ਜੋ ਆਰਥਕ ਮਜਬੂਰੀਆਂ ਕਰਕੇ ਜਿਨ੍ਹਾਂ ਦੇ ਕੁਨੈਕਸ਼ਨ ਕੱਟੇ ਗਏ ਸਨ ਜਾਂ ਮੁੜ ਜੋੜੇ ਨਹੀਂ ਜਾ ਰਹੇ ਸੀ, ਉਨ੍ਹਾਂ ਨੂੰ ਸੁਨਹਿਰੀ ਮੌਕਾ ਮਿਲੇ। ਇਹ ਸਕੀਮ ਤਿੰਨ ਮਹੀਨਿਆਂ ਲਈ ਹਰ ਵਰਗ ਦੇ ਖਪਤਕਾਰਾਂ, ਖਾਸ ਤੌਰ 'ਤੇ ਉਦਯੋਗਕ ਖਪਤਕਾਰਾਂ ਲਈ ਜਾਰੀ ਰਹੇਗੀ। ਮੁੱਖ ਮੰਤਰੀ ਨੇ ਕਿਹਾ ਕਿ ਪੰਜਾਬ ਸਟੇਟ ਪਾਵਰ ਕਾਰਪੋਰੇਸ਼ਨ ਲਿਮਟਿਡ (ਪੀ ਐਸ ਪੀ ਸੀ ਐਲ) ਦੀਆਂ ਸਾਰੀਆਂ ਸ਼੍ਰੇਣੀਆਂ ਦੇ ਖਪਤਕਾਰਾਂ ਖਾਸ ਤੌਰ 'ਤੇ ਉਦਯੋਗਕ ਖਪਤਕਾਰਾਂ, ਜਿਨ੍ਹਾਂ ਦੇ ਕੁਨੈਕਸ਼ਨ ਆਰਥਿਕ ਮਜਬੂਰੀਆਂ ਕਾਰਨ ਬਿੱਲ ਜਮ੍ਹਾਂ ਨਾ ਕਰਵਾਉਣ ਕਰਕੇ ਕੱਟੇ ਹੋਏ ਸਨ ਜਾਂ ਬਕਾਇਆ ਰਕਮ ਕਲੀਅਰ ਨਾ ਹੋਣ ਕਰਕੇ ਕੁਨੈਕਸ਼ਨ ਮੁੜ ਜੋੜੇ ਨਹੀਂ ਜਾ ਰਹੇ ਸਨ, ਉਨ੍ਹਾਂ ਨੂੰ ਇੱਕ ਸੁਨਹਿਰੀ ਮੌਕਾ ਦਿੰਦੇ ਹੋਏ ਪੀ ਐਸ ਪੀ ਸੀ ਐਲ ਵੱਲੋਂ ਓ ਟੀ ਐਸ ਤਿੰਨ ਮਹੀਨਿਆਂ ਲਈ ਚਾਲੂ ਕੀਤੀ ਜਾ ਰਹੀ ਹੈ। ਓ ਟੀ ਐਸ ਅਧੀਨ ਬਿੱਲਾਂ ਦੀ ਬਕਾਇਆ ਰਹਿੰਦੀ ਡਿਫਾਲਟਿੰਗ ਰਕਮ ਉਪਰ ਦੇਰੀ ਨਾਲ ਅਦਾਇਗੀ ਉਤੇ ਵਿਆਜ 9 ਫੀਸਦੀ ਦੀ ਸਾਧਾਰਨ ਦਰ ਦੇ ਹਿਸਾਬ ਨਾਲ ਲਿਆ ਜਾਵੇਗਾ। ਜੇ ਕੁਨੈਕਸ਼ਨ ਕੱਟਣ ਦੀ ਮਿਤੀ ਤੋਂ ਕੁਨੈਕਸ਼ਨ ਜੋੜਨ ਦੀ ਮਿਆਦ ਛੇ ਮਹੀਨੇ ਜਾਂ ਇਸ ਤੋਂ ਘੱਟ ਹੈ ਤਾਂ ਕੋਈ ਵੀ ਫਿਕਸਡ ਚਾਰਜਿਜ਼ ਨਹੀਂ ਲਏ ਜਾਣਗੇ। ਜੇ ਕੁਨੈਕਸ਼ਨ ਕੱਟਣ ਦੀ ਮਿਤੀ ਤੋਂ ਕੁਨੈਕਸ਼ਨ ਜੋੜਨ ਦੀ ਮਿਆਦ ਛੇ ਮਹੀਨੇ ਜਾਂ ਇਸ ਤੋਂ ਵੱਧ ਹੈ ਤਾਂ ਫਿਕਸਡ ਚਾਰਜਿਜ ਕੇਵਲ ਛੇ ਮਹੀਨਿਆਂ ਲਈ ਹੀ ਲਏ ਜਾਣਗੇ।

ਸਕੀਮ ਤਹਿਤ ਬਕਾਇਆ ਰਕਮ ਨੂੰ ਇਕ ਸਾਲ ਦੇ ਅੰਦਰ ਚਾਰ ਕਿਸ਼ਤਾਂ ਵਿਚ ਜਮ੍ਹਾਂ ਕਰਵਾਇਆ ਜਾ ਸਕੇਗਾ, ਜਦੋਂ ਕਿ ਪਹਿਲਾਂ ਅਜਿਹੀ ਕੋਈ ਸਹੂਲਤ ਨਹੀਂ ਸੀ। ਬਿੱਲਾਂ ਦੀ ਬਕਾਇਆ ਰਹਿੰਦੀ ਡਿਫਾਲਟਿੰਗ ਰਕਮ ਉਪਰ ਲੇਟ ਅਦਾਇਗੀ ਉਤੇ 18 ਫੀਸਦੀ ਕੰਪਾਉਂਡਿਡ ਦੇ ਹਿਸਾਬ ਨਾਲ ਵਿਆਜ ਲਿਆ ਜਾਂਦਾ ਸੀ ਅਤੇ ਕੁਨੈਕਸ਼ਨ ਕੱਟਣ ਦੀ ਮਿਤੀ ਤੋਂ ਕੁਨੈਕਸ਼ਨ ਜੋੜਨ ਦੀ ਮਿਆਦ ਤੱਕ ਦੇ ਪੂਰੇ ਸਮੇਂ ਦੇ ਫਿਕਸਡ ਚਾਰਜਿਜ਼ ਲਏ ਜਾਂਦੇ ਸਨ, ਜੋ ਹੁਣ ਬਿਲਕੁਲ ਬੰਦ ਕਰ ਦਿੱਤੇ ਗਏ ਹਨ।

ਕੇਜਰੀਵਾਲ ਨੇ ਖੜਗੇ ਤੇ ਰਾਹੁਲ ਤੋਂ ਮਿਲਣ ਦਾ ਸਮਾਂ ਮੰਗਿਆ

ਨਵੀਂ ਦਿੱਲੀ : ਦਿੱਲੀ ਦੇ ਮੁੱਖ ਮੰਤਰੀ ਤੇ ਆਮ ਆਦਮੀ ਪਾਰਟੀ ਦੇ ਕੌਮੀ ਕਨਵੀਨਰ ਅਰਵਿੰਦ ਕੇਜਰੀਵਾਲ ਨੇ ਦਿੱਲੀ ਸੇਵਾਵਾਂ ਬਾਰੇ ਕੇਂਦਰੀ ਆਰਡੀਨੈਂਸ ਖਿਲਾਫ ਸਮਰਥਨ ਹਾਸਲ ਕਰਨ ਲਈ ਕਾਂਗਰਸ ਪ੍ਰਧਾਨ ਮਲਿਕਾਰਜੁਨ ਖੜਗੇ ਅਤੇ ਰਾਹੁਲ ਗਾਂਧੀ ਤੋਂ ਮਿਲਣ ਲਈ ਸਮਾਂ ਮੰਗਿਆ ਹੈ।

ਕੇਜਰੀਵਾਲ ਨੇ ਟਵੀਟ ਕੀਤਾ ਹੈ-ਭਾਜਪਾ ਸਰਕਾਰ ਵੱਲੋਂ ਪਾਸ ਕੀਤੇ ਗਏ ਗੈਰ-ਜਮਹੂਰੀ ਅਤੇ ਗੈਰ-ਸੰਵਿਧਾਨਕ ਆਰਡੀਨੈਂਸ ਖਿਲਾਫ ਸੰਸਦ 'ਚ ਕਾਂਗਰਸ ਦੀ ਹਮਾਇਤ ਲੈਣ, ਸੰਘੀ ਢਾਂਚੇ 'ਤੇ ਹਮਲਿਆਂ ਅਤੇ ਮੌਜੂਦਾ ਰਾਜਨੀਤਕ ਸਥਿਤੀ 'ਤੇ ਚਰਚਾ ਕਰਨ ਲਈ ਅੱਜ ਸਵੇਰੇ ਕਾਂਗਰਸ ਪ੍ਰਧਾਨ ਖੜਗੇ ਅਤੇ ਰਾਹੁਲ ਗਾਂਧੀ ਨੂੰ ਮਿਲਣ ਲਈ ਸਮਾਂ ਮੰਗਿਆ ਹੈ।

ਮੰਗਾਂ ਮੰਨਣ ਦਾ ਭਰੋਸਾ ਮਿਲਣ 'ਤੇ ਬਿਜਲੀ ਮੁਲਾਜ਼ਮਾਂ ਵੱਲੋਂ ਸੰਘਰਸ਼ 20 ਦਿਨਾਂ ਲਈ ਮੁਲਤਵੀ

ਸਮਰਾਲਾ (ਸੁਰਜੀਤ ਸਿੰਘ)-ਬਿਜਲੀ ਮੰਤਰੀ ਪੰਜਾਬ ਹਰਭਜਨ ਸਿੰਘ ਈ ਟੀ ਓ ਦੀ ਪ੍ਰਧਾਨਗੀ ਹੇਠ ਪਾਵਰਕਾਮ ਮੈਨੇਜਮੈਂਟ ਅਤੇ ਪੀ.ਐੱਸ.ਈ.ਬੀ. ਇੰਪਲਾਈਜ਼ ਜੁਆਇੰਟ ਫੋਰਮ ਦਰਮਿਆਨ ਹੋਈ ਮੀਟਿੰਗ ਵਿੱਚ ਮੁਲਾਜ਼ਮ ਮੰਗਾਂ ਮੰਨਣ ਦਾ ਭਰੋਸਾ ਦੇਣ 'ਤੇ 20 ਦਿਨਾਂ ਤੱਕ ਸਾਰੇ ਸੰਘਰਸ਼ ਪ੍ਰੋਗਰਾਮ ਮੁਲਤਵੀ ਕਰਨ ਦਾ ਫੈਸਲਾ ਕੀਤਾ ਗਿਆ।

ਮੀਟਿੰਗ ਵਿੱਚ ਸਰਕਾਰ ਤੇ ਪਾਵਰ ਮੈਨੇਜਮੈਂਟ ਵੱਲੋਂ ਤੇਜਵੀਰ ਸਿੰਘ ਪ੍ਰਿੰਸੀਪਲ ਸਕੱਤਰ ਪਾਵਰ, ਇੰਜ: ਬਲਦੇਵ ਸਿੰਘ ਸਰਾਂ ਸੀ.ਐੱਮ.ਡੀ. ਪੀ.ਐੱਸ.ਪੀ.ਸੀ.ਐੱਲ. ਇੰਜ: ਰਵਿੰਦਰ ਸਿੰਘ ਸੈਣੀ ਡਾਇਰੈਕਟਰ ਵਣਜ ਅਤੇ ਪ੍ਰਬੰਧਕੀ, ਇੰਜ: ਭਵਜੀਤ ਸਿੰਘ ਚਾਵਲਾ ਮੁੱਖ ਇੰਜੀ: ਐਚ.ਆਰ.ਡੀ. ਸਮੇਤ ਉੱਪ ਮੁੱਖ ਇੰਜੀਨੀਅਰ, ਇੰਜ: ਪਰਵਿੰਦਰਜੀਤ ਸਿੰਘ ਉਪ ਮੁੱਖ ਇੰਜੀਨੀਅਰ ਪ੍ਰਸੋਨਲ, ਸ੍ਰੀਮਤੀ ਹਰਦੀਪ ਕੌਰ ਮੁੱਖ ਲੇਖਾ ਅਫਸਰ ਹੈਡ ਕੁਆਟਰ, ਸ੍ਰੀ ਨਰੇਸ਼ ਸ਼ਰਮਾ ਉਪ ਸਕੱਤਰ ਵਿੱਤ, ਸਮੇਤ ਉਪ ਸਕੱਤਰ ਭਰਤੀ, ਸ੍ਰੀ ਰਣਬੀਰ ਸਿੰਘ ਮੈਨੇਜਰ ਆਈ.ਆਰ. ਕਮ ਕਨਵੀਨਰ ਅਤੇ ਸ੍ਰੀ ਪਿਊਸ਼ ਸਿੰਗਲਾ ਡਿਪਟੀ ਮੈਨੇਜਰ ਅਤੇ ਪੀ.ਐੱਸ.ਈ.ਬੀ. ਇੰਪਲਾਈਜ਼ ਜੁਆਇੰਟ ਫੋਰਮ ਵੱਲੋਂ ਸਰਬ ਸਾਥੀ ਰਤਨ ਸਿੰਘ ਮਜਾਰੀ, ਸਿਕੰਦਰ ਨਾਥ, ਬਲਦੇਵ ਸਿੰਘ ਮੰਢਾਲੀ, ਰਵੇਲ ਸਿੰਘ ਸਹਾਏਪੁਰ, ਹਰਪਾਲ ਸਿੰਘ, ਜਗਰੂਪ ਸਿੰਘ ਮਹਿਮਦਪੁਰ, ਜਗਜੀਤ ਸਿੰਘ ਕੋਟਲੀ, ਅਵਤਾਰ ਸਿੰਘ ਕੈਂਥ, ਕੌਰ ਸਿੰਘ ਸੋਹੀ, ਸਰਬਜੀਤ ਸਿੰਘ ਭਾਣਾ, ਲਖਵੰਤ ਸਿੰਘ ਦਿਓਲ, ਸੁਖਵਿੰਦਰ ਸਿੰਘ ਚਾਹਲ, ਬਲਵਿੰਦਰ ਸਿੰਘ ਸੰਧੂ, ਹਰਮੇਸ਼ ਧੀਮਾਨ, ਗੁਰਦਿੱਤ ਸਿੰਘ ਸਿੱਧੂ, ਸੁਖਵਿੰਦਰ ਸਿੰਘ ਦੁੰਮਨਾ, ਲਖਵਿੰਦਰ ਸਿੰਘ ਅਤੇ ਰਘਬੀਰ ਸਿੰਘ ਸ਼ਾਮਲ ਹੋਏ। ਮੀਟਿੰਗ ਸੁਖਾਵੇ ਮਾਹੌਲ ਵਿੱਚ ਹੋਈ। ਮੀਟਿੰਗ ਦੌਰਾਨ ਬਿਜਲੀ ਮੁਲਾਜਮਾਂ ਦੇ ਭਖਦੇ ਮਸਲਿਆਂ 'ਤੇ ਵਿਚਾਰ ਚਰਚਾ ਹੋਈ। ਮੀਟਿੰਗ ਵਿੱਚ ਵਿਸ਼ੇਸ਼ ਤੌਰ ਤੇ ਸੀ.ਆਰ.ਏ. 295/19 ਦੇ ਮਾਮਲੇ ਤੇ ਵਿਚਾਰ ਚਰਚਾ ਕੀਤੀ ਗਈ ਅਤੇ ਬਿਜਲੀ ਮੰਤਰੀ ਨੇ ਵਿਸ਼ਵਾਸ ਦਿਵਾਇਆ ਕਿ ਇਸ ਮਾਮਲੇ ਨੂੰ ਮੈਨੇਜਮੈਂਟ ਨਾਲ ਰਾਬਤਾ ਰੱਖਦੇ ਹੋਏ ਹਮਦਰਦੀ ਪੂਰਵਕ ਸੰਜੀਦਗੀ ਨਾਲ ਵਿਚਾਰਦੇ ਹੋਏ ਹੱਲ ਕੀਤਾ ਜਾਵੇਗਾ। ਇਸ ਦੌਰਾਨ ਬਿਜਲੀ ਮੰਤਰੀ ਨੇ ਜੱਥੇਬੰਦੀ ਨੂੰ ਵਿਸ਼ਵਾਸ ਦਿਵਾਇਆ ਕਿ ਜੋ ਮਾਮਲੇ ਵਿਚਾਰੇ ਗਏ ਹਨ, ਜਿਵੇਂ ਕਿ ਵੇਜ ਫਾਰਮੂਲੇਸ਼ਨ ਕਮੇਟੀ ਵਿੱਚ ਸਾਂਝੇ ਫੋਰਮ ਨੂੰ ਨੁਮਾਇੰਦਗੀ ਦਿੰਦੇ ਹੋਏ ਪੇ ਰੀਵਿਜਨ ਵਿਚਲੀਆਂ ਊਣਤਾਈਆਂ ਨੂੰ ਦੂਰ ਕਰਨ ਸੰਬੰਧੀ, ਓ.ਸੀ. ਨੂੰ ਪੇ ਬੈਂਡ ਲਾਗੂ ਕਰਨ ਸੰਬੰਧੀ, ਟੀ.ਬੀ.ਪੀ.ਐਸ. ਲਾਗੂ ਕਰਨ ਸੰਬੰਧੀ ਅਤੇ ਹੋਰ ਪੰਜਾਬ ਸਰਕਾਰ ਦੇ ਵਿੱਤ ਵਿਭਾਗ ਬਾਕੀ ਸਫ਼ਾ 2 'ਤੇ

ਅੱਜ-ਨਾਮਾ

ਟੈਂਸ਼ਨ ਭਾਰਤ ਵਿੱਚ ਚਿਰਾਂ ਦੀ ਵਧੀ ਜਾਂਦੀ,
ਬਣ ਗਈ ਦਿਸਦੀ ਟੈਂਸ਼ਨ ਤੋਂ ਕੌੜ ਮੀਆਂ।
ਆਉਂਦੇ ਜਿਹੜੇ ਬਿਆਨ ਹਨ ਆਗੂਆਂ ਦੇ,
ਹਕੀਕਤ ਥੋੜ੍ਹੀ, ਪਰ ਬਹੁਤ ਗਪੌੜ ਮੀਆਂ।
ਭਾਸ਼ਾ ਏਹੋ ਜਿਹੀ ਰਹੇ ਕੁਝ ਵਰਤ ਲੀਡਰ,
ਬੋਲ ਰਿਹਾ ਹੋਏ ਜੀਕਣ ਜੀਨਾ ਮੌੜ ਮੀਆਂ।
ਚਸਕਿਆਂ ਨਾਲ ਆ ਮੀਡੀਆ ਪੇਸ਼ ਕਰਦਾ,
ਉਹਦੀ ਆਪਣੇ ਮਤਲਬ ਲਈ ਦੌੜ ਮੀਆਂ।
ਵਧਦੀ ਕੌੜ ਆ ਕਿੱਦਾਂ ਦਾ ਅਸਰ ਪਾਉਂਦੀ,
ਇਹਦਾ ਕਿਸੇ ਨੂੰ ਕਦੇ ਨਹੀਂ ਫਿਕਰ ਮੀਆਂ।
ਚਿੰਤਾ ਲੀਡਰਾਂ ਨੂੰ ਰਹਿੰਦੀ ਸਿਰਫ ਇਹ ਹੀ,
ਮੀਡੀਏ ਵਿੱਚ ਆ ਕਿੰਨਾ ਕੁ ਜ਼ਿਕਰ ਮੀਆਂ।

-ਤੀਸ ਮਾਰ ਖਾਂ

ਡਰਾਈਵਰ ਨੂੰ ਕਲੀਨਰ ਨੇ ਹੀ ਮਾਰ ਕੇ ਸਾੜਿਆ

ਫਗਵਾੜਾ : ਗੁਰਾਇਆ ਨੇੜੇ ਟਰੱਕ ਡਰਾਈਵਰ ਦਾ ਕਤਲ ਕਲੀਨਰ ਨੇ ਕੀਤਾ। ਐੱਸ ਪੀ (ਡੀ) ਮਨਪ੍ਰੀਤ ਢਿੱਲੋਂ ਨੇ ਦੱਸਿਆ ਕਿ ਕਲੀਨਰ ਨੇ ਕਤਲ ਤੋਂ ਬਾਅਦ ਲਾਸ਼ ਨੂੰ ਅੱਗ ਲਗਾ ਦਿੱਤੀ ਅਤੇ ਅੱਧੀ ਸੜੀ ਲਾਸ਼ ਗੋਰਾਇਆ ਨੇੜਲੇ ਪਿੰਡ ਗੋਹਾਵਰ ਵਿਖੇ ਕੂੜੇ 'ਚ ਸੁੱਟ ਦਿੱਤੀ। ਡਰਾਈਵਰ ਸਤਨਾਮ ਸਿੰਘ ਵਾਸੀ ਤਰਨ ਤਾਰਨ ਗੈਸ ਸਿਲੰਡਰ ਕੰਪਨੀ 'ਚ ਕੰਮ ਕਰਦਾ ਸੀ। ਉਸ ਦੇ ਭਰਾ ਬਲਵਿੰਦਰ ਸਿੰਘ ਨੇ ਪੁਲਸ ਨੂੰ ਦੱਸਿਆ ਕਿ ਦੋ ਦਿਨ ਪਹਿਲਾਂ ਸਤਨਾਮ ਜਲੰਧਰ 'ਚ ਆਕਸੀਜਨ ਗੈਸ ਸਿਲੰਡਰ ਦੀ ਡਿਲੀਵਰੀ ਕਰਵਾਉਣ ਦਾ ਕਹਿ ਕੇ ਘਰੋਂ ਚਲਾ ਗਿਆ ਸੀ। ਉਸ ਦੇ ਨਾਲ ਗਿਆ ਕਲੀਨਰ ਪੰਕਜ ਲਾਪਤਾ ਹੋ ਗਿਆ। ਜਲੰਧਰ 'ਚ ਗੈਸ ਸਿਲੰਡਰ ਪਹੁੰਚਾਉਣ ਤੋਂ ਬਾਅਦ ਇਕੱਠੇ ਹੋਏ ਡੇਢ ਲੱਖ ਰੁਪਏ ਵੀ ਗਾਇਬ ਹਨ। ਪੁਲਸ ਨੇ ਟਰੱਕ ਨੂੰ ਲੁਧਿਆਣਾ 'ਚ ਲੱਭ ਲਿਆ, ਜਦਕਿ ਪੰਕਜ ਫਰਾਰ ਹੈ। ਗੁਰਾਇਆ ਦੇ ਐੱਸ ਐੱਚ ਓ ਸੁਰਿੰਦਰ ਕੁਮਾਰ ਨੇ ਦੱਸਿਆ ਕਿ ਪੁਲਸ ਨੇ ਪੰਕਜ ਖਿਲਾਫ ਕਤਲ ਦਾ ਕੇਸ ਦਰਜ ਕਰ ਲਿਆ ਹੈ ਅਤੇ ਪੋਸਟਮਾਰਟਮ ਮਗਰੋਂ ਲਾਸ਼ ਪਰਵਾਰ ਵਾਲਿਆਂ ਨੂੰ ਸੌਂਪ ਦਿੱਤੀ ਹੈ।

ਕਾ. ਗਿਆਨ ਸੈਦਪੁਰੀ ਨੂੰ ਗਹਿਰਾ ਸਦਮਾ, ਭਰਾ ਦਾ ਦਿਹਾਂਤ

ਜਲੰਧਰ : ਮਜ਼ਦੂਰ ਹਲਕਿਆਂ ਅੰਦਰ ਇਹ ਖਬਰ ਗਹਿਰੇ ਦੁੱਖ ਨਾਲ ਪੜ੍ਹੀ ਜਾਵੇਗੀ ਕਿ ਭਾਰਤੀ ਕਮਿਊਨਿਸਟ ਪਾਰਟੀ ਦੇ ਜ਼ਿਲ੍ਹਾ ਐਗਜ਼ੈਕਟਿਵ ਮੈਂਬਰ ਅਤੇ ਪੰਜਾਬ ਖੇਤ ਮਜ਼ਦੂਰ ਸਭਾ ਦੇ ਸੂਬਾ ਵਰਕਿੰਗ ਕਮੇਟੀ ਮੈਂਬਰ ਕਾਮਰੇਡ ਗਿਆਨ ਸਿੰਘ ਸੈਦਪੁਰੀ ਦੇ ਵੱਡੇ ਭਰਾ ਗੁਰਮੇਜ ਸਿੰਘ ਦਾ ਸੰਖੇਪ ਬਿਮਾਰੀ ਉਪਰੰਤ ਦਿਹਾਂਤ ਹੋ ਗਿਆ। ਉਹ 67 ਵਰ੍ਹਿਆਂ ਦੇ ਸਨ। ਨਮ ਅੱਖਾਂ ਨਾਲ ਉਨ੍ਹਾਂ ਦਾ ਅੰਤਿਮ ਸੰਸਕਾਰ ਉਨ੍ਹਾਂ ਦੇ ਪਿੰਡ ਸੈਦਪੁਰ ਝਿੜੀ ਵਿਖੇ ਕਰ ਦਿੱਤਾ ਗਿਆ। ਭਾਰਤੀ ਖੇਤ ਮਜ਼ਦੂਰ ਯੂਨੀਅਨ ਦੇ ਜਨਰਲ ਸਕੱਤਰ ਕਾਮਰੇਡ ਗੁਲਜ਼ਾਰ ਗੋਰੀਆ, ਪੰਜਾਬ ਖੇਤ ਮਜ਼ਦੂਰ ਸਭਾ ਦੇ ਸੂਬਾ ਜਨਰਲ ਸਕੱਤਰ ਕਾਮਰੇਡ ਦੇਵੀ ਕੁਮਾਰੀ ਸਰਹਾਲੀ ਕਲਾਂ, ਸੂਬਾ ਮੀਤ ਪ੍ਰਧਾਨ ਬਾਕੀ ਸਫ਼ਾ 2 'ਤੇ

ਕਿਸਾਨ ਵੀਰ ਧਿਆਨ ਦੇਣ

ਬੀ.ਟੀ. ਕਾਟਨ ਦੇ ਬੀਜਾਂ ਤੇ 33% ਸਬਸਿਡੀ ਪ੍ਰਾਪਤ ਕਰੋ

ਪੰਜਾਬ ਸਰਕਾਰ ਵੱਲੋਂ ਸਾਉਣੀ 2023 ਦੌਰਾਨ ਬੀ.ਟੀ. ਨਰਮੇ ਦੀ ਕਾਸ਼ਤ ਕਰਨ ਵਾਲੇ ਕਿਸਾਨਾਂ ਨੂੰ ਬੀ.ਟੀ. ਨਰਮੇ ਦੇ ਬੀਜਾਂ ਤੇ 33% ਸਬਸਿਡੀ ਦਿੱਤੀ ਜਾ ਰਹੀ ਹੈ।

ਇਸ ਸਬਸਿਡੀ ਲਈ ਪੋਰਟਲ ਤੇ ਰਜਿਸਟਰੇਸ਼ਨ ਕਰਨ ਦੀ ਆਖਰੀ ਮਿਤੀ 31 ਮਈ, 2023 ਹੈ।

ਧਿਆਨ ਦੇਣ ਯੋਗ ਨੁਕਤੇ:

- ਇਸ ਸਬਸਿਡੀ ਨੂੰ ਪ੍ਰਾਪਤ ਕਰਨ ਲਈ ਕਿਸਾਨ ਵੀਰ ਦਿੱਤੇ ਲਿੰਕ ਤੇ ਕਲਿੱਕ ਕਰਕੇ https://agrisubsidy.agrimachinerypb.com/#/seed-registration ਪੋਰਟਲ ਤੇ ਅਪਲਾਈ ਕਰ ਸਕਦੇ ਹਨ।
- ਇੱਕ ਕਿਸਾਨ ਵੀਰ ਵੱਧ ਤੋਂ ਵੱਧ 5 ਏਕੜ ਜਾਂ 10 ਪੈਕੇਟ ਬੀ.ਟੀ. ਕਾਟਨ ਹਾਈਬ੍ਰਿਡ ਬੀਜ (ਪੋਰਟਲ ਤੇ ਦਰਜ ਪ੍ਰਵਾਨਿਤ ਬੀ.ਟੀ ਕਾਟਨ ਹਾਈਬ੍ਰਿਡ) ਉੱਤੇ ਸਬਸਿਡੀ ਲੈ ਸਕਦਾ ਹੈ।
- ਜੇਕਰ ਕਿਸੇ ਕਿਸਾਨ ਦਾ ਵੇਰਵਾ ਅਨਾਜ ਖਰੀਦ ਪੋਰਟਲ ਤੇ ਅੱਪਲੋਡ ਨਹੀਂ ਹੈ, ਤਾਂ ਉਹ ਕਿਸਾਨ ਪੋਰਟਲ ਤੇ ਦਰਸਾਏ ਅਨੁਸਾਰ New Registration ਕਰਕੇ ਅਪਲਾਈ ਕਰ ਸਕਦਾ ਹੈ।

ਵਧੇਰੇ ਜਾਣਕਾਰੀ ਲਈ ਕਿਸਾਨ ਵੀਰ ਆਪਣੇ ਜ਼ਿਲ੍ਹੇ ਦੇ ਮੁੱਖ ਖੇਤੀਬਾੜੀ ਅਫਸਰ ਨਾਲ ਸੰਪਰਕ ਕਰ ਸਕਦੇ ਹਨ:

ਅੰਮ੍ਰਿਤਸਰ 81949-50007
ਬਰਨਾਲਾ 88720-10029
ਬਠਿੰਡਾ 84370-00614
ਫਰੀਦਕੋਟ 98720-25038
ਫਤਿਹਗੜ੍ਹ ਸਾਹਿਬ 84370-00629
ਫਾਜ਼ਿਲਕਾ 98552-26781
ਫਿਰੋਜ਼ਪੁਰ 88720-07502
ਗੁਰਦਾਸਪੁਰ 98153-86450
ਹੁਸ਼ਿਆਰਪੁਰ 98882-16968
ਲੁਧਿਆਣਾ 98724-00934, 75080-18704
ਜਲੰਧਰ 95175-95175
ਕਪੂਰਥਲਾ 98158-36724
ਮਾਨਸਾ 94632-71173, 78885-99643
ਮੁਕਤਸਰ 98782-05588
ਮੋਗਾ 98141-93502
ਪਠਾਨਕੋਟ 99155-87673
ਸ਼ਹੀਦ ਭਗਤ ਸਿੰਘ ਨਗਰ 89687-77661
ਪਟਿਆਲਾ 99148-22501
ਰੋਪੜ 98723-04259
ਸੰਗਰੂਰ 94172-51031
ਐਸ.ਏ.ਐਸ.ਨਗਰ 98556-06006
ਤਰਨ ਤਾਰਨ 98728-07599

ਜਾਰੀ ਕਰਤਾ : ਖੇਤੀਬਾੜੀ ਅਤੇ ਕਿਸਾਨ ਭਲਾਈ ਵਿਭਾਗ, ਪੰਜਾਬ

ਸੀਗਲ ਇੰਡੀਆ ਖਿਲਾਫ ਧਰਨਾ ਸਮਾਪਤ, ਕਿਸਾਨ ਨੂੰ 21 ਲੱਖ ਮੁਆਵਜ਼ਾ ਦਿਵਾਇਆ

ਮੱਖੂ (ਰਛਪਾਲ ਸਿੰਘ ਸੰਧੂ)-ਸੀਗਲ ਇੰਡੀਆ ਲਿਮਟਿਡ ਕੰਪਨੀ ਦੇ ਲੁੱਕ ਪਲਾਂਟ 'ਤੇ ਕਿਸਾਨ ਮਜ਼ਦੂਰ ਸੰਘਰਸ਼ ਕਮੇਟੀ ਪੰਜਾਬ ਦੇ ਕਿਸਾਨਾਂ, ਮਜ਼ਦੂਰਾਂ ਵੱਲੋਂ ਸੀਗਲ ਇੰਡੀਆ ਲਿਮਿਟਡ ਲੁੱਕ ਪਲਾਂਟ 'ਤੇ ਪਿਛਲੇ ਤਿੰਨ ਦਿਨਾਂ ਤੋਂ ਧਰਨਾ ਲਗਾਇਆ ਹੋਇਆ ਸੀ। ਅੱਜ ਧਰਨੇ ਦੇ ਚੌਥੇ ਦਿਨ ਕਿਸਾਨ ਮਜ਼ਦੂਰ ਸੰਘਰਸ਼ ਕਮੇਟੀ ਪੰਜਾਬ ਜ਼ੋਨ ਮੱਖੂ ਦੇ ਕਿਸਾਨਾਂ, ਮਜ਼ਦੂਰਾਂ ਵੱਲੋਂ ਲਾਏ ਧਰਨੇ ਵੱਲੋਂ ਜਿੱਤ ਪ੍ਰਾਪਤੀ ਕਰਦਿਆਂ 21 ਲੱਖ ਰੁਪਏ ਦਾ ਕੰਪਨੀ ਤੋਂ ਰਹਿੰਦਾ ਠੇਕਾ ਕਿਸਾਨ ਨੂੰ ਦਿਵਾਇਆ ਗਿਆ। ਇਸ ਬਾਰੇ ਜਾਣਕਾਰੀ ਦਿੰਦਿਆਂ ਜ਼ਿਲ੍ਹਾ ਪ੍ਰਧਾਨ ਇੰਦਰਜੀਤ ਸਿੰਘ ਬਾਠ, ਜ਼ੋਨ ਪ੍ਰਧਾਨ ਵੀਰ ਸਿੰਘ ਨਿਜਾਮਦੀਨ ਵਾਲਾ, ਬਲਜਿੰਦਰ ਸਿੰਘ ਤਲਵੰਡੀ ਨੇ ਦੱਸਿਆ ਕਿ ਗਗਨਦੀਪ ਸਿੰਘ ਐੱਸ ਡੀ ਐੱਮ ਜ਼ੀਰਾ ਵੱਲੋਂ ਮਾਰਕੀਟ ਕਮੇਟੀ ਜ਼ੀਰਾ ਦੇ ਦਫਤਰ ਵਿਖੇ ਕਿਸਾਨ ਆਗੂਆਂ ਤੇ ਸੀਗਲ ਇੰਡੀਆ ਕੰਪਨੀ ਦੇ ਮਾਲਕਾਂ ਦੀ ਮੀਟਿੰਗ ਕਰਵਾਈ ਗਈ। ਮੀਟਿੰਗ ਵਿੱਚ ਕਿਸਾਨ ਗੁਰਮੀਤ ਸਿੰਘ ਨੂੰ ਮੁਆਵਜ਼ਾ ਦੇਣ ਦੀ ਸਹਿਮਤੀ ਮਗਰੋਂ ਲੱਗੇ ਧਰਨੇ ਵਿੱਚ ਤਹਿਸੀਲਦਾਰ ਮੱਖੂ ਕਰਮਜੀਤ ਸਿੰਘ ਵੱਲੋਂ ਕਿਸਾਨਾਂ ਦੇ ਧਰਨੇ ਵਿੱਚ ਪਹੁੰਚ ਕੇ ਕਿਸਾਨਾਂ, ਮਜ਼ਦੂਰਾਂ ਨੂੰ ਵਿਸ਼ਵਾਸ ਦੇਣ ਮਗਰੋਂ ਧਰਨਾ ਸਮਾਪਤ ਕਰ ਦਿੱਤਾ ਗਿਆ। ਇਸ ਮੌਕੇ ਗੁਰਭੇਜ ਸਿੰਘ ਫੇਮੀਵਾਲਾ, ਕਮਲਜੀਤ ਸਿੰਘ ਮਰਹਾਣਾ, ਲਖਵਿੰਦਰ ਸਿੰਘ ਵਸਤੀ ਨਾਮਦੇਵ, ਦਲਜੀਤ ਸਿੰਘ, ਹਰਵਿੰਦਰ ਸਿੰਘ, ਸਾਹਿਬ ਸਿੰਘ ਆਦਿ ਆਗੂ ਮੌਜੂਦ ਸਨ।

ਕਿੰਡਰ ਗਾਰਟਨ ਸਕੂਲ ਦੀ ਮਹਿਕਦੀਪ ਦਾ ਨਾਂਅ ਮੈਰਿਟ ਸੂਚੀ 'ਚ

ਸਮਰਾਲਾ (ਸੁਰਜੀਤ ਸਿੰਘ)-ਇਸ ਇਲਾਕੇ ਦੀ ਨਾਮਵਰ ਸਿੱਖਿਆ ਸੰਸਥਾ ਕਿੰਡਰ ਗਾਰਟਨ ਤੇ ਸੀ. ਸੈ. ਸਕੂਲ ਨੇ ਹਰ ਵਾਰ ਦੀ ਤਰ੍ਹਾਂ ਇਸ ਸਾਲ ਵੀ ਪੰਜਾਬ ਸਕੂਲ ਸਿੱਖਿਆ ਬੋਰਡ ਵੱਲੋਂ ਐਲਾਨੇ ਗਏ ਬਾਰਵੀਂ ਜਮਾਤ ਦੇ ਨਤੀਜਿਆਂ ਵਿੱਚ ਆਸ ਮੁਤਾਬਕ ਭਾਰੀ ਮੱਲਾਂ ਮਾਰੀਆਂ ਹਨ। ਸਕੂਲ ਪ੍ਰਿੰਸੀਪਲ ਰਣਜੋਤ ਕੌਰ ਨੇ ਦੱਸਿਆ ਕਿ ਸਕੂਲ 'ਚ ਬਾਰਵੀਂ ਜਮਾਤ ਵਿੱਚ 82 ਵਿਦਿਆਰਥੀਆਂ ਨੇ ਪ੍ਰੀਖਿਆ ਦਿੱਤੀ ਸੀ, ਜਿਸ ਵਿੱਚ ਸਾਰੇ ਹੀ ਵਿਦਿਆਰਥੀ ਫਸਟ ਡਵੀਜ਼ਨ 'ਚ ਪਾਸ ਹੋਏ ਹਨ। ਉਨ੍ਹਾਂ ਦੱਸਿਆ ਕਿ ਸਕੂਲ ਲਈ ਫਖਰ ਵਾਲੀ ਗੱਲ ਇਹ ਹੈ ਕਿ ਸਕੂਲ ਦੀ ਕਾਮਰਸ ਵਿਸ਼ੇ ਦੀ ਵਿਦਿਆਰਥਣ ਮਹਿਕਦੀਪ ਕੌਰ ਸਪੁੱਤਰੀ ਹਰਵਿੰਦਰ ਸਿੰਘ ਪਿੰਡ ਭਰਥਲਾ ਨੇ 500 ਵਿੱਚੋਂ 486 ਅੰਕ ਲੈ ਕੇ ਪੰਜਾਬ ਭਰ ਵਿੱਚੋਂ 14ਵਾਂ ਸਥਾਨ ਹਾਸਲ ਕਰਕੇ ਸਕੂਲ ਦਾ ਨਾਂਅ ਰੌਸ਼ਨ ਕੀਤਾ। ਮੈਰਿਟ ਸੂਚੀ ਆਉਣ ਤੋਂ ਬਾਅਦ ਸਾਰੇ ਸਕੂਲ 'ਚ ਖੁਸ਼ੀ ਦੀ ਲਹਿਰ ਦੌੜ ਆਈ ਸਕੂਲ ਦੇ ਡਾਇਰੈਕਟਰ ਮੈਡਮ ਸਰਬਜੀਤ ਕੌਰ ਤੇ ਪ੍ਰਿੰਸੀਪਲ ਮੈਡਮ ਰਣਜੋਤ ਕੌਰ ਨੇ ਵਿਦਿਆਰਥਣ ਦੀ ਸਫਲਤਾ ਦਾ ਸਿਹਰਾ ਮਿਹਨਤੀ ਸਟਾਫ ਦੇ ਸਿਰ ਬੰਨ੍ਹਿਆ ਤੇ ਪਰਿਵਾਰ ਨੂੰ ਮੁਬਾਰਕਾਂ ਦਿੱਤੀਆਂ। ਉਨ੍ਹਾ ਸਕੂਲ 'ਚੋਂ ਪਾਸ ਹੋ ਕੇ ਗਏ ਵਿਦਿਆਰਥੀਆਂ ਨੂੰ ਅਸ਼ੀਰਵਾਦ ਦਿੰਦਿਆਂ ਕਿਹਾ ਕਿ ਉਹ ਆਪਣੇ ਚੰਗੇ ਭਵਿੱਖ ਲਈ ਹੋਰ ਸਖਤ ਮਿਹਨਤ ਕਰਨ ਤਾਂ ਜੋ ਉਹ ਆਪਣੀ ਜ਼ਿੰਦਗੀ ਵਿੱਚ ਉੱਚੀਆਂ ਉਡਾਰੀਆਂ ਮਾਰ ਸਕਣ। ਜ਼ਿੰਦਗੀ 'ਚ ਸਫਲਤਾ ਲਈ ਸਖਤ ਮਿਹਨਤ ਹੀ ਮੂਲ ਮੰਤਰ ਹੈ।

ਬਾਬਾ ਮੋਨੀ ਜੀ ਡਿਗਰੀ ਕਾਲਜ ਦਾ ਨਤੀਜਾ ਸੌ ਫੀਸਦੀ



ਲਹਿਰਾ ਮੁਹੱਬਤ (ਭੀਮ ਸੈਨ ਹਦਵਾਰੀਆ)-ਪੰਜਾਬ ਸਕੂਲ ਸਿੱਖਿਆ ਬੋਰਡ (ਮੋਹਾਲੀ) ਵੱਲੋਂ ਐਲਾਨੇ ਗਏ 12ਵੀਂ ਜਮਾਤ ਦੇ ਨਤੀਜਿਆਂ ਵਿੱਚੋਂ ਬਾਬਾ ਮੋਨੀ ਜੀ ਡਿਗਰੀ ਕਾਲਜ ਲਹਿਰਾ ਮੁਹੱਬਤ ਦਾ ਨਤੀਜਾ ਸੌ ਫੀਸਦੀ ਰਿਹਾ। ਕਾਲਜ 'ਚੋਂ ਬੇਅੰਤ ਕੌਰ (97.5%) ਪੁੱਤਰੀ ਜਗਜੀਵਨ ਸਿੰਘ ਮਹਿਰਾਜ ਨੇ ਪਹਿਲਾ, ਜਸਮੀਤ ਕੌਰ (96%) ਪੁੱਤਰੀ ਪਰਮਜੀਤ ਸਿੰਘ ਲਹਿਰਾ ਮੁਹੱਬਤ ਨੇ ਦੂਜਾ ਤੇ ਅਲੀਸ਼ਾ (95.5%) ਪੁੱਤਰੀ ਇਕਬਾਲ ਸਿੰਘ ਮਹਿਰਾਜ ਨੇ ਤੀਜਾ ਸਥਾਨ ਹਾਸਲ ਕਰਕੇ ਕਾਲਜ ਤੇ ਆਪਣੇ ਮਾਪਿਆਂ ਦਾ ਨਾਮ ਰੌਸ਼ਨ ਕੀਤਾ। ਬਾਕੀ ਸਾਰੀਆਂ ਵਿਦਿਆਰਥਣਾਂ ਨੇ ਪਹਿਲੇ ਦਰਜੇ ਵਿੱਚ ਪ੍ਰੀਖਿਆ ਪਾਸ ਕੀਤੀ। ਸੰਸਥਾ ਦੇ ਡਾਇਰੈਕਟਰ ਕੇਸਰ ਸਿੰਘ ਧਲੇਵਾਂ ਤੇ ਮੈਨੇਜਿੰਗ ਡਾਇਰੈਕਟਰ ਲਖਵੀਰ ਸਿੰਘ ਸਿੱਧੂ ਨੇ ਵਿਦਿਆਰਥੀਆਂ ਤੇ ਸਮੂਹ ਸਟਾਫ ਨੂੰ ਵਧਾਈ ਦਿੱਤੀ। ਪ੍ਰਿੰਸੀਪਲ ਪ੍ਰੋ. ਅਮਨਿੰਦਰ ਕੌਰ ਤੇ ਐਜੂਕੇਸ਼ਨ ਵਿਭਾਗ ਦੇ ਵਾਈਸ ਪ੍ਰਿੰਸੀਪਲ ਦਿਨੇਸ਼ ਕੁਮਾਰ ਨੇ ਵਧਾਈ ਦਿੰਦਿਆਂ ਵਿਦਿਆਰਥਣਾਂ ਨੂੰ ਹੋਰ ਵਧੇਰੇ ਮਿਹਨਤ ਕਰਕੇ ਤਰੱਕੀਆਂ ਹਾਸਲ ਕਰਨ ਦੀ ਪ੍ਰੇਰਨਾ ਦਿੱਤੀ। ਇਸ ਮੌਕੇ ਪ੍ਰੋ. ਹਰਪਿੰਦਰ ਕੌਰ, ਪ੍ਰੋ. ਹਰਮਨਪ੍ਰੀਤ ਕੌਰ, ਪ੍ਰੋ. ਵਰਦੀਪ ਕੌਰ, ਪ੍ਰੋ. ਰਮਨਦੀਪ ਕੌਰ, ਪ੍ਰੋ. ਪ੍ਰਦੀਪ ਕੌਰ, ਪ੍ਰੋ. ਰਣਜੀਤ ਕੌਰ, ਪ੍ਰੋ. ਵਰਿੰਦਰ ਸਿੰਘ, ਪ੍ਰੋ. ਕੁਲਦੀਪ ਕੌਰ, ਪ੍ਰੋ. ਮੋਨਿਕਾ ਗਰਗ, ਪ੍ਰੋ. ਦਲਜੀਤ ਕੌਰ, ਪ੍ਰੋ. ਗੁਰਪ੍ਰੀਤ ਕੌਰ (ਕੰਪਿਊਟਰ) ਤੇ ਪ੍ਰੋ. ਗੁਰਪ੍ਰੀਤ ਕੌਰ ਆਦਿ ਸਟਾਫ ਮੈਂਬਰ ਹਾਜ਼ਰ ਸਨ।

ਡਰੀਮ ਬਿਲਡਰਜ਼ ਨੇ ਲਵਾਇਆ ਕੈਨੇਡਾ ਦਾ ਸਟੱਡੀ ਵੀਜ਼ਾ

ਬਾਘਾ ਪੁਰਾਣਾ (ਮਨੀ ਸਿੰਗਲਾ)-ਸਥਾਨਕ ਸ਼ਹਿਰ ਦੇ ਮੁੱਖ ਬੱਸ ਸਟੈਂਡ ਸਾਹਮਣੇ ਵਾਲੀ ਗਲੀ ਵਿੱਚ ਸਥਿੱਤ ਡਰੀਮ ਬਿਲਡਰਜ਼ ਇਮੀਗ੍ਰੇਸ਼ਨ ਸੰਸਥਾ ਸੰਸਥਾ ਵੱਲੋਂ ਹਰਪਿੰਦਰ ਸਿੰਘ ਸਪੁੱਤਰ ਹਰਜੀਤ ਸਿੰਘ ਵਾਸੀ ਧੂੜਕੋਟ ਰਣਸੀਂਹ (ਮੋਗਾ) ਦਾ ਬਹੁਤ ਹੀ ਘੱਟ ਸਮੇਂ 'ਚ ਪਹਿਲਾਂ ਦੋ ਰਿਫਊਜ਼ਲ ਹੋਣ ਦੇ ਬਾਵਜੂਦ ਕੈਨੇਡਾ ਦੇ ਟੋਰਾਂਟੋ ਸ਼ਹਿਰ ਵਿਚਲੀ ਯੌਰਕਵਿਲੇ ਯੂਨੀਵਰਸਿਟੀ ਦਾ ਸਟੱਡੀ ਵੀਜ਼ਾ ਲਗਵਾਇਆ ਗਿਆ ਹੈ। ਵਿਦਿਆਰਥੀ ਦੇ ਮਾਤਾ-ਪਿਤਾ ਨੇ ਸੰਸਥਾ ਦੇ ਐੱਮ ਡੀ ਨਵਜੋਤ ਸਿੰਘ ਬਰਾੜ ਦਾ ਧੰਨਵਾਦ ਕੀਤਾ, ਕਿਉਂਕਿ ਬਹੁਤ ਹੀ ਘੱਟ ਸਮੇਂ 'ਚ ਸੰਸਥਾ ਵੱਲੋਂ ਕੈਨੇਡਾ ਦਾ ਸਟੱਡੀ ਵੀਜ਼ਾ ਲਗਵਾ ਕੇ ਦਿੱਤਾ ਹੈ ਅਤੇ ਸਾਰੇ ਪੈਸੇ ਵੀਜ਼ਾ ਲੱਗਣ ਤੋਂ ਬਾਅਦ ਲਏ ਹਨ। ਐੱਮ ਡੀ ਨਵਜੋਤ ਸਿੰਘ ਬਰਾੜ ਨੇ ਵਿਦਿਆਰਥੀ ਨੂੰ ਕੈਨੇਡਾ ਦੇ ਸਟੱਡੀ ਵੀਜ਼ੇ ਦੀ ਕਾਪੀ ਸੌਂਪਦਿਆਂ ਉਸ ਦੇ ਉੱਜਵਲ ਭਵਿੱਖ ਦੀ ਕਾਮਨਾ ਕੀਤੀ।

ਆਰ ਕੇ ਸਕੂਲ ਦਾ ਬਾਰ੍ਹਵੀਂ ਦਾ ਨਤੀਜਾ ਸ਼ਾਨਦਾਰ

ਜਗਰਾਓਂ (ਅਮਿਤ ਖੰਨਾ)-ਆਰ ਕੇ ਸੀ ਸੈ ਸਕੂਲ ਜਗਰਾਓਂ ਦਾ ਬਾਰਵੀਂ ਦਾ ਰਿਜ਼ਲਟ ਬਹੁਤ ਵਧੀਆ ਆਇਆ। ਇਸ ਸੰਬਧੀ ਜਾਣਕਾਰੀ ਦਿੰਦੇ ਹੋਏ ਪ੍ਰਿੰਸੀਪਲ ਸੀਮਾ ਸ਼ਰਮਾ ਨੇ ਦੱਸਿਆ ਕਿ ਇਸ ਸਾਲ ਬਾਰ੍ਹਵੀਂ ਦਾ ਰਿਜ਼ਲਟ 92 ਪ੍ਰਤੀਸ਼ਤ ਆਇਆ ਹੈ। ਉਨ੍ਹਾ ਇਸ ਮੌਕੇ ਸਮੂਹ ਸਟਾਫ ਦੀ ਮਿਹਨਤ ਲਈ ਉਨ੍ਹਾਂ ਨੂੰ ਵਧਾਈ ਦਿੱਤੀ। ਉਨ੍ਹਾ ਅੱਵਲ ਆਉਣ ਵਾਲੇ ਬੱਚਿਆਂ ਦਾ ਮੂੰਹ ਮਿੱਠਾ ਕਰਵਾਇਆ। ਇਸ ਮੌਕੇ ਪ੍ਰਧਾਨ ਐਡਵੋਕੇਟ ਨਵੀਨ ਗੁਪਤਾ, ਸੀ ਐੱਮ ਸੀ ਕਮੇਟੀ ਚੇਅਰਮੈਨ ਆਸ਼ਾ ਰਾਣੀ, ਪਰਮਜੀਤ ਉੱਪਲ, ਸੰਤੋਸ਼ ਕੋਰ, ਮੈਡਮ ਮਨੀਸ਼ਾ, ਸੁਖਪ੍ਰੀਤ ਕੌਰ, ਅਮਨ, ਆਂਚਲ ਤੇ ਹੋਰ ਸਟਾਫ ਮੈਂਬਰ ਹਾਜ਼ਰ ਸਨ।

ਵਾਈ ਐਸ ਪਬਲਿਕ ਸਕੂਲ ਦਾ ਬਾਰ੍ਹਵੀਂ ਦਾ ਨਤੀਜਾ 100 ਫੀਸਦੀ

ਮੁਕਤਸਰ ਸਾਹਿਬ (ਸ਼ਮਿੰਦਰਪਾਲ, ਪੂਜਾ)-ਪੰਜਾਬ ਸਕੂਲ ਸਿੱਖਿਆ ਬੋਰਡ ਵੱਲੋਂ ਐਲਾਨੇ ਗਏ ਬਾਰ੍ਹਵੀਂ ਜਮਾਤ ਮਾਰਚ 2023 ਦਾ ਨਤੀਜਾ ਸੌ ਫ਼ੀਸਦੀ ਰਿਹਾ, ਜਿਸ ਵਿੱਚ ਗਗਨਦੀਪ ਸਿੰਘ ਸਪੁੱਤਰ ਚਰਨਜੀਤ ਸਿੰਘ ਨੇ 451/500 (90.2%) ਅੰਕ ਹਾਸਲ ਕਰਕੇ ਪਹਿਲਾ, ਸੁਖਵੀਰ ਕੌਰ ਸਪੁੱਤਰੀ ਗੁਰਦਿੱਤਾ ਸਿੰਘ ਨੇ 447/500 (89.4%) ਅੰਕ ਹਾਸਲ ਕਰਕੇ ਦੂਜਾ ਸਥਾਨ ਤੇ ਵਰਿੰਦਰ ਸਿੰਘ ਸਪੁੱਤਰ ਚਮਕੌਰ ਸਿੰਘ ਨੇ 427/500 (85..4%) ਅੰਕ ਹਾਸਲ ਕਰਕੇ ਤੀਜਾ ਸਥਾਨ ਹਾਸਲ ਕੀਤਾ। ਬਾਕੀ ਵਿਦਿਆਰਥੀਆਂ ਨੇ ਚੰਗੇ ਅੰਕ ਹਾਸਲ ਕਰਕੇ ਆਪਣੇ ਮਾਪਿਆਂ ਤੇ ਸੰਸਥਾ ਦਾ ਨਾਂਅ ਪੂਰੇ ਇਲਾਕੇ ਵਿੱਚ ਰੌਸ਼ਨ ਕੀਤਾ। ਇਨ੍ਹਾਂ ਮੋਹਰੀ ਵਿਦਿਆਰਥੀਆਂ ਨੂੰ ਸਕੂਲ ਦੇ ਚੇਅਰਮੈਨ ਜਸਵਿੰਦਰ ਸਿੰਘ ਨੇ ਐਵਾਰਡ ਦੇ ਕੇ ਸਨਮਾਨਤ ਕੀਤਾ ਅਤੇ ਮੂੰਹ ਮਿੱਠਾ ਕਰਾਇਆ। ਇਨ੍ਹਾਂ ਮੋਹਰੀ ਵਿਦਿਆਰਥੀਆਂ ਦੇ ਮਾਪਿਆਂ ਨੂੰ ਸਕੂਲ ਦੀ ਮੈਨੇਜਮੈਂਟ ਕਮੇਟੀ ਵੱਲੋਂ ਵਧਾਈਆਂ ਦਿੱਤੀਆਂ ਗਈਆਂ ਤੇ ਇਸ ਸ਼ਾਨਦਾਰ ਮੌਕੇ 'ਤੇ ਸਕੂਲ ਦਾ ਸਟਾਫ ਵੀ ਹਾਜ਼ਰ ਸੀ। ਚੇਅਰਮੈਨ ਜਸਵਿੰਦਰ ਸਿੰਘ ਨੇ ਦੱਸਿਆ ਕਿ ਹਰ ਸਾਲ ਸਕੂਲ ਦਾ ਨਤੀਜਾ ਸ਼ਾਨਦਾਰ ਆਉਂਦਾ ਹੈ।

ਮਾਰਸ਼ਲ ਆਰਟ ਅਕੈਡਮੀ ਦੀਆਂ ਲੜਕੀਆ ਨੇ ਜਿੱਤੇ ਤਮਗੇ

ਭੀਖੀ (ਧਰਮਵੀਰ ਸ਼ਰਮਾ)-ਜ਼ਿਲ੍ਹਾ ਕਰਾਟੇ ਐਸੋਸੀਏਸ਼ਨ ਮਾਨਸਾ ਵੱਲੋਂ ਬੀ.ਐੱਮ.ਡੀ. ਹਾਈ ਸਕੂਲ ਬਰੇਟਾ ਵਿਖੇ ਕਰਵਾਈ ਗਈ ਕਰਾਟੇ ਚੈਂਪੀਅਨਸ਼ਿਪ-2023 ਵਿੱਚ ਵਾਈਕਿੰਗ ਮਾਰਸ਼ਲ ਆਰਟ ਅਕੈਡਮੀ ਭੀਖੀ ਦੀਆਂ 14 ਲੜਕੀਆਂ ਨੇ ਭਾਗ ਲਿਆ, ਜਿਸ ਵਿੱਚ 14 ਲੜਕੀਆਂ ਨੇ ਹੀ ਤਮਗੇ ਆਪਣੀ ਝੋਲੀ ਪਾਏ ਤੇ ਪੰਜਾਬ ਪੱਧਰੀ ਖੇਡਾਂ ਲਈ ਇਨ੍ਹਾਂ ਲੜਕੀਆਂ ਦੀ ਸਿਲੈਕਸ਼ਨ ਹੋਈ ਹੈ। ਅਕੈਡਮੀ ਦੇ ਕੋਚ ਅਕਾਸ਼ਦੀਪ ਸਿੰਘ ਨੇ ਇਨ੍ਹਾਂ ਲੜਕੀਆਂ ਨੂੰ ਜਿੱਥੇ ਵਧਾਈ ਦਿੱਤੀ, ਉੱਥੇ ਹੀ ਉਨ੍ਹਾਂ ਦਾ ਸਿਰ ਫਖਰ ਨਾਲ ਉੱਚਾ ਹੋਇਆ ਹੈ। ਇਸ ਮੌਕੇ ਲੀਗਲ ਸੈੱਲ ਦੇ ਵਾਇਸ ਚੇਅਰਮੈਨ ਐਡਵੋਕੇਟ ਲਖਵਿੰਦਰ ਸਿੰਘ ਲਖਣਪਾਲ, ਨਰੇਸ਼ ਕੁਮਾਰ ਚਪਟਾ ਕੋਚ ਬਾਸਕਟਬਾਲ, ਮਲਕੀਤ ਸਿੰਘ ਸਾਬਕਾ ਐੱਮ ਸੀ ਤੇ ਹੋਰ ਭੀਖੀ ਦੇ ਮੋਹਤਬਰ ਵਿਅਕਤੀਆਂ ਨੇ ਵਾਈਕਿੰਗ ਮਾਰਸ਼ਲ ਅਕੈਡਮੀ ਦੇ ਕੋਚ ਤੇ ਤਮਗਾ ਜੇਤੂ ਲੜਕੀਆਂ ਨੂੰ ਵਧਾਈ ਦਿੱਤੀ। ਐਸੋਸੀਏਸ਼ਨ ਦੇ ਪ੍ਰਧਾਨ ਅਮਨਦੀਪ ਸਿੰਘ, ਕੋਚ ਪਰਵਿੰਦਰ ਸਿੰਘ ਹੈਪੀ ਸਮਾਓਂ, ਕੋਚ ਬਲਜਿੰਦਰ ਸਿੰਘ ਵਿੱਕੀ ਫੱਤਾ, ਕੋਚ ਰਾਹੁਲ ਗੋਇਲ ਆਦਿ ਮੌਜੂਦ ਸਨ।

ਅਟਾਰੀ ਤੇ ਹੁਸੈਨੀਵਾਲਾ ਰਾਹੀਂ ਭਾਰਤ-ਪਾਕਿ ਵਪਾਰ ਖੋਲ੍ਹਣ ਦੀ ਮੰਗ

ਮੋਗਾ (ਪੱਤਰ ਪ੍ਰੇਰਕ)-ਮੋਗਾ ਦੀ ਦਾਣਾ ਮੰਡੀ ਵਿਖੇ ਕਿਰਤੀ ਕਿਸਾਨ ਯੂਨੀਅਨ ਦੀ ਸੂਬਾਈ ਰੈਲੀ ਨੇ ਹਰ ਖੇਤ ਤੱਕ ਨਹਿਰੀ ਪਾਣੀ-ਹਰ ਘਰ ਤੱਕ ਪੀਣ ਵਾਲਾ ਸਾਫ਼ ਪਾਣੀ, ਖੇਤੀ ਮਾਡਲ ਬਦਲਣ ਅਤੇ ਭਾਰਤ-ਪਾਕਿਸਤਾਨ ਵਪਾਰ ਲਈ ਅਟਾਰੀ ਅਤੇ ਹੁਸੈਨੀਵਾਲਾ ਸੜਕੀ ਲਾਂਘੇ ਖੋਲ੍ਹਣ ਦੀ ਮੰਗ ਰੈਲੀ ਦੀ ਪ੍ਰਧਾਨਗੀ ਯੂਨੀਅਨ ਦੇ ਸੂਬਾ ਪ੍ਰਧਾਨ ਨਿਰਭੈ ਸਿੰਘ ਢੁੱਡੀਕੇ, ਮੀਤ ਪ੍ਰਧਾਨ ਜਤਿੰਦਰ ਸਿੰਘ ਛੀਨਾ, ਹਰਮੇਸ਼ ਸਿੰਘ ਢੇਸੀ, ਸਤਿਬੀਰ ਸਿੰਘ ਸੁਲਤਾਨੀ ਅਤੇ ਔਰਤ ਕਿਸਾਨ ਆਗੂ ਛਿੰਦਰਪਾਲ ਕੌਰ ਰੋਡੇ ਨੇ ਕੀਤੀ। ਕਿਸਾਨ ਯੂਨੀਅਨ ਦੇ ਜਨਰਲ ਸਕੱਤਰ ਰਜਿੰਦਰ ਸਿੰਘ ਦੀਪ ਸਿੰਘ ਵਾਲਾ ਨੇ ਕਿਹਾ ਖੇਤੀ ਵਿਕਾਸ ਮਾਡਲ ਵਿੱਚ ਪਈ ਹੈ, ਜਿਸਨੇ ਅੱਜ ਕਿਸਾਨੀ ਦਾ ਵਾਲ-ਵਾਲ ਕਰਜ਼ਾਈ ਕਰਨ ਦੇ ਨਾਲ ਨਾਲ ਪਾਣੀ ਅਤੇ ਵਾਤਾਵਰਨ ਦਾ ਸੰਕਟ ਖੜਾ ਕਰ ਦਿੱਤਾ ਹੈ। ਇਸ ਮਾਡਲ ਨੂੰ ਆਤਮ-ਨਿਰਭਰ, ਜ਼ਹਿਰ ਮੁਕਤ ਕੁਦਰਤ ਪੱਖੀ ਅਤੇ ਲਾਭਕਾਰੀ ਖੇਤੀ ਮਾਡਲ ਨਾਲ ਬਦਲਣ ਦੀ ਲੋੜ ਹੈ। ਪਰ ਅਜਿਹਾ ਕਰਨ ਤੋਂ ਘੇਸਲ ਵੱਟੀ ਜਾ ਰਹੀ ਹੈ। ਉਨ੍ਹਾਂ ਕਿਹਾ ਕਿ ਕਿਰਤੀ ਕਿਸਾਨ ਯੂਨੀਅਨ ਨੇ 'ਬਦਲਵੇਂ ਖੇਤੀ ਮਾਡਲ ਨੂੰ ਲਾਗੂ ਕਰੋ' ਅਤੇ ਕਰਜ਼ਾ ਮੁਕਤੀ ਦੀ ਮੰਗ ਨੂੰ ਲੈ ਕੇ ਮੁਹਿੰਮ ਵਿੱਢੀ ਹੋਈ ਹੈ। ਜਿਸ ਤਹਿਤ ਹੀ ਯੂਨੀਅਨ ਜਿੱਥੇ ਸਾਰੀ ਖੇਤੀ ਪੈਦਾਵਾਰ ਲਈ ਸਵਾਮੀਨਾਥਨ ਫਾਰਮੂਲੇ ਨਾਲ ਐਮ ਐਸ ਪੀ 'ਤੇ ਖਰੀਦ ਦੀ ਗਾਰੰਟੀ ਦਾ ਕਾਨੂੰਨ ਬਣਾਏ ਜਾਣ ਦੀ ਮੰਗ ਕਰ ਰਹੀ ਹੈ, ਉਥੇ ਨਾਲ ਹੀ ਪਾਣੀ ਦੀ ਸੰਭਾਲ ਅਤੇ ਪੜਾਅਵਾਰ ਜ਼ਹਿਰ ਮੁਕਤ ਖੇਤੀ ਵੱਲ ਵਧਣ ਅਤੇ ਕਿਸਾਨਾਂ ਦੀ ਕਰਜ਼ਾ ਮੁਕਤੀ ਦੀ ਕੇਂਦਰ ਅਤੇ ਸੂਬਾ ਸਰਕਾਰ ਤੋਂ ਮੰਗ ਵੀ ਕਰਦੀ ਹੈ। ਸੂਬਾ ਪ੍ਰੈਸ ਸਕੱਤਰ ਰਾਮਿੰਦਰ ਸਿੰਘ ਪਟਿਆਲਾ ਅਤੇ ਸੂਬਾ ਖਜ਼ਾਨਚੀ ਜਸਵਿੰਦਰ ਸਿੰਘ ਝਬੇਲਵਾਲੀ ਨੇ ਜ਼ਮੀਨ ਹੇਠਲੇ ਪਾਣੀ ਨੂੰ ਰੀਚਾਰਜ਼ ਕਰਨ ਲਈ ਠੋਸ ਕਦਮ ਚੁੱਕਣ ਦੇ ਨਾਲ ਨਾਲ ਉਦਯੋਗਾਂ ਅਤੇ ਸ਼ਹਿਰਾਂ ਵਲੋਂ ਪ੍ਰਦੂਸ਼ਿਤ ਪਾਣੀ ਨੂੰ ਦਰਿਆਵਾਂ ਤੇ ਧਰਤੀ 'ਚ ਸੁੱਟਣ ਦੀ ਰੋਕਥਾਮ ਕਰਨ ਦੀ ਮੰਗ ਕੀਤੀ। ਕਿਰਤੀ ਕਿਸਾਨ ਯੂਨੀਅਨ ਦੀ ਔਰਤ ਵਿੰਗ ਦੀ ਆਗੂ ਹਰਦੀਪ ਕੌਰ ਕੋਟਲਾ ਅਤੇ ਸੂਬਾ ਆਗੂ ਸੁਰਿੰਦਰ ਸਿੰਘ ਬੈਂਸ ਨੇ ਕਿਹਾ ਕਿ ਕੇਂਦਰ ਦੀ ਭਾਜਪਾ ਸਰਕਾਰ ਗੁਜਰਾਤ ਦੇ ਰਸਤੇ ਤਾਂ ਪਾਕਿਸਤਾਨ ਨਾਲ ਵਪਾਰ ਕਰ ਰਹੀ ਹੈ ਪ੍ਰੰਤੂ ਪੰਜਾਬ ਤੋਂ ਸੜਕੀ ਲਾਂਘੇ ਰਾਹੀਂ ਪਾਕਿਸਤਾਨ ਨਾਲ ਵਪਾਰ 'ਤੇ ਪਾਬੰਦੀਆਂ ਮੜ੍ਹ ਕੇ ਪੰਜਾਬ ਨਾਲ ਮਤਰੇਈ ਮਾਂ ਵਾਲਾ ਸਲੂਕ ਕਰ ਰਹੀ ਹੈ।

ਜ਼ਮੀਨ ਦੇ ਰੌਲੇ ਨੂੰ ਲੈ ਕੇ ਵਿਅਕਤੀ 'ਤੇ ਜਾਨਲੇਵਾ ਹਮਲਾ, ਹਸਪਤਾਲ ਦਾਖਲ

ਹਸਪਤਾਲ 'ਚ ਜ਼ੇਰੇ ਇਲਾਜ ਗਨੇਸ਼ ਦਾਸ।

ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ/ਪੂਜਾ)

ਜ਼ਮੀਨ ਦੇ ਰੌਲੇ ਨੂੰ ਲੈ ਕੇ ਇੱਕ ਧਿਰ ਵੱਲੋਂ ਦੂਜੀ ਧਿਰ ਦੇ ਇਕ ਵਿਅਕਤੀ 'ਤੇ ਜਾਨਲੇਵਾ ਹਮਲਾ ਕਰਨ ਦਾ ਮਾਮਲਾ ਸਾਹਮਣੇ ਆਇਆ ਹੈ। ਸਿਵਲ ਹਸਪਤਾਲ ਵਿਖੇ ਜੇਰੇ ਇਲਾਜ ਗਨੇਸ਼ ਦਾਸ ਵਾਸੀ ਪਿੰਡ ਪਾਕਾ (ਫ਼ਾਜ਼ਿਲਕਾ) ਨੇ ਦੱਸਿਆ ਕਿ ਉਹ ਮਹੰਤ ਸੇਵਾ ਦਾਸ ਦਾ ਚੇਲਾ ਹੈ ਤੇ ਪਿੰਡ ਪਾਕਾ ਵਿਖੇ ਸਥਿਤ ਡੇਰੇ 'ਚ ਬਤੌਰ ਸੇਵਾਦਾਰ ਸੇਵਾ ਕਰਦਾ ਹੈ। ਉਸ ਨੇ ਦੱਸਿਆ ਕਿ ਡੇਰੇ ਦੀ ਕਰੀਬ 32 ਕਿੱਲੇ ਜ਼ਮੀਨ ਪਿੰਡ ਬੁੱਧੀਮਾਲ (ਸ੍ਰੀ ਮੁਕਤਸਰ ਸਾਹਿਬ) ਵਿਖੇ ਹੈ, ਜੋ ਉਸ ਦੇ ਨਾਂਅ 'ਤੇ ਹੈ। ਉਸ ਨੇ ਦੱਸਿਆ ਕਿ 23 ਮਈ ਨੂੰ ਸ਼ਾਮ ਕਰੀਬ 6 ਵਜੇ ਇਨਕੁਆਰੀ ਸਬੰਧੀ ਉਹ ਥਾਣਾ ਬਰੀਵਾਲਾ ਤੋਂ ਆਪਣੀ ਕਾਰ 'ਤੇ ਗਗਨਦੀਪ ਸਿੰਘ ਵਾਸੀ ਮਹਾਂਬੱਧਰ ਸਮੇਤ ਪਿੰਡ ਬੁੱਧੀਮਾਲ ਵਿਖੇ ਪਿੰਡ ਦੇ ਮੋਹਤਵਾਰ ਵਿਅਕਤੀਆਂ ਨੂੰ ਥਾਣੇ ਆਉਣ ਦਾ ਕਹਿਣ ਲਈ ਗਿਆ ਸੀ ਕਿ ਜਦ ਉਹ ਪਿੰਡ ਬਾਜਾ ਮਰਾੜ ਨਹਿਰ ਦੇ ਪੁਲ਼ ਤੋਂ ਥੋੜ੍ਹਾ ਅੱਗੇ ਪੁੱਜਾ ਤਾਂ ਲਖਵਿੰਦਰ ਸਿੰਘ ਉਰਫ਼ ਬੱਗਾ ਪੁੱਤਰ ਮਲੂਕ ਸਿੰਘ ਉਰਫ ਲਾਲ ਸਿੰਘ ਆਪਣੇ ਟਰੈਕਟਰ 'ਤੇ ਜਾ ਰਿਹਾ ਸੀ ਜਦੋਂ ਉਸ ਕੋਲੋਂ ਉਹ ਕਾਰ 'ਤੇ ਅੱਗੇ ਲੰਘੇ ਅਤੇ ਪਿੰਡ ਬੁੱਧੀਮਾਲ ਆਪਣੀ ਜਮੀਨ ਕੋਲ ਪੁੱਜੇ ਤਾਂ ਅੱਗੇ ਮਲੂਕ ਸਿੰਘ ਉਰਫ ਲਾਲ ਸਿੰਘ ਨੇ ਸਾਡੀ ਗੱਡੀ 'ਤੇ ਕਸੀਏ ਦਾ ਵਾਰ ਕੀਤਾ ਜੋ ਗੱਡੀ ਦੇ ਫਰੰਟ ਵਾਲੇ ਸ਼ੀਸ਼ੇ 'ਤੇ ਲੱਗਾ ਜਿਸ ਨਾਲ ਵੱਡਾ ਸ਼ੀਸ਼ਾ ਕਰੈਕ ਹੋ ਗਿਆ। ਉਸੇ ਸਮੇਂ ਲਾਲ ਸਿੰਘ ਦੇ ਬੇਟੇ ਨੇ ਟਰੈਕਟਰ ਅੱਗੇ ਲਾਉਣ ਦੀ ਕੋਸ਼ਿਸ਼ ਕੀਤੀ, ਪਰ ਉਨ੍ਹਾਂ ਦੀ ਗੱਡੀ ਅੱਗੇ ਲੰਘ ਗਈ ਤੇ ਉਸ ਵਕਤ ਹੀ ਲਾਲ ਸਿੰਘ ਦੇ ਬੇਟੇ ਨੇ ਪਿਸਤੌਲ ਦੇ ਦੋ ਫਾਇਰ ਕੀਤੇ ਤਾਂ ਉਨ੍ਹਾਂ ਆਪਣੀ ਗੱਡੀ ਭਜਾ ਕੇ ਪਿੰਡ ਬੁੱਧੀਮਾਲ ਵਿਖੇ ਵਾੜ ਦਿੱਤੀ ਅਤੇ ਉੱਥੇ ਸੰਦੀਪ ਸਿੰਘ ਨੂੰ ਦੱਸ ਕੇ ਸਿੱਧਾ ਥਾਣਾ ਬਰੀਵਾਲਾ ਵਿਖੇ ਆ ਗਏ। ਉਸ ਨੇ ਦੱਸਿਆ ਕਿ ਉਸਦੇ ਕਾਫੀ ਸੱਟਾਂ ਵੀ ਲੱਗੀਆਂ ਤੇ ਉਹ ਇਲਾਜ ਲਈ ਹਸਪਤਾਲ 'ਚ ਦਾਖਲ ਹੋਇਆ। ਉਸ ਨੇ ਪੁਲਸ ਪ੍ਰਸ਼ਾਸਨ ਤੋਂ ਮੰਗ ਕੀਤੀ ਕਿ ਉਕਤ ਹਮਲਾਵਰਾਂ ਖਿਲਾਫ਼ ਸਖਤ ਕਾਰਵਾਈ ਅਮਲ 'ਚ ਲਿਆਂਦੀ ਜਾਵੇ ਤੇ ਉਸਦੀ ਜਾਨ-ਮਾਲ ਦੀ ਰਾਖੀ ਕੀਤੀ ਜਾਵੇ। ਉਧਰ ਥਾਣਾ ਬਰੀਵਾਲਾ ਇੰਚਾਰਜ ਗੁਰਦੀਪ ਸਿੰਘ ਨੇ ਦੱਸਿਆ ਕਿ 323, 427, 34 ਆਈ ਪੀ ਸੀ ਰਪਟ ਦਰਜ ਕਰਕੇ ਮਾਮਲੇ ਦੀ ਜਾਂਚ ਪੜਤਾਲ ਕੀਤੀ ਜਾ ਰਹੀ ਹੈ।

ਸੰਯੁਕਤ ਕਿਸਾਨ ਮੋਰਚਾ ਗੈਰ ਰਾਜਨੀਤਿਕ ਦੀ ਕਿਸਾਨੀ ਮੰਗਾਂ ਨੂੰ ਲੈ ਕੇ ਖੇਤੀਬਾੜੀ ਮੰਤਰੀ ਨਾਲ ਮੀਟਿੰਗ

ਸਮਰਾਲਾ (ਸੁਰਜੀਤ ਸਿੰਘ)

ਲਮੇ ਸਮੇਂ ਤੋਂ ਲਮਕਦੀਆਂ ਮੰਗਾਂ ਨੂੰ ਲੈ ਕੇ ਸੰਯੁਕਤ ਕਿਸਾਨ ਮੋਰਚਾ ਗੈਰ ਰਾਜਨੀਤਕ ਦੀ ਖੇਤੀਬਾੜੀ ਮੰਤਰੀ ਕੁਲਦੀਪ ਸਿੰਘ ਧਾਲੀਵਾਲ ਨਾਲ ਸਰਕਾਰ ਵੱਲੋਂ ਮੰਨੀਆਂ ਮੰਗਾਂ ਨੂੰ ਲਾਗੂ ਕਰਾਉਣ ਅਤੇ ਬੇਮੌਸਮੀ ਬਰਸਾਤ ਤੇ ਗੜ੍ਹੇਮਾਰੀ ਕਾਰਨ ਖਰਾਬ ਹੋਈਆਂ ਫ਼ਸਲਾਂ ਦੇ ਮੁਆਵਜ਼ੇ, ਜੁਮਲਾ ਮੁਸਕਰਾ ਮਾਲਕਾਨ, ਜ਼ਮੀਨ ਆਬਾਦਕਾਰ ਕਿਸਾਨਾਂ, 2007 ਦੀ ਪਾਲਿਸੀ ਵਾਲੀਆ ਜ਼ਮੀਨਾਂ, ਘੱਟੋ ਘੱਟ ਸਮਰਥਨ ਮੁੱਲ 'ਤੇ ਫ਼ਸਲਾਂ ਦੀ ਖਰੀਦ ਨੂੰ ਯਕੀਨੀ ਬਣਾਉਣ, ਬਾਕੀ ਰਹਿੰਦੇ ਕਿਸਾਨੀ ਮੋਰਚੇ ਦੇ ਸ਼ਹੀਦਾਂ ਦੇ ਵਾਰਸਾਂ ਨੂੰ ਨੌਕਰੀ ਅਤੇ ਮੁਆਵਜ਼ਾ, ਬਰਸਾਤੀ ਪਾਣੀ ਨਾਲ ਹੋਣ ਵਾਲੇ ਨੁਕਸਾਨ ਤੋਂ ਬਚਾਉਣ ਤੇ ਧਰਤੀ ਹੇਠਲੇ ਪਾਣੀ ਦੇ ਪੱਧਰ ਨੂੰ ਉੱਚਾ ਚੁੱਕਣ ਲਈ ਵਾਟਰ ਹਾਰਵੈਸਟਿੰਗ ਸਿਸਟਮ ਲਾਉਣ, ਅਵਾਰਾ ਪਸ਼ੂਆਂ ਤੇ ਕੁੱਤਿਆਂ ਨਾਲ ਜਾ ਰਹੀਆਂ ਕੀਮਤੀ ਜਾਨਾਂ ਤੋਂ ਬਚਾਅ ਲਈ ਉਨ੍ਹਾਂ ਦਾ ਪ੍ਰਬੰਧ, ਲੰਪੀ ਸਕਿਨ ਬਿਮਾਰੀ ਨਾਲ ਮਰੇ ਪਸ਼ੂਆਂ ਦਾ ਮੁਆਵਜ਼ਾ, ਬਿਜਲੀ ਸੋਧ ਐਕਟ ਜਿਸ ਨੂੰ ਪੰਜਾਬ ਸਰਕਾਰ ਵੱਲੋਂ ਚਿੱਪ ਵਾਲੇ ਮੀਟਰ ਲਾ ਕੇ ਕੇਂਦਰ ਸਰਕਾਰ ਦੀ ਪਿਛਲੇ ਦਰਵਾਜ਼ੇ ਰਹੀ ਲਾਗੂ ਕਰਨ ਵਿੱਚ ਮਦਦ ਕੀਤੀ ਜਾ ਰਹੀ ਹੈ, ਆਦਿ ਮੰਗਾਂ ਨੂੰ ਲੈ ਕੇ ਮੀਟਿੰਗ ਹੋਈ। ਕਿਸਾਨ ਆਗੂਆਂ ਨੇ ਕਿਹਾ ਕਿ ਸਰਕਾਰ ਕਿਸਾਨਾਂ ਪ੍ਰਤੀ ਸੰਜੀਦਾ ਨਜ਼ਰ ਨਹੀਂ ਆ ਰਹੀ। ਜੁਮਲਾ ਮੁਸ਼ਤਰਕਾ ਮਾਲਕਾਨ ਵਾਲੀਆਂ ਜ਼ਮੀਨਾਂ ਕਿਸਾਨਾਂ ਨੂੰ ਦੇਣ ਦਾ ਲੰਮੇ ਸਮੇਂ ਤੋ ਵਾਅਦਾ ਕਰਨ ਦੇ ਬਾਵਜੂਦ ਸਰਕਾਰ ਅੱਜ ਮੁੱਕਰਦੀ ਤੇ ਭੱਜਦੀ ਨਜ਼ਰ ਆਈ, ਜਿਸ ਦੇ ਸੰਬੰਧ ਵਿੱਚ ਕਿਸਾਨਾਂ ਨੇ ਫ਼ੈਸਲਾ ਲਿਆ ਹੈ ਕਿ ਆਉਣ ਵਾਲੇ ਦਿਨਾਂ ਵਿੱਚ ਮੀਟਿੰਗ ਕਰਕੇ ਅਗਲਾ ਪ੍ਰੋਗਰਾਮ ਉਲੀਕਾਂਗੇ ਅਤੇ ਖੇਤੀਬਾੜੀ ਸੰਦਾਂ ਦੇ ਦਿੱਤੀ ਜਾਂਦੀ ਸਬਸਿਡੀ ਬਾਰੇ ਕਿਸਾਨ ਆਗੂਆਂ ਨੇ ਕਿਹਾ ਕਿ ਇਹ ਸਰਕਾਰ ਵੀ ਪਹਿਲੀਆਂ ਸਰਕਾਰਾਂ ਵਾਂਗੂ ਫਰਮਾਂ ਨੂੰ ਅਥੋਰਾਈਜ ਕਰਕੇ ਕਿਸਾਨਾਂ ਦੀ ਅਤੇ ਕਿਸਾਨਾਂ ਦੇ ਪੈਸੇ ਦੀ ਲੁੱਟ ਕਰਨ ਲਈ ਬਜ਼ਿਦ ਸੀ ਕਿ ਅਸੀਂ ਖੇਤੀ ਸੰਦਾਂ ਦੀ ਸਬਸਿਡੀ ਦੇਣ ਲਈ ਫਰਮਾਂ ਨੂੰ ਹੀ ਅਥੋਰਾਈਜ ਕਰਾਂਗੇ, ਜਿਸ ਦਾ ਮਤਲਬ ਜਿਹੜਾ ਸੰਦ ਕਿਸਾਨਾਂ ਨੂੰ ਡੇਢ ਲੱਖ ਦਾ ਮਿਲਣਾ ਸੀ, ਉਸ ਦੇ ਡੇਢੀ ਰਕਮ ਵਸੂਲਣ ਦਾ ਕੰਮ ਕਰ ਰਹੀ ਹੈ। ਮੀਟਿੰਗ ਦੌਰਾਨ ਕੁੱਝ ਮੁੱਦਿਆਂ ਉੱਪਰ ਸਰਕਾਰ ਅਤੇ ਕਿਸਾਨਾਂ ਵਿੱਚ ਸਹਿਮਤੀ ਵੀ ਬਣੀ, ਜਿਵੇਂ ਕਿਸਾਨ ਆਪਣੇ ਖੇਤ ਵਿੱਚ ਲੱਗੇ ਮੋਟਰ ਕੁਨੈਕਸ਼ਨ ਨੂੰ ਆਪਣੇ ਖੇਤ ਵਿੱਚ ਕੀਤੇ ਵੀ ਸ਼ਿਫਟ ਕਰ ਸਕਦਾ, ਸਰਹਿੰਦ ਫੀਡਰ ਉੱਪਰ ਕਿਸਾਨਾਂ ਦੇ ਪਾਣੀ ਚੁੱਕਣ ਲਈ ਲੱਗੇ ਲਿਫ਼ਟ ਪੰਪਾਂ ਨੂੰ ਅਡਾਪਟ ਕਰਨ, ਪਿਛਲੇ ਲੰਮੇ ਸਮੇਂ ਦੇ ਲੱਗੇ ਹੋਏ ਟਰਾਂਸਫਰ ਜਿਨ੍ਹਾਂ ਨੂੰ ਸਰਕਾਰ ਅਣਅਧਿਕਾਰਤ ਟਰਾਂਸਫਰ ਕਹਿੰਦੀ ਸੀ, ਨੂੰ ਵੀ ਅਡਾਪਟ ਕਰਨ ਦੀ ਸਹਿਮਤੀ ਦਿੱਤੀ ਅਤੇ ਚਿੱਠੀ ਜਾਰੀ ਕਰਨ ਦੀ ਮੰਗ ਮੰਨੀ, ਗੜ੍ਹੇਮਾਰੀ ਨਾਲ ਫ਼ਸਲਾਂ ਦੇ ਹੋਏ ਨੁਕਸਾਨ ਖੁਦਕੁਸ਼ੀ ਕਾਰਨ ਜਾ ਹਾਰਟ ਅਟੈਕ ਨਾਲ ਮਰਨ ਵਾਲੇ ਕਿਸਾਨਾ ਨੂੰ ਮੁੱਖ ਮੰਤਰੀ ਰਾਹਤ ਫੰਡ ਵਿੱਚੋਂ ਮਦਦ ਦੇਣ ਦੀ ਮੰਗ ਨੂੰ ਮੰਨਿਆ ਅਤੇ ਅੱਗੇ ਤੋਂ ਇਸ ਤਰ੍ਹਾਂ ਘਟਨਾ ਹੋਣ ਤੋਂ ਬਾਅਦ ਕਿਸਾਨਾਂ ਨੂੰ ਦਿੱਤੇ ਜਾਣ ਵਾਲੇ ਤਿੰਨ ਲੱਖ ਦੇ ਮੁਆਵਜ਼ੇ ਤੋਂ ਵਧਾ ਕੇ 10 ਲੱਖ ਰੁਪਏ ਮੁਆਵਜ਼ਾ ਦੇਣ ਦੀ ਮੰਗ ਉੱਤੇ ਵੀ ਹਾਮੀ ਭਰੀ, ਪਿਛਲੇ ਸਾਲ ਹੋਏ ਫ਼ਸਲਾਂ ਦੇ ਨੁਕਸਾਨ ਦਾ ਜਲਦੀ ਮੁਆਵਜ਼ਾ ਦੇਣ ਲਈ ਸਰਕਾਰ ਨੇ ਕਿਹਾ ਕਿ ਗਿਰਦਾਵਰੀ ਮੰਗਵਾ ਲਈਆਂ ਗਈਆਂ ਹਨ, ਚਾਈਨਾ ਵਾਇਰਸ ਨਾਲ ਹੋਏ ਫ਼ਸਲਾਂ ਦੇ ਨੁਕਸਾਨ ਦੀ ਜਲਦੀ ਭਰਪਾਈ ਕਰਨ ਦੀ ਸਰਕਾਰ ਨੇ ਹਾਮੀ ਭਰੀ, ਕਿਸਾਨਾਂ ਵੱਲੋਂ ਲਿਮਟ ਬਣਾਉਣ ਸਮੇਂ ਬੈਂਕਾਂ ਵੱਲੋਂ ਲਏ ਜਾਂਦੇ ਖਾਲੀ ਚੈੱਕ ਲੈਣੇ ਬੰਦ ਕਰਾਉਣ ਦੀ ਸਰਕਾਰ ਨੇ ਹਾਮੀ ਭਰੀ ਤੇ ਕੋਆਪ੍ਰੇਟਿਵ ਅਪ੍ਰੇਟਿਵ ਬੈਂਕ ਅਤੇ ਲੈਂਡਮੋਰਗੇਜ ਬੈਂਕ ਨਾਲ ਮੀਟਿੰਗ ਕਰਕੇ ਸਰਕਾਰ ਵੱਲੋਂ ਕਿਸਾਨਾਂ ਲਈ ਵਨ ਟਾਈਮ ਸੈਟਲਮੈਂਟ ਨੀਤੀ ਅਪਣਾਉਣ ਅਤੇ ਕਿਸਾਨਾ ਦੀਆ ਗ੍ਰਿਫ਼ਤਾਰੀਆਂ ਨਾ ਕਰਨ ਦੀ ਵੀ ਹਾਮੀ ਭਰੀ ਹੈ ਅਤੇ ਐਸ ਡੀ ਐਮ ਰਾਜੇਸ਼ ਸਰਮਾ ਉੱਤੇ ਚੀਫ਼ ਸੈਕਟਰੀ ਨਾਲ ਮੀਟਿੰਗ ਕਰਕੇ ਤੁਰੰਤ ਕਾਰਵਾਈ ਕਰਨ ਦੀ ਮੰਗ ਵੀ ਸਰਕਾਰ ਨੇ ਮੰਨੀ ਤੇ ਅਵਾਰਾ ਕੁੱਤਿਆਂ ਅਤੇ ਪਸ਼ੂਆਂ ਦੇ ਮੁੱਦੇ 'ਤੇ ਸਰਕਾਰ ਨੇ ਕਿਹਾ ਕਿ ਡਾ. ਨਿੱਝਰ ਦੀ ਡਿਊਟੀ ਲਾ ਦਿੱਤੀ ਗਈ ਹੈ, ਜੋ 30 ਜੂਨ ਤੱਕ ਇਸ ਉੱਪਰ ਆਪਣਾ ਰਿਜ਼ਲਟ ਦੇਣਗੇ ਅਤੇ ਜਿਹੜੇ ਕਿਸਾਨਾਂ ਦਾ ਮਿੱਲਾਂ ਲੇਟ ਚੱਲਣ ਕਰਕੇ ਨੁਕਸਾਨ ਹੋਇਆ, ਉਸ ਦੀ ਪੜਤਾਲ ਕਰਕੇ ਭਰਪਾਈ ਕੀਤੀ ਜਾਵੇਗੀ ਅਤੇ ਤੇਲੰਗਾਨਾ ਸਰਕਾਰ ਨੂੰ ਚਿੱਠੀ ਲਿਖ ਕੇ ਬਾਕੀ ਰਹਿੰਦੇ ਸ਼ਹੀਦ ਕਿਸਾਨਾਂ ਨੂੰ ਤੇਲੰਗਾਨਾ ਸਰਕਾਰ ਵੱਲੋਂ 3 ਲੱਖ ਰੁਪਏ ਮੁਆਵਜ਼ਾ ਦਿਵਾਉਣ ਦੀ ਹਾਮੀ ਭਰੀ ਅਤੇ ਸਿੱਖ ਇਤਿਹਾਸ ਨੂੰ ਤੋੜ-ਮਰੋੜ ਕੇ ਪੇਸ਼ ਕਰਨ ਅਤੇ ਉਨ੍ਹਾਂ ਕਿਤਾਬਾਂ ਨੂੰ ਪ੍ਰਕਾਸ਼ਤ ਕਰਨ ਵਾਲਿਆਂ ਉਪਰ ਕਾਰਵਾਈ ਕਰਨ ਲਈ ਅਧਿਕਾਰੀਆਂ ਨੂੰ ਮੌਕੇ 'ਤੇ ਹੀ ਹਦਾਇਤ ਜਾਰੀ ਕੀਤੀਆਂ ਗਈਆਂ ਹਨ ।

ਰੱਦੀ ਸਮਾਨ ਦੀ ਮੁੜ ਵਰਤੋਂ ਸੈਂਟਰ ਦੀ ਸ਼ੁਰੂਆਤ

ਭਗਤਾ ਭਾਈ ਕਾ (ਰਾਜੀਵ ਗੋਇਲ)-'ਮੇਰੀ ਲਾਈਫ ਮੇਰਾ ਸਵੱਛ ਸ਼ਹਿਰ' ਮੁਹਿੰਮ ਤਹਿਤ ਰੱਦੀ ਸਮਾਨ ਦੀ ਮੁੜ ਵਰਤੋਂ ਸੈਂਟਰ ਨਗਰ ਪੰਚਾਇਤ ਦੇ ਦਫ਼ਤਰ ਵਿਖੇ ਸਥਾਪਤ ਕੀਤਾ ਗਿਆ, ਜਿਸਦਾ ਉਦਘਾਟਨ ਨਗਰ ਪੰਚਾਇਤ ਦੇ ਪ੍ਰਧਾਨ ਬੂਟਾ ਸਿੰਘ ਵੱਲੋਂ ਕੀਤਾ ਗਿਆ। ਇਸ ਮੌਕੇ ਕਾਰਜ ਸਾਧਕ ਅਫ਼ਸਰ ਤਰੁਨ ਕੁਮਾਰ, ਸੁਪਰਡੈਂਟ ਹਰਪ੍ਰੀਤ ਸਿੰਘ, ਜੂਨੀਅਰ ਸਹਾਇਕ ਸਤਿੰਦਰ ਸਿੰਘ, ਕੌਂਸਲਰ ਜਸਵਿੰਦਰ ਸਿੰਘ ਤੇ ਗੁਰਪ੍ਰੀਤ ਸਿੰਘ, ਕੰਪਿਊਟਰ ਅਪ੍ਰੇਟਰ ਜਗਦੀਪ ਸਿੰਘ ਤੇ ਸਮੂਹ ਸਟਾਫ਼ ਵੱਲੋਂ ਲੋਕਾਂ ਨੂੰ ਅਪੀਲ ਕੀਤੀ ਗਈ ਕਿ ਉਹ ਆਪਣੇ ਘਰ ਦਾ ਘਰੇਲੂ ਸਮਾਨ ਜਿਵੇਂ ਪੁਰਾਣੇ ਕੱਪੜੇ, ਜੁੱਤੀਆਂ ਤੇ ਬੈਗ ਵਗੈਰਾ ਨਗਰ ਪੰਚਾਇਤ ਦੇ ਦਫ਼ਤਰ ਵਿਖੇ ਜਮ੍ਹਾਂ ਕਰਾਉਣ ਤਾਂ ਜੁ ਲੋੜਵੰਦ ਲੋਕਾਂ ਨੂੰ ਫ਼ਾਇਦਾ ਹੋ ਸਕੇ।

ਤੂਫ਼ਾਨੀ ਗੜ੍ਹੇਮਾਰੀ ਨੇ ਸ਼ੈਲਰ ਮਾਲਕਾਂ ਸਮੇਤ ਆਮ ਘਰਾਂ ਦਾ ਕੀਤਾ ਨੁਕਸਾਨ

ਭਗਤਾ ਭਾਈ ਕਾ (ਰਾਜੀਵ ਗੋਇਲ)

ਭਿਆਨਕ ਤੂਫਾਨੀ ਗੜ੍ਹੇਮਾਰੀ ਨੇ ਜਿੱਥੇ ਸ਼ੈਲਰ ਮਾਲਕਾਂ ਦਾ ਲੱਖਾਂ ਦਾ ਨੁਕਸਾਨ ਕਰ ਦਿੱਤਾ ਹੈ, ਉੱਥੇ ਘਰੇਲੂ ਜਨਜੀਵਨ ਨੂੰ ਪ੍ਰਭਾਵਿਤ ਕਰਦਿਆਂ ਆਮ ਘਰਾਂ ਦਾ ਵੀ ਨੁਕਸਾਨ ਕੀਤਾ ਹੈ। ਇੱਥੋਂ ਤੱਕ ਕਿ ਆਮ ਲੋਕਾਂ ਦੀ ਬੀਜੀ ਸਬਜ਼ੀ ਦੇ ਬੂਟੇ ਵੀ ਨਾ ਬਚ ਸਕੇ। ਬਹੁਤੇ ਘਰਾਂ ਦੀਆਂ ਪਾਣੀ ਵਾਲੀਆਂ ਟੈਂਕੀਆਂ ਵੀ ਨੁਕਸਾਨੀਆਂ ਗਈਆਂ। ਸ਼ਹਿਰ ਦਾ ਗੌਰ ਕਰਦਿਆਂ ਜਦ ਮਾਲਵਾ ਰਾਈਸ ਮਿਲਜ਼ ਦਾ ਦ੍ਰਿਸ਼ ਦੇਖਿਆ ਗਿਆ ਤਾਂ ਸ਼ੈਲਰ ਦੀ ਛੱਤ ਲਈ ਪਾਈਆਂ ਸੀਮੈਂਟ ਚਾਦਰਾਂ ਦਾ ਕੋਈ ਵੀ ਹਿੱਸਾ ਸੁਰੱਖਿਅਤ ਨਾ ਬਚ ਸਕਿਆ। ਸ਼ੈਲਰ ਦੇ ਪ੍ਰਬੰਧਕ ਦਵਿੰਦਰ ਪੁਰੀ ਨੇ ਦੱਸਿਆ ਕਿ ਉਨ੍ਹਾਂ ਦੇ ਸ਼ੈਲਰ 'ਤੇ ਪਾਈਆਂ ਸੀਮੈਂਟ ਦੀਆਂ ਚਦਾਰਾਂ ਕਰੀਬ ਸਾਰੀਆਂ ਹੀ ਨੁਕਸਾਨੀਆਂ ਗਈਆਂ ਹਨ। ਉਨ੍ਹਾਂ ਦਾ ਕਰੀਬ ਪੰਜ ਲੱਖ ਰੁਪਏ ਦਾ ਨੁਕਸਾਨ ਹੋ ਗਿਆ ਹੈ। ਉਨ੍ਹਾਂ ਸਰਕਾਰ ਪਾਸੋਂ ਮੁਆਵਜ਼ੇ ਦੀ ਵੀ ਮੰਗ ਕੀਤੀ ਗਈ ਹੈ।

ਮੈਰਿਟ 'ਚ ਆਉਣ ਵਾਲੀ ਵਿਦਿਆਰਥਣ ਦਾ ਕੀਤਾ ਸਨਮਾਨ



ਮਾਨਸਾ (ਆਤਮਾ ਸਿੰਘ ਪਮਾਰ)-ਪੰਜਾਬ ਸਕੂਲ ਸਿੱਖਿਆ ਬੋਰਡ ਵੱਲੋਂ ਬਾਰ੍ਹਵੀਂ ਪ੍ਰੀਖਿਆ ਮਾਰਚ 2023 ਦੇ ਐਲਾਨੇ ਗਏ ਨਤੀਜਿਆਂ ਦੀ ਮੈਰਿਟ ਸੂਚੀ ਵਿੱਚ ਸ.ਸ.ਸ.ਸ ਨੰਗਲ ਕਲਾਂ (ਮਾਨਸਾ) ਦੀ ਬਾਰ੍ਹਵੀਂ ਜਮਾਤ ਦੀ ਵਿਦਿਆਰਥਣ ਹੁਸਨਜੋਤ ਕੌਰ ਪੁੱਤਰੀ ਜਗਸੀਰ ਸਿੰਘ ਨੇ 500 ਵਿੱਚੋਂ 490 ਅੰਕ ਲੈਕੇ ਸੂਬੇ ਭਰ 'ਚੋਂ ਦਸਵਾਂ ਸਥਾਨ ਹਾਸਲ ਕਰਕੇ ਆਪਣੇ ਸਕੂਲ, ਮਾਪਿਆਂ ਅਤੇ ਜ਼ਿਲ੍ਹਾ ਮਾਨਸਾ ਦਾ ਨਾਂਅ ਰੌਸ਼ਨ ਕੀਤਾ ਹੈ। ਇਸ ਸ਼ਾਨਦਾਰ ਪ੍ਰਾਪਤੀ ਲਈ ਸਕੂਲ ਵਿਖੇ ਮੈਰਿਟ ਵਿੱਚ ਆਉਣ ਵਾਲੀ ਇਸ ਵਿਦਿਆਰਥਣ ਦਾ ਵਿਸ਼ੇਸ਼ ਸਨਮਾਨ ਕੀਤਾ ਗਿਆ। ਚਰਨਜੀਤ ਸਿੰਘ ਚੇਅਰਮੈਨ ਜ਼ਿਲ੍ਹਾ ਯੋਜਨਾ ਬੋਰਡ ਮਾਨਸਾ, ਡਾ. ਵਿਜੇ ਕੁਮਾਰ ਮਿੱਢਾ ਡਿਪਟੀ ਡੀ.ਈ.ਓ.ਮਾਨਸਾ, ਪਰਮਜੀਤ ਸਿੰਘ ਸਰਪੰਚ ਨੰਗਲ ਕਲਾਂ ਤੇ ਸੁਨੀਲ ਕੁਮਾਰ ਪ੍ਰਿੰਸੀਪਲ ਨੇ ਵਿਦਿਆਰਥਣ ਦਾ ਮੂੰਹ ਮਿੱਠਾ ਕਰਾਉਂਦਿਆਂ ਉਸਦੇ ਮਾਤਾ-ਪਿਤਾ ਨੂੰ ਵਧਾਈ ਵੀ ਦਿੱਤੀ ਤੇ ਉਸਦੇ ਚੰਗੇ ਭਵਿੱਖ ਦੀ ਕਾਮਨਾ ਕੀਤੀ। ਇਸ ਮੌਕੇ ਚਰਨਜੀਤ ਸਿੰਘ ਚੇਅਰਮੈਨ ਜ਼ਿਲ੍ਹਾ ਯੋਜਨਾ ਬੋਰਡ ਵੱਲੋਂ ਸ਼ਾਲ ਤੇ ਫੁੱਲਾਂ ਦਾ ਹਾਰ ਪਾ ਕੇ ਬੱਚੀ ਦਾ ਸਨਮਾਨ ਕੀਤਾ ਗਿਆ। ਸਮੁੱਚੇ ਸਕੂਲ ਸਟਾਫ਼ ਵੱਲੋਂ 5100 ਰੁਪਏ, ਸਰਟੀਫਿਕੇਟ ਤੇ ਸਨਮਾਨ ਚਿੰਨ੍ਹ ਦੇ ਕੇ ਵਿਦਿਆਰਥਣ ਦਾ ਸਨਮਾਨ ਕੀਤਾ ਗਿਆ। ਸਮੁੱਚੀ ਪੰਚਾਇਤ ਨੰਗਲ ਕਲਾਂ ਵੱਲੋਂ 5100 ਰੁਪਏ ਅਤੇ ਸਾਬਕਾ ਆਰਮੀ ਗਰੁੱਪ ਨੰਗਲ ਕਲਾਂ ਵੱਲੋਂ 5100 ਰੁਪਏ ਦੀ ਨਕਦ ਰਾਸ਼ੀ ਨਾਲ ਵਿਦਿਆਰਥਣ ਦੀ ਹੌਸਲਾ ਅਫ਼ਜ਼ਾਈ ਕੀਤੀ ਗਈ। ਪੜ੍ਹੋ ਪੰਜਾਬ ਅੰਗਰੇਜ਼ੀ ਦੀ ਟੀਮ ਦੇ ਡੀ.ਐੱਮ. ਬਲਜਿੰਦਰ ਜੌੜਕੀਆਂ ਤੇ ਬੀ.ਐੱਮ. ਜਸਪ੍ਰੀਤ ਸਿੰਘ ਵੱਲੋਂ ਸਨਮਾਨ ਚਿੰਨ੍ਹ ਦੇ ਕੇ ਵਿਦਿਆਰਥਣ ਦਾ ਸਨਮਾਨ ਕੀਤਾ ਗਿਆ। ਸੁਨੀਲ ਕੁਮਾਰ ਪ੍ਰਿੰਸੀਪਲ ਨੇ ਸੰਬੋਧਨ ਕਰਦੇ ਦੱਸਿਆ ਕਿ ਹੁਸਨਜੋਤ ਕੌਰ ਨੇ ਪੜ੍ਹਾਈ ਤੋਂ ਇਲਾਵਾ ਖੇਡਾਂ ਅਤੇ ਸਹਿ-ਵਿੱਦਿਅਕ ਮੁਕਾਬਲਿਆਂ ਵਿੱਚ ਸੂਬਾ ਪੱਧਰ 'ਤੇ ਮੱਲ੍ਹਾਂ ਮਾਰੀਆਂ ਹਨ। ਵਿਦਿਆਰਥਣ ਦੇ ਪਿਤਾ ਸ੍ਰੀ ਜਗਸੀਰ ਸਿੰਘ ਤੇ ਮਾਤਾ ਸ੍ਰੀਮਤੀ ਕੁਲਵਿੰਦਰ ਕੌਰ ਨੇ ਖੁਸ਼ੀ ਜ਼ਾਹਰ ਕਰਦਿਆਂ ਕਿਹਾ ਕਿ ਸਾਨੂੰ ਆਪਣੀ ਧੀ ਦੀ ਇਸ ਪ੍ਰਾਪਤੀ ਉੱਤੇ ਮਾਣ ਹੈ। ਉਨ੍ਹਾਂ ਆਪਣੀ ਬੱਚੀ ਦੀ ਸਫ਼ਲਤਾ ਦਾ ਸਿਹਰਾ ਸਕੂਲ ਅਧਿਆਪਕਾਂ ਨੂੰ ਦਿੱਤਾ। ਜ਼ਿਲ੍ਹਾ ਸਿੱਖਿਆ ਅਫ਼ਸਰ (ਸੈ.ਸਿ) ਮਾਨਸਾ ਹਰਿੰਦਰ ਸਿੰਘ ਭੁੱਲਰ ਵੱਲੋਂ ਵੀ ਇਸ ਸ਼ਾਨਦਾਰ ਪ੍ਰਾਪਤੀ ਲਈ ਸਕੂਲ ਪ੍ਰਿੰਸੀਪਲ, ਸਮੂਹ ਸਟਾਫ਼, ਮੈਰਿਟ ਵਿੱਚ ਆਉਣ ਵਾਲੀ ਵਿਦਿਆਰਥਣ ਤੇ ਉਸਦੇ ਮਾਤਾ-ਪਿਤਾ ਨੂੰ ਵਧਾਈ ਦਿੱਤੀ।

ਇਸ ਮੌਕੇ ਰਾਜਿੰਦਰ ਸਿੰਘ ਲੈਕ, ਕੁਲਵਿੰਦਰ ਸਿੰਘ, ਮਨਪ੍ਰੀਤ ਕੌਰ, ਹਰਜੀਤ ਸਿੰਘ, ਮਨਜਿੰਦਰ ਸਿੰਘ, ਅਵਤਾਰ ਸਿੰਘ, ਮਨਜਿੰਦਰ ਸਿੰਘ, ਖੁਸ਼ਦੀਪ ਕੌਰ, ਕਮਲੇਸ਼ ਰਾਣੀ ਆਦਿ ਅਧਿਆਪਕਾਂ ਤੋਂ ਇਲਾਵਾ ਸੱਤਪਾਲ ਸ਼ਰਮਾ ਚੇਅਰਮੈਨ ਐੱਸ.ਐੱਮ.ਸੀ, ਗੁਰਦੀਪ ਸਿੰਘ ਵਾਇਸ ਚੇਅਰਮੈਨ, ਕੁਲਦੀਪ ਸਿੰਘ ਪੀ.ਟੀ.ਏ. ਪ੍ਰਧਾਨ, ਰਣਧੀਰ ਸਿੰਘ ਧੀਰਾ, ਜਗਤਾਰ ਸਿੰਘ ਭਲੇਰੀਆ, ਬੰਤ ਸਿੰਘ ਨੰਬਰਦਾਰ, ਨਾਜਮ ਸਿੰਘ ਪੰਚ, ਅਵਤਾਰ ਸਿੰਘ ਪੰਚ, ਸੁਖਜੀਤ ਸਿੰਘ ਸਾਬਕਾ ਫੌਜੀ, ਬੀਰਬਲ ਸਿੰਘ ਪੱਤਰਕਾਰ, ਮੋਹਤਬਰ ਸ਼ਖ਼ਸੀਅਤਾਂ ਤੇ ਸਮੁੱਚੇ ਵਿਦਿਆਰਥੀਆਂ ਵੀ ਹਾਜ਼ਰ ਸਨ। ਮੰਚ ਸੰਚਾਲਕ ਦੀ ਭੂਮਿਕਾ ਅਧਿਆਪਕ ਜਸਵਿੰਦਰ ਸਿੰਘ ਨੇ ਬਾਖੂਬੀ ਨਿਭਾਈ।

ਅੱਜ ਬਿਜਲੀ ਬੰਦ ਰਹੇਗੀ

ਸਮਾਣਾ (ਇਕਬਾਲ ਸਿੰਘ ਬੱਲ)-ਪੰਜਾਬ ਸਟੇਟ ਪਾਵਰ ਕਾਰਪੋਰੇਸਨ-ਲਿਮ: ਸਬ-ਡਵੀਜਨ ਸਹਿਰੀ ਸਮਾਣਾ ਦੇ ਐਸ ਡੀ ਉ ਅਰਵਿੰਦ ਕੁਮਾਰ ਵਲੋਂ ਦਿੱਤੀ ਜਾਣਕਾਰੀ ਅਨੁਸਾਰ ਸਮਾਣਾ-ਭਵਾਨੀਗੜ੍ਹ ਰੋਡ ਨੂੰ ਚੋੜਾ ਕਰਨ ਦਾ ਕੰਮ ਚੱਲ ਰਿਹਾ ਹੈ। ਜਿਸ ਕਾਰਨ 27 ਮਈ ਸਨਿਚਰਵਾਰ ਨੂੰ ਸਵੇਰੇ 10 ਵਜੇ ਤੋਂ ਸਾਮ 5 ਵਜੇ ਤੱਕ 66 ਕੇ ਵੀ ਸਮਾਣਾ ਗਰਿੱਡ ਤੋਂ ਚੱਲਦੇ 11 ਕੇ. ਵੀ ਅਨਾਜ ਮੰਡੀ, ਮੰਡੀ ਰੋਡ ਫੀਡਰਾ ਦੇ ਏਰੀਏ ਵੱਡੀ ਮਾਜਰੀ, ਮਲਕਾਨਾ ਪੱਤੀ, ਅਮਨ ਕਲੋਨੀ, ਜਗਦੰਬੇ ਕਲੋਨੀ, ਜੈਨ ਮਹੱਲਾ, ਖੱਤਰੀਆਂ ਮੁਹੱਲਾ, ਕੰਨਗੋ ਮੁਹੱਲਾ, ਅਮਾਮਗੜ੍ਹ ਮੁਹੱਲਾ, ਬਾਲਮਿਕੀ ਮੁਹੱਲਾ, ਬੰਮਨਾ ਪੱਤੀ, ਚਿੜੀਆਂ ਮੁਹੱਲਾ, ਸਹਿਰ ਦੇ ਇਹਨਾ ਇਲਾਕਿਆਂ ਦੀ ਬਿਜਲੀ ਬੰਦ ਰਹੇਗੀ ।

ਵਿਦਿਆਰਥੀਆਂ ਨੂੰ ਕੂੜੇ ਦੀ ਸਾਂਭ ਸੰਭਾਲ ਸੰਬੰਧੀ ਦੱਸਿਆ

ਦੋਰਾਹਾ (ਹਰਮਿੰਦਰ ਸਿੰਘ ਸੇਠ)-ਨਗਰ ਕੌਂਸਲ ਦੇ ਕਾਰਜ ਸਾਧਕ ਅਫ਼ਸਰ ਹਰਨਰਿੰਦਰ ਸਿੰਘ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਸੁਪਰਡੈਂਟ ਸੈਨੀਟੇਸ਼ਨ ਵਿਸ਼ਨੂੰ ਦੱਤ ਸ਼ਰਮਾ, ਸੈਨੇਟਰੀ ਇੰਸਪੈਕਟਰ ਜਸਪਾਲ ਸਿੰਘ, ਸਵੱਛ ਭਾਰਤ ਮਿਸ਼ਨ ਇੰਚਾਰਜ ਨਵਦੀਪ ਕੌਰ, ਅਨਿਲ ਕੁਮਾਰ ਮੇਟ ਅਤੇ ਮੋਟੀਵੇਟਰਾਂ ਵੱਲੋਂ ਖਾਲਸਾ ਗਲਰਜ਼ ਸਿਨੀਅਰ ਸੈਕੰਡਰੀ ਸਕੂਲ ਵਿਖੇ ਆਰ.ਆਰ.ਆਰ. ਸੈਂਟਰ ਤੇ ਸੋਲਿਡ ਵੇਸਟ ਮੈਨੇਜਮੈਂਟ ਸਬੰਧੀ ਜਾਣਕਾਰੀ ਦਿੱਤੀ ਗਈ ਅਤੇ ਵਿਦਿਆਰਥੀਆਂ ਵਿਚ ਇਕ ਪ੍ਰਤੀਯੋਗਤਾ ਵੀ ਕਰਾਈ ਗਈ ਤੇ ਵਿਦਿਆਰਥੀਆਂ ਨੂੰ ਸਕੂਲ ਵਿੱਚ ਤਿਆਰ ਕੀਤੇ ਗਏ ਥਰੀ ਆਰ ਸੈਂਟਰ ਬਾਰੇ ਵੀ ਪ੍ਰੇਰਿਤ ਕੀਤਾ ਗਿਆ। ਇਸ ਪ੍ਰਤੀਯੋਗਤਾ ਵਿੱਚ ਜੇਤੂ ਵਿਦਿਆਰਥੀਆਂ ਨੂੰ ਇਨਾਮ ਵੀ ਦਿੱਤੇ ਗਏ। ਉਥੇ ਹੀ ਮਿਊਂਸਪਲ ਪ੍ਰਾਇਮਰੀ ਸਕੂਲ ਦੇ ਵਿਦਿਆਰਥੀਆਂ ਨੂੰ ਸ਼ਹਿਰ ਦੇ ਡੰਪ ਦਾ ਸਰਵੇ ਕਰਾਇਆ ਗਿਆ, ਜਿਥੇ ਵਿਦਿਆਰਥੀਆਂ ਨੂੰ ਬਿਨਾਂ ਸੈਗਰੀਗੇਟ ਕੂੜੇ ਦੇ ਨੁਕਸਾਨ ਬਾਰੇ ਦੱਸਿਆ ਗਿਆ ਅਤੇ ਨਾਲ ਹੀ ਨਗਰ ਕੌਂਸਲ ਦੇ ਸੈਪਰੇਟਰ ਮਸ਼ੀਨ ਰਾਹੀ ਉਨ੍ਹਾਂ ਨੂੰ ਮਿਕਸ ਕੂੜੇ ਦੀ ਸੈਗਰੀਗੇਸ਼ਨ ਕਿਵੇਂ ਕੀਤੀ ਜਾਂਦੀ ਹੈ, ਬਾਰੇ ਦੱਸਿਆ ਅਤੇ ਸਿਖਾਇਆ ਗਿਆ। ਆਰਯਾ ਪੁਤਰੀ ਪਾਠਸ਼ਾਲਾ ਦੇ ਵਿਦਿਆਰਥੀਆਂ ਨੂੰ ਦਫ਼ਤਰ ਨਗਰ ਕੌਂਸਲ ਦੇ ਐਮ.ਆਰ.ਐਫ. ਸੈਂਟਰ ਦਾ ਸਰਵੇ ਕਰਾਇਆ ਗਿਆ, ਜਿਥੇ ਵਿਦਿਆਰਥੀਆਂ ਨੂੰ ਸ਼ਹਿਰ ਵਿਚੋਂ ਡੋਰ-ਟੂ-ਡੋਰ ਸੈਗਰੀਗੇਟ ਕੀਤੇ ਗਿੱਲੇ ਸੁੱਕੇ ਕੂੜੇ ਦੀ ਪ੍ਰੋਸੈਸਿੰਗ ਦੇ ਢੰਗਾਂ ਬਾਰੇ ਦੱਸਿਆ, ਉਥੇ ਇਨ੍ਹਾਂ ਦੀ ਮੈਨੇਜਮੈਂਟ ਬਾਰੇ ਵੀ ਸਿਖਲਾਈ ਦਿੱਤੀ ਗਈ ਕਿ ਕਿਵੇਂ ਗਿੱਲੇ ਕੂੜੇ ਨੂੰ ਪਿਟਾਂ ਵਿੱਚ ਪਾ ਕੇ ਜੈਵਿਕ ਖਾਦ ਤਿਆਰ ਕੀਤੀ ਜਾਂਦੀ ਹੈ ਅਤੇ ਸੁੱਕਾ ਕੂੜਾ ਜਿਵੇਂ ਪਲਾਸਟਿਕ ਆਦਿ ਨੂੰ ਕਿਵੇਂ ਮੁੜ ਵਰਤੋਂ ਵਿੱਚ ਲਿਆਇਆ ਜਾ ਸਕਦਾ ਹੈ।

...ਸ.ਫਾ 1 ਦੇ ਬਾਕੀ

ਮੰਗਾਂ ਮੰਨਣ ਦਾ ਭਰੋਸਾ ਮਿਲਣ..

ਨਾਲ ਸਬੰਧਤ ਹੋਰ ਮੰਗਾਂ ਜਲਦ ਹੀ ਮੀਟਿੰਗ ਕਰਕੇ ਨਿਪਟਾਰਾ ਕਰ ਦਿੱਤਾ ਜਾਵੇਗਾ। ਮੈਨੇਜਮੈਂਟ ਨਾਲ ਸੰਬੰਧਤ ਮੰਗਾਂ ਜਿਵੇਂ ਵਰਕਚਾਰਜ ਤੋਂ ਐੱਸ.ਐੱਸ.ਏ. ਬਣੇ ਕਰਮਚਾਰੀਆਂ ਦੀ ਐੱਸ.ਐੱਸ.ਓ. ਦੀ ਤਰੱਕੀ ਦਾ ਮਾਮਲਾ, ਕੰਟਰੈਕਟ ਮੀਟਰ ਰੀਡਰ, ਕੈਸ਼ੀਅਰ, ਬੀ.ਡੀ. ਨੂੰ ਪੱਕਾ ਕਰਨ ਸਬੰਧੀ ਅਤੇ ਤਿੰਨ ਧਿਰੀ ਸਮਝੌਤੇ ਦੀ ਪਾਲਣਾ ਕਰਨ ਸਬੰਧੀ ਮੈਨੇਜਮੈਂਟ ਨੂੰ ਤੁਰੰਤ ਕਾਰਵਾਈ ਕਰਨ ਦੇ ਆਦੇਸ਼ ਦਿੱਤੇ। ਇਸ ਮੌਕੇ ਟਰਾਂਸਕੋ ਨਾਲ ਸੰਬੰਧਤ ਮਸਲੇ ਬਿਜਲੀ ਮੰਤਰੀ ਦੇ ਧਿਆਨ ਲਿਆਂਦੇ ਗਏ। ਬਿਜਲੀ ਮੰਤਰੀ ਵੱਲੋਂ ਭਰੋਸਾ ਦਿੱਤਾ ਗਿਆ ਕਿ ਜਲਦੀ ਹੀ ਟਰਾਂਸਕੋ ਦੀ ਮੈਨੇਜਮੈਂਟ ਨਾਲ ਮੀਟਿੰਗ ਕਰਵਾ ਕੇ ਮਸਲੇ ਹੱਲ ਕਰਵਾ ਦਿੱਤੇ ਜਾਣਗੇ, ਜੱਥੇਬੰਦੀ ਦੇ ਆਗੂਆਂ ਫੈਸਲਾ ਕੀਤਾ ਕਿ ਜੇਕਰ ਪ੍ਰਸ਼ਾਸਨ ਦੇ 20 ਦਿਨਾਂ ਵਿੱਚ ਮੰਨੀਆਂ ਮੰਗਾਂ ਨਾ ਲਾਗੂ ਕੀਤੀਆਂ ਤਾਂ ਅਗਲੇ ਮਹੀਨੇ ਦੇ ਤੀਸਰੇ ਹਫਤੇ ਵਿੱਚ ਬਿਜਲੀ ਮੰਤਰੀ ਦੀ ਰਿਹਾਇਸ਼ ਅੱਗੇ ਧਰਨਾ ਦੇ ਕੇ ਅਗਲੇ ਤਿੱਖੇ ਸੰਘਰਸ਼ ਪ੍ਰੋਗਰਾਮ ਦਾ ਐਲਾਨ ਕੀਤਾ ਜਾਵੇਗਾ। ਇਹ ਜਾਣਕਾਰੀ ਸਾਥੀ ਕਰਮਚੰਦ ਭਾਰਦਵਾਜ ਸਕੱਤਰ ਨੇ ਪ੍ਰੈੱਸ ਨੋਟ ਰਾਹੀਂ ਦਿੱਤੀ।

ਕਾ. ਗਿਆਨ ਸੈਦਪੁਰੀ ਨੂੰ..

ਕਾਮਰੇਡ ਕ੍ਰਿਸ਼ਨ ਚੌਹਾਨ, ਕਾਮਰੇਡ ਸਿਮਰਤ ਕੌਰ ਫਤਿਹਗੜ੍ਹ, ਕਾਮਰੇਡ ਰਿਸ਼ੀਪਾਲ ਖੁੱਬਣ, ਕਾਮਰੇਡ ਮੁਖਤਿਆਰ ਸਿੰਘ ਜਲਾਲਾਬਾਦ, ਕਾਮਰੇਡ ਜਸਬੀਰ ਕੌਰ ਸਰਾ, ਸੁਰਿੰਦਰ ਕੁਮਾਰ ਭੈਣੀ, ਕਾਮਰੇਡ ਸੁਖਦੇਵ ਸਿੰਘ ਕੋਟ ਧਰਮ ਚੰਦ ਕਲਾਂ, ਨਿਰੰਜਣ ਸਿੰਘ ਸੰਗਰੂਰ ਅਤੇ ਪੰਜਾਬ ਖੇਤ ਮਜ਼ਦੂਰ ਸਭਾ ਦੀ ਸੂਬਾ ਵਰਕਿੰਗ ਕਮੇਟੀ ਨੇ ਗੁਰਮੇਜ ਸਿੰਘ ਦੇ ਵਿਛੋੜੇ 'ਤੇ ਦੁੱਖ ਜ਼ਾਹਿਰ ਕਰਦਿਆਂ ਪਰਵਾਰ ਨਾਲ ਹਮਦਰਦੀ ਦਾ ਪ੍ਰਗਟਾਵਾ ਕੀਤਾ। ਆਗੂਆਂ ਨੇ ਕਿਹਾ ਕਿ ਭਰਾ ਦੀ ਮੌਤ ਨਾਲ ਜਿੱਥੇ ਪਰਵਾਰ ਨੂੰ ਨਾ ਪੂਰਾ ਹੋਣ ਵਾਲਾ ਘਾਟਾ ਪਿਆ ਹੈ, ਉੱਥੇ ਕਿਰਤੀਆਂ ਦਾ ਕਾਫਲਾ ਵੀ ਇੱਕ ਸਹਿਯੋਗੀ ਤੋਂ ਵਿਰਵਾ ਹੋ ਗਿਆ ਹੈ। ਗੁਰਮੇਜ ਸਿੰਘ ਨਮਿਤ ਅੰਤਿਮ ਅਰਦਾਸ 31 ਮਈ ਨੂੰ ਗੁਰਦੁਆਰਾ ਸਿੰਘ ਸਭਾ ਪਿੰਡ ਸੈਦਪੁਰ ਝਿੜੀ ਵਿਖੇ ਹੋਵੇਗੀ।

ਵਿਧਾਇਕ ਦਿਆਲਪੁਰਾ ਨੇ ਆਂਗਣਵਾੜੀ ਸੈਂਟਰਾਂ ਦੀ ਕੀਤੀ ਚੈਕਿੰਗ

ਮਾਛੀਵਾੜਾ ਸਾਹਿਬ (ਸ਼ੈਂਕੀ ਸ਼ਰਮਾ, ਜਗਦੀਸ਼ ਰਾਏ)-ਹਲਕਾ ਸਮਰਾਲਾ ਦੇ ਵਿਧਾਇਕ ਜਗਤਾਰ ਸਿੰਘ ਦਿਆਲਪੁਰਾ ਵੱਲੋਂ ਬਲਾਕ ਮਾਛੀਵਾੜਾ ਦੇ ਵੱਖ-ਵੱਖ ਆਂਗਣਵਾੜੀ ਸੈਂਟਰਾਂ ਤੇ ਉਪਲਬਧ ਗਿਜਾ ਦੀ ਚੈਕਿੰਗ ਕੀਤੀ ਗਈ। ਬਾਲ ਵਿਕਾਸ ਪ੍ਰੋਜੈਕਟ ਅਫ਼ਸਰ ਹਰਵਿੰਦਰ ਕੌਰ ਵੱਲੋਂ ਵਿਧਾਇਕ ਨੂੰ ਵਿਭਾਗੀ ਸਕੀਮਾਂ ਸੰਬੰਧੀ ਜਾਣਕਾਰੀ ਦਿੱਤੀ ਗਈ, ਜਿਸ 'ਤੇ ਉਨ੍ਹਾਂ ਆਂਗਣਵਾੜੀ ਸੈਂਟਰਾਂ ਦੀ ਵਧੀਆ ਕਾਰਗੁਜ਼ਾਰੀ ਦੀ ਸ਼ਲਾਘਾ ਕੀਤੀ।

ਇਸ ਮੌਕੇ ਡਾਕਟਰ ਰਸ਼ਪਾਲ, ਡਾਕਟਰ ਸਤਵਿੰਦਰ ਕੌਰ, ਸੁਪਰਵਾਈਜ਼ਰ ਮਨਜੀਤ ਕੌਰ, ਪੀ ਏ ਸੁਖਵਿੰਦਰ ਸਿੰਘ ਗਿੱਲ, ਜਗਮੀਤ ਸਿੰਘ ਮੱਕੜ, ਪ੍ਰਵੀਨ ਮੱਕੜ ਤੇ ਸੰਬੰਧਤ ਆਂਗਣਵਾੜੀ ਵਰਕਰਾਂ ਅਤੇ ਹੈਲਪਰਾਂ ਵੀ ਮੌਜੂਦ ਸਨ।

ਉੱਤਰ ਰੇਲਵੇ

ਆਜ਼ਾਦੀ ਦਾ ਅੰਮ੍ਰਿਤ ਮਹੋਤਸਵ | G20

ਈ-ਨਿਵਿਦਾ ਸੂਚਨਾ

Tender Notice No:- 770-W/169/WA-1/FZR/50-2023-24-Sr.DEN-I/FZR ਸੀਨੀਅਰ ਮੰਡਲ ਇੰਜੀਨੀਅਰ-ਫਸਟ, ਫਿਰੋਜ਼ਪੁਰ ਦੁਆਰਾ ਭਾਰਤ ਦੇ ਰਾਸ਼ਟਰਪਤੀ ਦੇ ਵਲੋਂ ਤੋਂ ਹੇਠਾਂ ਲਿਖਤ ਈ-ਨਿਵਿਦਾਵਾਂ, ਅੰਤਮ ਮਿਤੀ 15.06.2023 ਸਮਾਂ 15:00 ਵਜੇ ਤਕ www.ireps.gov.in ਤੇ ਮੰਗ ਕੀਤੀ ਜਾਂਦੀ ਹੈ। ਨਿਵਿਦਾਕਰਤਾ ਆਪਣੇ ਮੂਲ/ਸੰਸ਼ੋਧਿਤ ਟੈਂਡਰ ਬੰਦ ਹੋਣ ਦੀ ਮਿਤੀ ਅਤੇ ਸਮੇਂ ਤਕ ਪੇਸ਼ ਕਰ ਸਕਦੇ ਹਨ। ਮੈਨੂੰਅਲ ਪ੍ਰਸਤਾਵ ਇਸ ਟੈਂਡਰ ਦੇ ਲਈ ਮਾਨਯ ਨਹੀਂ ਹਨ ਅਤੇ ਐਸੇ ਕਿਸੇ ਵੀ ਪ੍ਰਸਤਾਵ ਨੂੰ ਸਵੀਕਾਰ ਨਹੀਂ ਕੀਤਾ ਜਾਵੇਗਾ। ਠੇਕੇਦਾਰ ਨੂੰ ਕੇਵਲ ਆਈਆਰਈਪੀਐਸ ਪੋਰਟਲ ਤੇ ਉਪਲਬਧ ਭੁਗਤਾਨ ਮੋਡ ਜਿਵੇਂ ਨੈਟ ਬੈਂਕਿੰਗ, ਡੇਬਿਟ ਕਾਰਡ, ਕਰੈਡਿਟ ਕਾਰਡ ਆਦਿ ਦੇ ਮਾਧਿਅਮ ਨਾਲ ਨਿਵਿਦਾ ਦਸਤਾਵੇਜ ਲਾਗਤ ਅਤੇ ਬਿਆਨਾ ਰਾਸ਼ੀ ਦੇ ਲਈ ਇਸ ਨਿਵਿਦਾ ਦੇ ਲਈ ਭੁਗਤਾਨ ਕਰਨ ਦੀ ਇਜਾਜਤ ਹੈ। ਡਿਮਾਂਡ ਡ੍ਰਾਫਟ, ਬੈਂਕਰ ਚੈਕ, ਜਮ੍ਹਾ ਰਸੀਦ, ਐਫਡੀਆਰ ਆਦਿ ਦੇ ਮਾਧਿਅਮ ਨਾਲ ਮੈਨੂੰਅਲ ਭੁਗਤਾਨ ਦੀ ਇਜ਼ਾਜਤ ਨਹੀਂ ਹੈ।

ਨਿਵਿਦਾ ਪ੍ਰਕਾਰ	ਨਿਵਿਦਾ ਅਨੁਭਾਗ	ਬੋਲੀ ਪ੍ਰਣਾਲੀ
ਖੁੱਲ੍ਹਾ	ਕੰਮ	ਏਕਲ ਬੋਲੀ ਪ੍ਰਣਾਲੀ
ਨਿਵਿਦਾ ਅਪਲੋਡ ਕਰਨ ਦੀ ਮਿਤੀ	ਬੋਲੀ ਸ਼ੁਰੂ ਦੀ ਮਿਤੀ	ਬੋਲੀ ਸਮਾਪਨ ਦੀ ਮਿਤੀ ਅਤੇ ਸਮਾਂ
23.05.2023	01.06.2023	15.06.2023

ਲ.ਨੰ.	ਨਿਵਿਦਾ ਸੰਖਿਆ	ਨਿਵਿਦਾ ਦਾ ਵੇਰਵਾ		
1	50-2023-24-Sr.-DEN-I/FZR	ਸੀਨੀਅਰ ਮੰਡਲ ਇੰਜੀਨੀਅਰ, ਫਸਟ ਫਿਰੋਜ਼ਪੁਰ ਦੇ ਅਧਿਕਾਰ ਖੇਤਰ ਵਿਚ ਬਾਹਰੀ ਲੋਕਾਂ ਤੋਂ ਗੇਟਮੈਨ ਦੇ ਨਾਲ ਮਾਰਕੁਟ ਤੋਂ ਬਚਾਉਣ ਦੇ ਲਈ ਵਿਭਿੰਨ ਸਮਪਾਰਾਂ 'ਤੇ ਸਟੀਲ ਗ੍ਰਿਲ ਕੇਜਿੰਗ ਪ੍ਰਦਾਨ ਕਰਨਾ ਦਾ ਕੰਮ ਕਰਨਾ।		
		ਵਿਗਿਆਪਨ ਮੁਲ (ਰੁ.)	ਆਫਰ ਦੀ ਵੈਲੇਡਿਟੀ	ਸਮਾਪਨ ਦਾ ਸਮਾਂ
		1,30,68,368.03	60 ਦਿਨ	06 ਮਹੀਨੇ

1593/23

ਗ੍ਰਾਹਕਾਂ ਦੀ ਸੇਵਾ ਵਿਚ ਮੁਸਕਾਨ ਦੇ ਨਾਲ

BHANDARI HOSIERY EXPORTS LIMITED

Regd. Office: Bhandari House, Village Meharban, Rahon Road, Ludhiana-141007
(Punjab) (India) Ph. 88720-16410, FAX 0161-2690394 CIN: L17115PB1993PLC013930
E-mail : bhandari@bhandariexport.com; web: www.bhandariexport.com

31.03.2023 ਨੂੰ ਖਤਮ ਹੋਈ ਤਿਮਾਹੀ/ਸਾਲ ਦੇ ਸਟੈਂਡਲੋਨ ਅਣਪੜਤਾਲੇ ਵਿੱਤੀ ਨਤੀਜੇ (ਰੁਪਏ ਲੱਖਾਂ 'ਚ)

ਲੜੀ ਨੰ:	ਵੇਰਵੇ	ਤਿਮਾਹੀ ਖਤਮ 31.03.2023	ਤਿਮਾਹੀ ਖਤਮ 31.12.2022	ਤਿਮਾਹੀ ਖਤਮ 31.03.2022	ਸਾਲ ਖਤਮ 31.03.2023	ਸਾਲ ਖਤਮ 31.03.2022
1	ਕਾਰੋਬਾਰਾਂ (ਨੈੱਟ) ਤੋਂ ਕੁੱਲ ਆਮਦਨ	11047.65	5590.48	9396.79	28331.13	28343.62
2	ਸਮੇਂ ਲਈ ਸ਼ੁੱਧ ਲਾਭ (ਟੈਕਸ ਤੋਂ ਪਹਿਲਾਂ, ਅਸਧਾਰਨ ਅਤੇ/ ਜਾਂ ਗੈਰ ਸਧਾਰਨ ਆਇਟਮਾਂ)	237.35	210.21	209.47	789.02	685.01
3	ਟੈਕਸ ਤੋਂ ਪਹਿਲਾਂ ਸਮੇਂ ਲਈ ਸ਼ੁੱਧ ਲਾਭ (ਖਾਸ ਅਤੇ/ਜਾਂ ਅਸਧਾਰਨ ਆਈਟਮਾਂ ਮਗਰੋਂ)	237.35	210.21	209.47	789.02	685.01
4	ਟੈਕਸ ਮਗਰੋਂ ਸਮੇਂ ਲਈ ਸ਼ੁੱਧ ਲਾਭ (ਖਾਸ ਅਤੇ/ਜਾਂ ਅਸਧਾਰਨ ਆਈਟਮਾਂ ਮਗਰੋਂ)	156.98	177.21	195.47	650.64	627.01
5	ਇਕੁਇਟੀ ਸ਼ੇਅਰ ਕੈਪੀਟਲ	1465.27	1465.27	1465.27	1465.27	1465.27
6	ਸਮੇਂ ਲਈ ਕੁੱਲ ਵਿਆਪਕ (ਲਾਭ/ਹਾਨੀ ਸਹਿਤ) ਹੋਰ ਮਗਰੋਂ ਵਿਆਪਕ ਆਮਦਨ	(8.95)	-	-	(8.95)	-
7	ਰਿਜ਼ਰਵਜ਼ (ਰੀਵੈਲੂਏਸ਼ਨ ਰਿਜ਼ਰਵ ਤੋਂ ਬਗੈਰ) ਜੋ ਪਿਛਲੇ ਖਤਮ ਹੋਏ ਸਾਲ 31.02.2022 ਦੀ ਆਡਿਟ ਬੈਲੇਂਸ ਸ਼ੀਟ ਦਰਸਾਉਂਦਾ।		-	-	7247.02	6690.15
8	ਕਮਾਈ ਪ੍ਰਤੀ ਸ਼ੇਅਰ (ਰੁ. 1/- ਹਰੇਕ)					
	ਬੇਸਿਕ :	0.10	0.12	0.13	0.44	0.43
	ਡਿਲਿਊਟਡ :	0.10	0.12	0.13	0.44	0.43

ਨੋਟ : (i) ਉਪਰੋਕਤ, ਨਤੀਜੇ, ਸੇਬੀ (ਲਿਸਟਿੰਗ ਆਬਲੀਗੇਸ਼ਨਜ਼ ਐਂਡ ਡਿਸਕਲੋਜ਼ਰ ਰਿਕੁਆਇਰਮੈਂਟਸ) ਰੈਗੂਲੇਸ਼ਨਜ਼ 2015 ਦੇ ਰੈਗੂਲੇਸ਼ਨ 33 ਤਹਿਤ ਖਤਮ ਹੋਈ ਤਿਮਾਹੀ/ਸਾਲਾਨਾ ਵਿੱਤੀ ਨਤੀਜਿਆਂ ਦੀ ਸਟਾਕ ਐਕਸਚੇਂਜਜ਼ ਕੋਲ ਦਾਖਲ ਵਿਸਥਾਰਤ ਫਾਰਮਟ ਦਾ ਸਾਰ ਹੈ। ਤਿਮਾਹੀ/ਸਾਲਾਨਾ ਵਿੱਤੀ ਨਤੀਜਿਆਂ ਦਾ ਪੂਰਨ ਫਾਰਮੇਟ ਬੀ ਐੱਸ ਈ/ਐੱਨ ਐੱਸ ਈ ਦੀ ਵੈੱਬਸਾਈਟ www.bseindia.com ਅਤੇ www.nseindia.com ਕੰਪਨੀ ਦੀ ਵੈੱਬਸਾਈਟ www.bhandariexport.com 'ਤੇ ਉਪਲੱਬਧ ਹੈ। (ii) ਜਿੱਥੇ ਕਿਤੇ ਵੀ ਜ਼ਰੂਰੀ ਹੋਇਆ ਪਿਛਲੇ ਅੰਕੜਿਆਂ ਨੂੰ ਵਰਗੀਕ੍ਰਿਤ ਕੀਤਾ ਗਿਆ ਹੈ ਅਤੇ ਮੁੜ ਸੰਗਠਿਤ ਕੀਤਾ ਗਿਆ ਹੈ। (iii) 31.03.2023 ਨੂੰ ਖਤਮ ਹੋਈ ਤਿਮਾਹੀ ਅਤੇ ਸਾਲ ਦੇ ਪੜਤਾਲੇ ਵਿੱਤੀ ਦਾ ਉਪਰੋਕਤ ਦਿੱਤੇ ਗਏ ਹਨ, ਨੂੰ ਮੁੜ ਵਿਚਾਰਿਆ ਗਿਆ ਅਤੇ 26.05.2023 ਨੂੰ ਆਡਿਟ ਕਮੇਟੀ ਦੀ ਮੀਟਿੰਗ 'ਚ ਸਿਫਾਰਸ਼ ਕੀਤੇ ਗਏ, ਉਹੀ 26.05.2023 ਨੂੰ ਹੋਈ ਮੀਟਿੰਗ ਡਾਇਰੈਕਟਰਾਂ ਦੇ ਬੋਰਡ ਵੱਲੋਂ ਪ੍ਰਵਾਨਿਤ ਕੀਤੇ ਗਏ ਹਨ ਅਤੇ ਰਿਕਾਰਡ 'ਚ ਰੱਖੇ ਗਏ।

ਵਾਸਤੇ ਭੰਡਾਰੀ ਹੌਜ਼ਰੀ ਐਕਸਪੋਰਟਸ ਲਿਮਟਿਡ
ਸਹੀ/-
ਮਿਤੀ : 26.05.2023
ਨਿਤਿਨ ਭੰਡਾਰੀ ਚੇਅਰਮੈਨ ਅਤੇ ਮੈਨੇਜਿੰਗ ਡਾਇਰੈਕਟਰ
ਸਥਾਨ : ਲੁਧਿਆਣਾ
(DIN : 01385065)

ਨਵਾਂ ਜ਼ਮਾਨਾ
ਪੋਸਟ ਬਾਕਸ ਨੰ. 134

Printed and Published by Gurmit Singh Shugli for Arjan Singh Gargaj Foundation, Jalandhar printed at Nawan Zamana Printers, Nehru Garden Road, Jalandhar and published at Nawan Zamana office, Nehru Garden Road, Jalandhar. Editor: Chand Fatehpuri

ਸੰਪਾਦਕ : ਚੰਦ ਫਤਿਹਪੁਰੀ * ਪੀ ਆਰ ਬੀ ਐਕਟ ਤਹਿਤ ਖਬਰਾਂ ਦੀ ਚੋਣ ਲਈ ਜ਼ਿੰਮੇਵਾਰ। ਪ੍ਰਕਾਸ਼ਕ ਤੇ ਛਾਪਕ ਗੁਰਮੀਤ ਸਿੰਘ ਸ਼ੁਗਲੀ ਨੇ ਨਵਾਂ ਜ਼ਮਾਨਾ ਪ੍ਰਿੰਟਰਜ਼, ਨਹਿਰੂ ਗਾਰਡਨ ਰੋਡ, ਜਲੰਧਰ ਤੋਂ ਛਪਵਾ ਕੇ ਅਰਜਨ ਸਿੰਘ ਗੜਗੱਜ ਫਾਊਂਡੇਸ਼ਨ, ਨਹਿਰੂ ਗਾਰਡਨ ਰੋਡ, ਜਲੰਧਰ ਲਈ ਪ੍ਰਕਾਸ਼ਤ ਕੀਤਾ।

ਫੋਨ ਨੰਬਰ ਪ੍ਰਬੰਧਕੀ ਵਿਭਾਗ : 0181-5097300, ਸਮਾਚਾਰ ਵਿਭਾਗ : 0181-5097310, ਈ-ਮੇਲ : nawanzamana@gmail.com * Web : www.nawanzamana.in

27-May-PAGE-3.qxd 5/26/2023 10:00 PM Page 1

ਨਾਗਰਿਕਾਂ ਦੀ ਸਿਹਤ ਨਾਲ ਖਿਲਵਾੜ ਕਰਨ ਵਾਲਿਆਂ ਖਿਲਾਫ ਹੋਵੇਗੀ ਸਖ਼ਤ ਕਾਰਵਾਈ : ਰਜਿੰਦਰਪਾਲ ਸਿੰਘ

ਅੰਮ੍ਰਿਤਸਰ (ਅਰੋੜਾ)

ਰੋਟਰੀ ਕਲੱਬ ਅੰਮ੍ਰਿਤਸਰ ਮੇਨ ਵੱਲੋਂ ਕਲੱਬ ਦੇ ਪ੍ਰਧਾਨ ਸੀਏ ਵਿਕਾਸ ਕੁਮਾਰ, ਸਕੱਤਰ ਮਹਿੰਦਰਪਾਲ ਸ਼ਰਮਾ ਅਤੇ ਪ੍ਰੋਜੈਕਟ ਚੇਅਰਮੈਨ ਸੁਰਿੰਦਰ ਸਿੰਘ ਦੀ ਦੇਖਰੇਖ ਵਿੱਚ ਫੂਡ ਸੇਫਟੀ ਦੇ ਸੰਬੰਧ ਵਿੱਚ ਜਾਣਕਾਰੀ ਦੇਣ ਅਤੇ ਨਾਗਰਿਕਾਂ ਨੂੰ ਜਾਗਰੂਕ ਕਰਨ ਲਈ ਵਿਸ਼ੇਸ਼ ਸੈਮੀਨਾਰ ਦਾ ਆਯੋਜਨ ਰਾਮ ਬਾਗ ਸਥਿਤ ਅੰਮ੍ਰਿਤਸਰ ਕਲੱਬ ਵਿੱਚ ਕਰਵਾਇਆ ਗਿਆ। ਸੈਮੀਨਾਰ ਵਿੱਚ ਫੂਡ ਸੇਫਟੀ ਅੰਮ੍ਰਿਤਸਰ ਦੇ ਸਹਾਇਕ ਕਮਿਸ਼ਨਰ ਰਜਿੰਦਰਪਾਲ ਸਿੰਘ ਮੁੱਖ ਸਪੀਕਰ ਦੇ ਰੂਪ ਵਿੱਚ ਸ਼ਾਮਿਲ ਹੋਏ। ਉਨ੍ਹਾਂ ਨੇ ਸੈਮੀਨਾਰ ਨੂੰ ਸੰਬੋਧਨ ਕਰਦੇ ਹੋਏ ਕਿਹਾ ਕਿ ਅੱਜ ਦੇ ਇਸ ਆਧੁਨਿਕ ਯੁਗ ਵਿੱਚ ਆਪਣੀ ਸਿਹਤ ਤੇ ਧਿਆਨ ਦੇਣਾ ਬਹੁਤ ਜ਼ਰੂਰੀ ਹੈ ਜਿਸਦੇ ਲਈ ਸਿਹਤ ਵਿਭਾਗ ਦੀ ਟੀਮ ਹਮੇਸ਼ਾ ਚੌਕੰਨੀ ਰਹਿੰਦੀ ਹੈ ਤਾਂ ਕਿ ਨਾਗਰਿਕਾਂ ਦੀ ਸਿਹਤ ਨਾਲ ਕੋਈ ਦੁਕਾਨਦਾਰ, ਰੈਸਟੋਰੈਂਟ, ਮਾਲ, ਦੁੱਧ ਦਹੀ ਵੇਚਣ ਜਾਂ ਕਿਸੇ ਵੇਚਣ ਵਾਲੇ ਦੇ ਖਿਲਾਫ ਕਾਨੂੰਨ ਦੇ ਅਨੁਸਾਰ ਸਖ਼ਤ ਤੋਂ ਸਖ਼ਤ ਕਾਰਵਾਈ ਕੀਤੀ ਜਾਵੇ। ਉਨ੍ਹਾਂ ਨੇ ਕਿਹਾ ਕਿ ਸਾਨੂੰ ਹਮੇਸ਼ਾ ਫਾਸਟ ਫੂਡ ਤੋਂ ਦੂਰ ਰਹਿਣਾ ਚਾਹੀਦਾ ਹੈ। ਜਿੱਥੋਂ ਤੱਕ ਹੋ ਸਕੇ ਸ਼ੁੱਧ ਪ੍ਰੋਟੀਨ ਅਤੇ ਵਿਟਾਮਿਨ ਯੁਕਤ ਭੋਜਨ ਹੀ ਕਰਨਾ ਚਾਹੀਦਾ ਹੈ। ਰਜਿੰਦਰਪਾਲ ਸਿੰਘ ਨੇ ਕਿਹਾ ਕਿ ਅਕਸਰ ਦੁਕਾਨਦਾਰ ਇੱਕ ਹੀ ਕੈਂਡੀ ਵਿੱਚ ਸ਼ਾਕਾਹਾਰੀ ਵਸਤੂਆਂ ਅਤੇ ਮਾਸਾਹਾਰੀ ਵਸਤੂਆਂ ਰੱਖਦੇ ਹਨ ਜੋ ਕਿ ਸਿਹਤ ਲਈ ਬਹੁਤ ਹੀ ਹਾਨੀਕਾਰਕ ਹੈ। ਅਕਸਰ ਸਾਡੀ ਟੀਮ ਵੱਡੇ ਵੱਡੇ ਹੋਟਲਾਂ, ਰੈਸਟੋਰੈਂਟ ਅਤੇ ਮਿਠਾਈ ਵਿਕ੍ਰੇਤਾ ਦੀ ਫੈਕਟਰੀ ਅਤੇ ਰਸੋਈਆਂ ਵਿੱਚ ਨਿਰੀਖਣ ਲਈ ਜਾਂਦੀ ਹੈ। ਜੇਕਰ ਕਿਸੇ ਵੀ ਸਥਾਨ ਤੇ ਗੰਦਗੀ ਜਾਂ ਕੋਈ ਹੋਰ ਅਨਿਯਮਿਤਾਵਾਂ ਦੇਖਣ ਨੂੰ ਮਿਲਦੀਆਂ ਹਨ ਤਾਂ ਉਨ੍ਹਾਂ ਦੇ ਖਿਲਾਫ ਫੂਡ ਸੇਫਟੀ ਐਕਟ ਦੀ ਧਾਰਾ ਅਧੀਨ ਕਾਰਵਾਈ ਕੀਤੀ ਜਾਂਦੀ ਹੈ। ਉਨ੍ਹਾਂ ਕਿਹਾ ਕਿ ਦੇਸ਼ ਵਾਸੀਆਂ ਦੀ ਸਿਹਤ ਦਾ ਧਿਆਨ ਰੱਖਣਾ ਸਮੇਂ ਦੀ ਸਭ ਤੋਂ ਵੱਡੀ ਜ਼ਰੂਰਤ ਹੈ। ਉਨ੍ਹਾਂ ਦੇ ਦੱਸਿਆ ਕਿ ਕੇਂਦਰ ਅਤੇ ਪੰਜਾਬ ਸਰਕਾਰ ਫੂਡ ਸੇਫਟੀ ਕਾਨੂੰਨ ਨੂੰ ਹੋਰ ਜ਼ਿਆਦਾ ਸਖ਼ਤ ਕੀਤੇ ਜਾਣ ਸੰਬੰਧੀ ਵਿਚਾਰ ਕਰ ਰਹੀ ਹੈ। ਰੋਟਰੀ ਦੇ ਵੱਲੋਂ ਮੁੱਖ ਸਪੀਕਰ ਰਜਿੰਦਰਪਾਲ ਸਿੰਘ ਅਤੇ ਉਨ੍ਹਾਂ ਦੇ ਨਾਲ ਆਏ ਫੂਡ ਸਪਲਾਈ ਅਫਸਰ ਅਮਨ ਕੁਮਾਰ ਨੂੰ ਸਨਮਾਨਿਤ ਵੀ ਕੀਤਾ। ਇਸ ਮੌਕੇ ਰੋਟਰੀ 3070 ਦੇ ਸਾਬਕਾ ਜ਼ਿਲ੍ਹਾ ਗਵਰਨਰ ਸੀ. ਏ ਦਵਿੰਦਰ ਸਿੰਘ, ਸਾਬਕਾ ਪ੍ਰਧਾਨ ਇਨਰਵ੍ਹੀਲ ਕਲੱਬ ਦੀ ਚੇਅਰਪਰਸਨ ਰੀਟਾ ਸ਼ਰਮਾ, ਇੰਜੀਨੀਅਰ ਬੀ.ਐਮ ਸਿੰਘ, ਡਾ. ਤੇਜਪਾਲ ਸਿੰਘ, ਡਾ. ਪ੍ਰਤਾਪ ਸਿੰਘ ਮਲਹੋਤਰਾ, ਸੀਨੀਅਰ ਰੋਟੇਰੀਅਨ ਮਹੇਸ਼ ਸਾਗਰ, ਆਰ.ਐਸ ਬਾਠ, ਬਾਲਰੋਗ ਮਾਹਿਰ ਡਾ. ਨਰਿੰਦਰ ਸਿੰਘ, ਮੈਡਮ ਗੁਰਿੰਦਰਪਾਲ ਕੌਰ, ਨਿਰਮਲ ਕੌਰ, ਦੀਪਕ ਭੰਡਾਰੀ ਸਹਿਤ ਰੋਟਰੀ ਕਲੱਬ ਮੇਨ ਦੇ ਕਈ ਮੈਂਬਰ ਮੌਜੂਦ ਸਨ।

ਡਿਪਟੀ ਕਮਿਸ਼ਨਰ ਨੇ ਪਿੰਡ ਠੁਠੋਵਾਲ ਖਰਖੜਾ ਵਿਖੇ ਸੁਣੀਆਂ ਲੋਕਾਂ ਦੀਆਂ ਸਮੱਸਿਆਵਾਂ

ਪਠਾਨਕੋਟ (ਦਵਿੰਦਰ ਸਿੰਘ)

ਡਿਪਟੀ ਕਮਿਸ਼ਨਰ ਪਠਾਨਕੋਟ ਵੱਲੋਂ ਹਿੰਦ-ਪਾਕ ਦੀ ਸਰਹੱਦ ਦੇ ਨਾਲ ਲਗਦੇ ਪੰਜਾਬ ਦੇ ਆਖਰੀ ਪਿੰਡ ਠੁਠੋਵਾਲ ਖਰਖੜਾ ਵਿਖੇ ਵਿਸ਼ੇਸ਼ ਦੌਰਾ ਕੀਤਾ ਗਿਆ ਅਤੇ ਲੋਕਾਂ ਦੀਆਂ ਸਮੱਸਿਆਵਾਂ ਵੀ ਸੁਣੀਆਂ। ਦੌਰੇ ਦੌਰਾਨ ਹਰਬੀਰ ਸਿੰਘ ਡਿਪਟੀ ਕਮਿਸ਼ਨਰ ਪਠਾਨਕੋਟ ਅਤੇ ਉਨ੍ਹਾਂ ਦੇ ਨਾਲ ਕਾਲਾ ਰਾਮ ਕਾਂਸਲ ਐਸ.ਡੀ.ਐਮ. ਪਠਾਨਕੋਟ ਵੀ ਹਾਜ਼ਰ ਸਨ। ਇਸ ਦੌਰੇ ਦੌਰਾਨ ਸੁਖਚੈਨ ਸਿੰਘ ਜ਼ਿਲ੍ਹਾ ਵਿਕਾਸ ਤੇ ਪੰਚਾਇਤ ਅਫਸਰ ਪਠਾਨਕੋਟ, ਡਾ. ਰਜਿੰਦਰ ਕੁਮਾਰ ਮੁੱਖ ਖੇਤੀਬਾੜੀ ਅਫਸਰ ਪਠਾਨਕੋਟ, ਡੀ.ਜੀ. ਸਿੰਘ ਡਿਪਟੀ ਜ਼ਿਲ੍ਹਾ ਸਿੱਖਿਆ ਅਧਿਕਾਰੀ ਪ੍ਰਾਇਮਰੀ ਪਠਾਨਕੋਟ, ਰਾਮ ਲੁਭਾਇਆ ਜ਼ਿਲ੍ਹਾ ਲੋਕ ਸੰਪਰਕ ਅਫਸਰ ਪਠਾਨਕੋਟ, ਰਾਜੇਸ਼ਵਰ ਸਿੰਘ ਸਲਾਰੀਆ ਡਿਪਟੀ ਡੀ.ਈ.ਓ. ਸੈਕੰਡਰੀ ਪਠਾਨਕੋਟ, ਨੀਰੂ ਬਾਲਾ ਬੀ.ਡੀ.ਪੀ.ਓ. ਨਰੋਟ ਜੈਮਲ ਸਿੰਘ, ਗੁਰਪ੍ਰੀਤ ਸਿੰਘ ਭੂਮੀ ਰੱਖਿਆ ਅਫਸਰ, ਮਹੇਸ਼ ਕੁਮਾਰ ਐਕਸੀਅਨ ਵਾਟਰ ਸਪਲਾਈ ਸੈਨੀਟੇਸ਼ਨ, ਰਜਿੰਦਰ ਗੋਤਰਾ ਐਕਸੀਅਨ ਲੋਕ ਨਿਰਮਾਣ ਵਿਭਾਗ ਅਤੇ ਹੋਰ ਵੱਖ ਵੱਖ ਵਿਭਾਗਾਂ ਦੇ ਜ਼ਿਲ੍ਹਾ ਅਧਿਕਾਰੀ ਹਾਜ਼ਰ ਸਨ। ਡਿਪਟੀ ਕਮਿਸ਼ਨਰ ਪਠਾਨਕੋਟ ਨੇ ਸਭ ਤੋਂ ਪਹਿਲਾਂ ਪਿੰਡ ਠੁਠੋਵਾਲ ਖਰਖੜਾ ਵਿਖੇ ਸਥਿਤ ਸਰਕਾਰੀ ਹਾਈ ਸਕੂਲ ਵਿਖੇ ਪਿੰਡ ਦੇ ਸਾਰੇ ਵੇਰਵਿਆਂ ਦਾ ਪਤਾ ਕੀਤਾ ਅਤੇ ਪਿੰਡ ਦੀ ਪੰਚਾਇਤ ਤੋਂ ਪਿੰਡ ਦੀਆਂ ਸਮੱਸਿਆਵਾਂ ਬਾਰੇ ਵੀ ਗੱਲਬਾਤ ਕੀਤੀ। ਪਿੰਡ ਵੱਲੋਂ ਬਿਜਲੀ ਦੀ ਸਮੱਸਿਆ ਤੋਂ ਜਾਣੂ ਕਰਵਾਇਆ ਕਿ ਪਿੰਡ ਅੰਦਰ ਬਿਜਲੀ ਦੀ ਸਪਲਾਈ ਦੀ ਹਾਲਤ ਬਹੁਤ ਹੀ ਖਰਾਬ ਹੈ। ਡਿਪਟੀ ਕਮਿਸ਼ਨਰ ਪਠਾਨਕੋਟ ਵੱਲੋਂ ਬਿਜਲੀ ਦੀ ਪੂਰਨ ਸਪਲਾਈ ਲਈ ਵਿਭਾਗੀ ਅਧਿਕਾਰੀਆਂ ਨੂੰ ਦਿਸ਼ਾ ਨਿਰਦੇਸ਼ ਵੀ ਦਿੱਤੇ। ਉਨ੍ਹਾਂ ਸੰਬੰਧਤ ਅਧਿਕਾਰੀਆਂ ਨੂੰ ਦਿਸ਼ਾ ਨਿਰਦੇਸ਼ ਜਾਰੀ ਕਰਦਿਆਂ ਕਿਹਾ ਕਿ ਦਸ ਦਿਨਾਂ ਦੇ ਅੰਦਰ-ਅੰਦਰ ਨਰੋਟ ਜੈਮਲ ਸਿੰਘ ਅਧੀਨ ਜਿਨ੍ਹਾਂ ਲੋਕਾਂ ਦੇ ਘਰ ਕੱਚੇ ਹਨ ਉਨ੍ਹਾਂ ਦੀ ਰਿਪੋਰਟ ਬਣਾ ਕੇ ਡਿਪਟੀ ਕਮਿਸ਼ਨਰ ਦਫਤਰ ਵਿਖੇ ਪੇਸ਼ ਕੀਤੀ ਜਾਵੇ। ਉਨ੍ਹਾ ਅਧਿਕਾਰੀਆਂ ਨੂੰ ਕਿਹਾ ਲੋਕਾਂ ਦੀਆਂ ਜ਼ਰੂਰਤਾਂ ਨੂੰ ਧਿਆਨ ਵਿੱਚ ਰੱਖਦਿਆਂ ਪੀਣ ਦੇ ਪਾਣੀ ਦੀ ਸਪਲਾਈ ਦਿੱਤੀ ਜਾਵੇ। ਉਨ੍ਹਾਂ ਦੱਸਿਆ ਕਿ ਪੰਜਾਬ ਸਰਕਾਰ ਵੱਲੋਂ ਹਦਾਇਤ ਕੀਤੀ ਗਈ ਹੈ ਕਿ ਪਿੰਡਾਂ ਅੰਦਰ ਕੈਂਪ ਲਗਾ ਕੇ ਮੌਕੇ 'ਤੇ ਲੋਕਾਂ ਦੀਆਂ ਸਮੱਸਿਆਵਾਂ ਸੁਣੀਆਂ ਜਾਣ ਜਿਸ ਅਧੀਨ ਇਹ ਸਾਰਾ ਪ੍ਰੋਗਰਾਮ ਉਲੀਕਿਆ ਗਿਆ ਹੈ। ਉਨ੍ਹਾ ਵੱਲੋਂ ਇੱਕ ਮਹੀਨੇ ਬਾਅਦ ਫਿਰ ਤੋਂ ਇਨ੍ਹਾਂ ਪਿੰਡਾਂ ਦਾ ਦੌਰਾ ਕੀਤਾ ਜਾਵੇਗਾ ਅਤੇ ਪਹਿਲਾ ਨਾਲੋਂਕੀ ਸੁਧਾਰ ਹੋਇਆ ਇਸ ਦਾ ਰੀਵਿਊ ਕੀਤਾ ਜਾਵੇਗਾ। ਇਸ ਦੌਰਾਨ ਪਿੰਡ ਦੀਆਂ ਪੰਚਾਇਤਾਂ ਵੱਲੋਂ ਇਲਾਕੇ ਅੰਦਰ ਸਰਕਾਰੀ ਜ਼ਮੀਨਾਂ 'ਤੇ ਲੋਕਾਂ ਦਾ ਕਬਜ਼ਾ, ਸਰਕਾਰੀ ਬੱਸਾਂ ਦਾ ਬੰਦ ਹੋਣਾ, ਖੇਡ ਗਰਾਊਂਡ ਦੇ ਨਾਲ ਲਗਦੀ ਸਰਕਾਰੀ ਜ਼ਮੀਨ ਤੇ ਲੋਕਾਂ ਦਾ ਕਬਜ਼ਾ, ਸਕੂਲ, ਸੜਕਾਂ ਆਦਿ ਲਈ ਐਸ.ਡੀ.ਐਮ. ਧਾਰ ਕਲਾਂ ਨੂੰ ਨਿਰਦੇਸ਼ ਜਾਰੀ ਕੀਤੇ ਕਿ ਆਪਣੀ ਦੇਖ ਰੇਖ ਵਿੱਚ ਰਿਪੋਰਟ ਬਣਾਉਣ ਤਾਂ ਜੋ ਸਮੇਂ ਰਹਿੰਦਿਆਂ ਇਨ੍ਹਾਂ ਸਮੱਸਿਆਵਾਂ ਨੂੰ ਹੱਲ ਕੀਤਾ ਜਾ ਸਕੇ।

ਸ਼੍ਰੋਮਣੀ ਕਮੇਟੀ ਦਾ ਵਫ਼ਦ 29 ਨੂੰ ਦਿੱਲੀ 'ਚ ਪਹਿਲਵਾਨਾਂ ਦੀ ਕਰੇਗਾ ਹਮਾਇਤ

ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ)- ਦਿੱਲੀ ਦੇ ਜੰਤਰ ਮੰਤਰ ਵਿਖੇ ਸੰਘਰਸ਼ ਕਰ ਰਹੇ ਉਲੰਪੀਅਨ ਪਹਿਲਵਾਨਾਂ ਦੇ ਸਮਰਥਨ ਲਈ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦਾ ਵਫ਼ਦ 29 ਮਈ ਨੂੰ ਦਿੱਲੀ ਜਾਵੇਗਾ। ਇਸ ਵਫ਼ਦ ਵਿਚ ਸ਼੍ਰੋਮਣੀ ਕਮੇਟੀ ਦੇ ਸੀਨੀਅਰ ਮੀਤ ਪ੍ਰਧਾਨ ਬਲਦੇਵ ਸਿੰਘ ਕਾਇਮਪੁਰ, ਜਨਰਲ ਸਕੱਤਰ ਭਾਈ ਗੁਰਚਰਨ ਸਿੰਘ ਗਰੇਵਾਲ ਅਤੇ ਅੰਤ੍ਰਿੰਗ ਕਮੇਟੀ ਮੈਂਬਰ ਬੀਬੀ ਗੁਰਿੰਦਰ ਕੌਰ ਭੋਲੂਵਾਲਾ ਸ਼ਾਮਲ ਹੋਣਗੇ। ਵਫ਼ਦ ਮੈਂਬਰ ਅਤੇ ਸ਼੍ਰੋਮਣੀ ਕਮੇਟੀ ਦੇ ਜਨਰਲ ਸਕੱਤਰ ਭਾਈ ਗੁਰਚਰਨ ਸਿੰਘ ਗਰੇਵਾਲ ਨੇ ਦੱਸਿਆ ਕਿ ਬੀਤੇ ਦਿਨੀਂ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਵੱਲੋਂ ਸੰਘਰਸ਼ੀ ਪਹਿਲਵਾਨਾਂ ਦੀ ਹਮਾਇਤ ਦਾ ਐਲਾਨ ਕੀਤਾ ਗਿਆ ਸੀ, ਜਿਸ ਤਹਿਤ ਸ਼੍ਰੋਮਣੀ ਕਮੇਟੀ ਦੇ ਅਹੁਦੇਦਾਰ ਜੰਤਰ ਮੰਤਰ ਦਿੱਲੀ ਵਿਖੇ ਜਾਣਗੇ। ਉਨ੍ਹਾ ਕਿਹਾ ਕਿ ਸਿੱਖ ਸੰਸਥਾ ਸ਼੍ਰੋਮਣੀ ਕਮੇਟੀ ਹੱਕ ਸੱਚ ਲਈ ਲੜਨ ਵਾਲਿਆਂ ਨਾਲ ਹਮੇਸ਼ਾ ਖੜ੍ਹਦੀ ਆਈ ਹੈ ਅਤੇ ਖੜ੍ਹਦੀ ਰਹੇਗੀ।

ਕੈਬਨਿਟ ਮੰਤਰੀ ਈ ਟੀ ਓ ਨੇ ਬੁਟਾਹਰੀ ਵਿਖੇ ਦਫਤਰ 'ਚ ਮਾਰਿਆ ਅਚਾਨਕ ਛਾਪਾ

ਜੰਡਿਆਲਾ ਗੁਰ, ਤਰਸਿੱਕਾ (ਹਰਿੰਦਰ ਪਾਲ ਸਿੰਘ/ਤਰਸੇਮ ਸਿੰਘ ਸਾਧਪੁਰ)-ਕੈਬਨਿਟ ਮੰਤਰੀ ਹਰਭਜਨ ਸਿੰਘ ਈ ਟੀ ਓ ਵੱਲੋਂ ਬੁਟਾਹਰੀ ਦਫਤਰ ਵਿੱਚ ਅਚਨਚੇਤ ਛਾਪਾ ਮਾਰ ਕੇ ਸਟਾਫ ਦੀ ਅਚਨਚੇਤ ਚੈਕਿੰਗ ਕੀਤੀ ਗਈ। ਇਸ ਮੌਕੇ ਉਨ੍ਹਾਂ ਹਾਜ਼ਰ ਲੋਕਾਂ ਨਾਲ ਗੱਲਬਾਤ ਕੀਤੀ ਅਤੇ ਵਿਭਾਗ ਸਬੰਧੀ ਫੀਡਬੈਕ ਲਈ।

ਉਨ੍ਹਾਂ ਦੱਸਿਆ ਕਿ ਪੰਜਾਬ ਸਰਕਾਰ ਵੱਲੋਂ ਤਬਦੀਲ ਕੀਤੇ ਗਏ ਦਫਤਰੀ ਸਮੇਂ ਨੂੰ ਹਰ ਹਾਲਤ ਲਾਗੂ ਕੀਤਾ ਜਾਵੇ ਅਤੇ ਸਵੇਰੇ ਸਮੇਂ ਸਿਰ ਦਫਤਰ ਪਹੁੰਚ ਕੇ ਲੋਕਾਂ ਦੇ ਕੰਮ ਤਰਜੀਹ ਅਧਾਰ ਉੱਤੇ ਕੀਤੇ ਜਾਣੇ ਯਕੀਨੀ ਬਣਾਏ ਜਾਣ। ਉਨ੍ਹਾਂ ਮੁਲਾਜ਼ਮਾਂ ਨੂੰ ਚੇਤਾਵਨੀ ਦਿੱਤੀ ਕਿ ਉਹ ਕਿਸੇ ਵੀ ਖਪਤਕਾਰ ਨੂੰ ਬਿਨਾਂ ਵਜ੍ਹਾ ਪਰੇਸ਼ਾਨ ਨਾ ਕਰਨ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਭ੍ਰਿਸ਼ਟਾਚਾਰ ਦੇ ਮੁੱਦੇ ਉਤੇ ਬਹੁਤ ਸਖਤ ਹੈ ਅਤੇ ਇਸ ਸਬੰਧੀ ਰੱਤੀ ਭਰ ਵੀ ਢਿੱਲ ਬਰਦਾਸ਼ਤ ਨਹੀਂ ਕੀਤੀ ਜਾਵੇਗੀ। ਉਨ੍ਹਾਂ ਦੱਸਿਆ ਕਿ ਅਗਲੇ ਦਿਨਾਂ 'ਚ ਪੰਜਾਬ ਦੇ ਹੋਰਨਾਂ ਦਫਤਰਾਂ ਦੀ ਵੀ ਅਚਾਨਕ ਚੈਕਿੰਗ ਕੀਤੀ ਜਾਵੇਗੀ ਤਾਂ ਜੋ ਪੰਜਾਬ ਸਰਕਾਰ ਵੱਲੋਂ ਆਮ ਲੋਕਾਂ ਦੀਆਂ ਮੁਸ਼ਕਿਲਾਂ ਅਤੇ ਗਰਮੀ ਦੇ ਮੱਦੇਨਜ਼ਰ ਤਬਦੀਲ ਕੀਤੇ ਦਫਤਰੀ ਸਮੇਂ ਨੂੰ ਇੰਨ-ਬਿੰਨ ਲਾਗੂ ਕਰਵਾਇਆ ਜਾ ਸਕੇ।

ਲੁਟੇਰਿਆਂ ਨੇ ਪਿਸਤੌਲ ਦਿਖਾ ਕੇ ਔਰਤ ਦੇ ਗਹਿਣੇ ਲੁੱਟੇ

ਪੀੜਤ ਘਟਨਾ ਦੀ ਜਾਣਕਾਰੀ ਦਿੰਦੇ ਹੋਏ

ਪੱਟੀ, (ਬਲਦੇਵ ਸਿੰਘ ਕਿਰਤੋਵਾਲ/ ਸ਼ਮਸ਼ੇਰ ਸਿੰਘ ਯੋਧਾ)

ਹਰੀਕੇ ਖਾਲੜਾ ਹਾਈਵੇ ਤੇ ਸਥਿਤ ਪਿੰਡ ਬੂਹ ਹਵੇਲੀਆਂ ਦੇ ਅੱਡੇ 'ਤੇ ਖੜੀ ਬਜ਼ੁਰਗ ਔਰਤ ਦੀਆਂ ਵਾਲੀਆਂ ਝਪਟੀਆਂ ਗਈਆਂ। ਵਾਰਦਾਤ ਨੂੰ ਅੰਜਾਮ ਦੇਣ ਵਾਲੇ ਤਿੰਨ ਨੌਜਵਾਨਾਂ ਪਾਸ ਪਿਸਟਲ ਸਨ ਜਿਨ੍ਹਾਂ ਵਿਚੋਂ ਇਕ ਲੁਟੇਰੇ ਨੇ ਖਾਕੀ ਪੱਗ ਬੰਨ੍ਹ ਕੇ ਪੁਲਸ ਦਾ ਭੇਸ ਬਣਾਇਆ ਸੀ। ਘਟਨਾ ਮੌਕੇ ਨਾਲ ਖੜੀ ਪੀੜਤ ਦੀ ਨੂੰਹ ਨੇੜੇ ਦੀ ਦੁਕਾਨ ਵਿਚ ਗਈ ਹੋਣ ਕਰਕੇ ਉਸਦੇ ਗਹਿਣਿਆਂ ਦਾ ਬਚਾਅ ਹੋ ਗਿਆ। ਉਧਰ ਡੀਐਸਪੀ ਪੱਟੀ ਨੇ ਇਸ ਗਿਰੋਹ ਸਬੰਧੀ ਸਾਰੀ ਖੋਜ ਲਗਾ ਲੈਣ ਦਾ ਦਾਅਵਾ ਕੀਤਾ ਹੈ। ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਪੀੜਤ ਗੁਰਮੀਤ ਕੌਰ ਪਤਨੀ ਗੁਰਬਖਸ਼ ਸਿੰਘ ਨੇ ਦੱਸਿਆ ਕਿ ਰਿਸ਼ਤੇਦਾਰੀ ਵਿਚ ਜਾਣ ਲਈ ਆਪਣੇ ਨੂੰਹ ਪੁੱਤ ਸਮੇਤ ਅੱਡੇ ਤੇ ਖੜੀ ਸੀ ਕਿ ਰਸਤਾ ਪੁੱਛਣ ਬਹਾਨੇ ਦੋ ਵਹੀਕਲਾਂ ਤੇ ਸਵਾਰ ਤਿੰਨ ਨੌਜਵਾਨ ਰੁਕੇ ਤੇ ਪਿਸਟਲ ਦੀ ਨੋਕ 'ਤੇ ਵਾਲੀਆਂ ਲੁਹਾ ਲਈਆਂ। ਪੀੜਤ ਦੇ ਬੇਟੇ ਗੁਰਪ੍ਰੀਤ ਸਿੰਘ ਨੇ ਦੱਸਿਆ ਕਿ ਲੁਟੇਰਿਆਂ ਵਿਚ ਇਕ ਕੇਸਾਧਾਰੀ ਨੇ ਲਾਲ ਫਿਫਟੀ ਉਤੇ ਖਾਕੀ ਪੱਗ ਬੰਨ੍ਹ ਕੇ ਮੁਲਾਜ਼ਮ ਹੋਣ ਦਾ ਭੁਲੇਖਾ ਪਾਉਂਦਾ ਸੀ। ਉਨ੍ਹਾਂ ਦੱਸਿਆ ਕਿ ਇਸ ਸਬੰਧੀ ਇਤਲਾਹ ਦੇਣ ਥਾਣਾ ਹਰੀਕੇ ਗਏ ਜਿਥੇ ਥਾਣਾ ਮੁਖੀ ਨੇ ਹਮਦਰਦੀ ਕਰਦਿਆਂ ਇਨਸਾਫ ਕਰਨ ਦੀ ਬਜਾਏ ਸਾਨੂੰ ਹੀ ਬੁਰਾ ਭਲਾ ਕਿਹਾ। ਸੰਪਰਕ ਕਰਨ 'ਤੇ ਡੀਐਸਪੀ ਪੱਟੀ ਸਤਨਾਮ ਸਿੰਘ ਨੇ ਦੱਸਿਆ ਕਿ ਇਸ ਗਿਰੋਹ ਨੂੰ ਕਾਬੂ ਕਰਨ ਲਈ ਥਾਣਾ ਸਦਰ ਪੱਟੀ ਦੇ ਮੁਖੀ ਇੰਸਪੈਕਟਰ ਹਰਜਿੰਦਰ ਸਿੰਘ ਲਗਾਤਾਰ ਯਤਨਸ਼ੀਲ ਹਨ। ਉਨ੍ਹਾਂ ਦੱਸਿਆ ਕਿ ਪੁਲਸ ਵੱਲੋਂ ਇਨਾਂ ਦੀ ਖੋਜ ਕੀਤੀ ਜਾ ਚੁੱਕੀ ਹੈ ਜਿਸ ਤੋਂ ਬਾਅਦ ਇਹ ਕਾਨੂੰਨ ਦੇ ਕਟਹਿਰੇ 'ਚ ਖੜੇ ਨਜ਼ਰ ਆਉਣਗੇ।

ਸਪੀਕਰ ਸੰਧਵਾਂ ਵੱਲੋਂ ਪ੍ਰੋ. ਪਿਆਰਾ ਸਿੰਘ ਭੋਗਲ ਦੇ ਅਕਾਲ ਚਲਾਣੇ 'ਤੇ ਦੁੱਖ ਦਾ ਪ੍ਰਗਟਾਵਾ

ਚੰਡੀਗੜ੍ਹ, (ਗੁਰਜੀਤ ਬਿੱਲਾ)-ਪੰਜਾਬ ਵਿਧਾਨ ਸਭਾ ਸਪੀਕਰ ਕੁਲਤਾਰ ਸਿੰਘ ਸੰਧਵਾਂ ਨੇ ਉੱਘੇ ਪੰਜਾਬੀ ਸਾਹਿਤਕਾਰ ਅਤੇ ਪੱਤਰਕਾਰ ਪ੍ਰੋ. ਪਿਆਰਾ ਸਿੰਘ ਭੋਗਲ ਦੇ ਅਕਾਲ ਚਲਾਣੇ 'ਤੇ ਡੂੰਘੇ ਦੁੱਖ ਦਾ ਪ੍ਰਗਟਾਵਾ ਕੀਤਾ ਹੈ। ਇਥੇ ਜਾਰੀ ਬਿਆਨ ਵਿੱਚ ਸਪੀਕਰ ਸੰਧਵਾਂ ਨੇ ਕਿਹਾ ਕਿ ਪ੍ਰੋ. ਭੋਗਲ (92 ਸਾਲ) ਨੇ ਦਹਾਕਿਆਂ ਤੱਕ ਲੋੜਵੰਦ ਵਿਦਿਆਰਥੀਆਂ ਨੂੰ ਵਿੱਦਿਆ ਦਾ ਦਾਨ ਦਿੱਤਾ। ਉਨ੍ਹਾਂ ਹਜ਼ਾਰਾਂ ਗ਼ਰੀਬ ਅਤੇ ਲੋੜਵੰਦ ਵਿਦਿਆਰਥੀਆਂ ਨੂੰ ਸਿੱਖਿਆ ਦੇ ਕੇ ਸਰਕਾਰੀ ਤੇ ਗੈਰ-ਸਰਕਾਰੀ ਖੇਤਰਾਂ ਵਿੱਚ ਵੱਡੇ ਅਹੁਦਿਆਂ ਤੱਕ ਪਹੁੰਚਣ ਦੇ ਸਮਰੱਥ ਬਣਾਇਆ। ਉਨ੍ਹਾਂ ਤਿੰਨ ਦਰਜਨ ਤੋਂ ਵੱਧ ਆਲੋਚਨਾ, ਨਾਟਕਾਂ, ਕਹਾਣੀਆਂ ਅਤੇ ਨਾਵਲਾਂ ਦੇ ਰੂਪ ਵਿੱਚ ਪੁਸਤਕਾਂ ਲਿਖੀਆਂ। ਉਹ ਜਲੰਧਰ ਲੇਖਕ ਸਭਾ ਅਤੇ ਕੇਂਦਰੀ ਲੇਖਕ ਸਭਾ ਵਿੱਚ ਵੀ ਸਰਗਰਮ ਰਹੇ। ਉਨ੍ਹਾਂ ਦੀ ਸਾਹਿਤਕ ਦੇਣ ਸਦਕਾ ਪੰਜਾਬ ਭਾਸ਼ਾ ਵਿਭਾਗ ਵੱਲੋਂ ਉਨ੍ਹਾਂ ਨੂੰ ਸ਼੍ਰੋਮਣੀ ਸਾਹਿਤਕਾਰ ਵਜੋਂ ਸਨਮਾਨਿਤ ਕੀਤਾ ਗਿਆ। ਸੰਧਵਾਂ ਨੇ ਕਿਹਾ ਕਿ ਪ੍ਰੋ. ਪਿਆਰਾ ਸਿੰਘ ਭੋਗਲ ਦੇ ਵਿਛੋੜੇ ਨਾਲ ਪੰਜਾਬੀ ਜਗਤ ਨੂੰ ਵੱਡਾ ਘਾਟਾ ਪਿਆ ਹੈ। ਉਨ੍ਹਾਂ ਅਕਾਲ ਪੁਰਖ ਅੱਗੇ ਅਰਦਾਸ ਕੀਤੀ ਕਿ ਉਹ ਵਿਛੜੀ ਰੂਹ ਨੂੰ ਆਪਣੇ ਚਰਨਾਂ ਵਿੱਚ ਸਦੀਵੀ ਨਿਵਾਸ ਬਖਸ਼ਣ ਅਤੇ ਪਿੱਛੇ ਪਰਵਾਰ ਨੂੰ ਭਾਣਾ ਮੰਨਣ ਦਾ ਬਲ ਬਖਸ਼ਣ।

ਵਾਤਾਵਰਨ ਦਿਵਸ ਮੌਕੇ ਮਜੀਠਾ ਵਿਖੇ ਜੰਗਲਾਤ ਵਿਭਾਗ ਵੱਲੋਂ ਚੇਤਨਾ ਸਭਾ ਆਯੋਜਿਤ

ਮਜੀਠਾ (ਸੋਇਮ ਆਨੰਦ)

ਜੰਗਲਾਤ ਵਿਭਾਗ ਵਲੋਂ ਰਾਜੇਸ਼ ਕੁਮਾਰ ਗੁਲਾਟੀ ,ਵਣ ਮੰਡਲ ਅਫਸਰ ਅੰਮ੍ਰਿਤਸਰ ਅਤੇ ਸੁਖਵਿੰਦਰ ਸਿੰਘ ਚੌਹਾਨ, ਵਣ ਰੇਂਜ ਅਫਸਰ ਅੰਮ੍ਰਿਤਸਰ -2 ਦੇ ਦਿਸ਼ਾ ਨਿਰਦੇਸ਼ ਅਨੁਸਾਰ ਸਬ ਡਵੀਜ਼ਨ ਮਜੀਠਾ ਵਿਖੇ ਚੇਤਨਾ ਸਭਾ ਕਾਰਵਾਈ ਗਈ ਜਿਸ ਵਿੱਚ ਡਾ. ਹਰਨੂਰ ਕੌਰ ਢਿੱਲੋਂ ਐਸਡੀਐਮ ਮਜੀਠਾ ਅਤੇ ਡਾ. ਸਤਿੰਦਰ ਕੌਰ ਮਜੀਠਾ ਸਾਂਝੇ ਤੌਰ 'ਤੇ ਬਤੌਰ ਮੁੱਖ ਮਹਿਮਾਨ ਹਾਜ਼ਰ ਹੋਏ। ਇਸ ਮੌਕੇ ਪੁਰਜ਼ੋਰ ਅਪੀਲ ਕੀਤੀ ਗਈ ਕਿ ਪਲਾਸਟਿਕ ਦੀ ਵਰਤੋਂ ਘੱਟ ਤੋਂ ਘੱਟ ਕੀਤੀ ਜਾਵੇ ਅਤੇ ਵੱਧ ਤੋ ਵੱਧ ਰੁੱਖ ਲਗਾ ਕੇ ਵਾਤਾਵਰਣ ਦੀ ਸੰਭਾਲ ਕੀਤੀ ਜਾਵੇ। ਇਸ ਮੌਕੇ ਮੁਕੇਸ਼ ਕੁਮਾਰ ਬਲਾਕ ਵਣ ਅਫਸਰ ਵਲੋਂ ਦੱਸਿਆ ਗਿਆ ਕਿ ਜੰਗਲਾਤ ਵਿਭਾਗ ਹਰੇਕ ਵਿਅਕਤੀ ਨੂੰ 15-15 ਰੁੱਖ ਮੁਫਤ ਦਿਤੇ ਜਾਣਗੇ। ਇਸ ਤੋਂ ਇਲਾਵਾ ਪਾਪੂਲਰ ਅਤੇ ਬਰਮਾ ਧਰੇਕ ਜੋ ਕਿਸਾਨਾਂ ਲਗਾਉਣਾ ਚਾਹੁੰਦੇ ਹਨ ਉਨਾਂ ਨੂੰ ਤਿੰਨ ਸਾਲਾਂ ਵਿੱਚ 35 ਰੁਪਏ ਪ੍ਰਤੀ ਦਰੱਖਤ ਦਿੱਤੇ ਜਾਣਗੇ । ਇਸ ਤੋਂ ਇਲਾਵਾ ਸਰਕਾਰੀ, ਗੈਰ-ਸਰਕਾਰੀ ਸੰਸਥਾਵਾਂ ਨੂੰ ਮੁਫਤ ਦਰੱਖਤ ਦਿਤੇ ਜਾਣਗੇ। ਇਸ ਤੋਂ ਇਲਾਵਾ ਫਲਦਾਰ, ਛਾਂਦਾਰ ਅਤੇ ਮੈਡੀਸਨਲ ਰੁੱਖ ਵੀ ਦਿਤੇ ਜਾਣਗੇ। ਇਸ ਮੌਕੇ ਰਾਵਿੰਦਰ ਸਿੰਘ ਫੀਲਡ ਅਫਸਰ, ਕੇਵਲ ਸਿੰਘ ਫੀਲਡ ਅਫਸਰ, ਸਪਨਾ ਕੌਰ ਫੀਲਡ ਅਫਸਰ, ਸੁਖਵਿੰਦਰ ਸਿੰਘ ਬੇਲਦਾਰ, ਕੇਵਲ ਸਿੰਘ ਬੇਲਦਾਰ, ਸਤਨਾਮ ਸਿੰਘ ਸਰਪੰਚ, ਅਨੂਪ ਸਿੰਘ ਸੰਧੂ ਜਸਕਰਨ ਸਿੰਘ ਭੰਗੂ , ਦੀਪਕ ਅਰੋੜਾ ਤਹਿਸੀਲਦਾਰ ਰਤਨ ਜੀਤ ਖੁੱਲਰ, ਜਸਬੀਰ ਕੌਰ ਬੀਡੀਪੀਓ ਮਜੀਠਾ, ਐਸਐਮਓ ਥਰੀਏਵਾਲ ਡਾ. ਹਰਕਵਲ ਸਿੰਘ, ਐਸਐਮਓ ਮਜੀਠਾ ਡਾ. ਸਤਨਾਮ ਸਿੰਘ ਗਿੱਲ, ਪਲਵਿੰਦਰ ਸਿੰਘ ਸੁਪਰਡੈਂਟ, ਸਰਬ ਮਜੀਠਾ, ਕੁਲਦੀਪ ਸਿੰਘ ਕਾਹਲੋਂ, ਹਰਜਿੰਦਰ ਸਿੰਘ ਗਿੱਲ, ਹਰਦੀਪ ਸਿੰਘ, ਰਾਜਕਰਨ ਸਿੰਘ, ਸ਼ਿਵ ਸਿੰਧਰਾ ਸਿੰਘ ਆਦਿ ਤੋਂ ਇਲਾਵਾ ਹੋਰ ਵਿਭਾਗਾਂ ਦਾ ਵੀ ਸਟਾਫ ਵੀ ਹਾਜ਼ਰ ਸੀ।

ਮੇਜਰ ਸਿੰਘ ਇਲੈਕਟ੍ਰੀਸ਼ਨ ਨੂੰ ਸਦਮਾ, ਪਿਤਾ ਦਾ ਦਿਹਾਂਤ

ਝਬਾਲ (ਹਰਜਿੰਦਰ ਸਿੰਘ ਸੋਨੀ/ਰੌਬਿਨ ਸਿੰਘ ਸੋਨੀ)-ਮੇਜਰ ਸਿੰਘ ਇਲੈਕਟ੍ਰੀਸ਼ਨ ਨੂੰ ਉਸ ਵੇਲੇ ਗਹਿਰਾ ਸਦਮਾ ਪੁੱਜਾ ਜਦੋਂ ਉਨ੍ਹਾਂ ਦੇ ਸਤਿਕਾਰਯੋਗ ਪਿਤਾ ਸਾਬਕਾ ਫੌਜੀ ਮਹਿੰਦਰ ਦਾ ਸਵੇਰੇ ਹਾਰਟ ਅਟੈਕ ਨਾਲ ਦਿਹਾਂਤ ਹੋ ਗਿਆ। ਦੁਖੀ ਪਰਵਾਰ ਨਾਲ ਵੱਖ ਵੱਖ ਰਾਜਸੀ ਮੁਲਾਜ਼ਮਾਂ, ਆਗੂਆਂ ਜੋਗਿੰਦਰ ਸਿੰਘ, ਇੰਦਰ ਸਿੰਘ, ਅੰਮ੍ਰਿਤਪਾਲ ਸਿੰਘ, ਲਵਪ੍ਰੀਤ ਸਿੰਘ, ਵਿੰਦੂ, ਭੁੱਚੀ, ਬਲਜਿੰਦਰ ਸਿੰਘ ਫੌਜੀ, ਰਤਨ ਸਿੰਘ ਬਿਜਲੀ ਬੋਰਡ,ਬਖਸ਼ੀਸ਼ ਸਿੰਘ, ਮੁਖਤਾਰ ਸਿੰਘ, ਸਵਿੰਦਰ ਸਿੰਘ ਮੀਦਾ, ਕਵਲਜੀਤ ਸਿੰਘ, ਪਿਆਰਾ ਸਿੰਘ ਝਬਾਲ, ਬਾਰਾ ਸਿੰਘ ਝਬਾਲ, ਜਗਤਾਰ ਸਿੰਘ ਝਬਾਲ, ਗੁਰਬਖਸ਼ ਸਿੰਘ ਝਬਾਲ, ਜੋਗਿੰਦਰ ਸਿੰਘ ਗਿੰਦਾ, ਸਾਬਕਾ ਫੌਜੀ ਬਲਵਿੰਦਰ ਸਿੰਘ, ਮਹਿਲ ਸਿੰਘ ਲਾਲੂ ਘੁੰਮਣ, ਬਾਬਾ ਜਗੀਰ ਸਿੰਘ, ਕਿਸਾਨ ਸੰਘਰਸ਼ ਕਮੇਟੀ ਪ੍ਰਧਾਨ ਧੰਨਾ ਸਿੰਘ ਲਾਲੂ ਘੁੰਮਣ, ਜਗੀਰ ਸਿੰਘ ਅੰਮ੍ਰਿਤਸਰ, ਮਾਸਟਰ ਤਰਸੇਮ ਸਿੰਘ ਲਾਲੂ ਘੁੰਮਣ, ਐਲ ਆਈ ਸੀ ਸਵਿੰਦਰ ਸਿੰਘ ਲਾਲੂ ਘੁੰਮਣ, ਮੈਂਬਰ ਹੀਰਾ ਸਿੰਘ, ਸਾਬਕਾ ਫੌਜੀ ਸਾਹਬ ਸਿੰਘ, ਦਿਲਬਾਗ ਸਿੰਘ ਮਾੜੀਵਾਲਾ, ਗੁਰਮੁਖ ਸਿੰਘ ਪਲਾਸੌਰ, ਰਵੇਲ ਸਿੰਘ, ਬਲਵਿੰਦਰ ਸਿੰਘ, ਬਨਸਾ ਸਿੰਘ ਨੇ ਗਹਿਰੇ ਦੁੱਖ ਦਾ ਪ੍ਰਗਟਾਵਾ ਕੀਤਾ।

ਨਹਿਰੀ ਪਾਣੀ ਦੀ ਬਹਾਲੀ ਲਈ ਜਮਹੂਰੀ ਕਿਸਾਨ ਸਭਾ ਪਠਾਨਕੋਟ ਦਾ ਜਥਾ ਰਵਾਨਾ

ਪਠਾਨਕੋਟ (ਦਵਿੰਦਰ ਸਿੰਘ)

ਖੇਤੀਬਾੜੀ ਵਾਸਤੇ ਸਿੰਚਾਈ ਲਈ ਨਹਿਰੀ ਪਾਣੀ ਦੀ ਬਹਾਲੀ ਤੇ ਪਾਣੀ ਨੂੰ ਪ੍ਰਦੂਸ਼ਤ ਕਰ ਰਹੇ ਉਦਯੋਗਿਕ ਪਲਾਂਟਾਂ, ਵੱਖ ਵੱਖ ਨਗਰ ਕੌਂਸਲਾਂ ਅਤੇ ਹੋਰ ਸਾਰੇ ਜ਼ਿੰਮੇਵਾਰ ਲੋਕਾਂ ਖਿਲਾਫ ਸਖਤ ਕਾਨੂੰਨੀ ਕਾਰਵਾਈ ਕਰਨ ਲਈ ਮਾਝਾ ਖੇਤਰ ਦੇ ਚਾਰ ਜ਼ਿਲ੍ਹਿਆਂ ਅੰਮ੍ਰਿਤਸਰ, ਤਰਨ ਤਾਰਨ, ਪਠਾਨਕੋਟ ਅਤੇ ਗੁਰਦਾਸਪੁਰ ਦੇ ਕਿਸਾਨਾਂ ਵੱਲੋਂ ਜਮਹੂਰੀ ਕਿਸਾਨ ਸਭਾ ਦੇ ਸੱਦੇ ਉੱਤੇ ਸਿੰਚਾਈ ਵਿਭਾਗ ਦੇ ਮੁੱਖ ਦਫਤਰ ਅੰਮ੍ਰਿਤਸਰ ਵਿਖੇ ਧਰਨੇ ਵਿੱਚ ਪਠਾਨਕੋਟ ਤੋਂ ਜਮਹੂਰੀ ਕਿਸਾਨ ਸਭਾ ਦੇ ਜ਼ਿਲ੍ਹਾ ਪ੍ਰਧਾਨ ਬਲਦੇਵ ਰਾਜ ਭੋਆ ਅਤੇ ਜਨਰਲ ਸਕੱਤਰ ਕਾਮਰੇਡ ਬਲਵੰਤ ਸਿੰਘ ਘੋਹ ਦੀ ਅਗਵਾਈ ਹੇਠ ਜਥਾ ਰਵਾਨਾ ਹੋਇਆ। ਇਸ ਮੌਕੇ ਪ੍ਰੈਸ ਬਿਆਨ ਵਿਚ ਕਾਮਰੇਡ ਬਲਵੰਤ ਸਿੰਘ ਘੋਹ ਅਤੇ ਹੋਰ ਸਾਥੀਆਂ ਨੇ ਸਾਂਝੇ ਤੌਰ 'ਤੇ ਦੱਸਿਆ ਕਿ ਪਿਛਲੇ ਸਾਲ ਅਗਸਤ ਮਹੀਨੇ ਵਿੱਚ ਯੂ ਬੀ ਡੀ ਸੀ ਨਹਿਰ ਬਗਿਆਲ ਈਜੈਕਟਰ ਨੇੜੇ ਭੀਮਪੁਰ ਵਿਖੇ ਵਿਸ਼ਾਲ ਧਰਨਾ ਦੇ ਕੇ ਉਪਰੋਕਤ ਸਾਰੇ ਮੱਸਲੇ ਨੂੰ ਪੰਜਾਬ ਸਰਕਾਰ ਅਤੇ ਸਿੰਚਾਈ ਵਿਭਾਗ ਦੇ ਅਧਿਕਾਰੀਆਂ ਨੂੰ ਜਾਣੂ ਕਰਵਾਇਆ ਸੀ ਅਤੇ ਮੰਗ ਕੀਤੀ ਸੀ ਕਿ ਸਾਰੀਆਂ ਨਹਿਰਾਂ ਤੇ ਖਾਲਾਂ ਦੀ ਸਫਾਈ ਕਰਾਕੇ ਟੇਲਾਂ ਤੱਕ ਮਾਝਾ ਖੇਤਰ ਦੀ ਸਾਰੀ ਜ਼ਮੀਨ ਨੂੰ ਪਾਣੀ ਮਿਲਣਾ ਯਕੀਨੀ ਬਣਾਇਆ ਜਾਵੇ ਅਤੇ ਇਹ ਵੀ ਮੰਗ ਕੀਤੀ ਕਿ ਬਗਿਆਲ ਈਜੈਕਟਰ ਰਾਹੀਂ ਬਿਆਸ ਦਰਿਆ ਵਿੱਚ ਅਜਾਈਂ ਪਾਣੀ ਨਾ ਸੁੱਟਿਆ ਜਾਵੇ। ਆਗੂਆਂ ਨੇ ਦੋਸ਼ ਲਾਇਆ ਕਿ ਪੰਜਾਬ ਸਰਕਾਰ ਦੇ ਮੰਤਰੀਆਂ ਅਤੇ ਅਧਿਕਾਰੀਆਂ ਵਲੋਂ ਅਖਬਾਰਾਂ ਦੀਆਂ ਸੁਰਖੀਆਂ ਬਟੋਰਨ ਲਈ ਬਿਆਨ ਤਾਂ ਬਹੁਤ ਦਿੱਤੇ ਜਾਂਦੇ ਹਨ ਪਰ ਵਿਚ ਕੁਝ ਨਹੀਂ ਹੋ ਰਿਹਾ। ਉਪਰੋਕਤ ਤੋਂ ਇਲਾਵਾ ਰਘਬੀਰ ਸਿੰਘ ਧਲੌਰੀਆਂ, ਨਰਿੰਜਨ ਸਿੰਘ, ਬਲਬੀਰ ਸਿੰਘ ਬੇੜੀਆਂ, ਬਲਦੇਵ ਸਿੰਘ ਸਾਬਕਾ ਸਰਪੰਚ ਸ਼ਹਿਰ ਛੰਨੀ, ਰਛਪਾਲ ਸਿੰਘ, ਤਿਲਕ ਰਾਜ ਜਿਆਣੀ, ਬਲਕਾਰ ਚੰਦ ਭਰਿਆਲ ਲਾਹੜੀ ਅਤੇ ਹੋਰ ਸਾਥੀਆਂ ਜਥੇ ਦੀ ਅਗਵਾਈ ਕੀਤੀ।

ਕੈਬਨਿਟ ਮੰਤਰੀ ਧਾਲੀਵਾਲ ਤੇ ਵਿਧਾਇਕ ਸੋਹਲ ਨੇ ਕੀਤਾ ਨਵੀਂ ਬਣੀ ਸੜਕ ਦਾ ਉਦਘਾਟਨ

ਸਰਾਏ ਅਮਾਨਤ ਖਾਂ (ਮੱਖਣ ਮਨੋਜ)

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਸਰਕਾਰ ਵੱਲੋਂ ਪੰਜਾਬ ਵਿੱਚ ਵਿਛਾਏ ਜਾਲ ਰਹੇ ਨਵੀਆਂ ਸੜਕਾਂ ਦੇ ਜਾਲ ਤਹਿਤ ਤਰਨ ਤਾਰਨ ਹਲਕੇ ਦੇ ਵਿਧਾਇਕ ਡਾਕਟਰ ਕਸ਼ਮੀਰ ਸਿੰਘ ਸੋਹਲ ਦੇ ਯਤਨਾਂ ਸਦਕਾ ਮੋੜ ਬਾਬਾ ਬੁੱਢਾ ਸਾਹਿਬ ਜੀ ਤੋਂ ਬੀੜ ਸਾਹਿਬ ਅਤੇ ਬੀੜ ਸਾਹਿਬ ਤੋਂ ਢੰਡ ਤੱਕ ਲਗਭਗ 7 ਕਰੋੜ ਦੀ ਲਾਗਤ ਨਾਲ ਬਣਾਈ ਗਈ ਨਵੀਂ ਸੜਕ ਦਾ ਉਦਘਾਟਨ ਸ਼ੁੱਕਰਵਾਰ ਨੂੰ ਪੰਜਾਬ ਦੇ ਪੇਂਡੂ ਵਿਕਾਸ ਤੇ ਪੰਚਾਇਤ ਵਿਭਾਗ ਦੇ ਮੰਤਰੀ ਕੁਲਦੀਪ ਸਿੰਘ ਧਾਲੀਵਾਲ ਅਤੇ ਵਿਧਾਇਕ ਕਸ਼ਮੀਰ ਸਿੰਘ ਸੋਹਲ ਨੇ ਕੀਤਾ। ਇਸ ਸਮੇਂ ਕੁਲਦੀਪ ਸਿੰਘ ਧਾਲੀਵਾਲ ਨੇ ਕਿਹਾ ਕਿ ਪੰਜਾਬ ਦੀ ਆਮ ਆਦਮੀ ਪਾਰਟੀ ਦੀ ਸਰਕਾਰ ਪੰਜਾਬ ਵਿੱਚ ਵਿਕਾਸ ਕੰਮ ਜੰਗੀ ਪੱਧਰ 'ਤੇ ਕਰ ਰਹੀ ਹੈ ਅਤੇ ਵਿਕਾਸ ਵਿਚ ਕੋਈ ਕਸਰ ਨਹੀਂ ਛੱਡੀ ਜਾਵੇਗੀ। ਇਸ ਸਮੇਂ ਸੀਨੀਅਰ ਆਗੂ ਸਵਿੰਦਰ ਸਿੰਘ ਦੋਬਲੀਆ, ਡਾ. ਕੁਲਦੀਪ ਸਿੰਘ ਰੰਧਾਵਾ, ਮੰਡੀਕਰਨ ਬੋਰਡ ਐਕਸੀਅਨ ਰਜੇਸ਼ ਕੁਮਾਰ, ਐਸਡੀਓ ਮੰਡੀਕਰਨ ਬੋਰਡ ਮਨਜੀਤ ਸਿੰਘ, ਜੇਈ ਜਸਕਰਨ ਸਿੰਘ, ਅਜ਼ਾਦ ਗਰੁੱਪ ਦੇ ਜਰਨੈਲ ਸਿੰਘ ਪੰਡੋਰੀ, ਸਾਬਕਾ ਸਰਪੰਚ ਹਰਪਾਲ ਸਿੰਘ ਕੋਟ, ਕੁਲਵਿੰਦਰ ਸਿੰਘ ਛੀਨਾ, ਡਾ. ਨਰਿੰਦਰ ਸਿੰਘ ਠੱਠਗੜ੍ਹ, ਸਰਪੰਚ ਕੁਲਵਿੰਦਰ ਸਿੰਘ ਠੱਠਗੜ੍ਹ, ਅਵਤਾਰ ਸਿੰਘ ਠੱਠਗੜ੍ਹ, ਸੋਸ਼ਲ ਮੀਡੀਆ ਸੈੱਲ ਮਾਣਕ ਹੈਪੀ, ਰਣਜੀਤ ਸਿੰਘ ਰਾਣਾ ਝਬਾਲ, ਮੈਂਬਰ ਬਲਵਿੰਦਰ ਸਿੰਘ ਝਬਾਲ, ਨਾਥੂ ਬਾਬਾ ਲੰਗਾਹ, ਰਕੇਸ਼ ਹੈਪੀ ਝਬਾਲ, ਮਨਜਿੰਦਰ ਸਿੰਘ ਭੋਜੀਆਂ, ਗੁਰਜੀਤ ਸਿੰਘ ਸੋਨੀ ਬਾਬਾ, ਸਰਪੰਚ ਜਤਿੰਦਰ ਸਿੰਘ ਬਘੇਲ ਸਿੰਘ ਵਾਲਾ, ਸਤਪਾਲ ਸਿੰਘ ਭੋਲਾ ਲਹੀਆ, ਭਲਵਿੰਦਰ ਸਿੰਘ ਚਾਹਲ, ਸੂਬੇਦਾਰ ਬਲਕਾਰ ਸਿੰਘ ਐਮਾ, ਡਾਕਟਰ ਤਸਵੀਰ ਕੌਰ, ਗੁਰਜੀਤ ਸਿੰਘ ਥਾਂਦੇ, ਬੀਡੀਓ ਪ੍ਰਗਟ ਸਿੰਘ ਗੰਡੀਵਿੰਡ, ਸਲਵਿੰਦਰ ਸਿੰਘ ਪੱਧਰੀ, ਸਰਪੰਚ ਅਵਤਾਰ ਸਿੰਘ, ਗੁਰਵਿੰਦਰ ਸਿੰਘ ਵਿਸਕੀ ਢਿੱਲੋਂ ਪੀਏ ਕੋਮਲ, ਅਰਵਿੰਦਰ ਸਿੰਘ ਰਾਜੂ, ਗੁਰਜੀਤ ਸਿੰਘ ਜੱਜ ਬਘੇਲ ਸਿੰਘ ਵਾਲਾ, ਆਲਮਗੀਰ ਸਿੰਘ ਪੰਡੋਰੀ, ਕਾਰਜ ਸਿੰਘ ਰੰਧਾਵਾ, ਜਗਦੀਸ਼ ਸਿੰਘ ਪੰਡੋਰੀ. ਡਾ. ਨਿਰਵੈਰ ਸਿੰਘ ਠੱਠਾ ਆਦਿ ਹਾਜ਼ਰ ਸਨ।

ਬਿਜਲੀ ਮੁਲਾਜ਼ਮਾਂ ਨੇ ਮੰਗਾਂ ਬਾਰੇ ਵਧੀਕ ਨਿਗਰਾਨ ਇੰਜੀਨੀਅਰ ਨਾਲ ਕੀਤਾ ਵਿਚਾਰ-ਵਟਾਂਦਰਾ

ਅਜਨਾਲਾ , (ਸੁਖਵਿੰਦਰ ਸਿੰਘ ਰਾਜੂ)- ਪਾਵਰਕਾਮ ਸਬ-ਡਵੀਜ਼ਨ ਦਫਤਰ ਅਜਨਾਲਾ ਵਿਖੇ ਇੰਪਲਾਈਜ਼ ਫੈਡਰੇਸ਼ਨ ਪੰਜਾਬ ਰਾਜ ਬਿਜਲੀ ਬੋਰਡ ਦੇ ਅਜਨਾਲਾ ਮੰਡਲ ਦੇ ਆਗੂਆਂ ਤੇ ਵਰਕਰਾਂ ਨੇ ਪ੍ਰਧਾਨ ਰਣਜੀਤ ਸਿੰਘ ਦੀ ਅਗਵਾਈ 'ਚ ਆਪਣੀਆਂ ਹੱਕੀ ਮੰਗਾਂ ਦੇ ਹੱਲ ਲਈ ਵਧੀਕ ਨਿਗਰਾਨ ਇੰਜੀਨੀਅਰ ਅਨੀਸਦੀਪ ਸਿੰਘ ਨਾਲ ਮੀਟਿੰਗ ਕੀਤੀ । ਇਸ ਮੌਕੇ ਪ੍ਰਧਾਨ ਰਣਜੀਤ ਸਿੰਘ ਨੇ ਦੱਸਿਆ ਕਿ ਜਿਨ੍ਹਾਂ ਮੁਲਾਜ਼ਮਾਂ ਦੀ ਸੇਵਾ ਮੁਕਤੀ 2023 'ਚ ਹੋਣ ਵਾਲੀ ਹੈ, ਉਨਾਂ ਦੀਆਂ ਸਰਵਿਸ ਬੁੱਕ ਪ੍ਰੀ -ਔਡਿਟ ਕਰਵਾਉਣ, ਜਿਨ੍ਹਾਂ ਮੁਲਾਜ਼ਮਾਂ ਦੇ ਮੋਬਾਇਲ ਭੱਤੇ ਦਾ ਏਰੀਅਰ ਨਹੀਂ ਮਿਲਿਆ ਉਨ੍ਹਾਂ ਨੂੰ ਦੇਣ, ਮੈਡੀਕਲ ਬਿੱਲਾਂ ਆਦਿ ਮੰਗਾਂ ਦਾ ਵਧੀਕ ਨਿਗਰਾਨ ਇੰਜੀਨੀਅਰ ਵੱਲੋਂ ਮੌਕੇ 'ਤੇ ਹੱਲ ਕਰਨ ਤੋਂ ਇਲਾਵਾ ਬਾਕੀ ਮੰਗਾਂ ਨੂੰ ਵੀ ਛੇਤੀ ਮੰਨਣ ਦਾ ਭਰੋਸਾ ਦਿੱਤਾ ਗਿਆ । ਇਸ ਮੌਕੇ ਉਨ੍ਹਾਂ ਨੇ ਬਿਜਲੀ ਮੁਲਾਜ਼ਮਾਂ ਤੇ ਅਧਿਕਾਰੀਆਂ ਨੂੰ ਅਪੀਲ ਕੀਤੀ ਕਿ ਪੰਜਾਬ ਸਰਕਾਰ ਵੱਲੋਂ ਖਪਤਕਾਰਾਂ ਨੂੰ 600 ਯੂਨਿਟ ਬਿਜਲੀ ਮੁਫਤ ਦਿੱਤੇ ਜਾਣ ਅਤੇ ਖਪਤਕਾਰਾਂ ਨੂੰ ਬਿਜਲੀ ਚੋਰੀ ਨਾ ਕਰਨ ਬਾਰੇ ਜਾਣੂ ਕਰਵਾਇਆ ਜਾਵੇ । ਇਸ ਮੌਕੇ ਹਰਜਿੰਦਰ ਸਿੰਘ ਨਿੱਕੋ ਸਰਾਂ , ਪਵਨ ਕੁਮਾਰ ਰਮਦਾਸ, ਹਰਜੀਤ ਸਿੰਘ ਰਮਦਾਸ , ਬਲਬੀਰ ਸਿੰਘ ਜਸਤਰਵਾਲ, ਰਸਪਾਲ ਸਿੰਘ ਕਾਹਲੋਂ, ਜੋਗਿੰਦਰ ਸਿੰਘ , ਦਵਿੰਦਰ ਕੌਰ, ਸੁਖਮਨ ਕੌਰ, ਪ੍ਰਭਜੋਤ ਸਿੰਘ, ਸੁਖਵਿੰਦਰ ਸਿੰਘ, ਸਰਬਜੀਤ ਸਿੰਘ, ਰਾਕੇਸ਼ ਕੁਮਾਰ, ਸੰਦੀਪ ਕੁਮਾਰ ਆਦਿ ਹਾਜ਼ਰ ਸਨ।

ਗੁਰੂ ਕੀ ਬੇਰ ਮੱਤੇਵਾਲ ਸਕੂਲ ਦਾ ਬਾਰ੍ਹਵੀਂ ਜਮਾਤ ਦਾ ਨਤੀਜਾ ਸੌ ਫੀਸਦੀ ਰਿਹਾ

ਤਰਸਿੱਕਾ (ਤਰਸੇਮ ਸਿੰਘ ਸਾਧਪੁਰ)

ਸ੍ਰੀ ਗੁਰੂ ਹਰਗੋਬਿੰਦ ਸਾਹਿਬ ਜੀ ਦੀ ਚਰਨ ਛੋਹ ਪ੍ਰਾਪਤ ਗੁ: ਗੁਰੂ ਕੀ ਬੇਰ ਸਾਹਿਬ ਦੇ ਮੁੱਖ ਸੇਵਾਦਾਰ ਸੰਤ ਬਾਬਾ ਸੱਜਣ ਸਿੰਘ ਦੀ ਰਹਿਨੁਮਾਈ ਹੇਠ ਚੱਲ ਰਹੀ ਇਲਾਕੇ ਦੀ ਸਿਰਮੌਰ ਸੰਸਥਾ ਸੰਤ ਬਾਬਾ ਲਾਭ ਸਿੰਘ ਖਾਲਸਾ ਸੀਨੀਅਰ ਸੈਕੰਡਰੀ ਸਕੂਲ, ਗੁਰੂ ਕੀ ਬੇਰ ਮੱਤੇਵਾਲ ਅੰਮ੍ਰਿਤਸਰ ਦਾ ਬਾਰ੍ਹਵੀਂ ਜਮਾਤ ਦਾ ਨਤੀਜਾ 100% ਰਿਹਾ ਜਿਸ ਵਿੱਚ ਸਾਇੰਸ ਵਿੱਚੋਂ ਗੁਰਲੀਨ ਕੌਰ ਪੁੱਤਰੀ ਬਲਜੀਤ ਸਿੰਘ (94%) ਪਹਿਲਾ, ਜੈਸਮੀਨ ਕੌਰ ਪੁੱਤਰੀ ਬਿਕਰਮਜੀਤ ਸਿੰਘ (92%) ਦੂਜਾ, ਗੁਰਜੀਤ ਸਿੰਘ ਪੁੱਤਰ ਸੁਖਦੇਵ ਸਿੰਘ (90%) ਤੀਜਾ ਸਥਾਨ, ਕਾਮਰਸ ਗਰੁੱਪ ਵਿੱਚ ਖੁਸ਼ਪ੍ਰੀਤ ਕੌਰ ਪੁੱਤਰੀ ਜਸਪਾਲ ਸਿੰਘ (89.8%) ਪਹਿਲਾ, ਲਵਪ੍ਰੀਤ ਕੌਰ ਪੁੱਤਰੀ ਗੁਰਵਿੰਦਰ ਸਿੰਘ (88.6%) ਦੂਜਾ, ਪਲਕਦੀਪ ਕੌਰ ਪੁੱਤਰੀ ਪਰਮਜੀਤ ਸਿੰਘ (87.8%) ਤੀਜਾ ਸਥਾਨ, ਆਰਟਸ ਗਰੁੱਪ ਵਿੱਚ ਗੁਰਸਿਮਰਤਪ੍ਰੀਤ ਕੌਰ ਪੁੱਤਰੀ ਜਲਵੰਤ ਸਿੰਘ (90%) ਪਹਿਲਾ, ਕਿਰਨਦੀਪ ਕੌਰ ਪੁੱਤਰੀ ਦਵਿੰਦਰ ਸਿੰਘ ਦੂਜਾ (88.6%) ਅਤੇ ਗੁਰਸਾਜਨ ਸਿੰਘ ਪੁੱਤਰ ਜਸਬੀਰ ਸਿੰਘ (87.6%) ਤੀਜਾ ਸਥਾਨ ਪ੍ਰਾਪਤ ਕੀਤਾ। ਇਸ ਮੌਕੇ ਪ੍ਰਿੰ: ਗੁਰਸੇਵਕ ਸਿੰਘ ਨੇ ਜਾਣਕਾਰੀ ਦਿੰਦਿਆਂ ਹੋਏ ਕਿ ਸੈਸ਼ਨ 2022-23 ਦੌਰਾਨ ਕੁੱਲ 94 ਵਿਦਿਆਰਥੀ ਅਪੀਅਰ ਹੋਏ ਅਤੇ ਸਾਰੇ ਵਿਦਿਆਰਥੀ ਪਹਿਲੇ ਦਰਜੇ ਵਿੱਚ ਪਾਸ ਹੋਏ। ਇਸ ਮੌਕੇ ਸੰਸਥਾ ਪ੍ਰਧਾਨ ਸੰਤ ਬਾਬਾ ਸੱਜਣ ਸਿੰਘ ਜੀ ਨੇ ਬੱਚਿਆ ਨੂੰ ਸਿਰੋਪਾਉ ਦੇ ਕੇ ਸਨਮਾਨਿਤ ਕੀਤਾ ਅਤੇ ਬੱਚਿਆ ਅਤੇ ਸਟਾਫ ਨੂੰ ਵਧਾਈ ਦਿੱਤੀ। ਇਸ ਮੌਕੇ ਪ੍ਰਿੰ: ਗੁਰਸੇਵਕ ਸਿੰਘ, ਕਮੇਟੀ ਮੈਂਬਰ ਤਰਸੇਮ ਸਿੰਘ ਤਾਹਰਪੁਰਾ, ਵੀਰ ਸਿੰਘ, ਪਲਵਿੰਦਰ ਸਿੰਘ, ਰਾਜਬੀਰ ਕੌਰ, ਗੁਰਬਿੰਦਰ ਕੌਰ, ਅਮਨਦੀਪ ਕੌਰ, ਰੁਪਿੰਦਰ ਕੌਰ, ਬਾਬਾ ਜੱਸਾ ਸਿੰਘ, ਰਣਜੀਤ ਸਿੰਘ ਬਾਬੋਵਾਲ, ਅਤੇ ਬੱਚਿਆ ਦੇ ਮਾਪੇ ਬਿਕਰਮਜੀਤ ਸਿੰਘ ਕਲੇਰ, ਬਿਕਰਮ ਸਿੰਘ, ਅਮਨਦੀਪ ਕੌਰ, ਕੁਲਵਿੰਦਰ ਕੌਰ, ਪਰਮਜੀਤ ਕੌਰ, ਸਰਤਾਜ ਸਿੰਘ ਆਦਿ ਹਾਜ਼ਰ ਸਨ।

ਸ਼ਹੀਦੀ ਜੋੜ ਮੇਲੇ 'ਤੇ ਬੁੱਢਾ ਦਲ ਨੇ ਲਗਾਈ ਠੰਢੇ ਮਿੱਠੇ ਜਲ ਦੀ ਛਬੀਲ

ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ)- ਸ੍ਰੀ ਗੁਰੂ ਅਰਜਨ ਦੇਵ ਜੀ ਦਾ ਸ਼ਹੀਦੀ ਗੁਰਪੁਰਬ ਗੁਰਦੁਆਰਾ ਮੱਲ ਅਖਾੜਾ ਸਾਹਿਬ ਪਾ: ਛੇਵੀਂ ਅਤੇ ਬੁਰਜ ਅਕਾਲੀ ਬਾਬਾ ਫੂਲਾ ਸਿੰਘ ਵਿਖੇ ਪੂਰੀ ਸ਼ਰਧਾ ਭਾਵਨਾ ਨਾਲ ਮਨਾਇਆ ਗਿਆ। ਗੁਰਦੁਆਰਾ ਸਾਹਿਬ ਦੇ ਮੁੱਖ ਗੇਟ 'ਤੇ ਬੁੱਢਾ ਦਲ ਵੱਲੋਂ ਠੰਢੇ ਮਿੱਠੇ ਜਲ ਦੀਆਂ ਛਬੀਲਾਂ ਲਾਈਆਂ ਗਈਆਂ। ਛਬੀਲ ਲਗਾਉਣ ਸਮੇਂ ਅਰੰਭਤਾ ਦੀ ਅਰਦਾਸ ਬਾਬਾ ਅਮਰੀਕ ਸਿੰਘ ਨੇ ਕੀਤੀ। ਛਬੀਲਾਂ ਸ੍ਰੀ ਹਰਿਮੰਦਰ ਸਾਹਿਬ ਪੁੱਜਣ ਵਾਲੇ ਯਾਤਰੂਆਂ ਲਈ ਤਸਕੀਨ ਦਾ ਕੰਮ ਕਰ ਰਹੀਆਂ ਸਨ। ਬੁੱਢਾ ਦਲ ਦੇ ਸਕੱਤਰ ਦਿਲਜੀਤ ਸਿੰਘ ਬੇਦੀ ਨੇ ਦੱਸਿਆ ਕਿ ਸਿੰਘ ਸਾਹਿਬ ਬਾਬਾ ਬਲਬੀਰ ਸਿੰਘ ਅਕਾਲੀ ਮੁਖੀ ਬੁੱਢਾ ਦਲ ਦੇ ਆਦੇਸ਼ ਅਨੁਸਾਰ ਬੁਰਜ ਅਕਾਲੀ ਬਾਬਾ ਫੂਲਾ ਸਿੰਘ ਵਿਖੇ ਹਰ ਰੋਜ਼ ਠੰਢੇ ਮਿੱਠੇ ਜਲ ਦੀਆਂ ਵੱਖ-ਵੱਖ ਗੇਟਾਂ 'ਤੇ ਛਬੀਲਾਂ ਦਾ ਵਿਸ਼ੇਸ਼ ਪ੍ਰਬੰਧ ਹੋਵੇਗਾ ਅਤੇ 6 ਜੂਨ ਨੂੰ ਛੋਲਿਆਂ ਦੀਆਂ ਘੁੰਗਣੀਆਂ ਤੇ ਠੰਢੇ ਮਿੱਠੇ ਜਲ ਦੀ ਛਬੀਲ ਲੱਗੇਗੀ। ਇਸ ਸਮੇਂ ਬਾਬਾ ਭਗਤ ਸਿੰਘ, ਬਾਬਾ ਗੁਰਲਾਲ ਸਿੰਘ, ਬਾਬਾ ਅਮਰੀਕ ਸਿੰਘ, ਬਾਬਾ ਗਗਨ ਸਿੰਘ, ਬਾਬਾ ਪਿਆਰਾ ਸਿੰਘ, ਮਨੋਜ ਕੁਮਾਰ ਮਿੰਟੂ ਨੇ ਸੰਗਤਾਂ ਨੂੰ ਜਲ ਛਕਾਉਣ ਦੀ ਸੇਵਾ ਕੀਤੀ।

ਵੈਸ਼ਨੋ ਭਗਤ ਮੰਡਲੀ ਨੇ 21ਵਾਂ ਸਾਲਾਨਾ ਜਾਗਰਣ ਕਰਵਾਇਆ

ਡੇਰਾ ਬਾਬਾ ਨਾਨਕ (ਰਮੇਸ਼ ਸ਼ਰਮਾ)

ਕਸਬਾ ਡੇਰਾ ਬਾਬਾ ਨਾਨਕ ਦੇ ਮੁਹੱਲਾ ਫਤਿਹ ਸਿੰਘ ਨੇੜੇ ਪਾਣੀ ਵਾਲੀ ਟੈਂਕੀ ਵੈਸ਼ਨੋ ਭਗਤ ਮੰਡਲੀ ਵੱਲੋਂ ਹਰ ਸਾਲ ਦੀ ਤਰ੍ਹਾਂ ਅੱਜ 21ਵਾਂ ਸਾਲਾਨਾ ਜਾਗਰਣ ਤੇ ਭੰਡਾਰਾ ਕਰਵਾਇਆ ਗਿਆ। ਇਸ ਮੌਕੇ ਪ੍ਰਬੰਧਕਾਂ ਵੱਲੋਂ ਦੁਪਹਿਰ ਨੂੰ ਲੰਗਰ ਭੰਡਾਰਾ ਲਗਾਇਆ ਗਿਆ। ਉਪਰੰਤ ਰਾਤ ਨੂੰ ਮਹਾਮਾਈ ਦੀ ਜੋਤ ਪ੍ਰਚੰਡ ਕਰਕੇ ਗਣੇਸ਼ ਵੰਦਨਾ ਨਾਲ ਭਗਤਾਂ ਵੱਲੋ ਜਾਗਰਣ ਦੀ ਸ਼ੁਰੂਆਤ ਕੀਤੀ ਗਈ ਜਿਸ ਵਿੱਚ ਮਹਾਮਾਈ ਦੇ ਭਗਤ ਰਾਜ ਕੁਮਾਰ ਰੰਘੂਵੰਸ਼ੀ ਐਂਡ ਪਾਰਟੀ ਅੰਮ੍ਰਿਤਸਰ ਵਾਲਿਆਂ ਅਤੇ ਗਾਇਕ ਜਤਿੰਦਰ ਸੋਨੂੰ ਵੱਲੋਂ ਆਪਣੀ ਸੁਰੀਲੀ ਆਵਾਜ਼ 'ਚ ਮਹਾਮਾਈ ਦੀਆਂ ਵੱਖ-ਵੱਖ ਭੇਟਾਂ ਗਾ ਕੇ ਸੰਗਤਾਂ ਨੂੰ ਨਿਹਾਲ ਕੀਤਾ ਗਿਆ। ਇਸ ਮੌਕੇ ਜਾਗਰਣ ਪ੍ਰਬੰਧਕਾਂ ਵੱਲੋਂ ਗਾਇਕ ਰਾਜ ਕੁਮਾਰ ਰੰਘੂਵੰਸ਼ੀ ਅਤੇ ਗਾਇਕ ਜਤਿੰਦਰ ਸੋਨੂੰ ਨੂੰ ਵਿਸ਼ੇਸ਼ ਤੌਰ 'ਤੇ ਯਾਦਗਾਰੀ ਚਿੰਨ੍ਹ ਦੇ ਕੇ ਸਨਮਾਨਿਤ ਕੀਤਾ ਗਿਆ। ਇਸ ਮੌਕੇ ਮਾਸਟਰ ਕੰਵਲਜੀਤ ਸਿੰਘ, ਵੈਸ਼ਨੋ ਭਜਨ ਮੰਡਲੀ ਦੇ ਪ੍ਰਧਾਨ ਸੰਨੀ, ਸਾਬਕਾ ਡੀ.ਈ.ਓ ਵਿਨੋਦ ਮੱਤਰੀ, ਮਾਸਟਰ ਸੁਖਦੀਪ ਸਿੰਘ, ਦਲਜੀਤ ਸਿੰਘ, ਰੋਹਿਤ ਅੱਤਰੀ, ਵਿੱਕੀ, ਕੁਲਵਿੰਦਰ ਸਿੰਘ, ਰਜਿੰਦਰ ਕੁਮਾਰ ਆਜ਼ਾਦ, ਟਿੰਕੂ, ਰਾਜੂ ਮੋਦੀ, ਅੰਸ਼, ਹਰਮਨ, ਰੁਪਿੰਦਰ ਸਿੰਘ, ਭੁਪਿੰਦਰ ਸਿੰਘ, ਕੁਲਦੀਪ ਸਿੰਘ, ਮੰਨੂ, ਗਗਨਦੀਪ ਸਿੰਘ, ਗੁਰਜੀਤ ਸਿੰਘ, ਬੰਟੀ, ਬੀਰ ਸਿੰਘ, ਰਾਕੇਸ਼ ਕੁਮਾਰ, ਪ੍ਰੇਮ, ਸੁਖਜੀਤ, ਪ੍ਰਿੰਸ ਪ੍ਰੂੰਨੀ, ਰਾਜਾ ਚੱਕੀ ਵਾਲਾ, ਅਖਿਲ ਥਾਪਾ, ਦੇਸ ਰਾਜ, ਆਕਾਸ਼ ਸਿੱਧੂ, ਗੁਰਮੀਤ ਸਿੰਘ ਥਾਣੇਦਾਰ, ਰਜਿੰਦਰ ਕੁਮਾਰ ਨਿੱਕਾ, ਰਤਨ ਲਾਲ, ਅਨਿਲ ਬੇਦਰਦੀ, ਰਾਜ ਕੁਮਾਰ, ਦਰਸ਼ਨ ਕੁਮਾਰ, ਧੰਨਾ ਰਾਮ ਫੌਜੀ, ਹੀਰਾ ਲਾਲ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਸੰਗਤਾਂ ਹਾਜ਼ਰ ਸਨ।

ਲਾਲਜੀਤ ਸਿੰਘ ਭੁੱਲਰ ਅੱਖਾਂ ਦਾਨ ਕਰਨ ਵਾਲੇ ਪੰਜਾਬ ਦੇ ਪਹਿਲੇ ਕੈਬਨਿਟ ਮੰਤਰੀ

ਪੱਟੀ (ਬਲਦੇਵ ਸਿੰਘ ਕਿਰਤੋਵਾਲ/ਸ਼ਮਸ਼ੇਰ ਸਿੰਘ ਯੋਧਾ)-ਵਿਧਾਨ ਸਭਾ ਹਲਕਾ ਪੱਟੀ ਤੋਂ ਵਿਧਾਇਕ ਤੇ ਕੈਬਨਿਟ ਮੰਤਰੀ ਲਾਲਜੀਤ ਸਿੰਘ ਭੁੱਲਰ ਆਪਣੀਆਂ ਅੱਖਾਂ ਦਾਨ ਕਰਨ ਸਬੰਧੀ ਪ੍ਰਣ ਲੈਣ ਵਾਲੇ ਸੂਬੇ ਦੇ ਪਹਿਲੇ ਕੈਬਨਿਟ ਮੰਤਰੀ ਬਣੇ। ਉਨ੍ਹਾਂ ਰੋਟਰੀ ਆਈ ਬੈਂਕ ਅਤੇ ਕਾਰਨੀਆਂ ਟ੍ਰਾਂਸਪਲਾਂਟੇਸ਼ਨ ਸੁਸਾਇਟੀ ਹੁਸ਼ਿਆਰਪੁਰ ਦੇ ਨੁਮਾਇੰਦਿਆਂ ਨਾਲ ਮੀਟਿੰਗ ਦੌਰਾਨ ਅੱਖਾਂ ਦਾਨ ਕਰਨ ਸਬੰਧੀ ਆਪਣਾ ਫਾਰਮ ਭਰਿਆ। ਆਪਣੇ ਦਫਤਰ ਵਿਖੇ ਮੀਟਿੰਗ ਦੌਰਾਨ ਕੈਬਨਿਟ ਮੰਤਰੀ ਨੇ ਪੰਜਾਬ ਵਾਸੀਆਂ ਨੂੰ ਵੀ ਅਪੀਲ ਕੀਤੀ ਕਿ ਉਹ ਵੱਧ ਤੋਂ ਵੱਧ ਗਿਣਤੀ ਵਿੱਚ ਇਸ ਨੇਕ ਕਾਰਜ ਵਿੱਚ ਹਿੱਸਾ ਪਾਉਣ। ਰੋਟਰੀ ਆਈ ਬੈਂਕ ਅਤੇ ਕਾਰਨੀਆਂ ਟ੍ਰਾਂਸਪਲਾਂਟੇਸ਼ਨ ਸੁਸਾਇਟੀ ਦੇ ਚੇਅਰਮੈਨ ਜੇ. ਬੀ. ਬਹਿਲ ਦੀ ਅਗਵਾਈ 'ਚ ਮਿਲੇ ਵਫਦ ਨੇ ਦੱਸਿਆ ਕਿ ਉਨ੍ਹਾਂ ਦੀ ਸੰਸਥਾ ਲੋਕਾਂ ਨੂੰ ਮਰਨ ਉਪਰੰਤ ਅੱਖਾਂ ਦਾਨ ਕਰਨ ਲਈ ਪ੍ਰੇਰਿਤ ਕਰਦੀ ਹੈ ਅਤੇ ਉਹ ਹੁਣ ਤੱਕ 3800 ਤੋਂ ਵੱਧ ਲੋਕਾਂ ਨੂੰ ਅੱਖਾਂ ਦੀ ਰੌਸ਼ਨੀ ਦਿਵਾ ਚੁੱਕੇ ਹਨ। ਉਨ੍ਹਾਂ ਦੱਸਿਆ ਕਿ ਇਨ੍ਹਾਂ ਵਿੱਚੋਂ 400 ਦੇ ਲਗਭਗ 6 ਮਹੀਨੇ ਤੋਂ 16 ਸਾਲ ਤੱਕ ਦੀ ਉਮਰ ਵਾਲੇ ਹਨ।

ਫਸਲਾਂ ਦੀ ਰਹਿੰਦ-ਖੂੰਹਦ ਨੂੰ ਖੇਤਾਂ 'ਚ ਰਲਾਉਣਾ ਲਾਹੇਵੰਦਾ : ਡਾ. ਭੁਪਿੰਦਰ ਸਿੰਘ

ਪੱਟੀ, (ਬਲਦੇਵ ਸਿੰਘ ਕਿਰਤੋਵਾਲ/ਸ਼ਮਸ਼ੇਰ ਸਿੰਘ ਯੋਧਾ)

ਮੁੱਖ ਖੇਤੀਬਾੜੀ ਅਫਸਰ ਤਰਨਤਾਰਨ ਡਾ. ਹਰਪਾਲ ਸਿੰਘ ਪੰਨੂੰ ਦੇ ਦਿਸ਼ਾ-ਨਿਰਦੇਸ਼ਾਂ ਤਹਿਤ ਕਿਸਾਨਾਂ ਨੂੰ ਝੋਨੇ, ਬਾਸਮਤੀ ਦੀ ਸਿੱਧੀ ਬਿਜਾਈ ਅਤੇ ਫਸਲੀ ਰਹਿੰਦ- ਖੂੰਹਦ ਪ੍ਰਬੰਧਨ ਸਬੰਧੀ ਜਾਗਰੂਕ ਕਰਨ ਹਿੱਤ ਬਲਾਕ ਪੱਟੀ ਦੇ ਪਿੰਡ ਨੱਥੂਪੁਰ ਟੋਡਾ ਵਿਖੇ ਕਿਸਾਨ ਸਿਖਲਾਈ ਕੈਂਪ ਲਗਾਇਆ ਗਿਆ। ਇਸ ਮੌਕੇ ਡਾ. ਭੁਪਿੰਦਰ ਸਿੰਘ ਏਓ ਨੇ ਕਿਸਾਨਾਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਕਣਕ ਦੀ ਵਾਢੀ ਉਪਰੰਤ ਰੀਪਰ ਨਾਲ ਤੂੜੀ ਬਣਾਉਣ ਤੋਂ ਬਾਅਦ ਖੇਤ ਨੂੰ ਅੱਗ ਨਹੀਂ ਲਗਾਉਣੀ ਚਾਹੀਦੀ ਸਗੋਂ ਖੇਤ ਨੂੰ ਡੂੰਘਾ ਵਾਹੁਣਾ ਚਾਹੀਦਾ ਹੈ। ਇਸ ਨਾਲ ਜ਼ਮੀਨ ਦੀ ਨਮੀ ਨੂੰ ਮਿੱਟੀ ਵਿੱਚ ਦਬਾਉਣ ਦੀ ਸਮਰੱਥਾ ਵਿੱਚ ਵਾਧਾ ਹੁੰਦਾ ਹੈ ਅਤੇ ਨਾਲ ਹੀ ਜ਼ਮੀਨ ਵਿਚੋਂ ਹਾਨੀਕਾਰਕ ਕੀੜੇ ਉੱਪਰ ਆ ਜਾਣ ਕਰਕੇ ਖਤਮ ਹੋ ਜਾਂਦੇ ਹਨ। ਡੂੰਘੀ ਵਾਹੀ ਨਾਲ ਅਗਲੀ ਫਸਲ ਨੂੰ ਚੰਗਾ ਖੇਤ ਮਿਲ ਜਾਂਦਾ ਹੈ ਅਤੇ ਨਦੀਨਾਂ ਦੀ ਵੀ ਰੋਕਥਾਮ ਹੋ ਜਾਂਦੀ ਹੈ। ਝੋਨੇ, ਬਾਸਮਤੀ ਦੀ ਸਿੱਧੀ ਬਿਜਾਈ ਲਈ ਜੂਨ ਦਾ ਪਹਿਲਾ ਪੰਦਰਵਾੜਾ ਢੁਕਵਾਂ ਸਮਾਂ ਹੈ। ਘੱਟ ਸਮਾਂ ਲੈਣ ਵਾਲੀਆਂ ਕਿਸਮਾਂ ਪੀ ਆਰ 126 ਅਤੇ ਪੂਸਾ ਬਾਸਮਤੀ 1509 ਦੀ ਬਿਜਾਈ ਦੂਜੇ ਪੰਦਰਵਾੜੇ ਵਿਚ ਵੀ ਕੀਤੀ ਜਾ ਸਕਦੀ ਹੈ। ਉਨਾਂ ਜਾਣਕਾਰੀ ਦਿੱਤੀ ਕਿ ਬੀਜ ਨੂੰ ਪੋਟਾਸ਼ੀਅਮ ਨਾਈਟ੍ਰੇਟ ਅਤੇ ਸਪਰਿੰਟ ਦਵਾਈ ਨਾਲ ਸੋਧ ਲੈਣ ਨਾਲ ਬੀਜ ਅਤੇ ਮਿੱਟੀ ਤੋਂ ਲੱਗਣ ਵਾਲੀਆਂ ਬਿਮਾਰੀਆਂ ਤੋਂ ਬਚਾਅ ਕੀਤਾ ਜਾ ਸਕਦਾ ਹੈ। ਇਸ ਮੌਕੇ ਝੋਨੇ, ਬਾਸਮਤੀ ਦੀ ਸਿੱਧੀ ਬਿਜਾਈ ਕਰਨ ਵਾਲੇ ਕਿਸਾਨਾਂ ਨੂੰ ਜਾਣਕਾਰੀ ਦਿੱਤੀ ਗਈ ਕਿ ਉਹ ਪੋਰਟਲ ਤੇ ਆਪਣੇ ਆਪ ਨੂੰ ਰਜਿਸਟਰ ਕਰਵਾਉਣ ਤਾਂ ਕਿ ਪੰਜਾਬ ਸਰਕਾਰ ਵੱਲੋਂ ਦਿੱਤੀ ਜਾ ਰਹੀ 15 ਸੌ ਰੁਪਏ ਪ੍ਰਤੀ ਏਕੜ ਪ੍ਰੋਤਸਾਹਨ ਰਾਸ਼ੀ ਉਨ੍ਹਾਂ ਦੇ ਖਾਤਿਆਂ ਵਿਚ ਪਾਈ ਜਾ ਸਕੇ। ਇਸ ਮੌਕੇ ਉੱਦਮੀ ਕਿਸਾਨ ਸੁਰਜੀਤ ਸਿੰਘ, ਗੁਰਜੀਤ ਪਾਲ ਸਿੰਘ, ਸਰਪੰਚ ਪਰਮਜੀਤ ਸਿੰਘ, ਨੰਬਰਦਾਰ ਹਰਜੀਤ ਪਾਲ ਸਿੰਘ, ਪੰਚਾਇਤ ਮੈਂਬਰ ਤਰਸੇਮ ਸਿੰਘ, ਗੁਰਾ ਸਿੰਘ ਅਤੇ ਗੁਰਸ਼ਰਨ ਸਿੰਘ ਨੇ ਝੋਨੇ ਬਾਸਮਤੀ ਦੀ ਸਿੱਧੀ ਬਿਜਾਈ ਦੇ ਤਜਰਬੇ ਸਾਂਝੇ ਕਰਦਿਆਂ ਸਰਕਾਰ ਵੱਲੋਂ ਝੋਨੇ ਦੀ ਸਿੱਧੀ ਬਿਜਾਈ ਲਈ ਦਿੱਤੀ ਜਾ ਰਹੀ ਪ੍ਰੋਤਸਾਹਨ ਰਾਸ਼ੀ ਪੰਦਰਾਂ ਸੌ ਰੁਪਏ ਪ੍ਰਤੀ ਏਕੜ ਲਈ ਧੰਨਵਾਦ ਕੀਤਾ। ਇਸ ਮੌਕੇ ਨੰਬਰਦਾਰ ਮਨਜੀਤ ਸਿੰਘ, ਸ਼ਮਸ਼ੇਰ ਸਿੰਘ ਗੁਰਦੇਵ ਸਿੰਘ ਏਟੀਐਮ, ਦਿਲਬਾਗ ਸਿੰਘ ਫੀਲਡ ਵਰਕਰ ਅਤੇ ਇਲਾਕੇ ਦੇ ਕਿਸਾਨਾਂ ਨੇ ਸਹਿਯੋਗ ਦਿੱਤਾ ਅਤੇ ਜਾਣਕਾਰੀ ਸਾਂਝੀ ਕੀਤੀ।

ਸਪੈਸ਼ਲ ਕੈਂਪ ਲਗਾ ਕੇ ਬੱਚਿਆਂ ਨੂੰ ਪਿਲਾਈਆਂ ਜਾਣਗੀਆਂ ਪੋਲੀਓ ਰੋਕੂ ਬੂੰਦਾਂ : ਐੱਸ ਡੀ ਐੱਮ

ਮਜੀਠਾ (ਸੋਇਮ ਆਨੰਦ)-ਪੰਜਾਬ ਸਰਕਾਰ ਅਤੇ ਸਿਹਤ ਵਿਭਾਗ ਵਲੋਂ ਸੂਬਾ ਭਰ ਵਿਚ ਲਗਾਤਾਰ ਤਿੰਨ ਦਿਨ ਜ਼ੀਰੋ ਤੋਂ ਪੰਜ ਸਾਲ ਤੱਕ ਦੇ ਬੱਚਿਆਂ ਨੂੰ ਸਪੈਸ਼ਲ ਕੈਂਪ ਲਗਾ ਕੇ ਪੋਲੀਓ ਰੋਕੂ ਬੂੰਦਾਂ ਪਿਲਾਈਆਂ ਜਾਣੀਆਂ ਹਨ। ਇਸ ਮੁਹਿਮ ਤਹਿਤ ਐਸਡੀਐਮ ਮਜੀਠਾ ਡਾ: ਹਰਨੂਰ ਕੌਰ ਢਿੱਲੋਂ ਨੇ ਸਿਹਤ ਵਿਭਾਗ ਦੇ ਅਧਿਕਾਰੀਆਂ ਅਤੇ ਕਰਮਚਾਰੀਆਂ ਦੀ ਇੱਕ ਵਿਸ਼ੇਸ਼ ਮੀਟਿੰਗ ਉਪ ਮੰਡਲ ਕੰਪਲੈਕਸ ਮਜੀਠਾ ਵਿਖੇ ਸੱਦੀ ਜਿਸ ਵਿਚ ਉਨ੍ਹਾਂ ਨੇ ਇਨ੍ਹਾਂ ਅਧਿਕਾਰੀਆਂ ਅਤੇ ਕਰਮਚਾਰੀਆਂ ਨੂੰ ਪੰਜਾਬ ਸਰਕਾਰ ਦੀਆਂ ਹਦਾਇਤਾਂ ਤੋਂ ਜਾਣੂੰ ਕਰਾਇਆ। ਪੱਤਰਕਾਰਾਂ ਨਾਲ ਗੱਲ ਕਰਦਿਆਂ ਐਸਡੀਐਮ ਡਾ: ਹਰਨੂਰ ਕੌਰ ਢਿੱਲੋਂ ਨੇ ਦੱਸਿਆ ਕਿ ਇਸ ਮੁਹਿਮ ਤਹਿਤ 28 ਮਈ ਤੋਂ 30 ਮਈ ਤਿੰਨ ਦਿਨ ਵਾਸਤੇ ਜ਼ੀਰੋ ਤੋਂ ਪੰਜ ਸਾਲ ਤੱਕ ਦੇ ਹਰੇਕ ਬੱਚੇ ਨੂੰ ਪੋਲੀਓ ਰੋਕੂ ਬੂੰਦਾਂ ਪਿਲਾਈਆਂ ਜਾਣਗੀਆਂ। ਇਸ ਵਾਸਤੇ ਉਬਨ੍ਹਾਂ ਨੇ ਹਦਾਇਤਾਂ ਜਾਰੀ ਕੀਤੀਆਂ ਕਿ ਇਨ੍ਹਾ ਤਿੰਨ ਦਿਨਾਂ 28 ਮਈ ਤੋਂ 30 ਮਈ ਤੱਕ ਬੱਸ ਅੱਡਾ ਮਜੀਠਾ, ਟੋਲ ਪਲਾਜ਼ਾ ਕੱਥੂਨੰਗਲ, ਅਤੇ ਗੁਰਦੁਆਰਾ ਜਨਮ ਅਸਥਾਨ ਬਾਬਾ ਬੁੱਢਾ ਸਾਹਿਬ ਜੀ ਕੱਥੂਨੰਗਲ ਸਮੇਤ ਹੋਰ ਢੁੱਕਵੀਆਂ ਥਾਵਾਂ ਤੇ ਸਪੈਸ਼ਲ ਕੈਂਪ ਲਗਾ ਕੇ ਬੱਚਿਆਂ ਨੂੰ ਇਹ ਬੂੰਦਾਂ ਪਿਲਾਈਆਂ ਜਾਣਗੀਆਂ। ਇਸ ਮੌਕੇ ਐਸਡੀਐਮ ਡਾ: ਹਰਨੂਰ ਕੌਰ ਦੇ ਨਾਲ ਸੀਨੀਅਰ ਮੈਡੀਕਲ ਅਫਸਰ ਮਜੀਠਾ ਡਾ: ਸਤਨਾਮ ਸਿੰਘ ਗਿੱਲ, ਸੀਨੀਅਰ ਮੈਡੀਕਲ ਅਫਸਰ ਥਰੀਏਵਾਲ ਡਾ: ਹਰਕੰਵਲਜੀਤ ਸਿੰਘ, ਸੀਡੀਪੀਓ ਗਗਨਦੀਪ ਸਿੰਘ, ਰੀਡਰ ਵਰਿੰਦਰ ਭਾਟੀਆ, ਦੀਪਕ ਭੱਟੀ, ਰਾਧੇਸ਼ਾਮ, ਰਣਜੀਤ ਕੁਮਾਰ, ਪਲਵਿੰਦਰ ਸਿੰਘ, ਕੁਲਦੀਪ ਸਿੰਘ ਕਾਹਲੋਂ ਆਦਿ ਮੌਜੂਦ ਸਨ।

ਰਿਆੜਕੀ ਕਾਲਜ ਤੁਗਲਵਾਲਾ ਦੀ ਬਾਰ੍ਹਵੀਂ ਜਮਾਤ ਨੇ ਨਤੀਜਿਆਂ 'ਚ ਮਾਰੀਆਂ ਮੱਲਾਂ

ਧਾਰੀਵਾਲ, (ਮਨਦੀਪ ਸਿੰਘ ਵਿੱਕੀ)

ਬਾਬਾ ਆਇਆ ਸਿੰਘ ਰਿਆੜਕੀ ਕਾਲਜ ਤੁਗਲਵਾਲਾ, ਜਿਥੋਂ ਦੇ ਨਤੀਜੇ ਹਰ ਸਾਲ ਬਿਨਾ ਨਕਲ ਕਰਨ/ਕਰਾਉਣ ਤੇ ਨਕਲ ਫੜਨ ਤੇ 21000 ਰੁਪੈ ਦੇ ਇਨਾਮ ਨਾਲ 100 ਫੀਸਦੀ ਪਾਸ, 60 ਫੀਸਦੀ ਫਸਟ ਡਵੀਜ਼ਨਾਂ ਤੇ 10 ਫੀਸਦੀ ਮੈਰਿਟਾਂ ਨਾਲ ਸੁਸ਼ੋਭਿਤ ਹੁੰਦੇ ਹਨ, ਹਰ ਸਾਲ ਦੀ ਤਰ੍ਹਾਂ ਇਸ ਸਾਲ ਵੀ ਸੰਸਥਾ ਦੇ ਸੀਨੀਅਰ ਸੈਕੰਡਰੀ ਵਿਭਾਗ ਦਾ ਨਤੀਜਾ ਸੌ ਫੀਸਦੀ ਰਿਹਾ। 93 ਫੀਸਦੀ ਵਿਦਿਆਰਥਣਾਂ ਨੇ ਪਹਿਲੇ ਦਰਜੇ ਵਿੱਚ ਸਥਾਨ ਹਾਸਲ ਕਰਕੇ ਆਪਣੇ ਮਾਪਿਆਂ, ਅਧਿਆਪਕਾਂ ਅਤੇ ਸੰਸਥਾ ਦਾ ਨਾਮ ਰੌਸ਼ਨ ਕੀਤਾ। ਇਸ ਮੌਕੇ ਪ੍ਰਿੰਸੀਪਲ ਸਵਰਨ ਸਿੰਘ ਵਿਰਕ ਨੇ ਕਿਹਾ ਕਿ ਜਿੱਥੇ ਬੀ ਏ ਦੀਆਂ ਵਿਦਿਆਰਥਣਾਂ ਮੁਫਤ ਵਿੱਦਿਆ ਹਾਸਲ ਕਰਦੀਆਂ ਹਨ ਓਥੇ ਸੀਨੀਅਰ ਸੈਕੰਡਰੀ ਵਿਭਾਗ ਦੀਆਂ ਵਿਦਿਆਰਥਣਾਂ ਕੇਵਲ 2200 ਰੁਪਏ ਸਾਲਾਨਾ ਫੀਸ, ਹੋਰ ਵੱਖਰਾ ਕੋਈ ਖਰਚ ਨਹੀਂ, ਨਾਲ ਘੱਟ ਤੋਂ ਘੱਟ ਖਰਚ ਵਿੱਚ ਵੱਧ ਤੋਂ ਵੱਧ ਗੁਣਾਤਮਕ ਤੇ ਨੈਤਿਕ ਕਦਰਾਂ ਕੀਮਤਾਂ ਨਾਲ ਲਬਰੇਜ਼ ਸਿੱਖਿਆ ਹਾਸਲ ਕਰ ਰਹੀਆਂ ਹਨ। ਉਨ੍ਹਾਂ ਦੱਸਿਆ 4 ਵਿਦਿਆਰਥੀਆਂ ਨੇ 90 ਫੀਸਦੀ ਤੋਂ ਉੱਪਰ ਅੰਕ ਪ੍ਰਾਪਤ ਕੀਤੇ, 36 ਵਿਦਿਆਰਥੀਆਂ ਨੇ 80 ਫੀਸਦੀ ਤੋਂ ਉੱਪਰ,12 ਵਿਦਿਆਰਥੀਆਂ ਨੇ 70 ਫੀਸਦੀ ਤੋਂ ਉੱਪਰ ਅਤੇ 6 ਵਿਦਿਆਰਥੀਆਂ ਨੇ 60 ਫੀਸਦੀ ਤੋਂ ਉੱਪਰ ਅੰਕ ਪ੍ਰਾਪਤ ਕੀਤੇ। ਸੁਖਵਿੰਦਰ ਕੌਰ ਪਿੰਡ ਵਧਾਈ ਸਾਇੰਸ ਵਿਭਾਗ ਨੇ 500 ਵਿਚੋਂ 456 ਅੰਕ ਪ੍ਰਾਪਤ ਕਰਕੇ 91.2 ਫੀਸਦੀ ਨਾਲ ਜਮਾਤ ਵਿੱਚੋਂ ਪਹਿਲਾ ਸਥਾਨ ਹਾਸਲ ਕੀਤਾ, ਕਮਲਪ੍ਰੀਤ ਕੌਰ ਸੂਚ ਆਰਟਸ ਵਿਭਾਗ 454 ਅੰਕ 90.8 ਫੀਸਦੀ ਨਾਲ ਦੂਸਰਾ, ਕੋਮਲਪ੍ਰੀਤ ਕੌਰ ਠੱਕਰਵਾਲ ਆਰਟਸ ਵਿਭਾਗ 452 ਅੰਕ 90.4 ਫੀਸਦੀ ਨਾਲ ਤੀਸਰਾ ਅਤੇ ਪ੍ਰਭਦੀਪ ਕੌਰ ਭੇਟ ਪੱਤਣ ਆਰਟਸ ਵਿਭਾਗ 450 ਅੰਕ 90 ਫੀਸਦੀ ਨਾਲ ਕਲਾਸ ਵਿੱਚੋਂ ਚੌਥਾ ਸਥਾਨ ਹਾਸਲ ਕੀਤਾ। ਕਮਿਸਟਰੀ ਵਿਸੇ ਵਿੱਚੋਂ ਸੁਖਵਿੰਦਰ ਕੌਰ ਨੇ 99, ਕਿਰਨਪ੍ਰੀਤ ਕੌਰ ਕੁਠਾਨਾ ਨੇ ਈ ਬਿਜ਼ਨੈਸ ਵਿੱਚੋਂ 99, ਮਹਿਕਪ੍ਰੀਤ ਕੌਰ ਬੇਰੀ ਨੇ ਮੈਥ ਵਿਚੋਂ 93, ਸੁਖਮਨਪ੍ਰੀਤ ਕੌਰ ਤੇ ਤਰਨਦੀਪ ਕੌਰ ਨੇ ਅੰਗਰੇਜ਼ੀ ਵਿੱਚੋਂ 97, ਜਸ਼ਨਦੀਪ ਕੌਰ ਭਾਮ ਨੇ ਹਿਸਟਰੀ ਵਿੱਚੋਂ 95, ਕਮਲਪ੍ਰੀਤ ਕੌਰ ਸੂਚ ਨੇ ਪੋਲੀਟੀਕਲ ਸਾਇੰਸ ਵਿਚੋਂ 98, ਹਰਮਹਿਕਦੀਪ ਕੌਰ ਨੇ ਬਾਇਓਲੋਜੀ ਵਿੱਚੋਂ 91, ਸੁਖਵਿੰਦਰ ਕੌਰ ਨੇ ਫਿਜ਼ਿਕਸ ਵਿੱਚੋਂ 81, ਨਵਪ੍ਰੀਤ ਕੌਰ ਨੇ ਬਿਜ਼ਨਸ ਸਟੱਡੀਜ਼ ਵਿੱਚੋਂ 95 ਅਤੇ ਕੋਮਲਪ੍ਰੀਤ ਕੌਰ ਨੇ ਪੰਜਾਬੀ ਵਿਚੋਂ 95 ਅੰਕ ਪ੍ਰਾਪਤ ਕੀਤੇ। ਇਸ ਮੌਕੇ ਪ੍ਰਿੰਸੀਪਲ ਵਿਰਕ ਨੇ ਸ਼ਾਨਦਾਰ ਨਤੀਜਾ ਹਾਸਲ ਕਰਨ ਵਾਲੇ ਵਿਦਿਆਰਥੀਆਂ, ਉਨ੍ਹਾਂ ਦੇ ਮਾਪਿਆਂ ਅਤੇ ਅਧਿਆਪਕਾਂ ਨੂੰ ਇਸ ਸ਼ਾਨਦਾਰ ਕਾਰਗੁਜ਼ਾਰੀ ਲਈ ਵਧਾਈ ਦਿੱਤੀ ਅਤੇ ਅਗਲੇਰੀ ਬਾਰ੍ਹਵੀਂ ਜਮਾਤ ਕੋਲੋਂ ਪ੍ਰਣ ਲਿਆ ਕਿ ਉਹ ਅਗਲੇ ਸਾਲ ਇਸ ਤੋਂ ਵੀ ਵੱਧ ਮਿਹਨਤ ਕਰਕੇ ਸੰਸਥਾ ਅਤੇ ਮਾਪਿਆਂ ਦਾ ਨਾਂ ਰੌਸ਼ਨ ਕਰਨਗੇ। ਪ੍ਰਿੰਸੀਪਲ ਵਿਰਕ ਨੇ ਇਹ ਵੀ ਕਿਹਾ ਕਿ ਜਲਦੀ ਹੀ ਇਹਨਾਂ ਵਿਦਿਆਰਥੀਆਂ ਦੀ ਹੌਸਲਾ ਅਫਜ਼ਾਈ ਲਈ ਸਨਮਾਨ ਸਮਾਰੋਹ ਆਯੋਜਿਤ ਕੀਤਾ ਜਾਵੇਗਾ।

ਨਵਾਂ ਜ਼ਮਾਨਾ
ਸ਼ਨੀਵਾਰ, 27 ਮਈ 2023

ਮਾਇਆਵਤੀ ਦੀ ਮਾਇਆ

ਨਵੇਂ ਸੰਸਦ ਭਵਨ ਦੇ ਉਦਘਾਟਨ ਦਾ 21 ਪਾਰਟੀਆਂ ਵੱਲੋਂ ਬਾਈਕਾਟ ਕਰਨ ਤੋਂ ਬਾਅਦ ਐਨ ਡੀ ਏ ਤੋਂ ਬਾਹਰਲੀਆਂ 7 ਪਾਰਟੀਆਂ ਨੇ ਭਾਜਪਾ ਦੇ ਹੱਕ ਵਿੱਚ ਖੜ੍ਹੇ ਹੋਣ ਦਾ ਫ਼ੈਸਲਾ ਕਰ ਲਿਆ ਹੈ। ਅਸਲ ਵਿੱਚ ਇਹ ਪਾਰਟੀਆਂ ਕਦੇ ਵੀ ਭਾਜਪਾ ਦੇ ਵਿਰੁੱਧ ਨਹੀਂ ਰਹੀਆਂ, ਸਗੋਂ ਜਦੋਂ ਵੀ ਉਸ ਨੂੰ ਲੋੜ ਪਈ ਉਸ ਨਾਲ ਮੋਢੇ ਨਾਲ ਮੋਢਾ ਲਾ ਕੇ ਖੜ੍ਹਦੀਆਂ ਰਹੀਆਂ ਹਨ। ਇਹ 7 ਪਾਰਟੀਆਂ ਹਨ, ਬਹੁਜਨ ਸਮਾਜ ਪਾਰਟੀ, ਸ਼੍ਰੋਮਣੀ ਅਕਾਲੀ ਦਲ (ਬਾਦਲ), ਜਨਤਾ ਦਲ (ਐਸ), ਲੋਕ ਜਨਸ਼ਕਤੀ ਪਾਰਟੀ (ਪਾਸਵਾਨ), ਵਾਈ ਐਸ ਆਰ ਕਾਂਗਰਸ, ਬੀਜੂ ਜਨਤਾ ਦਲ ਤੇ ਤੇਲਗੂ ਦੇਸਮ ਪਾਰਟੀ। ਇਨ੍ਹਾਂ ਵਿੱਚੋਂ ਬਸਪਾ ਸਭ ਤੋਂ ਪ੍ਰਮੁੱਖ ਹੈ।

ਅਸਲ ਵਿੱਚ ਮਾਇਆਵਤੀ ਨੇ ਜਦੋਂ ਤੋਂ ਸਮਾਜਵਾਦੀ ਪਾਰਟੀ ਨਾਲੋਂ ਗੱਠਜੋੜ ਤੋੜਨ ਦਾ ਐਲਾਨ ਕੀਤਾ ਸੀ, ਉਦੋਂ ਤੋਂ ਹੀ ਉਸ ਨੇ ਭਾਜਪਾ ਦੀ ਪੂਛ ਬਣ ਜਾਣ ਦਾ ਰਾਹ ਫੜ ਲਿਆ ਸੀ। 2020 ਵਿੱਚ ਯੂ ਪੀ ਵਿੱਚੋਂ ਰਾਜ ਸਭਾ ਲਈ 10 ਮੈਂਬਰਾਂ ਦੀ ਚੋਣ ਹੋਈ ਸੀ। ਵਿਧਾਇਕਾਂ ਦੀ ਗਿਣਤੀ ਦੇ ਹਿਸਾਬ ਨਾਲ ਭਾਜਪਾ ਦੇ 9 ਤੇ ਸਮਾਜਵਾਦੀ ਪਾਰਟੀ ਦਾ ਇੱਕ ਮੈਂਬਰ ਚੁਣਿਆ ਜਾਣਾ ਤੈਅ ਸੀ, ਪਰ ਭਾਜਪਾ ਨੇ 8 ਉਮੀਦਵਾਰ ਹੀ ਖੜ੍ਹੇ ਕੀਤੇ ਅਤੇ ਨੌਵੀਂ ਸੀਟ ਬਸਪਾ ਲਈ ਛੱਡ ਦਿੱਤੀ ਸੀ। ਉਸੇ ਸਾਲ ਜਦੋਂ ਸੰਸਦ ਭਵਨ ਦਾ ਨੀਂਹ ਪੱਥਰ ਰੱਖਿਆ ਗਿਆ ਤਾਂ ਵਿਰੋਧੀ ਪਾਰਟੀਆਂ ਨੇ ਇਸ ਦਾ ਬਾਈਕਾਟ ਕੀਤਾ, ਤਦ ਵੀ ਬਸਪਾ ਭਾਜਪਾ ਨਾਲ ਖੜ੍ਹੀ ਹੋਈ। ਸਟੇਨ ਸਵਾਮੀ ਦੀ ਹਿਰਾਸਤ ਵਿੱਚ ਮੌਤ ਤੋਂ ਬਾਅਦ ਵਿਰੋਧੀ ਦਲਾਂ ਨੇ ਰਾਸ਼ਟਰਪਤੀ ਨੂੰ ਮੈਮੋਰੰਡਮ ਦਿੱਤਾ ਤਾਂ ਵੀ ਬਸਪਾ ਵੱਖਰੀ ਖੜ੍ਹੀ ਰਹੀ ਸੀ। ਕੋਰੋਨਾ ਮਹਾਂਮਾਰੀ ਤੇ ਨਫ਼ਰਤੀ ਤਕਰੀਰਾਂ ਵਿਰੁੱਧ ਪ੍ਰਧਾਨ ਮੰਤਰੀ ਦੀ ਜ਼ੁਬਾਨਬੰਦੀ ਵਿਰੁੱਧ ਵੀ ਵਿਰੋਧੀ ਦਲਾਂ ਵੱਲੋਂ ਦਿੱਤੇ ਗਏ ਸਾਂਝੇ ਬਿਆਨਾਂ ਤੋਂ ਮਾਇਆਵਤੀ ਨੇ ਪਾਸਾ ਵੱਟੀ ਰੱਖਿਆ ਸੀ। ਜਦੋਂ ਰਾਸ਼ਟਰਪਤੀ ਦੀਆਂ ਚੋਣਾਂ ਹੋਈਆਂ ਤਦ ਵੀ ਬਸਪਾ ਨੇ ਭਾਜਪਾ ਉਮੀਦਵਾਰ ਦਰੋਪਦੀ ਮੁਰਮੂ ਨੂੰ ਹੀ ਵੋਟਾਂ ਪਾਈਆਂ ਸਨ।

ਮਾਇਆਵਤੀ ਵੱਲੋਂ ਭਾਜਪਾ ਦਾ ਦੁੰਮਛੱਲਾ ਬਣਨ ਦਾ ਨੰਗਾ ਚਿੱਟਾ ਪ੍ਰਮਾਣ 2022 ਵਿੱਚ ਯੂ ਪੀ ਦੀਆਂ ਵਿਧਾਨ ਸਭਾ ਚੋਣਾਂ ਸਮੇਂ ਸਪੱਸ਼ਟ ਸਾਹਮਣੇ ਆਇਆ ਸੀ। ਸਮਾਜਵਾਦੀ ਪਾਰਟੀ ਨੇ ਰਾਸ਼ਟਰੀ ਲੋਕ ਦਲ ਤੇ ਪਛੜੀਆਂ ਜਾਤਾਂ ਦੀਆਂ ਕੁਝ ਪਾਰਟੀਆਂ ਨੂੰ ਜੋੜ ਕੇ ਇੱਕ ਮਜ਼ਬੂਤ ਗੱਠਜੋੜ ਬਣਾ ਲਿਆ ਸੀ। ਖੇਤੀ ਸੰਬੰਧੀ ਤਿੰਨ ਕਾਨੂੰਨਾਂ ਵਿਰੁੱਧ ਇਤਿਹਾਸਕ ਕਿਸਾਨ ਅੰਦੋਲਨ ਨੇ ਪੇਂਡੂ ਕਿਸਾਨੀ ਅੰਦਰ ਭਾਜਪਾ ਪ੍ਰਤੀ ਗੁੱਸੇ ਦੀ ਲਹਿਰ ਪੈਦਾ ਕੀਤੀ ਹੋਈ ਸੀ। ਹਾਲਾਤ ਨੇ ਤੈਅ ਕਰ ਦਿੱਤਾ ਸੀ ਕਿ ਇਨ੍ਹਾਂ ਚੋਣਾਂ ਵਿੱਚ ਯੋਗੀ ਆਦਿਤਿਆਨਾਥ ਦੀ ਅਗਵਾਈ ਵਿੱਚ ਭਾਜਪਾ ਦੀ ਹਾਰ ਯਕੀਨੀ ਹੈ। ਇਸ ਮੌਕੇ ਉੱਤੇ ਮਾਇਆਵਤੀ ਮਰਨਾਊ ਪਈ ਭਾਜਪਾ ਲਈ ਸੰਜੀਵਨੀ ਬਣ ਕੇ ਸਾਹਮਣੇ ਆਈ। ਸਪਾ ਗੱਠਜੋੜ ਨੇ ਜਿਸ ਜਾਤ ਦਾ ਉਮੀਦਵਾਰ ਖੜ੍ਹਾ ਕੀਤਾ, ਬਸਪਾ ਨੇ ਵੀ ਉਸੇ ਜਾਤ ਦਾ ਖੜ੍ਹਾ ਕਰਕੇ ਵੋਟਾਂ ਨੂੰ ਪਾੜਨ ਦਾ ਕੰਮ ਕੀਤਾ ਤੇ ਆਪਣੇ ਪੱਕੇ ਅਧਾਰ ਜਾਟਵ ਵੋਟਾਂ ਨੂੰ ਵੀ ਭਾਜਪਾ ਵੱਲ ਭੁਗਤਾ ਦਿੱਤਾ। ਇਸੇ ਦਾ ਨਤੀਜਾ ਸੀ ਕਿ ਬਸਪਾ ਦਾ ਸਿਰਫ਼ ਇੱਕ ਵਿਧਾਇਕ ਜਿੱਤ ਸਕਿਆ ਜਦੋਂ ਕਿ ਕਾਂਗਰਸ ਦੋ ਸੀਟਾਂ ਜਿੱਤਣ ਵਿੱਚ ਕਾਮਯਾਬ ਹੋ ਗਈ। ਭਾਜਪਾ ਲਈ ਏਨੀ ਵੱਡੀ ਕੁਰਬਾਨੀ ਤੋਂ ਬਾਅਦ ਵੀ ਬਸਪਾ ਨੂੰ ਭਾਜਪਾ ਨਾਲੋਂ ਵੱਖ ਕਰਕੇ ਦੇਖਣਾ ਸਿਆਸੀ ਕਮਅਕਲੀ ਹੀ ਹੋ ਸਕਦੀ ਹੈ। ਮਾਇਆਵਤੀ ਦੀ ਬਦੌਲਤ ਭਾਜਪਾ ਨੇ ਹਾਰੀ ਹੋਈ ਬਾਜ਼ੀ ਅਸਾਨੀ ਨਾਲ ਜਿੱਤ ਲਈ ਸੀ।

ਅਸਲ ਵਿੱਚ ਨਵੇਂ ਸੰਸਦ ਭਵਨ ਦੇ ਉਦਘਾਟਨ ਸਮਾਗਮ ਨੇ 2024 ਦੀਆਂ ਲੋਕ ਸਭਾ ਚੋਣਾਂ ਦੀ ਦਿਸ਼ਾ ਤੈਅ ਕਰ ਦਿੱਤੀ ਹੈ। ਇੱਕ ਪਾਸੇ ਵਿਰੋਧੀ ਧਿਰਾਂ ਦੀ ਲਾਮਬੰਦੀ ਹੋ ਰਹੀ ਹੈ ਤੇ ਦੂਜੇ ਪਾਸੇ ਭਾਜਪਾ ਆਪਣੇ ਹੱਥਠੋਕਿਆਂ ਨੂੰ ਸਰਗਰਮ ਕਰਨ ਲੱਗ ਪਈ ਹੈ। ਸਭ ਤੋਂ ਵੱਡਾ ਸਵਾਲ ਇਹ ਹੈ ਕਿ ਕਾਂਸ਼ੀ ਰਾਮ ਵੱਲੋਂ ਬ੍ਰਾਹਮਣਵਾਦ ਵਿਰੁੱਧ ਖੜ੍ਹੀ ਕੀਤੀ ਬਸਪਾ ਦਾ ਹੇਠਲਾ ਵਰਕਰ ਕੀ ਮਾਇਆਵਤੀ ਦੀ ਇਸ ਉਲਟਬਾਜ਼ੀ ਤੋਂ ਬਾਅਦ ਵੀ ਉਸ ਨਾਲ ਜੁੜਿਆ ਰਹੇਗਾ। ਸਾਡੀ ਸਮਝ ਮੁਤਾਬਕ ਮਾਇਆਵਤੀ ਦੇ ਇਸ ਰੁਖ ਨਾਲ ਦਲਿਤ ਸਿਆਸਤ ਵਿੱਚ ਇੱਕ ਖਲਾਅ ਪੈਦਾ ਹੋਵੇਗਾ ਤੇ ਅਜ਼ਾਦ ਸਮਾਜ ਪਾਰਟੀ ਵਰਗੀਆਂ ਹੋਰ ਧਿਰਾਂ ਇਸ ਖਲਾਅ ਨੂੰ ਭਰਨਗੀਆਂ।

-ਚੰਦ ਫਤਿਹਪੁਰੀ

ਜਥੇਦਾਰ ਬਨਾਮ ਪ੍ਰਧਾਨ !

ਤਖਤ ਸਾਹਿਬ ਨੇ ਦਿੱਤਾ ਸੀ ਹੁਕਮ ਭਾਈ,
ਚੈਨਲ ਆਪਣਾ 'ਆਪ' ਚਲਾਉ ਜਲਦੀ।
ਸੰਗਤ ਵੱਲੋਂ ਇਤਰਾਜ਼ ਹਨ ਬਹੁਤ ਆਏ,
'ਇੱਕੋ' ਚੈਨਲ ਤੋਂ ਖਹਿੜਾ ਛੁਡਾਉ ਜਲਦੀ।
ਮੰਨਿਆ ਹੁਕਮ ਨਾ 'ਛੋਟੇ ਪ੍ਰਧਾਨ ਜੀ' ਨੇ,
ਦੇ 'ਤਾ 'ਟੈਂਡਰਾਂ' ਵਾਲਾ ਸੁਝਾਉ ਜਲਦੀ।
ਚੋਰ-ਮੋਰੀਆਂ 'ਸ਼ਰਤਾਂ' ਵਿੱਚ ਦੱਸੀਆਂ ਨੇ,
'ਪਹਿਲਾਂ ਵਾਲੇ' ਹੀ ਲਾਣਗੇ ਦਾਉ ਜਲਦੀ।
'ਕੋਈ ਦੂਸਰਾ' ਮੰਨੇ ਨਾ ਹੁਕਮ ਜਿਹੜਾ,
'ਉਤਲੇ' ਆਖਦੇ 'ਬਾਗੀ' ਝੁਕਾਉ ਜਲਦੀ।
ਸਿੰਘ ਸਾਹਬ ਜੇ ਕਰੇ ਇਨਕਾਰ ਅੱਗਿਉਂ,
ਉਸ ਨੂੰ ਕਹਿੰਦੇ ਨੇ ਘਰਾਂ ਨੂੰ ਜਾਉ ਜਲਦੀ।

-ਤਰਲੋਚਨ ਸਿੰਘ ਦੁਪਾਲਪੁਰ, 001-408-915-1268

ਮੁਨਾਫ਼ਾਖੋਰ ਭੇੜੀਆਂ ਤੋਂ ਨਿਜਾਤ ਪਾਉਣ ਦੀ ਲੋੜ

ਪਵਨ ਕੁਮਾਰ ਕੌਸ਼ਲ

ਅੱਜ ਵਿਸ਼ਵ ਅੰਦਰ ਵਧ ਰਹੀ ਬੇਰੁਜ਼ਗਾਰੀ ਅਤੇ ਭੁੱਖ ਦੇ ਕਾਰਨ ਵਿਸ਼ਵ ਅਬਾਦੀ ਭਾਰੀ ਕੁਪੋਸ਼ਨ ਦਾ ਸ਼ਿਕਾਰ ਹੁੰਦੀ ਜਾ ਰਹੀ ਹੈ। ਸਭ ਤੋਂ ਭੈੜੀ ਦਸ਼ਾ ਅਫਰੀਕਨ ਮਹਾਂਦੀਪ ਦੀ ਹੈ। ਅਫ਼ਰੀਕੀ ਆਬਾਦੀ ਦਾ ਪੰਜਵਾਂ ਹਿੱਸਾ 27.8 ਕਰੋੜ ਕੁਪੋਸ਼ਣ ਦਾ ਸ਼ਿਕਾਰ ਹੈ ਅਤੇ ਉਸ ਮਹਾਂਦੀਪ ਦੇ ਪੰਜ ਸਾਲ ਤੋਂ ਘੱਟ ਉਮਰ ਦੇ 5.5 ਕਰੋੜ ਬੱਚੇ ਗੰਭੀਰ ਕੁਪੋਸ਼ਣ ਦੇ ਕਾਰਨ ਬੌਣੇ/ਅਵਿਕਸਤ ਹਨ।

ਅਫ਼ਰੀਕਾ ਦੀਆਂ ਸਰਕਾਰਾਂ ਨੇ 2019 ਤੋਂ ਆਪਣੇ ਖੇਤੀਬਾੜੀ ਬਜਟ ਨੂੰ ਘਟਾ ਦਿੱਤਾ ਹੈ ਅਤੇ 2 ਕਰੋੜ ਤੋਂ ਵੱਧ ਲੋਕ ਗੰਭੀਰ ਭੁੱਖਮਰੀ ਵਿੱਚ ਧੱਕੇ ਗਏ ਹਨ। ਇਸ ਤੋਂ ਇਲਾਵਾ ਦੁਨੀਆ ਦੇ ਸਭ ਤੋਂ ਗਰੀਬ ਦੇਸ਼ਾਂ ਨੇ 2022 ਵਿੱਚ 43 ਅਰਬ ਡਾਲਰ ਕਰਜ਼ੇ ਦੀ ਅਦਾਇਗੀ ਕਰਨੀ ਸੀ, ਜੋ ਕਿ ਉਨ੍ਹਾਂ ਦੇ ਭੋਜਨ ਆਯਾਤ ਦੀਆਂ ਲਾਗਤਾਂ ਨੂੰ ਪੂਰਾ ਕਰ ਸਕਦਾ ਹੈ।

ਸਤੰਬਰ 2022 ਤੱਕ ਦੁਨੀਆ ਭਰ ਵਿੱਚ ਲਗਭਗ 34.5 ਕਰੋੜ ਲੋਕ ਭੁੱਖਮਰੀ ਦਾ ਸ਼ਿਕਾਰ ਸਨ, ਇਹ ਸੰਖਿਆ ਜੋ 2019 ਤੋਂ ਦੁੱਗਣੀ ਤੋਂ ਵੱਧ ਹੋ ਗਈ ਹੈ। ਇਸ ਤੋਂ ਇਲਾਵਾ ਹਰ ਚਾਰ ਸਕਿੰਟ ਵਿੱਚ ਇੱਕ ਵਿਅਕਤੀ ਭੁੱਖ ਨਾਲ ਮਰ ਰਿਹਾ ਹੈ। 2019 ਤੋਂ 2022 ਤੱਕ ਕੁਪੋਸ਼ਣ ਦੇ ਸ਼ਿਕਾਰ ਲੋਕਾਂ ਦੀ ਗਿਣਤੀ 15 ਕਰੋੜ ਵਧੀ ਹੈ।

ਨਾਟੋ ਦੇਸ਼ਾਂ ਤੋਂ ਅਰਬਾਂ ਡਾਲਰਾਂ ਦੇ ਹਥਿਆਰ ਯੂਕਰੇਨ ਵਿੱਚ ਢੋਣੇ ਜਾਰੀ ਹਨ, ਕਿਉਂਕਿ ਅਮਰੀਕੀ ਰਈਸ/ਕੁਲੀਨ ਰੂਸ ਵਿੱਚ ਸ਼ਾਸਨ ਤਬਦੀਲੀ ਅਤੇ ਉਸ ਦੇਸ਼ ਦੇ ਬਾਲਕਨੀਕਰਨ ਦੇ ਆਪਣੇ ਟੀਚੇ ਦਾ ਪਿੱਛਾ ਕਰਦੇ ਹਨ।

ਫਿਰ ਵੀ ਨਾਟੋ ਦੇਸ਼ਾਂ ਦੇ ਲੋਕ ਨਿੱਤ ਵਧ ਰਹੀਆਂ ਮੁਸ਼ਕਲਾਂ ਦਾ ਅਨੁਭਵ ਕਰ ਰਹੇ ਹਨ। ਅਮਰੀਕਾ ਨੇ ਯੂਕਰੇਨ ਨੂੰ ਲਗਭਗ 80 ਅਰਬ ਡਾਲਰ ਭੇਜੇ ਹਨ, ਜਦੋਂ ਕਿ ਪੂਰੇ ਅਮਰੀਕਾ ਵਿੱਚ 3 ਕਰੋੜ ਘੱਟ ਆਮਦਨੀ ਵਾਲੇ ਲੋਕ ਭੁੱਖਮਰੀ ਦੀ ਚੱਟਾਨ ਦੇ ਕਿਨਾਰੇ 'ਤੇ ਹਨ, ਕਿਉਂਕਿ ਉਨ੍ਹਾਂ ਦੀ ਸੰਘੀ ਭੋਜਨ ਸਹਾਇਤਾ ਦਾ ਇੱਕ ਹਿੱਸਾ ਖੋਹ ਲਿਆ ਗਿਆ ਹੈ। 2021 ਵਿੱਚ ਇਹ ਅੰਦਾਜ਼ਾ ਲਗਾਇਆ ਗਿਆ ਸੀ ਕਿ ਅਮਰੀਕਾ ਵਿੱਚ ਅੱਠ ਵਿੱਚੋਂ ਇੱਕ ਬੱਚਾ ਭੁੱਖਾ ਰਹਿ ਰਿਹਾ ਹੈ। ਇੰਗਲੈਂਡ ਵਿੱਚ, 1,00,000 ਬੱਚਿਆਂ ਨੂੰ ਮੁਫਤ ਸਕੂਲੀ ਭੋਜਨ ਤੋਂ ਬਾਹਰ ਕਰ ਦਿੱਤਾ ਗਿਆ ਹੈ।

ਮਹਾਂ ਖੇਡ ਦੀ ਇਹ ਭੋਜਨ ਰਾਜਨੀਤੀ ਜਾਰੀ ਰਹਿੰਦੀ ਹੈ ਅਤੇ ਨਤੀਜੇ ਵਜੋਂ ਕੁਲੀਨ/ਅਮੀਰਾਂ ਦੇ ਹਿੱਤ ਲੱਖਾਂ ਲੋਕਾਂ ਦੀਆਂ ਜ਼ਿੰਦਗੀਆਂ ਨਾਲ ਖੇਡਦੇ ਹਨ। ਨੀਤੀਆਂ, ਆਰਥਕ ਵਿਗਿਆਨ ਅਤੇ ਲੋੜ ਦੇ ਰੂਪ ਵਿੱਚ ਨਕਾਬਪੋਸ਼ ਨਵਉਦਾਰਵਾਦੀ ਸਿਧਾਂਤ ਦੁਆਰਾ ਆਧਾਰਤ, ਜੋ ਨਿਰਭਰਤਾ ਪੈਦਾ ਕਰਨ ਅਤੇ ਮੁੱਠੀ ਭਰ ਬਹੁ-ਅਰਬਪਤੀਆਂ ਅਤੇ ਗਲੋਬਲ ਐਗਰੀਬਿਜ਼ਨਸ ਕਾਰਪੋਰੇਸ਼ਨਾਂ ਨੂੰ ਲਾਭ ਪਹੁੰਚਾਉਣ ਲਈ ਤਿਆਰ ਕੀਤੀਆਂ ਗਈਆਂ ਹਨ, ਜੋ ਵਿਸ਼ਵ ਬੈਂਕ, ਆਈ ਐੱਮ ਐੱਫ ਅਤੇ ਡਬਲ ਯੂ ਟੀ ਓ ਦੁਆਰਾ ਸਮਰੱਥ ਤੌਰ 'ਤੇ ਸਹਾਇਤਾ ਪ੍ਰਾਪਤ ਹਨ।

ਇਹਨਾਂ ਵਿੱਚੋਂ ਬਹੁਤ ਸਾਰੀਆਂ ਕਾਰਪੋਰੇਸ਼ਨਾਂ ਨੇ ਜੋ ਅਜਿਹੇ ਸਮੇਂ ਵਿੱਚ ਵੱਡੇ ਪੱਧਰ 'ਤੇ ਮੁਨਾਫਾਖੋਰੀ ਵਿੱਚ ਰੁਝੀਆਂ ਹੋਈਆਂ ਹਨ, ਜਦੋਂ ਦੁਨੀਆ ਭਰ ਦੇ ਲੋਕ ਵਧ ਰਹੀ ਖੁਰਾਕੀ ਮਹਿੰਗਾਈ ਦਾ ਸਾਹਮਣਾ ਕਰ ਰਹੇ ਹਨ। ਉਦਾਹਰਨ ਲਈ ਅਨਾਜ, ਖਾਦ, ਮੀਟ ਅਤੇ ਡੇਅਰੀ ਖੇਤਰਾਂ ਵਿੱਚ 20 ਕਾਰਪੋਰੇਸ਼ਨਾਂ ਨੇ ਵਿੱਤੀ ਸਾਲਾਂ 2020 ਅਤੇ 2021 ਵਿੱਚ ਸ਼ੇਅਰਧਾਰਕਾਂ ਨੂੰ 53.5 ਅਰਬ ਡਾਲਰ ਦੀ ਵੰਡ ਕੀਤੀ। ਉਸੇ ਸਮੇਂ ਸੰਯੁਕਤ ਰਾਸ਼ਟਰ ਦਾ ਅੰਦਾਜ਼ਾ ਹੈ ਕਿ 51.5 ਅਰਬ ਡਾਲਰ ਭੋਜਨ, ਆਸਰਾ ਅਤੇ ਜੀਵਨ ਬਚਾਉਣ ਲਈ ਦੁਨੀਆ ਦੇ 23 ਕਰੋੜ ਸਭ ਤੋਂ ਕਮਜ਼ੋਰ ਲੋਕਾਂ ਲਈ ਸਹਾਇਤਾ ਪ੍ਰਦਾਨ ਕਰਨ ਲਈ ਕਾਫੀ ਹੋਣਗੇ।

ਆਕਸਫਾਮ ਦੀ 16 ਜਨਵਰੀ 2023 ਨੂੰ ਜਾਰੀ ਇੱਕ ਰਿਪੋਰਟ ਮੁਤਾਬਕ ਵਿਸ਼ਵ ਦੇ ਸਭ ਤੋਂ ਅਮੀਰ 1 ਫੀਸਦੀ ਕੋਲ ਬਾਕੀ 99 ਫੀਸਦੀ ਲੋਕਾਂ ਨਾਲੋਂ ਲੱਗਭੱਗ ਦੁੱਗਣੀ ਦੌਲਤ ਹੈ। ਅਰਬਪਤੀਆਂ ਦੀ ਦੌਲਤ ਵਿੱਚ ਪ੍ਰਤੀ ਦਿਨ 2.7 ਅਰਬ ਡਾਲਰ ਤੋਂ ਵੱਧ ਦਾ ਵਾਧਾ ਹੁੰਦਾ ਹੈ। 1.7 ਅਰਬ ਕਾਮੇ ਉਨ੍ਹਾਂ ਦੇਸ਼ਾਂ ਵਿੱਚ ਰਹਿ ਰਹੇ ਹਨ, ਜਿਥੇ ਮਹਿੰਗਾਈ ਉਨ੍ਹਾਂ ਦੀ ਉਜਰਤ ਨਾਲੋ ਵੱਧ ਹੈ। ਜੇ ਵਿਸ਼ਵ ਦੇ ਅਰਬਪਤੀਆਂ ਉਪਰ 5 ਫੀਸਦੀ ਟੈਕਸ ਲਗਾ ਦਿੱਤਾ ਜਾਵੇ ਤਾਂ 1.7 ਖਰਬ ਡਾਲਰ ਪ੍ਰਤੀ ਸਾਲ ਆ ਸਕਦੇ ਹਨ, ਜਿਹੜੇ 2 ਅਰਬ ਲੋਕਾਂ ਨੂੰ ਗਰੀਬੀ 'ਚੋਂ ਬਾਹਰ ਕੱਢਣ ਲਈ ਕਾਫੀ ਹਨ।

ਭਾਰਤੀ ਅਰਬਪਤੀ ਗੌਤਮ ਅਡਾਨੀ ਦੀ 2022 ਵਿੱਚ ਦੌਲਤ ਵਿੱਚ 42 ਅਰਬ ਡਾਲਰ ਦਾ ਵਾਧਾ ਹੋਇਆ ਕੋਈ 46 ਫੀਸਦੀ ਦਾ। ਧਰਤੀ ਤੇ ਹਰ 10 ਮਗਰ ਇੱਕ ਵਿਆਕਤੀ ਭੁੱਖਾ ਰਹਿੰਦਾ ਹੈ। ਅਮਰੀਕਾ, ਇੰਗਲੈਂਡ ਅਤੇ ਆਸਟਰੇਲੀਆ ਵਿੱਚ 54%, 59% ਅਤੇ 60% ਮਹਿੰਗਾਈ ਨੇ ਕਾਰਪੋਰੇਟ ਘਰਾਣਿਆਂ ਨੂੰ ਭਾਰੀ ਮੁਨਾਫਾ ਦਿੱਤਾ। ਵਿਸ਼ਵ ਦੇ 10 ਸਭ ਤੋਂ ਅਮੀਰ ਵਿਅਕਤੀਆਂ ਨੇ ਕੋਵਿਡ ਮਹਾਂਮਾਰੀ ਦੌਰਾਨ ਆਪਣੀਆਂ ਆਮਦਨਾਂ ਦੋ ਗੁਣਾਂ ਕਰ ਲਈਆਂ, ਜਦੋਂ ਕਿ 99 ਫੀਸਦੀ ਲੋਕਾਂ ਦੀ ਆਮਦਨ ਘਟੀ ਹੈ। ਇਸ ਅੰਨ੍ਹੀ ਲੁੱਟ ਦੇ ਕਾਰਨ ਹਰ 26 ਘੰਟੇ ਦੌਰਾਨ ਇੱਕ ਅਰਬਪਤੀ ਪੈਦਾ ਹੁੰਦਾ ਹੈ ਅਤੇ ਹਰ ਚਾਰ ਸਕਿੰਟਾਂ ਵਿੱਚ ਇੱਕ ਵਿਅਕਤੀ ਮਰਦਾ ਹੈ। ਇਹ ਹੈ ਮੁਨਾਫਾਖੋਰਾਂ ਦੀ ਭੁੱਖ।

'ਦਾ ਵਾਇਰ' ਲਿਖਦਾ ਹੈ ਕਿ ਭਾਰਤ ਦੇ 20 ਸਭ ਤੋਂ ਵੱਡੇ ਮੁਨਾਫਾ ਲੈਣ ਵਾਲੇ ਦੇਸ਼ ਦੇ ਮੁਨਾਫੇ ਦਾ 80 ਫੀਸਦੀ ਕਮਾ ਰਹੇ ਹਨ। ਇੱਕ ਦਹਾਕਾ ਪਹਿਲਾਂ ਇਹ ਅੰਕੜਾ ਲਗਭਗ 40 ਫੀਸਦੀ ਸੀ। ਇਹ ਇੱਕ ਧਰੁਵੀਕ੍ਰਿਤ ਸ਼ੇਅਰ ਸਟਾਕ ਮਾਰਕੀਟ ਦੀ ਅਗਵਾਈ ਕਰ ਰਿਹਾ ਹੈ। ਮੁੱਠੀ ਭਰ ਕੰਪਨੀਆਂ ਬਿਲਕੁਲ 20 ਹੁਣ ਮੁਨਾਫ਼ੇ ਦਾ ਲਗਭਗ 80 ਫੀਸਦੀ ਲੈ ਰਹੀਆਂ ਹਨ ਅਤੇ ਭਾਰਤੀ ਕਾਰਪੋਰੇਟ ਸੈਕਟਰ ਦੁਆਰਾ ਤਿਆਰ ਕੀਤੇ ਗਏ ਦਾ ਅੱਧੇ ਤੋਂ ਵੱਧ ਹਿੱਸਾ ਲੈ ਰਹੀਆਂ ਹਨ।

ਭਾਰਤ ਦੀ ਭੁੱਖਮਰੀ ਦੀ ਸਮੱਸਿਆ ਗੰਭੀਰ ਹੁੰਦੀ ਜਾ ਰਹੀ ਹੈ। ਗਰੀਬ ਸਮੂਹ ਲਗਾਤਾਰ ਗਰੀਬੀ ਅਤੇ ਭੁੱਖ ਦਾ ਸ਼ਿਕਾਰ ਰਹਿੰਦਾ ਹੈ। ਜਿਵੇਂ-ਜਿਵੇਂ ਸਮੱਸਿਆ ਵਿਗੜਦੀ ਜਾਂਦੀ ਹੈ, ਸਰਕਾਰ ਕੋਈ ਸਾਰਥਕ ਹੱਲ ਦੇਣ ਦੀ ਬਜਾਏ ਗਲਤ ਅੰਕੜਿਆਂ ਵੱਲ ਇਸ਼ਾਰਾ ਕਰਦੀ ਹੈ।

ਇੱਕ 'ਨਵੀਂ ਦੁਨੀਆਂ' ਜਿੱਥੇ ਜੈਨੇਟਿਕ ਤੌਰ 'ਤੇ ਇੰਜੀਨੀਅਰਿੰਗ ਆਈਟਮਾਂ, ਸਿੰਥੈਟਿਕ ਫੂਡ ਅਤੇ ਅਲਟਰਾ-ਪ੍ਰੋਸੈੱਸਡ ਉਤਪਾਦਾਂ ਦਾ ਮਿਸ਼ਰਣ ਆਮ ਨਾਲੋਂ ਕਿਤੇ ਜ਼ਿਆਦਾ ਨੁਕਸਾਨ ਕਰੇਗਾ, ਪਰ ਯਕੀਨੀ ਤੌਰ 'ਤੇ ਫਾਰਮਾਸਿਊਟੀਕਲ ਕਾਰਪੋਰੇਸ਼ਨਾਂ ਦੀ ਹੇਠਲੀ ਲਾਈਨ ਨੂੰ ਵਧਾਏਗਾ।

ਜਿਸ ਮਾਡਲ ਨੂੰ ਇਹ ਕਾਰਪੋਰੇਸ਼ਨਾਂ ਪ੍ਰਚਾਰਦੀਆਂ ਹਨ, ਉਹ ਨਾ ਸਿਰਫ਼ ਭੋਜਨ ਦੀ ਅਸੁਰੱਖਿਆ ਪੈਦਾ ਕਰਦੀਆਂ ਹਨ, ਸਗੋਂ ਮੌਤ ਅਤੇ ਬਿਮਾਰੀ ਨੂੰ ਵੀ ਸੱਦਾ ਦਿੰਦੀਆਂ ਹਨ। ਇੱਕ ਭ੍ਰਿਸ਼ਟ ਅਤੇ ਭ੍ਰਿਸ਼ਟ ਸਮਾਜ ਵਿੱਚ ਸਿਹਤ ਨੂੰ ਨੁਕਸਾਨ ਪਹੁੰਚਾਉਣ ਵਾਲੇ ਖੇਤੀ ਕਾਰੋਬਾਰੀ ਕਾਰਪੋਰੇਸ਼ਨਾਂ ਨੂੰ ਲੇਖਾ ਦੇਣ ਲਈ ਕੁਝ ਨਹੀਂ ਕਰਦੇ ਹੋਏ ਆਬਾਦੀ ਨੂੰ ਸਦਮਾ ਦੇਣ ਵਿੱਚ ਸਹਾਈ ਸਿੱਧ ਹੋ ਰਹੇ ਹਨ।

ਕੋਵਿਡ-19 ਦੀ ਪ੍ਰਕੋਪੀ ਦੌਰਾਨ ਅਸੀਂ ਦੇਖਿਆ ਹੈ ਕਿ ਕਰੋੜਾਂ ਲੋਕਾਂ ਦਾ ਰੁਜ਼ਗਾਰ ਖੁਸ ਗਿਆ, ਛੋਟੇ ਅਤੇ ਦਰਮਿਆਨੇ ਕਾਰੋਬਾਰ ਬੰਦ ਹੋ ਗਏ ਅਤੇ ਭੁੱਖਮਰੀ ਨੇ ਆਪਣੇ ਪੈਰ ਪਸਾਰਨੇ ਸ਼ੁਰੂ ਕਰ ਦਿੱਤੇ ਸਨ। ਪ੍ਰੰਤੂ ਕਾਰਪੋਰੇਟ ਘਰਾਣਿਆਂ ਅਤੇ ਬਹੁ-ਕੌਮੀ ਕਾਰਪੋਰੇਸ਼ਨਾਂ ਦੇ ਮੁਨਾਫਿਆਂ'ਚ ਕਮੀ ਹੋਣ ਦੀ ਥਾਂ ਮੋਟਾ ਇਜ਼ਾਫਾ ਹੋਇਆ ਹੈ। ਕੋਵਿਡ-19 ਉਨ੍ਹਾਂ ਲਈ ਇੱਕ ਵਰਦਾਨ ਸਾਬਤ ਹੋਇਆ। ਇਹ ਸਭ ਕੁਝ ਕੁਦਰਤੀ ਨਹੀ ਵਾਪਰਿਆ, ਸਗੋਂ ਇੱਕ ਗਿਣੀ-ਮਿਥੀ ਸਾਜ਼ਿਸ਼ ਅਧੀਨ ਕੀਤਾ ਗਿਆ ਅਤੇ ਹੁਣ ਵੀ ਹੋ ਰਿਹਾ।

ਪੂੰਜੀਪਤੀਆਂ ਦਾ ਦੀਨ ਇਮਾਨ ਸਭ ਕੁੱਝ ਮੁਨਾਫਾ ਹੀ ਹੈ ਉਹ ਮੁਨਾਫੇ ਲਈ ਕੁੱਝ ਵੀ ਕਰ ਸਕਦੇ ਹਨ ਅਤੇ ਕਰ ਰਹੇ ਹਨ।ਬਹੁ-ਰਾਸ਼ਟਰੀ ਕੰਪਨੀਆਂ ਉਨ੍ਹਾਂ ਖੇਤਰਾਂ ਵਿੱਚ ਆਪਣੀ ਸਨਅਤਾਂ ਲਗਾਉਂਦੀਆਂ ਹਨ ਜਿੱਥੇ ਉਨ੍ਹਾਂ ਨੂੰ ਸਸਤੀ ਮਜ਼ਦੂਰੀ ਅਤੇ ਹੋਰ ਸਰੋਤ ਉਪੱਲਭਦ ਹੁੰਦੇ ਹਨ, ਕਿਉਂਕਿ ਉਹ ਉਤੱਪਾਦਨ ਦੀ ਲਾਗਤ ਨੂੰ ਘੱਟਾਉਂਦੇ ਹਨ ਅਤੇ ਆਪਣੇ ਵਧੇਰੇ ਮੁਨਾਫਾ ਯਕੀਨੀ ਬਣਾਉਂਦੇ ਹਨ।

ਵਿਸ਼ਵ ਪੱਧਰ ਉਪੱਰ ਬਹੂ-ਕੌਮੀ ਕਾਰਪੋਰੇਸ਼ਨਾਂ ਦਾ ਬੋਲ ਬਾਲਾ ਅਤੇ ਇਜ਼ਾਰੇਦਰੀ ਹੋਣ ਕਾਰਨ ਇਨ੍ਹਾਂ ਦਾ ਮੁਨਾਫਾ ਵਧਣ ਨਾਲ ਆਮ ਲੋਕਾਂ ਦੀ ਆਮਦਨ ਵਿੱਚ ਭਾਰੀ ਗਿਰਾਵਟ ਆਉਂਦੀ ਜਾਂਦੀ ਹੈ। ਇਸ ਮੁਨਾਫਾਖੋਰੀ ਵਾਲੇ ਸਮਾਜ ਅੰਦਰ ਭੁੱਖ, ਕੁਪੋਸ਼ਣ ਅਤੇ ਗਰੀਬੀ ਵੱਧਦੀ ਜਾ ਰਹੀ ਹੈ।

ਏਕਾਧਿਕਾਰ/ਇਜ਼ਾਰੇਦਾਰੀ ਦਾ ਅਰਥ ਹੈ ਪੂੰਜੀਪਤੀਆਂ ਵਿਚਕਾਰ ਇੱਕ ਸਮਝੌਤਾ, ਗਠਜੋੜ ਜਾਂ ਐਸੋਸੀਏਸ਼ਨ, ਜੋ ਕਿ ਇੱਕ ਜਾਂ ਕਈ ਸ਼ਾਖਾਵਾਂ ਦੇ ਉਤਪਾਦਨ ਦੇ ਇੱਕ ਮਹੱਤਵਪੂਰਨ ਹਿੱਸੇ ਦੇ ਉਤਪਾਦਨ ਅਤੇ ਵਿਕਰੀ ਨੂੰ ਆਪਣੇ ਹੱਥਾਂ ਵਿੱਚ ਕੇਂਦਰਤ ਕਰਦੇ ਹਨ, ਤਾਂ ਜੋ ਵਸਤੂਆਂ ਦੀਆਂ ਉੱਚੀਆਂ ਕੀਮਤਾਂ ਨਿਰਧਾਰਤ ਕੀਤੀਆਂ ਜਾ ਸਕਣ ਅਤੇ ਅਜਾਰੇਦਾਰ ਉੱਚ ਮੁਨਾਫੇ ਪ੍ਰਾਪਤ ਕਰ ਸਕਣ

ਵੱਧ ਤੋਂ ਵੱਧ ਮੁਨਾਫੇ ਦੀ ਪ੍ਰਾਪਤੀ ਲਈ ਬਾਹਰਮੁਖੀ ਹਾਲਤਾਂ ਪੈਦਾਵਾਰ ਦੀਆਂ ਵੱਖ-ਵੱਖ ਸ਼ਾਖਾਵਾਂ ਵਿੱਚ ਅਜਾਰੇਦਾਰਾਂ ਦੇ ਦਬਦਬੇ ਦੀ ਸਥਾਪਨਾ ਦੁਆਰਾ ਬਣਾਈਆਂ ਜਾਂਦੀਆਂ ਹਨ। ਸਾਮਰਾਜਵਾਦ ਦੇ ਪੜਾਅ ਵਿੱਚ ਪੂੰਜੀ ਦਾ ਕੇਂਦਰੀਕਰਨ ਅਤੇ ਕੇਂਦਰੀਕਰਨ ਆਪਣੇ ਉੱਚੇ ਪੱਧਰ ਨੂੰ ਪ੍ਰਾਪਤ ਕਰਦਾ ਹੈ। ਇਸਦੇ ਕਾਰਨ, ਪੂੰਜੀ ਦਾ ਵਿਸ਼ਾਲ ਨਿਵੇਸ਼ ਕੀਤਾ ਜਾਂਦਾ ਹੈ।ਵੱਧ ਤੋਂ ਵੱਧ ਮੁਨਾਫ਼ੇ ਲੈ ਕੇ ਅਜਾਰੇਦਾਰ ਪੂੰਜੀਵਾਦੀ ਸੰਸਾਰ ਵਿੱਚ ਆਪਣੀ ਸਰਦਾਰੀ ਕਾਇਮ ਕਰਨ ਦੇ ਯੋਗ ਹੁੰਦੇ ਹਨ।

ਮੁਨਾਫਾਖੋਰਾਂ ਦੇ ਲਗਾਤਾਰ ਵੱਧ ਰਹੇ ਮੁਨਾਫੇ ਕਾਰਨ ਹੀ ਅੱਜ ਸੰਸਾਰ ਵਿੱਚ ਇੱਕ ਅਰਬ ਤੋਂ ਵੱਧ ਲੋਕ ਗਰੀਬੀ ਦੀਆਂ ਗੈਰ-ਮਨੁੱਖੀ ਸਥਿਤੀਆਂ ਵਿੱਚ ਰਹਿੰਦੇ ਹਨ, ਜ਼ਿਆਦਾਤਰ ਵਿਕਾਸਸ਼ੀਲ ਦੇਸ਼ਾਂ ਵਿੱਚ, ਖਾਸ ਕਰਕੇ ਏਸ਼ੀਆ ਅਤੇ ਪ੍ਰਸ਼ਾਂਤ, ਅਫਰੀਕਾ, ਲਾਤੀਨੀ ਅਮਰੀਕਾ ਅਤੇ ਕੈਰੇਬੀਅਨ ਅਤੇ ਸਭ ਤੋਂ ਘੱਟ ਵਿਕਸਤ ਦੇਸ਼ਾਂ ਵਿੱਚ ਘੱਟ ਆਮਦਨੀ ਵਾਲੇ ਦੇਸ਼ਾਂ ਦੇ ਪੇਂਡੂ ਖੇਤਰਾਂ ਵਿੱਚ। ਗਰੀਬੀ ਦੇ ਕਈ ਪ੍ਰਗਟਾਵੇ ਹਨ: ਭੁੱਖ ਅਤੇ ਕੁਪੋਸ਼ਣ; ਖਰਾਬ ਸਿਹਤ; ਸਿੱਖਿਆ ਅਤੇ ਹੋਰ ਬੁਨਿਆਦੀ ਸੇਵਾਵਾਂ ਤੱਕ ਪਹੁੰਚ ਸੀਮਤ ਜਾਂ ਕਮੀ; ਵਧੀ ਹੋਈ ਬਿਮਾਰੀ ਅਤੇ ਮੌਤ ਦਰ, ਬੇਘਰ ਹੋਣਾ ਅਤੇ ਨਾਕਾਫ਼ੀ ਰਿਹਾਇਸ਼, ਅਸੁਰੱਖਿਅਤ ਵਾਤਾਵਰਨ, ਸਮਾਜਕ ਵਿਤਕਰਾ ਅਤੇ ਬੇਦਖਲੀ।

ਗਰੀਬੀ ਅਟੁੱਟ ਤੌਰ 'ਤੇ ਜ਼ਮੀਨ, ਹੁਨਰ, ਗਿਆਨ, ਪੂੰਜੀ ਅਤੇ ਸਮਾਜਿਕ ਸਬੰਧਾਂ ਸਮੇਤ ਸਰੋਤਾਂ ਤੱਕ ਪਹੁੰਚ ਦੀ ਘਾਟ ਜਾਂ ਨਿਯੰਤਰਣ ਦੇ ਨੁਕਸਾਨ ਨਾਲ ਜੁੜੀ ਹੋਈ ਹੈ। ਉਨ੍ਹਾਂ ਸਾਧਨਾਂ ਤੋਂ ਬਿਨਾਂ, ਲੋਕਾਂ ਦੀ ਸੰਸਥਾਵਾਂ, ਬਾਜ਼ਾਰਾਂ, ਰੁਜ਼ਗਾਰ ਅਤੇ ਜਨਤਕ ਸੇਵਾਵਾਂ ਤੱਕ ਸੀਮਤ ਪਹੁੰਚ ਹੈ। ਨੌਜਵਾਨ ਲੋਕ ਇਸ ਸਥਿਤੀ ਤੋਂ ਖਾਸ ਤੌਰ 'ਤੇ ਪ੍ਰਭਾਵਿਤ ਹੁੰਦੇ ਹਨ। ਇਸ ਲਈ, ਗਰੀਬੀ ਨੂੰ ਹੱਲ ਕਰਨ ਲਈ ਖਾਸ ਉਪਾਵਾਂ ਦੀ ਲੋੜ ਹੈ।

ਭੁੱਖ ਅਤੇ ਕੁਪੋਸ਼ਣ ਮਨੁੱਖਤਾ ਲਈ ਸਭ ਤੋਂ ਗੰਭੀਰ ਅਤੇ ਅਟੁੱਟ ਖਤਰਿਆਂ ਵਿੱਚੋਂ ਬਣਿਆ ਹੋਇਆ ਜੋਖਮ ਹੈ, ਜੋ ਅਕਸਰ ਨੌਜਵਾਨਾਂ ਅਤੇ ਬੱਚਿਆਂ ਨੂੰ ਸਮਾਜ ਵਿੱਚ ਹਿੱਸਾ ਲੈਣ ਤੋਂ ਰੋਕਦਾ ਹੈ। ਭੁੱਖ ਬਹੁਤ ਸਾਰੇ ਕਾਰਕਾਂ ਦਾ ਨਤੀਜਾ ਹੈ: ਭੋਜਨ ਉਤਪਾਦਨ ਅਤੇ ਵੰਡ ਦਾ ਕੁਪ੍ਰਬੰਧ; ਗਰੀਬ ਪਹੁੰਚਯੋਗਤਾ; ਵਿੱਤੀ ਸਰੋਤਾਂ ਦੀ ਖਰਾਬ ਵੰਡ; ਕੁਦਰਤੀ ਸਰੋਤਾਂ ਦੀ ਬੇਸਮਝੀ ਨਾਲ ਸ਼ੋਸ਼ਣ; ਖਪਤ ਦੇ ਅਸਥਿਰ ਪੈਟਰਨ; ਵਾਤਾਵਰਣ ਪ੍ਰਦੂਸ਼ਣ; ਕੁਦਰਤੀ ਅਤੇ ਮਨੁੱਖ ਦੁਆਰਾ ਬਣਾਈਆਂ ਆਫ਼ਤਾਂ; ਰਵਾਇਤੀ ਅਤੇ ਸਮਕਾਲੀ ਉਤਪਾਦਨ ਪ੍ਰਣਾਲੀਆਂ ਵਿਚਕਾਰ ਟਕਰਾਅ; ਤਰਕਹੀਣ ਆਬਾਦੀ ਦਾ ਵਾਧਾ ਅਤੇ ਸਾਮਰਾਜਵਾਦੀ ਮੁਨਾਫਾਖੋਰਾਂ ਵਲੋਂ ਜੰਗਾਂ ਛੇੜਨਾ ਆਦਿ ।

ਇਨ੍ਹਾਂ ਮੁਨਾਫਾਖੋਰ ਭੇੜੀਆਂ ਤੋਂ ਨਿਜਾਤ ਪਾਉਣ ਲਈ ਪੂੰਜੀਵਾਦ ਨੂੰ ਉਖਾੜਨਾ ਪਵੇਗਾ ਅਤੇ ਸਮਾਜਵਾਦ ਸਥਾਪਤ ਕਰਨਾ ਹੋਵੇਗਾ। ਸਮਾਜਵਾਦ ਉਦੋਂ ਹੁੰਦਾ ਹੈ, ਜਦੋਂ ਮਜ਼ਦੂਰ ਜਮਾਤ ਸੱਤਾ ਦਾ ਕੰਟਰੋਲ ਆਪਣੇ ਹੱਥਾਂ ਵਿੱਚ ਲੈ ਲਵੇਗੀ, ਜਿਸ ਦੇ ਨਤੀਜੇ ਵਜੋਂ ਬਰਾਬਰ ਆਮਦਨ ਅਤੇ ਇੱਕ ਨਿਆਂਪੂਰਨ ਸਮਾਜ ਦੀ ਸਿਰਜਣਾ ਹੋਵੇਗੀ।

ਸੰਪਰਕ : 98550-04500

ਧੜੱਲੇ ਨਾਲ ਚੱਲ ਰਿਹਾ ਹੈ ਚਿੱਟੇ ਦੁੱਧ ਦਾ ਕਾਲਾ ਕਾਰੋਬਾਰ

ਬਲਬੀਰ ਸਿੰਘ ਬੱਬੀ

ਪਸ਼ੂਆਂ ਰਾਹੀਂ ਪ੍ਰਾਪਤ ਹੋ ਰਹੀ ਕੁਦਰਤੀ ਖੁਰਾਕ ਦੁੱਧ, ਜੋ ਇਨਸਾਨ ਦੀ ਸਭ ਤੋਂ ਪਹਿਲੀ ਤੇ ਜ਼ਰੂਰੀ ਮੁੱਢਲੀ ਖੁਰਾਕ ਹੈ। ਪੁਰਾਤਨ ਸਮੇਂ ਤੋਂ ਲੈ ਕੇ ਹੁਣ ਤੱਕ ਦੁੱਧ ਪ੍ਰਾਪਤੀ ਲਈ ਸਾਡੇ ਪੰਜਾਬ ਦੇ ਘਰਾਂ ਵਿੱਚ ਮੱਝ ਜਾਂ ਗਾਂ ਜ਼ਰੂਰੀ ਰੱਖੀ ਜਾਂਦੀ ਸੀ। ਹਰ ਘਰ ਅਮੀਰ ਜਾਂ ਗਰੀਬ ਵਿੱਚ ਦੁੱਧ ਦੀਆਂ ਲਹਿਰਾਂ-ਬਹਿਰਾਂ ਸਨ। ਦੁੱਧ ਨੂੰ ਪਾਕਿ-ਪਵਿੱਤਰ ਸਮਝਿਆ ਜਾਂਦਾ ਸੀ। ਇਹ ਸੱਚੀਆਂ ਗੱਲਾਂ ਉਨ੍ਹਾਂ ਚੰਗੇ ਵੇਲਿਆਂ ਦੀਆਂ ਸਨ ਕਿ ਜਿਸ ਨੇ ਦੁੱਧ ਵੇਚ ਲਿਆ, ਉਸ ਨੇ ਪੁੱਤ ਵੇਚ ਲਿਆ, ਪਰ ਅੱਜ ਦੁੱਧ ਤਾਂ ਕੀ ਪੁੱਤ ਵੀ ਵਿਕਾਊ ਹੋ ਕੇ ਵਿਕ ਨਹੀਂ ਰਹੇ।

ਕਿਸੇ ਵੀ ਕੰਮ-ਕਾਰ ਵਿੱਚ ਤਰੱਕੀ ਤੇ ਤਬਦੀਲੀ ਬਹੁਤ ਜ਼ਰੂਰੀ ਹੈ ਪਰ ਇਹ ਤਰੱਕੀ ਤੇ ਤਬਦੀਲੀ ਇੰਨੀ ਵੀ ਨਾ ਹੋਵੇ, ਜੋ ਨੁਕਸਾਨਦੇਹ ਸਿੱਧ ਹੋਵੇ। ਆਪਾਂ ਗੱਲਬਾਤ ਕਰ ਰਹੇ ਸੀ ਸਾਡੇ ਪੰਜਾਬ ਵਿੱਚ ਦੁੱਧ ਦੀ। ਪੁਰਾਤਨ ਸਮਿਆਂ ਵਿੱਚ ਸਾਡੇ ਪੰਜਾਬ ਵਿੱਚ ਦੁੱਧ ਨੂੰ ਵੇਚਣਾ ਚੰਗਾ ਨਹੀਂ ਸਮਝਿਆ ਜਾਂਦਾ ਸੀ। ਹੌਲੀ-ਹੌਲੀ ਦੁੱਧ ਨੂੰ ਸਹਾਇਕ ਧੰਦੇ ਰਾਹੀਂ ਵੱਡੇ ਸ਼ਹਿਰਾਂ ਦੇ ਨੇੜਲੇ ਪੇਂਡੂ ਇਲਾਕੇ ਦੇ ਲੋਕਾਂ ਨੇ ਵੇਚਣਾ ਸ਼ੁਰੂ ਕੀਤਾ ਤੇ ਆਮਦਨ ਦਾ ਸਾਧਨ ਵੀ ਬਣ ਗਿਆ। ਇਸ ਤਰੀਕੇ ਚੱਲਿਆ ਦੁੱਧ ਦਾ ਛੋਟਾ ਕੰਮ ਅੱਜ ਵੱਡਾ ਕਾਰੋਬਾਰ ਬਣ ਗਿਆ।

ਚਿੱਟੇ ਦੁੱਧ ਦਾ ਕਾਲਾ ਕਾਰੋਬਾਰ ਅਜਿਹਾ ਚੱਲਿਆ ਕਿ ਜੋ ਦੁੱਧ ਕਿਸੇ ਵੇਲੇ ਤੰਦਰੁਸਤੀ ਲਈ ਬਹੁਤ ਵਧੀਆ ਸਮਝਿਆ ਜਾਂਦਾ ਸੀ, ਅੱਜ ਇਹੀ ਦੁੱਧ ਬਿਮਾਰੀਆਂ ਦਾ ਘਰ ਬਣ ਗਿਆ। ਇਸ ਦਾ ਮੁੱਖ ਕਾਰਨ ਦੁੱਧ ਵਿੱਚ ਅਨੇਕਾਂ ਤਰੀਕਿਆਂ ਨਾਲ ਕੀਤੀ ਜਾ ਰਹੀ ਮਿਲਾਵਟ ਹੈ। ਪੁਰਾਤਨ ਸਮੇਂ ਤੋਂ ਬਦਲੇ ਖੇਤੀ ਦੇ ਗਲਤ ਢੰਗਾਂ ਨੇ ਦੁੱਧ ਦੀ ਪਵਿੱਤਰਤਾ ਵੀ ਨਹੀਂ ਰਹਿਣ ਦਿੱਤੀ। ਖੇਤਾਂ ਵਿੱਚ ਦੁਧਾਰੂ ਪਸ਼ੂਆਂ ਲਈ ਬੀਜੇ ਜਾਂਦੇ ਪੱਠਿਆਂ ਉੱਤੇ ਹੀ ਜ਼ਹਿਰੀਲੇ ਰੇਅ-ਸਪਰੇਅ ਵਰਤੇ ਜਾਂਦੇ ਹਨ, ਜੋ ਪਸ਼ੂਆਂ ਦੀ ਸਿਹਤ ਤੋਂ ਬਾਅਦ ਮਨੁੱਖੀ ਸਿਹਤ ਉੱਤੇ ਮਾੜਾ ਅਸਰ ਪਾਉਂਦੇ ਹਨ। ਸਭ ਤੋਂ ਮਾੜਾ ਤਾਂ ਆਹ ਕੁਛ ਹੈ, ਜੋ ਕੈਮੀਕਲ ਰਾਹੀਂ ਸੈਂਕੜੇ ਲੱਖਾਂ ਲੀਟਰ ਦੁੱਧ ਰੋਜ਼ਾਨਾ ਹੀ ਤਿਆਰ ਕਰਕੇ ਸਭ ਪਾਸੇ ਸ਼ਰੇਆਮ ਹੀ ਧੜੱਲੇ ਰਾਹੀਂ ਸਰਕਾਰਾਂ ਦੇ ਨੱਕ ਹੇਠ ਵੇਚਿਆ ਜਾ ਰਿਹਾ ਹੈ।

ਪੰਜਾਬ ਵਿੱਚ ਲੋਕਾਂ ਵੱਲੋਂ ਦੁਧਾਰੂ ਪਸ਼ੂ ਰੱਖਣ ਤੋਂ ਪਾਸਾ ਵੱਟਿਆ ਜਾ ਰਿਹਾ ਹੈ, ਜਿਸ ਦੇ ਅਨੇਕਾਂ ਕਾਰਨ ਹਨ। ਪਸ਼ੂ ਕੋਈ ਰੱਖ ਕੇ ਰਾਜ਼ੀ ਨਹੀਂ ਤੇ ਦੁੱਧ ਹਰ ਕੋਈ ਹੀ ਖਰਾ ਭਾਲ਼ਦਾ। ਇਕੱਲੇ ਪੰਜਾਬ ਵਿੱਚ ਹੀ ਦੁੱਧ ਦੀ ਓਨੀ ਪੈਦਾਵਾਰ ਨਹੀਂ, ਜਿੰਨਾ ਪੰਜਾਬ ਨੂੰ ਚਾਹੀਦਾ ਹੈ। ਅਕਸਰ ਹੀ ਦੇਖਦੇ ਹਾਂ ਕਿ ਦੁੱਧ ਦਾ ਕੰਮ ਕਰਨ ਵਾਲਿਆਂ ਦੇ ਦੁੱਧ ਵਾਲੇ ਪਸ਼ੂ ਤਾਂ ਪੰਜ-ਸੱਤ ਕੁ ਹੁੰਦੇ ਹਨ, ਪਰ ਦੁੱਧ ਉਹ ਪੰਜਾਹ-ਪੰਜਾਹ ਲੀਟਰ ਲੈ ਕੇ ਜਾਂਦੇ ਹਨ। ਇਹੀ ਦੁੱਧ ਦਾ ਕੰਮ ਕਰਨ ਵਾਲੇ ਛੇਤੀ ਰੁਪਈਆ ਵੀ ਕਮਾਉਣ ਲੱਗ ਜਾਂਦੇ ਹਨ। ਅਜਿਹੀ ਕਿਹੜੀ ਗਿੱਦੜਸਿੰਗੀ ਹੈ। ਪਿੰਡਾਂ ਤੇ ਸ਼ਹਿਰਾਂ ਵਿਚਲੀਆਂ ਦੁੱਧ ਡਾਇਰੀਆਂ 'ਤੇ ਜੇਕਰ ਤੁਸੀਂ ਦੁੱਧ, ਦਹੀਂ, ਪਨੀਰ ਦੇ ਵੱਡੇ ਆਰਡਰ ਦਿੰਦੇ ਹੋ ਤਾਂ ਤੁਰੰਤ ਹੀ ਸਭ ਕੁਝ ਮਿਲ ਜਾਂਦਾ ਹੈ। ਇੰਨੀ ਛੇਤੀ ਸਭ ਕੁਝ ਕਿੱਥੋਂ ਆ ਜਾਂਦਾ ਹੈ। ਹੋਰ ਦੇਖੋ ਜੇਕਰ ਸਾਲ ਛੇ ਮਹੀਨੇ ਬਾਅਦ ਕੋਈ ਸਿਹਤ ਜਾਂ ਹੋਰ ਮਹਿਕਮੇ ਨਾਲ ਸੰਬੰਧਤ ਸਰਕਾਰੀ ਅਧਿਕਾਰੀ ਭੁੱਲ-ਭੁਲੇਖੇ ਨਾਲ ਚੈਕਿੰਗ ਲਈ ਆ ਜਾਂਦਾ ਹੈ ਤਾਂ ਇਹੀ ਡੇਅਰੀ ਵਾਲੇ ਸਭ ਤੋਂ ਪਹਿਲਾਂ ਦੁਕਾਨਾਂ ਬੰਦ ਕਰਕੇ ਭੱਜਦੇ ਹਨ।

ਪੰਜਾਬ ਦੇ ਕਿਸੇ ਵੀ ਛੋਟੇ-ਵੱਡੇ ਸ਼ਹਿਰ ਜਾਓ ਤਾਂ ਹਲਵਾਈਆਂ ਦੀਆਂ ਮਠਿਆਈ ਵਾਲੀਆਂ ਦੁਕਾਨਾਂ ਬਰਫੀ ਤੇ ਹੋਰ ਦੁੱਧ ਪਦਾਰਥਾਂ ਨਾਲ ਭਰੀਆਂ ਮਿਲਣਗੀਆਂ ਤੇ ਲੋਕ ਧੜਾਧੜ ਖ੍ਰੀਦਦੇ ਵੀ ਮਿਲਣਗੇ। ਬਹੁਤਾ ਨਹੀਂ, ਥੋੜ੍ਹਾ ਅੰਦਾਜ਼ਾ ਲਾ ਲਿਆ ਕਰੋ ਕਿ ਜਦੋਂ ਪੀਣ ਨੂੰ ਦੁੱਧ ਹੀ ਸ਼ੁੱਧ ਨਹੀਂ ਮਿਲ ਰਿਹਾ, ਫਿਰ ਵਧੀਆ ਬਰਫੀ ਕਿੱਥੋਂ ?

ਹੁਣ ਗੱਲ ਕਰੀਏ ਇਸ ਧੰਦੇ ਨੂੰ ਦੇਖਣ-ਪਰਖਣ ਵਾਲੇ ਸਰਕਾਰੀ ਮਹਿਕਮਿਆਂ ਦੀ, ਜਿਨ੍ਹਾਂ ਦੀ ਵੱਡੀ ਜ਼ਿੰਮੇਵਾਰੀ ਹੈ। ਖਾਸ ਕਰ ਸਿਹਤ ਵਿਭਾਗ ਦੀ ਜਾਂ ਇਨ੍ਹਾਂ ਨਾਲ ਜੁੜਿਆਂ ਦੀ, ਨਕਲੀ ਗਲਤ ਦੁੱਧ ਤੇ ਹੋਰ ਸਾਮਾਨ ਦੀ ਵਰਤੋਂ ਸਾਰਾ ਸਾਲ ਹੀ ਹੁੰਦੀ ਹੈ, ਪਰ ਸਿਹਤ ਵਿਭਾਗ ਸਿਰਫ ਦੀਵਾਲੀ-ਦੁਸਹਿਰੇ ਜਿਹੇ ਤਿਉਹਾਰਾਂ ਵੇਲੇ ਹੀ ਖਾਨਾਪੂਰਤੀ ਕਰਨ ਆਉਂਦਾ ਹੈ, ਉਹ ਵੀ ਤਾਂ ਕਿ ਦੁਕਾਨਦਾਰ ਸਾਨੂੰ ਚੜ੍ਹਾਵਾ ਚੜ੍ਹਾਉਣਾ ਨਾ ਭੁੱਲ ਜਾਣ। ਦਿਖਾਵੇ ਵਜੋਂ ਫੋਟੋਆਂ ਖਿੱਚੀਆਂ ਗੱਲ ਗਈ-ਆਈ। ਕਦੇ ਸੁਣਿਆ ਕਿ ਮਿਲਾਵਟੀ ਸਾਮਾਨ ਵੇਚਣ ਵਾਲੇ ਕਿਸੇ ਦੁਕਾਨਦਾਰ ਨੂੰ ਸਜ਼ਾ ਹੋਈ ਹੈ। ਮਿਲਾਵਟੀ ਤੇ ਗਲਤ ਚੀਜ਼ਾਂ ਖਾ ਕੇ ਲੋਕ ਬਿਮਾਰੀਆਂ ਦੀ ਜਕੜ ਵਿੱਚ ਆ ਕੇ ਡਾਕਟਰਾਂ ਕੋਲ ਰੁਪਿਆ ਲੁਟਾ ਰਹੇ ਹਨ ਤੇ ਮੌਤ ਦੇ ਮੂੰਹ ਵਿੱਚ ਪੈ ਰਹੇ ਹਨ।

ਪੰਜਾਬ ਸਰਕਾਰ ਨਾਲ ਸੰਬੰਧਤ ਸਰਕਾਰੀ ਵਿਭਾਗਾਂ ਵਿੱਚ ਲੱਖਾਂ ਰੁਪਏ ਤਨਖਾਹ ਲੈਣ ਵਾਲੇ ਬਾਹਰ ਨਿਕਲਦੇ ਹੀ ਨਹੀਂ। ਜੇ ਨਿਕਲਦੇ ਹਨ ਤਾਂ ਲੋਕਾਂ ਦੇ ਅੱਖਾਂ ਵਿੱਚ ਘੱਟਾ ਪਾ ਕਾਰਵਾਈ ਦੇ ਨਾਂਅ ਹੇਠ ਦੁਕਾਨਦਾਰਾਂ ਤੋਂ ਮੋਟਾ ਮਾਲ ਲੈ ਕੇ ਉਨ੍ਹਾਂ ਨੂੰ ਗਲਤ ਸਾਮਾਨ ਵੇਚਣ ਦੀ ਖੁੱਲ੍ਹ ਦੇ ਜਾਂਦੇ ਹਨ ਕਿ ਲੋਕਾਂ ਨੂੰ ਮਿਲਾਵਟੀ ਘਟੀਆ ਸਾਮਾਨ ਵੇਚੋ ਤੇ ਲੁੱਟੋ ਤੇ ਬਿਮਾਰ ਕਰੋ। ਸਾਡਾ ਤਾਂ ਰੱਬ ਹੀ ਰਾਖਾ ਹੈ।

ਸੰਪਰਕ : 70091-07300

ਅੱਜ ਨਹਿਰੂ ਦੀ ਬਰਸੀ 'ਤੇ

ਆਓ .ਗੈਰ-ਵਿਗਿਆਨਕ ਸੋਚ ਵਾਲਿਆਂ ਨੂੰ ਭਾਂਜ ਦੇਈਏ

ਐੱਮ.ਐੱਸ. ਭਾਟੀਆ

ਇਸ ਤੋਂ ਪਹਿਲਾਂ ਕਿ ਅਸੀਂ ਇਸ ਗੱਲ 'ਤੇ ਚਰਚਾ ਕਰੀਏ ਕਿ 'ਵਿਗਿਆਨਕ ਸੋਚ' ਸ਼ਬਦ ਤੋਂ ਨਹਿਰੂ ਦਾ ਕੀ ਅਰਥ ਸੀ, ਵਿਗਿਆਨ ਬਾਰੇ ਉਸ ਦੇ ਵਿਚਾਰਾਂ ਨੂੰ ਵਿਚਾਰਨਾ ਉਚਿਤ ਹੋਵੇਗਾ। ਨਹਿਰੂ ਦੇ ਵਿਚਾਰਾਂ ਅਤੇ ਵਿਸ਼ਵਾਸਾਂ ਦੀ ਸਾਰਥਿਕਤਾ ਸਮੇਂ ਦੇ ਬੀਤਣ ਨਾਲ ਘਟੀ ਨਹੀਂ ਹੈ। ਅਸਲ ਵਿੱਚ ਅੱਜ ਉਹ ਅਤੀਤ ਨਾਲੋਂ ਹੋਰ ਵੀ ਪ੍ਰਸੰਗਿਕ ਹੋ ਗਏ ਹਨ।

ਨਹਿਰੂ ਲਈ ਵਿਗਿਆਨ ਸਿਰਫ ਇੱਕ ਵਿਅਕਤੀ ਦੇ ਸੱਚ ਦੀ ਖੋਜ ਕਰਨ ਦਾ ਜ਼ਰੀਆ ਨਹੀਂ ਸੀ, ਸਗੋਂ ਉਹ ਸਮਝਦੇ ਸਨ ਕਿ ਇਹ ਸਾਡੀ ਸੋਚ ਦਾ ਅਨਿੱਖੜਵਾਂ ਅੰਗ ਹੋਣਾ ਚਾਹੀਦਾ ਹੈ। ਉਹ ਵਿਗਿਆਨ ਨਾਲੋਂ ਇਸ ਦੇ ਸਮਾਜਿਕ ਨਤੀਜਿਆਂ ਵਿੱਚ ਵਧੇਰੇ ਦਿਲਚਸਪੀ ਰੱਖਦੇ ਸੀ। ਵਿਗਿਆਨ ਨੇ ਰਵਾਇਤੀ ਵਿਸ਼ਵਾਸਾਂ ਨੂੰ ਤੱਥਾਂ ਦੇ ਅਧਾਰ 'ਤੇ ਇੱਕ ਨਵੀਂ ਰੋਸ਼ਨੀ ਵਿੱਚ ਵੇਖਣਾ ਸੰਭਵ ਬਣਾਇਆ ਹੈ।

ਧਰਮ ਆਪਣੇ ਸੌੜੇ ਅਰਥਾਂ ਵਿੱਚ ਲੋਕਾਂ ਨੂੰ ਕੁਦਰਤੀ ਪ੍ਰਕਿਰਿਆਵਾਂ ਨੂੰ ਤਰਕ ਨਾਲ ਸਮਝਣ ਲਈ ਉਤਸ਼ਾਹਿਤ ਨਹੀਂ ਕਰਦਾ, ਸਗੋਂ ਇਹ ਇਸ ਤੋਂ ਉਲਟ 'ਇੱਕ ਵਿਸ਼ਵਾਸ ਅਤੇ ਅਲੌਕਿਕ ਸ਼ਕਤੀ 'ਤੇ ਭਰੋਸਾ' ਕਰਨ ਨੂੰ ਉਤਸ਼ਾਹਿਤ ਕਰਦਾ ਹੈ।

ਉਹ ਧਰਮ ਦੀ ਪਹੁੰਚ ਨੂੰ ਵਿਗਿਆਨਕ ਸੋਚ ਤੋਂ ਬਿਲਕੁਲ ਵੱਖਰਾ ਸਮਝਦੇ ਸਨ। ਉਨ੍ਹਾਂ ਕਿਹਾ ਸੀ ਕਿ ਪਰੰਪਰਾ ਨੂੰ ਸਿਰਫ ਇਸ ਲਈ ਸਵੀਕਾਰ ਨਹੀਂ ਕਰਨਾ ਚਾਹੀਦਾ, ਕਿਉਂਕਿ ਇਹ ਚੱਲੀ ਆ ਰਹੀ ਹੈ। ਨਹਿਰੂ ਨੇ ਵਿਸ਼ਵਾਸਾਂ ਦੇ ਬਹੁਤ ਸਾਰੇ ਰਵਾਇਤੀ ਤਰੀਕਿਆਂ ਨੂੰ ਛੱਡਣ 'ਤੇ ਜ਼ੋਰ ਦਿੱਤਾ ਅਤੇ ਉਹ ਚਾਹੁੰਦੇ ਸਨ ਕਿ ਵਿਗਿਆਨੀਆਂ ਨੂੰ ਦੇਸ਼ ਵਿੱਚ ਵਿਗਿਆਨਕ ਸੋਚ ਨੂੰ ਫੈਲਾਉਣ ਲਈ ਹੋਰ ਸਰਗਰਮ ਭੂਮਿਕਾ ਨਿਭਾਉਣੀ ਚਾਹੀਦੀ ਹੈ।

ਹਰ ਇੱਕ ਨਾਗਰਿਕ ਦੇ ਬੁਨਿਆਦੀ ਫਰਜ਼ ਵਜੋਂ ਭਾਰਤੀ ਸੰਵਿਧਾਨ ਵਿੱਚ ਵਿਗਿਆਨ ਬਾਰੇ ਜੋ ਸ਼ਾਮਲ ਹੈ, ਉਹ ਨਹਿਰੂ ਦੀ ਵਿਗਿਆਨਕ ਸੋਚ ਨਾਲ ਮੇਲ ਖਾਂਦੀ ਹੈ। ਹਾਲਾਂਕਿ ਭਾਰਤ ਨੇ ਅਜੇ ਤੱਕ ਵਿਗਿਆਨਕ ਸੋਚ ਦਾ ਉਹ ਪੱਧਰ ਪ੍ਰਾਪਤ ਨਹੀਂ ਕੀਤਾ, ਜੋ ਨਹਿਰੂ ਚਾਹੁੰਦੇ ਸਨ।

ਉਹਨਾਂ ਕਿਹਾ ਕਿ ਉਨ੍ਹਾਂ ਰੁਕਾਵਟਾਂ ਨੂੰ, ਜੋ ਵਿਗਿਆਨਕ ਸੋਚ ਨੂੰ ਕਮਜ਼ੋਰ ਕਰਦੀਆਂ ਹਨ ਅਤੇ ਜਿਸ ਨਾਲ ਭਾਰਤੀ ਸਮਾਜ ਦਾ ਸਰਵਪੱਖੀ ਅਤੇ ਸ਼ਾਂਤੀਪੂਰਨ ਵਿਕਾਸ ਰੁਕਦਾ ਹੈ, ਨੂੰ ਦੂਰ ਕਰਨ ਲਈ ਗੰਭੀਰ ਯਤਨ ਕਰਨੇ ਚਾਹੀਦੇ ਹਨ । ਉਨ੍ਹਾਂ ਨੇ ਇਹ ਮਹਿਸੂਸ ਕੀਤਾ ਕਿ ਸਮਾਜਿਕ ਅਤੇ ਆਰਥਿਕ ਪੱਛੜੇਪਣ, ਅੰਧਵਿਸ਼ਵਾਸ ਅਤੇ ਰਵਾਇਤੀ ਰਹਿਣ-ਸਹਿਣ ਦੇ ਤਰੀਕੇ, ਜਿਸ ਵਿੱਚ ਦੇਸ਼ ਨੂੰ ਘਿਰਿਆ ਹੋਇਆ ਸੀ, ਦੀ ਜਕੜ 'ਚੋਂ ਕੱਢਣ ਲਈ ਦੇਸ਼ ਵਿੱਚ ਇੱਕ ਮਜ਼ਬੂਤ ਵਿਗਿਆਨ ਅਤੇ ਤਕਨਾਲੋਜੀ ਦਾ ਅਧਾਰ ਵਿਕਸਿਤ ਕੀਤਾ ਜਾਣਾ ਚਾਹੀਦਾ ਹੈ।

ਉਹਨਾਂ ਨੇ ਦੇਸ਼ ਨੂੰ ਬਦਲਣ ਲਈ ਅਤੇ ਜੀਵਨ ਦੀਆਂ ਸਮੱਸਿਆਵਾਂ ਨੂੰ ਹੱਲ ਕਰਨ ਲਈ ਵਿਗਿਆਨ ਅਤੇ ਵਿਗਿਆਨਕ ਪਹੁੰਚ ਵਿਚ ਪੂਰਾ ਵਿਸ਼ਵਾਸ ਰੱਖਿਆ। ਉਹ ਮੰਨਦੇ ਸੀ ਕਿ ਇਹ ਇਕੱਲਾ ਵਿਗਿਆਨਕ ਤਰੀਕਾ ਹੀ ਹੈ, ਜੋ ਦੇਸ਼ ਨੂੰ ਦਰਪੇਸ਼ ਸਮੱਸਿਆਵਾਂ ਨਾਲ ਨਜਿੱਠਣ ਦੀ ਉਮੀਦ ਪ੍ਰਦਾਨ ਕਰਦਾ ਹੈ। ਨਹਿਰੂ ਨੇ ਵਿਗਿਆਨ ਨੂੰ ਆਧੁਨਿਕ ਯੁੱਗ ਦੀ ਪ੍ਰੇਰਕ ਆਤਮਾ ਮੰਨਿਆ।

ਮਨੁੱਖੀ ਜੀਵਨ ਨੂੰ ਵਿਗਿਆਨਕ ਢੰਗ ਅਤੇ ਪਹੁੰਚ ਹੀ ਬਦਲ ਸਕਦਾ ਹੈ। ਰਾਸ਼ਟਰ ਨਿਰਮਾਣ ਵਿੱਚ ਵਿਗਿਆਨ ਦੀ ਭੂਮਿਕਾ ਬਾਰੇ ਨਹਿਰੂ ਦਾ ਦ੍ਰਿਸ਼ਟੀਕੋਣ ਵਿਗਿਆਨਕ ਨੀਤੀ ਦੇ ਮਤੇ ਵਿੱਚ ਝਲਕਦਾ ਸੀ, ਜੋ 04 ਮਾਰਚ 1958 ਨੂੰ ਭਾਰਤੀ ਸੰਸਦ ਦੁਆਰਾ ਅਪਣਾਇਆ ਗਿਆ। ਇਸ ਵਿਚ ਕਿਹਾ ਗਿਆ ਸੀ : "ਭਾਰਤ ਵਰਗੇ ਮਹਾਨ ਦੇਸ਼ ਦੀ ਮੂਲ ਸੋਚ ਦੀਆਂ ਪਰੰਪਰਾਵਾਂ ਅਤੇ ਇਸਦੀ ਮਹਾਨ ਸੱਭਿਆਚਾਰਕ ਵਿਰਾਸਤ ਵਿਗਿਆਨਕ ਸੋਚ ਦੀ ਪੂਰਕ ਹੈ।"

ਨਹਿਰੂ ਨੇ ਸੋਚਿਆ ਕਿ ਵਿਗਿਆਨ ਅਤੇ ਤਕਨਾਲੋਜੀ ਦੇ ਵਿਕਾਸ ਦੇ ਫਾਇਦਿਆਂ ਨੂੰ ਸਮਝਦੇ ਹੋਏ ਪਹਿਲਾਂ ਵਿਗਿਆਨਕ ਸੁਭਾਅ ਜਾਂ ਵਿਗਿਆਨਕ ਪਹੁੰਚ ਵਿਕਸਤ ਕਰਨਾ ਜ਼ਰੂਰੀ ਹੈ ਅਤੇ ਇਸ 'ਤੇ ਲੋੜੀਂਦਾ ਜ਼ੋਰ ਦੇਣਾ ਚਾਹੀਦਾ ਹੈ, ਤਾਂ ਕਿ ਇਸ ਨੂੰ ਵਿਗਿਆਨਕ ਲੀਹਾਂ 'ਤੇ ਜਾਰੀ ਰੱਖਿਆ ਜਾਵੇ।

ਇੰਡੀਅਨ ਸਾਇੰਸ ਕਾਂਗਰਸ ਦੇ 47ਵੇਂ ਸੈਸ਼ਨ 'ਚ ਦਿੱਤੇ ਆਪਣੇ ਭਾਸ਼ਣ 'ਚ ਉਨ੍ਹਾਂ ਕਿਹਾ, "ਮੇਰੀ ਆਪਣੀ ਮੁੱਖ ਦਿਲਚਸਪੀ ਵਿਗਿਆਨ ਵਿੱਚ ਕੁਦਰਤੀ ਤੌਰ 'ਤੇ ਵਿਗਿਆਨ ਨਾਲੋਂ ਵਿਗਿਆਨ ਦੇ ਸਮਾਜਿਕ ਨਤੀਜਿਆਂ ਤੋਂ ਪੈਦਾ ਹੁੰਦੀ ਹੈ।"

ਇਹ ਸਪੱਸ਼ਟ ਹੈ ਕਿ ਅਸੀਂ ਆਪਣੇ ਦੇਸ਼ ਦੀਆਂ ਸਮਾਜਿਕ ਅਤੇ ਵਿਕਾਸ ਦੀਆਂ ਸਮੱਸਿਆਵਾਂ ਨੂੰ ਵਿਗਿਆਨ ਨੂੰ ਅਪਨਾਏ ਬਿਨਾਂ ਹੱਲ ਨਹੀਂ ਕਰ ਸਕਾਂਗੇ।

ਨਹਿਰੂ ਨੇ ਇਸ ਤੱਥ ਨੂੰ ਉਜਾਗਰ ਕੀਤਾ ਕਿ ਵਿਗਿਆਨ ਨੇ ਸਾਡੇ ਲਈ ਇਹ ਸੰਭਵ ਬਣਾਇਆ ਹੈ ਕਿ ਅਸੀਂ ਇੱਕ ਨਵੀਂ ਰੋਸ਼ਨੀ ਵਿੱਚ ਰਵਾਇਤੀ ਵਿਸ਼ਵਾਸਾਂ ਨੂੰ ਦੇਖ ਸਕੀਏ। ਹਰ ਕੋਈ ਸਵਾਲ ਕਰਨ ਦੇ ਯੋਗ ਹੋਵੇ ਅਤੇ ਸਿਰਫ ਇਸ ਲਈ ਨਹੀਂ ਸਵੀਕਾਰ ਕਰ ਲੈਣਾ, ਕਿਉਂਕਿ ਇਹ ਪਰੰਪਰਾ ਹੈ, ਪਰ ਅਜਿਹਾ ਹੋਣਾ ਅਜੇ ਬਾਕੀ ਹੈ।

ਬੜੇ ਦੁੱਖ ਦੀ ਗੱਲ ਹੈ ਕਿ ਭਾਜਪਾ/ਆਰ ਐੱਸ ਐੱਸ ਦੀ ਸਰਕਾਰ ਦੇ ਆਉਣ ਤੋਂ ਬਾਅਦ ਦੇਸ਼ ਦੀ ਆਜ਼ਾਦੀ ਦੇ ਅੰਦੋਲਨ ਦੀ ਵਿਰਾਸਤ, ਜਿਸ ਨੂੰ ਦੇਸ਼ ਦੇ ਪਹਿਲੇ ਪ੍ਰਧਾਨ ਮੰਤਰੀ ਜਵਾਹਰ ਲਾਲ ਨਹਿਰੂ ਵੱਲੋਂ ਦੇਸ਼ ਨੂੰ ਵਿਗਿਆਨਕ ਲੀਹਾਂ 'ਤੇ ਪਾਉਣ ਦਾ ਆਧਾਰ ਬਣਾਇਆ ਗਿਆ, ਨੂੰ ਖੋਰਾ ਲਾਉਣ ਦੀ ਪੂਰੀ ਕੋਸ਼ਿਸ਼ ਕੀਤੀ ਜਾ ਰਹੀ ਹੈ। ਦੇਸ਼ ਦੀਆਂ ਵਿਗਿਆਨਕ ਸੰਸਥਾਵਾਂ, ਕੇਂਦਰੀ ਯੂਨੀਵਰਸਿਟੀਆਂ ਅਤੇ ਇੰਡੀਅਨ ਇੰਸਟੀਚਿਊਟ ਆਫ ਹਿਸਟੋਰੀਕਲ ਰੀਸਰਚ ਵਿੱਚ ਰੂੜੀਵਾਦੀ ਅਤੇ ਗੈਰ-ਵਿਗਿਆਨਕ ਸੋਚ ਨੂੰ ਉਤਸ਼ਾਹਤ ਕਰਨ ਲਈ ਅਤਿ ਪਿਛਾਖੜ ਸੋਚ ਵਾਲੇ ਬੰਦਿਆਂ ਦੀ ਘੁਸਪੈਠ ਕਰਵਾਈ ਜਾ ਰਹੀ ਹੈ। ਇੰਡੀਅਨ ਇੰਸਟੀਚਿਊਟ ਆਫ ਸਾਇੰਸ ਵਿਖੇ ਦਿੱਤੇ ਗਏ ਆਪਣੇ ਭਾਸ਼ਣ ਵਿੱਚ ਪ੍ਰਧਾਨ ਮੰਤਰੀ ਨੇ ਕਿਹਾ ਕਿ ਹਜ਼ਾਰਾਂ ਸਾਲ ਪਹਿਲਾਂ ਸਾਡੇ ਦੇਸ਼ ਵਿੱਚ ਪਲਾਸਟਿਕ ਸਰਜਰੀ ਦੀ ਪਰੰਪਰਾ ਸੀ ਅਤੇ ਮਨੁੱਖ ਦੇ ਸਰੀਰ ਉੱਤੇ ਹਾਥੀ ਦਾ ਸਿਰ ਲਾਇਆ ਜਾ ਸਕਦਾ ਸੀ । ਯੂਨੀਵਰਸਿਟੀਆਂ ਦੇ ਉਪ ਕੁਲਪਤੀ ਕਹਿ ਰਹੇ ਹਨ ਕਿ ਮੋਰ ਦੇ ਹੰਝੂਆਂ ਨਾਲ ਮੋਰਨੀ ਗਰਭਵਤੀ ਹੁੰਦੀ ਹੈ। ਭਾਜਪਾ ਦੀ ਆਗੂ ਅਤੇ ਐੱਮ ਪੀ ਪ੍ਰਗਿਆ ਠਾਕੁਰ ਨੇ ਕਿਹਾ ਸੀ ਕਿ ਗਊ ਮੂਤਰ ਨਾਲ ਕੈਂਸਰ ਠੀਕ ਹੁੰਦਾ ਹੈ, ਪਰ ਕੈਂਸਰ ਦੇ ਮਾਹਿਰਾਂ ਨੇ ਇਸ ਨੂੰ ਝੁਠਲਾ ਦਿੱਤਾ ਸੀ । ਲੋਕਾਂ ਨੂੰ ਅਜੇ ਤੱਕ ਵੀ ਯਾਦ ਹੋਵੇਗਾ ਕਿ ਕਿਸ ਤਰ੍ਹਾਂ ਕੋਰੋਨਾ ਦੌਰਾਨ ਪ੍ਰਧਾਨ ਮੰਤਰੀ ਨੇ ਕੋਰੋਨਾ ਨੂੰ ਭਜਾਉਣ ਲਈ ਤਾੜੀਆਂ ਤੇ ਥਾਲੀਆਂ ਵਜਾਉਣ ਲਈ ਕਿਹਾ ਸੀ। ਜਨਵਰੀ 2019 ਵਿਚ 106ਵੀਂ ਇੰਡੀਅਨ ਸਾਇੰਸ ਕਾਂਗਰਸ ਵਿਚ ਆਂਧਰਾ ਯੂਨੀਵਰਸਿਟੀ ਦੇ ਉਪ ਕੁਲਪਤੀ ਨਾਗੇਸ਼ਵਰ ਰਾਓ ਨੇ ਕਿਹਾ ਸੀ ਕਿ 100 ਕੌਰਵਾਂ ਦਾ ਇੱਕ ਮਾਂ ਤੋਂ ਜਨਮ ਲੈਣਾ ਸਟੈਮ ਸੈਲ ਅਤੇ ਟੈਸਟ ਟਿਊਬ ਤਕਨੀਕ ਸੀ। ਤ੍ਰਿਪੁਰਾ ਦੇ ਮੁੱਖ ਮੰਤਰੀ ਬਿਪਲਵ ਦੇਵ ਨੇ ਕਿਹਾ ਕਿ ਹਜ਼ਾਰਾਂ ਸਾਲ ਪਹਿਲਾਂ ਸਾਡੇ ਦੇਸ਼ ਵਿਚ ਇੰਟਰਨੈੱਟ ਹੁੰਦਾ ਸੀ, ਜਿਸ ਦੀ ਮਦਦ ਨਾਲ ਸੰਜੇ ਨੇ ਘਰ ਬੈਠੇ ਦੁਰਯੋਧਨ ਨੂੰ ਮਹਾਂਭਾਰਤ ਦਿਖਾਇਆ ਸੀ। ਭਾਜਪਾ ਆਗੂਆਂ ਵੱਲੋਂ ਸਮੇ- ਸਮੇਂ 'ਤੇ ਦਿੱਤੇ ਇਹੋ ਜਿਹੇ ਗੈਰ-ਵਿਗਿਆਨਕ ਅਤੇ ਦਕੀਆਨੂਸੀ ਬਿਆਨ ਸਾਡੇ ਸਾਹਮਣੇ ਹਨ। ਪਿੱਛੇ ਜਿਹੇ ਕੇਂਦਰ ਸਰਕਾਰ ਦੇ ਇਸ਼ਾਰੇ 'ਤੇ ਐਨ.ਸੀ.ਈ.ਆਰ.ਟੀ ਵੱਲੋਂ ਡਾਰਵਿਨ ਦੇ ਮਨੁੱਖੀ ਉਤਪਤੀ ਦੇ ਵਿਕਾਸ ਦੇ ਸਿਧਾਂਤ ਨੂੰ 12ਵੀਂ ਦੇ ਸਿਲੇਬਸ ਵਿਚੋਂ ਕੱਢਣਾ ਵੀ ਦੇਸ਼ ਵਿਚੋਂ ਵਿਗਿਆਨ ਅਤੇ ਵਿਗਿਆਨਕ ਸੋਚ ਨੂੰ ਖਤਮ ਕਰਨ ਵੱਲ ਇਕ ਖਤਰਨਾਕ ਕਦਮ ਹੈ । ਇਸ ਨਾਲ ਸਾਡੀਆਂ ਆਉਣ ਵਾਲੀਆਂ ਨਸਲਾਂ ਲਈ ਬੌਧਿਕ ਵਿਕਾਸ ਨੂੰ ਰੋਕਣ ਲਈ ਅਤੇ ਧਾਰਮਿਕ ਅਤੇ ਸਮਾਜਿਕ ਰੂੜੀਵਾਦ ਨੂੰ ਉਤਸ਼ਾਹਿਤ ਕਰਨ ਦਾ ਘਿਨਾਉਣਾ ਦੁਸ਼ਕਰਮ ਕੀਤਾ ਜਾ ਰਿਹਾ ਹੈ।

ਅੱਜ ਲੋੜ ਹੈ ਕਿ ਇਸ ਗੈਰ ਵਿਗਿਆਨਕ, ਰੂੜੀਵਾਦੀ ਅਤੇ ਘੋਰ ਪਿਛਾਖੜ ਸੋਚ ਦੇ ਖਿਲਾਫ ਸਾਰੀਆਂ ਵਿਗਿਆਨਕ ਸੋਚ ਵਿੱਚ ਵਿਸ਼ਵਾਸ ਕਰਨ ਵਾਲੀਆਂ ਧਿਰਾਂ ਜਿਵੇਂ ਕਿ ਬੁੱਧੀਜੀਵੀ ਵਰਗ, ਵਿਦਿਆਰਥੀਆਂ, ਅਧਿਆਪਕਾਂ, ਨੌਜਵਾਨਾਂ ਅਤੇ ਔਰਤਾਂ ਨੂੰ ਇਸ ਖਿਲਾਫ਼ ਸੰਘਰਸ਼ ਕਰਨ ਲਈ ਅੱਗੇ ਆਉਣਾ ਚਾਹੀਦਾ ਹੈ, ਨਹੀਂ ਤਾਂ ਸਭ ਤੋਂ ਵੱਧ ਨੁਕਸਾਨ ਇਹਨਾਂ ਵਰਗਾਂ ਦਾ ਹੀ ਹੋਣਾ ਹੈ।

ਅੰਤ ਵਿੱਚ ਅਸੀਂ ਅੱਜ ਦੇ ਦਿਨ ਉਸ ਮਹਾਨ ਸ਼ਖਸੀਅਤ, ਜਿਸ ਨੇ ਇਸ ਦੇਸ਼ ਦੇ ਵਿਕਾਸ ਨੂੰ ਵਿਗਿਆਨਕ ਸੋਚ ਦੀਆਂ ਲੀਹਾਂ 'ਤੇ ਪਾਇਆ, ਨੂੰ ਨਮਨ ਕਰਦੇ ਹਾਂ।

ਸੰਪਰਕ : 99884-91002

27-MAY-PAGE-5.qxd 5/26/2023 9:54 PM Page 1

ਮੁਹਾਰ ਸੋਨਾ ਦੇ ਸਰਕਾਰੀ ਹਾਈ ਸਕੂਲ ਅੱਗੇ ਦੂਜੇ ਦਿਨ ਵੀ ਧਰਨਾ

ਸਕੂਲ ਨੂੰ ਅੱਪਗ੍ਰੇਡ ਕਰਕੇ +1 ਤੇ +2 ਦੀਆਂ ਕਲਾਸਾਂ ਲਗਾਉਣ ਦੀ ਮੰਗ

ਫਾਜ਼ਿਲਕਾ (ਕ੍ਰਿਸ਼ਨ ਸਿੰਘ)-ਪਿੰਡ ਮੁਹਾਰ ਸੋਨਾ, ਮੁਹਾਰ ਖੀਵਾ (ਮਨਸਾ), ਮੁਹਾਰ ਖੀਵਾ (ਭਵਾਨੀ) ਤੇ ਮੁਹਾਰ ਜਮਸ਼ੇਰ ਦੀ ਪੰਚਾਇਤ, ਕਿਸਾਨ ਮਜ਼ਦੂਰ ਸੰਘਰਸ਼ ਕਮੇਟੀ ਪੰਜਾਬ ਜ਼ਿਲ੍ਹਾ ਫਾਜ਼ਿਲਕਾ, ਪਿੰਡ ਵਾਸੀਆਂ ਤੇ ਬੱਚਿਆਂ ਵੱਲੋਂ ਮਹਾਰ ਸੋਨਾ ਦੇ ਹਾਈ ਸਕੂਲ ਸਾਹਮਣੇ ਲਗਾਇਆ ਗਿਆ ਧਰਨਾ ਦੂਜੇ ਦਿਨ ਵੀ ਜਾਰੀ ਰਿਹਾ, ਜਿਸ ਵਿੱਚ ਸੈਂਕੜੇ ਕਿਸਾਨਾਂ, ਮਜ਼ਦੂਰਾਂ, ਬੀਬੀਆਂ ਤੇ ਬੱਚਿਆਂ ਵੱਲੋਂ ਸ਼ਮੂਲੀਅਤ ਕੀਤੀ ਗਈ। ਇਸ ਮੌਕੇ ਕਿਸਾਨ ਮਜ਼ਦੂਰ ਸੰਘਰਸ਼ ਕਮੇਟੀ ਦੇ ਆਗੂ ਜਗਦੀਸ਼ ਸਿੰਘ ਮਨਸਾ ਨੇ ਕਿਹਾ ਕਿ 2021-22 ਵਿੱਚ ਉਸ ਸਮੇਂ ਪੰਜਾਬ ਦੀ ਕਾਂਗਰਸ ਸਰਕਾਰ ਨੇ ਇਸ ਸਕੂਲ ਨੂੰ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਵਿੱਚ ਤਬਦੀਲ ਕਰ ਦਿੱਤਾ ਸੀ। ਇਸ ਤੋਂ ਬਾਅਦ ਏਥੇ ਪ੍ਰਸ਼ਾਸਨ ਦੇ ਅਧਿਕਾਰੀ, ਪਿੰਡ ਦੀ ਪੰਚਾਇਤ ਤੇ ਮੌਕੇ ਦੇ ਮੌਜੂਦਾ ਐੱਮ ਐੱਲ ਏ ਦਵਿੰਦਰ ਸਿੰਘ ਘੁਬਾਇਆ ਵੱਲੋਂ ਨਵੇਂ ਅੱਪਗਰੇਡ ਹੋਏ ਸੀਨੀਅਰ ਸੈਕੰਡਰੀ ਸਕੂਲ ਦਾ ਉਦਘਾਟਨ ਕਰਕੇ ਨੀਂਹ-ਪੱਥਰ ਵੀ ਰੱਖਿਆ ਸੀ। ਉਸ ਸਮੇਂ ਲਗਭਗ 70 ਬੱਚਿਆਂ ਦਾ +1 ਤੇ +2 ਵਿੱਚ ਦਾਖਲਾ ਵੀ ਕੀਤਾ ਗਿਆ ਸੀ, ਪਰ ਹੁਣ 2023 ਵਿੱਚ ਪੰਜਾਬ ਦੀ ਮੌਜੂਦਾ ਸਰਕਾਰ ਦਾ ਕਹਿਣਾ ਹੈ ਕਿ ਇਹ ਸਕੂਲ ਸੀਨੀਅਰ ਸੈਕੰਡਰੀ ਸਕੂਲ ਨਹੀਂ ਹੈ, ਜਿਸ ਕਰਕੇ ਬੱਚਿਆਂ ਦਾ ਦਾਖਲਾ +1 ਤੇ +2 ਵਿੱਚ ਨਹੀਂ ਹੋ ਸਕਦਾ। ਪਿੰਡ ਦੀ ਪੰਚਾਇਤ ਤੇ ਵਿਦਿਆਰਥੀਆਂ ਦੇ ਮਾਪਿਆਂ ਨੇ ਧਰਨੇ ਵਿੱਚ ਆ ਕੇ ਮੰਗ ਕਰਦਿਆਂ ਕਿਹਾ ਕਿ ਸਾਡੇ ਆਸ-ਪਾਸ ਦੇ 20 ਕਿਲੋਮੀਟਰ ਦੇ ਏਰੀਏ ਵਿੱਚ ਕੋਈ ਵੀ ਸੀਨੀਅਰ ਸੈਕੰਡਰੀ ਸਕੂਲ ਨਹੀਂ ਹੈ ਅਤੇ ਉਨ੍ਹਾਂ ਦੇ ਬੱਚਿਆਂ ਨੂੰ ਪੜ੍ਹਨ ਲਈ 20 ਕਿਲੋਮੀਟਰ ਦਾ ਸਫਰ ਤੈਅ ਕਰਨਾ ਪੈਂਦਾ ਹੈ, ਜਿਸ ਕਾਰਨ ਰਸਤੇ ਵਿੱਚ ਬੱਚਿਆਂ ਦੀ ਲੁੱਟ-ਖੋਹ ਹੋਣ ਦਾ ਖਤਰਾ ਵੀ ਬਣਿਆ ਰਹਿੰਦਾ ਹੈ। ਇਸ ਤੋਂ ਇਲਾਵਾ ਉਨ੍ਹਾਂ ਦੀਆਂ ਲੜਕੀਆਂ ਨਾਲ ਰਸਤੇ ਵਿੱਚ ਆਉਣ-ਜਾਣ ਸਮੇਂ ਮਾੜੀ ਦੁਰਘਟਨਾ ਹੋਣ ਦਾ ਖਤਰਾ ਵੀ ਬਣਿਆ ਰਹਿੰਦਾ ਹੈ। ਇਸੇ ਤਰ੍ਹਾਂ ਪਿਛਲੇ ਮਹੀਨੇ ਉਨ੍ਹਾਂ ਦੇ ਪਿੰਡ ਦੀ ਹੀ ਇੱਕ ਲੜਕੀ ਦੀ ਬਾਰਵੀਂ ਜਮਾਤ ਦੇ ਪੇਪਰ ਦੇ ਕੇ ਪਿੰਡ ਵਾਪਸ ਆਉਂਦੇ ਸਮੇਂ ਸੜਕ ਦੁਰਘਟਨਾ ਵਿੱਚ ਮੌਤ ਹੋ ਗਈ ਸੀ। ਇਸ ਕਰਕੇ ਬਾਕੀ ਬੱਚਿਆਂ ਦੇ ਮਾਪਿਆਂ ਨੂੰ ਵੀ ਹੁਣ ਡਰ ਰਹਿੰਦਾ ਹੈ ਕਿ ਕਿਤੇ ਉਨ੍ਹਾਂ ਨਾਲ ਵੀ ਅਜਿਹਾ ਕੋਈ ਹਾਦਸਾ ਨਾ ਵਾਪਰ ਜਾਵੇ।

ਇਸ ਤੋਂ ਇਲਾਵਾ ਪਾਕਿਸਤਾਨ ਬਾਰਡਰ ਦੇ ਬਿਲਕੁਲ ਨਜ਼ਦੀਕ ਰਹਿਣ ਕਰਕੇ ਉਨ੍ਹਾਂ ਨੂੰ ਹੋਰ ਵੀ ਬਹੁਤ ਸਾਰੀਆਂ ਮੁਸ਼ਕਲਾਂ ਦਾ ਸਾਹਮਣਾ ਕਰਨਾ ਪੈਂਦਾ ਹੈ। ਇਸ ਕਰਕੇ ਉਨ੍ਹਾਂ ਵੱਲੋਂ ਮੌਜੂਦਾ ਮੁੱਖ ਮੰਤਰੀ ਭਗਵੰਤ ਸਿੰਘ ਮਾਨ, ਸਿੱਖਿਆ ਮੰਤਰੀ ਹਰਜੋਤ ਬੈਂਸ ਤੇ ਫਾਜ਼ਿਲਕਾ ਦੇ ਮੌਜੂਦਾ ਐੱਮ ਐੱਲ ਏ ਨਰਿੰਦਰਪਾਲ ਸਿੰਘ ਸਵਨਾ ਅੱਗੇ ਮੰਗ ਹੈ ਕਿ ਇਸ ਸਕੂਲ ਨੂੰ ਜਲਦੀ ਤੋਂ ਜਲਦੀ ਸੀਨੀਅਰ ਸੈਕੰਡਰੀ ਸਕੂਲ ਤੱਕ ਅੱਪਗ੍ਰੇਡ ਕੀਤਾ ਜਾਵੇ। ਇਸ ਸਕੂਲ ਵਿੱਚ +1 ਤੇ +2 'ਚ ਦਾਖਲਾ ਦਿੱਤਾ ਜਾਵੇ ਤਾਂ ਜੋ ਉਨ੍ਹਾਂ ਦੇ ਬੱਚਿਆਂ ਨੂੰ ਆ ਰਹੀਆਂ ਮੁਸ਼ਕਲਾਂ ਤੋਂ ਛੁਟਕਾਰਾ ਮਿਲ ਸਕੇ।

ਆਰਥਕ ਤੰਗੀ ਕਾਰਨ ਨੌਜਵਾਨ ਵੱਲੋਂ ਖੁਦਕੁਸ਼ੀ

ਬਰੇਟਾ (ਗੀਤਵਾਲ)-ਨਜ਼ਦੀਕੀ ਪਿੰਡ ਖੁਡਾਲ ਕਲਾਂ ਵਿਖੇ ਇੱਕ ਨੌਜਵਾਨ ਵੱਲੋਂ ਆਰਥਿਕ ਤੰਗੀ ਦੇ ਚੱਲਦਿਆਂ ਗਲ ਫਾਹਾ ਲੈ ਕੇ ਖੁਦਕੁਸ਼ੀ ਕਰ ਲਏ ਜਾਣ ਦਾ ਸਮਾਚਾਰ ਹੈ। ਜਾਣਕਾਰੀ ਮੁਤਾਬਿਕ ਸੱਤਪਾਲ ਸਿੰਘ (33) ਆਰਥਿਕ ਤੰਗੀ ਦੇ ਕਾਰਨ ਦਿਮਾਗੀ ਤੌਰ 'ਤੇ ਪ੍ਰੇਸ਼ਾਨ ਰਹਿੰਦਾ ਸੀ, ਜਿਸ ਦੇ ਚੱਲਦਿਆਂ ਉਸ ਨੇ ਘਰ ਵਿੱਚ ਗਲ ਫਾਹਾ ਲੈ ਕੇ ਆਪਣੀ ਜੀਵਨ ਲੀਲ੍ਹਾ ਸਮਾਪਤ ਕਰ ਲਈ। ਪੁਲਸ ਦੇ ਜਾਂਚ ਅਧਿਕਾਰੀ ਗੁਰਮੇਲ ਸਿੰਘ ਨੇ ਦੱਸਿਆ ਕਿ 174 ਅਧੀਨ ਕਾਰਵਾਈ ਅਮਲ ਵਿੱਚ ਲਿਆਂਦੀ ਗਈ ਹੈ। ਮ੍ਰਿਤਕ ਆਪਣੇ ਪਿੱਛੇ ਮਾਤਾ, ਪਿਤਾ ਤੇ ਪਤਨੀ ਤੋਂ ਇਲਾਵਾ ਇੱਕ ਬੇਟਾ ਛੱਡ ਗਿਆ ਹੈ।

ਅੱਜ ਬਿਜਲੀ ਬੰਦ ਰਹੇਗੀ

ਲੁਧਿਆਣਾ (ਐੱਮ ਐੱਸ ਭਾਟੀਆ)-ਪੀ.ਐੱਸ.ਪੀ.ਸੀ.ਐੱਲ. ਵੱਲੋਂ ਜਾਰੀ ਪ੍ਰੈੱਸ ਨੋਟ ਅਨੁਸਾਰ 27 ਮਈ ਸ਼ਨੀਵਾਰ ਨੂੰ ਜ਼ਰੂਰੀ ਰੱਖ-ਰਖਾਅ ਦੇ ਕੰਮ ਕਾਰਨ 11 ਕੇ ਵੀ ਫੀਡਰ ਲੁਧਿਆਣਾ ਤੋਂ ਸਪਲਾਈ ਪ੍ਰਾਪਤ ਇਲਾਕੇ ਸਾਰੇ ਬਲਾਕ ਰਾਜਗੁਰੂ ਨਗਰ, ਰਾਜਗੁਰੂ ਨਗਰ ਐਕਸਟੈਸ਼ਨ, ਲਾਲ ਬਾਗ 'ਚ ਸਵੇਰੇ 10 ਵਜੇ ਤੋਂ ਦੁਪਹਿਰ 3 ਵਜੇ ਤੱਕ ਬਿਜਲੀ ਬੰਦ ਰਹੇਗੀ, ਜਦਕਿ ਸੰਜੇ ਗਾਂਧੀ ਕਲੋਨੀ, ਐੱਮ ਆਈ ਜੀ ਫਲੈਟ, ਕਿਸ਼ੋਰ ਨਗਰ, ਈ ਡਬਲਯੂ ਐੱਸ ਕਲੋਨੀ, ਕਰਮ ਕਲੋਨੀ, ਆਦਰਸ਼ ਨਗਰ ਦਾ ਕੁਝ ਖੇਤਰ, ਜੱਚਾ ਬੱਚਾ ਹਸਪਤਾਲ, ਸ਼ਕਤੀ ਨਗਰ ਆਦਿ ਦੀ ਸਵੇਰੇ 10 ਵਜੇ ਤੋਂ ਸ਼ਾਮ 5 ਵਜੇ ਤੱਕ ਬਿਜਲੀ ਬੰਦ ਰਹੇਗੀ। ਦੁਪਹਿਰ 2 ਵਜੇ ਤੋਂ ਸ਼ਾਮ 6 ਵਜੇ ਤੱਕ ਸੈਣੀ ਫੀਡਰ, ਹੀਰੋ ਫੀਡਰ, ਭੋਲਾਪੁਰ ਫੀਡਰ ਦੀ ਬਿਜਲੀ ਬੰਦ ਰਹੇਗੀ।

ਭਾਜਪਾ ਮੁਕਤ ਭਾਰਤ ਦੇਸ਼ ਦੇ ਸੰਵਿਧਾਨ ਨੂੰ ਬਚਾਉਣ ਦਾ ਪੱਕਾ ਹੱਲ : ਚੌਹਾਨ

ਭਾਜਪਾ ਹਰਾਓ, ਲੋਕਤੰਤਰ ਤੇ ਲੋਕ ਬਚਾਓ ਮੁਹਿੰਮ ਤਹਿਤ ਮੀਟਿੰਗ

ਮਾਨਸਾ (ਆਤਮਾ ਸਿੰਘ ਪਮਾਰ)-ਭਾਰਤੀ ਕਮਿਊਨਿਸਟ ਪਾਰਟੀ ਦੀ ਦੇਸ਼ ਵਿਆਪੀ ਭਾਜਪਾ ਹਰਾਓ, ਲੋਕਤੰਤਰ ਤੇ ਲੋਕ ਬਚਾਓ ਤਹਿਤ ਨੇੜਲੇ ਪਿੰਡ ਮਾਨਸਾ ਖੁਰਦ ਤੇ ਦਲੇਲ ਸਿੰਘ ਵਾਲਾ ਵਿਖੇ ਜਨਤਕ ਮੀਟਿੰਗਾਂ ਕੀਤੀਆਂ ਗਈਆਂ। ਮੀਟਿੰਗਾਂ ਨੂੰ ਸੰਬੋਧਨ ਕਰਦਿਆਂ ਸੀ ਪੀ ਆਈ ਦੇ ਸੂਬਾ ਕਾਰਜਕਾਰਨੀ ਮੈਂਬਰ ਤੇ ਜ਼ਿਲ੍ਹਾ ਸਕੱਤਰ ਕ੍ਰਿਸ਼ਨ ਚੌਹਾਨ ਨੇ ਕਿਹਾ ਕਿ ਦੇਸ਼ ਦੇ ਦਲਿਤਾਂ, ਘੱਟ ਗਿਣਤੀਆਂ, ਔਰਤਾਂ ਤੇ ਆਰ ਐੱਸ ਐੱਸ ਦੇ ਫਿਰਕੂ ਜਬਰ ਤੇ ਫਾਸ਼ੀਵਾਦੀ ਹਮਲਿਆਂ ਨੇ ਭਾਈਚਾਰਕ ਏਕਤਾ, ਦੇਸ਼ ਦੀ ਏਕਤਾ ਤੇ ਅਖੰਡਤਾ ਨੂੰ ਹੀ ਨਹੀਂ ਤੋੜਿਆ, ਸਗੋਂ ਦੇਸ਼ ਨੂੰ ਆਰਥਿਕ, ਸਮਾਜਿਕ ਤੌਰ 'ਤੇ ਬੁਰੀ ਤਰ੍ਹਾਂ ਪਛਾੜਿਆ ਹੈ, ਜਦੋਂਕਿ ਮੋਦੀ ਜੁੰਡਲੀ ਦੇਸ਼ ਦੀ ਡਿੱਗ ਰਹੀ ਆਰਥਿਕਤਾ ਲਈ ਪੂਰੀ ਤਰ੍ਹਾਂ ਜ਼ਿੰਮੇਵਾਰ ਹੈ ਅਤੇ ਇਸ ਨੂੰ ਬਚਾਉਣ ਦੀ ਬਜਾਏ ਫਿਰਕੂ ਜ਼ਹਿਰ ਫੈਲਾਇਆ ਜਾ ਰਿਹਾ ਹੈ। ਸਾਥੀ ਚੌਹਾਨ ਨੇ ਭਾਈਚਾਰਕ ਏਕਤਾ ਦਾ ਸੱਦਾ ਦਿੰਦਿਆਂ ਸਦਭਾਵਨਾ ਬਣਾ ਕੇ ਰੱਖਣ ਦੀ ਅਪੀਲ ਕੀਤੀ। ਲੋਕਤੰਤਰ ਤੇ ਲੋਕਾਂ ਨੂੰ ਬਚਾਉਣ, ਸਦਭਾਵਨਾ ਨੂੰ ਕਾਇਮ ਰੱਖਣ ਤੇ ਸੰਵਿਧਾਨ ਦੀ ਰਾਖੀ ਲਈ ਜਮਹੂਰੀ ਸ਼ਕਤੀਆਂ, ਧਰਮ-ਨਿਰਪੱਖ ਤਾਕਤਾਂ ਤੇ ਖੱਬੇ ਪੱਖੀ ਧਿਰਾਂ ਨੂੰ ਅੱਗੇ ਆਉਣਾ ਸਮੇਂ ਦੀ ਮੁੱਖ ਲੋੜ ਦੱਸਿਆ, ਤਾਂ ਜੋ ਭਾਜਪਾ ਮੁਕਤ ਭਾਰਤ ਦੀ ਸਿਰਜਣਾ ਕਰਕੇ ਸੰਵਿਧਾਨ ਦੀ ਰਾਖੀ ਕੀਤੀ ਜਾ ਸਕੇ। ਮੀਟਿੰਗ ਮੌਕੇ ਮਨਰੇਗਾ ਬਜਟ ਵਿੱਚ ਕੀਤੀ ਕਟੌਤੀ ਵਿਰੁੱਧ ਖੇਤ ਮਜ਼ਦੂਰਾਂ ਵੱਲੋਂ 30 ਮਈ ਦੀ ਕੀਤੀ ਜਾ ਰਹੀ ਦਿੱਲੀ ਰੈਲੀ 'ਚ ਪੁੱਜਣ ਦੀ ਅਪੀਲ ਕੀਤੀ ਤੇ ਮਹਿਲਾ ਪਹਿਲਵਾਨਾਂ ਵੱਲੋਂ ਜਿਨਸੀ ਸ਼ੋਸ਼ਣ ਦੇ ਵਿਰੋਧ ਵਿੱਚ ਚੱਲ ਰਹੇ ਸੰਘਰਸ਼ ਦੀ ਹਮਾਇਤ ਵੀ ਕੀਤੀ। ਇੱਕ ਵਿਸ਼ੇਸ਼ ਮਤੇ ਰਾਹੀਂ ਬੁੱਧੀਜੀਵੀ ਤੇ ਲੋਕ ਆਗੂ ਨਵਸ਼ਰਨ ਨੂੰ ਮੋਦੀ ਸਰਕਾਰ ਵੱਲੋਂ ਈ ਡੀ ਰਾਹੀਂ ਤੰਗ ਪ੍ਰੇਸ਼ਾਨ ਕਰਨ ਦੀ ਨਿਖੇਧੀ ਕੀਤੀ ਅਤੇ ਸੰਘਰਸ਼ਸ਼ੀਲ ਧਿਰਾਂ ਨੂੰ ਨਵਸ਼ਰਨ ਦੇ ਸਹਿਯੋਗ ਦੀ ਅਪੀਲ ਕੀਤੀ।

ਕਿਸਾਨ ਆਗੂ ਦਲਜੀਤ ਮਾਨਸ਼ਾਹੀਆ ਨੇ ਕਿਹਾ ਕਿ ਕਿਸਾਨੀ ਮੰਗਾਂ ਤੇ ਮੋਦੀ ਸਰਕਾਰ ਦੀ ਵਾਅਦਾ ਖਿਲਾਫੀ ਖਿਲਾਫ ਚੱਲ ਰਹੇ ਸੰਘਰਸ਼ ਵਿੱਚ ਸਹਿਯੋਗ ਦੀ ਮੰਗ ਕੀਤੀ ਗਈ। ਜਨਤਕ ਮੀਟਿੰਗਾਂ ਮੌਕੇ ਹੋਰਨਾਂ ਤੋਂ ਇਲਾਵਾ ਹਰਨੇਕ ਢਿੱਲੋਂ, ਹਰਨੇਕ ਮਾਨਸਾ ਖੁਰਦ, ਸੁਖਦੇਵ ਪੰਧੇਰ, ਗੁਰਦਿਆਲ ਸਿੰਘ, ਗੁਰਦੇਵ ਸਿੰਘ, ਉਜਾਗਰ ਸਿੰਘ, ਬਿੱਕਰ ਸਿੰਘ ਤੇ ਸੁਖਦੇਵ ਸਿੰਘ ਆਦਿ ਆਗੂਆਂ ਨੇ ਸੰਬੋਧਨ ਕੀਤਾ।

ਪਿਸਟਲ ਸਾਫ ਕਰਦੇ ਸਮੇਂ ਡੀ ਐੱਸ ਪੀ ਦੇ ਗੰਨਮੈਨ ਦੀ ਗੋਲੀ ਚੱਲਣ ਨਾਲ ਮੌਤ

ਖੰਨਾ (ਸੁਖਵਿੰਦਰ ਸਿੰਘ ਭਾਦਲਾ, ਪਰਮਿੰਦਰ ਸਿੰਘ ਮੋਨੂੰ) : ਖੰਨਾ ਵਿਖੇ ਤਨਾਇਤ ਡੀ. ਐੱਸ. ਪੀ. ਦੇ ਗਨਮੈਨ ਦੀ ਗੋਲੀ ਲੱਗਣ ਨਾਲ ਮੌਤ ਹੋ ਜਾਣ ਦਾ ਸਮਾਚਾਰ ਪ੍ਰਾਪਤ ਹੋਇਆ ਹੈ। ਮ੍ਰਿਤਕ ਦੀ ਪਛਾਣ ਸੀਨੀਅਰ ਕਾਂਸਟੇਬਲ ਰਸ਼ਪਿੰਦਰ ਸਿੰਘ ਹਾਲ ਵਾਸੀ ਕ੍ਰਿਸ਼ਨਾ ਨਗਰ ਖੰਨਾ ਵਜੋਂ ਹੋਈ ਹੈ। ਰਸ਼ਪਿੰਦਰ ਸਿੰਘ ਵੋਮੈਨ ਸੈੱਲ ਦੇ ਡੀ. ਐੱਸ. ਪੀ. ਗੁਰਮੀਤ ਸਿੰਘ ਨਾਲ ਬਤੌਰ ਗਨਮੈਨ ਤਾਇਨਾਤ ਸੀ। ਮ੍ਰਿਤਕ ਸੀਨੀਅਰ ਸਿਪਾਹੀ ਰਿਟਾਇਰਡ ਪੁਲਸ ਮੁਲਾਜ਼ਮ ਰਜਿੰਦਰ ਸਿੰਘ ਦਾ ਬੇਟਾ ਸੀ। ਮ੍ਰਿਤਕ ਆਪਣੇ ਪਿੱਛੇ ਪਤਨੀ, ਇੱਕ ਛੋਟਾ ਬੱਚਾ ਛੱਡ ਗਿਆ। ਜਾਣਕਾਰੀ ਅਨੁਸਾਰ ਜਦੋਂ ਸੀਨੀਅਰ ਸਿਪਾਹੀ ਰਸ਼ਪਿੰਦਰ ਸਿੰਘ ਐੱਸ. ਐੱਸ. ਪੀ. ਦਫਤਰ ਵਿਖੇ ਅੱਜ ਸਵੇਰੇ ਡੀ ਐੱਸ ਪੀ ਵੋਮੈਨ ਦੇ ਰੀਡਰ ਬ੍ਰਾਂਚ 'ਚ ਬੈਠਾ ਸੀ ਤਾਂ ਅਚਾਨਕ ਗੋਲੀ ਚੱਲਣ ਦੀ ਆਵਾਜ਼ ਸੁਣਾਈ ਦਿੱਤੀ। ਗੋਲੀ ਚੱਲਣ ਦੀ ਆਵਾਜ਼ ਸੁਣ ਕੇ ਐੱਸ ਐੱਸ ਪੀ ਦਫਤਰ ਖੰਨਾ ਵਿਖੇ ਸਮੂਹ ਮੁਲਾਜ਼ਮਾਂ ਤੇ ਆਪਣੇ ਕੰਮ-ਕਾਜ ਲਈ ਆਏ ਲੋਕਾਂ ਵਿੱਚ ਭੱਜ-ਦੌੜ ਮਚ ਗਈ। ਸੀਨੀਅਰ ਸਿਪਾਹੀ ਰਸ਼ਪਿੰਦਰ ਸਿੰਘ ਗੋਲੀ ਲੱਗਣ ਕਾਰਨ ਜ਼ਖਮੀ ਹੋ ਗਿਆ। ਜ਼ਖਮੀ ਹਾਲਤ 'ਚ ਰਸ਼ਪਿੰਦਰ ਸਿੰਘ ਨੂੰ ਖੰਨਾ ਦੇ ਇੱਕ ਨਿੱਜੀ ਹਸਪਤਾਲ ਦਾਖਲ ਕਰਵਾਇਆ ਗਿਆ, ਜਿੱਥੇ ਉਸ ਦੀ ਇਲਾਜ ਦੌਰਾਨ ਮੌਤ ਹੋ ਗਈ। ਦੱਸਿਆ ਜਾ ਰਿਹਾ ਹੈ ਕਿ ਸੀਨੀਅਰ ਸਿਪਾਹੀ ਰਸ਼ਪਿੰਦਰ ਸਿੰਘ ਦੇ ਹੱਥ ਵਿੱਚ ਆਪਣਾ ਸਰਵਿਸ ਪਿਸਟਲ 9 ਐੱਮ ਐੱਮ ਸੀ, ਜਿਸ ਨੂੰ ਸਾਫ ਕਰਦਿਆਂ ਗੋਲੀ ਚੱਲ ਗਈ ਤੇ ਇਹ ਗੋਲੀ ਰਸ਼ਪਿੰਦਰ ਦੀ ਛਾਤੀ 'ਚ ਜਾ ਲੱਗੀ। ਖੰਨਾ ਪੁਲਸ ਵੱਲੋਂ ਬਣਦੀ ਕਾਰਵਾਈ ਅਮਲ 'ਚ ਲਿਆਂਦੀ ਗਈ।

ਕਾਤਰਾਂ

ਅਰਸ਼ਦੀਪ ਕੌਰ ਸਕੂਲ 'ਚ ਅੱਵਲ

ਲੁਧਿਆਣਾ (ਐੱਮ ਐੱਸ ਭਾਟੀਆ)-ਹੈਬੋਵਾਲ ਕਲਾਂ ਵਿਖੇ ਸਥਿਤ ਸ਼ਹੀਦ ਭਗਤ ਸਿੰਘ ਪਬਲਿਕ ਸਕੂਲ ਦਾ ਬਾਰਵੀਂ ਜਮਾਤ ਦਾ ਨਤੀਜਾ 100% ਆਇਆ ਹੈ। ਸਕੂਲ ਦੀ ਵਿਦਿਆਰਥਣ ਅਰਸ਼ਦੀਪ ਕੌਰ ਨੇ 92.6 % ਅੰਕ ਲੈ ਕੇ ਪਹਿਲਾ ਸਥਾਨ ਪ੍ਰਾਪਤ ਕੀਤਾ ਹੈ।

ਸ਼ਹੀਦ ਭਗਤ ਸਿੰਘ ਸਕੂਲ 'ਚ ਦੰਦਾਂ ਦਾ ਚੈੱਕਅਪ ਕੈਂਪ ਲਾਇਆ

ਮਾਛੀਵਾੜਾ ਸਾਹਿਬ (ਸ਼ੈਂਕੀ ਸ਼ਰਮਾ, ਜਗਦੀਸ਼ ਰਾਏ)-ਸਥਾਨਕ ਸ਼ਹੀਦ ਭਗਤ ਸਿੰਘ ਪਬਲਿਕ ਸਕੂਲ ਵਿੱਚ ਦੰਦਾਂ ਦਾ ਚੈੱਕਅੱਪ ਕੈਂਪ ਲਾਇਆ ਗਿਆ। ਮਾਛੀਵਾੜਾ ਦੇ ਡਾ. ਸੁਸ਼ਾਂਤ ਸ਼ਰਮਾ (ਬੀ.ਡੀ.ਐੱਸ.) ਤੇ ਡਾ. ਰਿਦਮ ਸ਼ਰਮਾ (ਬੀ.ਡੀ.ਐੱਸ.) ਦੀ ਟੀਮ ਵੱਲੋਂ ਬੱਚਿਆਂ ਦੇ ਦੰਦਾਂ ਦਾ ਨਿਰੀਖਣ ਕੀਤਾ ਗਿਆ, ਜਿਸ ਵਿੱਚ ਦੰਦਾਂ ਦੀਆਂ ਬੀਮਾਰੀਆਂ, ਉਨ੍ਹਾਂ ਦੀ ਸਾਂਭ-ਸੰਭਾਲ ਤੇ ਸਫ਼ਾਈ ਬਾਰੇ ਜਾਣਕਾਰੀ ਦਿੱਤੀ ਗਈ। ਸਕੂਲ ਦੀ ਪ੍ਰਿੰਸੀਪਲ ਅਨੀਤਾ ਜੈਨ ਨੇ ਡਾਕਟਰਾਂ ਦੀ ਮਿਹਨਤੀ ਟੀਮ ਦਾ ਧੰਨਵਾਦ ਕੀਤਾ, ਜਿਨ੍ਹਾਂ 400 ਤੋਂ ਵੱਧ ਬੱਚਿਆਂ ਦੀ ਜਾਂਚ ਕੀਤੀ ਤੇ ਉਨ੍ਹਾਂ ਨੂੰ ਪ੍ਰਬੰਧਕ ਕਮੇਟੀ ਵੱਲੋਂ ਮਨੀਸ਼ ਜੈਨ ਨੇ ਸਨਮਾਨ ਚਿੰਨ੍ਹ ਦੇ ਕੇ ਸਨਮਾਨਤ ਕੀਤਾ। ਇਸ ਮੌਕੇ ਸਕੂਲ ਪ੍ਰਬੰਧਕ ਦਰਸ਼ਨ ਲਾਲ ਜੈਨ ਤੇ ਸਟਾਫ਼ ਮੈਂਬਰ ਹਾਜ਼ਰ ਸਨ।

'ਏਕ ਸ਼ਾਮ ਗਊ ਮਾਤਾ ਕੇ ਨਾਮ' 29 ਨੂੰ

ਸਮਾਣਾ (ਇਕਬਾਲ ਸਿੰਘ ਬੱਲ, ਗੁਰਪਿਆਰ ਸਿੰਘ ਬੱਲ)-ਸ਼ਹਿਰ ਦੀ ਧਾਰਮਿਕ ਤੇ ਸਮਾਜ ਸੇਵੀ ਸੰਸਥਾ ਸ਼ਿਵ ਸ਼ੰਕਰ ਯੂਥ ਸੇਵਾ ਦਲ ਵੱਲੋਂ 'ਏਕ ਸ਼ਾਮ ਗਊ ਮਾਤਾ ਕੇ ਨਾਮ' ਸਥਾਨਕ ਨੈਨਾਂ ਆਰੀਆ ਧਰਮਸ਼ਾਲਾ ਵਿਖੇ 29 ਮਈ ਰਾਤ 8 ਵਜੇ ਤੋਂ ਸ਼ੁਰੂ ਕੀਤਾ ਜਾਵੇਗਾ, ਜਿਸ ਦੀ ਸਮਾਪਤੀ ਪ੍ਰਭੂ ਇੱਛਾ ਅਨੁਸਾਰ ਹੋਵੇਗੀ। ਇਸ ਮੌਕੇ ਭਜਨ ਗਾਇਕ ਨਿਤੇਸ਼ ਸ਼ਰਮਾ ਗੋਲੂ ਤੇ ਨਿਰਮਲ ਜੀ ਝੁਨਝੁਨਵਾਲਾ ਤੋਂ ਇਲਾਵਾ ਬਨਵਾਰੀ ਲਾਲ, ਨਵੀਨ ਸ਼ਰਮਾ, ਰਜਨੀ ਧੀਮਾਨ, ਆਸ਼ੂ ਸਮਾਣਾ ਤੇ ਰਣਜੀਤ ਰਾਣਾ ਆਪਣੀ ਭਜਨ ਗਾਇਕੀ ਨਾਲ ਕਰਨਗੇ ਭਗਵਾਨ ਕ੍ਰਿਸ਼ਨ ਦੀ ਮਹਿਮਾ ਦਾ ਗੁਣਗਾਨ ਕਰਨਗੇ।

ਵੱਡੀ ਮਾਤਰਾ 'ਚ ਹੈਰੋਇਨ ਸਮੇਤ ਔਰਤ ਕਾਬੂ, ਇੱਕ ਫਰਾਰ

ਮਲੋਟ (ਗੁਰਮੀਤ ਸਿੰਘ ਮੱਕੜ)-ਸਥਾਨਕ ਥਾਣਾ ਸਿਟੀ ਪੁਲਸ ਨੇ ਹੈਰੋਇਨ ਬਰਾਮਦ ਔਰਤ ਸਮੇਤ ਦੋ ਵਿਅਕਤੀਆਂ 'ਤੇ ਮਾਮਲਾ ਦਰਜ ਕੀਤਾ ਹੈ। ਪ੍ਰਾਪਤ ਜਾਣਕਾਰੀ ਅਨੁਸਾਰ ਪੁਲਸ ਪਾਰਟੀ ਗਸ਼ਤ ਦੌਰਾਨ ਹੈਪੀ ਮੱਕੜ ਐੱਮ.ਸੀ. ਵਾਲੀ ਗਲੀ ਮਲੋਟ ਸੀ ਤਾਂ ਇੱਕ ਨੌਜਵਾਨ ਮੋਟਰਸਾਈਕਲ ਸਵਾਰ ਨਿਕਲਿਆ, ਜਿਸ ਦੇ ਪਿੱਛੇ ਇੱਕ ਨੌਜਵਾਨ ਔਰਤ ਬੈਠੀ ਹੋਈ ਸੀ, ਜਿਸ 'ਤੇ ਪੁਲਸ ਨੇ ਮੋਟਰਸਾਈਕਲ ਨੂੰ ਰੁਕਣ ਦਾ ਇਸ਼ਾਰਾ ਕੀਤਾ, ਤਾਂ ਉਸ ਦੇ ਪਿੱਛੇ ਬੈਠੀ ਔਰਤ, ਜਿਸ ਨੇ ਆਪਣੇ ਹੱਥ ਵਿੱਚ ਇੱਕ ਬੈਗ ਫੜਿਆ ਹੋਇਆ ਸੀ, ਮੋਟਰਸਾਈਕਲ ਤੋਂ ਉੱਤਰ ਕੇ ਕਾਹਲੀ ਨਾਲ ਗਲੀ ਵਿੱਚ ਵਾਪਸ ਭੱਜ ਗਈ ਅਤੇ ਮੋਟਰਸਾਈਕਲ ਚਾਲਕ ਨੌਜਵਾਨ ਆਪਣਾ ਮੋਟਰਸਾਈਕਲ ਇੰਦਰਾ ਰੋਡ ਮਲੋਟ ਵੱਲ ਭਜਾ ਕੇ ਲੈ ਗਿਆ। ਪੁਲਸ ਪਾਰਟੀ ਨੇ ਔਰਤ ਦਾ ਪਿੱਛਾ ਕੀਤਾ ਤਾਂ ਔਰਤ ਨੇ ਆਪਣੇ ਹੱਥ ਵਿੱਚ ਫੜਿਆ ਬੈਗ ਗਲੀ ਵਿੱਚ ਸੁੱਟ ਦਿੱਤਾ, ਜਿਸ ਨੂੰ ਪੁਲਸ ਪਾਰਟੀ ਨੇ ਕਾਬੂ ਕਰ ਲਿਆ ਤੇ ਬੈਗ ਦੀ ਤਲਾਸ਼ੀ ਲੈਣ ਉਪਰੰਤ ਉਸ ਵਿੱਚੋਂ 270 ਗ੍ਰਾਮ ਹੈਰੋਇਨ ਬਰਾਮਦ ਕਰ ਲਈ ਗਈ। ਦੋਸ਼ੀਆਂ ਦੀ ਪਹਿਚਾਣ ਸੁਮਨ ਤੇ ਆਸ਼ੂ ਵਾਸੀ ਪਟੇਲ ਨਗਰ ਮਲੋਟ ਵਜੋਂ ਹੋਈ ਹੈ। ਪੁਲਸ ਨੇ ਮੁਕੱਦਮਾ ਦਰਜ ਕਰਕੇ ਅਗਲੀ ਕਾਰਵਾਈ ਸ਼ੁਰੂ ਕਰ ਦਿੱਤੀ ਹੈ।

ਪੂਨਮ ਨੇ ਯੂ ਪੀ ਐੱਸ ਸੀ ਦੀ ਪ੍ਰੀਖਿਆ 'ਚ ਕੀਤੀ ਸਫਲਤਾ ਹਾਸਲ

ਘਰ ਵਧਾਈਆਂ ਦੇਣ ਵਾਲਿਆਂ ਦੀ ਲੱਗੀ ਭੀੜ, ਪੰਚਾਇਤ ਨੇ ਕੀਤਾ ਸਨਮਾਨ

ਫਾਜ਼ਿਲਕਾ (ਕ੍ਰਿਸ਼ਨ ਸਿੰਘ)-ਫਾਜ਼ਿਲਕਾ ਦੇ ਪਿੰਡ ਰਾਣਾ ਦੀ ਰਹਿਣ ਵਾਲੀ ਪੂਨਮ ਵੱਲੋਂ ਯੂ ਪੀ ਐੱਸ ਸੀ ਦੀ ਪ੍ਰੀਖਿਆ ਵਿੱਚ ਸਫਲਤਾ ਹਾਸਲ ਕਰਨ ਤੋਂ ਬਾਅਦ ਉਨ੍ਹਾਂ ਦੇ ਘਰ ਵਧਾਈਆਂ ਦੇਣ ਵਾਲਿਆਂ ਦਾ ਜਮਾਵੜਾ ਲੱਗਿਆ ਹੋਇਆ ਹੈ। ਇਸੇ ਤਰ੍ਹਾਂ ਪਿੰਡ ਨਵਾਂ ਰਾਣਾ ਤੇ ਰਾਣਾ ਦੀ ਪੰਚਾਇਤ ਨੇ ਉਨ੍ਹਾਂ ਦੇ ਘਰ ਪਹੁੰਚ ਕੇ ਉਨ੍ਹਾਂ ਨੂੰ ਵਧਾਈ ਦਿੱਤੀ ਤੇ ਫੁੱਲਾਂ ਦੇ ਹਾਰ ਪਾ ਕੇ ਸਨਮਾਨਤ ਕੀਤਾ।

ਇਸ ਮੌਕੇ ਪੂਨਮ ਨੇ ਕਿਹਾ ਕਿ ਉਸ ਨੂੰ ਬਹੁਤ ਖੁਸ਼ੀ ਮਹਿਸੂਸ ਹੋ ਰਹੀ ਹੈ ਕਿ ਉਨ੍ਹਾਂ ਨੇ ਆਪਣੇ ਪਿੰਡ ਦੇ ਨਾਲ-ਨਾਲ ਇਸ ਇਲਾਕੇ ਤੇ ਜ਼ਿਲ੍ਹੇ ਵਿੱਚ ਇਕੱਲੇ ਹੀ ਯੂ.ਪੀ.ਐੱਸ.ਸੀ. ਦੀ ਪ੍ਰੀਖਿਆ ਵਿੱਚ ਸਫਲਤਾ ਹਾਸਲ ਕੀਤੀ ਹੈ। ਉਨ੍ਹਾ ਦੱਸਿਆ ਕਿ ਉਨ੍ਹਾਂ ਨੇ ਇਸ ਸਾਲ ਹੋਏ ਯੂ.ਪੀ.ਐੱਸ.ਸੀ. ਦੇ ਨਤੀਜਿਆਂ ਵਿੱਚ 778ਵਾਂ ਰੈਂਕ ਹਾਸਲ ਕੀਤਾ ਹੈ। ਉਨ੍ਹਾ ਦੱਸਿਆ ਕਿ ਉਨ੍ਹਾਂ ਨੇ ਇਹ ਪ੍ਰੀਖਿਆ ਪਹਿਲਾਂ ਵੀ ਦਿੱਤੀ ਸੀ, ਪਰ ਉਹ ਸਫਲ ਨਹੀਂ ਹੋ ਸਕੀ ਸੀ। ਇਸ ਤੋਂ ਬਾਅਦ ਹੁਣ ਉਨ੍ਹਾਂ ਨੇ ਇਸ 'ਚ ਸਫਲਤਾ ਹਾਸਲ ਕੀਤੀ ਹੈ। ਉਨ੍ਹਾ ਦੱਸਿਆ ਕਿ ਇਸ ਦੇ ਲਈ ਉਨ੍ਹਾ ਕੋਈ ਖਾਸ ਕੋਚਿੰਗ ਨਹੀਂ ਰੱਖੀ ਤੇ ਆਪਣੇ ਦਮ 'ਤੇ ਹੀ ਇਹ ਮੁਕਾਮ ਹਾਸਲ ਕੀਤਾ ਹੈ। ਉਨ੍ਹਾ ਇਸ ਦਾ ਸਿਹਰਾ ਆਪਣੇ ਪਿਤਾ ਤੋਂ ਇਲਾਵਾ ਪਰਿਵਾਰ ਦੇ ਸਾਰੇ ਮੈਂਬਰਾਂ ਤੇ ਅਧਿਆਪਕਾਂ ਨੂੰ ਦਿੱਤਾ। ਉਨ੍ਹਾ ਕਿਹਾ ਕਿ ਇਸ ਕਾਮਯਾਬੀ ਤੋਂ ਬਾਅਦ ਦੇਸ ਲਈ ਜੋ ਵੀ ਬਣ ਸਕਿਆ, ਉਹ ਸਰਕਾਰ ਦੀਆਂ ਹਦਾਇਤਾਂ ਦੀ ਪਾਲਣਾ ਕਰਦੇ ਹੋਏ ਆਪਣੀ ਜ਼ਿੰਮੇਵਾਰੀ ਨੂੰ ਤਨਦੇਹੀ ਨਾਲ ਨਿਭਾਉਣਗੇ। ਇਸ ਮੌਕੇ ਉਨ੍ਹਾਂ ਪਿੰਡ ਨਵਾਂ ਰਾਣਾ ਦੇ ਸਰਪੰਚ ਤੇ ਸਮੂਹ ਪੰਚਾਇਤ ਦਾ ਸਨਮਾਨ ਕਰਨ 'ਤੇ ਧੰਨਵਾਦ ਵੀ ਕੀਤਾ।

ਇਸ ਮੌਕੇ ਉਨ੍ਹਾ ਦੇ ਪਿਤਾ ਸੂਰਜ ਪ੍ਰਕਾਸ਼ ਨੇ ਖੁਸ਼ੀ ਦਾ ਪ੍ਰਗਟਾਵਾ ਕਰਦਿਆਂ ਕਿਹਾ ਕਿ ਉਨ੍ਹਾਂ ਦੀ ਬੇਟੀ ਪੂਨਮ ਨੇ ਇਹ ਉਪਲਬਧੀ ਹਾਸਲ ਕਰਕੇ ਆਪਣੇ ਮਾਪਿਆਂ, ਪਿੰਡ ਦੇ ਨਾਲ-ਨਾਲ ਪੂਰੇ ਜ਼ਿਲ੍ਹੇ ਦਾ ਨਾਂ ਰੌਸ਼ਨ ਕੀਤਾ ਹੈ। ਉਨ੍ਹਾਂ ਨੂੰ ਆਪਣੀ ਧੀ 'ਤੇ ਮਾਣ ਹੈ। ਪਿੰਡ ਨਵਾਂ ਰਾਣਾ ਦੇ ਸਰਪੰਚ ਗੁਰਜੀਤ ਲਾਹੌਰੀਆ ਨੇ ਕਿਹਾ ਕਿ ਉਹ ਪੂਨਮ ਦੀ ਇਸ ਪ੍ਰਾਪਤੀ 'ਤੇ ਬਹੁਤ ਖੁਸ਼ੀ ਮਹਿਸੂਸ ਕਰ ਰਹੇ ਹਨ। ਇਸ ਮੌਕੇ ਉਨ੍ਹਾਂ ਵੱਲੋਂ ਉਨ੍ਹਾਂ ਨੂੰ ਵਧਾਈ ਦਿੱਤੀ ਗਈ ਤੇ ਫੁੱਲਾਂ ਦੇ ਹਾਰ ਪਾ ਕੇ ਸਨਮਾਨਤ ਕੀਤਾ ਗਿਆ। ਇਸ ਮੌਕੇ ਉਨ੍ਹਾ ਨੇ ਉਨ੍ਹਾ ਦੇ ਉੱਜਵਲ ਭਵਿੱਖ ਦੀ ਕਾਮਨਾ ਵੀ ਕੀਤੀ।

ਸੀ ਪੀ ਆਈ ਵੱਲੋਂ ਸ਼ਹੀਦ ਕਰਤਾਰ ਸਿੰਘ ਸਰਾਭਾ ਦੇ ਜਨਮ ਦਿਨ ਨੂੰ ਸਮਰਪਤ ਮਾਰਚ

I, Rajveer S/o Sucha Ram R/o H.No. 374, St No. 6, Dhilwan Road, Opp Blossam Hospital, Sainik Vihar, Jalandhar-144023, Punjab have changed my name to Rajveer Pataria. All Please Note.

I, Surjit Kumar S/o Dev Raj R/o VPO. Bopa Rai Kalan, Tehsil Nakodar, Distt. Jalandhar, Punjab have changed my name from Surjit Kumar to Surjit Kumar Kaler. All Please Note

ਐਮਜੀ ਮੋਟਰ ਇਲੈਕਟ੍ਰਿਕ ਨੇ ਗਤੀਸ਼ੀਲਤਾ ਲਈ ਆਪਣੀ ਵਚਨਬੱਧਤਾ ਮੁੜ ਦੁਹਰਾਈ

ਲੁਧਿਆਣਾ/ਅੰਮ੍ਰਿਤਸਰ : ਐਮਜੀ ਮੋਟਰ ਇੰਡੀਆ ਨੇ ਐਲਾਨ ਕੀਤਾ ਕਿ ਪੂਰੀ ਦੁਨੀਆ ਵਿੱਚ ਕਾਮਯਾਬੀ ਦਾ ਪਰਚਮ ਲਹਿਰਾਉਣ ਵਾਲੀ ਕੰਪਨੀ ਨੇ ਸਭ ਤੋਂ ਵੱਧ ਵਾਹਨ, ਜ਼ੈਡਐਸ ਈਵੀ ਨੇ ਭਾਰਤ ਵਿੱਚ 10,000 ਯੂਨਿਟ ਦੀ ਵਿਕਰੀ ਦਾ ਅੰਕੜਾ ਪਾਰ ਕਰ ਲਿਆ ਹੈ। ਐਮਜੀ ਜ਼ੈਡਐਸ ਈਵੀ ਭਾਰਤ ਦੀ ਪਹਿਲੀ ਪਿਓਰ-ਇਲੈਕਟ੍ਰਿਕ ਇੰਟਰਨੈੱਟ ਐਸਯੂਵੀ ਹੈ, ਜੋ ਲਾਂਚ ਕਰਨ ਤੋਂ ਬਾਅਦ ਹੀ ਭਾਰਤ ਵਿੱਚ ਈਵੀ ਨੂੰ ਪਸੰਦ ਕਰਨ ਵਾਲੇ ਲੋਕਾਂ ਦੇ ਵਿਚਕਾਰ ਇੱਕ ਗ੍ਰੀਨ-ਪਲੇਟ ਬਣ ਗਈ ਹੈ। ਬਿਲਕੁਲ-ਨਵੀ ਜ਼ੈਡਐਸ ਈਵੀ 2 ਅਲੱਗ-ਅਲੱਗ ਵੇਰਿਐਂਟਸ (ਐਕਸਾਈਟ ਅਤੇ ਐਕਸਕਲੂਸਿਵ) ਵਿੱਚ ਉਪਲਬਧ ਹੈ, ਜਿਨਾਂ ਦੀ ਕੀਮਤ ਕ੍ਰਮ: 23,38,000 ਰੁਪਏ* ਅਤੇ 27,29,800 ਰੁਪਏ* ਹੈ। ਜ਼ੈਡਐਸ ਈਵੀ ਵਿੱਚ 6 ਵੱਖ-ਵੱਖ ਚਾਰਜਿੰਗ ਵਿਕਲਪ ਉਪਲਬਧ ਹਨ: ਡੀਸੀ ਸੁਪਰ-ਫਾਸਟ ਚਾਰਜਰ, ਏਸੀ ਫਾਸਟ ਚਾਰਜਰ, ਐਮਜੀ ਡੀਲਰਸ਼ਿਪਾਂ ਤੇ ਏਸੀ ਫਾਸਟ ਚਾਰਜਰ, ਜੈਡਐਸ ਈਵੀ ਦੇ ਨਾਲ ਪੋਰਟੇਬਲ ਚਾਰਜਰ, ਚੌਵੀ ਘੰਟੇ ਆਰਐਸਏ (ਰੋਡਸਾਈਡ ਅਸਿਸਟੈਂਸ) ਦੀ ਮਦਦ ਤੇ ਚਲਦੇ ਫਿਰਦੇ ਚਾਰਜਿੰਗ ਦੀ ਸਹੂਲਤ ਅਤੇ ਐਮਜੀ ਚਾਰਜ ਪਹਿਲ ਜੋ ਐਮਜੀ ਇੰਡੀਆ ਦੁਆਰਾ ਸ਼ੁਰੂ ਕੀਤੀ ਗਈ ਆਪਣੇ ਆਪ ਵਿੱਚ ਵੱਖਰੀ ਪਹਿਲ ਹੈ।

ਬੁੱਢਾ ਦਲ ਵੱਲੋਂ ਲਗਾਈ ਠੰਡੇ-ਮਿੱਠੇ ਜਲ ਦੀ ਛਬੀਲ

ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ)-ਸ੍ਰੀ ਗੁਰੂ ਅਰਜਨ ਦੇਵ ਜੀ ਦਾ ਸ਼ਹੀਦੀ ਗੁਰਪਰਬ ਗੁਰਦੁਆਰਾ ਮੱਲ ਅਖਾੜਾ ਸਾਹਿਬ ਪਾ: ਛੇਵੀਂ ਅਤੇ ਬੁਰਜ ਅਕਾਲੀ ਬਾਬਾ ਫੂਲਾ ਸਿੰਘ ਵਿਖੇ ਪੂਰੀ ਸ਼ਰਧਾ ਭਾਵਨਾ ਨਾਲ ਮਨਾਇਆ ਗਿਆ। ਗੁਰਦੁਆਰਾ ਸਾਹਿਬ ਦੇ ਮੁੱਖ ਗੇਟ ਤੇ ਬੁੱਢਾ ਦਲ ਵੱਲੋਂ ਠੰਡੇ ਮਿੱਠੇ ਜਲ ਦੀਆਂ ਛਬੀਲਾਂ ਲਾਈਆਂ ਗਈਆਂ। ਛਬੀਲ ਲਗਾਉਣ ਸਮੇਂ ਅਰੰਭਤਾ ਦੀ ਅਰਦਾਸ ਬਾਬਾ ਅਮਰੀਕ ਸਿੰਘ ਨੇ ਕੀਤੀ। ਛਬੀਲਾਂ ਸ੍ਰੀ ਹਰਿਮੰਦਰ ਸਾਹਿਬ ਪੁੱਜਣ ਵਾਲੇ ਯਾਤਰੂਆਂ ਲਈ ਤਸਕੀਨ ਦਾ ਕੰਮ ਕਰ ਰਹੀਆਂ ਸਨ। ਬੁੱਢਾ ਦਲ ਦੇ ਸਕੱਤਰ ਦਿਲਜੀਤ ਸਿੰਘ ਬੇਦੀ ਨੇ ਦੱਸਿਆ ਕਿ ਸਿੰਘ ਸਾਹਿਬ ਬਾਬਾ ਬਲਬੀਰ ਸਿੰਘ ਅਕਾਲੀ ਮੁਖੀ ਬੁੱਢਾ ਦਲ ਦੇ ਆਦੇਸ਼ ਅਨੁਸਾਰ ਬੁਰਜ ਅਕਾਲੀ ਬਾਬਾ ਫੂਲਾ ਸਿੰਘ ਵਿਖੇ ਹਰ ਰੋਜ ਠੰਡੇ ਮਿੱਠੇ ਜਲ ਦੀਆਂ ਵੱਖ-ਵੱਖ ਗੇਟਾਂ ਤੇ ਛਬੀਲਾਂ ਦਾ ਵਿਸ਼ੇਸ਼ ਪ੍ਰਬੰਧ ਹੋਵੇਗਾ ਅਤੇ 6 ਜੂਨ ਨੂੰ ਛੋਲਿਆਂ ਦੀਆਂ ਘੁੰਗਣੀਆਂ ਤੇ ਠੰਡੇ ਮਿੱਠੇ ਜਲ ਦੀ ਛਬੀਲ ਲੱਗੇਗੀ। ਇਸ ਸਮੇਂ ਬਾਬਾ ਭਗਤ ਸਿੰਘ, ਬਾਬਾ ਗੁਰਲਾਲ ਸਿੰਘ, ਬਾਬਾ ਅਮਰੀਕ ਸਿੰਘ, ਬਾਬਾ ਗਗਨ ਸਿੰਘ, ਬਾਬਾ ਪਿਆਰਾ ਸਿੰਘ, ਮਨੋਜ ਕੁਮਾਰ ਮਿੰਟੂ ਨੇ ਸੰਗਤਾਂ ਨੂੰ ਜਲ ਛਕਾਉਣ ਦੀ ਸੇਵਾ ਕੀਤੀ।

ਲਵਪ੍ਰੀਤ ਨੇ ਐੱਸ ਡੀ ਮਾਡਰਨ ਹਾਈ ਸਕੂਲ ਦਾ ਨਾਂਅ ਰੁਸ਼ਨਾਇਆ

ਦੀਨਾਨਗਰ (ਬਲਵਿੰਦਰ ਸਿੰਘ ਬਿੱਲਾ)-ਦੀਨਾਨਗਰ ਦੇ ਐੱਸ. ਡੀ. ਮਾਡਰਨ ਹਾਈ ਸਕੂਲ ਦੇ ਲਵਪ੍ਰੀਤ ਨੇ ਦਸਵੀਂ ਜਮਾਤ 'ਚੋਂ ਬਲਾਕ ਪੱਧਰ 'ਤੇ 650 ਵਿੱਚੋਂ 631 ਨੰਬਰ ਲੈ ਕੇ ਪਹਿਲਾ ਸਥਾਨ ਹਾਸਲ ਕੀਤਾ ਹੈ ਜਿਸ ਕਾਰਨ ਲਵਪ੍ਰੀਤ ਦੇ ਪਰਿਵਾਰਕ ਮੈਂਬਰਾਂ ਅਤੇ ਸਕੂਲ ਅਧਿਆਪਕਾਂ 'ਚ ਖ਼ੁਸ਼ੀ ਦੀ ਲਹਿਰ ਪਾਈ ਜਾ ਰਹੀ ਹੈ। ਸਕੂਲ ਪਹੁੰਚਣ 'ਤੇ ਅਧਿਆਪਕਾਂ ਨੇ ਲਵਪ੍ਰੀਤ ਨੂੰ ਸਨਮਾਨਿਤ ਕੀਤਾ ਅਤੇ ਉਸਦਾ ਮੂੰਹ ਮਿੱਠਾ ਕਰਵਾਇਆ। ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਲਵਪ੍ਰੀਤ ਨੇ ਕਿਹਾ ਕਿ ਉਹ ਅੱਗੋਂ ਮੈਡੀਕਲ ਦੀ ਪੜ੍ਹਾਈ ਜਾਰੀ ਰੱਖੇਗਾ ਅਤੇ ਇੱਕ ਵਧੀਆ ਡਾਕਟਰ ਬਣ ਕੇ ਸਮਾਜ ਦੀ ਸੇਵਾ ਕਰੇਗਾ। ਪਰਿਵਾਰਕ ਮੈਂਬਰਾਂ ਦੀ ਖ਼ੁਸ਼ੀ ਦਾ ਕੋਈ ਟਿਕਾਣਾ ਨਹੀਂ ਸੀ। ਉਧਰ ਸਕੂਲ ਦੀ ਪ੍ਰਿੰਸੀਪਲ ਸੁਖਪਾਲ ਕੌਰ ਨੇ ਲਵਪ੍ਰੀਤ ਨੂੰ ਵਧਾਈ ਦਿੱਤੀ ਅਤੇ ਉਸ ਦੇ ਚੰਗੇ ਭਵਿੱਖ ਦੀ ਕਾਮਨਾ ਕੀਤੀ। ਇਸ ਮੌਕੇ ਮੈਡਮ ਮਮਤਾ, ਨਵਜੋਤੀ, ਸ਼ਮਾ, ਰੰਜਿਤਾ, ਕੰਚਨ, ਨੇਹਾ, ਅੰਮਿਕਾ, ਗੁਰਸ਼ਰਨ ਕੌਰ, ਸ਼ਿਵਾਨੀ, ਸ਼ਿਫਾਲੀ, ਰੇਨੂੰ ਅਤੇ ਰੀਆ ਆਦਿ ਹਾਜ਼ਰ ਸਨ।

ਗਰਭਵਤੀ ਔਰਤਾਂ ਦੇ ਚੈੱਕਅੱਪ ਅਤੇ ਫਾਲੋਅਪ ਲਈ ਸਪੈਸ਼ਲ ਕੈਂਪ ਦਾ ਆਯੋਜਨ

ਸਰਹਾਲੀ ਕਲਾਂ (ਹਰਪ੍ਰੀਤ ਸਿੰਘ,ਚੱਢਾ)-ਸਿਵਲ ਸਰਜਨ ਤਰਨ ਤਰਨ ਡਾ: ਗੁਰਪ੍ਰੀਤ ਸਿੰਘ ਰਾਏ ਦੀਆਂ ਹਦਾਇਤਾਂ ਦੀ ਪਾਲਣਾ ਕਰਦੇ ਹੋਏ ਡਾ: ਜਤਿੰਦਰ ਸਿੰਘ ਗਿੱਲ ਸੀਨੀਅਰ ਮੈਡੀਕਲ ਅਫਸਰ ਇੰ:ਸੀਐਚਸੀ ਸਰਹਾਲੀ ਦੀ ਯੋਗ ਅਗਵਾਈ ਹੇਠ ਅੱਜ ਪਿੰਡ ਰਾਣੀਵਲਾਹ ਵਿਖੇ ਗਰਭਵਤੀ ਔਰਤਾਂ ਦੇ ਚੈੱਕਅੱਪ ਅਤੇ ਫਾਲੋਅਪ ਲਈ ਸਪੈਸ਼ਲ ਕੈਂਪ ਦਾ ਆਯੋਜਨ ਕੀਤਾ ਗਿਆ ਹੈ। ਇਸ ਸਬੰਧੀ ਜਾਣਕਾਰੀ ਦਿੰਦੇ ਹੋਏ ਡਾ: ਨਵਦੀਪ ਕੌਰ ਬੁੱਟਰ ਨੇ ਦੱਸਿਆ ਕਿ ਅੱਜ ਇਸ ਕੈਂਪ ਵਿੱਚ ਵੱਖ-ਵੱਖ ਪਿੰਡਾਂ ਦੀਆਂ ਸੈਂਕੜੇ ਗਰਭਵਤੀ ਔਰਤਾਂ ਆਪਣਾ ਚੈੱਕਅੱਪ ਕਰਵਾਉਣ ਲਈ ਪਹੁੰਚੀਆਂ ਜਿਨ੍ਹਾਂ ਦੀ ਜਾਂਚ ਕਰਨ ਤੋਂ ਬਾਅਦ ਉਨਾਂ ਨੂੰ ਲੋੜੀਂਦੇ ਟੈਸਟ ਕਰਨ ਤੋਂ ਬਾਅਦ ਮੁਫ਼ਤ ਦਵਾਈਆਂ ਦਿੱਤੀਆਂ ਗਈਆਂ। ਡਾ: ਬੁੱਟਰ ਵੱਲੋਂ ਇਸ ਸਮੇਂ ਹਾਜ਼ਰ ਗਰਭਵਤੀ ਔਰਤਾਂ ਨੂੰ ਆਪਣੀ ਸਿਹਤ ਦੀ ਸਹੀ ਸੰਭਾਲ ਕਰਨ ਅਤੇ ਆਪਣਾ ਸਮੇਂ ਸਮੇਂ ਤੇ ਚੈੱਕਅੱਪ ਕਰਵਾਉਣ ਲਈ ਵੀ ਪ੍ਰੇਰਿਤ ਕੀਤਾ ਗਿਆ। ਡਾ: ਬੁੱਟਰ ਨੇ ਗਰਭਵਤੀ ਔਰਤਾਂ ਨੂੰ ਸਮਝਾਇਆ ਕਿ ਉਹ ਆਪਣੇ ਪੇਟ ਅੰਦਰ ਪਲ ਰਹੇ ਬੱਚੇ ਦਾ ਖਾਸ ਧਿਆਨ ਰੱਖਦੇ ਹੋਏ ਆਪਣੇ ਖਾਣ-ਪੀਣ ਦਾ ਪੂਰਾ ਧਿਆਨ ਰੱਖਦੇ ਹੋਏ ਤੇਲ ਵਾਲੀਆਂ, ਜ਼ਿਆਦਾ ਮਸਾਲੇ ਵਾਲੀਆਂ ਚੀਜ਼ਾਂ ਖਾਣ ਤੋਂ ਪ੍ਰਹੇਜ਼ ਕਰਨ ਅਤੇ ਫਲ, ਸਲਾਦ, ਦੁੱਧ ਆਦਿ ਦਾ ਸੇਵਨ ਦਿਨ ਵਿੱਚ ਇੱਕ ਸਮੇਂ ਸੈਰ ਜ਼ਰੂਰ ਕਰਨ ਲਈ ਕਿਹਾ। ਇਸ ਸਮੇਂ ਐੱਮਐੱਲਟੀ ਜਸਮੀਤ ਸਿੰਘ, ਰਾਜਵਿੰਦਰ ਕੌਰ ਏਐੱਨਐੱਮ ਅਤੇ ਆਸ਼ਾ ਵਰਕਰਜ਼ ਹਾਜ਼ਰ ਸਨ।

ਜਨਮ ਦਿਨ ਮੁਬਾਰਕ

ਸਿਮਰਜੀਤ ਕੌਰ (ਪਿੰਡ ਬਾਦੇਵਾਲਾ)

ਇਸ਼ਤਿਹਾਰਾਂ ਸੰਬੰਧੀ ਜ਼ਰੂਰੀ ਬੇਨਤੀ

'ਨਵਾਂ ਜ਼ਮਾਨਾ' ਅਖ਼ਬਾਰ ਵਿੱਚ ਛਪੇ ਇਸ਼ਤਿਹਾਰਾਂ (ਡਿਸਪਲੇ/ ਕਲਾਸੀਫਾਈਡ) ਦੇ ਤੱਥਾਂ ਤੇ ਦਾਅਵਿਆਂ ਦੀ ਜ਼ਿੰਮੇਵਾਰੀ ਨਹੀਂ ਲੈਂਦਾ। ਸਾਡਾ ਅਖ਼ਬਾਰ ਇਹਨਾਂ ਨੂੰ ਤਸਦੀਕ ਨਹੀਂ ਕਰਦਾ। ਪਾਠਕਾਂ ਨੂੰ ਬੇਨਤੀ ਕੀਤੀ ਜਾਂਦੀ ਹੈ ਕਿ ਉਹ ਇਹਨਾਂ ਇਸ਼ਤਿਹਾਰਾਂ 'ਤੇ ਕਾਰਵਾਈ ਤੇ ਭਰੋਸੇ ਤੋਂ ਪਹਿਲਾਂ ਤੱਥਾਂ ਦੀ ਪੁਸ਼ਟੀ ਕਰ ਲੈਣ।

ਨੌਕਰੀਓਂ ਫਾਰਗ ਕੀਤੇ ਸਕਿਉਰਟੀ ਗਾਰਡਾਂ ਵੱਲੋਂ ਰੋਸ ਪ੍ਰਦਰਸ਼ਨ

ਦੋ ਜੂਨ ਨੂੰ ਸ਼ਹਿਰ 'ਚ ਮਾਰਚ ਤੇ ਅਰਥੀ ਫੂਕ ਮੁਜ਼ਾਹਰਾ ਕਰਨ ਦਾ

ਪਾਤੜਾਂ (ਨਿਸ਼ਾਨ ਸਿੰਘ ਬਣਵਾਲਾ)-ਪੰਜਾਬ ਫੀਲਡ ਐਂਡ ਵਰਕਸ਼ਾਪ ਵਰਕਰਜ਼ ਯੂਨੀਅਨ ਵੱਲੋਂ ਖਰੀਦ ਏਜੰਸੀ ਪ੍ਰਨਗ੍ਰੇਨ ਵੱਲੋਂ ਪਾਤੜਾਂ ਤੇ ਘੱਗਾ ਦੇ ਗੋਦਾਮਾਂ ਦੀ ਰਾਖੀ ਲਈ ਰੱਖੇ ਗਏ ਦਰਜਨ ਦੇ ਕਰੀਬ ਸਕਿਓਰਟੀ ਗਾਰਡਾਂ ਨੂੰ ਨੌਕਰੀ ਤੋਂ ਹਟਾਏ ਜਾਣ ਦੇ ਵਿਰੋਧ ਵਿੱਚ ਸੂਬਾ ਪ੍ਰਧਾਨ ਭਰਭੂਰ ਸਿੰਘ ਛਾਜਲੀ ਦੀ ਅਗਵਾਈ 'ਚ ਪਨਗਰੇਨ ਪਾਤੜਾਂ ਦੇ ਦਫਤਰ ਦੇ ਬਾਹਰ ਵਿਸ਼ਾਲ ਰੋਸ ਧਰਨਾ ਦਿੱਤਾ ਗਿਆ। ਇਸ ਦੌਰਾਨ ਇਕੱਤਰ ਸਕਿਓਰਟੀ ਗਾਰਡਾਂ ਨੇ ਜ਼ੋਰਦਾਰ ਨਾਅਰੇਬਾਜ਼ੀ ਕਰਦਿਆਂ ਨੌਕਰੀ ਤੋਂ ਹਟਾਏ ਗਏ ਸਕਿਓਰਟੀ ਗਾਰਡਾਂ ਨੂੰ ਤੁਰੰਤ ਬਹਾਲ ਕਰਨ ਦੀ ਮੰਗ ਕੀਤੀ।

ਰੋਸ ਪ੍ਰਦਰਸ਼ਨ ਨੂੰ ਸੰਬੋਧਨ ਕਰਦਿਆਂ ਭਰਭੂਰ ਸਿੰਘ ਛਾਜਲੀ ਨੇ ਕਿਹਾ ਕਿ ਪਾਤੜਾਂ ਵਿਖੇ ਰਕਸਕ ਕੰਪਨੀ ਰਾਹੀਂ ਕੰਮ ਕਰ ਰਹੇ ਸਕਿਓਰਟੀ ਗਾਰਡਾਂ ਨੂੰ ਮਾਰਚ ਮਹੀਨੇ ਵਿੱਚ ਨੌਕਰੀ ਤੋਂ ਇਹ ਕਹਿ ਕੇ ਫਾਰਗ ਕਰ ਦਿੱਤਾ ਕਿ ਅਨਾਜ ਦੇ ਗੋਦਾਮ ਖਾਲੀ ਹੋ ਗਏ ਹਨ ਤੇ ਮੁੜ ਗੋਦਾਮਾਂ 'ਚ ਅਨਾਜ ਲੱਗਣ 'ਤੇ ਮੈਨੇਜਮੈਂਟ ਤੇ ਕੰਪਨੀ ਵੱਲੋਂ ਮੁੜ ਨੌਕਰੀ 'ਤੇ ਰੱਖਣ ਦਾ ਵਾਅਦਾ ਕੀਤਾ ਗਿਆ ਸੀ, ਪ੍ਰੰਤੂ ਗੋਦਾਮਾਂ ਵਿੱਚ ਮਾਲ ਲੱਗਣ ਤੋਂ ਬਾਅਦ ਕੰਪਨੀ ਤੇ ਪਨਗ੍ਰੇਨ ਦੇ ਇੰਚਾਰਜ ਵੱਲੋਂ ਹਟਾਏ ਗਏ ਦਰਜਨ ਦੇ ਕਰੀਬ ਸਕਿਓਰਟੀ ਗਾਰਡਾਂ ਨੂੰ ਨੌਕਰੀ 'ਤੇ ਰੱਖਣ ਦੀ ਬਜਾਏ ਆਪਣੇ ਚਹੇਤਿਆਂ ਨੂੰ ਰੱਖ ਲਿਆ ਹੈ, ਜਿਸ ਕਾਰਨ ਪੰਜ-ਛੇ ਸਾਲਾਂ ਤੋਂ ਵੀ ਵੱਧ ਸਮੇਂ ਤੋਂ ਕੰਮ ਕਰਦੇ ਆ ਰਹੇ ਸਕਿਓਰਟੀ ਗਾਰਡ ਬੇਰੋਜ਼ਗਾਰ ਹੋ ਗਏ ਹਨ ਅਤੇ ਉਨ੍ਹਾਂ ਦੇ ਪਰਿਵਾਰਾਂ ਦੇ ਚੁੱਲ੍ਹੇ ਠੰਢੇ ਹੋਣ ਕਾਰਨ ਪਰਿਵਾਰਾਂ ਦੀ ਵਿੱਤੀ ਹਾਲਤ ਕਾਫੀ ਖਸਤਾ ਹੋ ਗਈ ਹੈ। ਜੰਗਲਾਤ ਵਿਭਾਗ ਦੇ ਪ੍ਰਧਾਨ ਜੋਰਾ ਸਿੰਘ ਨੰਗਲਾ, ਹਰਵਿੰਦਰ ਸਿੰਘ ਪੈਂਦ, ਸਿੰਦਰਪਾਲ ਪਸੌਰ ਨੇ ਦੱਸਿਆ ਕਿ ਮੈਨੇਜਿੰਗ ਡਾਇਰੈਕਟਰ ਪਨਗ੍ਰੇਨ ਨੇ ਇੱਕ ਪੱਤਰ ਜਾਰੀ ਕਰਕੇ ਕੰਪਨੀਆਂ ਤੇ ਅਧਿਕਾਰੀਆਂ ਨੂੰ ਹਦਾਇਤ ਕੀਤੀ ਹੈ ਕਿ ਤਿੰਨ ਸਾਲ ਜਾਂ ਇਸ ਤੋਂ ਵੱਧ ਸਮਾਂ ਕੰਮ ਕਰਨ ਵਾਲੇ ਸਕਿਓਰਟੀ ਗਾਰਡਾਂ ਨੂੰ ਪਹਿਲ ਦੇ ਅਧਾਰ 'ਤੇ ਰੱਖਿਆ ਜਾਵੇਗਾ, ਜਦੋਂ ਕਿ ਇਨ੍ਹਾਂ ਗੋਦਾਮਾਂ 'ਚ ਨੌਕਰੀ ਕਰਕੇ ਸਕਿਓਰਟੀ ਗਾਰਡਾਂ ਨੂੰ 6 ਸਾਲ ਤੋਂ ਵੀ ਵੱਧ ਦਾ ਸਮਾਂ ਹੋ ਗਿਆ ਹੈ। ਇਸ ਤਰ੍ਹਾਂ ਪਨਗ੍ਰੇਨ ਦੇ ਇੰਚਾਰਜ ਤੇ ਕੰਪਨੀ ਵੱਲੋਂ ਪੱਤਰ ਅਣਗੌਲਿਆ ਕਰਕੇ ਸਕਿਓਰਟੀ ਗਾਰਡਾਂ ਦਾ ਹੱਕ ਮਾਰਿਆ ਜਾ ਰਿਹਾ ਹੈ। ਉਨ੍ਹਾਂ ਚਿਤਾਵਨੀ ਦਿੰਦਿਆਂ ਕਿਹਾ ਕਿ ਜੇਕਰ ਕੋਈ ਹੱਲ ਨਾ ਹੋਇਆ ਤਾਂ ਉਨ੍ਹਾਂ ਵੱਲੋਂ ਆਉਣ ਵਾਲੀ 2 ਜੂਨ ਨੂੰ ਸ਼ਹਿਰ ਅੰਦਰ ਅਰਥੀ ਫੂਕ ਮੁਜ਼ਾਹਰਾ ਕਰਕੇ ਦਫਤਰ ਦੇ ਵਿਸ਼ਾਲ ਰੋਸ ਧਰਨਾ ਦਿੱਤਾ ਜਾਵੇਗਾ, ਜਿਸ ਦੀ ਜ਼ਿੰਮੇਵਾਰੀ ਪ੍ਰਸ਼ਾਸਨ ਦੀ ਹੋਵੇਗੀ। ਇਸ ਧਰਨੇ ਨੂੰ ਬ੍ਰਾਂਚ ਸਕੱਤਰ ਸਰਬਜੀਤ ਸਿੰਘ ਸੁਨਾਮ, ਮੀਤ ਪ੍ਰਧਾਨ ਸਤਨਾਮ ਸਿੰਘ ਗੁੱਜਰਾਂ, ਗੁਰਜੰਟ ਸਿੰਘ ਸੰਮਤੀਵਾਲਾ, ਗੁਲਾਬ ਸਿੰਘ, ਰਾਜਵੀਰ ਸਿੰਘ ਘੱਗਾ, ਪਰੇਮ ਸੰਗਰੂਰ, ਸਮਸ਼ੇਰ ਸੰਗਰੂਰ, ਗੁਰਵਿੰਦਰ ਨੰਗਲਾਂ, ਹਰਦੇਵ ਸੰਗਤੀਵਾਲਾ, ਬੇਅੰਤ ਕੌਹਰੀਆਂ, ਸੰਦੀਪ ਸਿੰਘ, ਗੁਰਜੰਟ ਸਿੰਘ ਦੇਧਨਾ, ਹਰਦੀਪ ਖਾਂਗ, ਅੰਕਤ ਕੁਮਾਰ ਤੇ ਅਕਸ਼ਦੀਪ ਆਦਿ ਹਾਜ਼ਰ ਸਨ।

ਆਂਗਨਵਾੜੀ ਵਰਕਰ/ਹੈਲਪਰ ਯੂਨੀਅਨ ਏਟਕ ਵੱਲੋਂ ਪ੍ਰੋਗਰਾਮ ਅਫਸਰ ਨੂੰ ਮੰਗ ਪੱਤਰ

ਮੋਗਾ (ਅਮਰਜੀਤ ਬੱਬਰੀ)-ਆਲ ਇੰਡੀਆ ਆਂਗਨਵਾੜੀ ਵਰਕਰ/ਹੈਲਪਰ ਯੂਨੀਅਨ ਪੰਜਾਬ ਏਟਕ ਦਾ ਵਫਦ ਸ਼ਿੰਦਰ ਕੌਰ ਜ਼ਿਲ੍ਹਾ ਪ੍ਰਧਾਨ ਦੀ ਅਗਵਾਈ ਵਿੱਚ ਜ਼ਿਲ੍ਹਾ ਪ੍ਰੋਗਰਾਮ ਅਫਸਰ ਮੋਗਾ ਨੂੰ ਮਿਲਿਆ ਤੇ ਆਪਣਾ ਮੰਗ ਪੱਤਰ ਦਿੱਤਾ। ਮੀਟਿੰਗ ਮੌਕੇ ਫੀਡ ਸਬੰਧੀ, ਪੋਸ਼ਣ ਟਰੈਕ ਸੰਬਧੀ, ਵਰਦੀ ਦੇ ਪੈਸਿਆਂ ਸਬੰਧੀ, ਫਲੈਕਸੀ ਫੰਡ, ਆਂਗਨਵਾੜੀ ਸੈਂਟਰਾਂ ਦੀਆਂ ਖਸਤਾ ਇਮਾਰਤਾਂ ਸਬੰਧੀ, ਆਂਗਨਵਾੜੀ ਵਰਕਰਾਂ ਦੀਆਂ ਬਦਲੀਆਂ ਸਬੰਧੀ, ਟੀ ਐੱਮ ਐੱਮ ਵੀ ਤਹਿਤ ਆਨਲਾਈਨ ਕੀਤੇ ਕੇਸਾਂ ਦੇ ਪੈਸਿਆਂ ਸਬੰਧੀ ਤੇ ਆਂਗਨਵਾੜੀ ਵਰਕਰਾਂ/ਹੈਲਪਰਾਂ ਦੇ ਆਈ ਕਾਰਡ ਸਬੰਧੀ ਗੱਲਬਾਤ ਕੀਤੀ ਗਈ। ਇਸ ਤੋਂ ਇਲਾਵਾ ਸੀ ਬੀ ਈ ਤਹਿਤ ਸਭ ਤੋਂ ਘੱਟ ਪੈਸੇ ਧਰਮਕੋਟ ਵਿੱਚ ਮਿਲਣ ਸਬੰਧੀ ਚਰਚਾ ਕੀਤੀ ਗਈ। ਇਨ੍ਹਾਂ ਸਭ ਮੰਗਾਂ ਦੇ ਸਬੰਧ ਵਿੱਚ ਜ਼ਿਲ੍ਹਾ ਪ੍ਰੋਗਰਾਮ ਅਫਸਰ ਨੇ ਕਿਹਾ ਕਿ ਇਹ ਮੰਗਾਂ ਜਾਇਜ਼ ਹਨ ਤੇ ਇਨ੍ਹਾਂ ਦਾ ਹੱਲ ਕਰਨ ਦਾ ਭਰੋਸਾ ਦਿੱਤਾ। ਵਫਦ ਵਿੱਚ ਕੁਲਵਿੰਦਰ ਕੌਰ ਖੋਸਾ, ਗੁਰਚਰਨ ਕੌਰ ਮੋਗਾ, ਗੁਰਪ੍ਰੀਤ ਕੌਰ ਚੁਗਾਵਾਂ, ਬਿਮਲ ਕੌਰ ਨਿਹਾਲ ਸਿੰਘ ਵਾਲਾ, ਸੰਦੀਪ ਕੌਰ, ਨਵਦੀਪ ਕੌਰ ਬਾਘਾ ਪੁਰਾਣਾ, ਗੁਰਵਿੰਦਰ ਕੌਰ, ਪੂਜਾ ਰਾਣੀ ਆਦਿ ਸ਼ਾਮਲ ਸਨ।

ਕ੍ਰਿਸ਼ਨ ਦੇਵ ਡੇਰਾ ਸੰਚਾਲਕ ਦੀ ਪਤਨੀ ਤੇ ਰਿਸ਼ਤੇਦਾਰਾਂ 'ਤੇ ਪਰਚਾ ਦਰਜ

ਡੇਰੇ ਦੇ ਸਾਧ ਖਿਲਾਫ ਕੀਤਾ ਸੰਘਰਸ਼ ਕਮੇਟੀ ਦਾ ਗਠਨ

ਡੇਰਾ ਸੰਚਾਲਕ ਖਿਲਾਫ ਇਕੱਠੇ ਹੋਏ ਪਿੰਡ ਦੇ ਲੋਕ।

ਦਿੜ੍ਹਬਾ (ਜਸਵੀਰ ਲਾਡੀ)-ਥਾਣਾ ਦਿੜ੍ਹਬਾ ਅੰਦਰ ਲੋਕਾਂ ਨੂੰ ਆਪਣੇ ਜਾਲ ਵਿੱਚ ਫਸਾ ਕੇ ਬਲੈਕਮੇਲ ਕਰਨ ਵਾਲੇ ਪੰਜ ਵਿਅਕਤੀਆਂ ਖਿਲਾਫ ਮਾਮਲਾ ਦਰਜ ਕੀਤਾ ਗਿਆ ਸੀ, ਜਿਸ ਵਿੱਚ ਡੇਰਾ ਕ੍ਰਿਸ਼ਨ ਦੇਵ (ਜਟਾਂ ਵਾਲੇ) ਦੇ ਸੰਚਾਲਕ ਬਾਬਾ ਤੁਲਸੀ ਦਾਸ ਦੀ ਪਤਨੀ ਕੁਲਦੀਪ ਕੌਰ ਮਹਿਲਾ ਚੌਂਕ ਉਨ੍ਹਾਂ ਦੀ ਨੂੰਹ ਕਮਲਜੀਤ ਕੌਰ ਉਰਫ ਕਮਲ ਬਾਵਾ ਮਹਿਲਾ ਚੌਂਕ, ਕੁਲਦੀਪ ਬਾਵਾ ਉਰਫ ਪ੍ਰੀਤ ਵਾਸੀ ਖੇੜੀ ਜੱਟਾਂ, ਸੁਖਦੇਵ ਸਿੰਘ ਪੁੱਤਰ ਜੋਰਾ ਸਿੰਘ ਵਾਸੀ ਸੂਲਰ ਦੇ ਨਾਮ ਸ਼ਾਮਲ ਹਨ, ਖਿਲਾਫ ਥਾਣਾ ਦਿੜ੍ਹਬਾ ਵਿਖੇ ਪਰਚਾ ਦਰਜ ਕਰਕੇ ਸੰਗਰੂਰ ਜੇਲ੍ਹ ਭੇਜ ਦਿੱਤਾ ਹੈ। ਪਿੰਡ ਵਾਸੀਆਂ ਨੇ ਡੇਰਾ ਸੰਚਾਲਕ ਤੇ ਉਸ ਦੇ ਪਰਿਵਾਰ ਨੂੰ ਡੇਰੇ 'ਚੋਂ ਬਾਹਰ ਕੱਢਣ ਲਈ ਇੱਕ 11 ਮੈਂਬਰੀ ਸੰਘਰਸ਼ ਕਮੇਟੀ ਬਣਾਉਣ ਦਾ ਐਲਾਨ ਕੀਤਾ ਗਿਆ। ਕਮੇਟੀ ਮੈਂਬਰਾਂ ਨੇ ਕਿਹਾ ਕਿ ਇਹ ਬਲੈਕਮੇਲ ਦਾ ਧੰਦਾ ਉਨ੍ਹਾਂ ਦੇ ਪਿੰਡ ਦੇ ਮੱਥੇ 'ਤੇ ਕਲੰਕ ਹੈ। ਪਹਿਲਾਂ ਵੀ ਸੰਚਾਲਕ ਦੇ ਪਰਿਵਾਰ ਨੂੰ ਇਸ ਸਬੰਧੀ ਤਾੜਨਾ ਕੀਤੀ ਗਈ ਸੀ। ਸੰਚਾਲਕ ਦੀ ਪਤਨੀ ਤੇ ਉਨ੍ਹਾਂ ਪਰਿਵਾਰਕ ਮੈਂਬਰਾਂ ਦੁਆਰਾ ਸੈਕਸ ਰਾਕੇਟ ਬਣਾ ਕੇ ਲੋਕਾਂ ਨੂੰ ਫਸਾ ਕੇ ਬਲੈਕਮੇਲ ਕਰਕੇ ਮੋਟੀ ਰਕਮ ਵਸੂਲ ਕੀਤੀ ਜਾਂਦੀ ਸੀ। ਕਮੇਟੀ ਮੈਂਬਰਾਂ ਨੇ ਇਸ ਬਲੈਕਮੇਲ ਦੇ ਧੰਦੇ ਖਿਲਾਫ ਸੰਘਰਸ਼ ਦਾ ਐਲਾਨ ਕੀਤਾ ਤੇ ਲੋਕਾਂ ਨੂੰ ਡੇਰਾਬਾਦ ਤੋਂ ਸੁਚੇਤ ਰਹਿਣ ਦੀ ਅਪੀਲ ਕੀਤੀ।

ਇਸ ਮੌਕੇ ਜਸਵੀਰ ਸਿੰਘ ਜੇਜੀ, ਜਸਵੀਰ ਸਰਪੰਚ, ਕਾਕਾ ਸਿਬੀਆ, ਪ੍ਰਭਦਿਆਲ ਸਿੰਘ ਗਿੱਲ, ਹਰਬੰਸ ਸਿੰਘ ਮਾਨ, ਨਿਰਮਲ ਸਿੰਘ ਖਰਾ, ਚਮਕੌਰ ਸਿੰਘ, ਬੇਅੰਤ ਸਿੰਘ ਜੇਜੀ, ਮਦਨ ਦਾਸ ਮਹੰਤ, ਬਿੰਦਰੀ ਦੁਲੱਟ, ਹਰਜੀਤ ਸਿੰਘ ਫੌਜੀ, ਅਮਨਦੀਪ ਸਿੰਘ ਸੋਹੀ, ਜਗਜੀਤ ਸਿੰਘ ਸੇਖੋਂ, ਚਾਨਣ ਸਿੰਘ, ਕੁਰਦੀਪ ਸਿਬੀਆ, ਲਛਮਣ ਸਿੰਘ ਬੜੇਵਾਲ, ਹਰਜਿੰਦਰ ਸਿੰਘ ਪੰਚ ਤੋਂ ਇਲਾਵਾ ਵੱਡੀ ਗਿਣਤੀ 'ਚ ਪਿੰਡ ਵਾਸੀ ਹਾਜ਼ਰ ਸਨ।

ਕਾਤਰਾਂ

ਸਹਾਇਕ ਲਾਅ ਅਫਸਰ ਨਿਯੁਕਤ ਹੋਣ 'ਤੇ ਸਨਮਾਨ

ਧੂਰੀ (ਰਾਜੇਸ਼ਵਰ ਪਿੰਟੂ, ਬਿੰਨੀ ਗਰਗ)-ਬਾਰ ਐਸੋਸੀਏਸ਼ਨ ਧੂਰੀ ਵੱਲੋਂ ਪ੍ਰਧਾਨ ਰਾਜੀਵ ਸਿੰਗਲਾ ਦੀ ਅਗਵਾਈ ਹੇਠ ਸਥਾਨਕ ਬਾਰ ਐਸੋਸੀਏਸ਼ਨ ਦੇ ਮੈਂਬਰ ਐਡਵੋਕੇਟ ਚੰਦਨ ਸਿੰਗਲਾ ਦੇ ਥਾਣਾ ਸਦਰ ਧੂਰੀ ਵਿਖੇ ਨਵ-ਨਿਯੁਕਤ ਸਹਾਇਕ ਲਾਅ ਅਫਸਰ ਨਿਯੁਕਤ ਹੋਣ 'ਤੇ ਸਨਮਾਨ ਕੀਤਾ ਗਿਆ। ਇਸ ਮੌਕੇ ਮੀਤ ਪ੍ਰਧਾਨ ਯੋਗੇਸ਼ ਅੱਤਰੀ, ਸੈਕਟਰੀ ਮੋਹਿਤ ਸੈਣੀ, ਸੋਨੀ ਗਰਗ, ਕੇ ਐੱਸ ਚਹਿਲ, ਰਮਨ ਸਿੱਧੂ, ਨਵਜੀਤ ਸਿੰਘ ਬਾਠ, ਤੇਜਵਿੰਦਰ ਸਿੰਘ ਐਡਵੋਕੇਟ ਆਦਿ ਹਾਜ਼ਰ ਸਨ।

ਬੀਤੇ ਸਮੇਂ ਨੂੰ ਬਿਨਾਂ ਅਫ਼ਸੋਸ ਸਵੀਕਾਰ ਕਰੋ : ਬੀ ਕੇ ਸ਼ਿਵਾਨੀ



ਜੈਤੋ (ਸਤੀਸ਼ ਕੁਮਾਰ ਭੀਰੀ)-ਇਨਸਾਨ ਦੇ ਮਨ ਵਿੱਚ ਚੰਗੇ ਮਾੜੇ ਵਿਚਾਰ ਆਉਂਦੇ ਰਹਿੰਦੇ ਹਨ ਤਾਂ ਬੁੱਧੀ ਉਸ ਬਾਰੇ ਸੋਚਦੀ ਹੈ ਤੇ ਸੋਚਦੇ ਸਮਝਦੇ ਹੋਏ ਜੋ ਕਰਮ ਅਸੀਂ ਕਰਦੇ ਹਾਂ, ਉਹੀ ਸਾਡੇ ਸੰਸਕਾਰ ਬਣਦੇ ਹਨ। ਇਨ੍ਹਾਂ ਸ਼ਬਦਾਂ ਦਾ ਪ੍ਰਗਟਾਵਾ ਮਾਊਂਟ ਆਬੂ ਈਸ਼ਵਰੀਆ ਵਿਸ਼ਵਵਿਦਿਆਲਿਆ ਦੇ ਮੋਟੀਵੇਸ਼ਨਲ ਸਪੀਕਰ ਬੀ ਕੇ ਸ਼ਿਵਾਨੀ ਦੀਦੀ ਨੇ ਰਾਸ਼ਟਰੀ ਮੀਡੀਆ ਕਾਨਫਰੰਸ ਸਤੰਬਰ ਸਬੰਧੀ ਚਰਚਾ ਦੌਰਾਨ ਹਾਜ਼ਰੀਨ ਅੱਗੇ ਕੀਤਾ। ਉਨ੍ਹਾਂ ਕਿਹਾ ਕਿ ਬੀਤੇ ਹੋਏ ਸਮੇਂ ਨੂੰ ਬਿਨਾਂ ਅਫ਼ਸੋਸ ਦੇ ਹੀ ਸਵੀਕਾਰ ਕਰਨਾ ਚਾਹੀਦਾ ਹੈ, ਵਰਤਮਾਨ ਨੂੰ ਆਤਮਵਿਸ਼ਵਾਸ ਨਾਲ ਸੰਭਾਲਣਾ ਤੇ ਭਵਿੱਖ ਦਾ ਨਿੱਡਰ ਹੋ ਕੇ ਸਾਹਮਣਾ ਕਰਨਾ ਚਾਹੀਦਾ ਹੈ ਤਾਂ ਹੀ ਜੀਵਨ ਵਿੱਚ ਸਫ਼ਲਤਾ ਪ੍ਰਾਪਤ ਕੀਤੀ ਜਾ ਸਕਦੀ ਹੈ। ਬੀ ਕੇ ਸ਼ਿਵਾਨੀ ਦੀਦੀ ਨੇ ਆਪਣੀ ਬਾਣੀ ਨਾਲ ਸਰੋਤਿਆਂ ਨੂੰ ਮੰਤਰਮੁਗਧ ਕਰਦੇ ਹੋਏ ਕਿਹਾ ਕਿ ਜਦ ਅਸੀਂ ਕੋਈ ਕੰਮ ਭਗਵਾਨ ਦੀ ਯਾਦ ਵਿੱਚ ਰਹਿ ਕੇ ਕਰਦੇ ਹਾਂ ਤਾਂ ਉਸ ਵਿੱਚ ਭਗਵਾਨ ਦੀਆਂ ਸ਼ਕਤੀਆਂ ਸਾਡੀ ਮਦਦ ਕਰਦੀਆਂ ਹਨ ਤੇ ਸਾਡੀ ਸਫ਼ਲਤਾ ਪੱਕੇ ਤੌਰ 'ਤੇ ਸਾਡੇ ਕਦਮ ਚੁੰਮਦੀ ਹੈ।

ਪੱਤਰਕਾਰ ਕੁਲਵੰਤ ਘੱਗਾ ਨਹੀਂ ਰਹੇ

ਪਾਤੜਾਂ (ਪੱਤਰ ਪ੍ਰੇਰਕ)-ਪੰਜਾਬੀ ਅਖਬਾਰ ਤੇ ਸੋਸ਼ਲ ਮੀਡੀਆ ਪਲੇਟਫਾਰਮ 'ਤੇ ਚੈਨਲ ਚਲਾ ਰਹੇ ਪੱਤਰਕਾਰ ਕੁਲਵੰਤ ਘੱਗਾ ਦੀ ਅਚਾਨਕ ਦਿਲ ਦਾ ਦੌਰਾ ਪੈਣ ਕਾਰਨ ਮੌਤ ਹੋ ਗਈ ਹੈ। ਪਰਿਵਾਰਕ ਮੈਂਬਰਾਂ ਤੋਂ ਪ੍ਰਾਪਤ ਜਾਣਕਾਰੀ ਅਨੁਸਾਰ ਕੁਲਵੰਤ ਘੱਗਾ ਨੂੰ ਰਾਤ ਵੇਲੇ ਅਚਾਨਕ ਦਿਲ ਦਾ ਦੌਰਾ ਪੈ ਗਿਆ, ਜਿਸ ਨੂੰ ਫੌਰੀ ਇਲਾਜ ਵਾਸਤੇ ਹਾਰਟ ਇੰਸਟੀਚਿਊਟ ਪਟਿਆਲਾ ਵਿਖੇ ਦਾਖਲ ਕਰਵਾਇਆ ਗਿਆ, ਪ੍ਰੰਤੂ ਦਿਲ ਦਾ ਦੌਰਾ ਅਤਿ ਗੰਭੀਰ ਹੋਣ ਕਾਰਨ ਡਾਕਟਰ ਕੁਲਵੰਤ ਘੱਗਾ ਨੂੰ ਬਚਾਉਣ 'ਚ ਅਸਫਲ ਰਹੇ। ਕੁਲਵੰਤ ਘੱਗਾ ਦਾ ਬਾਅਦ ਦੁਪਹਿਰ ਪਰਿਵਾਰਕ ਮੈਂਬਰਾਂ ਤੇ ਰਿਸ਼ਤੇਦਾਰਾਂ ਵੱਲੋਂ ਅੰਤਿਮ ਸੰਸਕਾਰ ਕਰ ਦਿੱਤਾ ਗਿਆ। ਮੀਡੀਆ ਕਲੱਬ ਦੇ ਪ੍ਰਧਾਨ ਗੁਰਨਾਮ ਸਿੰਘ ਚੌਹਾਨ ਸਮੇਤ ਪੱਤਰਕਾਰ ਭਾਈਚਾਰੇ ਨੇ ਕੁਲਵੰਤ ਘੱਗਾ ਦੀ ਅਚਾਨਕ ਹੋਈ ਮੌਤ 'ਤੇ ਪਰਿਵਾਰ ਨਾਲ ਦੁੱਖ ਸਾਂਝਾ ਕਰਦਿਆਂ ਹਮਦਰਦੀ ਦਾ ਇਜ਼ਹਾਰ ਕੀਤਾ ਹੈ।

ਇੰਸ. ਹੇਮੰਤ ਮਲਹੋਤਰਾ ਨੂੰ ਥਾਣਾ ਸਿਟੀ 1 ਦਾ ਐੱਸ. ਐੱਚ. ਓ. ਲਾਇਆ

ਖੰਨਾ (ਸੁਖਵਿੰਦਰ ਸਿੰਘ ਭਾਦਲਾ, ਪਰਮਿੰਦਰ ਸਿੰਘ ਮੋਨੂੰ)-ਪੁਲਸ ਜ਼ਿਲ੍ਹਾ ਖੰਨਾ ਦੇ ਐੱਸ. ਐੱਸ. ਪੀ. ਅਮਨੀਤ ਕੌਂਡਲ ਦੇ ਨਿਰਦੇਸ਼ਾਂ ਅਨੁਸਾਰ ਇੰਸ. ਹੇਮੰਤ ਮਲਹੋਤਰਾ ਥਾਣਾ ਸਿਟੀ 1 ਦਾ ਐੱਸ. ਐੱਚ. ਓ. ਲਾਇਆ ਗਿਆ। ਐੱਸ. ਐੱਚ. ਓ. ਹੇਮੰਤ ਮਲਹੋਤਰਾ ਨੇ ਕਿਹਾ ਕਿ ਉਨ੍ਹਾਂ ਵੱਲੋਂ ਲੋਕਾਂ ਦੇ ਕੰਮਾਂ ਨੂੰ ਪਹਿਲ ਦੇ ਆਧਾਰ 'ਤੇ ਕੀਤਾ ਜਾਵੇਗਾ, ਕਿਸੇ ਨੂੰ ਵੀ ਕੋਈ ਸਮੱਸਿਆ ਨਹੀਂ ਆਉਣ ਦਿੱਤੀ ਜਾਵੇਗੀ। ਉਨ੍ਹਾਂ ਕਿਹਾ ਕਿ ਇਲਾਕੇ ਵਿੱਚ ਨਸ਼ਿਆਂ ਦੀ ਰੋਕਥਾਮ ਲਈ ਵਿਸ਼ੇਸ਼ ਉਪਰਾਲੇ ਕੀਤੇ ਜਾਣਗੇ। ਕਾਨੂੰਨ ਦੀ ਉਲੰਘਣਾ ਕਰਨ ਵਾਲਿਆਂ ਨੂੰ ਬਖਸ਼ਿਆ ਨਹੀਂ ਜਾਵੇਗਾ।

ਮੈਡੀਕਲ ਪ੍ਰੈਕਟੀਸ਼ਨਰ ਐਸੋ. ਬਲਾਕ ਮਾਨਸਾ ਦੀ ਮੀਟਿੰਗ

ਬਰੇਟਾ (ਗੋਬਿੰਦ ਸ਼ਰਮਾ)-ਮੈਡੀਕਲ ਪ੍ਰੈਕਟੀਸ਼ਨਰ ਐਸੋਸੀਏਸ਼ਨ ਪੰਜਾਬ ਬਲਾਕ ਮਾਨਸਾ ਦੀ ਮਹੀਨਾਵਾਰ ਮੀਟਿੰਗ ਜ਼ਿਲ੍ਹਾ ਪ੍ਰਧਾਨ ਹਰਦੀਪ ਸਿੰਘ ਬਰੇਹ ਦੀ ਅਗਵਾਈ ਵਿੱਚ ਰੋਮਾਜ਼ਾ ਰੈਸਟੋਰੈਂਟ ਵਿਖੇ ਹੋਈ, ਜਿਸ ਵਿੱਚ ਬਲਾਕ ਮਾਨਸਾ ਦੇ ਪ੍ਰਧਾਨ ਗੁਰਪ੍ਰੀਤ ਸਿੰਘ ਤੇ ਬਲਾਕ ਸੈਕਟਰੀ ਜਸਵੰਤ ਸਿੰਘ, ਮੀਤ ਪ੍ਰਧਾਨ ਨਿਰਮਲ ਸਿੰਘ ਸਾਥੀਆਂ ਸਮੇਤ ਸ਼ਾਮਲ ਹੋਏ। ਮੀਟਿੰਗ 'ਚ ਮੁੱਖ ਮਹਿਮਾਨ ਡਾਕਟਰ ਸੁਨੀਲ ਬਾਂਸਲ ਮੈਡੀਸਿਨ ਤੇ ਉਨ੍ਹਾਂ ਦੇ ਨਾਲ ਗਾਈਨੀ ਦੇ ਡਾਕਟਰ ਸੈਕੀ ਬਾਂਸਲ ਨੇ ਔਰਤ ਦੇ ਰੋਗਾਂ ਬਾਰੇ ਜਾਣਕਾਰੀ ਦਿੱਤੀ। ਮੀਟਿੰਗ ਨੂੰ ਸੰਬੋਧਨ ਕਰਦਿਆਂ ਜ਼ਿਲ੍ਹਾ ਪ੍ਰਧਾਨ ਡਾਕਟਰ ਹਰਦੀਪ ਸਿੰਘ ਨੇ ਡਾਕਟਰ ਸਾਥੀਆਂ ਨੂੰ ਨਸ਼ਿਆਂ ਤੇ ਭਰੂਣ ਹੱਤਿਆ ਤੋਂ ਦੂਰ ਰਹਿਣ ਲਈ ਕਿਹਾ। ਜੇ ਕੋਈ ਸਾਥੀ ਅਜਿਹਾ ਕੰਮ ਕਰਦਾ ਪਾਇਆ ਗਿਆ ਤਾਂ ਜਥੇਬੰਦੀ ਖੁਦ ਕਾਰਵਾਈ ਕਰਵਾਵੇਗੀ। ਇਸ ਮੌਕੇ ਬਲਾਕ ਦੇ ਮੀਤ ਪ੍ਰਧਾਨ ਨਿਰਮਲ ਸਿੰਘ ਰਾਏਪੁਰ ਨੇ ਕਿਹਾ ਕਿ ਕੁੱਝ ਲੋਕ ਜਥੇਬੰਦੀ ਨੂੰ ਢਾਹ ਲਾਉਣ ਦੀ ਕੋਸ਼ਿਸ਼ ਕਰ ਰਹੇ ਹਨ, ਉਨ੍ਹਾਂ ਤੋਂ ਸੁਚੇਤ ਰਹਿਣ ਦੀ ਲੋੜ ਹੈ ਤੇ ਇਹੋ ਜਿਹੇ ਲੋਕਾਂ ਨਾਲ ਸਾਡੀ ਜਥੇਬੰਦੀ ਦਾ ਕੋਈ ਸਬੰਧ ਨਹੀਂ ਹੈ। ਇਸ ਮੌਕੇ ਬਲਾਕ ਮਾਨਸਾ ਦੇ ਸਕੱਤਰ ਡਾਕਟਰ ਜਸਵੰਤ ਸਿੰਘ ਨੇ ਸਟੇਜ ਦੀ ਕਾਰਵਾਈ ਸਾਂਭੀ।

ਤੰਬਾਕੂਨੋਸ਼ੀ ਦੇ ਮਾੜੇ ਪ੍ਰਭਾਵਾਂ ਬਾਰੇ ਜਨਤਾ ਨੂੰ ਕੀਤਾ ਖ਼ਬਰਦਾਰ

ਸਮਰਾਲਾ (ਸੁਰਜੀਤ ਸਿੰਘ)-ਸੀਨੀਅਰ ਮੈਡੀਕਲ ਅਫ਼ਸਰ ਡਾਕਟਰ ਤਾਰਿਕਜੋਤ ਸਿੰਘ ਐਸ ਐਮ ਓ ਦੀ ਅਗਵਾਈ ਹੇਠ ਸਿਵਲ ਹਸਪਤਾਲ ਵੱਲੋਂ ਤੰਬਾਕੂਨੋਸ਼ੀ ਵਿਰੋਧੀ ਪੰਦਰਵਾੜਾ ਮਨਾਇਆ ਗਿਆ। ਤੰਬਾਕੂ ਵਿਰੋਧੀ ਪੰਦਰਵਾੜੇ ਸੰਬੰਧੀ ਦੁਕਾਨਦਾਰਾਂ ਤੇ ਆਮ ਲੋਕਾਂ ਨੂੰ ਤੰਬਾਕੂ ਦੇ ਮਾੜੇ ਪ੍ਰਭਾਵ ਬਾਰੇ ਜਾਣਕਾਰੀ ਦਿੰਦੇ ਡਾ. ਕਰਨਵੀਰ ਸਿੰਘ ਨੇ ਦੱਸਿਆ ਕਿ ਤੰਬਾਕੂ ਦੇ ਸੇਵਨ ਕਰਨ ਨਾਲ ਮੂੰਹ, ਗਲੇ, ਖੁਰਾਕ ਨਲੀ, ਫੇਫੜਿਆਂ ਅਤੇ ਪੇਟ ਆਦਿ ਦੇ ਕੈਂਸਰ ਦਾ ਖਤਰਾ ਬਣਿਆ ਰਹਿੰਦਾ ਹੈ, ਕਿਉਂਕਿ ਤੰਬਾਕੂ ਵਿੱਚ ਨਿਕੋਟੀਨ ਸਮੇਤ ਹੋਰ ਬਹੁਤ ਸਾਰੇ ਜ਼ਹਿਰੀਲੇ ਤੱਤ ਪਾਏ ਜਾਂਦੇ ਹਨ, ਜੋ ਸਰੀਰ 'ਤੇ ਨੁਕਸਾਨਦੇਹ ਅਸਰ ਪਾਉਂਦੇ ਹਨ।

12ਵੀਂ ਕਲਾਸ ਦੇ ਨਤੀਜੇ 'ਚ ਕੁੜੀਆਂ ਨੇ ਮਾਰੀ ਬਾਜ਼ੀ

ਭੀਖੀ (ਧਰਮਵੀਰ ਸ਼ਰਮਾ)-ਪੰਜਾਬ ਸਕੂਲ ਸਿੱਖਿਆ ਬੋਰਡ ਮੋਹਾਲੀ ਵੱਲੋਂ ਐਲਾਨੇ ਗਏ ਬਾਰਵੀਂ ਕਲਾਸ ਦੇ ਨਤੀਜੇ ਦੌਰਾਨ ਸਥਾਨਕ ਸ਼੍ਰੀ ਤਾਰਾ ਚੰਦ ਸਰਵਹਿੱਤਕਾਰੀ ਵਿੱਦਿਆ ਮੰਦਰ ਦਾ ਨਤੀਜਾ ਸ਼ਾਨਦਾਰ ਰਿਹਾ ਹੈ। ਜਾਣਕਾਰੀ ਦਿੰਦਿਆਂ ਪ੍ਰਿੰਸੀਪਲ ਸੰਜੀਵ ਕੁਮਾਰ ਨੇ ਦੱਸਿਆ ਕਿ ਇਸ ਸਕੂਲ ਦੇ ਬਾਰਵੀਂ (ਆਰਟਸ, ਕਾਮਰਸ ਤੇ ਸਾਇੰਸ) ਦੇ 106 ਵਿਦਿਆਰਥੀਆਂ ਨੇ ਇਹ ਪ੍ਰੀਖਿਆ ਦਿੱਤੀ ਸੀ। ਜਿਨ੍ਹਾਂ ਵਿੱਚੋਂ 12 ਵਿਦਿਆਰਥੀਆਂ ਨੇ 90 ਪ੍ਰਤੀਸ਼ਤ ਤੋਂ ਉੱਪਰ ਅੰਕ, 31 ਵਿਦਿਆਰਥੀਆਂ ਨੇ 80 ਪ੍ਰਤੀਸ਼ਤ ਤੋਂ ਵੱਧ ਅੰਕ, 42 ਵਿਦਿਆਰਥੀਆਂ ਨੇ 70 ਪ੍ਰਤੀਸ਼ਤ ਅੰਕ ਤੇ 21 ਵਿਦਿਆਰਥੀਆਂ ਨੇ 60 ਪ੍ਰਤੀਸ਼ਤ ਅੰਕ ਪ੍ਰਾਪਤ ਕੀਤੇ ਹਨ। ਉਨ੍ਹਾਂ ਦੱਸਿਆ ਕਿ ਆਰਟਸ ਵਿੱਚੋਂ ਪ੍ਰਭਜੋਤ ਰਾਣੀ ਨੇ 500 ਅੰਕਾਂ ਵਿੱਚੋਂ 484 ਅੰਕ ਪ੍ਰਾਪਤ ਕਰਕੇ ਸਕੂਲ 'ਚੋਂ ਪਹਿਲਾ, ਪਰਮਜੀਤ ਕੌਰ 481 ਅੰਕ ਪ੍ਰਾਪਤ ਕਰਕੇ ਦੂਸਰਾ ਤੇ ਸੁਖਮਨਦੀਪ ਕੌਰ ਨੇ 460 ਅੰਕ ਪ੍ਰਾਪਤ ਕਰਕੇ ਤੀਸਰਾ ਸਥਾਨ ਪ੍ਰਾਪਤ ਕੀਤਾ ਹੈ। ਕਾਮਰਸ 'ਚੋ ਕਾਸ਼ਿਕਾ ਨੇ 467 ਅੰਕ ਪ੍ਰਾਪਤ ਕਰਕੇ ਪਹਿਲਾ, ਰਮਨਦੀਪ ਕੌਰ ਨੇ 453 ਅੰਕ ਪ੍ਰਾਪਤ ਕਰਕੇ ਦੂਸਰਾ ਤੇ ਮਨਦੀਪ ਕੌਰ ਨੇ 429 ਅੰਕ ਪ੍ਰਾਪਤ ਕਰਕੇ ਤੀਸਰਾ ਸਥਾਨ ਹਾਸਲ ਕੀਤਾ ਹੈ। ਇਸੇ ਤਰ੍ਹਾਂ ਸਾਇੰਸ ਗਰੁੱਪ ਵਿੱਚੋਂ ਵਿਸ਼ਵਪ੍ਰੀਤ ਸ਼ਰਮਾ ਨੇ 461 ਅੰਕ ਪ੍ਰਾਪਤ ਕਰਕੇ ਪਹਿਲਾ, ਨੀਲਮ ਨੇ 460 ਅੰਕ ਪ੍ਰਾਪਤ ਕਰਕੇ ਦੂਸਰਾ ਤੇ ਬਬਨਦੀਪ ਨੇ 458 ਅੰਕ ਪ੍ਰਾਪਤ ਕਰਕੇ ਤੀਸਰਾ ਸਥਾਨ ਪ੍ਰਾਪਤ ਕੀਤਾ ਹੈ। ਬੱਚਿਆਂ ਦੀਆਂ ਵਧੀਆ ਪੁਜ਼ੀਸ਼ਨਾਂ ਆਉਣ 'ਤੇ ਪ੍ਰਿੰਸੀਪਲ ਸੰਜੀਵ ਕੁਮਾਰ, ਮੈਨੇਜਮੈਂਟ ਕਮੇਟੀ ਪ੍ਰਧਾਨ ਸਤੀਸ਼ ਕੁਮਾਰ, ਪ੍ਰਬੰਧਕ ਮਾ: ਅਮ੍ਰਿਤਲਾਲ ਜਿੰਦਲ ਤੇ ਸਮੂਹ ਕਮੇਟੀ ਮੈਂਬਰਾਂ ਨੇ ਉਨ੍ਹਾਂ ਨੂੰ ਵਧਾਈ ਦਿੱਤੀ।

ਨਸ਼ਿਆਂ ਦੇ ਮਾਰੂ ਪ੍ਰਭਾਵਾਂ ਬਾਰੇ ਕੀਤਾ ਜਾਗਰੂਕ

ਮਾਛੀਵਾੜਾ ਸਾਹਿਬ (ਸ਼ੈਂਕੀ ਸ਼ਰਮਾ, ਜਗਦੀਸ਼ ਰਾਏ)-ਸਥਾਨਕ ਸ੍ਰੀ ਸ਼ੰਕਰ ਦਾਸ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਵਿੱਚ ਨਸ਼ਿਆਂ ਵਿਰੁੱਧ ਜਾਗਰੂਕਤਾ ਤੇ ਟ੍ਰੈਫਿਕ ਨਿਯਮਾਂ ਦੀ ਪਾਲਣਾ ਹਿੱਤ ਵਿਦਿਆਰਥੀਆਂ ਨੂੰ ਨਸ਼ਿਆਂ ਦੇ ਮਾਰੂ ਪ੍ਰਭਾਵਾਂ ਤੇ ਭਵਿੱਖ ਵਿੱਚ ਹੋਣ ਵਾਲੀਆਂ ਬਹੁਤ ਸਾਰੀਆਂ ਬੀਮਾਰੀਆਂ ਸੰਬੰਧੀ ਨਵ-ਨਿਯੁਕਤ ਡੀਐੱਸਪੀ ਮਨਦੀਪ ਕੌਰ (ਪੀ.ਪੀ.ਐੱਸ.) ਨੇ ਲੈਕਚਰ ਦਿੱਤਾ। ਸਕੂਲ ਦੇ ਕਾਰਜਕਾਰੀ ਪ੍ਰਿੰਸੀਪਲ ਨਿਰੰਜਨ ਕੁਮਾਰ ਨੇ ਵਿਦਿਆਰਥੀਆਂ ਨੂੰ ਸੰਬੋਧਨ ਕਰਦਿਆਂ ਇਨ੍ਹਾਂ ਮਾਰੂ ਨਸ਼ਿਆਂ ਤੋਂ ਦੂਰ ਰਹਿ ਕੇ ਆਪਣੀ ਊਰਜਾ ਨੂੰ ਸੇਧਿਤ ਕਰਕੇ ਅੱਗੇ ਵਧਣ ਲਈ ਪ੍ਰੇਰਿਤ ਕੀਤਾ।

ਸਾਂਝ ਕੇਂਦਰ ਮਾਛੀਵਾੜਾ ਦੇ ਇੰਚਾਰਜ ਸਬ-ਇੰਸਪੈਕਟਰ ਕੁਲਜੀਤ ਸਿੰਘ ਨੇ ਟ੍ਰੈਫਿਕ ਨਿਯਮਾਂ ਸਬੰਧੀ ਬੱਚਿਆਂ ਨੂੰ ਜਾਗਰੂਕ ਕੀਤਾ। ਇਸ ਮੌਕੇ ਥਾਣਾ ਮੁਖੀ ਦਵਿੰਦਰਪਾਲ ਸਿੰਘ, ਮਾਛੀਵਾੜਾ ਸੋਸ਼ਲ ਵੈੱਲਫੇਅਰ ਸੋਸਾਇਟੀ ਦੇ ਪ੍ਰਧਾਨ ਸ਼ਿਵ ਕੁਮਾਰ ਸ਼ਿਵਲੀ, ਕੈਸ਼ੀਅਰ ਜਗਦੀਸ਼ ਚਾਨਣਾ, ਲੈਕਚਰਾਰ ਜਸਵਿੰਦਰ ਕੌਰ ਹਾਜ਼ਰ ਸਨ।

ਭਾਕਿਯੂ ਡਕੌਂਦਾ ਵੱਲੋਂ ਵਿਰੋਧ ਕਰਨ ਕਰਕੇ ਵਰੰਟ ਕਬਜ਼ਾ ਟਲਿਆ

ਮਹਿਲ ਕਲਾਂ (ਪ੍ਰਦੀਪ ਸਿੰਘ ਲੋਹਗੜ੍ਹ)-ਪਿੰਡ ਕੁਰੜ ਵਿਖੇ ਦੋ ਕਿਸਾਨਾਂ ਚੰਦ ਸਿੰਘ ਅਤੇ ਨਛੱਤਰ ਸਿੰਘ ਦੇ ਦੋ-ਦੋ ਬਿਸਵਿਆਂ ਦੇ ਘਰ ਦਾ ਵਰੰਟ ਕਬਜ਼ਾ ਭਾਕਿਯੂ ਡਕੌਂਦਾ ਵੱਲੋਂ ਵਿਰੋਧ ਕਰਨ ਕਾਰਨ ਨਹੀਂ ਹੋ ਸਕਿਆ। ਇਸ ਮੌਕੇ ਭਾਕਿਯੂ ਡਕੌਂਦਾ ਦੇ ਜ਼ਿਲ੍ਹਾ ਮੀਤ ਪ੍ਰਧਾਨ ਜਗਰਾਜ ਸਿੰਘ ਹਰਦਾਸਪੁਰਾ, ਭਾਗ ਸਿੰਘ ਕੁਰੜ ਨੇ ਦੱਸਿਆ ਕਿ ਜਿਸ ਥਾਂ ਦਾ ਅਦਾਲਤ ਦੇ ਹੁਕਮਾਂ ਤਹਿਤ ਕਬਜ਼ਾ ਵਰੰਟ ਜਾਰੀ ਕੀਤਾ ਹੈ, ਉਹ ਬੂਟਾ ਸਿੰਘ ਕੁਰੜ ਨੇ 25-30 ਸਾਲ ਪਹਿਲਾਂ ਇਹ ਥਾਂ ਵੇਚ ਦਿੱਤਾ ਸੀ, ਪਰ ਰਜਿਸਟਰੀ ਕਰਾਉਣ ਦੀ ਥਾਂ ਆਮ ਲਿਖਤ ਕਰਕੇ ਥਾਂ ਦਾ ਕਬਜ਼ਾ ਦੇ ਦਿੱਤਾ ਸੀ। ਪਰ ਬਾਅਦ ਵਿੱਚ ਇਸੇ ਥਾਂ ਦੀ ਰਜਿਸਟਰੀ ਆਪਣੀ ਰਿਸ਼ਤੇਦਾਰ ਔਰਤ ਦੇ ਨਾਂਅ ਕਰਾ ਦਿੱਤੀ। ਹੁਣ ਪਿਛਲੇ 20 ਸਾਲਾਂ ਤੋਂ ਕਿਸਾਨ ਚੰਦ ਸਿੰਘ ਤੇ ਮੋਹਣ ਸਿੰਘ ਇਸ ਥਾਂ ਉੱਤੇ ਕਾਬਜ਼ ਹਨ। ਆਗੂਆਂ ਨੇ ਕਿਹਾ ਕਿ ਇੱਕ ਪਾਸੇ ਤਾਂ ਮਾਨਯੋਗ ਸੁਪਰੀਮ ਕੋਰਟ ਦੇ ਹੁਕਮਾਂ ਅਨੁਸਾਰ 12 ਸਾਲ ਤੋਂ ਵੱਧ ਸਮਾਂ ਕਾਬਜ ਮਾਲਕਾਂ ਤੋਂ ਕਾਨੂੰਨਨ ਥਾਂ ਖਾਲੀ ਨਹੀਂ ਕਰਾਇਆ ਜਾ ਸਕਦਾ। ਪਰ ਦੂਜੇ ਪਾਸੇ ਇਨ੍ਹਾਂ ਕਿਸਾਨਾਂ ਦੇ ਸਿਰਾਂ ਦੀ ਛੱਤ ਵੀ ਜਬਰੀ ਖੋਹੀ ਜਾ ਰਹੀ ਹੈ। ਕਿਸਾਨ ਆਗੂ ਸੁਖਦੇਵ ਸਿੰਘ ਕੁਰੜ, ਆਤਮਾ ਸਿੰਘ, ਜਸਵਿੰਦਰ ਸਿੰਘ, ਜਗਸੀਰ ਸਿੰਘ,ਹਾਕਮ ਸਿੰਘ, ਬਲਵੀਰ ਸਿੰਘ, ਚੰਦ ਸਿੰਘ, ਲਾਲ ਸਿੰਘ ਆਦਿ ਕਿਹਾ ਕਿ ਉਹ ਇਸ ਥਾਂ 'ਤੇ ਕਬਜ਼ਾ ਨਹੀਂ ਹੋਣ ਦੇਣਗੇ।

ਬਲੌਜ਼ਮਜ਼ ਕਾਨਵੈਂਟ ਸਕੂਲ ਵਿਖੇ ਇਨਵੈਸਟਰ ਸੈਰਾਮਨੀ

ਜਗਰਾਓਂ (ਅਮਿਤ ਖੰਨਾ)-ਬਲੌਜ਼ਮਜ਼ ਕਾਨਵੈਂਟ ਸਕੂਲ ਵਿਖੇ "ਇੰਨਵੈਸਟਰ ਸੈਰਾਮਨੀ" ਕਰਵਾਈ ਗਈ, ਜਿਸ ਵਿੱਚ ਸਕੂਲ ਅੰਦਰ ਚੱਲ ਰਹੇ ਹਾਊਸਜ਼ ਦੇ ਅਹੁਦੇਦਾਰ ਬੱਚਿਆਂ ਨੂੰ ਉਨ੍ਹਾਂ ਦੀਆਂ ਜ਼ਿੰਮੇਵਾਰੀਆਂ ਸੌਂਪੀਆਂ ਗਈਆਂ ਤੇ ਨਾਲ ਹੀ ਉਨ੍ਹਾਂ ਨੂੰ ਵਧਾਈ ਦੇ ਪਾਤਰ ਦੱਸਿਆ ਗਿਆ। ਇਨ੍ਹਾਂ ਵਿੱਚੋਂ ਹੈੱਡ ਬੁਆਏ ਵਜੋਂ ਪਰਮਸ਼ਗਨਦੀਪ ਸਿੰਘ (ਬਾਰਵੀਂ ਕਾਮਰਸ) ਤੇ ਹੈੱਡ ਗਰਲ ਪ੍ਰਭਨੂਰ ਕੌਰ (ਬਾਰਵੀਂ ਮੈਡੀਕਲ) ਨੇ ਆਪਣੀਆਂ ਜ਼ਿੰਮੇਵਾਰੀਆਂ ਨਿਭਾਉਣ ਲਈ ਸਹੁੰ ਚੁੱਕੀ। ਇਸ ਦੇ ਨਾਲ ਹੀ ਕੈਂਬਰੇਜ ਵਿੱਚੋਂ ਚੰਗੇ ਨੰਬਰ ਲੈਣ ਵਾਲੇ ਬੱਚਿਆਂ ਨੂੰ ਸਰਟੀਫਿਕੇਟਸ ਦਿੱਤੇ ਗਏ। ਮੁੱਖ ਮਹਿਮਾਨ ਵਜੋਂ ਪਹੁੰਚੇ ਸ: ਸਤਵਿੰਦਰ ਸਿੰਘ ਵਿਰਕ (ਡੀ.ਐੱਸ.ਪੀ. ਜਗਰਾਉਂ), ਕਰਮਜੀਤ ਸਿੰਘ (ਐੱਸ.ਐੱਚ.ਓ. ਸਿੱਧਵਾਂ ਬੇਟ) ਨੇ ਆਪਣੇ ਭਾਸ਼ਣ ਰਾਹੀਂ ਬੱਚਿਆਂ ਨੂੰ ਪ੍ਰੇਰਣਾ ਦਿੱਤੀ ਕਿ ਉਹ ਵੀ ਪੰਜਾਬ ਅੰਦਰ ਰਹਿ ਕੇ ਮਿਹਨਤ ਕਰਨ ਤੇ ਉੱਚ ਅਹੁਦਿਆਂ 'ਤੇ ਅਫ਼ਸਰ ਭਰਤੀ ਹੋਣ ਤਾਂ ਜੋ ਅਸੀਂ ਆਪਣੇ ਦੇਸ਼ ਦੀ ਸੇਵਾ ਕਰ ਸਕੀਏ। ਇਸ ਦੇ ਨਾਲ ਹੀ ਸਕੂਲ ਦੇ ਪ੍ਰਿੰਸੀਪਲ ਡਾ: ਅਮਰਜੀਤ ਕੌਰ ਨਾਜ਼ ਨੇ ਜੀ ਆਇਆਂ ਆਖਦਿਆਂ ਕਿਹਾ ਕਿ ਅਜਿਹੇ ਅਹੁਦਿਆਂ ਰਾਹੀਂ ਵਿਦਿਆਰਥੀ ਜੀਵਨ ਵਿੱਚ ਲੀਡਰਸ਼ਿਪ ਵਾਲੇ ਗੁਣ ਪੈਦਾ ਹੁੰਦੇ ਹਨ। ਇਸ ਮੌਕੇ ਸਕੂਲ ਦੇ ਚੇਅਰਮੈਨ ਹਰਭਜਨ ਸਿੰਘ ਜੌਹਲ, ਪ੍ਰੈਜ਼ੀਡੈਂਟ ਮਨਪ੍ਰੀਤ ਸਿੰਘ ਬਰਾੜ, ਅਜਮੇਰ ਸਿੰਘ ਰੱਤੀਆ, ਸਤਵੀਰ ਸਿੰਘ ਸੇਖੋਂ ਤੇ ਵਾਈਸ ਪ੍ਰਿੰਸੀਪਲ ਮਿਸਿਜ਼ ਨਾਜ਼ੀ ਬਾਸੀਨ ਨੇ ਵੀ ਹਾਜ਼ਰੀ ਭਰੀ ਅਤੇ ਇਕ ਯਾਦਗਾਰ ਫੋਟੋ ਖਿਚਵਾਈ।

ਸਲਾਈਟ ਦੇ ਪ੍ਰੋਫੈਸਰ ਡਾ. ਸਕਸੈਨਾ ਨੂੰ ਪੇਟੈਂਟ ਮਿਲਿਆ

ਲੌਂਗੋਵਾਲ (ਪ੍ਰਦੀਪ ਸਿੰਘ ਸੱਪਲ, ਕੁਲਦੀਪ ਅੱਤਰੀ)-ਫੂਡ ਇੰਜੀਨੀਅਰਿੰਗ ਤੇ ਟੈਕਨਾਲੋਜੀ ਵਿਭਾਗ ਦੇ ਪ੍ਰੋਫੈਸਰ ਡੀ ਸੀ ਸਕਸੈਨਾ ਤੇ ਉਨ੍ਹਾਂ ਦੀ ਟੀਮ ਨੂੰ 'ਬਾਇਓ-ਵੇਸਟ ਐਂਡ ਪ੍ਰੋਸੈਸਜ਼ ਤੋਂ ਮੋਲਡਿੰਗ ਪੈਲਟ' 'ਤੇ ਇੱਕ ਭਾਰਤੀ ਪੇਟੈਂਟ ਪ੍ਰਦਾਨ ਕੀਤਾ ਗਿਆ। ਕਾਢ ਦਾ ਖੇਤਰ ਚਾਵਲ ਦੇ ਸੂਹੜੇ ਤੇ ਝੋਨੇ ਦੇ ਛਿਲਕੇ ਦੇ ਪਾਊਡਰ ਤੋਂ ਉੱਲੀ ਦੀਆਂ ਗੋਲੀਆਂ ਤਿਆਰ ਕਰਨ ਦੀ ਵਿਧੀ ਨਾਲ ਸੰਬੰਧਤ ਹੈ। ਮੀਡੀਆ ਨਾਲ ਗੱਲਬਾਤ ਕਰਦਿਆਂ ਡਾ. ਸਕਸੈਨਾ ਨੇ ਦੱਸਿਆ ਕਿ ਵਿਕਸਿਤ ਪ੍ਰਕਿਰਿਆ ਪ੍ਰਦੂਸ਼ਣ ਨੂੰ ਘਟਾਉਣ (ਪ੍ਰਦੂਸ਼ਿਤ ਪਲਾਸਟਿਕ ਕੰਟੇਨਰਾਂ ਨੂੰ ਬਾਇਓ-ਡੀਗ੍ਰੇਡੇਬਲ ਕੰਟੇਨਰਾਂ ਨਾਲ ਬਦਲ ਕੇ) ਅਤੇ ਬਾਇਓ-ਵੇਸਟ ਨੂੰ ਉਦਯੋਗਿਕ ਤੌਰ 'ਤੇ ਲਾਭਦਾਇਕ ਉਤਪਾਦਾਂ ਵਿੱਚ ਤਬਦੀਲ ਕਰਨ ਦੇ ਦੋਹਰੇ ਫਾਇਦੇ ਪ੍ਰਦਾਨ ਕਰੇਗੀ, ਜਿਸ ਨਾਲ ਆਰਥਿਕਤਾ ਨੂੰ ਹੁਲਾਰਾ ਮਿਲੇਗਾ। ਉਨ੍ਹਾਂ ਦਾਅਵਾ ਕੀਤਾ ਕਿ ਬਾਇਓਡੀਗਰੇਡੇਬਲ ਕੰਟੇਨਰਾਂ ਦੇ ਹੌਲੀ ਉਤਪਾਦਨ ਦੀ ਚੁਣੌਤੀ ਨੂੰ ਖੇਤੀ-ਰਹਿੰਦ-ਖੂੰਹਦ ਤੋਂ ਮੋਲਡਿੰਗ ਗੋਲੀਆਂ ਵਿਕਸਤ ਕਰਕੇ ਦੂਰ ਕਰ ਦਿੱਤਾ ਗਿਆ ਹੈ। ਫੂਡ ਇੰਜੀਨੀਅਰਿੰਗ ਤੇ ਟੈਕਨਾਲੋਜੀ ਵਿਭਾਗ ਦੇ ਮੁਖੀ ਡਾ. ਵਿਕਾਸ ਨੰਦਾ ਨੇ ਕਿਹਾ ਕਿ ਪ੍ਰੋ. ਸਕਸੈਨਾ ਦੀ ਖੋਜ ਨਾਲ ਆਮ ਤੌਰ 'ਤੇ ਖੇਤੀ ਪ੍ਰਕਿਰਿਆ ਉਦਯੋਗ ਨੂੰ ਲਾਭ ਹੋਵੇਗਾ ਪਰ ਵਿਸ਼ੇਸ਼ ਤੌਰ 'ਤੇ ਚੌਲ ਮਿਲਿੰਗ ਉਦਯੋਗ ਨੂੰ ਵਿਕਸਤ ਪ੍ਰਕਿਰਿਆ ਦੇ ਤੌਰ 'ਤੇ ਕਿਸੇ ਵੀ ਕਿਸਮ ਦੀ ਖੇਤੀਬਾੜੀ ਰਹਿੰਦ-ਖੂੰਹਦ 'ਤੇ ਲਾਗੂ ਕੀਤਾ ਜਾ ਸਕਦਾ ਹੈ। ਇਸ ਮੌਕੇ ਸਲਾਈਟ ਦੇ ਡਾਇਰੈਕਟਰ ਪ੍ਰੋ. ਸ਼ੈਲੇਂਦਰ ਜੈਨ ਨੇ ਟੀਮ ਨੂੰ ਵਧਾਈ ਦਿੱਤੀ ਤੇ ਹੋਰ ਫੈਕਲਟੀ ਮੈਂਬਰਾਂ ਨੂੰ ਵਾਤਾਵਰਣ ਤੇ ਲੋਕਾਂ ਦੇ ਅਨੁਕੂਲ ਟਿਕਾਊ ਹੱਲਾਂ ਦੀ ਖੋਜ ਕਰਨ ਦਾ ਸੱਦਾ ਦਿੱਤਾ।

ਕਿੱਕ ਬਾਕਸਿੰਗ ਚੈਂਪੀਅਨਸ਼ਿਪ 'ਚ ਜਸਪ੍ਰੀਤ ਕੌਰ ਦੂਜੇ ਸਥਾਨ 'ਤੇ ਰਹੀ

ਬਰੇਟਾ (ਗੋਬਿੰਦ ਸ਼ਰਮਾ)-ਭੀਖੀ ਵਿਖੇ 19ਵੀਂ ਪੰਜਾਬ ਸਟੇਟ ਜੂਨੀਅਰ ਕਿੱਕ ਬਾਕਸਿੰਗ ਚੈਂਪੀਅਨਸ਼ਿਪ ਕਰਵਾਈ ਗਈ। ਇਸ ਚੈਂਪੀਅਨਸ਼ਿਪ ਵਿੱਚ ਗਿਆਨ ਸਾਗਰ ਕੌਨਵੈਂਟ ਸਕੂਲ ਕਾਹਨਗੜ੍ਹ ਦੀ ਵਿਦਿਆਰਥਣ ਜਸਪ੍ਰੀਤ ਕੌਰ (+2) ਨੇ ਹਿੱਸਾ ਲਿਆ। ਇੱਥੇ ਸਾਨੂੰ ਦੱਸਦੇ ਹੋਏ ਬੜਾ ਮਾਨ ਤੇ ਫਕਰ ਮਹਿਸੂਸ ਹੋ ਰਿਹਾ ਹੈ ਕਿ ਜਸਪ੍ਰੀਤ ਕੌਰ ਬਾਰਵੀਂ ਕਲਾਸ ਦੀ ਵਿਦਿਆਰਥਣ ਨੇ ਭਾਰ ਵਰਗ (-65) ਵਿੱਚ ਪੰਜਾਬ ਦੇ ਬਾਕੀ ਸਕੂਲਾਂ ਦੇ ਬੱਚਿਆਂ ਨੂੰ ਪਛਾੜਦੇ ਹੋਏ ਇਸ ਚੈਂਪੀਅਨਸ਼ਿਪ ਵਿੱਚ ਜਿੱਤ ਹਾਸਲ ਕੀਤੀ ਤੇ ਦੂਜਾ ਸਥਾਨ ਪ੍ਰਾਪਤ ਕਰਕੇ ਸਿਲਵਰ ਮੈਡਲ ਆਪਣੇ ਨਾਮ ਕੀਤਾ, ਜੋ ਕਿ ਬਹੁਤ ਵੱਡੀ ਜਿੱਤ ਹੈ, ਜਿਸ ਸਦਕਾ ਇਲਾਕੇ, ਬੱਚੇ, ਮਾਪਿਆਂ ਤੇ ਸਮੂਹ ਸਟਾਫ ਵਿੱਚ ਖੁਸ਼ੀ ਦਾ ਮਹੌਲ ਹੈ। ਇਸ ਪ੍ਰਾਪਤੀ ਲਈ ਸਕੂਲ 'ਚ ਜਸਪ੍ਰੀਤ ਕੌਰ ਨੂੰ ਸਕੂਲ ਪ੍ਰਿੰਸੀਪਲ ਭਾਰਤ ਦੀਪ ਗਰਗ ਵੱਲੋਂ ਸਿਲਵਰ ਮੈਡਲ ਤੇ ਸਰਟੀਫਿਕੇਟ ਨਾਲ ਸਨਮਾਨਤ ਕੀਤਾ ਗਿਆ। ਸਕੂਲ ਚੇਅਰਮੈਨ ਰਾਮਪਾਲ ਸਿੰਘ ਸੇਖੋਂ ਤੇ ਸਕੂਲ ਪ੍ਰਿੰਸੀਪਲ ਭਾਰਤ ਦੀਪ ਗਰਗ ਵੱਲੋਂ ਬੱਚੀ, ਉਸ ਦੇ ਮਾਪਿਆਂ ਤੇ ਸਮੂਹ ਸਟਾਫ ਨੂੰ ਵਧਾਈ ਦਿੱਤੀ ਗਈ।

ਦਸਮੇਸ਼ ਪਬਲਿਕ ਸਕੂਲ ਨੇ ਵਿਦਿਆਰਥੀਆਂ ਨੂੰ ਕੀਤਾ ਸਨਮਾਨਤ

ਫਰੀਦਕੋਟ (ਐਲਿਗਜੈਂਡਰ ਡਿਸੂਜ਼ਾ)-ਦਸਮੇਸ਼ ਪਬਲਿਕ ਸਕੂਲ ਫ਼ਰੀਦਕੋਟ ਮੁੱਢ ਤੋਂ ਹੀ ਅਕਾਦਮਿਕ ਖੇਤਰ ਵਿੱਚ ਮੋਹਰੀ ਰਿਹਾ ਹੈ। ਇਸ ਸਾਲ ਵੀ ਸੀ ਬੀ ਐੱਸ ਈ ਬੋਰਡ ਦੇ ਵਧੀਆ ਨਤੀਜੇ ਨੇ ਸਕੂਲ ਦੀ ਸ਼ਾਨ ਵਿੱਚ ਹੋਰ ਵਾਧਾ ਕੀਤਾ ਹੈ। ਇਸ ਖ਼ੁਸ਼ੀ ਨੂੰ ਸਾਂਝਾ ਕਰਨ ਲਈ ਸਕੂਲ ਦੇ ਪ੍ਰਿੰਸੀਪਲ ਸ੍ਰੀ ਅਪੂਰਵ ਦੇਵਗਨ ਦੀ ਅਗਵਾਈ ਹੇਠ ਵਿਦਿਆਰਥੀਆਂ ਲਈ ਇੱਕ ਵਿਸ਼ੇਸ਼ ਸਨਮਾਨ ਸਮਾਰੋਹ ਕੀਤਾ ਗਿਆ। ਇਸ ਸਮਾਰੋਹ ਵਿੱਚ ਸਕੂਲ ਦੀ ਪ੍ਰਬੰਧਕੀ ਕਮੇਟੀ ਦੇ ਅਹੁਦੇਦਾਰ ਡਾ. ਗੁਰਸੇਵਕ ਸਿੰਘ ਵਾਈਸ ਪ੍ਰੈਜ਼ੀਡੈਂਟ, ਜਸਬੀਰ ਸਿੰਘ ਸੰਧੂ ਮੈਨੇਜਿੰਗ ਡਾਇਰੈਕਟਰ, ਸਵਰਨਜੀਤ ਸਿੰਘ ਗਿੱਲ ਖ਼ਜ਼ਾਨਚੀ ਨੇ ਮੁੱਖ ਮਹਿਮਾਨ ਵਜੋਂ ਸ਼ਮੂਲੀਅਤ ਕੀਤੀ। ਬਾਰਵੀਂ ਜਮਾਤ ਦੇ ਕਾਮਰਸ ਗਰੁੱਪ ਵਿੱਚ ਤੁਸ਼ਾਰ ਗਰਗ, ਜੈਨਿਸ਼ ਗੋਇਲ ਤੇ ਯਾਸ਼ਿਕਾ ਗਰਗ, ਮੈਡੀਕਲ ਗਰੁੱਪ ਵਿੱਚ ਲੋਕਾਸ਼ੀ, ਨੇਹਾ ਤੇ ਸਰਗੁਣ ਕੌਰ ਅਤੇ ਇਸੇ ਤਰ੍ਹਾਂ ਹੀ ਨਾਨ-ਮੈਡੀਕਲ ਗਰੁੱਪ ਵਿੱਚ ਸ਼ਗਨ, ਨਿਤਨ ਗੁਪਤਾ ਤੇ ਗੁਰਕਰਨਬੀਰ ਸਿੰਘ ਨੇ ਕ੍ਰਮਵਾਰ ਪਹਿਲਾ, ਦੂਜਾ ਤੇ ਤੀਜਾ ਸਥਾਨ ਹਾਸਲ ਕੀਤਾ। ਪਹਿਲਾ ਸਥਾਨ ਹਾਸਲ ਕਰਨ ਵਾਲੇ ਵਿਦਿਆਰਥੀਆਂ ਨੂੰ 21000 ਰੁਪਏ, ਦੂਜੇ ਨੂੰ 11000 ਤੇ ਤੀਜਾ ਸਥਾਨ ਹਾਸਲ ਕਰਨ ਵਾਲੇ ਹਰੇਕ ਵਿਦਿਆਰਥੀ ਨੂੰ 5100 ਰੁਪਏ, ਟਰਾਫ਼ੀ ਤੇ ਪ੍ਰਸ਼ੰਸਾ ਪੱਤਰ ਦੇ ਕੇ ਸਨਮਾਨਤ ਕੀਤਾ। ਇਸੇ ਤਰ੍ਹਾਂ ਹੀ ਵੱਖ-ਵੱਖ ਵਿਸ਼ਿਆਂ 'ਚੋਂ ਪੂਰੇ ਅੰਕ (100/100) ਲੈਣ ਵਾਲੇ 13 ਵਿਦਿਆਰਥੀਆਂ ਨੂੰ ਵੀ ਪ੍ਰਸ਼ੰਸਾ ਪੱਤਰ ਦੇ ਕੇ ਨਵਾਜ਼ਿਆ ਗਿਆ। ਦਸਵੀਂ ਜਮਾਤ 'ਚ ਪਹਿਲੀ ਪੁਜ਼ੀਸ਼ਨ 'ਤੇ ਆਉਣ ਵਾਲੇ ਤਿੰਨ ਵਿਦਿਆਰਥੀਆਂ 'ਚੋਂ ਬੀਰਦਵਿੰਦਰ ਸਿੰਘ, ਰੁਹਾਨੀ ਤੇ ਰੋਬਲ ਬਰਾੜ ਨੂੰ 21000 ਰੁਪਏ ਦਾ ਚੈੱਕ, ਟਰਾਫ਼ੀ ਤੇ ਪ੍ਰਸ਼ੰਸਾ ਪੱਤਰ, ਦੂਜੀ ਪੁਜ਼ੀਸ਼ਨ 'ਤੇ ਆਉਣ ਵਾਲੀ ਵਿਦਿਆਰਥਣ ਹੁਸਨਪ੍ਰੀਤ ਕੌਰ ਨੂੰ 11000 ਰੁਪਏ ਦਾ ਚੈੱਕ, ਟਰਾਫ਼ੀ ਤੇ ਪ੍ਰਸ਼ੰਸਾ ਪੱਤਰ ਅਤੇ ਤੀਜੀ ਪੁਜ਼ੀਸਨ 'ਤੇ ਆਉਣ ਵਾਲੇ ਦੋ ਵਿਦਿਆਰਥੀਆਂ 'ਚੋਂ ਅੰਸ਼ ਕੁਮਾਰ ਨਾਰੰਗ ਤੇ ਖ਼ੁਸ਼ਮਹਿਕਜੋਤ ਕੌਰ ਨੂੰ 5100 ਰੁਪਏ ਦਾ ਚੈੱਕ, ਟਰਾਫ਼ੀ ਤੇ ਪ੍ਰਸ਼ੰਸਾ ਪੱਤਰ ਦੇ ਕੇ ਸਨਮਾਨਤ ਕੀਤਾ ਗਿਆ। ਸਕੂਲ ਦੇ ਮੈਨੇਜਿੰਗ ਡਾਇਰੈਕਟਰ ਸ੍ਰ. ਜਸਬੀਰ ਸਿੰਘ ਸੰਧੂ ਨੇ ਬੱਚਿਆਂ, ਉਨ੍ਹਾਂ ਦੇ ਮਾਪਿਆਂ, ਪ੍ਰਿੰਸੀਪਲ ਅਪੂਰਵ ਦੇਵਗਨ, ਕੋਆਰਡੀਨੇਟਰਜ਼ ਤੇ ਸਮੂਹ ਸਟਾਫ਼ ਨੂੰ ਇਸ ਖ਼ੁਸ਼ੀ 'ਤੇ ਤਹਿ ਦਿਲੋਂ ਵਧਾਈ ਦਿੱਤੀ ਤੇ ਭਵਿੱਖ ਵਿੱਚ ਵੀ ਇਸੇ ਤਰ੍ਹਾਂ ਮਿਹਨਤ ਕਰਕੇ ਹੋਰ ਵੀ ਚੰਗੇ ਨਤੀਜੇ ਲਿਆਉਣ ਲਈ ਪ੍ਰੇਰਿਤ ਕੀਤਾ।

ਬਾਰ੍ਹਵੀਂ ਦਾ ਨਤੀਜਾ ਸੌ ਫ਼ੀਸਦੀ ਰਿਹਾ

ਮੱਖੂ (ਰਛਪਾਲ ਸਿੰਘ ਸੰਧੂ)-ਪੰਜਾਬ ਸਕੂਲ ਸਿੱਖਿਆ ਬੋਰਡ ਵੱਲੋਂ ਐਲਾਨੇ ਗਏ ਬਾਰ੍ਹਵੀਂ ਕਲਾਸ ਦੇ ਨਤੀਜੇ ਵਿੱਚ ਕਿੰਡਰਗਾਰਟਨ ਸੀਨੀਅਰ ਸੈਕੰਡਰੀ ਸਕੂਲ ਦੇ ਵਿਦਿਆਰਥੀਆਂ ਨੇ ਬਹੁਤ ਹੀ ਵਧੀਆ ਅੰਕ ਪ੍ਰਾਪਤ ਕਰਕੇ ਸਕੂਲ ਦਾ ਨਾਂਅ ਰੌਸ਼ਨ ਕੀਤਾ। ਬੋਰਡ ਦੇ ਨਤੀਜੇ ਅਨੁਸਾਰ ਸਾਇੰਸ ਗਰੁੱਪ 'ਚੋਂ ਦੁਲਾਰਦੀਪ ਕੌਰ ਨੇ 95.4 ਫ਼ੀਸਦੀ ਨੰਬਰ ਲੈ ਕੇ ਪਹਿਲਾ ਸਥਾਨ, ਅਨਮੋਲਦੀਪ ਸਿੰਘ ਨੇ 95 ਫ਼ੀਸਦੀ ਲੈ ਕੇ ਦੂਜਾ ਸਥਾਨ ਅਤੇ ਹਰਪ੍ਰੀਤ ਕੌਰ ਨੇ 94.8 ਫ਼ੀਸਦੀ ਅੰਕ ਪ੍ਰਾਪਤ ਕਰਕੇ ਤੀਜਾ ਸਥਾਨ ਪ੍ਰਾਪਤ ਕੀਤਾ ਹੈ। ਰਾਜਨ ਲਾਲ ਨੇ 90.8 ਫ਼ੀਸਦੀ, ਕੋਮਲ ਪ੍ਰੀਤ ਕੌਰ ਨੇ 93 ਫ਼ੀਸਦੀ, ਸਿਮਰਨਜੀਤ ਕੌਰ ਨੇ 90.6 ਫ਼ੀਸਦੀ, ਸਨੇਹਾ ਅਰੋੜਾ ਨੇ 90.6 ਫ਼ੀਸਦੀ, ਰਮਨਦੀਪ ਕੌਰ ਨੇ 91.1 ਫ਼ੀਸਦੀ, ਦਿਸ਼ਾਂਤ ਨੇ 91 ਫ਼ੀਸਦੀ ਅੰਕ, ਜਸਮੀਤ ਕੌਰ ਨੇ 91.4 ਫ਼ੀਸਦੀ ਪਰਮਜੀਤ ਕੌਰ ਨੇ 91.2 ਫ਼ੀਸਦੀ, ਕੰਵਲਪ੍ਰੀਤ ਕੌਰ ਨੇ 88.6 ਫ਼ੀਸਦੀ ਅਤੇ ਨਾਜਦੀਪ ਕੌਰ ਨੇ 88.8 ਫੀਸਦੀ ਅੰਕ ਪ੍ਰਾਪਤ ਕੀਤੇ ਹਨ। ਸਾਇੰਸ ਗਰੁੱਪ ਵਿੱਚੋਂ ਬਾਕੀ ਸਾਰੇ ਵਿਦਿਆਰਥੀਆਂ ਨੇ ਵੀ 88 ਫੀਸਦੀ ਤੋਂ ਵੱਧ ਅੰਕ ਪ੍ਰਾਪਤ ਕਰ ਕੇ ਪ੍ਰੀਖਿਆ ਪਾਸ ਕੀਤੀ ਹੈ। ਇਸੇ ਤਰ੍ਹਾਂ ਹੀ ਕਾਮਰਸ ਗਰੁੱਪ ਵਿੱਚੋਂ ਮੁਸਕਾਨ ਪ੍ਰੀਤ ਕੌਰ ਨੇ 92 ਫੀਸਦੀ ਅੰਕ ਪ੍ਰਾਪਤ ਕਰ ਕੇ ਪਹਿਲਾ ਸਥਾਨ, ਮੁਸਕਾਨ ਨੇ 90 ਫ਼ੀਸਦੀ ਅੰਕ ਪ੍ਰਾਪਤ ਕਰਕੇ ਦੂਜਾ ਸਥਾਨ, ਰਮਨਪ੍ਰੀਤ ਕੌਰ ਨੇ 89.8 ਫ਼ੀਸਦੀ ਅਤੇ ਰਜਤ ਮਦਾਨ ਨੇ 89.8 ਫ਼ੀਸਦੀ ਅੰਕ ਪ੍ਰਾਪਤ ਕਰਕੇ ਤੀਜਾ ਸਥਾਨ ਹਾਸਲ ਕੀਤਾ। ਪਵਨਪ੍ਰੀਤ ਕੌਰ ਨੇ 89.6 ਫ਼ੀਸਦੀ ਅੰਕ ਪ੍ਰਾਪਤ ਕੀਤੇ। ਪਾਰਸ ਸਚਦੇਵਾ ਨੇ 89.2 ਫ਼ੀਸਦੀ, ਪ੍ਰਭਦੀਪ ਕੌਰ ਨੇ 86.8 ਫ਼ੀਸਦੀ, ਤਨੁਗੀਤ ਨੇ 97.4 ਫ਼ੀਸਦੀ, ਹਰਮਨਦੀਪ ਕੌਰ ਨੇ 85.4 ਫ਼ੀਸਦੀ, ਹਰਮਨਪ੍ਰੀਤ ਕੌਰ 85.4 ਫ਼ੀਸਦੀ, ਸਾਨੀਆ ਖੁਰਾਣਾ ਨੇ 86.8 ਫ਼ੀਸਦੀ ਅੰਕ ਪ੍ਰਾਪਤ ਕੀਤੇ। ਕਾਮਰਸ ਗਰੁੱਪ 'ਚੋਂ ਬਾਕੀ ਵਿਦਿਆਰਥੀਆਂ ਨੇ 84 ਫ਼ੀਸਦੀ ਤੋਂ ਵੱਧ ਅੰਕ ਪ੍ਰਾਪਤ ਕੀਤੇ ਗਏ। ਹਿਊਮਨੇਟਿਜ ਗਰੁੱਪ 'ਚੋਂ ਜੈਸਮੀਨ ਨੇ 94.6 ਫ਼ੀਸਦੀ ਅੰਕ ਪ੍ਰਾਪਤ ਕਰਕੇ ਪਹਿਲਾ ਸਥਾਨ, ਹਰਮਨਪ੍ਰੀਤ ਕੌਰ ਨੇ 92.2 ਫ਼ੀਸਦੀ ਅੰਕ ਪ੍ਰਾਪਤ ਕਰਕੇ ਦੂਜਾ ਸਥਾਨ, ਗੁਰਵਿੰਦਰ ਸਿੰਘ ਨੇ 91.2 ਫ਼ੀਸਦੀ ਅੰਕ ਪ੍ਰਾਪਤ ਕਰਕੇ ਤੀਜਾ ਸਥਾਨ ਹਾਸਲ ਕੀਤਾ। ਅਨਮੋਲਪ੍ਰੀਤ ਕੌਰ ਨੇ 90 ਫੀਸਦੀ ਅੰਕ, ਸਿਮਰਨ ਵਰਮਾ ਨੇ 89.4 ਫ਼ੀਸਦੀ, ਅਕਾਸ਼ ਨੇ 89 ਫ਼ੀਸਦੀ, ਕੋਮਲ ਨੇ 87.4 ਫ਼ੀਸਦੀ, ਕੋਮਾਲਪ੍ਰੀਤ ਕੌਰ ਨੇ 87.6 ਫ਼ੀਸਦੀ ਅੰਕ, ਗੁਰਸ਼ਾਨਦੀਪ ਸਿੰਘ ਨੇ 87 ਫ਼ੀਸਦੀ ਅੰਕ, ਜਸਕਰਨ ਸਿੰਘ ਨੇ 86.2 ਫ਼ੀਸਦੀ, ਪ੍ਰਭਜੀਤ ਸਿੰਘ ਨੇ 87.6 ਫ਼ੀਸਦੀ ਅੰਕ, ਸੌਰਵ ਭੱਟੀ ਨੇ 88.4 ਫ਼ੀਸਦੀ ਅੰਕ, ਸੁਖਦੀਪ ਸਿੰਘ ਨੇ 86.8 ਫ਼ੀਸਦੀ ਅੰਕ ਪ੍ਰਾਪਤ ਕੀਤੇ। ਹਿਊਮਨੇਟਿਜ ਗਰੁੱਪ ਵਿੱਚੋਂ ਬਾਕੀ ਵਿਦਿਆਰਥੀਆਂ ਨੇ ਵੀ ਬਹੁਤ ਹੀ ਵਧੀਆ ਅੰਕ ਪ੍ਰਾਪਤ ਕੀਤੇ। ਸਕੂਲ ਦੇ ਚੈਅਰਮੈਨ ਦਰਸ਼ਨ ਸਿੰਘ, ਪ੍ਰਿੰਸੀਪਲ ਸ੍ਰੀਮਤੀ ਵੀਨਾ ਕਟਾਰੀਆ, ਐੱਮਡੀ ਜਸਵੀਰ ਸਿੰਘ, ਸ੍ਰੀਮਤੀ ਪਰਮਿੰਦਰ ਕੌਰ ਤੇ ਮੈਡਮ ਮਨੀਸ਼ਾ ਨੇ ਸਕੂਲ ਦਾ ਨਤੀਜਾ 100 ਫ਼ੀਸਦੀ ਆਉਣ 'ਤੇ ਵਿਦਿਆਰਥੀਆਂ ਤੇ ਉਨ੍ਹਾਂ ਦੇ ਮਾਪਿਆਂ ਅਤੇ ਅਧਿਆਪਕਾਂ ਨੂੰ ਵਧਾਈਆਂ ਦਿੰਦਿਆਂ ਕਿਹਾ ਕਿ ਇਸ ਸ਼ਾਨਦਾਰ ਨਤੀਜੇ ਦਾ ਸਿਹਰਾ ਸਕੂਲ ਦੇ ਮਿਹਨਤੀ ਸਟਾਫ਼ ਤੇ ਵਿਦਿਆਰਥੀਆਂ ਦੀ ਮਿਹਨਤ ਨੂੰ ਜਾਂਦਾ ਹੈ।

ਵਾਟਰ ਸਪਲਾਈ ਵਰਕਰ 12 ਜੂਨ ਨੂੰ ਹੈੱਡ ਆਫਿਸ ਪਟਿਆਲਾ ਵਿਖੇ ਸੂਬਾ ਪੱਧਰੀ ਧਰਨਾ ਦੇਣਗੇ : ਵਰਿੰਦਰ ਮੋਮੀ



ਫਿਰੋਜ਼ਪੁਰ (ਅਸ਼ੋਕ ਸ਼ਰਮਾ)-ਜਲ ਸਪਲਾਈ ਤੇ ਸੈਨੀਟੇਸ਼ਨ ਕੰਟਰੈਕਟ ਵਰਕਰਜ਼ ਯੂਨੀਅਨ ਪੰਜਾਬ (ਰਜਿ.31) ਦੇ ਸੂਬਾ ਪ੍ਰਧਾਨ ਵਰਿੰਦਰ ਸਿੰਘ ਮੋਮੀ, ਸੂਬਾ ਜਨਰਲ ਸਕੱਤਰ ਕੁਲਦੀਪ ਸਿੰਘ ਬੁੱਢੇਵਾਲ ਤੇ ਸੂਬਾ ਪ੍ਰੈੱਸ ਸਕੱਤਰ ਸਤਨਾਮ ਸਿੰਘ ਫਲੀਆਂਵਾਲਾ ਨੇ ਕਿਹਾ ਕਿ ਪੰਜਾਬ ਸਰਕਾਰ ਦੀ ਕੈਬਨਿਟ ਮੰਤਰੀਆਂ ਨਾਲ ਸਬੰਧਤ ਗਠਿਤ 'ਸਬ-ਕਮੇਟੀ' ਦੇ ਨਾਲ ਕ੍ਰਮਵਾਰ ਮਿਤੀ 21-12-2022, 13-02-2023 ਤੇ 05-04-2023 ਨੂੰ ਹੋਈਆਂ ਪੈਨਲ ਮੀਟਿੰਗਾਂ ਯੂਨੀਅਨ ਵੱਲੋਂ ਜਲ ਸਪਲਾਈ ਤੇ ਸੈਨੀਟੇਸ਼ਨ ਵਿਭਾਗ 'ਚ ਪਿਛਲੇ 10-15 ਸਾਲਾਂ ਤੋਂ ਇਕ ਵਰਕਰ ਦੇ ਰੂਪ 'ਚ ਕੰਮ ਕਰਦੇ ਇਨਲਿਸਟਮੈਂਟ/ਆਊਟਸੋਰਸ ਮੁਲਾਜ਼ਮਾਂ ਨੂੰ ਵਿਭਾਗ 'ਚ ਮਰਜ਼ ਕਰਕੇ ਉਨ੍ਹਾਂ ਦੇ ਤਜਰਬੇ ਨੂੰ ਮੁੱਖ ਰੱਖ ਕੇ ਪੱਕੇ ਰੁਜ਼ਗਾਰ ਦਾ ਪ੍ਰਬੰਧ ਕਰਨ ਦੀ ਮੰਗ ਰੱਖੀ ਗਈ ਹੈ, ਜਿਸ 'ਤੇ 5 ਅਪ੍ਰੈਲ ਨੂੰ ਹੋਈ ਮੀਟਿੰਗ 'ਚ ਇਨਲਿਸਟਮੈਂਟ ਤੇ ਆਊਟਸੋਰਸ ਮੁਲਾਜ਼ਮਾਂ ਨੂੰ ਵਿਭਾਗ ਵਿੱਚ ਸ਼ਾਮਲ ਕਰਕੇ ਰੈਗੂਲਰ ਕਰਨ ਲਈ ਪ੍ਰਪੋਜ਼ਲ (ਕੇਸ) ਤਿਆਰ ਕਰਨ ਦੀ ਸਹਿਮਤੀ ਬਣੀ ਸੀ ਅਤੇ ਸਬ-ਕਮੇਟੀ ਦੇ ਮੈਂਬਰ-ਕਮ-ਵਿੱਤ ਮੰਤਰੀ ਹਰਪਾਲ ਸਿੰਘ ਚੀਮਾ, ਪੰਚਾਇਤ ਮੰਤਰੀ ਕੁਲਦੀਪ ਸਿੰਘ ਧਾਲੀਵਾਲ, ਸਥਾਨਕ ਸਰਕਾਰਾਂ ਮੰਤਰੀ ਅਮਨ ਅਰੋੜਾ ਵੱਲੋਂ ਵਿਭਾਗੀ ਮੰਤਰੀ ਬ੍ਰਹਮ ਸ਼ੰਕਰ ਜਿੰਪਾ ਦੀ ਦੇਖ ਰੇਖ ਹੇਠ ਵਿਭਾਗੀ ਮੁਖੀ ਨੂੰ ਮਈ 2023 ਦੇ ਪਹਿਲੇ ਹਫਤੇ ਤੱਕ ਪ੍ਰਪੋਜ਼ਲ ਤਿਆਰ ਕਰਨ ਦੇ ਨਿਰਦੇਸ਼ਾਂ ਦਿੱਤੇ ਗਏ ਸਨ। ਵਿਭਾਗ ਦੇ ਡਿਪਟੀ ਡਾਇਰੈਕਟਰ (ਪ੍ਰਸ਼ਾਸਨ) ਵੱਲੋਂ 13 ਅਪ੍ਰੈਲ ਨੂੰ ਪੱਤਰ ਜਾਰੀ ਕਰਕੇ 20 ਅਪ੍ਰੈਲ ਤੱਕ ਯੂਨੀਅਨ ਪਾਸੋਂ ਸੁਝਾਅ ਮੰਗੇ ਗਏ, ਜਿਸ 'ਤੇ ਯੂਨੀਅਨ ਵੱਲੋਂ ਵਰਕਰਾਂ ਦੇ ਪੱਕੇ ਰੁਜ਼ਗਾਰ ਦਾ ਪ੍ਰਬੰਧ ਕਰਨ ਵਾਲੀ ਤਜਵੀਜ਼ ਤਿਆਰ ਕਰਕੇ 19 ਅਪ੍ਰੈਲ ਨੂੰ ਵਿਭਾਗੀ ਅਧਿਕਾਰੀਆਂ ਨੂੰ ਸੌਂਪੀ ਗਈ ਸੀ, ਪਰ ਵਿਭਾਗੀ ਮੁਖੀ ਜਸਸ ਮੁਹਾਲੀ ਵੱਲੋਂ 30 ਅਪ੍ਰੈਲ ਨੂੰ ਚੀਫ ਇੰਜੀਨੀਅਰ ਦੀ ਨਿਗਰਾਨੀ ਹੇਠ ਵਿਭਾਗੀ ਅਧਿਕਾਰੀਆਂ ਦੀ ਸਬ-ਕਮੇਟੀ ਦਾ ਗਠਨ ਕਰਕੇ ਯੂਨੀਅਨ ਦੇ ਨਾਲ ਮੀਟਿੰਗਾਂ ਕਰਨ ਉਪਰੰਤ ਪ੍ਰਪੋਜ਼ਲ ਇੱਕ ਹਫਤੇ ਦੇ ਅੰਦਰ ਅੰਦਰ ਫਾਇਨਲ ਕਰਨ ਦੇ ਨਿਰਦੇਸ਼ ਵੀ ਦਿੱਤੇ ਗਏ। ਸੂਬਾ ਆਗੂਆਂ ਨੇ ਕਿਹਾ ਕਿ ਵਿਭਾਗੀ ਅਧਿਕਾਰੀਆਂ ਦੀ ਸਬ ਕਮੇਟੀ ਵੱਲੋਂ 5 ਮਈ ਨੂੰ ਜਲ ਸਪਲਾਈ ਤੇ ਸੈਨੀਟੇਸ਼ਨ ਵਿਭਾਗ ਮੁੱਖ ਦਫਤਰ ਪਟਿਆਲਾ ਵਿਖੇ ਉਕਤ ਯੂਨੀਅਨ ਦੇ ਨਾਲ ਮੀਟਿੰਗ ਕੀਤੀ ਗਈ ਹੈ, ਜਿਸ ਵਿੱਚ ਵਰਕਰਾਂ ਦੇ ਹਿੱਤ 'ਚ ਪ੍ਰਪੋਜ਼ਲ ਤਿਆਰ ਕਰਕੇ ਦੁਬਾਰਾ ਮੀਟਿੰਗ ਯੂਨੀਅਨ ਦੇ ਨਾਲ ਕਰਨ ਲਈ 15 ਮਈ ਤੱਕ ਸਮਾਂ ਤੈਅ ਕੀਤਾ ਗਿਆ, ਪਰ ਕਮੇਟੀ ਵੱਲੋਂ ਅਜੇ ਤੱਕ ਨਾ ਤਾਂ ਦੁਬਾਰਾ ਮੀਟਿੰਗ ਕੀਤੀ ਗਈ ਹੈ ਤੇ ਨਾ ਹੀ ਇਨਲਿਸਟਮੈਂਟ/ਆਊਟਸੋਰਸ ਕਾਮਿਆਂ ਨੂੰ ਵਿਭਾਗ ਵਿੱਚ ਲੈਣ ਲਈ ਯੂਨੀਅਨ ਦੀ ਤਿਆਰ ਕੀਤੀ ਪ੍ਰਪੋਜ਼ਲ ਨੂੰ ਲਾਗੂ ਕਰਨ ਲਈ ਸਹਿਮਤੀ ਪ੍ਰਗਟਾਈ ਗਈ ਹੈ। ਆਗੂਆਂ ਨੇ ਕਿਹਾ ਕਿ ਵਰਕਰਾਂ ਦੇ ਪੱਕੇ ਰੁਜ਼ਗਾਰ ਲਈ ਪ੍ਰਪੋਜ਼ਲ ਨੂੰ ਫਾਇਨਲ ਕਰਨ ਲਈ ਚੱਲ ਰਹੇ ਗੱਲਬਾਤ ਦੇ ਪ੍ਰੋਸੈਸ ਨੂੰ ਲਮਕਾਇਆ ਜਾ ਰਿਹਾ ਹੈ, ਕਿਉਂਕਿ ਸਰਕਾਰ ਦੀ ਕੈਬਨਿਟ ਸਬ-ਕਮੇਟੀ ਮੈਂਬਰ-ਕਮ-ਮੰਤਰੀ ਸਾਹਿਬਾਨ ਦੇ ਨਾਲ 5 ਅਪ੍ਰੈਲ ਨੂੰ ਹੋਈ ਪੈਨਲ ਮੀਟਿੰਗ 'ਚ ਬਣੀ ਸਹਿਮਤੀ ਮੁਤਾਬਕ ਵਿਭਾਗੀ ਅਧਿਕਾਰੀਆਂ ਵੱਲੋਂ ਲਗਭਗ 2 ਮਹੀਨੇ ਬੀਤ ਜਾਣ ਦੇ ਬਾਵਜੂਦ ਯੂਨੀਅਨ ਦੇ ਨਾਲ ਮੀਟਿੰਗ ਕਰਨ ਦਾ ਸਮਾਂ ਤੱਕ ਨਹੀਂ ਦਿੱਤਾ ਗਿਆ ਹੈ, ਉਥੇ ਹੀ ਵਿਭਾਗ ਦੇ ਸਮੂਹ ਅਧਿਕਾਰੀਆਂ ਵੱਲੋਂ ਵਰਕਰਾਂ ਦੇ ਪੱਕੇ ਰੁਜ਼ਗਾਰ ਲਈ ਕੋਈ ਨੀਤੀ ਜਾਂ ਪਾਲਸੀ ਨਹੀਂ ਤਿਆਰ ਕੀਤੀ ਗਈ ਹੈ, ਜਿਸ ਦੇ ਕਾਰਨ ਵਰਕਰਾਂ ਵਿੱਚ ਭਾਰੀ ਰੋਸ ਪਾਇਆ ਜਾ ਰਿਹਾ ਹੈ। ਉਨ੍ਹਾਂ ਚੇਤਾਵਨੀ ਦਿੱਤੀ ਕਿ ਜੇਕਰ ਇੱਕ ਹਫਤੇ ਦੇ ਅੰਦਰ ਅੰਦਰ ਵਰਕਰਾਂ ਦੇ ਪੱਕੇ ਰੁਜ਼ਗਾਰ ਲਈ ਪ੍ਰਪੋਜ਼ਲ ਤਿਆਰ ਨਹੀਂ ਕੀਤੀ ਗਈ ਤਾਂ ਯੂਨੀਅਨ ਵੱਲੋਂ 12 ਜੂਨ ਨੂੰ ਚੀਫ ਇੰਜੀਨੀਅਰ ਦੀ ਦੇਖ ਰੇਖ ਹੇਠ ਵਿਭਾਗੀ ਅਧਿਕਾਰੀਆਂ ਦੀ ਗਠਿਤ ਸਬ ਕਮੇਟੀ ਦੇ ਖਿਲਾਫ ਹੈੱਡ ਆਫਿਸ ਪਟਿਆਲਾ ਅੱਗੇ ਪਰਿਵਾਰਾਂ ਤੇ ਬੱਚਿਆਂ ਸਮੇਤ ਸੂਬਾ ਪੱਧਰੀ ਧਰਨਾ ਦਿੱਤਾ ਜਾਵੇਗਾ।

ਧਾਰੋਕੀ ਅਕੈਡਮੀ 'ਚ ਮਿਹਨਤ ਕਰ ਰਹੀਆਂ ਬੱਚੀਆਂ ਕ੍ਰਿਕਟ 'ਚ ਨਾਮਣਾ ਖੱਟਣ ਦੀ ਤਿਆਰੀ 'ਚ

ਨਾਭਾ (ਵਰਿੰਦਰ ਵਰਮਾ)-ਪਿੰਡ ਧਾਰੋਕੀ ਦੀਆਂ ਲੜਕੀਆਂ ਕ੍ਰਿਕਟ ਵਿੱਚ ਕੌਮੀ ਤੇ ਕੌਮਾਂਤਰੀ ਪੱਧਰ 'ਤੇ ਮੱਲਾਂ ਮਾਰਨ ਲਈ ਤਿਆਰੀ ਖਿੱਚ ਰਹੀਆਂ ਹਨ। ਇਨ੍ਹਾਂ ਬੱਚੀਆਂ ਨੂੰ ਪੰਜਾਬ ਪੁਲਸ ਵਿੱਚ ਸੇਵਾ ਕਰ ਰਹੇ ਗੁਲਾਬ ਸਿੰਘ ਸ਼ੇਰਗਿੱਲ ਨੇ ਕ੍ਰਿਕਟ ਖੇਡ ਦੀਆਂ ਬਾਰੀਕੀਆਂ ਸਿਖਾਉਣ ਦਾ ਬੀੜਾ ਉਠਾਇਆ ਹੋਇਆ ਹੈ। ਧਾਰੋਕੀ ਦੀ ਕੁੜੀਆਂ ਲਈ ਖੋਲ੍ਹੀ ਕ੍ਰਿਕਟ ਅਕੈਡਮੀ ਨੂੰ 'ਨਿਊਯਾਰਕ ਟਾਈਮਜ਼' ਅਖ਼ਬਾਰ ਨੇ ਵੀ ਆਪਣੀਆਂ ਸੁਰਖੀਆਂ ਵਿੱਚ ਜਗ੍ਹਾ ਦਿੱਤੀ ਹੈ। ਵਿਧਾਇਕ ਗੁਰਦੇਵ ਸਿੰਘ ਦੇਵ ਮਾਨ ਨੇ ਕਿਹਾ ਕਿ ਸਾਡੇ ਲਈ ਇਹ ਮਾਣ ਵਾਲੀ ਗੱਲ ਹੈ ਕਿ ਮੁੱਖ ਮੰਤਰੀ ਭਗਵੰਤ ਮਾਨ ਦੀ ਸੂਬੇ ਵਿੱਚ ਖਿਡਾਰੀਆਂ ਤੇ ਖੇਡਾਂ ਨੂੰ ਪ੍ਰਫੁੱਲਤ ਕਰਨ ਦੀ ਦੂਰਅੰਦੇਸ਼ੀ ਸੋਚ ਸਦਕਾ ਜਿੱਥੇ ਪੰਜਾਬ ਸਰਕਾਰ ਵੱਲੋਂ ਖੇਡਾਂ ਵਤਨ ਪੰਜਾਬ ਦੀਆਂ ਕਰਵਾਈਆਂ ਗਈਆਂ, ਉਥੇ ਹੀ ਉਨ੍ਹਾਂ ਦੇ ਹਲਕੇ ਦੇ ਪਿੰਡ ਧਾਰੋਕੀ ਵਿਖੇ ਲੜਕੀਆਂ ਨੂੰ ਕ੍ਰਿਕਟ ਦੀ ਕੌਮਾਂਤਰੀ ਪੱਧਰ ਦੀ ਟ੍ਰੇਨਿੰਗ ਦਿੱਤੀ ਜਾ ਰਹੀ ਹੈ। ਦੇਵ ਮਾਨ ਨੇ ਉਮੀਦ ਪ੍ਰਗਟਾਈ ਕਿ ਇਹ ਬੱਚੀਆਂ ਜ਼ਰੂਰ ਕੌਮੀ ਤੇ ਕੌਮਾਂਤਰੀ ਪੱਧਰ 'ਤੇ ਕ੍ਰਿਕਟ ਵਿੱਚ ਆਪਣਾ ਤੇ ਆਪਣੇ ਮਾਪਿਆਂ ਦਾ ਨਾਂਅ ਚਮਕਾਉਣਗੀਆਂ।

ਉਨ੍ਹਾਂ ਦੱਸਿਆ ਕਿ ਕੋਵਿਡ ਸਮੇਂ ਸਕੂਲ ਬੰਦ ਹੋਣ ਮੌਕੇ ਉਸ ਨੇ ਆਪਣੀ 6 ਸਾਲਾ ਧੀ ਹਰਸਿਮਰਤ ਤੇ ਦੋ ਹੋਰ ਬੱਚੀਆਂ ਨੂੰ ਘਰ ਦੀ ਛੱਤ 'ਤੇ ਬਾਲ ਦੀ ਟਾਸ ਕਰਨੀ ਸਿਖਾ ਕੇ ਇਸ ਅਕੈਡਮੀ ਦੀ ਸ਼ੁਰੂਆਤ ਕੀਤੀ ਸੀ ਤੇ ਇੱਥੇ ਹੁਣ ਪਿੰਡ ਧਾਰੋਕੀ ਤੇ ਭੜੋ ਦੀਆਂ 9 ਤੋਂ 14 ਸਾਲਾਂ ਦੀਆਂ ਡੇਢ ਦਰਜਨ ਬੱਚੀਆਂ ਕ੍ਰਿਕਟ ਖੇਡਣਾ ਸਿੱਖ ਰਹੀਆਂ ਹਨ। ਕ੍ਰਿਕਟ ਖੇਡ ਵਿੱਚ ਟੀਮ ਇੰਡੀਆ ਨੂੰ ਆਪਣਾ ਨਿਸ਼ਾਨਾ ਮੰਨ ਚੁੱਕੀਆਂ ਇਹ ਬੱਚੀਆਂ ਰੋਜ਼ਾਨਾ 4 ਕਿਲੋਮੀਟਰ ਦੌੜਦੀਆਂ ਹਨ ਤੇ 4-4 ਘੰਟੇ ਕ੍ਰਿਕਟ ਦਾ ਅਭਿਆਸ ਕਰਦੀਆਂ ਹਨ। ਧਾਰੋਕੀ ਦੇ ਖੇਤਾਂ ਵਿੱਚ ਖੋਲ੍ਹੀ ਗੁਲਾਬ ਸਿੰਘ ਸ਼ੇਰਗਿੱਲ ਇਲੈਵਨ ਅਕੈਡਮੀ ਦੀਆਂ ਇਹ ਮਿਹਨਤਕਸ਼ ਬੱਚੀਆਂ ਦੱਸਦੀਆਂ ਹਨ ਕਿ ਉਹ ਅੰਡਰ 14, ਅੰਡਰ 17 ਕ੍ਰਿਕਟ ਖੇਡ ਕੇ ਅੱਗੇ ਭਾਰਤੀ ਟੀਮ ਵਿੱਚ ਜਾਣਾ ਚਾਹੁੰਦੀਆਂ ਹਨ। ਇਨ੍ਹਾਂ ਬੱਚੀਆਂ ਦਾ ਕਹਿਣਾ ਹੈ ਕਿ ਭਾਰਤੀ ਮਹਿਲਾ ਕ੍ਰਿਕਟ ਦੀ ਕਪਤਾਨ ਹਰਮਨਪ੍ਰੀਤ ਕੌਰ ਉਨ੍ਹਾਂ ਦਾ ਆਦਰਸ਼ ਹਨ ਤੇ ਉਹ ਖੁਦ ਭਾਰਤੀ ਕ੍ਰਿਕਟ ਟੀਮ ਵਿੱਚ ਖੇਡ ਕੇ ਅਤੇ ਇੱਕ ਦਿਨ ਇਸ ਦੀ ਕਪਤਾਨੀ ਕਰਨ ਦਾ ਜਜ਼ਬਾ ਵੀ ਰੱਖਦੀਆਂ ਹਨ। ਇੱਥੇ ਕ੍ਰਿਕਟ ਸਿੱਖਦੀਆਂ 6 ਸਾਲਾ ਅਮਨ, ਨੈਨਾ, ਸੁਨੈਨਾ, ਹਰਗੁਨ, ਅਮਨ, ਗਗਨ ਸਮੇਤ ਹੋਰ ਬੱਚੀਆਂ ਪੀ.ਸੀ.ਏ. ਮੋਹਾਲੀ ਵੱਡੇ ਲੀਗ ਮੈਚ ਦੇਖਣ ਵੀ ਗਈਆਂ ਹਨ ਤੇ ਵੱਡੇ ਕ੍ਰਿਕਟ ਸਟਾਰ ਉਨ੍ਹਾਂ ਨੂੰ ਮਿਲ ਕੇ ਖ਼ੁਸ਼ ਹੁੰਦੇ ਹਨ।

ਪੰਜਾਬ ਦੀ ਨਵੀਂ ਖੇਤੀ ਨੀਤੀ ਕਿਸਾਨੀ ਸਮੱਸਿਆਵਾਂ ਹੱਲ ਕਰੇਗੀ : ਧਾਲੀਵਾਲ

ਚੰਡੀਗੜ੍ਹ, (ਗੁਰਜੀਤ ਬਿੱਲਾ) ਪੰਜਾਬ ਦੇ ਖੇਤੀਬਾੜੀ ਅਤੇ ਕਿਸਾਨ ਭਲਾਈ ਮੰਤਰੀ ਕੁਲਦੀਪ ਸਿੰਘ ਧਾਲੀਵਾਲ ਨੇ ਕਿਹਾ ਹੈ ਕਿ 30 ਜੂਨ ਨੂੰ ਜਾਰੀ ਹੋਣ ਵਾਲੀ ਨਵੀਂ ਖੇਤੀ ਨੀਤੀ ਸੂਬੇ ਦੇ ਕਿਸਾਨਾਂ ਦੀਆਂ ਬਹੁਤ ਸਾਰੀਆਂ ਸਮੱਸਿਆਂਵਾਂ ਦਾ ਹੱਲ ਕਰਨ ਵਿਚ ਸਹਾਈ ਸਿੱਧ ਹੋਵੇਗੀ। ਉਨ੍ਹਾਂ ਕਿਹਾ ਕਿ ਨਵੀਂ ਖੇਤੀ ਨੀਤੀ ਕਿਸਾਨਾਂ, ਖੇਤੀ ਮਾਹਰਾਂ, ਕਿਸਾਨ ਆਗੂਆਂ, ਆਮ ਲੋਕਾਂ ਅਤੇ ਵੱਖ-ਵੱਖ ਵਰਗਾਂ ਦੇ ਪ੍ਰਤੀਨਿਧੀਆਂ ਦੇ ਸੁਝਾਵਾਂ ਨਾਲ ਤਿਆਰ ਕੀਤੀ ਜਾ ਰਹੀ ਹੈ ਇਹ ਪੰਜਾਬ ਦੇ ਕਿਸਾਨ ਅਤੇ ਕਿਰਸਾਨੀ ਨੂੰ ਬਚਾਉਣ ਵਿਚ ਅਹਿਮ ਭੂਮਿਕਾ ਅਦਾ ਕਰੇਗੀ। ਸਥਾਨਕ ਪੰਜਾਬ ਭਵਨ ਵਿਖੇ ਸੰਯੁਕਤ ਕਿਸਾਨ ਮੋਰਚਾ (ਗੈਰ ਸਿਆਸੀ) ਦੀਆਂ ਮੰਗਾਂ ਸਬੰਧੀ ਤਕਰੀਬਨ 4 ਘੰਟੇ ਚੱਲੀ ਮੀਟਿੰਗ ਦੀ ਪ੍ਰਧਾਨਗੀ ਕਰਦਿਆਂ ਕੁਲਦੀਪ ਸਿੰਘ ਧਾਲੀਵਾਲ ਨੇ ਕਿਹਾ ਕਿ ਨਵੀਂ ਖੇਤੀ ਨੀਤੀ ਕਿਸਾਨਾਂ ਦੀ ਆਰਥਿਕਤਾ ਨੂੰ ਹੁਲਾਰਾ ਦੇਣ ਦੇ ਮਕਸਦ ਨਾਲ ਤਿਆਰ ਕੀਤੀ ਜਾ ਰਹੀ ਹੈ। ਇਸ ਤੋਂ ਇਲਾਵਾ ਕਿਸਾਨਾਂ ਦੀਆਂ ਬਹੁਤ ਸਾਰੀਆਂ ਮੁਸ਼ਕਿਲਾਂ ਅਤੇ ਸਮੱਸਿਆਵਾਂ ਦੇ ਹੱਲ ਲਈ ਵੀ ਸੂਬਾ ਸਰਕਾਰ ਲਗਾਤਾਰ ਯਤਨਸ਼ੀਲ ਹੈ। ਉਨ੍ਹਾਂ ਦੱਸਿਆ ਕਿ ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਵਿਚ ਪੰਜਾਬ ਸਰਕਾਰ ਸੰਭਾਵਨਾਂਵਾਂ ਤਲਾਸ਼ ਰਹੀ ਹੈ ਕਿਸਾਨਾਂ ਵੱਲੋਂ ਉਗਾਈਆਂ ਸਬਜ਼ੀਆਂ ਅਤੇ ਹੋਰ ਫਸਲਾਂ ਨੂੰ ਗੁਆਂਢੀ ਦੇਸ਼ਾਂ ਵਿਚ ਨਿਰਯਾਤ ਕੀਤਾ ਜਾ ਸਕੇ। ਇਸ ਮਕਸਦ ਦੀ ਪੂਰਤੀ ਲਈ ਪੰਜਾਬ ਸਰਕਾਰ ਗੰਭੀਰਤਾ ਨਾਲ ਕੰਮ ਕਰ ਰਹੀ ਹੈ। ਕਿਸਾਨ ਆਗੂਆਂ ਵੱਲੋਂ ਸ਼ੂਗਰ ਮਿੱਲਾਂ ਦੇ ਬਕਾਇਆ ਜਾਰੀ ਕਰਨ ਦੀ ਰੱਖੀ ਮੰਗ ਬਾਬਤ ਧਾਲੀਵਾਲ ਨੇ ਦੱਸਿਆ ਕਿ ਮੁੱਖ ਮੰਤਰੀ ਨਾਲ ਮੀਟਿੰਗ ਤੋਂ ਬਾਅਦ ਬਹੁਤ ਜਲਦ ਗੰਨਾ ਕਾਸ਼ਤਕਾਰਾਂ ਨੂੰ ਉਨ੍ਹਾਂ ਦੀ ਬਕਾਇਆ ਰਾਸ਼ੀ ਦੇ ਦਿੱਤੀ ਜਾਵੇਗੀ। ਕਿਸਾਨ ਆਗੂਆਂ ਨੇ ਖੇਤੀ ਮੰਤਰੀ ਦੇ ਧਿਆਨ ਵਿਚ ਲਿਆਂਦਾ ਕਿ ਕਿਸਾਨ ਅੰਦੋਲਨ ਦੌਰਾਨ ਸ਼ਹੀਦ ਹੋਏ ਕਿਸਾਨਾਂ ਦੇ ਪਰਿਵਾਰਾਂ 'ਚੋਂ ਕੁਝ ਵਾਰਸਾਂ ਨੂੰ ਹਾਲੇ ਤੱਕ ਸਰਕਾਰੀ ਨੌਕਰੀ ਨਹੀਂ ਦਿੱਤੀ ਗਈ। ਧਾਲੀਵਾਲ ਨੇ ਮੌਕੇ 'ਤੇ ਹੀ ਖੇਤੀ ਵਿਭਾਗ ਦੇ ਉੱਚ ਅਧਿਕਾਰੀਆਂ ਨੂੰ ਜਲਦ ਦਫਤਰੀ ਪ੍ਰਕਿਰਿਆ ਪੂਰੀ ਕਰਕੇ ਨੌਕਰੀ ਦੇਣ ਦੀ ਹਦਾਇਤ ਕੀਤੀ।

ਨੈਸ਼ਨਲ ਹਾਈਵੇ 'ਤੇ ਖੜ੍ਹਦਾ ਬਰਸਾਤੀ ਪਾਣੀ ਸ਼ਹਿਰ ਦੇ ਲੋਕਾਂ ਲਈ ਬਣਿਆ ਵੱਡੀ ਸਮੱਸਿਆ

ਖਰੜ: (ਹਰਨਾਮ ਸਿੰਘ ਡੱਲਾ) ਖਰੜ ਸ਼ਹਿਰ ਦੀ ਵਧੇਰੇ ਵਸੋਂ ਬਿਨਾਂ ਕਿਸੇ ਵਸੇਬੇ ਦੀ ਯੋਜਨਾ ਤੋਂ ਵਸੀ ਹੋਈ ਹੈ। ਇਸ ਸਸ਼ਹਿਰ ਵਿੱਚ ਕੋਲੋਨਾਈਜਰਾਂ, ਮਾਫੀਆ, ਰਾਜਨੀਤੀਵਾਨਾਂ ਅਤੇ ਪ੍ਰਸਾਸਨਿਕ ਅਧਿਕਾਰੀਆਂ ਦੀ ਮਿਲੀਭੁਗਤ ਨਾਲ ਵਸੀਆਂ ਕਲੋਨੀਆਂ ਦੇ ਬਾਸ਼ਿੰਦਿਆਂ ਨੂੰ ਗੈਰ ਯੋਜਨਾਬੰਦੀ ਕਰਕੇ ਕਦਮ ਕਦਮ ਉੱਤੇ ਸਮੱਸਿਆਵਾਂ ਨਾਲ ਜੂਝਣਾ ਪੈ ਰਿਹਾ ਹੈ। ਸ਼ਹਿਰ ਦੀ ਨਗਰ ਕੌਂਸਲ ਦੇ ਨੁਮਾਇੰਦਿਆਂ ਦੇ ਜਿੱਤਣ ਤੋਂ ਬਾਅਦ ਤੇਵਰ ਇੱਕ ਦਮ ਬਦਲ ਜਾਂਦੇ ਹਨ ਅਤੇ ਨਗਰ ਕੌਂਸਲ ਦੀ ਅਫਸਰਸ਼ਾਹੀ ਨਾਲ ਸਾਂਝ ਭਿਆਲੀ ਪਾ ਕੇ ਚੱਲਣਾ ਸ਼ੁਰੂ ਕਰ ਦਿੱਤਾ ਜਾਂਦਾ ਹੈ ਅਤੇ ਲੋਕਾਂ ਨਾਲ ਕੀਤੇ ਵਾਅਦਿਆਂ ਨੂੰ ਵੀ ਜਾਣਬੁੱਝ ਕੇ ਭੁੱਲ ਜਾਂਦੇ ਹਨ। ਸ਼ਹਿਰ ਦੀਆਂ ਬਹੁਤ ਸਾਰੀਆਂ ਰੈਜੀਡੈਂਟ ਐਸੋਸੀਏਸ਼ਨਾਂ ਨੂੰ ਵੀ ਉਨ੍ਹਾਂ ਦੇ ਚੁਣੇ ਹੋਏ ਕੌਂਸਲਰ ਹੀ ਆਪਣੀਆਂ ਵਿਰੋਧੀ ਸਮਝ ਕੇ ਅਫਸਰਸ਼ਾਹੀ ਦਾ ਪੱਖ ਪੂਰਦੇ ਦੇਖੇ ਗਏ ਹਨ। ਜਦੋਂ ਕਿ ਕਾਲੋਨੀਆਂ ਦੇ ਬਾਸ਼ਿੰਦਿਆਂ ਨੇ ਉਨ੍ਹਾਂ ਦੀਆਂ ਸਮੱਸਿਆਂਵਾਂ ਲਈ ਹੀ ਰੈਜੀਡੈਂਟ ਐਸੋਸੀਏਸ਼ਨਾਂ ਦਾ ਗਠਨ ਕੀਤਾ ਹੁੰਦਾ ਹੈ। ਸੜਕਾਂ, ਪੀਣ ਵਾਲੇ ਪਾਣੀ, ਸੀਵਰੇਜ ਅਤੇ ਡਰੇਨ ਵਾਟਰ ਦੇ ਮਾੜੇ ਪ੍ਰਬੰਧ, ਸਟਰੀਟ ਲਾਈਟਾਂ ਅਤੇ ਹੋਰ ਢੇਰ ਸਾਰੀਆਂ ਸਮੱਸਿਆਵਾਂ ਲੋਕਾਂ ਦੀ ਜਾਨ ਦਾ ਖੌਅ ਬਣੀਆਂ ਰਹਿੰਦੀਆਂ ਹਨ। ਖਰੜ ਸ਼ਹਿਰ ਦੀਆਂ ਨਾਮੀ ਗਰਾਮੀ ਕਲੋਨੀਆਂ ਦੇ ਪਾਣੀ ਦੀ ਨਿਕਾਸੀ ਦਾ ਪ੍ਰਬੰਧ ਇਸ ਕਦਰ ਮਾੜਾ ਹੈ ਕਿ ਨੈਸਨਲ ਹਾਈਵੇ ਉੱਤੇ ਵਸੀਆਂ ਮਹਿੰਗੀਆਂ ਕਲੋਨੀਆਂ ਸ਼ਿਵਾਲਿਕ ਇੰਨਕਲੇਬ, ਜਮਨਾ ਅਪਾਰਟਮੈਂਟ ਦੇ ਗੇਟ ਸਾਹਮਣੇ ਕਈ ਕਈ ਦਿਨ ਪਾਣੀ ਖੜ੍ਹਾ ਰਹਿੰਦਾ ਹੈ। ਬਨੂੰੜ-ਲਾਂਡਰਾਂ ਤੋਂ ਖਰੜ ਅਤੇ ਚੰਡੀਗੜ੍ਹ-ਖਰੜ ਤੋਂ ਕੁਰਾਲੀ ਰੋਪੜ ਨੂੰ ਜਾਂਦੀ ਨੈਸ਼ਨਲ ਹਾਈਵੇ ਦੇ ਦੋਵੇਂ ਪਾਸੇ ਬਣੀਂ ਡਰੇਨ ਭਾਵੇਂ ਸਲੈਬਾਂ ਨਾਲ ਢਕੀ ਹੋਈ ਹੈ ਪਰ ਨਿਕਾਸੀ ਨਾ ਹੋਣ ਕਰਕੇ ਮੀਂਹ ਦਾ ਪਾਣੀ ਸੜਕ ਉੱਤੇ ਖੜ੍ਹਾ ਰਹਿੰਦਾ ਹੈ। ਜਿਸ ਕਰਕੇ ਲੋਕਾਂ ਨੂੰ ਬਹੁਤ ਮੁਸਕਲ ਦਾ ਸਾਹਮਣਾ ਕਰਨਾ ਪੈਂਦਾ ਹੈ। ਸਥਾਨਕ ਲੋਕਾਂ ਨੇ ਪ੍ਰਸਾਸ਼ਨ ਤੋਂ ਮੰਗ ਕੀਤੀ ਹੈ ਕਿ ਨੈਸ਼ਨਲ ਹਾਈਵੇ ਦੇ ਇਰਦ ਗਿਰਦ ਖੜ੍ਹਦੇ ਪਾਣੀ ਦੀ ਨਿਕਾਸੀ ਦਾ ਦਰੁਸਤ ਕਰਵਾਈ ਜਾਵੇ।

ਸੰਤ ਰਾਮਾ ਨੰਦ ਦੀ ਬਰਸੀ 'ਤੇ ਛਬੀਲ ਲਗਾਈ

ਨੂਰਮਹਿਲ (ਬਾਲ ਕ੍ਰਿਸ਼ਨ ਬਾਲੀ)- 108 ਸੰਤ ਰਾਮਾ ਜੀ ਦੀ ਬਰਸੀ 'ਤੇ ਪਿੰਡ ਸੰਘੇ ਜਾਗੀਰ ਦੀਆਂ ਸੰਗਤਾਂ ਅਤੇ ਡਾ. ਬੀ. ਆਰ. ਅੰਬੇਡਕਰ ਮਿਸ਼ਨ ਸੋਸਾਇਟੀ ਵੱਲੋਂ ਨੂਰਮਹਿਲ- ਨਕੋਦਰ ਰੋਡ 'ਤੇ ਸੰਘੇ ਜਾਗੀਰ ਦੇ ਗੇਟ 'ਤੇ ਛਬੀਲ ਲਗਾਈ ਗਈ। ਪਿੰਡ ਸੰਘੇ ਜਾਗੀਰ ਦੀਆਂ ਸੰਗਤਾਂ ਵੱਲੋ ਹਰੇਕ ਸਾਲ 25 ਮਈ ਵਾਲੇ ਦਿਨ ਸੰਤਾਂ ਦੀ ਯਾਦ ਵਿੱਚ ਇਹ ਛਬੀਲ ਲਗਾਈ ਜਾਂਦੀ ਹੈ। ਇਸ ਮੌਕੇ 'ਤੇ ਪ੍ਰੇਮ ਲਾਲ,ਹਰਬੰਸ ਲਾਲ, ਬਲਬੀਰ ਚੰਦ,ਓਮ ਪ੍ਰਕਾਸ਼ ਮੰਗਾ, ਸੁਰਿੰਦਰ ਪਾਲ, ਲਖਵਿੰਦਰ ਪਾਲ. ਹੰਸ ਰਾਜ, ਜੋਗ ਰਾਜ, ਕੁਲਦੀਪ ਰਾਜ ਪੰਚ, ਕੁਲਵਿੰਦਰ ਸੰਘਾ, ਕੁਲਦੀਪ ਸਿੰਘ, ਸੰਨੀ, ਜੈਲਾ, ਭਿੰਦਾ,ਕਬੀਰ, ਰਮਨਾ,ਲਬਾ, ਗੋਬਿੰਦਾ, ਨੰਨੂ ਆਦਿ ਹਾਜਰ ਸਨ।

ਕਲਾ ਪ੍ਰੀਸ਼ਦ ਵੱਲੋਂ ਪਿਆਰਾ ਸਿੰਘ ਭੋਗਲ ਨੂੰ ਸ਼ਰਧਾਂਜਲੀ ਭੇਟ

ਚੰਡੀਗੜ੍ਹ -(ਗੁਰਜੀਤ ਬਿੱਲਾ)- ਉਘੇ ਕਾਲਮ ਨਵੀਸ, ਵੈਟਰਨ ਪੱਤਰਕਾਰ ਤੇ ਲੇਖਕ ਪ੍ਰੋ. ਪਿਆਰਾ ਸਿੰਘ ਭੋਗਲ ਦੇ ਦਿਹਾਂਤ ਮੌਕੇ ਪੰਜਾਬ ਕਲਾ ਪ੍ਰੀਸ਼ਦ ਚੰਡੀਗੜ੍ਹ ਦੇ ਚੇਅਰਮੈਨ ਡਾ. ਸੁਰਜੀਤ ਪਾਤਰ ਨੇ ਡੂੰਘੇ ਦੁੱਖ ਦਾ ਪ੍ਰਗਟਾਵਾ ਕਰਦਿਆਂ ਉਨ੍ਹਾ ਦੇ ਦੁਖੀ ਪਰਵਾਰ ਨਾਲ ਹਮਦਰਦੀ ਪ੍ਰਗਟ ਕੀਤੀ ਹੈ। ਡਾ. ਪਾਤਰ ਨੇ ਆਪਣੇ ਸ਼ੋਕ ਸੰਦੇਸ਼ 'ਚ ਆਖਿਆ ਕਿ ਪ੍ਰੋਫੈਸਰ ਭੋਗਲ ਇਕੋ ਸਮੇਂ ਇਕ ਸੰਸਥਾ ਦਾ ਰੂਪ ਸਨ। ਉਹ ਜਲੰਧਰ ਦੀਆਂ ਸਾਹਿਤਕ ਗਤੀਵਿਧੀਆਂ ਵਿੱਚ ਸਰਗਰਮ ਰਹਿਣ ਦੇ ਨਾਲ ਨਾਲ ਭਖਦੇ ਮੁੱਦਿਆਂ ਉਤੇ ਅਖਬਾਰਾਂ 'ਚ ਲਗਾਤਾਰ ਕਾਲਮ ਲਿਖਦੇ ਰਹੇ। ਡਾ. ਪਾਤਰ ਨੇ ਪ੍ਰੋਫੈਸਰ ਭੋਗਲ ਵੱਲੋਂ ਲਿਖੀਆਂ ਕਹਾਣੀਆਂ, ਨਾਵਲ ਤੇ ਸਾਹਿਤ ਸਮੀਖਿਆ ਦੀਆਂ 33 ਪੁਸਤਕਾਂ ਨੂੰ ਪੰਜਾਬੀ ਸਾਹਿਤ ਦੇ ਖੇਤਰ ਵਿੱਚ ਇਕ ਭਰਪੂਰ ਯੋਗਦਾਨ ਦੱਸਿਆ ਹੈ। ਡਾ. ਸੁਰਜੀਤ ਪਾਤਰ ਨੇ ਆਖਿਆ ਕਿ ਭੋਗਲ ਇਕ ਸਮਰੱਥ ਅਧਿਆਪਕ ਵੀ ਸਨ ਤੇ ਮਿਲਾਪੜੇ ਇਨਸਾਨ ਵੀ ਸਨ। ਪੰਜਾਬ ਕਲਾ ਪ੍ਰੀਸ਼ਦ ਦੇ ਉਪ ਚੇਅਰਮੈਨ ਡਾ. ਯੋਗਰਾਜ ਸਿੰਘ ਤੇ ਸਕੱਤਰ ਡਾ. ਲਖਵਿੰਦਰ ਜੌਹਲ, ਪੰਜਾਬ ਸਾਹਿਤ ਅਕਾਦਮੀ ਦੀ ਪ੍ਰਧਾਨ ਡਾ. ਸਰਬਜੀਤ ਕੌਰ ਸੋਹਲ ਤੇ ਪ੍ਰੀਸ਼ਦ ਦੇ ਮੀਡੀਆ ਕੋਆਰਡੀਨੇਟਰ ਨਿੰਦਰ ਘੁਗਿਆਣਵੀ ਨੇ ਵੀ ਪ੍ਰੋਫੈਸਰ ਪਿਆਰਾ ਸਿੰਘ ਭੋਗਲ ਨੂੰ ਸ਼ਰਧਾ ਦੇ ਫੁੱਲ ਭੇਟ ਕੀਤੇ।

ਪ੍ਰਵਾਸੀ ਵਿਅਕਤੀ ਦੀ ਲਾਸ਼ ਮਿਲੀ

ਆਦਮਪੁਰ (ਪਰਮਜੀਤ ਸਿੰਘ):- ਥਾਣਾ ਪਤਾਰਾ ਪੁਲਸ ਨੂੰ ਪ੍ਰਵਾਸੀ ਮਜਦੂਰ ਦੀ ਲਾਸ਼ ਮਿਲੀ ਹੈ। ਸਬ ਇੰਸਪੈਕਟਰ ਹਰਪ੍ਰੀਤ ਸਿੰਘ ਨੇ ਦੱਸਿਆ ਕਿ ਪਿੰਡ ਨੰਗਲ ਫਤਿਹ ਖਾਂ ਤੋਂ ਪਿੰਡ ਸਰਨਾਣਾ ਰੋਡ ਨੂੰ ਜਾਂਦਾ ਕੱਚਾ ਸੂਆ ਡਰੇਨ ਵਿਚੋਂ ਇਕ ਨਾਮਲੂਮ 55 ਸਾਲਾਂ ਪ੍ਰਵਾਸੀ ਵਿਅਕਤੀ ਦੀ ਲਾਸ਼, ਜਿਸ ਦਾ ਕੱਦ 5 ਫੁੱਟ 4 ਇੰਚ ਰੰਗ ਕਾਲਾ ਵਾਲ ਚਿੱਟੇ ਤੇ ਸਰੀਰ ਉੱਤੇ ਅਸਮਾਨੀ ਰੰਗ ਦਾ ਕੁੜਤਾ ਪਾਇਆ ਹੋਇਆ ਹੈ, ਮਿਲੀ ਹੈ! ਪੁਲਸ ਵੱਲੋਂ ਲਾਸ਼ ਆਪਣੇ ਕਬਜੇ ਵਿੱਚ ਲੈ ਕੇ 72 ਘੰਟੇ ਲਈ ਜਲੰਧਰ ਹਸਪਤਾਲ ਵਿਚ ਰੱਖੀ ਗਈ ਹੈ!

ਜੋਗਿੰਦਰ ਸਿੰਘ ਡਾਨਸੀਵਾਲ ਦਾ ਨੰਬਰਦਾਰ ਨਿਯੁਕਤ

ਮਾਹਿਲਪੁਰ (ਸਫਰੀ) ਜ਼ਿਲ੍ਹਾ ਕੁਲੈਕਟਰ ਹੁਸ਼ਿਆਰਪੁਰ ਦੇ ਹੁਕਮਾਂ ਅਨੁਸਾਰ ਜੋਗਿੰਦਰ ਸਿੰਘ ਪੁੱਤਰ ਚੰਨਣ ਸਿੰਘ ਵਾਸੀ ਡਾਨਸੀਵਾਲ ਨੂੰ ਪਿੰਡ ਦਾ ਨੰਬਰਦਾਰ ਨਿਯੁਕਤ ਕੀਤਾ ਗਿਆ ਤੇ ਨਗਰ ਨਿਵਾਸੀਆ ਵਲੋਂ ਉਨ੍ਹਾਂ ਦਾ ਸਨਮਾਨ ਕੀਤਾ ਗਿਆ। ਉਨ੍ਹਾਂ ਕਿਹਾ ਕਿ ਜੋ ਮੈਨੂੰ ਜੁੰਮੇਵਾਰੀ ਸੌਂਪੀ ਗਈ ਹੈ ਉਹ ਮੈਂ ਤਨਦੇਹੀ ਨਾਲ ਨਿਭਾਵਾਂਗਾ। ਇਸ ਮੌਕੇ ਲਖਵੀਰ (ਲੱਖੀ) ਚੇਅਰਮੈਨ ਅੰਬੇਡਕਰ ਸੈਨਾ ਜੋਨ ਸੈਲਾ, ਸੋਮ ਨਾਥ ,ਸੌਰਵ,ਰੋਬਿਨ,ਅਕਾਸ਼,ਗੁਰਦੀਪ ਸਿੰਘ,ਨਵਜੋਤ ਸਿੰਘ, ਰਜਿੰਦਰ ਸਿੰਘ ਫੂਡ ਸਪਲਾਈ ਪੰਜਾਬ ਐਗਰੋ,ਹਰਬੰਸ ਸਿੰਘ, ਕਰਨੈਲ ਸਿੰਘ ਅਤੇ ਵੱਡੀ ਗਿਣਤੀ ਵਿੱਚ ਪਿੰਡ ਵਾਸੀ ਹਾਜਰ ਸਨ।

ਸਾਂਝ ਕੇਂਦਰ ਨੇ ਵਿਦਿਆਰਥੀਆਂ ਲਈ ਲਗਾਇਆ ਜਾਗਰੂਕਤਾ ਕੈਂਪ

ਜਲੰਧਰ (ਸ਼ੈਲੀ ਐਲਬਰਟ)- ਸਾਂਝ ਕੇਂਦਰ ਦੇ ਮੈਂਬਰਾਂ ਵੱਲੋਂ ਇੰਨੋਸੈਂਟ ਹਾਰਟਸ ਸਕੂਲ ਲੋਹਾਰਾਂ ਵਿਖੇ ਵਿਦਿਆਰਥੀਆਂ ਨੂੰ ਸੜਕ ਸੁਰੱਖਿਆ, ਬਾਲ ਸੁਰੱਖਿਆ ਅਤੇ ਔਰਤਾਂ ਦੀ ਸੁਰੱਖਿਆ ਬਾਰੇ ਜਾਗਰੂਕ ਕਰਨ ਲਈ ਇੱਕ ਪ੍ਰੋਗਰਾਮ ਕਰਵਾਇਆ ਗਿਆ। ਇਹ ਪ੍ਰੋਗਰਾਮ ਜਲੰਧਰ ਕਮਿਸ਼ਨਰੇਟ ਅਧੀਨ ਪੈਂਦੇ ਸਾਂਝ ਕੇਂਦਰ ਵੱਲੋਂ ਸ਼ੁਰੂ ਕੀਤਾ ਗਿਆ ਸੀ।। ਇਸ ਮੌਕੇ ਇੰਸਪੈਕਟਰ ਗੁਰਦੀਪ ਲਾਲ (ਇੰਚਾਰਜ ਜ਼ਿਲ੍ਹਾ ਸਾਂਝ ਕੇਂਦਰ, ਜਲੰਧਰ), ਸੁਰਿੰਦਰ ਸੈਣੀ (ਯੂਨੀਸੈਫ ਆਬਜ਼ਰਵਰ ਨੈਸ਼ਨਲ ਐਵਾਰਡ ਜੇਤੂ ਅਤੇ ਪਿਛਲੇ 20 ਸਾਲਾਂ ਤੋਂ ਇੱਕ ਐਨਜੀਓ ਚਲਾ ਰਹੇ ਹਨ), ਇੰਸਪੈਕਟਰ ਸੰਜੀਵ ਕੁਮਾਰ (ਇੰਚਾਰਜ ਸਬ ਡਵੀਜ਼ਨਲ ਕੇਂਦਰੀ ਅਤੇ ਉੱਤਰੀ ਸਾਂਝ ਕੇਂਦਰ) ਕਮਿਸ਼ਨਰੇਟ ਜਲੰਧਰ) ਅਤੇ ਪੰਜਾਬ ਪੁਲਸ ਮਹਿਲਾ ਮਿੱਤਰ ਸ੍ਰੀਮਤੀ ਮਧੂ (ਹੈੱਡ ਕਾਂਸਟੇਬਲ ਥਾਣਾ ਸਦਰ) ਮੌਜੂਦ ਸਨ। ਉਨ੍ਹਾਂ ਬੱਚਿਆਂ ਅਤੇ ਔਰਤਾਂ ਦੀ ਮਦਦ ਲਈ ਵੱਖ-ਵੱਖ ਕਾਨੂੰਨਾਂ ਬਾਰੇ ਜਾਣਕਾਰੀ ਦੇ ਕੇ ਵਿਦਿਆਰਥੀਆਂ ਨੂੰ ਜਾਗਰੂਕ ਕੀਤਾ। ਐਮਰਜੈਂਸੀ ਮਦਦ ਲਈ ਵਿਦਿਆਰਥੀਆਂ ਨੂੰ ਹੈਲਪਲਾਈਨ ਨੰਬਰ ਦਿੱਤੇ ਗਏ। ਵਿਦਿਆਰਥੀਆਂ ਨੂੰ ਪੋਕਸੋ ਐਕਟ, ਪੀੜਤ ਰਾਹਤ ਸੇਵਾਵਾਂ, ਆਈਪੀਸੀ ਦੀਆਂ ਕਾਨੂੰਨੀ ਵਿਵਸਥਾਵਾਂ, ਕੰਮ ਵਾਲੀ ਥਾਂ ਤੇ ਔਰਤਾਂ ਦਾ ਯੌਨ ਸ਼ੋਸ਼ਣ, ਘਰੇਲੂ ਹਿੰਸਾ, ਔਰਤਾਂ ਅਤੇ ਬੱਚਿਆਂ ਦੇ ਅਧਿਕਾਰਾਂ ਅਤੇ ਯੌਨ ਅਪਰਾਧਾਂ ਤੋਂ ਬੱਚਿਆਂ ਦੀ ਸੁਰੱਖਿਆ ਐਕਟ 2012 ਬਾਰੇ ਜਾਗਰੂਕ ਕੀਤਾ ਗਿਆ। ।ਵਿਦਿਆਰਥੀਆਂ ਨੂੰ ਸਾਂਝ ਕੇਂਦਰਾਂ ਦੇ ਕੰਮਕਾਜ ਅਤੇ ਭਾਰਤ ਵਿੱਚ ਯੂਨੀਸੈਫ ਦੇ ਕੰਮਾਂ ਅਤੇ ਬੱਚਿਆਂ ਦੀ ਭਲਾਈ ਲਈ ਕੀਤੇ ਗਏ ਵੱਖ-ਵੱਖ ਕੰਮਾਂ ਬਾਰੇ ਜਾਣੂ ਕਰਵਾਇਆ ਗਿਆ। ਉਨ੍ਹਾਂ ਨੇ ਵਿਦਿਆਰਥੀਆਂ ਨੂੰ ਭਾਰਤ ਦੇ ਨਾਗਰਿਕ ਹੋਣ ਦੇ ਨਾਤੇ ਉਨ੍ਹਾਂ ਦੇ ਅਧਿਕਾਰਾਂ ਅਤੇ ਕਰਤੱਵਾਂ ਤੋਂ ਜਾਣੂ ਕਰਵਾਇਆ। ਸਾਂਝ ਕੇਂਦਰ ਦੀ ਟੀਮ ਵੱਲੋਂ ਵਿਦਿਆਰਥੀਆਂ ਦੇ ਨਾਲ ਕੈਂਪਸ ਵਿੱਚ 200 ਦੇ ਕਰੀਬ ਪੌਦੇ (ਔਸ਼ਧੀ/ਹਰਬਲ) ਲਗਾਏ ਗਏ। ਇੰਸਪੈਕਟਰ ਸੰਜੀਵ ਕੁਮਾਰ ਨੇ ਦੱਸਿਆ ਕਿ ਇਸ ਮਹੀਨੇ ਦੌਰਾਨ ਸ਼ਹਿਰ ਵਿੱਚ 2300 ਦੇ ਕਰੀਬ ਬੂਟੇ ਲਗਾਏ ਜਾਣਗੇ।।

ਪੰਜਾਬ-ਯੂਟੀ ਮੁਲਾਜ਼ਮ ਤੇ ਪੈਨਸ਼ਨਰ ਸਾਂਝਾ ਫਰੰਟ ਨੇ ਸਿੱਖਿਆ ਮੰਤਰੀ ਦਾ ਫੂਕਿਆ ਪੁਤਲਾ

ਮਾਹਿਲਪੁਰ/(ਸਫਰੀ)— ਪੰਜਾਬ-ਯੂਟੀ ਮੁਲਾਜਮ ਅਤੇ ਪੈਨਸ਼ਨਰ ਸਾਂਝਾ ਫਰੰਟ ਦੇ ਕਨਵੀਨਰ ਸਾਥੀ ਸਤੀਸ਼ ਰਾਣਾ ਜੋ ਮਿਡ-ਡੇ-ਮੀਲ ਵਰਕਰਾਂ ਦੀ ਸਿੱਖਿਆ ਮੰਤਰੀ ਨਾਲ ਲਿਖਤੀ ਸੱਦੇ 'ਤੇ ਮੀਟਿੰਗ ਕਰਵਾਉਣ ਲਈ ਗਏ ਸਨ। ਉਹਨਾਂ ਨਾਲ ਮੰਤਰੀ ਵਲੋਂ ਕੀਤੀ ਬਦਸਲੂਕੀ ਅਤੇ ਅਰੈਸਟ ਕਰਨ ਦੇ ਵਿਰੋਧ ਵਜੋਂ ਪੰਜਾਬ-ਯੂਟੀ ਮੁਲਾਜਮ ਤੇ ਪੈਨਸ਼ਨਰ ਸਾਂਝਾ ਫਰੰਟ ਬਲਾਕ ਮਾਹਿਲਪੁਰ ਵਲੋਂ ਸਿੱਖਿਆ ਮੰਤਰੀ ਹਰਜੋਤ ਸਿੰਘ ਦਾ ਪੁਤਲਾ ਫੂਕਿਆ ਗਿਆ। ਬਲਾਕ ਪ੍ਰਧਾਨ ਨਰਿੰਦਰ ਅਜਨੋਹਾ ਅਤੇ ਜਨਰਲ ਸਕੱਤਰ ਮੱਖਣ ਸਿੰਘ ਲੰਗੇਰੀ, ਕਮਲਜੀਤ ਕੌਰ, ਪੈਨਸ਼ਨਰ ਆਗੂ ਸਤਪਾਲ ਲੱਠ ਅਤੇ ਪ੍ਰਿੰਸੀਪਲ ਪਿਆਰਾ ਸਿੰਘ ਨੇ ਕਿਹਾ ਜੇਕਰ ਪੰਜਾਬ ਸਰਕਾਰ ਪੰਜਾਬ ਦੇ ਲੋਕਾਂ ਅਤੇ ਮੁਲਾਜਮਾਂ ਦੀਆਂ ਮੰਗਾਂ ਹੱਲ ਕਰਨ ਦੀ ਬਜਾਏ ਧੱਕਾ ਕਰਦੀ ਹੈ ਤਾਂ ਪੰਜਾਬ ਦੇ ਲੋਕ ਅਤੇ ਮੁਲਾਜਮ ਜੇਲ੍ਹਾਂ ਤੋਂ ਡਰਨ ਵਾਲੇ ਨਹੀਂ ਹਨ। ਪੰਜਾਬ ਸਰਕਾਰ ਦੀ ਇਸ ਧੱਕੇਸ਼ਾਹੀ ਦਾ ਜਵਾਬ ਲੋਕ ਏਕਤਾ ਨਾਲ ਦਿੱਤਾ ਜਾਵੇਗਾ। ਪੰਜਾਬ ਦੇ ਇਸ ਮੰਤਰੀ ਵਲੋਂ ਪਹਿਲਾਂ ਵੀ ਕੱਚੇ ਅਧਿਆਪਕ ਆਗੂਆਂ ਨੂੰ ਤਾਨਾਸ਼ਾਹੀ ਢੰਗ ਨਾਲ ਮੁਅੱਤਲ ਕੀਤਾ ਗਿਆ ਜੋ ਕਿ ਇਹਨਾਂ ਦੇ ਹੰਕਾਰ ਨੂੰ ਦਰਸਾਉਂਦਾ ਹੈ। ਇਸ ਲਈ ਪੰਜਾਬ ਦੇ ਸਮੂਹ ਮੁਲਾਜਮ ਸਰਕਾਰ ਨੂੰ ਚਿਤਾਵਨੀ ਦਿੰਦੇ ਹਨ ਕਿ ਸਰਕਾਰ ਦੀ ਗੁੰਡਾਗਰਦੀ ਕਿਸੇ ਵੀ ਕੀਮਤ 'ਤੇ ਬਰਦਾਸ਼ਤ ਨਹੀਂ ਕੀਤੀ ਜਾਵੇਗੀ। ਇਸ ਮੌਕੇ ਮੁਲਾਜਮਾਂ ਨੇ ਸਰਕਾਰ ਵਿਰੁੱਧ ਜੰਮ ਕੇ ਨਾਅਰੇਬਾਜੀ ਕੀਤੀ ਅਤੇ ਸਿੱਖਿਆ ਮੰਤਰੀ ਦੇ ਪੁਤਲੇ ਨੂੰ ਮਾਹਿਲਪੁਰ ਦੇ ਮੇਨ ਚੌਕ ਵਿੱਚ ਫੂਕਿਆ ਗਿਆ। ਇਸ ਮੌਕੇ ਅਮਰਜੀਤ ਕੁਮਾਰ,ਮਨਜਿੰਦਰ ਸਿੰਘ, ਗੁਰਨਾਮ ਚੰਦ, ਹਰਮਨੋਜ ਕੁਮਾਰ,ਬਲਵਿੰਦਰ ਕੌਰ ,ਸੁਰਿੰਦਰ ਕੌਰ, ਅਮਰਵੀਰ ਕੌਰ, ਜਸਵਿੰਦਰ ਸਿੰਘ, ਗੁਰਮੁੱਖ ਸਿੰਘ, ਮਹਿੰਦਰ ਪਾਲ, ਪਰਮਜੀਤ ਕਾਤਬ, ਰਛਪਾਲ ਕੌਰ, ਸੀਤਲ ਕੌਰ, ਗਿਆਨ ਚੰਦ, ਉਂਕਾਰ ਸਿੰਘ, ਸਗਲੀ ਰਾਮ,ਕਰਨੈਲ ਸਿੰਘ, ਵਿੰਦਰ ਸਿੰਘ,ਭੂਸਣ ਸਿੰਘ, ਬਲਦੇਵ ਸਿੰਘ, ਕੁਲਵੀਰ ਕੌਰ, ਅਵਤਾਰ ਕੌਰ, ਪੂਜਾ, ਸਤਨਾਮ ਸਿੰਘ, ਸਮੇਤ ਵੱਡੀ ਗਿਣਤੀ ਵਿੱਚ ਇਨਸਾਫ ਪਸੰਦ ਲੋਕ ਹਾਜ਼ਰ ਸਨ।

ਠੱਕਰਵਾਲ ਵਿਖੇ ਸ੍ਰੀ ਗੁਰੂ ਅਰਜਨ ਦੇਵ ਜੀ ਦੇ ਸ਼ਹੀਦੀ ਦਿਹਾੜੇ ਮੌਕੇ ਗੁਰਮਤਿ ਸਮਾਗਮ ਕਰਵਾਏ

ਮੇਹਟੀਆਣਾ (ਜਗਤਾਰ ਸਿੰਘ ਭੁੰਗਰਨੀ) ਪਿੰਡ ਠੱਕਰਵਾਲ ਵਿਖੇ ਗੁਰਦੁਆਰਾ ਸ੍ਰੀ ਸਿੰਘ ਸਾਹਿਬ ਦੇ ਅਸਥਾਨ 'ਤੇ ਸ਼ਹੀਦਾਂ ਦੇ ਸਰਤਾਜ, ਸ਼ਾਂਤੀ ਦੇ ਪੁੰਜ ਧੰਨ ਧੰਨ ਸ੍ਰੀ ਅਰਜਨ ਦੇਵ ਜੀ ਦੇ 417ਵੇਂ ਸ਼ਹੀਦੀ ਦਿਹਾੜੇ ਮੌਕੇ ਮਹਾਨ ਗੁਰਮਤਿ ਸਮਾਗਮ ਕਰਵਾਏ ਗਏ। ਇਸ ਮੌਕੇ ਗੁਰਦੁਆਰਾ ਸਾਹਿਬ ਦੇ ਪ੍ਰਧਾਨ ਜਥੇਦਾਰ ਰਘਬੀਰ ਸਿੰਘ ਨੇ ਦੱਸਿਆ ਕਿ ਸਹਿਜ ਪਾਠ ਸਾਹਿਬ ਜੀ ਦੇ ਭੋਗ ਪਾਏ ਗਏ। ਉਪਰੰਤ ਦੀਵਾਨ ਹਾਲ ਵਿੱਚ ਭਾਈ ਸਰਬਜੀਤ ਸਿੰਘ ਹੈੱਡ ਗ੍ਰੰਥੀ ਆਦਿ ਨੇ ਗੁਰਬਾਣੀ ਗੁਰਇਤਿਹਾਸ ਰਾਹੀਂ ਸੰਗਤਾਂ ਨੂੰ ਨਿਹਾਲ ਕੀਤਾ। ਇਸ ਮੌਕੇ ਪ੍ਰਧਾਨ ਜਥੇਦਾਰ ਰਘਬੀਰ ਸਿੰਘ ਠੱਕਰਵਾਲ, ਮਾਸਟਰ ਸਰਬਜੀਤ ਸਿੰਘ ਮੰਝ, ਕੈਪਟਨ ਗਿਆਨ ਸਿੰਘ, ਬਾਬਾ ਸਰਬਜੀਤ ਸਿੰਘ ਗ੍ਰੰਥੀ, ਡਾਕਟਰ ਪਰਮਜੀਤ ਸਿੰਘ, ਸਰਪੰਚ ਜਸਵਿੰਦਰ ਸਿੰਘ ਠੱਕਰਵਾਲ, ਹਰਵਿੰਦਰ ਸਿੰਘ ਸੋਨਾ, ਚਰਨ ਸਿੰਘ ਮੰਝ, ਜਰਨੈਲ ਸਿੰਘ ਪਟਵਾਰੀ, ਬਲਵਿੰਦਰ ਸਿੰਘ ਮੰਝ, ਖੜਕ ਸਿੰਘ ਮੰਜ, ਗੁਰਪ੍ਰੀਤ ਸਿੰਘ ਸਾਬਕਾ ਪੰਚ ਆਦਿ ਹਾਜਰ ਸਨ।

ਸ੍ਰੀ ਹਜ਼ੂਰ ਸਾਹਿਬ ਦੀ ਲੰਗਰ ਸੇਵਾ ਵਾਸਤੇ ਕਣਕ ਦਾ ਟਰੱਕ ਰਵਾਨਾ

ਟਾਂਡਾ ਉੜਮੁੜ (ਜਸਵਿੰਦਰ ਸੰਧੂ ,ਉਂਕਾਰ ਸਿੰਘ)- ਗੁਰਦੁਆਰਾ ਸ੍ਰੀ ਗੁਰੂ ਸਿੰਘ ਸਭਾ ਪੱਤੀ ਅਮੀਪੁਰ ਹਰਸੀ ਪਿੰਡ ਤੋਂ ਹਰ ਸਾਲ ਦੀ ਤਰ੍ਹਾਂ ਤਖਤ ਸੱਚਖੰਡ ਸ੍ਰੀ ਹਜ਼ੂਰ ਸਾਹਿਬ ਗੁਰੂ ਦੇ ਲੰਗਰਾਂ ਵਾਸਤੇ ਕਣਕ ਦਾ ਭਰਿਆ ਟਰੱਕ ਲਿਜਾਇਆ ਗਿਆ। ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਇਲਾਕਾ ਨਿਵਾਸੀਆਂ ਦੇ ਸਹਿਯੋਗ ਨਾਲ ਇਕੱਤਰ ਕੀਤੀ ਕਣਕ ਦਾ ਭਰਿਆ ਹੋਇਆ ਟਰੱਕ ਅੰਮ੍ਰਿਤ ਵੇਲੇ ਗੁਰੂ ਚਰਨਾਂ ਵਿੱਚ ਅਰਦਾਸ ਕਰਨ ਉਪਰੰਤ 'ਬੋਲੇ ਸੋ ਨਿਹਾਲ' ਦੇ ਜੈਕਾਰਿਆਂ ਤੇ ਸਮੂਹ ਨਗਰ ਨਿਵਾਸੀ ਸੰਗਤ ਦੀ ਹਾਜਰੀ ਵਿੱਚ ਲੰਗਰ ਦਾ ਟਰੱਕ ਰਵਾਨਾ ਕੀਤਾ ਗਿਆ। ਇਸ ਮੌਕੇ ਪ੍ਰਬੰਧਕ ਸੇਵਾਦਾਰ ਗਿਆਨੀ ਦਰਸ਼ਨ ਸਿੰਘ, ਮਾਸਟਰ ਮਦਨ ਸਿੰਘ, ਸੇਵਕ ਸਿੰਘ, ਹਰਦੀਪ ਸਿੰਘ, ਅਜਮੇਰ ਸਿੰਘ, ਗੁਰਵਿੰਦਰ ਸਿੰਘ ਨੇ ਦੱਸਿਆ ਕਿ ਇਲਾਕੇ ਦੀ ਸਮੂਹ ਸੰਗਤ ਵੱਲੋਂ ਗੁਰੂ ਕੇ ਲੰਗਰਾਂ ਵਾਸਤੇ ਭੇਜੀ ਗਈ ਇਹ ਕਣਕ ਤਖਤ ਸੱਚਖੰਡ ਸ੍ਰੀ ਹਜ਼ੂਰ ਸਾਹਿਬ ਵਿਖੇ ਪਹੁੰਚਾਈ ਜਾਵੇਗੀ। ਇਸ ਮੌਕੇ ਮਾਸਟਰ ਮਦਨ ਸਿੰਘ ਅਤੇ ਪ੍ਰਧਾਨ ਦਰਸਨ ਸਿੰਘ ਨੇ ਇਲਾਕਾ ਨਿਵਾਸੀ ਸੰਗਤ ਦਾ ਧੰਨਵਾਦ ਕੀਤਾ। ਜਿਨ੍ਹਾਂ ਨੇ ਮਹਾਨ ਸੇਵਾ ਵਿਚ ਆਪਣਾ ਯੋਗਦਾਨ ਪਾਇਆ। ਇਸ ਮੌਕੇ ਹੋਰਨਾਂ ਤੋਂ ਇਲਾਵਾ ਰਵਿੰਦਰਜੀਤ ਸਿੰਘ, ਸ਼ਰਨਜੀਤ ਸਿੰਘ, ਕਸ਼ਮੀਰਾ ਸਿੰਘ, ਗੁਰਪ੍ਰੀਤ ਸਿੰਘ, ਪ੍ਰਦੀਪਪਲ ਸਿੰਘ, ਚਰਨਜੀਤ ਸਿੰਘ, ਗੁਰਮੀਤ ਸਿੰਘ, ਪਰਮਜੀਤ ਸਿੰਘ, ਪਰਮਜੀਤ ਕੌਰ, ਮਨਜੀਤ ਕੌਰ, ਕਮਲਜੀਤ ਕੌਰ, ਨਰਿੰਦਰ ਕੌਰ, ਨਸੀਬ ਕੌਰ ਸੰਗਰਾਮ ਸਿੰਘ, ਗੁਰਦੀਪ ਸਿੰਘ ਦੀਪਾ ਤੇ ਹੋਰ ਸੰਗਤਾਂ ਵੀ ਮੌਜੂਦ ਸਨ।

ਸੁਲਤਾਨਪੁਰ ਲੋਧੀ-ਡੱਲਾ ਰੋਡ 'ਤੇ ਪਲਟੀ ਕਾਰ, ਜਾਨੀ ਨੁਕਸਾਨ ਤੋਂ ਬਚਾਅ

ਸੁਲਤਾਨਪੁਰ ਲੋਧੀ (ਬਲਵਿੰਦਰ ਸਿੰਘ ਧਾਲੀਵਾਲ) ਸੁਲਤਾਨਪੁਰ ਲੋਧੀ ਤੋਂ ਡੱਲਾ ਰੋਡ ਸੜਕ ਦੇ ਦੋਵਾਂ ਕਿਨਾਰਿਆਂ 'ਤੇ ਬਰਮਾਂ ਘੱਟ ਹੋਣ ਕਾਰਨ ਆਏ ਦਿਨ ਹਾਦਸੇ ਵਾਪਰ ਰਹੇ ਹਨ, ਇਸ ਦੇ ਚੱਲਦਿਆਂ ਫਿਰ ਇਕ ਕਾਰ ਟ੍ਰੈਫਿਕ ਦਾ ਸ਼ਿਕਾਰ ਹੋ ਕੇ ਪਲਟ ਗਈ ਤੇ ਖੇਤਾਂ 'ਚ ਜਾ ਡਿੱਗੀ। ਇਸ ਹਾਦਸੇ ਦੌਰਾਨ ਭਾਵੇਂ ਕਿਸੇ ਦੀ ਜਾਨ ਨਹੀਂ ਗਈ, ਪਰ ਕਾਰ ਜ਼ਰੂਰ ਨੁਕਸਾਨੀ ਗਈ। ਇਸ ਸੰਬੰਧੀ ਜਾਣਕਾਰੀ ਦਿੰਦਿਆਂ ਕਾਰ ਚਾਲਕ ਵਾਸੀ ਪਿੰਡ ਮੰਡਿਆਲਾ (ਨਕੋਦਰ) ਨੇ ਦੱਸਿਆ ਕਿ ਉਹ ਆਪਣੀ ਇੰਡੀਕਾ ਕਾਰ ਨੰਬਰ ਪੀ ਬੀ 11 ਏ ਜੇ 7466 'ਚ ਸਵਾਰ ਹੋ ਕੇ ਪਰਵਾਰ ਸਮੇਤ ਸੁਲਤਾਨਪੁਰ ਲੋਧੀ ਵੱਲ ਜਾ ਰਹੇ ਸਨ। ਜਦ ਉਹ ਡੱਲਾ ਤੋਂ ਸੁਲਤਾਨਪੁਰ ਲੋਧੀ ਰੋਡ ਸਥਿਤ ਬਣੇਂ ਗੋਦਾਮਾਂ ਤੋਂ ਥੋੜਾ ਅੱਗੇ ਗਏ ਤਾਂ ਸੜਕ ਦੇ ਅੱਗੇ ਪਾਸੇ ਤੋਂ ਟਰੱਕ ਆ ਰਹੇ ਸਨ ਅਤੇ ਇੱਕ ਜੇਸੀਬੀ ਮਸ਼ੀਨ ਸੜਕ ਤੇ ਜਾ ਰਹੀ ਸੀ ਜਿਸ ਕਾਰਨ ਗੱਡੀ ਬੇਕਾਬੂ ਹੋ ਗਈ ਤੇ ਸੜਕ ਕਿਨਾਰੇ ਖੇਤਾਂ 'ਚ ਜਾ ਡਿੱਗੀ। ਸੀਟ ਬੈਲਟ ਲੱਗੀ ਹੋਣ ਅਤੇ ਸਮੇਂ ਸਿਰ ਕੰਟਰੋਲ ਕਰਨ ਨਾਲ ਸਿਰਫ ਮਾਮੂਲੀ ਸੱਟਾਂ ਹੀ ਲੱਗੀਆਂ ਪਰ ਕਾਰ ਜ਼ਰੂਰ ਨੁਕਸਾਨੀ ਗਈ। ਇਸ ਦੌਰਾਨ ਹਾਦਸੇ ਵਾਲੀ ਜਗ੍ਹਾ ਦੇ ਨਜਦੀਕ ਰਹਿੰਦੇ ਲੋਕ ਤੇ ਰਾਹਗੀਰਾਂ ਨੇ ਇਸ ਪਰਵਾਰ ਨੂੰ ਗੱਡੀ 'ਚੋਂ ਬਾਹਰ ਕੱਢਿਆ ਅਤੇ ਜੇਸੀਬੀ ਮਸ਼ੀਨ ਦੀ ਮਦਦ ਨਾਲ ਗੱਡੀ ਖੇਤਾਂ ਵਿੱਚੋਂ ਬਾਹਰ ਕੱਢੀ।

ਮੈਡਮ ਕਮਲੇਸ਼ ਬੌਰੀ ਦੀ ਯਾਦ 'ਚ ਅੱਖਾਂ ਦਾ ਮੁਫ਼ਤ ਜਾਂਚ ਕੈਂਪ

ਜਲੰਧਰ-(ਸ਼ੈਲੀ ਐਲਬਰਟ)- ਮੈਡਮ ਕਮਲੇਸ਼ ਬੌਰੀ (ਸੰਸਥਾਪਕ ਡਾਇਰੈਕਟਰ,ਇੰਨੋਸੈਂਟ ਹਾਰਟਸ) ਦੀ ਬਰਸੀ ਮੌਕੇ ਬੌਰੀ ਮੈਮੋਰੀਅਲ ਐਜੂਕੇਸ਼ਨਲ ਐਂਡ ਮੈਡੀਕਲ ਟਰੱਸਟ ਦੇ ਦਿਸ਼ਾ ਨਿਰਦੇਸ਼ਾਂ ਤਿਹਤ ਇੰਨੋਸੈਂਟ ਹਾਰਟਸ ਵਿਖੇ ਅੱਖਾਂ ਦਾ ਮੁਫ਼ਤ ਜਾਂਚ ਕੈਂਪ ਲਗਾਇਆ ਗਿਆ । ।ਕੈਂਪ ਦਾ ਆਯੋਜਨ ਡਾ: ਰੋਹਨ ਬੌਰੀ (ਐਮ.ਐਸ. ਓਫਥੈਲਮੋਲੋਜੀ) (ਐਫ.ਪੀ.ਆਰ.ਐਸ. ਫੈਕੋ ਰਿਫਰੈਕਟਿਵ ਸਰਜਨ, ਮੈਡੀਕਲ ਰੈਟੀਨਾ ਸਪਸ਼ੈਲਿਸਟ) ਦੀ ਪ੍ਰਧਾਨਗੀ ਹੇਠ ਕੀਤਾ ਗਿਆ।ਇਸ ਮੌਕੇ ਉੱਤੇ ਇੰਨੋਸੈਂਟ ਆਈ ਸੈਂਟਰ ਦੇ ਪ੍ਰਮੁੱਖ ਡਾ: ਰੋਹਨ ਨੇ ਵਿਜ਼ਨ ਕਮਲੇਸ਼ ਪ੍ਰੋਜੈਕਟ ਤਹਿਤ ਇੰਨੋਸੈਂਟ ਹਾਰਟਸ ਨਾਲ ਜੁੜੇ ਸਹਾਇਕ ਸਟਾਫ਼ ਦੇ ਹਰੇਕ ਮੈਂਬਰ ਦੀਆਂ ਅੱਖਾਂ ਦੀ ਜਾਂਚ ਕੀਤੀ । ਜਿਨ੍ਹਾਂ ਨੂੰ ਸਰਜਰੀ ਦੀ ਲੋੜ ਸੀ, ਉਨ੍ਹਾਂ ਦੀ ਸਹੀ ਜਾਂਚ ਤੋਂ ਬਾਅਦ ਉਨ੍ਹਾਂ ਦੀ ਸਰਜਰੀ ਵੀ ਕੀਤੀ ਗਈ, ਜੋ ਕਿ ਬਿਲਕੁਲ ਮੁਫ਼ਤ ਸੀ। ਇਸ ਤੋਂ ਇਲਾਵਾ ਉਨ੍ਹਾਂ ਨੂੰ ਨਾ ਸਿਰਫ਼ ਸਾਰੀਆਂ ਦਵਾਈਆਂ ਮੁਫ਼ਤ ਦਿੱਤੀਆਂ ਗਈਆਂ ਸੱਗੋਂ ਐਨਕਾਂ ਵੀ ਦਿੱਤੀਆਂ ਗਈਆਂ।।

ਪੰਜਾਬ ਭਰ 'ਚੋਂ ਪਹਿਲਾ ਸਥਾਨ ਪ੍ਰਾਪਤ ਕੀਤਾ

ਅਨੰਦਪੁਰ ਸਾਹਿਬ (ਅਰਵਿੰਦਰ ਸਿੰਘ ਬਿੰਦੀ)—ਬੀਤੇ ਦਿਨੀਂ ਪੰਜਾਬ ਨਰਸਿੰਗ ਰਜਿਸਟਰੇਸ਼ਨ ਕੌਂਸਲ ਵੱਲੋਂ ਏ. ਐਨ. ਐਮ ਭਾਗ ਦੂਜਾ ਦੇ ਨਤੀਜਿਆਂ ਦਾ ਐਲਾਨ ਕੀਤਾ ਗਿਆ,ਜਿਸ ਵਿੱਚ ਮਾਤਾ ਸਾਹਿਬ ਕੌਰ ਕਾਲਜ ਆਫ ਨਰਸਿੰਗ ਮੋਹਾਲੀ ਦੀ ਏ. ਐਨ. ਐਮ ਭਾਗ ਦੂਜਾ ਦੀ ਵਿਦਿਆਰਥਣ ਕੁਮਾਰੀ ਵੰਦਨਾ ਪੁੱਤਰੀ ਸ਼ਿਵ ਪ੍ਰਸਾਦ ਨੇ 1400 ਵਿੱਚੋਂ 1200 ਅੰਕ ਪ੍ਰਾਪਤ ਕਰਕੇ ਪੰਜਾਬ ਭਰ ਵਿੱਚੋਂ ਪਹਿਲਾ ਸਥਾਨ ਪ੍ਰਾਪਤ ਕੀਤਾ। ਏ. ਐਨ. ਐਮ ਭਾਗ ਦੂਜੇ ਦੀ ਵਿਦਿਆਰਥਣ ਜਯੋਤੀ ਪੁੱਤਰੀ ਸ਼ੰਭੂ ਨੇ 1175 ਅੰਕ ਪ੍ਰਾਪਤ ਕਰਕੇ ਪੰਜਵਾਂ ਸਥਾਨ ਪ੍ਰਾਪਤ ਕੀਤਾ। ਇਸ ਮੌਕੇ ਕਾਲਜ ਦੇ ਪ੍ਰਿੰਸੀਪਲ ਡਾ. ਕਿਰਨ ਬੱਤਰਾ, ਚੇਅਰਮੈਨ ਤੇਗਬੀਰ ਸਿੰਘ ਵਾਲੀਆ , ਡਾਇਰੈਕਟਰ ਜਸਵਿੰਦਰ ਕੌਰ ਵਾਲੀਆ, ਡਾਇਰੈਕਟਰ ਫਾਇਨੈਂਸ ਜਪਨੀਤ ਕੌਰ ਵਾਲੀਆ ਨੇ ਇਹਨਾਂ ਵਿਦਿਆਰਥਣਾਂ ਨੂੰ ਵਧਾਈ ਦਿੱਤੀ ਅਤੇ ਉੱਜਵੱਲ ਭਵਿੱਖ ਦੀ ਕਾਮਨਾ ਕੀਤੀ।

ਗੈਰ-ਕਾਨੂੰਨੀ ਮਾਈਨਿੰਗ ਰੋਕਣ ਲਈ ਲੋਕਾਂ ਨੂੰ ਲਾਮਬੰਦ ਹੋਣ ਦਾ ਸੱਦਾ

ਭਲਾਣ (ਹਰਭਜਨ ਢਿਲੋਂ) ਇਲਾਕੇ ਵਿੱਚ ਸਵਾਂ ਨਦੀ ਵਿੱਚ ਵੱਡੇ ਪੱਧਰ 'ਤੇ ਹੋ ਰਹੀ ਗੈਰ ਕਾਨੂੰਨੀ ਮਾਈਨਿੰਗ ਨੂੰ ਰੋਕਣ ਲਈ ਪਿੰਡਾਂ ਦੇ ਲੋਕਾਂ ਨੂੰ ਲਾਮਬੰਦ ਕਰਨ ਦਾ ਫੈਸਲਾ ਕੀਤਾ ਗਿਆ। ਤਾਂ ਜੋ ਕੁਦਰਤੀ ਸਰੋਤਾਂ ਨੂੰ ਬਚਾਇਆ ਜਾ ਸਕੇ। ਸੱਤਾ ਵਿੱਚ ਆਈ ਆਪ ਸਰਕਾਰ ਦੇ ਮੰਤਰੀ ਨੇ ਚੋਣਾਂ ਤੋਂ ਪਹਿਲਾਂ ਇਲਾਕੇ ਦੇ ਲੋਕਾਂ ਨਾਲ ਇਹ ਵਾਅਦਾ ਕੀਤਾ ਸੀ ਕਿ ਲੋਕਾਂ ਦੀ ਮਰਜੀ ਤੋਂ ਬਿਨਾਂ ਮਾਈਨਿੰਗ ਨਹੀਂ ਹੋਣ ਦਿੱਤੀ ਜਾਵੇਗੀ। ਪਰ ਮੌਜੂਦਾ ਸਰਕਾਰ ਨੇ ਹਜਾਰਾਂ ਏਕੜ ਜ਼ਮੀਨ ਸਵਾਂ ਨਦੀ ਤੇ ਸੱਤਲੁਜ ਦਰਿਆ ਦੀ ਮਾਇਨਿੰਗ ਵਿੱਚ ਪਵਾ ਦਿਤੀ ਹੈ। ਪਿੰਡ ਮਹਿੰਦਪੁਰ ਵਿਖੇ ਗੈਰ ਕਾਨੂੰਨੀ ਮਾਇਨਿੰਗ ਨੂੰ ਰੋਕਣ ਲਈ ਪਿੰਡ ਵਿੱਚ ਪਿੰਡ ਵਾਸੀਆਂ ਨੇ ਵੱਡਾ ਇਕੱਠ ਕਰਕੇ ਐਲਾਨ ਕੀਤਾ ਕਿ ਕਿਸੇ ਵੀ ਸੂਰਤ ਵਿੱਚ ਗੈਰ ਕਾਨੂੰਨੀ ਮਾਇਨਿੰਗ ਨਹੀਂ ਹੋਣ ਦਿੱਤੀ ਜਾਵੇਗੀ। ਲੋਕਾਂ ਨੂੰ ਜਾਗਰੂਕ ਕੀਤਾ ਜਾਵੇਗਾ। ਇਲਾਕੇ ਵਿੱਚ ਪਾਣੀ ਦਾ ਪੱਧਰ ਲਗਾਤਾਰ ਥੱਲੇ ਜਾ ਰਿਹਾ ਹੈ ਤੇ ਕੁਦਰਤੀ ਵਾਤਾਵਰਨ ਵੀ ਖਰਾਬ ਹੋ ਰਿਹਾ ਹੈ। ਸਰਕਾਰ ਤੋਂ ਕੋਈ ਵੀ ਆਸ ਨਹੀਂ ਰੱਖੀ ਜਾ ਸਕਦੀ ਹੈ। ਲੋਕਾਂ ਦੇ ਸਹਿਯੋਗ ਨਾਲ ਵਿਰੋਧ ਕੀਤਾ ਜਾਵੇਗਾ। ਇਹ ਵੀ ਫੈਸਲਾ ਮੀਟਿੰਗ ਵਿੱਚ ਕੀਤਾ ਗਿਆ ਕਿ ਮਾਨਯੋਗ ਕੋਰਟ ਦਾ ਦਰਵਾਜਾ ਵੀ ਖੜਕਾਇਆ ਜਾਵੇਗਾ। ਇਸ ਮੌਕੇ ਤੇ ਕਾਮਰੇਡ ਸੁਰਜੀਤ ਸਿੰਘ ਢੇਰ, ਟਿੱਕਾ ਯਸਵੀਰ ਚੰਦ, ਮਾਸਟਰ ਕਮਲ ਸਿੰਘ, ਹਰਦੇਵ ਸਿੰਘ, ਜਰਨੈਲ ਸਿੰਘ ਨੇ ਕਿਹਾ ਕਿ ਗੈਰ ਕਾਨੂੰਨੀ ਮਾਇਨਿੰਗ ਇਲਾਕੇ ਵਿੱਚ ਲਗਾਤਾਰ ਜਾਰੀ ਹੈ। ਇਥੋਂ ਤੱਕ ਕਿ ਪਹਾੜੀ ਖੇਤਰ ਨੂੰ ਮੁੱਖ ਤੌਰ ਤੇ ਨਿਸ਼ਾਨਾ ਬਣਾਇਆ ਗਿਆ ਹੈ ਜ਼ਦ ਕਿ ਪਹਾੜਾਂ ਨੂੰ ਪੁੱਟਣਾ ਕਾਨੂੰਨੀ ਅਪਰਾਧ ਹੈ। ਪਰ ਹੈਰਾਨੀ ਇਸ ਗੱਲ ਦੀ ਹੈ ਪੁਲਿਸ ਪ੍ਰਸਾਸਨ ਮੂਕ ਦਰਸਕ ਬਣਿਆ ਹੋਇਆ ਹੈ। ਇਸ ਮੀਟਿੰਗ ਇਲਾਕੇ ਦੇ ਚੁਣੇ ਹੋਏ ਨੁਮਾਇੰਦਿਆਂ, ਨੌਜਵਾਨੀ ਨੂੰ ਸੱਦਾ ਦਿੱਤਾ ਕਿ ਉਹ ਪਾਰਟੀ ਬਾਜੀ ਤੋਂ ਉੱਪਰ ਉੱਠ ਕੇ ਇਲਾਕੇ ਨੂੰ ਬਚਾਉਣ ਵਿੱਚ ਵੱਡਾ ਰੋਲ ਅਦਾ ਕਰਨ। ਇਸ ਮੌਕੇ ਕਾਮਰੇਡ ਬਲਵੀਰ ਸਿੰਘ ਮਹਿੰਦਪੁਰ, ਸੋਹਣ ਸਿੰਘ ਫੌਜੀ,ਕੈਲਾ ਸੈਣੀ, ਬਲਵਿੰਦਰ ਸਿੰਘ, ਰਣਜੀਤ ਸਿੰਘ ਪੰਚ, ਕੇਹਰ ਸਿੰਘ ਪੰਚ,ਸਿਵ ਸਿੰਘ ਪੰਚ,ਰਾਜ ਕੁਮਾਰ ਸਾਬਕਾ ਸਰਪੰਚ, ਕੁਲਦੀਪ ਕੌਰ ਸਰਪੰਚ, ਬਨਵਾਰੀ ਲਾਲ ਨੰਬਰਦਾਰ ਸਮੇਤ ਹੋਰ ਪਿੰਡ ਵਾਸੀ ਹਾਜਰ ਸਨ।

ਵਰ੍ਹਦੇ ਮੀਂਹ 'ਚ ਮਿਡ ਡੇ ਮੀਲ ਵਰਕਰਾਂ ਵੱਲੋਂ ਵੱਲੋਂ ਰੋਸ ਪ੍ਰਦਰਸ਼ਨ

ਸ੍ਰੀ ਚਮਕੌਰ ਸਾਹਿਬ (ਗੁਰਵਿੰਦਰਪਾਲ ਸਿੰਘ ਬੋਬੀ)- ਪੰਜਾਬ ਸੁਬਾਰਡੀਨੇਟ ਸਰਵਿਸਿਜ ਫੈਡਰੇਸ਼ਨ ਦੇ ਸੂਬਾਈ ਸੱਦੇ ਉੱਤੇ ਬੀਤੇ ਦਿਨ ਪੰਜਾਬ ਅਤੇ ਯੂ ਟੀ ਸਾਂਝਾ ਮੁਲਾਜਮ ਅਤੇ ਪੈਨਸ਼ਨਰ ਫਰੰਟ ਦੇ ਕੋਆਰਡੀਨੇਟਰ ਸਾਥੀ ਸਤੀਸ਼ ਰਾਣਾ ਨੂੰ ਸਿੱਖਿਆ ਮੰਤਰੀ ਨਾਲ ਸੱਦੀ ਮੀਟਿੰਗ ਵਿੱਚ ਭਾਗ ਨਾ ਲੈਣ ਦੇਣ ਅਤੇ ਗ੍ਰਿਫਤਾਰ ਕਰਨ ਦੇ ਰੋਸ ਵਜੋਂ ਮਿਡ ਡੇ ਮੀਲ ਵਰਕਰਜ ਯੂਨੀਅਨ ਵੱਲੋਂ ਬਲਾਕ ਪ੍ਰਧਾਨ ਰਾਜਵਿੰਦਰ ਕੌਰ ਦੀ ਅਗਵਾਈ ਹੇਠ ਸਥਾਨਕ ਤਹਿਸੀਲ ਕੰਪਲੈਕਸ ਅੱਗੇ ਵਰ੍ਹਦੇ ਮੀਂਹ ਵਿੱਚ ਰੋਸ ਪ੍ਰਦਰਸ਼ਨ ਕੀਤਾ ਗਿਆ । ਜੋਰਦਾਰ ਨਾਹਰਿਆਂ ਦੀ ਗੂੰਜ ਵਿੱਚ ਸਿੱਖਿਆ ਮੰਤਰੀ ਦੇ ਸੂਬਾਈ ਆਗੂ ਨਾਲ ਵਤੀਰੇ ਦੀ ਨਿਖੇਧੀ ਕੀਤੀ । ਮੁਜਾਹਰੇ ਵਿੱਚ ਗੌਰਮਿੰਟ ਟੀਚਰਜ ਯੂਨੀਅਨ ਦੇ ਸੂਬਾ ਕਮੇਟੀ ਮੈਂਬਰ ਗੁਰਪ੍ਰੀਤ ਸਿੰਘ ਹੀਰਾ , ਸੀਨੀਅਰ ਆਗੂ ਧਰਮਿੰਦਰ ਸਿੰਘ ਭੰਗੂ ਅਤੇ ਪੰਜਾਬ ਸੁਬਾਰਡੀਨੇਟ ਸਰਵਿਸਿਜ ਫੈਡਰੇਸਨ ਦੇ ਬਲਾਕ ਜਨਰਲ ਸਕੱਤਰ ਅਵਤਾਰ ਸਿੰਘ ਮੌਜਦੀਨਪੁਰ ਨੇ ਮਿਡ ਡੇ ਮੀਲ ਵਰਕਰਾਂ ਦੀਆਂ ਹੱਕੀ ਮੰਗਾਂ ਦਾ ਪੁਰਜੋਰ ਸਮਰਥਨ ਕਰਦਿਆਂ ਮਿਡ ਡੇ ਮੀਲ ਵਰਕਰਾਂ ਨੂੰ ਘੱਟੋ ਘੱਟ ਉਜਰਤਾਂ ਦੇ ਕਾਨੂੰਨ ਅਧੀਨ ਲਿਆਉਣ , ਉਨ੍ਹਾਂ ਦਾ ਬੀਮਾ ਕਰਨ ਸਮੇਤ ਹੱਕੀ ਮੰਗਾਂ ਦੀ ਪੂਰਤੀ ਦੀ ਸਰਕਾਰ ਤੋਂ ਮੰਗ ਕੀਤੀ । ਰੋਸ ਮੁਜਾਹਰੇ ਦੇ ਅਖੀਰ ਵਿੱਚ ਸਿੱਖਿਆ ਮੰਤਰੀ ਦਾ ਪੁਤਲਾ ਸਾੜ ਕੇ ਨਾਹਰੇਬਾਜੀ ਕੀਤੀ ਗਈ । ਇਸ ਮੌਕੇ ਮਨਜੀਤ ਕੌਰ , ਮੀਨੂੰ , ਬਿਮਲਾ ਕੌਰ ,ਨਰਿੰਦਰ ਕੌਰ , ਜਸਵੀਰ ਕੌਰ , ਪਰਮਜੀਤ ਕੌਰ , ਰਾਜ ਕੌਰ , ਸੁਰਿੰਦਰ ਕੌਰ ਹਾਫਿਜਾਬਾਦ ਸਮੇਤ ਵੱਡੀ ਗਿਣਤੀ ਵਿੱਚ ਮਿਡ ਡੇ ਮੀਲ ਵਰਕਰ ਹਾਜਰ ਸਨ ।

ਨਤੀਜਾ 100 ਪ੍ਰਤੀਸ਼ਤ ਰਿਹਾ

ਮਹਿਤਪੁਰ (ਰਾਜਾ) ਬਾਰਵੀਂ ਦੇ ਇਮਤਿਹਾਨ ਵਿੱਚ ਸਰਕਾਰੀ ਕੰਨਿਆ ਸੀਨੀਅਰ ਸੈਕੰਡਰੀ ਸਮਾਰਟ ਸਕੂਲ ਮਹਿਤਪੁਰ ਦੇ ਕਾਮਰਸ ,ਸਾਇੰਸ ਅਤੇ ਹਿਊਮੈਨਟੀਜ ਗਰੁੱਪ ਦੇ ਕੁੱਲ 169 ਵਿਦਿਆਰਥੀਆਂ ਨੇ ਇਮਤਿਹਾਨ ਦਿੱਤਾ ਅਤੇ 169 ਹੀ ਪਾਸ ਹੋਏ। ਇਸ ਤਰ੍ਹਾਂ ਸਕੂਲ ਦਾ ਨਤੀਜਾ 100 ਪ੍ਰਤੀਸ਼ਤ ਰਿਹਾ। ਕਾਮਰਸ ਗਰੁੱਪ ਦੀ ਸੇਜਲਪ੍ਰੀਤ ਕੌਰ ਸਪੁੱਤਰੀ ਬਿਕਰਮਜੀਤ ਸਿੰਘ ਨੇ 487/500 ਅੰਕ ਲੈ ਕੇ ਪੰਜਾਬ ਸਕੂਲ ਦੀ ਮੈਰਿਟ ਲਿਸਟ ਵਿੱਚ 13ਵਾਂ ਸਥਾਨ ਪ੍ਰਾਪਤ ਕੀਤਾ। ਸਿਮਰਨਜੀਤ ਕੌਰ ਸਪੁੱਤਰੀ ਹਰਭਗਤ ਸਿੰਘ ਨੇ 479/500 ਅੰਕ ਲੈ ਕੇ ਸਕੂਲ ਵਿੱਚ ਦੂਜਾ ਸਥਾਨ, ਸੁਖਮਨਪ੍ਰੀਤ ਕੌਰ ਸਪੁੱਤਰੀ ਕੁਲਵੰਤ ਸਿੰਘ ਨੇ 467/500 ਅੰਕ ਲੈ ਕੇ ਤੀਜਾ ਸਥਾਨ ਪ੍ਰਾਪਤ ਕੀਤਾ। ਸਾਇੰਸ (ਸੁਪਰ ਮੈਡੀਕਲ) ਵਿੱਚ ਜੈਸਿਕਾ ਅਰੋੜਾ ਸਪੁੱਤਰੀ ਰਕੇਸ਼ ਕੁਮਾਰ ਨੇ 456/500 ਅੰਕ ਲੈ ਕੇ ਪਹਿਲਾ ਸਥਾਨ, ਸੁਮਨਪ੍ਰੀਤ ਸਪੁੱਤਰੀ ਸ਼ੇਰ ਸਿੰਘ ਨੇ 450/500 ਅੰਕ ਲੈ ਕੇ ਸਕੂਲ ਵਿੱਚ ਦੂਜਾ ਸਥਾਨ ਅਤੇ ਹਰਸਿਮਰਨ ਸਪੁੱਤਰੀ ਜੈਪਾਲ ਨੇ 449/500 ਅੰਕ ਲੈ ਕੇ ਤੀਸਰਾ ਸਥਾਨ ਪ੍ਰਾਪਤ ਕੀਤਾ। ਹਿਊਮੈਨਟੀਜ ਗਰੁੱਪ ਦੀਆਂ ਸਾਰੀਆਂ ਵਿਦਿਆਰਥਣਾਂ ਨੇ 75 ਪ੍ਰਤੀਸ਼ਤ ਤੋਂ ਵੱਧ ਅੰਕ ਪ੍ਰਾਪਤ ਕੀਤੇ। ਸਕੂਲ ਮੈਨੇਜਮੈਂਟ ਕਮੇਟੀ ਦੇ ਪ੍ਰਧਾਨ ਸ੍ਰੀਮਤੀ ਹਰਜਿੰਦਰ ਕੌਰ ਅਤੇ ਕਮੇਟੀ ਮੈਂਬਰ, ਉੱਘੇ ਸਮਾਜ ਸੇਵਕ ਸੁਭਾਸ਼ ਕੱਟੜ ,ਪ੍ਰਿੰਸੀਪਲ ਹਰਜੀਤ ਸਿੰਘ ਅਤੇ ਸਮੂਹ ਸਟਾਫ ਵੱਲੋਂ ਬੱਚਿਆਂ ਤੇ ਉਨ੍ਹਾਂ ਦੇ ਮਾਤਾ-ਪਿਤਾ ਨੂੰ ਵੀ ਸਨਮਾਨਿਤ ਕੀਤਾ।

ਸੱਤ ਜ਼ਿਲ੍ਹਿਆਂ ਦੇ ਅਧਿਕਾਰੀਆਂ ਲਈ ਸਿਖਲਾਈ ਪ੍ਰੋਗਰਾਮ

ਜਲੰਧਰ,(ਸੁਰਿੰਦਰ ਕੁਮਾਰ) ਸਮਾਜਿਕ ਸੁਰੱਖਿਆ ਅਤੇ ਇਸਤਰੀ ਤੇ ਬਾਲ ਵਿਕਾਸ ਵਿਭਾਗ ਵੱਲੋਂ ਇਥੇ ਸੱਤ ਜ਼ਿਲ੍ਹਿਆਂ ਦੇ ਅਧਿਕਾਰੀਆਂ ਨੂੰ ਜੁਵੇਨਾਈਲ ਜਸਟਿਸ (ਕੇਅਰ ਐਂਡ ਪ੍ਰੋਟੈਕਸ਼ਨ ਆਫ ਚਿਲਡਰਨ) ਅਮੈਂਡਮੈਂਟ ਐਕਟ 2021 ਅਤੇ ਬੱਚਿਆਂ ਨੂੰ ਗੋਦ ਲੈਣ ਦੀ ਪ੍ਰਕਿਰਿਆ ਬਾਰੇ ਵਿਸਥਾਰਪੂਰਵਕ ਜਾਣਕਾਰੀ ਦੇਣ ਲਈ ਇਕ ਦਿਨਾਂ ਸਿਖਲਾਈ ਪ੍ਰੋਗਰਾਮ ਕਰਵਾਇਆ ਗਿਆ। ਆਦਰਸ਼ ਨਗਰ ਵਿਖੇ ਇਕ ਹੋਟਲ ਵਿਖੇ ਕਰਵਾਏ ਗਏ ਸਿਖਲਾਈ ਪ੍ਰੋਗਰਾਮ ਵਿੱਚ ਵਧੀਕ ਡਿਪਟੀ ਕਮਿਸ਼ਨਰ (ਜ) ਮੇਜਰ ਅਮਿਤ ਮਹਾਜਨ ਨੇ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕੀਤੀ। ਉਨ੍ਹਾਂ ਇਸ ਟ੍ਰੇਨਿੰਗ ਦੀ ਮਹੱਤਤਾ ਤੋਂ ਜਾਣੂ ਕਰਵਾਉਂਦਿਆਂ ਸਮੂਹ ਭਾਗੀਦਾਰਾਂ ਨੂੰ ਸਿਖਲਾਈ ਪ੍ਰੋਗਰਾਮ ਦਾ ਵੱਧ ਤੋਂ ਵੱਧ ਲਾਭ ਲੈਣ ਦੀ ਅਪੀਲ ਕੀਤੀ। ਸਿਖਲਾਈ ਪ੍ਰੋਗਰਾਮ ਦੌਰਾਨ ਜਲੰਧਰ ਤੋਂ ਇਲਾਵਾ ਐਸ ਏ ਐਸ ਨਗਰ, ਰੂਪਨਗਰ, ਐਸ ਬੀ ਐਸ ਨਗਰ, ਹੁਸ਼ਿਆਰਪੁਰ, ਕਪੂਰਥਲਾ ਅਤੇ ਪਠਾਨਕੋਟ ਜ਼ਿਲ੍ਹਿਆਂ ਦੇ ਸਮਾਜਿਕ ਸੁਰੱਖਿਆ, ਮਹਿਲਾ ਤੇ ਬਾਲ ਵਿਕਾਸ, ਸਿਹਤ, ਸਿੱਖਿਆ, ਕਿਰਤ, ਪੁਲਿਸ, ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਸਮੇਤ ਹੋਰ ਸਬੰਧਤ ਵਿਭਾਗਾਂ ਦੇ ਅਧਿਕਾਰੀਆਂ ਅਤੇ ਸਮਾਜ ਸੇਵੀ ਸੰਸਥਾਵਾਂ ਦੇ ਨੁਮਾਇੰਦਿਆਂ ਨੇ ਭਾਗ ਲਿਆ।

ਸ਼ਿਮਲੇ ਵਰਗਾ ਠੰਢਾ ਮੌਸਮ, ਸੀਤ ਹਵਾਵਾਂ ਚੱਲੀਆਂ

ਫਿਲੌਰ (ਨਿਰਮਲ) ਸ਼ਹਿਰ ਅਤੇ ਆਸ-ਪਾਸ ਦੇ ਇਲਾਕਿਆਂ ਵਿਚ ਹਲਕੀ ਤੋਂ ਭਾਰੀ ਵਰਖਾ ਹੋਈ ਨਾਲ ਠੰਡੀਆਂ ਹਵਾਵਾਂ ਚੱਲੀਆਂ ਜਿਸ ਕਾਰਨ ਗਰਮੀ ਦੇ ਮੌਸਮ ਤੋਂ ਲੋਕਾਂ ਨੂੰ ਭਾਰੀ ਰਾਹਤ ਮਿਲੀ ਪੱਖੇ, ਕੂਲਰ ਅਤੇ ਏ ਸੀ ਬੰਦ ਕਰਨੇ ਪਏ, ਸ਼ਾਮ ਤੱਕ ਠੰਢੀਆਂ ਚਲਦੀਆਂ ਹਵਾਵਾਂ ਦਾ ਸ਼ਹਿਰ ਅਤੇ ਨੇੜਲੇ ਪਿੰਡ ਦੇ ਨਿਵਾਸੀਆਂ ਵੱਲੋਂ ਖੂਬ ਅਨੰਦ ਮਾਣਿਆ ਗਿਆ, ਹਲਕੀ ਵਰਖਾ ਕਾਰਨ ਜਿਮੀਂਦਾਰਾਂ ਨੂੰ ਝੋਨੇ ਦੀ ਫਸਲ ਲਈ ਖੇਤਾਂ ਨੂੰ ਤਿਆਰ ਕਰਨ ਵਿੱਚ ਮਦਦ ਮਿਲੀ ਆਮ ਆਦਮੀ, ਕਿਸਾਨ, ਦਿਹਾੜੀਦਾਰ, ਦੁਕਾਨਦਾਰ ਖੁਸ਼ ਨਜਰ ਆਏ ਨੇੜੇ ਪਿੰਡ ਖੈਹਿਰਾ, ਗੜ੍ਹਾ, ਬੁਰਜ ਪੁਖਤਾ, ਸਗਨੇਵਾਲ, ਬੱਛੋਵਾਲ, ਸੈਫਾਬਾਦ ਆਦਿ ਪਿੰਡਾਂ ਤੋਂ ਵੀ ਵਰਖਾ ਅਤੇ ਠੰਢੀਆਂ ਹਵਾਵਾਂ ਚੱਲਣ ਦੇ ਸਮਾਚਾਰ ਮਿਲੇ ਲੋਕ ਕਹਿ ਰਹੇ ਸਨ ਕਿ ਤਾਂ ਸ਼ਿਮਲੇ ਵਰਗਾ ਨਜਾਰਾ ਵੇਖਣ ਨੂੰ ਮਿਲਿਆ।

ਡਿਪਟੀ ਕਮਿਸ਼ਨਰ ਵੱਲੋਂ ਵਿਭਾਗੀ ਮੁਖੀਆਂ ਨੂੰ ਭਵਿੱਖੀ ਜ਼ਰੂਰਤਾਂ ਮੁਤਾਬਿਕ ਵਿਆਪਕ ਯੋਜਨਾਬੰਦੀ ਦੇ ਹੁਕਮ

ਕਪੂਰਥਲਾ (ਰਵਿੰਦਰ ਸਿੰਘ) ਡਿਪਟੀ ਕਮਿਸਨਰ ਕਪੂਰਥਲਾ ਕਰਨੈਲ ਸਿੰਘ ਨੇ ਸਮੂਹ ਵਿਭਾਗਾਂ ਦੇ ਮੁਖੀਆਂ ਨੂੰ ਹਦਾਇਤ ਕੀਤੀ ਹੈ ਕਿ ਉਹ ਜਿਲ੍ਹੇ ਵਿਚ ਲੋਕ ਭਲਾਈ ਵਾਲੀਆਂ ਯੋਜਨਾਵਾਂ ਨੂੰ ਇੰਨ-ਬਿੰਨ ਲਾਗੂ ਕਰਨ ਅਤੇ ਭਵਿੱਖੀ ਲੋੜਾਂ ਮੁਤਾਬਿਕ ਵਿਕਾਸ ਕੰਮਾਂ ਸਬੰਧੀ ਵਿਆਪਕ ਯੋਜਨਾਬੰਦੀ ਕਰਨ। ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਵਿਖੇ ਐਸ ਐਸ ਪੀ ਕਪੂਰਥਲਾ ਰਾਜਪਾਲ ਸਿੰਘ ਸੰਧੂ ਸਮੇਤ ਸਮੂਹ ਵਿਭਾਗਾਂ ਦੇ ਮੁਖੀਆਂ ਨੂੰ ਸੰਬੋਧਨ ਕਰਦਿਆਂ ਉਨ੍ਹਾਂ ਕਿਹਾ ਕਿ ਹਰੇਕ ਵਿਭਾਗ ਆਪਣੇ ਮਹੀਨਾ ਵਾਰ ਟੀਚੇ ਮਿੱਥ ਕੇ ਉਨ੍ਹਾਂ ਦੀ ਪ੍ਰਾਪਤੀ ਲਈ ਪੂਰੀ ਤਨਦੇਹੀ ਅਤੇ ਸਮਪਰਣ ਭਾਵਨਾ ਨਾਲ ਕੰਮ ਕਰੇ ਤਾਂ ਜੋ ਆਮ ਲੋਕਾਂ ਨੂੰ ਸਿੱਧਾ ਲਾਭ ਪੁੱਜਦਾ ਕੀਤਾ ਜਾ ਸਕੇ। ਉਨ੍ਹਾਂ ਪੰਜਾਬ ਸਰਕਾਰ ਦੇ ਪਹਿਲ ਵਾਲੇ ਖੇਤਰਾਂ ਜਿਵੇਂ ਸਿੱਖਿਆ, ਸਿਹਤ, ਜਲ ਸਪਲਾਈ ਤੇ ਸੈਨੀਟੇਸਨ,ਖੇਤੀਬਾੜੀ,ਲੋਕ ਨਿਰਮਾਣ ਵਿਭਾਗਾਂ ਨੂੰ ਵਿਸੇਸ ਤੌਰ 'ਤੇ ਲੋਕ ਹਿੱਤਾਂ ਦੇ ਸਨਮੁੱਖ ਫੈਸਲੇ ਲੈਣ ਦੇ ਨਿਰਦੇਸ ਦਿੱਤੇ। ਉਨ੍ਹਾਂ ਅਧਿਕਾਰੀਆਂ ਨੂੰ ਕਿਹਾ ਕਿ ਦਫਤਰੀ ਕੰਮ-ਕਾਜ ਵਿਚ ਕਿਸੇ ਕਿਸਮ ਦੀ ਬੇਲੋੜੀ ਦੇਰੀ ਬਰਦਾਸਤ ਨਹੀਂ ਕੀਤੀ ਜਾਵੇਗੀ ਅਤੇ ਸਾਰੇ ਵਿਭਾਗ ਸਮੇਂ ਸਿਰ ਕੰਮ ਦਾ ਨਿਪਟਾਰਾ ਯਕੀਨੀ ਬਣਾਉਣ। ਉਨ੍ਹਾਂ ਇਹ ਵੀ ਕਿਹਾ ਕਿ ਵਿਭਾਗਾਂ ਦੇ ਮੁਖੀ ਵੱਧ ਤੋਂ ਵੱਧ ਫੀਲਡ ਦੇ ਦੌਰੇ ਕਰਨ ਤਾਂ ਜੋ ਪੰਜਾਬ ਸਰਕਾਰ ਦੇ ਨਿਵੇਕਲੇ ਪ੍ਰੋਗਰਾਮ "ਸਰਕਾਰ ਤੁਹਾਡੇ ਦੁਆਰ"ਤਹਿਤ ਲੋਕਾਂ ਦੀਆਂ ਸਮੱਸਿਆਵਾਂ ਦਾ ਉਨ੍ਹਾਂ ਦੇ ਕੋਲ ਜਾ ਕੇ ਤੁਰੰਤ ਹੱਲ ਯਕੀਨੀ ਬਣਾਇਆ ਜਾ ਸਕੇ। ਉਨ੍ਹਾਂ ਇਹ ਵੀ ਕਿਹਾ ਕਿ ਦਫਤਰੀ ਕੰਮ-ਕਾਜ ਲਈ ਆਉਣ ਵਾਲੇ ਲੋਕਾਂ ਅਤੇ ਵਿਸੇਸ ਕਰਕੇ ਔਰਤਾਂ ਅਤੇ ਬਜੁਰਗਾਂ ਦੇ ਮਸਲੇ ਪਹਿਲ ਦੇ ਆਧਾਰ 'ਤੇ ਹੱਲ ਕੀਤੇ ਜਾਣ।

ਗੜ੍ਹਸ਼ੰਕਰ 'ਚ ਸਿੱਖਿਆ ਮੰਤਰੀ ਦਾ ਫੂਕਿਆ ਪੁਤਲਾ

ਗੜ੍ਹਸ਼ੰਕਰ (ਫੂਲਾ ਸਿੰਘ ਬੀਰਮਪੁਰ) ਗੜ੍ਹਸ਼ੰਕਰ ਗਾਂਧੀ ਪਾਰਕ 'ਚ ਪੰਜਾਬ ਸੁਬਾਰਡੀਨੇਟ ਸਰਵਿਸ ਫੈਡਰੇਸ਼ਨ ਅਤੇ ਜਨਤਕ ਜਥੇਬੰਦੀਆਂ ਵਲੋਂ ਭਰਵੀਂ ਰੈਲੀ ਕਰਨ ਉਪਰੰਤ ਸਿੱਖਿਆ ਮੰਤਰੀ ਪੰਜਾਬ ਹਰਜੋਤ ਸਿੰਘ ਬੈਂਸ ਦਾ ਬੰਗਾ ਚੌਕ ਗੜ੍ਹਸ਼ੰਕਰ ਵਿੱਚ ਪੁਤਲਾ ਫੂਕਿਆ ਗਿਆ ਅਤੇ ਨਾਅਰੇਬਾਜੀ ਕੀਤੀ ਗਈ। ਇੱਕ ਦਿਨ ਪਹਿਲਾਂ ਚੰਡੀਗੜ੍ਹ ਵਿਖੇ ਸਿੱਖਿਆ ਮੰਤਰੀ ਪੰਜਾਬ ਹਰਜੋਤ ਸਿੰਘ ਬੈਂਸ ਨਾਲ ਪੰਜਾਬ ਭਵਨ ਵਿੱਚ ਮਿਡ ਡੇ ਮੀਲ ਯੂਨੀਅਨ ਦੇ ਲੀਡਰਾਂ ਨਾਲ ਮਿਡ ਡੇ ਮੀਲ ਵਰਕਰਾਂ ਦੀਆਂ ਮੰਗਾ ਸੰਬੰਧੀ ਮੀਟਿੰਗ ਸੀ, ਜਿਸ ਦੌਰਾਨ ਸਿੱਖਿਆ ਮੰਤਰੀ ਵਲੋਂ ਪੰਜਾਬ ਸੁਬਾਰਡੀਨੇਟ ਸਰਵਿਸ ਫੈਡਰੇਸ਼ਨ ਦੇ ਪ੍ਰਧਾਨ ਸਤੀਸ਼ ਰਾਣਾ ਨਾਲ ਅਤੇ ਜਥੇਬੰਦੀ ਦੇ ਹੋਰ ਲੀਡਰਾਂ ਨਾਲ ਬਦਸਲੂਕੀ ਕੀਤੀ ਅਤੇ ਅਰੈਸਟ ਕਰਕੇ ਚੰਡੀਗੜ੍ਹ ਦੇ ਥਾਣੇ ਵਿੱਚ ਬੰਦ ਕਰਵਾ ਦਿੱਤਾ ਸੀ, ਜਿਸਦੇ ਵਿਰੋਧ ਵਿੱਚ ਇਹ ਪ੍ਰੋਗਰਾਮ ਉਲੀਕਿਆ ਗਿਆ ਸੀ। ਇਸ ਮੌਕੇ ਮੱਖਨ ਸਿੰਘ ਵਾਹਿਦਪੁਰੀ , ਰਾਮਜੀ ਦਾਸ ਚੌਹਾਨ, ਜੀਤ ਸਿੰਘ ਬਗਵਾਈਂ , ਮਾਸਟਰ ਨਰੇਸ਼ ਭੰਮੀਆਂ , ਸਰੂਪ ਚੰਦ , ਮੁਕੇਸ਼ ਗੁਜਰਾਤੀ, ਪਰਮਿੰਦਰਪੱਖੋਵਾਲ,, ਬਲਵੀਰ ਸਿੰਘ ਬੈਂਸ , ਮਨਜੀਤ ਕੌਰ, ਸੀਮਾ ਰਾਣੀ ,ਕੁਲਭੂਸ਼ਨ ਕੁਮਾਰ ਮਹਿੰਦਵਾਣੀ, ਅਸ਼ੋਕ ਕੁਮਾਰ ਸੂਬੇਦਾਰ, ਕੇਸ਼ਵ ਖੇਪੜ ਅਤੇ ਰਮੇਸ ਕੁਮਾਰ ਸਰਪੰਚ ਨੇ ਸੰਬੋਧਨ ਕੀਤਾ ਇਸ ਮੌਕੇ ਵੱਖ ਵੱਖ ਜਥੇਬੰਦੀਆਂ ਦੇ ਨੁਮਾਇੰਦੇ ਅਤੇ ਵਰਕਰ ਮੌਜੂਦ ਸਨ।

27-May-PAGE- 9.qxd 5/26/2023 9:50 PM Page 1

ਸਿੱਖਿਆ ਮੰਤਰੀ ਪੰਜਾਬ ਦੇ ਹੈਂਕੜ ਭਰੇ ਵਤੀਰੇ ਦੇ ਵਿਰੋਧ 'ਚ ਅਰਥੀ ਫੂਕ ਕੇ ਕੀਤੀ ਜਿੱਤ ਰੈਲੀ

ਫਿਲੌਰ:(ਨਿਰਮਲ) ਸ਼ਹੀਦ ਭਗਤ ਸਿੰਘ ਦਾ ਨਾਂਅ ਵਰਤ ਕੇ ਸੱਤਾ ਵਿੱਚ ਆਉਣ ਤੋਂ ਬਾਅਦ ਆਮ ਆਦਮੀ ਪਾਰਟੀ ਦੀ ਸਰਕਾਰ ਦੇ ਮੰਤਰੀਆਂ, ਖਾਸ ਕਰਕੇ ਸਿੱਖਿਆ ਮੰਤਰੀ ਵਲੋਂ ਹੈਂਕੜਬਾਜੀ ਭਰਿਆ ਵਤੀਰਾ ਵਰਤਣਾ ਸ਼ੁਰੂ ਕਰ ਦਿੱਤਾ ਗਿਆ ਹੈ,ਜਿਸ ਦੀ ਤਾਜ਼ਾ ਮਿਸਾਲ ਸਿੱਖਿਆ ਮੰਤਰੀ ਨਾਲ ਮੀਟਿੰਗ ਕਰਨ ਗਏ ਮਿਡ -ਡੇ-ਮੀਲ ਵਰਕਰਜ਼ ਯੂਨੀਅਨ ਦੀਆਂ ਆਗੂਆਂ ਅਤੇ ਪ.ਸ.ਸ.ਫ. ਦੇ ਸੂਬਾ ਪ੍ਰਧਾਨ ਅਤੇ ਪੰਜਾਬ-ਯੂ.ਟੀ.ਮੁਲਾਜਮ ਅਤੇ ਪੈਨਸਨਰ ਸਾਂਝਾ ਫਰੰਟ ਪੰਜਾਬ ਦੇ ਕਨਵੀਨਰ ਅਤੇ ਕੋਆਰਡੀਨੇਟਰ ਸਾਥੀ ਸਤੀਸ਼ ਰਾਣਾ,ਜੀ.ਟੀ.ਯੂ.ਦੇ ਜਨਰਲ ਸਕੱਤਰ ਗੁਰਬਿੰਦਰ ਸਿੰਘ ਸਸਕੌਰ ਆਦਿ ਆਗੂਆਂ ਨਾਲ ਬਦਸਲੂਕੀ ਕਰਕੇ ਉਹਨਾਂ ਦੀ ਗਿਫ਼ਤਾਰੀ ਦੇ ਹੁਕਮ ਇਸ ਸਿੱਖਿਆ ਮੰਤਰੀ ਵਲੋਂ ਦਿੱਤੇ ਗਏ ।ਜਿਸ ਕਰਕੇ ਸਾਥੀ ਸਤੀਸ਼ ਰਾਣਾ ਨੂੰ ਸੈਕਟਰ 03 ਚੰਡੀਗੜ੍ਹ ਦੇ ਥਾਣੇ ਵਿੱਚ ਬੰਦ ਕੀਤਾ ਗਿਆ ਅਤੇ ਬਾਕੀ ਆਗੂਆਂ ਨੂੰ ਪੰਜਾਬ ਭਵਨ ਵਿੱਚ ਹੀ ਨਜਰ ਬੰਦ ਕੀਤਾ ਗਿਆ।ਜਿਸ ਦਾ ਸੋਸਲ ਮੀਡੀਆ ਤੇ ਪੰਜਾਬ ਭਰ ਵਿੱਚ ਬਹੁਤ ਹੀ ਤਿੱਖਾ ਵਿਰੋਧ ਹੋਇਆ ਅਤੇ ਸਾਮ ਕਾਫੀ ਦੇਰ ਤੱਕ ਸੈਕਟਰ 03 ਚੰਡੀਗੜ੍ਹ ਦੇ ਥਾਣੇ ਵਿਖੇ ਵੀ ਵਿਰੋਧ ਪ੍ਰਦਰਸਨ ਚੱਲਣ ਦੇ ਦਬਾਅ ਅਧੀਨ ਸਾਥੀ ਰਾਣਾ ਨੂੰ ਅਤੇ ਦੂਜੇ ਸਾਥੀਆਂ ਨੂੰ ਰਿਹਾਅ ਕੀਤਾ ਗਿਆ। ਇਸ ਸਾਰੇ ਘਟਨਾਕ੍ਰਮ ਦਾ ਸਖਤ ਨੋਟਿਸ ਲੈਂਦੇ ਹੋਏ ਪ.ਸ.ਸ.ਫ.ਦੀ ਸਮੁੱਚੀ ਲੀਡਰਸ਼ਿਪ ਵਲੋਂ ਪੂਰੇ ਪੰਜਾਬ ਵਿੱਚ ਸਿੱਖਿਆ ਮੰਤਰੀ ਪੰਜਾਬ ਦੇ ਹੈਂਕੜ ਭਰੇ ਵਤੀਰੇ ਦੇ ਵਿਰੁੱਧ ਅਰਥੀਆਂ ਫੂਕ ਕੇ ਜਿੱਤ ਰੈਲੀਆਂ ਕਰਨ ਦੇ ਦਿੱਤੇ ਗਏ ਸੱਦੇ ਅਨੁਸਾਰ ਪ.ਸ.ਸ.ਫ. ਫਿਲੌਰ ਵਲੋਂ ਫਿਲੌਰ ਵਿਖੇ ਸਤਵਿੰਦਰ ਸਿੰਘ ਅਤੇ ਹਰਕੰਵਲ ਸਿੰਘ ਤੇ ਕਮਲਜੀਤ ਕੌਰ, ਅਮਰਜੀਤ ਕੌਰ ਦੀ ਅਗਵਾਈ ਵਿੱਚ ਸਿੱਖਿਆ ਮੰਤਰੀ ਪੰਜਾਬ ਹਰਜੋਤ ਸਿੰਘ ਬੈਂਸ ਦੀ ਅਰਥੀ ਫੂਕ ਕੇ ਜੋਰਦਾਰ ਨਾਅਰੇਬਾਜੀ ਕਰਦੇ ਹੋਏ ਜਿੱਤ ਰੈਲੀ ਕੀਤੀ ਗਈ। ਇਸ ਸਮੇਂ ਹੋਰਨਾਂ ਤੋਂ ਇਲਾਵਾ ਕੁਲਦੀਪ ਵਾਲੀਆ, ਕੁਲਦੀਪ ਕੌੜਾ, ਅੰਗਰੇਜ ਸਿੰਘ, ਮੰਗਤ ਰਾਮ ਸਮਰਾ, ਸੁਖਵਿੰਦਰ ਰਾਮ, ਕੁਲਵੰਤ ਰੁੜਕਾ, ਸੰਦੀਪ ਰੱਜੋਵਾਲ, ਸਰਬਜੀਤ ਢੇਸੀ, ਕਮਲ ਸ਼ਰਮਾ, ਰਾਜ ਕੁਮਾਰ, ਕਮਲਜੀਤ ਕੌਰ, ਅਮਰਜੀਤ ਕੌਰ ਜਸਵੀਰ ਕੌਰ, ਰਾਣੋ, ਕਮਲਜੀਤ ਕੌਰ, ਰਾਜਵਿੰਦਰ ਕੌਰ, ਬਲਵੀਰ ਗੁਰਾਇਆ, ਅਸ਼ੋਕ ਕੁਮਾਰ, ਬਲਵੀਰ ਕੁਮਾਰ, ਹਰਮੇਸ਼ ਰਾਹੀ, ਸ਼ੀਤਲ ਬੰਗਾ, ਗੁਰਚਰਨ ਸਿੰਘ, ਬਖਸ਼ੀ ਰਾਮ, ਬੂਟਾ ਰਾਮ ਜੰਗਲਾਤ, ਸਰਬਜੀਤ ਢੇਸੀ, ਸੁਨੀਲ ਕੁਮਾਰ, ਮਨਦੀਪ ਸਿੰਘ, ਰੋਹਿਤ ਕੁਮਾਰ, , ਸੁਨੀਤਾ ਰਾਣੀ, ਪਰਮਜੀਤ ਕੌਰ, ਕਮਲੇਸ਼ ਰਾਣੀ ਅਤੇ ਕਮਲਾ ਦੇਵੀ ਆਦਿ ਹਾਜਰ ਸਨ।

ਸੜਕ ਹਾਦਸੇ 'ਚ ਪਤੀ-ਪਤਨੀ ਗੰਭੀਰ ਜ਼ਖਮੀ

ਟਾਂਡਾ ਉੜਮੁੜ, (ਜਸਵਿੰਦਰ ਸੰਧੂ, ਉਂਕਾਰ ਸਿੰਘ)- ਜਹੂਰਾ-ਟਾਂਡਾ ਸੰਪਰਕ ਸੜਕ 'ਤੇ ਪਿੰਡ ਗਿੱਦੜਪਿੰਡੀ ਨਜ਼ਦੀਕ ਇੱਕ ਸੂਰ ਦੇ ਮੋਟਰਸਾਈਕਲ ਅੱਗੇ ਆਉਣ ਕਾਰਨ ਵਾਪਰੇ ਸੜਕ ਹਾਦਸੇ ਦੌਰਾਨ ਮੋਟਰਸਾਈਕਲ ਸਵਾਰ ਪਤੀ-ਪਤਨੀ ਗੰਭੀਰ ਜ਼ਖ਼ਮੀ ਹੋ ਗਏ। ਹਾਦਸਾ ਏਨਾ ਭਿਆਨਕ ਸੀ ਕਿ ਸੂਰ ਦੇ ਮੋਟਰਸਾਈਕਲ ਨਾਲ ਟਕਰਾਉਣ ਉਪਰੰਤ ਮੋਟਰਸਾਈਕਲ ਨੂੰ ਅੱਗ ਲੱਗ ਗਈ ਤੇ ਦੇਖਦਿਆਂ ਹੀ ਦੇਖਦਿਆਂ ਮੋਟਰਸਾਈਕਲ ਸੜ ਗਿਆ। ਇਹ ਹਾਦਸਾ ਸ਼ਾਮ ਕਰੀਬ 6 ਵਜੇ ਉਸ ਸਮੇਂ ਵਾਪਰਿਆ ਜਦੋਂ ਮੋਟਰਸਾਈਕਲ ਸਵਾਰ ਭਿੰਦਾ ਸਿੰਘ ਤੇ ਉਸ ਦੀ ਪਤਨੀ ਪਰਮਜੀਤ ਕੌਰ ਪਿੰਡ ਜਹੂਰਾ ਹਾਲ ਵਾਸੀ ਨਵੀਂ ਦਿੱਲੀ ਆਪਣੇ ਪਿੰਡ ਤੋਂ ਟਾਂਡਾ ਵੱਲ ਆ ਰਹੇ ਸਨ ਕਿ ਗਿੱਦੜਪਿੰਡੀ ਨਜ਼ਦੀਕ ਅਚਾਨਕ ਉਨ੍ਹਾਂ ਦੇ ਮੋਟਰਸਾਈਕਲ ਅੱਗੇ ਸੂਰ ਆ ਗਿਆ ਤੇ ਦੋਨੋ ਭਿਆਨਕ ਹਾਦਸੇ ਦਾ ਸ਼ਿਕਾਰ ਹੋ ਗਏ। ਹਾਦਸੇ ਦੌਰਾਨ ਪਰਮਜੀਤ ਕੌਰ ਨੂੰ ਗੰਭੀਰ ਸੱਟਾਂ ਲੱਗੀਆਂ । ਹਾਦਸੇ ਉਪਰੰਤ ਸਥਾਨਕ ਲੋਕਾਂ ਨੇ ਜ਼ਖ਼ਮੀਆਂ ਨੂੰ ਬਾਬਾ ਬਲਵੰਤ ਸਿੰਘ ਚੈਰੀਟੇਬਲ ਹਸਪਤਾਲ ਟਾਂਡਾ ਪਹੁੰਚਾਇਆ ਜਿੱਥੇ ਪਰਮਜੀਤ ਕੌਰ ਦੀ ਹਾਲਤ ਗੰਭੀਰ ਦੇਖਦਿਆਂ ਜਲੰਧਰ ਦੇ ਇੱਕ ਨਿੱਜੀ ਹਸਪਤਾਲ ਲਈ ਰੈਫਰ ਕਰ ਦਿੱਤਾ ਗਿਆ ਹੈ।

ਆਗੂਆਂ ਨੂੰ ਥਾਣੇ ਡੱਕਣ ਵਿਰੁੱਧ ਮੰਤਰੀ ਤੇ ਸਰਕਾਰ ਦਾ ਫੂਕਿਆ ਪੁਤਲਾ

ਨਵਾਂਸ਼ਹਿਰ (ਕੁਲਵਿੰਦਰ ਸਿੰਘ ਦੁਰਗਾ ਪੁਰੀਆ) ਸ਼ਹੀਦ ਭਗਤ ਸਿੰਘ ਦੇ ਸੁਪਨਿਆਂ ਦਾ ਸਮਾਜ ਸਿਰਜਣ ਦਾ ਨਾਅਰਾ ਲਾ ਕੇ ਸਿੱਖਿਆ ਅਤੇ ਸਿਹਤ ਪ੍ਰਬੰਧਾਂ ਵਿਚ ਇਨਕਲਾਬੀ ਤਬਦੀਲੀਆਂ ਲਿਆਉਣ ਦੇ ਨਾਂਅ ਹੇਠ ਹੋਂਦ ਵਿੱਚ ਆਈ ਆਮ ਆਦਮੀ ਪਾਰਟੀ ਦੀ ਸਰਕਾਰ ਦੇ ਮੰਤਰੀਆਂ ਨੇ ਹੈਂਕੜ ਭਰੇ ਵਤੀਰੇ ਨਾਲ ਰੰਗ ਦਿਖਾਉਣੇ ਸ਼ੁਰੂ ਕਰ ਦਿੱਤੇ ਹਨ। ਮਿਡ-ਡੇ-ਮੀਲ ਵਰਕਰਜ ਯੂਨੀਅਨ ਪੰਜਾਬ, ਜੋ ਪੰਜਾਬ ਸੁਬਾਰਡੀਨੇਟ ਸਰਵਿਸਿਜ ਫੈਡਰੇਸ਼ਨ ਨਾਲ ਸਬੰਧਿਤ ਹੈ, ਵੱਲੋਂ 21 ਮਈ ਨੂੰ ਸਿੱਖਿਆ ਮੰਤਰੀ ਦੇ ਹਲਕੇ ਆਨੰਦਪੁਰ ਸਾਹਿਬ ਵਿਖੇ ਆਪਣੀਆਂ ਮੰਗਾਂ ਸਬੰਧੀ ਰੋਸ ਪ੍ਰਦਰਸ਼ਨ ਕੀਤਾ ਗਿਆ ਸੀ। ਰੋਸ ਰੈਲੀ ਦੌਰਾਨ ਜਥੇਬੰਦੀ ਨੂੰ ਸਿੱਖਿਆ ਮੰਤਰੀ ਜੀ ਨਾਲ 24 ਮਈ ਨੂੰ 11 ਵਜੇ ਪੰਜਾਬ ਭਵਨ ਵਿਖੇ ਮੀਟਿੰਗ ਕਰਨ ਦਾ ਲਿਖਤੀ ਸੱਦਾ ਦਿੱਤਾ ਗਿਆ ਸੀ। ਜਦੋਂ ਮਿਡ-ਡੇ-ਮੀਲ ਵਰਕਰਜ ਯੂਨੀਅਨ ਦੇ ਆਗੂ ਫੈਡਰੇਸ਼ਨ ਦੇ ਸੂਬਾ ਪ੍ਰਧਾਨ ਸਤੀਸ਼ ਰਾਣਾ ਅਤੇ ਗੁਰਵਿੰਦਰ ਸਿੰਘ ਪੰਜਾਬ ਭਵਨ ਵਿਖੇ ਮੀਟਿੰਗ ਲਈ ਸਿੱਖਿਆ ਮੰਤਰੀ ਦੀ ਉਡੀਕ ਕਰ ਰਹੇ ਸਨ, ਪ੍ਰੰਤੂ ਮੀਟਿੰਗ ਕਰਨ ਤੋਂ ਇਨਕਾਰ ਕਰਦਿਆਂ ਸਤੀਸ਼ ਰਾਣਾ ਨੂੰ ਸੈਕਟਰ 3 ਦੇ ਥਾਣੇ ਵਿੱਚ ਬੰਦ ਕੀਤਾ ਗਿਆ ਅਤੇ ਗੁਰਵਿੰਦਰ ਸਿੰਘ ਸਮੇਤ ਬਾਕੀਆਂ ਨੂੰ ਪੰਜਾਬ ਭਵਨ ਵਿੱਚ ਹੀ ਡੱਕ ਦਿੱਤਾ ਗਿਆ। ਜਦੋਂ ਇਸ ਦੀ ਖਬਰ ਬਾਕੀ ਸਾਥੀਆਂ ਨੂੰ ਮਿਲੀ ਤਾਂ ਉਨ੍ਹਾਂ ਸੈਕਟਰ 3 ਦੇ ਥਾਣੇ ਅੱਗੇ ਇਕੱਠੇ ਹੋ ਕੇ ਧਰਨਾ ਲਗਾਉਣ ਉਪਰੰਤ ਰਾਤ ਸਤੀਸ਼ ਰਾਣਾ ਅਤੇ ਗੁਰਵਿੰਦਰ ਸਿੰਘ ਸਮੇਤ ਹੋਰ ਸਾਥੀਆਂ ਨੂੰ ਰਿਹਾਅ ਕਰ ਦਿੱਤਾ ਗਿਆ। ਪੰਜਾਬ ਸੁਬਾਰਡੀਨੇਟ ਸਰਵਿਸਿਜ ਫੈਡਰੇਸ਼ਨ ਦੇ ਸੂਬਾ ਕਮੇਟੀ ਮੈਂਬਰ ਮੋਹਣ ਸਿੰਘ ਪੂੰਨੀਆ, ਮੁੱਖ ਸਲਾਹਕਾਰ ਕਰਨੈਲ ਸਿੰਘ ਰਾਹੋਂ, ਜ਼ਿਲ੍ਹਾ ਪ੍ਰਧਾਨ ਸੁਰਿੰਦਰ ਪਾਲ ਮੱਲਪੁਰੀ, ਮਿਡ-ਡੇ-ਮੀਲ ਜ਼ਿਲ੍ਹਾ ਪ੍ਰਧਾਨ ਰਿੰਪੀ ਰਾਣੀ ਦੀ ਅਗਵਾਈ ਵਿੱਚ ਡਿਪਟੀ ਕਮਿਸ਼ਨਰ ਦਫਤਰ ਨਵਾਂਸ਼ਹਿਰ ਸਾਹਮਣੇ ਵੱਡੀ ਗਿਣਤੀ ਵਿੱਚ ਹਾਜਰ ਮਿਡ-ਡੇ-ਮੀਲ ਵਰਕਰਾਂ, ਮੁਲਾਜਮਾਂ ਅਤੇ ਪੈਨਸ਼ਨਰਾਂ ਨੇ ਰੋਸ ਰੈਲੀ ਉਪਰੰਤ ਸਿੱਖਿਆ ਮੰਤਰੀ ਅਤੇ ਪੰਜਾਬ ਸਰਕਾਰ ਦਾ ਪੁਤਲਾ ਫੂਕਿਆ। ਇਸ ਸਮੇਂ ਪਸਸਫ ਦੇ ਜ਼ਿਲ੍ਹਾ ਜਨਰਲ ਸਕੱਤਰ ਗੁਰਦੀਸ ਸਿੰਘ, ਤਹਿਸੀਲ ਪ੍ਰਧਾਨ ਮਨਜਿੰਦਰਜੀਤ ਸਿੰਘ, ਜੀ ਟੀ ਯੂ ਦੇ ਜ਼ਿਲ੍ਹਾ ਜਨਰਲ ਸਕੱਤਰ ਬਿਕਰਮਜੀਤ ਸਿੰਘ, ਕਸ਼ਮੀਰ ਸਿੰਘ, ਸੁੱਖ ਰਾਮ, ਪਰਮਿੰਦਰ ਸੰਧੂ, ਜੀਤ ਲਾਲ, ਅਸ਼ੋਕ ਕੁਮਾਰ, ਜੋਗਾ ਸਿੰਘ, ਪਰਮਜੀਤ ਸੁਧੇੜਾ, ਸੋਹਣ ਸਿੰਘ, ਕੁਲਵਿੰਦਰ ਕੌਰ, ਰਾਜ ਰਾਣੀ ਨਵਾਂਸ਼ਹਿਰ, ਪਰਮਜੀਤ ਕੌਰ ਦੁਰਗਾਪੁਰ, ਕਿਰਨ ਬੰਗਾ, ਬੀਨਾ ਰਾਣੀ ਮੁਕੰਦਪੁਰ, ਭੋਲੀ ਬਹਿਰਾਮ, ਕਿਰਨ ਭੰਗਲ, ਊਸਾ ਬਹਾਦਰਪੁਰ, ਸੁਨੀਤਾ ਖਾਨ ਖਾਨਾ ਆਦਿ ਹਾਜਰ ਸਨ।

ਲੋਈ ਪਰਵਾਰ ਵੱਲੋਂ ਡੈੱਡ ਬਾਡੀ ਰੱਖਣ ਲਈ ਫਰੀਜਰ ਦਾਨ

ਫਿਲੌਰ (ਨਿਰਮਲ) ਨਜਦੀਕ ਪਿੰਡ ਮੰਡੀ ਦੇ ਲੋਈ ਪਰਵਾਰ ਹਰ ਸਮੇ ਸਮਾਜ ਸੇਵਾ ਦੇ ਕੰਮਾਂ ਕਰਕੇ ਅੱਗੇ ਰਹਿੰਦਾ ਹੈ, ਜਿਵੇਂ ਕਿ ਕਦੇ ਸਰਕਾਰੀ ਸਕੂਲਾਂ ਦੀ ਨਵੀਂ ਇਮਾਰਤ ਬਣਾ ਕੇ ਦੇਣੀ ਅਤੇ ਗਰੀਬ ਪਰਵਾਰਾਂ ਦੀਆਂ ਹੋਣਹਾਰ ਬੱਚੀਆਂ ਦਾ ਸਾਰਾ ਸਕੂਲੀ ਖਰਚਾ ਕਰਨਾ। ਹੁਣ ਲੋਈ ਪਰਵਾਰ ਨੇ ਆਪਣੇ ਬਜੁਰਗ ਫਕੀਰ ਚੰਦ ਲੋਈ ਦੀ14ਵੀਂ ਬਰਸੀ ਤੇ ਮੰਡੀ ਪਿੰਡ ਵਾਸੀਆਂ ਦੀ ਮੰਗ ਤੇ ਇੱਕ ਡੈੱਡ ਬਾਡੀ ਰੱਖਣ ਲਈ ਫਰੀਜਰ ਦਾਨ ਕੀਤਾ। ਪਿੰਡ ਮੰਡੀ ਦੀ ਗਰਾਮ ਪੰਚਾਇਤ ਤੇ ਪਿੰਡ ਵਾਲੀਆ ਨੇ,ਪ੍ਰਮੋਦ ਚੰਦਰ ਲੋਈ,ਦਲਜੀਤ ਲੋਈ ਅਤੇ ਮਨੋਜ ਲੋਈ ਦਾ ਧੰਨਵਾਦ ਕੀਤਾ। ਇਸ ਮੌਕੇ ਸਰਪੰਚ ਪਤੀ ਮਨੋਜ ਕੁਮਾਰ ਡਿੰਪੀ,ਪੰਚ ਨਰੈਣ,ਪੰਚ ਸਰਨਜੀਤ,ਗੁਦਾਵਰ ਸਿੰਘ ਗਾਬਾ,ਪ੍ਰੇਮ ਚੰਦ ਲੋਈ,ਸੀਤਾ ਲੋਈ,ਰਵਿੰਦਰ ਕੁਮਰ ਕੁੱਕੂ ,ਜਤਿੰਦਰ ਸਿੰਘ ਕਾਲਾ, ਗੁਰਦਾਵਰ ਸਿੰਘ ਚੱਕੀ ,ਅਮਰੀਕ ਸਿੰਘ ਮੀਕਾ , ਲੰਬੜਦਾਰ ਕਮਲੇਸ਼ ਕੇਸੀ, ਲੰਬੜਦਾਰ ਅਵਤਾਰ ਦਾਰੀ ਹਾਜਰ ਸਨ।

ਨਵੇਂ ਸੰਸਦ ਭਵਨ ਦੇ ਉਦਘਾਟਨੀ ਸਮਾਗਮ ਤੋਂ ਭਾਜਪਾ ਦੇ ਦੋ ਸ਼ਿਖ਼ਰਲੇ ਆਗੂਆਂ ਦਾ ਹੱਠੀ ਰਵੱਈਆ ਸਪੱਸ਼ਟ : ਕਾਮਰੇਡ ਸੇਖੋਂ

ਚੰਡੀਗੜ੍ਹ (ਗੁਰਜੀਤ ਬਿੱਲਾ)-ਭਾਰਤ ਦੇ ਨਵੇਂ ਸੰਸਦ ਭਵਨ ਦੇ ਉਦਘਾਟਨੀ ਸਮਾਗਮ ਦੀਆਂ ਤਿਆਰੀਆਂ ਨੇ ਜਿਥੇ ਭਾਜਪਾ ਦੇ ਸ਼ਿਖ਼ਰਲੇ ਆਗੂਆਂ ਦੇ ਹੱਠੀ ਰਵੱਈਏ ਨੂੰ ਸਪੱਸ਼ਟ ਕਰ ਦਿੱਤਾ ਹੈ, ਉਥੇ ਭਾਜਪਾ ਵੱਲੋਂ ਦੇਸ਼ ਦੇ ਸੰਵਿਧਾਨ ਤੇ ਧਰਮ ਨਿਰਪੱਖਤਾ ਨੂੰ ਰੋਲ ਦੇਣ ਵਾਲੀਆਂ ਸਾਜ਼ਿਸ਼ ਦਾ ਪਰਦਾਫਾਸ਼ ਕਰ ਦਿੱਤਾ ਹੈ।

ਇਹ ਦੋਸ਼ ਲਾਉਂਦਿਆਂ ਸੀ. ਪੀ. ਆਈ. (ਐਮ) ਪੰਜਾਬ ਦੇ ਸਕੱਤਰ ਕਾਮਰੇਡ ਸੁਖਵਿੰਦਰ ਸਿੰਘ ਸੇਖੋਂ ਨੇ ਕਿਹਾ ਕਿ ਕੇਂਦਰ ਸਰਕਾਰ ਦੇ ਰਵੱਈਏ ਵਿਰੁੱਧ ਦੇਸ਼ ਦੀਆਂ ਡੇਢ ਦਰਜਨ ਤੋਂ ਵੱਧ ਸਿਆਸੀ ਪਾਰਟੀਆਂ ਵੱਲੋਂ ਸਮਾਗਮ ਦਾ ਬਾਈਕਾਟ ਕੀਤੇ ਜਾਣ ਦੇ ਫੈਸਲੇ ਨਾਲ ਭਾਜਪਾ ਵਿਰੋਧੀ ਏਕਤਾ ਲਈ ਕੀਤੀਆਂ ਜਾ ਰਹੀਆਂ ਸਰਗਰਮੀਆਂ ਨੂੰ ਵੀ ਸ਼ਕਤੀ ਮਿਲੇਗੀ ।ਕਾਮਰੇਡ ਸੇਖੋਂ ਨੇ ਕਿਹਾ ਕਿ ਭਾਜਪਾ ਆਗੂ ਮੋਦੀ ਤੇ ਸ਼ਾਹ ਹਮੇਸ਼ਾ ਦੇਸ਼ ਦੇ ਸੰਵਿਧਾਨ ਨੂੰ ਅੱਖੋਂ-ਪਰੋਖੇ ਕਰਕੇ ਆਪਣੀਆਂ ਮਨਮਾਨੀਆਂ ਕਰਦੇ ਆ ਰਹੇ ਹਨ। ਦੇਸ਼ ਦਾ ਸੰਸਦ ਭਵਨ ਸਭਨਾ ਦਾ ਸਾਂਝਾ ਹੈ ਤੇ ਇਹ ਕਿਸੇ ਇੱਕ ਪਾਰਟੀ ਦਾ ਦਫ਼ਤਰ ਨਹੀਂ ਹੈ। ਇਸੇ ਤਰ੍ਹਾਂ ਦੇਸ਼ ਦੇ ਰਾਸ਼ਟਰਪਤੀ ਦਾ ਅਹੁਦਾ ਵੀ ਭਾਰਤੀ ਸੰਵਿਧਾਨ ਦਾ ਸਭ ਤੋਂ ਉੱਚਾ ਤੇ ਅਹਿਮ ਅਹੁਦਾ ਹੈ ਅਤੇ ਸਿਆਸੀ ਪਾਰਟੀਆਂ ਦੇ ਵਖ਼ਰੇਵੇਂ ਤੋਂ ਵੀ ਉਪਰ ਹੈ।ਦੇਸ਼ ਦੇ ਲੋਕਾਂ ਦੀ ਇੱਛਾ ਤੇ ਭਾਰਤੀ ਸੰਵਿਧਾਨ ਅਨੁਸਾਰ ਨਵੇਂ ਸੰਸਦ ਭਵਨ ਦਾ ਉਦਘਾਟਨ ਰਾਸ਼ਟਰਪਤੀ ਦਰੋਪਤੀ ਮੁਰਮੂ ਵੱਲੋਂ ਕੀਤਾ ਜਾਣਾ ਚਾਹੀਦਾ ਹੈ।ਉਨ੍ਹਾਂ ਕਿਹਾ ਕਿ ਭਾਜਪਾ ਦੇ ਦੋਵੇਂ ਆਗੂਆਂ ਵੱਲੋਂ ਆਪਣੀ ਆਭਾ ਚਮਕਾਉਣ ਲਈ ਰਾਸ਼ਟਰਪਤੀ ਨੂੰ ਇਸ ਸਮਾਗਮ ਤੋਂ ਪਾਸੇ ਕੀਤਾ ਗਿਆ ਹੈ, ਉਨ੍ਹਾਂ ਨੂੰ ਸੱਦਾ ਤੱਕ ਵੀ ਨਹੀਂ ਦਿੱਤਾ ਗਿਆ।ਕਾਮਰੇਡ ਸੇਖੋਂ ਨੇ ਕਿਹਾ ਕਿ ਰਾਸ਼ਟਰਪਤੀ ਨੂੰ ਅੱਖੋਂ-ਪਰੋਖੇ ਕਰਨ ਵਿੱਚ ਕਿਸੇ ਹੱਦ ਤੱਕ ਪੁਰਾਤਨ ਬ੍ਰਾਹਮਣਵਾਦੀ ਸੋਚ ਵੀ ਕੰਮ ਕਰ ਰਹੀ ਹੋਵੇਗੀ, ਜੋ ਦੇਸ਼ ਦੀ ਜਮਹੂਰੀਅਤ, ਬਰਾਬਰਤਾ ਤੇ ਧਰਮ ਨਿਰਪੱਖਤਾ ਨੂੰ ਸੱਟ ਮਾਰੇਗੀ।ਸੂਬਾ ਸਕੱਤਰ ਨੇ ਕਿਹਾ ਕਿ ਉਨ੍ਹਾਂ ਦੀ ਪਾਰਟੀ ਭਾਜਪਾ ਦੀ ਮੋਦੀ ਸਰਕਾਰ ਦੇ ਹੋਂਦ ਵਿੱਚ ਆਉਣ ਦੇ ਵੇਲੇ ਤੋਂ ਹੀ ਦੇਸ਼ ਵਾਸੀਆਂ ਨੂੰ ਸੁਚੇਤ ਕਰਦੀ ਰਹੀ ਹੈ ਕਿ ਇਸ ਦੀਆਂ ਨੀਤੀਆਂ ਜਮਹੂਰੀਅਤ ਅਤੇ ਧਰਮ ਨਿਰਪੱਖਤਾ ਵਿਰੋਧੀ ਹਨ।ਇਸ ਸਮਾਗਮ ਨੇ ਪਾਰਟੀ ਦੇ ਵਿਚਾਰਾਂ ਨੂੰ ਸਹੀ ਸਾਬਤ ਕਰ ਦਿੱਤਾ ਹੈ। ਉਨ੍ਹਾਂ ਕਿਹਾ ਕਿ ਦੇਸ਼ ਦੀਆਂ 19 ਸਿਆਸੀ ਪਾਰਟੀਆਂ ਵੱਲੋਂ ਕੇਂਦਰ ਸਰਕਾਰ ਦੇ ਇਸ ਦੇਸ਼ ਵਿਰੋਧੀ ਫੈਸਲੇ ਦਾ ਬਾਈਕਾਟ ਕਰਨਾ ਵੀ ਇੱਕ ਇਤਿਹਾਸਕ ਫੈਸਲਾ ਹੈ, ਇਸ ਨਾਲ ਦੁਨੀਆ ਭਰ ਵਿੱਚ ਭਾਜਪਾ ਦਾ ਪਰਦਾਫਾਸ਼ ਹੋਵੇਗਾ। ਉਨ੍ਹਾਂ ਕਿਹਾ ਕਿ ਇਨ੍ਹਾਂ ਪਾਰਟੀਆਂ ਦੇ ਬਾਈਕਾਟ ਵਾਲੇ ਫੈਸਲੇ ਨਾਲ ਸਰਕਾਰ ਵਿਰੋਧੀ ਪਾਰਟੀਆਂ ਦੀ ਏਕਤਾ ਲਈ ਖੁਲ੍ਹੇ ਰਾਹ ਨੂੰ ਹੋਰ ਸ਼ਕਤੀ ਮਿਲੇਗੀ, ਜੋ ਦੇਸ਼ ਦੇ ਹਿੱਤ ਵਿੱਚ ਹੋਵੇਗਾ।ਕਾਮਰੇਡ ਸੇਖੋਂ ਨੇ ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਵੱਲੋਂ ਸੰਸਦ ਭਵਨ ਉਦਘਾਟਨ ਦੇ ਸਮਾਗਮ ਵਿੱਚ ਸ਼ਾਮਲ ਹੋਣ ਦੇ ਫੈਸਲੇ 'ਤੇ ਪ੍ਰਤੀਕਰਮ ਪ੍ਰਗਟ ਕਰਦਿਆਂ ਕਿਹਾ ਕਿ ਇਸ ਵਿੱਚ ਉਨ੍ਹਾਂ ਦੀ ਕੁਰਸੀ ਦੀ ਭੁੱਖ ਦਿਖਾਈ ਦਿੰਦੀ ਹੈ।ਜਦੋਂ ਬਾਕੀ ਵਿਰੋਧੀ ਪਾਰਟੀਆਂ ਬਾਈਕਾਟ ਕਰ ਰਹੀਆਂ ਹਨ ਤਾਂ ਸੁਖਬੀਰ ਬਾਦਲ ਦੀ ਸ਼ਮੂਲੀਅਤ ਕੇਂਦਰ ਸਰਕਾਰ ਤੇ ਭਾਜਪਾ ਨਾਲ ਸਹਿਮਤੀ ਦਿਖਾ ਕੇ ਉਨ੍ਹਾਂ ਦੇ ਸਹਿਯੋਗ ਨਾਲ ਸੱਤਾ ਹਾਸਲ ਕਰਨ ਦੀ ਲਾਲਸਾ ਨੂੰ ਦਰਸਾਉਂਦਾ ਹੈ।

ਪਸਤੌਲ ਸਮੇਤ ਇੱਕ ਗ੍ਰਿਫ਼ਤਾਰ

ਚੰਡੀਗੜ੍ਹ,(ਗੁਰਜੀਤ ਬਿੱਲਾ) ਪੰਜਾਬ ਪੁਲਸ ਦੇ ਸਟੇਟ ਸਪੈਸ਼ਲ ਆਪ੍ਰੇਸ਼ਨ ਸੈੱਲ ਐਸ ਏ ਐਸ ਨਗਰ ਨੇ ਇੱਕ ਬਦਨਾਮ ਅਪਰਾਧੀ ਗਿਰੋਹ ਦੇ ਇੱਕ ਮੈਂਬਰ ਨੂੰ ਗ੍ਰਿਫ਼ਤਾਰ ਕਰਕੇ ਗਿਰੋਹ ਦਾ ਪਰਦਾਫਾਸ ਕੀਤਾ ਹੈ। ਪੁਲਸ ਵੱਲੋਂ ਉਸ ਦੇ ਕਬਜੇ 'ਚੋਂ.30 ਬੋਰ ਦੇ ਪਿਸਤੌਲ ਸਮੇਤ 5 ਜਿੰਦਾ ਕਾਰਤੂਸ ਬਰਾਮਦ ਕੀਤੇ ਗਏ ਹਨ। ਗ੍ਰਿਫ਼ਤਾਰ ਮੁਲਜਮ ਦੀ ਪਛਾਣ ਰਾਹੁਲ ਉਰਫ਼ ਆਕਾਸ ਵਾਸੀ ਪਿੰਡ ਨੌਰੰਗ ਕੇ ਲੇਲੀ, ਫਿਰੋਜਪੁਰ ਵਜੋਂ ਹੋਈ ਹੈ। ਪੁਲਸ ਨੇ ਉਸ ਦੇ ਨਜਦੀਕੀ ਸਾਥੀ ਸੁੱਖ ਉਰਫ਼ ਸੁਭਾਸ਼ ਵਾਸੀ ਪਿੰਡ ਬਾਬਰਾ ਆਜਮ ਸਾਹ, ਫਿਰੋਜਪੁਰ ਖਿਲਾਫ ਵੀ ਮਾਮਲਾ ਦਰਜ ਕੀਤਾ ਹੈ। ਇਹ ਦੋਵੇਂ ਦੋਸ਼ੀ ਅਪਰਾਧਿਕ ਪਿਛੋਕੜ ਵਾਲੇ ਹਨ ਅਤੇ ਦੋਹਰੇ ਕਤਲ, ਇਰਾਦਾ ਕਤਲ ਤੇ ਅਸਲਾ ਐਕਟ ਸਮੇਤ ਘਿਨਾਉਣੇ ਅਪਰਾਧਿਕ ਮਾਮਲਿਆਂ 'ਚ ਸ਼ਾਮਲ ਹਨ। ਵੇਰਵੇ ਦਿੰਦਿਆਂ, ਏ ਆਈ ਜੀ ਐਸ ਐਸ ਓ ਸੀ ਐਸ ਏ ਐਸ ਨਗਰ ਅਸ਼ਵਨੀ ਕਪੂਰ ਨੇ ਕਿਹਾ ਕਿ ਉਹਨਾਂ ਨੂੰ ਭਰੋਸੇਯੋਗ ਸੂਹ ਮਿਲੀ ਸੀ ਕਿ ਦੋਸ਼ੀ ਰਾਹੁਲ ਅਤੇ ਸੁੱਖ, ਜੋ ਜਮਾਨਤ 'ਤੇ ਹਨ, ਵਿਰੋਧੀ ਗਰੋਹਾਂ ਦੇ ਮੈਂਬਰਾਂ ਨੂੰ ਨਿਸ਼ਾਨਾ ਬਣਾਉਣ ਦੀ ਸਾਜਿਸ਼ ਰਚ ਰਹੇ ਹਨ। ਉਹਨਾਂ ਅੱਗੇ ਕਿਹਾ ਕਿ ਉਹ ਆਪਣੇ ਅਣਪਛਾਤੇ ਸਾਥੀਆਂ ਤੋਂ ਹੋਰ ਗੈਰ-ਕਾਨੂੰਨੀ ਹਥਿਆਰਾਂ ਦਾ ਪ੍ਰਬੰਧ ਵੀ ਕਰ ਰਹੇ ਸਨ। ਏ ਆਈ ਜੀ ਕਪੂਰ ਨੇ ਦੱਸਿਆ ਕਿ ਐਸ ਐਸ ਓ ਸੀ ਮੁਹਾਲੀ ਦੀ ਟੀਮ ਨੇ ਤੁਰੰਤ ਕਾਰਵਾਈ ਕਰਦਿਆਂ ਮੁਲਜਮ ਰਾਹੁਲ ਉਰਫ ਆਕਾਸ਼ ਨੂੰ ਕਾਬੂ ਕਰਕੇ ਉਸ ਦੇ ਕਬਜੇ ਵਿੱਚੋਂ ਇੱਕ ਪਿਸਤੌਲ ਬਰਾਮਦ ਕੀਤਾ, ਜਦੋਂ ਕਿ ਸੁੱਖ ਮੌਕੇ ਤੋਂ ਭੱਜਣ 'ਚ ਕਾਮਯਾਬ ਹੋ ਗਿਆ। ਉਹਨਾਂ ਅੱਗੇ ਦੱਸਿਆ ਕਿ ਪੁਲਿਸ ਟੀਮਾਂ ਉਸ ਨੂੰ ਫੜਨ ਲਈ ਛਾਪੇਮਾਰੀ ਕਰ ਰਹੀਆਂ ਹਨ।

ਗੁਰੂ ਨਾਨਕ ਖਾਲਸਾ ਗਰਲਜ਼ ਕਾਲਜ਼ੀਏਟ ਸੀਨੀ ਸੈਕੰ ਸਕੂਲ ਸੰਗ ਢੇਸੀਆਂ ਦਾ ਨਤੀਜਾ ਸ਼ਾਨਦਾਰ

ਗੁਰਾਇਆ (ਬਿੰਦਰ ਸੁੰਮਨ): ਗੁਰੂ ਨਾਨਕ ਖਾਲਸਾ ਗਰਲਜ਼ ਕਾਲਜ਼ੀਏਟ ਸੀਨੀ.ਸੈਕੰ.ਸਕੂਲ ਬਾਬਾ ਸੰਗ ਢੇਸੀਆਂ ਵਿਖੇ ਸੈਸ਼ਨ 2022-23 ਦਾ ਬਾਰ੍ਹਵੀਂ ਕਲਾਸ ਦਾ ਸਲਾਨਾ ਨਤੀਜਾ ਸ਼ਾਨਦਾਰ ਰਿਹਾ। ਜਿਸ ਵਿੱਚ 10+2 ਆਰਟਸ ਦੀ ਮਹਿਕ ਨੇ 472/500 (94%) ਲੈ ਕੇ ਪਹਿਲਾ, ਗੁਰਨੀਤ ਕੌਰ ਨੇ 459/500 (92%) ਲੈ ਕੇ ਦੂਸਰਾ ਅਤੇ ਬਬਨਦੀਪ ਕੌਰ ਰੰਧਾਵਾ ਨੇ 457/500 (91%) ਲੈ ਕੇ ਤੀਸਰਾ ਸਥਾਨ ਹਾਸਲ ਕੀਤਾ। 10+2 ਮੈਡੀਕਲ ਦੀ ਅੰਜਲੀ ਨੇ 457/500 (91%) ਲੈ ਕੇ ਪਹਿਲਾ, ਗੁਰਮਨ ਤੇ ਨੇਹਾ ਨੇ 443/500 (87%) ਲੈ ਕੇ ਦੂਸਰਾ ਅਤੇ ਲਵਪ੍ਰੀਤ ਕੌਰ ਨੇ 442/500 (88%) ਲੈ ਕੇ ਤੀਸਰਾ ਸਥਾਨ ਹਾਸਲ ਕੀਤਾ। 10+2 ਨਾਨ-ਮੈਡੀਕਲ ਦੀ ਖੁਸ਼ਨੀਤ ਕੌਰ ਨੇ 452/500 (90)% ਲੈ ਕੇ ਪਹਿਲਾ, ਹਰਨੀਤ ਕੌਰ ਨੇ 447/500 (89%) ਲੈ ਕੇ ਦੂਸਰਾ ਅਤੇ ਜਸ਼ਨਪ੍ਰੀਤ ਕੌਰ ਨੇ 435/500 (86%) ਲੈ ਕੇ ਤੀਸਰਾ ਸਥਾਨ ਹਾਸਲ ਕੀਤਾ। 10+2 ਕਾਮਰਸ ਦੀ ਰਾਧਿਕਾ ਨੇ 460/500 (92%) ਲੈ ਕੇ ਪਹਿਲਾ, ਰਾਜਵੀਰ ਕੌਰ ਨੇ 458/500 (92%) ਲੈ ਕੇ ਦੂਸਰਾ ਅਤੇ ਹਿਮਾਨੀ ਨੇ 455/500 (91%) ਲੈ ਕੇ ਤੀਸਰਾ ਸਥਾਨ ਹਾਸਲ ਕੀਤਾ।

ਪੰਜਾਬ ਸਟੇਟ ਫੂਡ ਕਮਿਸ਼ਨ ਦੇ ਮੈਂਬਰ ਵੱਲੋਂ ਸਕੂਲਾਂ, ਆਂਗਣਵਾੜੀ ਸੈਂਟਰਾਂ ਤੇ ਡੀਪੂਆਂ ਦੀ ਚੈਕਿੰਗ

ਜਲੰਧਰ, :(ਸ਼ੈਲੀ ਐਲਬਰਟ) ਪੰਜਾਬ ਸਟੇਟ ਫੂਡ ਕਮਿਸ਼ਨ ਦੇ ਮੈਂਬਰ ਚੇਤਨ ਪ੍ਰਕਾਸ਼ ਧਾਲੀਵਾਲ ਨੇ ਜ਼ਿਲ੍ਹੇ ਦੇ ਸਕੂਲਾਂ ਵਿੱਚ ਮਿੱਡ-ਡੇ ਮੀਲ, ਆਂਗਣਵਾੜੀ ਸੈਂਟਰਾਂ ਵਿੱਚ ਬੱਚਿਆਂ, ਗਰਭਵਤੀ ਅਤੇ ਦੁੱਧ ਪਿਆਉਂਦੀਆਂ ਮਾਵਾਂ ਨੂੰ ਦਿੱਤੀ ਜਾਂਦੀ ਖੁਰਾਕ ਅਤੇ ਰਾਸ਼ਨ ਡਿਪੂਆਂ ਦੀ ਚੈਕਿੰਗ ਕਰਦਿਆਂ ਮੌਕੇ 'ਤੇ ਹਾਜ਼ਰ ਅਧਿਕਾਰੀਆਂ ਨੂੰ ਲੋੜੀਂਦੇ ਦਿਸ਼ਾ-ਨਿਰਦੇਸ਼ ਦਿੱਤੇ। ਇਸ ਮੌਕੇ ਉਨ੍ਹਾਂ ਨਾਲ ਵਧੀਕ ਡਿਪਟੀ ਕਮਿਸ਼ਨਰ (ਵਿਕਾਸ) ਵਰਿੰਦਰਪਾਲ ਸਿੰਘ ਬਾਜਵਾ ਅਤੇ ਹੋਰ ਅਧਿਕਾਰੀ ਵੀ ਮੌਜੂਦ ਸਨ। ਮੈਂਬਰ ਪੰਜਾਬ ਸਟੇਟ ਫੂਡ ਕਮਿਸ਼ਨ ਨੇ ਸਥਾਨਕ ਸਰਕਾਰੀ ਕੰਨਿਆ ਸੀਨੀਅਰ ਸੈਕੰਡਰੀ ਸਕੂਲ ਭਾਰਗਵ ਕੈਂਪ, ਸਰਕਾਰੀ ਪ੍ਰਾਇਮਰੀ ਸਕੂਲ ਵਡਾਲਾ, ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਵਡਾਲਾ, ਸਰਕਾਰੀ ਪ੍ਰਾਇਮਰੀ ਸਕੂਲ ਕੋਟ ਸਦੀਕ ਅਤੇ ਸਰਕਾਰੀ ਹਾਈ ਸਮਾਰਟ ਸਕੂਲ ਕੋਟ ਸਦੀਕ ਵਿਖੇ ਮਿੱਡ-ਡੇ ਮੀਲ ਦੀ ਜਾਂਚ ਕਰਦਿਆਂ ਇਸ ਦੀ ਗੁਣਵੱਤਾ ਨੂੰ ਬਰਕਰਾਰ ਰੱਖਣ 'ਤੇ ਜ਼ੋਰ ਦਿੱਤਾ। ਉਨ੍ਹਾਂ ਕਿਹਾ ਕਿ ਖਾਣਾ ਬਣਾਉਂਦੇ ਹੋਏ ਅਤੇ ਪਰੋਸਣ ਸਮੇਂ ਸਾਫ-ਸਫਾਈ ਦਾ ਪੂਰਾ ਖਿਆਲ ਰੱਖਿਆ ਜਾਵੇ। ਉਨ੍ਹਾਂ ਖੁਦ ਮਿੱਡ-ਡੇ ਮੀਲ ਖਾ ਕੇ ਦੇਖਿਆ ਅਤੇ ਵਿਦਿਆਰਥੀਆਂ ਤੋਂ ਉਨ੍ਹਾਂ ਨੂੰ ਸਕੂਲ ਵਿੱਚ ਪਰੋਸੇ ਜਾਂਦੇ ਖਾਣੇ ਸਬੰਧੀ ਪ੍ਰਤੀਕਿਰਿਆ ਹਾਸਲ ਕੀਤੀ। ਇਸੇ ਤਰ੍ਹਾਂ ਧਾਲੀਵਾਲ ਨੇ ਭਾਰਗਵ ਕੈਂਪ ਅਤੇ ਕਾਂਸ਼ੀ ਨਗਰ ਵਿਖੇ ਆਂਗਣਵਾੜੀ ਕੇਂਦਰਾਂ ਦਾ ਦੌਰਾ ਕਰਦਿਆਂ ਇਥੇ ਬੱਚਿਆਂ, ਗਰਭਵਤੀ ਅਤੇ ਦੁੱਧ ਪਿਆਉਂਦੀਆਂ ਮਾਵਾਂ ਨੂੰ ਦਿੱਤੀ ਜਾਣ ਵਾਲੀ ਖੁਰਾਕ ਬਾਰੇ ਵੀ ਜਾਣਕਾਰੀ ਹਾਸਲ ਕੀਤੀ। ਉਪਰੰਤ ਉਨ੍ਹਾਂ ਨੇ ਭਾਰਗਵ ਕੈਂਪ ਅਤੇ ਬੂਟਾ ਪਿੰਡ ਵਿਖੇ ਰਾਸ਼ਨ ਡਿਪੂਆਂ ਦਾ ਨਿਰੀਖਣ ਕਰਦਿਆਂ ਲੋੜੀਂਦੀਆਂ ਹਦਾਇਤਾਂ ਦਿੱਤੀਆਂ।

ਇਸ ਤੋਂ ਪਹਿਲਾਂ ਪੰਜਾਬ ਸਟੇਟ ਫੂਡ ਕਮਿਸ਼ਨ ਦੇ ਮੈਂਬਰ ਚੇਤਨ ਪ੍ਰਕਾਸ਼ ਧਾਲੀਵਾਲ ਨੇ ਸਥਾਨਕ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਵਿਖੇ ਸਬੰਧਤ ਅਧਿਕਾਰੀਆਂ ਨਾਲ ਮੀਟਿੰਗ ਦੌਰਾਨ ਰਾਸ਼ਨ ਦੀ ਵੰਡ, ਮਿਡ-ਡੇ ਮੀਲ ਆਦਿ ਬਾਰੇ ਵਿਸਥਾਰ ਨਾਲ ਜਾਣਕਾਰੀ ਹਾਸਲ ਕਰਦਿਆਂ ਹਦਾਇਤ ਕੀਤੀ ਕਿ ਸਕੂਲਾਂ ਵਿੱਚ ਵਿਦਿਆਰਥੀਆਂ ਨੂੰ ਪਰੋਸੇ ਜਾਂਦੇ ਮਿੱਡ-ਡੇ ਮੀਲ ਅਤੇ ਪੀਣ ਵਾਲੇ ਪਾਣੀ ਦੇ ਸਮੇਂ-ਸਮੇਂ 'ਤੇ ਸੈਂਪਲ ਲੈਣੇ ਯਕੀਨੀ ਬਣਾਏ ਜਾਣ। ਇਸ ਮੌਕੇ ਡੀ.ਐਫ.ਐਸ.ਸੀ. ਨਰਿੰਦਰ ਸ਼ਰਮਾ, ਜ਼ਿਲ੍ਹਾ ਪ੍ਰੋਗਰਾਮ ਅਫਸਰ ਮਨਜਿੰਦਰ ਸਿੰਘ, ਜ਼ਿਲ੍ਹਾ ਸਿਹਤ ਅਫਸਰ ਰੀਮਾ ਗੋਗੀਆ ਆਦਿ ਵੀ ਮੌਜੂਦ ਸਨ

ਸ ਸ ਸ ਸਕੂਲ ਚੱਕ ਬਾਮੂੰ ਦੇ ਵਿਦਿਆਰਥੀਆਂ ਨੇ ਕੀਤਾ ਸ਼ਾਨਦਾਰ ਪ੍ਰਦਰਸ਼ਨ

ਟਾਂਡਾ ਉੜਮੁੜ, (ਜਸਵਿੰਦਰ ਸੰਧੂ, ਉਂਕਾਰ ਸਿੰਘ)-ਪੰਜਾਬ ਸਕੂਲ ਸਿੱਖਿਆ ਬੋਰਡ ਵੱਲੋਂ ਐਲਾਨੇ ਗਏ ਸਾਲ 2022-23 ਦੇ ਬਾਰਵੀਂ ਕਲਾਸ ਦੇ ਨਤੀਜੇ ਵਿੱਚ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ, ਚੱਕ ਬਾਮੂੰ ਦੇ ਵਿਦਿਆਰਥੀਆਂ ਨੇ ਸ਼ਾਨਦਾਰ ਪ੍ਰਦਰਸ਼ਨ ਕਰਦਿਆਂ ਸਕੂਲ ਦਾ ਨਾਂਅ ਰੌਸ਼ਨ ਕੀਤਾ ਹੈ। ਇਸ ਸਬੰਧੀ ਜਾਣਕਾਰੀ ਦਿੰਦਿਆਂ ਪ੍ਰੋ: ਰਾਮ ਲਾਲ ਭਗਤ ਨੇ ਦੱਸਿਆ ਕਿ ਸਾਲਾਨਾ ਪ੍ਰੀਖਿਆ ਦੇ ਨਤੀਜੇ ਦੌਰਾਨ (ਸਾਇੰਸ ਗਰੁੱਪ) ਪ੍ਰਭਜੋਤ ਸਿੰਘ 447 ਅੰਕ ਪ੍ਰਾਪਤ ਕਰਕੇ ਸਕੂਲ 'ਚੋਂ ਪਹਿਲਾ, ਅਰਸ਼ਦੀਪ ਕੌਰ 422 ਨੇ ਦੂਸਰਾ ਅਤੇ ਅਰਸ਼ਦੀਪ ਕੌਰ 414 ਅੰਕ ਪ੍ਰਾਪਤ ਕਰਕੇ ਸਕੂਲ 'ਚੋਂ ਤੀਸਰਾ ਸਥਾਨ ਹਾਸਲ ਕੀਤਾ। ਇਸੇ ਤਰ੍ਹਾਂ ਇਸ ਹੀ ਹਿਊਮੈਨਟ ਗਰੁੱਪ 'ਚੋਂ ਸੁਖਪ੍ਰੀਤ ਕੌਰ ਨੇ 378 ਅੰਕ ਪ੍ਰਾਪਤ ਕਰਕੇ ਸਕੂਲ 'ਚੋਂ ਪਹਿਲਾ, ਲਵਪ੍ਰੀਤ 373 ਅੰਕ ਪ੍ਰਾਪਤ ਕਰਕੇ ਦੂਸਰਾ ਅਤੇ ਸੁਖਵਿੰਦਰ ਕੌਰ 372 ਅੰਕ ਪ੍ਰਾਪਤ ਕਰਕੇ ਤੀਸਰਾ ਸਥਾਨ ਹਾਸਲ ਕੀਤਾ। ਇਸ ਮੌਕੇ ਪ੍ਰਿੰਸੀਪਲ ਬਲਜੀਤ ਕੌਰ ਰੂਪਰਾ ਨੇ ਜਿੱਥੇ ਇਹਨਾਂ ਹੋਣਹਾਰ ਵਿਦਿਆਰਥਣਾਂ ਨੂੰ ਸ਼ੁੱਭਕਾਮਨਾਵਾਂ ਦਿੱਤੀਆਂ ਉੱਥੇ ਹੀ ਦੱਸਿਆ ਕਿ ਸਾਰੇ ਵਿਦਿਆਰਥੀ ਵਧੀਆ ਅੰਕ ਲੈ ਕੇ ਪਾਸ ਹੋਏ ਹਨ। ਇਸ ਮੌਕੇ ਪ੍ਰੋ: ਹਰੀਸ਼ ਭੱਟੀ, ਪ੍ਰੋ: ਸਰਦਾਰੀ ਲਾਲ, ਅਵਤਾਰ ਸਿੰਘ, ਬਲਦੇਵ ਰਾਜ, ਰਵਿੰਦਰ ਸਿੰਘ, ਰਜੇਸ਼ ਕੁਮਾਰ, ਪਰਮਿੰਦਰ ਕੌਰ ਕੌਸ਼ਲ, ਰਾਜਵਿੰਦਰ ਕੌਰ, ਦਲਜੀਤ ਕੌਰ, ਵਿਨੇ ਢਡਵਾਲ, ਜੀਵਨ ਜੋਤੀ, ਨੀਰਜ ਹਰਚੰਦ, ਜਤਿੰਦਰ ਕੁਮਾਰ ਹਾਜਰ ਸਨ।

ਦੇਸ਼ ਭਰ 'ਚ ਪ੍ਰਧਾਨ ਮੰਤਰੀ ਦੇ ਚੋਣਾਂ 'ਚ ਲਾਏ ਜੈਕਾਰੇ ਵਿਰੁੱਧ ਪਾਈਆਂ ਪਟੀਸ਼ਨਾਂ

ਹੁਸ਼ਿਆਰਪੁਰ, (ਬਲਵੀਰ ਸਿੰਘ ਸੈਣੀ) ਦੇਸ਼ ਭਰ ਵਿੱਚ ਸ਼ੋਸ਼ਲਿਸਟ ਪਾਰਟੀ ਵੱਲੋਂ ਸੁਪਰੀਮਕੋਰਟ ਦੇ ਚੀਫ ਜਸਟਿਸ ਡੀ ਵਾਈ ਚੰਦਰਚੂੜ ਨੂੰ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਵੱਲੋਂ ਕਰਨਾਟਕ ਚੋਣਾਂ ਦੌਰਾਨ ਧਰਮ ਦੇ ਨਾਂਅ 'ਤੇ ਵੋਟਰਾਂ ਨੂੰ ਪ੍ਰਭਾਵਿਤ ਕਰਨ ਲਈ ਵੋਟ ਪਾਉਂਦੇ ਸਮੇਂ ਬਜਰੰਗਬਲੀ ਦਾ ਧਾਰਮਿਕ ਜੈਕਾਰਾ ਲਾਉਣ ਵਿਰੁੱਧ ਪਟੀਸ਼ਨਾਂ ਭੇਜੀਆਂ ਜਾ ਰਹੀਆਂ ਹਨ।

ਇਸ ਸੰਬੰਧੀ ਸੂਬਾ ਪ੍ਰਧਾਨ ਓਮ ਸਿੰਘ ਸਟਿਆਣਾ, ਜ਼ਿਲ੍ਹਾ ਪ੍ਰਧਾਨ ਸਤਪਾਲ ਸਿੰਘ ਡਡਿਆਣਾ, ਜਗਦੀਸ਼ ਸ਼ਰਮਾ, ਕਮਲਜੀਤ ਮੰਨਣ 'ਤੇ ਅਧਾਰਿਤ ਵਫਦ ਨੇ ਵਧੀਕ ਡਿਪਟੀ ਕਮਿਸ਼ਨਰ ਜਨਰਲ ਦਲਜੀਤ ਕੌਰ ਨੂੰ ਯਾਦ ਪੱਤਰ ਦਿੱਤਾ। ਜਿਸ ਵਿੱਚ ਦੇਸ਼ ਦੀ ਉੱਚ ਅਦਾਲਤ ਨੂੰ ਆਪਣੇ ਆਪ ਨੋਟਿਸ ਲੈ ਕੇ ਪ੍ਰਧਾਨ ਮੰਤਰੀ ਦੀ ਜਵਾਬਤਲਬੀ ਕਰਨ ਦੀ ਮੰਗ ਕੀਤੀ ਗਈ ਹੈ। ਇਸ ਅਵਸਰ 'ਤੇ ਬਲਵੰਤ ਸਿੰਘ ਖੇੜਾ ਨੇ ਦੱਸਿਆ ਕਿ ਪਟੀਸ਼ਨ ਵਿੱਚ ਭਾਰਤ ਦੇ ਸੰਵਿਧਾਨ ਦੀ ਉਲੰਘਣਾ ਤੇ ਮਾਣਯੋਗ ਸੁਪਰੀਮਕੋਰਟ ਦੇ 1994 ਐੱਸ ਆਰ ਬੋਮਈ ਸੰਬੰਧੀ 9 ਜੱਜ ਸਾਹਿਬਾਨ ਦੇ ਫ਼ੈਸਲੇ ਵਿੱਚ ਧਰਮ ਤੇ ਸਿਆਸਤ ਨੂੰ ਰਲਗੱਡ ਕਰਨ ਨੂੰ ਅੱਗ-ਪਾਣੀ ਦਾ ਮੇਲ ਦੱਸਿਆ ਗਿਆ ਹੈ। ਬਲਵੰਤ ਸਿੰਘ ਖੇੜਾ ਨੇ ਦੱਸਿਆ ਕਿ ਸ਼੍ਰੋਮਣੀ ਅਕਾਲੀ ਦਲ ਵਿਰੁੱਧ ਮਾਨਤਾ ਰੱਦ ਕਰਨ ਸੰਬੰਧੀ ਦਿੱਲੀ ਹਾਈਕੋਰਟ ਵਿੱਚ ਸੁਣਵਾਈ 2 ਅਗਸਤ ਤੱਕ ਟਲ ਗਈ ਹੈ।

ਉਨ੍ਹਾਂ ਪ੍ਰਧਾਨ ਮੰਤਰੀ ਦੇ ਚੋਣਾਂ ਦੌਰਾਨ ਵੋਟਰਾਂ ਨੂੰ ਪ੍ਰਭਾਵਿਤ ਕਰਨ ਦੀ ਮਨਸ਼ਾ ਨਾਲ ਧਾਰਮਿਕ ਜੈਕਾਰਾ ਲਗਾਉਣ ਦੇ ਮਾਮਲੇ ਵਿੱਚ ਕਾਰਵਾਈ ਕਰਨ ਵਿੱਚ ਅਸਮਰਥ ਰਹਿਣ ਨੂੰ ਭਾਰਤ ਦੇ ਚੋਣ ਕਮਿਸ਼ਨ ਦੀ ਨਾਕਾਮੀ ਦੱਸਿਆ ਅਤੇ ਚੋਣ ਕਮਿਸ਼ਨ ਵੱਲੋਂ ਪੱਖਪਾਤ ਕਰਨ ਦਾ ਦੋਸ਼ ਲਗਾਉਂਦਿਆਂ ਪਟੀਸ਼ਨ ਦੇ ਨਾਲ ਪ੍ਰਧਾਨ ਮੰਤਰੀ ਮੋਦੀ ਦੇ ਭਾਸ਼ਣ ਦੀ ਕਲਿੱਪ ਵੀ ਲਗਾਈ ਗਈ ਹੈ।

ਬਾਬਾ ਬਾਲਾ ਪੀਰ ਦਾ ਸਾਲਾਨਾ ਮੇਲਾ ਅੱਜ

ਬਹਿਰਾਮ (ਅਵਤਾਰ ਕਲੇਰ) ਬਾਬਾ ਬਾਲਾ ਪੀਰ ਪ੍ਰਬੰਧਕ ਕਮੇਟੀ, ਗ੍ਰਾਮ ਪੰਚਾਇਤ ਅਤੇ ਸਮੂਹ ਨਗਰ ਨਿਵਾਸੀਆਂ ਦੇ ਸਹਿਯੋਗ ਨਾਲ ਬਾਬਾ ਬਾਲਾ ਪੀਰ ਦੀ ਯਾਦ ਵਿੱਚ ਸਾਲਾਨਾ ਮੇਲਾ ਪਿੰਡ ਸਰਹਾਲ ਕਾਜੀਆਂ ਵਿਖੇ ਮਨਾਇਆ ਜਾ ਰਿਹਾ ਹੈ ।ਦਰਬਾਰ ਦੀਆਂ ਧਾਰਮਿਕ ਰਸਮਾਂ ਤੋਂ ਬਾਅਦ ਸਟੇਜ ਸਜਾਈ ਜਾਵੇਗੀ ਜਿਸ ਵਿੱਚ ਪੰਜਾਬ ਦੇ ਮਸਹੂਰ ਕਲਾਕਾਰ ਮਾਸਾ ਅਲੀ, ਮਨਮੋਹਣ ਭੱਟੀ - ਸੀਮਾ ਭੱਟੀ ਤੋਂ ਇਲਾਵਾ ਲਵਲੀ ਨਕਾਲ ਪਾਰਟੀ ਸੰਗਤਾਂ ਨੂੰ ਨਿਹਾਲ ਕਰਨਗੇ। ਵੱਖ ਵੱਖ ਦਰਬਾਰਾਂ ਤੋਂ ਸੰਤ ਮਹਾਂਪੁਰਸ ਸਰਿਕਤ ਕਰਨਗੇ। ਠੰਡੇ ਮਿੱਠੇ ਜਲ ਅਤੇ ਲੰਗਰ ਅਤੁੱਟ ਵਰਤਾਇਆ ਜਾਵੇਗਾ।

ਪ ਸ ਸ .ਫ ਵੱਲੋਂ ਸਿੱਖਿਆ ਮੰਤਰੀ ਖ਼ਿਲਾਫ਼ ਪੁਤਲਾ ਫੂਕ ਮੁਜ਼ਾਹਰਾ

ਤਲਵਾੜਾ, ਹੁਸ਼ਿਆਰਪੁਰ,, (ਬਲਵੀਰ ਸਿੰਘ ਸੈਣੀ)-ਇੱਥੇ ਪੰਜਾਬ ਸੁਬਾਰਡੀਨੇਟ ਸਰਵਿਸਿਜ਼ ਫੈਡਰੇਸ਼ਨ (ਪ ਸ ਸ ਫ਼) ਦੇ ਬੈਨਰ ਹੇਠਾਂ ਵੱਖ-ਵੱਖ ਵਿਭਾਗਾਂ ਦੇ ਮੁਲਾਜ਼ਮਾਂ ਨੇ ਆਮ ਆਦਮੀ ਪਾਰਟੀ ਦੀ ਸਰਕਾਰ ਅਤੇ ਸਿੱਖਿਆ ਮੰਤਰੀ ਹਰਜੋਤ ਬੈਂਸ ਖ਼ਿਲਾਫ਼ ਰੋਸ ਰੈਲੀ ਕੱਢੀ। ਉਪਰੰਤ ਅਰਥੀ ਫੂਕ ਮੁਜ਼ਾਹਰਾ ਕੀਤਾ। ਸਥਾਨਕ ਬੀ ਡੀ ਪੀ ਓ ਦਫ਼ਤਰ ਕੰਪਲੈਕਸ ਸਾਹਮਣੇ ਰੋਸ ਰੈਲੀ ਨੂੰ ਸੰਬੋਧਨ ਕਰਦਿਆਂ ਬੁਲਾਰਿਆਂ ਨੇ ਬੀਤੇ ਦਿਨ ਮਿਡ-ਡੇ-ਮੀਲ ਵਰਕਰਜ਼ ਯੂਨੀਅਨ, ਪੰਜਾਬ ਦੀ ਅਗਵਾਈ ਕਰ ਰਹੇ ਪ ਸ ਸ ਫ਼ ਦੇ ਸੂਬਾ ਪ੍ਰਧਾਨ ਸਤੀਸ਼ ਰਾਣਾ ਨਾਲ ਜਥੇਬੰਦੀ ਦੀ ਮੀਟਿੰਗ ਦੌਰਾਨ ਸਿੱਖਿਆ ਮੰਤਰੀ ਹਰਜੋਤ ਬੈਂਸ ਵੱਲੋਂ ਕੀਤੀ ਬਦਸਲੂਕੀ ਅਤੇ ਉਨ੍ਹਾ ਦੀ ਗ੍ਰਿਫ਼ਤਾਰੀ ਦੀ ਕਰੜੇ ਸ਼ਬਦਾਂ 'ਚ ਨਿਖੇਧੀ ਕੀਤੀ। ਆਗੂਆਂ ਦੱਸਿਆ ਕਿ ਮਿਡ-ਡੇ-ਮੀਲ ਵਰਕਰਜ਼ ਯੂਨੀਅਨ, ਪੰਜਾਬ ਦੀ ਅਨੰਦਪੁਰ ਸਾਹਿਬ ਵਿਖੇ ਸੂਬਾ ਪੱਧਰੀ ਰੈਲੀ ਉਪਰੰਤ ਸਿੱਖਿਆ ਮੰਤਰੀ ਨੇ ਜਥੇਬੰਦੀ ਨੂੰ ਚੰਡੀਗੜ੍ਹ ਵਿਖੇ ਲਿਖਤੀ ਮੀਟਿੰਗ ਦਾ ਸਮਾਂ ਦਿੱਤਾ ਸੀ, ਲੰਘੇ ਕੱਲ੍ਹ ਜਥੇਬੰਦੀ ਦੇ ਵਫ਼ਦ ਨਾਲ ਪ ਸ ਸ ਫ਼ ਦੇ ਸੂਬਾ ਪ੍ਰਧਾਨ ਸਤੀਸ਼ ਰਾਣਾ ਅਤੇ ਸਾਥੀ ਗੁਰਬਿੰਦਰ ਸਿੰਘ ਮੀਟਿੰਗ ਲਈ ਪੰਜਾਬ ਭਵਨ ਗਏ ਤਾਂ ਸਿੱਖਿਆ ਮੰਤਰੀ ਨੇ ਹਰਜੋਤ ਬੈਂਸ ਨੇ ਘਟੀਆ ਹਰਕਤਾਂ 'ਤੇ ਉਤਰਦਿਆਂ ਪ ਸ ਸ ਫ਼ ਆਗੂਆਂ ਨੂੰ ਮੀਟਿੰਗ 'ਚ ਆਉਣ ਤੋਂ ਮਨ੍ਹਾਂ ਕਰ ਦਿੱਤਾ। ਜਦੋਂ ਮਿਡ ਡੇ ਮੀਲ ਵਰਕਰਜ਼ ਯੂਨੀਅਨ ਦੇ ਆਗੂਆਂ ਨੇ ਪਸਸਫ਼ ਆਗੂਆਂ ਨਾਲ ਮੀਟਿੰਗ 'ਚ ਜਾਣ ਦੀ ਗੱਲ ਆਖੀ ਗਈ ਤਾਂ ਸਿੱਖਿਆ ਮੰਤਰੀ ਦੇ ਕਹਿਣ 'ਤੇ ਪੁਲਸ ਕਰਮਚਾਰੀਆਂ ਵੱਲੋਂ ਪ ਸ ਸ ਫ਼ ਆਗੂਆਂ ਨਾਲ ਬਦਸਲੂਕੀ ਕੀਤੀ ਗਈ ਅਤੇ ਉਨ੍ਹਾਂ ਨੂੰ ਗ੍ਰਿਫ਼ਤਾਰ ਕਰ ਲਿਆ ਗਿਆ। ਬੁਲਾਰਿਆਂ ਨੇ ਸ਼ਹੀਦ ਏ ਆਜ਼ਮ ਭਗਤ ਸਿੰਘ ਦੇ ਨਾਂਅ 'ਤੇ ਵੋਟਾਂ ਹਾਸਲ ਕਰ ਸੱਤਾ 'ਚ ਆਈ 'ਆਪ' ਸਰਕਾਰ 'ਤੇ ਹੱਕ ਮੰਗਦੇ ਲੋਕਾਂ ਦੀ ਅਵਾਜ਼ ਨੂੰ ਡੰਡੇ ਦੇ ਜ਼ੋਰ ਨਾਲ ਦਬਾਉਣ ਦੇ ਦੋਸ਼ ਲਗਾਏ। ਮੁਲਾਜ਼ਮਾਂ ਅਤੇ ਪੈਨਸ਼ਨਰਾਂ ਨੇ 'ਆਪ' ਸਰਕਾਰ ਦੇ ਤਾਨਾਸ਼ਾਹੀ ਰਵੱਈਏ ਦਾ ਜਥੇਬੰਦਕ ਢੰਗ ਨਾਲ ਮੋੜਵਾਂ ਜਵਾਬ ਦੇਣ ਦਾ ਅਹਿਦ ਲਿਆ। ਇਸ ਉਪਰੰਤ ਵੱਡੀ ਗਿਣਤੀ ਮੁਲਾਜ਼ਮ ਅਤੇ ਪੈਨਸ਼ਨਰਾਂ ਨੇ ਸ਼ਹਿਰ 'ਚ ਰੋਸ ਰੈਲੀ ਕੱਢ ਪੰਜਾਬ ਸਰਕਾਰ ਅਤੇ ਸਿੱਖਿਆ ਮੰਤਰੀ ਖ਼ਿਲਾਫ਼ ਨਾਅਰੇਬਾਜ਼ੀ ਕੀਤੀ ।

ਉਪਰੰਤ ਰਾਏ ਸਾਹਿਬ ਚੌਧਰੀ ਗਿਆਨ ਸਿੰਘ ਚੌਂਕ 'ਤੇ ਸਿੱਖਿਆ ਮੰਤਰੀ ਹਰਜੋਤ ਬੈਂਸ ਦੀ ਅਰਥੀ ਫੂਕ ਰੋਸ ਪ੍ਰਗਟਾਇਆ। ਇਸ ਮੌਕੇ ਰਾਜੀਵ ਸ਼ਰਮਾ, ਨਰੇਸ਼ ਮਿੱਡਾ, ਵਰਿੰਦਰ ਵਿੱਕੀ, ਜਸਵੀਰ ਤਲਵਾੜਾ, ਗਿਆਸ ਸਿੰਘ ਗੁਪਤਾ, ਸ਼ਾਮ ਸਿੰਘ, ਕੰਚਨ ਕੁਮਾਰੀ ਆਦਿ ਨੇ ਸੰਬੋਧਨ ਕੀਤਾ।

ਹੁੱਲੜਬਾਜ਼ੀ ਕਰਨ ਵਾਲਿਆਂ ਦੇ ਕੱਟੇ ਚਲਾਨ

ਸੁਲਤਾਨਪੁਰ ਲੋਧੀ (ਬਲਵਿੰਦਰ ਸਿੰਘ ਧਾਲੀਵਾਲ /ਰਾਜਵੀਰ ਸਿੰਘ)- ਜ਼ਿਲ੍ਹਾ ਕਪੂਰਥਲਾ ਦੇ ਐੱਸ ਐੱਸ ਪੀ ਰਾਜਪਾਲ ਸਿੰਘ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਸਬ ਡਵੀਜ਼ਨ ਸੁਲਤਾਨਪੁਰ ਲੋਧੀ ਦੇ ਡੀ ਐਸ ਪੀ ਬਬਨਦੀਪ ਸਿੰਘ ਦੇ ਹੁਕਮਾਂ ਤੇ ਡੀ ਐਸ ਪੀ ਖੁਸ਼ਪ੍ਰੀਤ ਸਿੰਘ ਅਤੇ ਥਾਣਾ ਮੁਖੀ ਸ਼ਿਵਕਮਲ ਸਿੰਘ ਦੀ ਦੇਖ ਰੇਖ ਹੇਠ ਸੁਲਤਾਨਪੁਰ ਲੋਧੀ ਦੀ ਟ੍ਰੈਫਿਕ ਪੁਲਸ ਪ੍ਰਸ਼ਾਸਨ ਵੱਲੋਂ ਪਿਛਲੇ ਕਾਫੀ ਦਿਨਾਂ ਤੋਂ ਸ਼ਹਿਰ ਵਿੱਚ ਪੂਰੀ ਤਰ੍ਹਾਂ ਸਖਤੀ ਕੀਤੀ ਗਈ ਹੈ। ਖਾਸ ਤੌਰ 'ਤੇ ਪੁਲਸ ਨੇ ਟ੍ਰੈਫਿਕ ਨਿਯਮਾਂ ਨੂੰ ਲਾਗੂ ਕਰਨ ਲਈ ਸ਼ਹਿਰ ਵਿੱਚ ਵੱਖ ਵੱਖ ਥਾਂ ਉੱਤੇ ਨਾਕਾਬੰਦੀ ਕੀਤੀ ਗਈ ਹੈ। ਉਨ੍ਹਾਂ ਕਿਹਾ ਕਿ ਹਰ ਆਉਣ-ਜਾਣ ਵਾਲੀਆਂ ਗੱਡੀਆਂ ਦੀ ਚੈਕਿੰਗ ਕੀਤੀ ਜਾ ਰਹੀ ਹੈ। ਉਨ੍ਹਾਂ ਕਿਹਾ ਕਿ ਜਿਹੜੀਆਂ ਗੱਡੀਆਂ ਬਗੈਰ ਦਸਤਾਵੇਜ਼ ਤੋਂ ਚੱਲ ਰਹੀਆਂ ਨੇ ਉਨ੍ਹਾਂ ਨੂੰ ਪੁਲਸ ਵੱਲੋਂ ਮੌਕੇ ਉੱਤੇ ਬਾਂਡ ਕੀਤਾ ਜਾ ਰਿਹਾ ਹੈ ਅਤੇ ਪਟਾਕੇ ਮਾਰਨ ਵਾਲੇ ਬੁਲਟ ਮੋਟਰਸਾਈਕਲਾਂ ਦੇ ਚਲਾਨ ਕੀਤੇ ਜਾ ਰਹੇ ਹਨ। ਡੀ ਐਸ ਪੀ ਸੁਲਤਾਨਪੁਰ ਲੋਧੀ ਬਬਨਦੀਪ ਸਿੰਘ ਨੇ ਕਿਹਾ ਕਿ ਸ਼ਹਿਰ ਵਾਸੀਆਂ ਨੂੰ ਉਨ੍ਹਾਂ ਵੱਲੋਂ ਲਗਾਤਾਰ ਅਪੀਲ ਕੀਤੀ ਜਾ ਰਹੀ ਹੈ ਕਿ ਟ੍ਰੈਫਿਕ ਨਿਯਮਾਂ ਦੀ ਪਾਲਣਾ ਕਰਨ। ਉਨ੍ਹਾਂ ਕਿਹਾ ਕਿ ਵਾਰ-ਵਾਰ ਅਪੀਲ ਕਰਨ ਦੇ ਬਾਵਜੂਦ ਕੁਝ ਲੋਕ ਨਹੀਂ ਮੰਨ ਰਹੇ ਤਾਂ ਉਨ੍ਹਾਂ ਦੇ ਚਲਾਨ ਕੀਤੇ ਗਏ ਹਨ। ਉਨ੍ਹਾਂ ਕਿਹਾ ਨੋ-ਪਾਰਕਿੰਗ ਵਿੱਚ ਖੜ੍ਹੇ ਵਾਹਨਾਂ ਦੇ ਵੀ ਪੁਲਸ ਵੱਲੋਂ ਚਲਾਨ ਕੀਤੇ ਜਾਣਗੇ । ਇਸ ਮੌਕੇ ਏ ਐੱਸ ਆਈ ਸ਼ਿੰਗਾਰਾ ਸਿੰਘ , ਏ ਐੱਸ ਆਈ ਬਲਬੀਰ ਸਿੰਘ, ਏ ਐੱਸ ਆਈ ਜਸਪਾਲ ਸਿੰਘ, ਏ ਐੱਸ ਆਈ ਸੁਰਜੀਤ ਸਿੰਘ ਵੀ ਮੌਜੂਦ ਸਨ।

ਜੀ ਡੀ ਗੋਇਨਕਾ ਸਕੂਲ 'ਚ ਵਿਦਿਆਰਥੀ ਕੌਂਸਲ ਦੀ ਚੋਣ

ਕਪੂਰਥਲਾ, (ਹਨੀ) ਜੀ ਡੀ ਗੋਇਨਕਾ ਇੰਟਰਨੈਸ਼ਨਲ ਸਕੂਲ ਕਪੂਰਥਲਾ ਵਿਖੇ ਵਿਦਿਆਰਥੀ ਪ੍ਰੀਸ਼ਦ ਲਈ ਚੋਣ ਸੰਬੰਧੀ ਸਮਾਗਮ ਕਰਵਾਇਆ ਗਿਆ। ਇਸ ਦੌਰਾਨ ਵਿਦਿਆਰਥੀਆਂ ਨੇ ਵੱਖ-ਵੱਖ ਸ਼੍ਰੇਣੀਆਂ ਹੈੱਡ ਗਰਲ, ਹੈੱਡ ਬੁਆਏ, ਸਪੋਰਟਸ ਕਪਤਾਨ, ਹਾਊਸ ਕਪਤਾਨ ਆਦਿ ਲਈ ਆਪਣੀਆਂ ਨਾਮਜ਼ਦਗੀਆਂ ਦਰਜ ਕਰਵਾਈਆਂ ਅਤੇ ਆਪਣੇ ਲਈ ਵੋਟਾਂ ਵੀ ਮੰਗੀਆਂ। ਇਸ ਸੰਬੰਧੀ ਸਕੂਲ ਵਿੱਚ ਇਨਵੈਸਚਰ ਸੈਰੇਮਨੀ ਵੀ ਕਰਵਾਈ ਗਈ, ਜਿਸ ਵਿੱਚ ਨਰਿੰਦਰ ਸਿੰਘ ਔਜਲਾ ਡੀ ਐਸ ਪੀ ਹੁਸ਼ਿਆਰਪੁਰ ਮੁੱਖ ਮਹਿਮਾਨ ਵਜੋਂ ਸ਼ਾਮਲ ਹੋਏ। ਗਿਆਰ੍ਹਵੀਂ ਜਮਾਤ ਦਾ ਵਿਦਿਆਰਥੀ ਜਸਕਰਨ ਸਿੰਘ ਹੈੱਡ ਬੁਆਏ, ਪਾਇਲਪ੍ਰੀਤ ਕੌਰ ਹੈੱਡ ਗਰਲ, ਸ਼ਿਵਮ ਤੇ ਯਸ਼ਵੀ ਸਪੋਰਟਸ ਕੈਪਟਨ ਚੁਣੇ ਗਏ । ਇਸ ਤੋਂ ਇਲਾਵਾ ਚਾਰ ਹਾਊਸਾਂ ਦੇ ਕਪਤਾਨ ਤੇ ਮੀਤ ਕਪਤਾਨ ਵੀ ਨਿਯੁਕਤ ਕੀਤੇ ਗਏ। ਵੱਖ-ਵੱਖ ਅਹੁਦਿਆਂ ਲਈ ਚੁਣੇ ਗਏ ਵਿਦਿਆਰਥੀਆਂ ਨੂੰ ਸਕੂਲ ਚੇਅਰਮੈਨ ਸੁਖਦੇਵ ਸਿੰਘ ਨਾਨਕਪੁਰ, ਸਕੱਤਰ ਪਰਮਿੰਦਰ ਕੌਰ, ਪ੍ਰਿੰਸੀਪਲ ਕਵਲਜੀਤ ਕੌਰ ਅਤੇ ਪਹੁੰਚੇ ਮੁੱਖ ਮਹਿਮਾਨ ਨਰਿੰਦਰ ਸਿੰਘ ਔਜਲਾ ਨੇ ਬੈਚ ਲਗਾਏ। ਸਕੂਲ ਚੇਅਰਮੈਨ ਨਾਨਕਪੁਰ ਨੇ ਵਿਦਿਆਰਥੀਆਂ ਨੂੰ ਆਪਣੀ ਜ਼ਿੰਮੇਵਾਰੀ ਇਮਾਨਦਾਰੀ ਨਾਲ ਨਿਭਾਉਣ ਲਈ ਪ੍ਰੇਰਿਤ ਕੀਤਾ ।

'ਸਰਕਾਰ ਤੁਹਾਡੇ ਦੁਆਰ' ਮੁਹਿੰਮ ਤਹਿਤ ਬੁੱਲ੍ਹੋਵਾਲ 'ਚ ਸ਼ਿਕਾਇਤ ਨਿਵਾਰਨ ਕੈਂਪ

ਹੁਸ਼ਿਆਰਪੁਰ, (ਬਲਵੀਰ ਸਿੰਘ ਸੈਣੀ) ਮੁੱਖ ਮੰਤਰੀ ਪੰਜਾਬ ਭਗਵੰਤ ਮਾਨ ਦੀਆਂ ਹਦਾਇਤਾਂ 'ਤੇ ਵੱਖ-ਵੱਖ ਸਰਕਾਰੀ ਸੇਵਾਵਾਂ ਲੋਕਾਂ ਦੇ ਘਰਾਂ ਦੇ ਨੇੜੇ ਪਹੁੰਚਾਉਣ ਲਈ ਸ਼ੁਰੂ ਕੀਤੀ ਗਈ ਮੁਹਿੰਮ 'ਸਰਕਾਰ ਤੁਹਾਡੇ ਦੁਆਰ' ਤਹਿਤ ਅੱਜ ਪੰਚਾਇਤ ਸੰਮਤੀ ਪਿੰਡ ਬੁੱਲੋਵਾਲ ਦੇ ਰੈਸਟ ਹਾਊਸ ਵਿਖੇ ਸ਼ਿਕਾਇਤ ਨਿਵਾਰਨ ਕੈਂਪ ਲਗਾਇਆ ਗਿਆ। ਇਸ ਦੌਰਾਨ ਵਿਧਾਇਕ ਸ਼ਾਮਚੁਰਾਸੀ ਡਾ: ਰਵਜੋਤ ਨੇ ਇਸ ਕੈਂਪ ਦੀ ਸ਼ੁਰੂਆਤ ਕਰਦਿਆਂ ਪ੍ਰਸ਼ਾਸਨਿਕ ਅਧਿਕਾਰੀਆਂ ਨਾਲ ਬੈਠ ਕੇ ਇਲਾਕੇ ਦੇ 8 ਪਿੰਡਾਂ ਦੇ ਲੋਕਾਂ ਦੀਆਂ ਸਮੱਸਿਆਵਾਂ ਸੁਣੀਆਂ। ਇਸ ਦੌਰਾਨ ਐੱਸ.ਡੀ.ਐੱਮ. ਹੁਸ਼ਿਆਰਪੁਰ ਪ੍ਰੀਤ ਇੰਦਰ ਸਿੰਘ ਬੈਂਸ ਅਤੇ ਆਮ ਆਦਮੀ ਪਾਰਟੀ ਦੇ ਦਿਹਾਤੀ ਜ਼ਿਲ੍ਹਾ ਪ੍ਰਧਾਨ ਗੁਰਵਿੰਦਰ ਸਿੰਘ ਪਾਬਲਾ ਅਤੇ ਹੋਰ ਪਤਵੰਤੇ ਵੀ ਹਾਜ਼ਰ ਸਨ। ਉਨ੍ਹਾਂ ਕਿਹਾ ਕਿ ਅਜਿਹੇ ਸ਼ਿਕਾਇਤ ਨਿਵਾਰਨ ਕੈਂਪਾਂ ਵਿੱਚ ਸਮੂਹ ਵਿਭਾਗਾਂ ਦੇ ਅਧਿਕਾਰੀ ਲੋਕਾਂ ਤੱਕ ਪਹੁੰਚ ਕਰ ਕੇ ਉਨ੍ਹਾਂ ਦੀਆਂ ਸਮੱਸਿਆਵਾਂ ਦਾ ਹੱਲ ਕਰ ਰਹੇ ਹਨ।

ਉਨ੍ਹਾਂ ਕਿਹਾ ਕਿ ਹੁਣ ਲੋਕਾਂ ਨੂੰ ਆਪਣੀਆਂ ਸਮੱਸਿਆਵਾਂ ਦੇ ਹੱਲ ਲਈ ਅਧਿਕਾਰੀਆਂ ਕੋਲ ਜਾਣ ਦੀ ਲੋੜ ਨਹੀਂ ਹੈ, ਸਗੋਂ ਅਧਿਕਾਰੀ ਲੋਕਾਂ ਤੱਕ ਪਹੁੰਚ ਕਰਕੇ ਉਨ੍ਹਾਂ ਦੀਆਂ ਸਮੱਸਿਆਵਾਂ ਹੱਲ ਕਰ ਰਹੇ ਹਨ।

ਐਸ.ਡੀ.ਐਮ ਹੁਸ਼ਿਆਰਪੁਰ ਪ੍ਰੀਤ ਇੰਦਰ ਸਿੰਘ ਬੈਂਸ ਨੇ ਦੱਸਿਆ ਕਿ ਸਬ ਡਵੀਜ਼ਨ ਹੁਸ਼ਿਆਰਪੁਰ ਅਧੀਨ ਚੱਲ ਰਹੇ ਇਸ ਸ਼ਿਕਾਇਤ ਨਿਵਾਰਨ ਕੈਂਪ ਵਿੱਚ ਪਿੰਡ ਆਲੋਵਾਲ, ਦਾਲਮਵਾਲ, ਖੜਿਆਲਾ ਸੈਣੀਆਂ, ਲਿੱਦੜ, ਲਾਂਬੜਾ, ਢੱਡੇ ਬਾਬਾ ਮੋਹਰ ਸਿੰਘ, ਤਾਜੋਵਾਲ, ਪੰਡੋਰੀ ਮਾਈਲ ਦੇ ਲੋਕਾਂ ਦੀਆਂ ਸਮੱਸਿਆਵਾਂ ਸੁਣੀਆਂ ਗਈਆਂ।

ਇਸ ਦੌਰਾਨ ਸਮੂਹ ਵਿਭਾਗਾਂ ਦੇ ਅਧਿਕਾਰੀ ਹਾਜ਼ਰ ਸਨ ਤਾਂ ਜੋ ਘੱਟ ਸਮੇਂ ਵਿੱਚ ਸਮੱਸਿਆਵਾਂ ਦਾ ਹੱਲ ਕੀਤਾ ਜਾ ਸਕੇ। ਉਨ੍ਹਾਂ ਦੱਸਿਆ ਕਿ ਇਸ ਕੈਂਪ ਵਿੱਚ ਮਾਲ ਵਿਭਾਗ, ਸਿਹਤ ਵਿਭਾਗ, ਪੰਚਾਇਤ ਵਿਭਾਗ, ਮਨਰੇਗਾ, ਸਮਾਜਿਕ ਸੁਰੱਖਿਆ ਵਿਭਾਗ, ਖੇਤੀਬਾੜੀ ਅਤੇ ਹੋਰ ਸਹਾਇਕ ਧੰਦਿਆਂ ਨਾਲ ਸਬੰਧਤ ਵਿਭਾਗਾਂ ਆਦਿ ਦੇ ਅਧਿਕਾਰੀਆਂ ਨੇ ਮੌਕੇ 'ਤੇ ਦਰਖਾਸਤ ਪ੍ਰਾਪਤ ਕਰਕੇ ਬਣਦੀ ਕਾਰਵਾਈ ਕੀਤੀ। ਇਸ ਮੌਕੇ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀ ਵੀ ਹਾਜ਼ਰ ਸਨ।

ਪੋੜ ਗੋਤ ਜਠੇਰਿਆਂ ਦਾ ਮੇਲਾ 28 ਨੂੰ

ਮੇਹਲੀ (ਗੁਰਨਾਮ):—ਇੱਥੋਂ ਕੁਝ ਦੂਰੀ ਤੇ ਕੀੜੀ ਅਫਗਾਨ ਵਿਖੇ ਹਰ ਸਾਲ ਦੀ ਤਰ੍ਹਾਂ ਇਸ ਸਾਲ ਵੀ ਪ੍ਰਬੰਧਕ ਕਮੇਟੀ ਅਤੇ ਪੋੜ ਗੋਤ ਵਾਲਿਆਂ ਵੱਲੋਂ ਜਠੇਰਿਆਂ ਦਾ ਮੇਲੇ 'ਤੇ 27 ਮਈ ਨੂੰ ਚਿਰਾਗ ਰੌਸ਼ਨ ਕੀਤੇ ਜਾਣਗੇ। ਇਸ ਉਪਰੰਤ 28 ਮਈ ਨੂੰ ਝੰਡੇ ਦੀ ਰਸਮ ਤੋਂ ਬਾਅਦ ਅਰਦਾਸ ਕੀਤੀ ਜਾਵੇਗੀ। ਉਸ ਤੋਂ ਬਾਅਦ ਕਲਾਕਾਰ ਧਾਰਮਿਕ ਗੀਤਾਂ ਰਾਹੀਂ ਸੰਗਤਾਂ ਨੂੰ ਨਿਹਾਲ ਕੀਤਾ ਜਾਵੇਗਾ। ਗੁਰੂ ਜੀ ਦਾ ਲੰਗਰ ਅਟੁੱਟ ਵਰਤਾਇਆ ਜਾਵੇਗਾ। ਜਾਣਕਾਰੀ ਬਿਸ਼ਨ ਦਾਸ ਮਜਾਰੀ ਪ੍ਰਧਾਨ ਨੇ ਪੱਤਰਕਾਰਾਂ ਨੂੰ ਦਿੱਤੀ।

ਮੁਲਾਜ਼ਮਾਂ ਤੇ ਪੈਨਸ਼ਨਰਾਂ ਨੇ ਸਿੱਖਿਆ ਮੰਤਰੀ ਦੀ ਅਰਥੀ ਫੂਕੀ

ਮੁਹਾਲੀ (ਗੁਰਜੀਤ ਬਿੱਲਾ)— ਪੰਜਾਬ ਦੇ ਸਿੱਖਿਆ ਮੰਤਰੀ ਵਲੋਂ ਮੀਟਿੰਗ ਦੌਰਾਨ ਜਥੇਬੰਦੀ ਦੇ ਆਗੂਆਂ ਨਾਲ ਦੁਰਵਿਹਾਰ ਕਰਨ ਦੇ ਮਾਮਲੇ ਨੂੰ ਲੈ ਕੇ ਸਮੁੱਚੀਆਂ ਜਥੇਬੰਦੀਆਂ ਵੱਲੋਂ ਆਪਣੇ ਰੋਹ ਦਾ ਪ੍ਰਗਟਾਵਾ ਸਾਰੇ ਪੰਜਾਬ ਅੰਦਰ ਬਲਾਕ/ਤਹਿਸੀਲ ਤੇ ਜ਼ਿਲ੍ਹਾ ਹੈਡਕੁਆਰਟਰਾਂ ਉਤੇ ਪੰਜਾਬ ਸਰਕਾਰ ਦੀਆਂ ਅਰਥੀਆਂ ਸਾੜ ਕੇ ਕੀਤਾ ਗਿਆ। ਮੁਹਾਲੀ ਦੇ ਫੇਜ਼-8 (ਨੇੜੇ ਐਜੂਕੇਸ਼ਨ ਬੋਰਡ) ਦੀਆਂ ਲਾਈਟਾਂ ਵੱਖ ਵੱਖ ਵਿਭਾਗਾਂ ਦੇ ਮੁਲਾਜ਼ਮਾਂ ਤੇ ਪੈਨਸ਼ਨਰਾਂ ਨੇ ਇਕੱਤਰ ਹੋ ਕੇ ਪੰਜਾਬ ਸਰਕਾਰ ਦੀ ਅਰਥੀ ਫੂਕੀ ਪੰਜਾਬ ਸਰਕਾਰ ਵੱਲੋਂ ਮੁਲਾਜ਼ਮਾਂ ਤੇ ਪੈਨਸ਼ਨਰਾਂ ਦੀਆਂ ਮੰਗਾਂ ਮੰਨਣ ਦੀ ਥਾਂ ਤਸ਼ੱਦਦ ਦੇ ਰਾਹ 'ਤੇ ਚੱਲ ਰਹੀ ਹੈ ਜਿਸ ਦਾ ਮੁਕਾਬਲਾ ਲੋਕਾਂ ਦੀ ਸ਼ਕਤੀ ਨਾਲ ਕੀਤਾ ਜਾਵੇਗਾ। ਇਸ ਮੌਕੇ ਜੰਗਲਾਤ ਵਿਭਾਗ ਦੇ ਆਗੂ ਸੁੱਲਖਣ ਸਿੰਘ ਸਿਸਵਾ, ਅਮਨਦੀਪ ਸਿੰਘ ਪ੍ਰਧਾਨ ਛੱਤ ਬੀੜ ਚਿੜੀਆ ਘਰ, ਸਰੇਸ਼ ਕੁਮਾਰ ਪ੍ਰਧਾਨ, ਸਿਵੇਦਰ ਕੁਮਾਰ ਜਨ. ਸਕੱਤਰ ਬਾਗਬਾਨੀ, ਸੁਰਜੀਤ ਸਿੰਘ ਮੁਹਾਲੀ ਗੌ ਟੀ ਯੂਨੀਅਨ, ਅਜਮੇਰ ਸਿੰਘ ਲੌਂਗੀਆ, ਨਗਰ ਨਿਗਮ ਮੁਹਾਲੀ, ਫੈਡਰੇਸ਼ਨ ਆਗੂ ਤੇਜਿੰਦਰ ਸਿੰਘ ਬਾਬਾ, ਮੁਲਾਜਮ ਤੇ ਪੈਨਸ਼ਨਰ ਸਾਂਝਾ ਫਰੰਟ ਦੇ ਕਨਵੀਨਰ ਕਰਮ ਸਿੰਘ ਧਨੋਆ, ਪ ਸ ਸ ਫ (ਵਿਗਿਆਨਕ) ਦੇ ਸਾਥੀ ਐਨ ਡੀ ਤਿਵਾੜੀ, ਬੈਂਕ ਮੁਲਾਜ਼ਮਾਂ ਦੇ ਕੌਮੀ ਆਗੂ ਸੱਜਣ ਸਿੰਘ ਬੈਂਸ, ਪ ਸ ਸ ਫ ਦੇ ਜ਼ਿਲਾ ਪ੍ਰਧਾਨ ਕਰਮਾਪੁਰੀ ਨੇ ਵੀ ਸੰਬੋਧਨ ਕੀਤਾ। ਇਸ ਮੌਕੇ ਮਿਡ ਡੇ ਮੀਲ ਆਗੂ ਕੁਲਵਿੰਦਰ ਕੌਰ ਆਪਣੀਆਂ ਸਾਥਣਾਂ ਨਾਲ ਤੇ ਗੌ ਟੀ ਯੂਨੀਅਨ ਦੇ ਸਾਬਕਾ ਪ੍ਰੈਸ ਸਕੱਤਰ ਹਰਨੇਕ ਸਿੰਘ ਮਾਵੀ ਵੀ ਹਾਜ਼ਰ ਸਨ।

ਪਿੰਡ ਖੁਸਰੋਪੁਰ 'ਚ ਚੈਰਿਟੀ ਸੈਮੀਨਾਰ ਲਗਾਇਆ

ਕਰਤਾਰਪੁਰ (ਹਰਮੇਸ਼ ਦੱਤ)- ਵਧੀਕ ਡਾਇਰੈਕਟਰ ਜਨਰਲ ਪੁਲਸ ਕਮਿਊਨਿਟੀ ਅਫੇਅਰ ਡਵੀਜ਼ਨ ਚੰਡੀਗੜ੍ਹ ਪੰਜਾਬ ਦੀਆਂ ਹਦਾਇਤਾਂ ਅਨੁਸਾਰ ਅਤੇ ਐਸ ਐਸ ਪੀ ਜਲੰਧਰ ਦਿਹਾਤੀ ਮੁਖਵਿੰਦਰ ਸਿੰਘ ਭੁੱਲਰ ਦੇ ਦਿਸ਼ਾ ਨਿਰਦੇਸ਼ ਅਨੁਸਾਰ ਅਤੇ ਮਨਜੀਤ ਕੌਰ ਜ਼ਿਲ੍ਹਾ ਕਮਿਊਨਿਟੀ ਪੁਲਸ ਅਫਸਰ ਜਲੰਧਰ ਦਿਹਾਤੀ ਦੀ ਦੇਖ ਰੇਖ ਹੇਠ ਮਿਤੀ 24 ਮਈ ਨੂੰ ਸਬ ਡਵੀਜ਼ਨ ਸਾਂਝ ਕੇਂਦਰ ਕਰਤਾਰਪੁਰ ਵੱਲੋਂ ਇੰਚਾਰਜ ਜ਼ਿਲ੍ਹਾ ਸਾਂਝ ਕੇਂਦਰ ਇੰਸਪੈਕਟਰ ਪੂਰਨ ਸਿੰਘ ਦੀ ਸੁਪਰਵਿਜ਼ਨ ਹੇਠ ਸ਼ਹੀਦ ਸਰਵਨ ਸਿੰਘ ਸਰਕਾਰੀ ਸੀਨੀਅਰ ਸੈਕੰਡਰੀ ਸਮਾਰਟ ਸਕੂਲ ਪਿੰਡ ਖੁਸਰੋਪੁਰ ਵਿਖੇ ਚੈਰਿਟੀ ਸੈਮੀਨਾਰ ਕੀਤਾ ਗਿਆ। ਸੈਮੀਨਾਰ ਵਿੱਚ ਸਕੂਲ ਦੇ ਛੇਵੀਂ ਤੋਂ ਲੈ ਕੇ ਅੱਠਵੀਂ ਕਲਾਸ ਤੱਕ ਦੇ ਲੋੜਵੰਦ 60 ਬੱਚਿਆਂ ਨੂੰ ਕਾਪੀਆਂ ਅਤੇ ਜੁਮੈਟਰੀ ਬਾਕਸ ਵੰਡੇ ਗਏ । ਇਸ ਮੌਕੇ ਇੰਸਪੈਕਟਰ ਪੂਰਨ ਸਿੰਘ ਵੱਲੋਂ ਸਾਂਝ ਕੇਂਦਰਾਂ ਵੱਲੋਂ ਦਿੱਤੀਆਂ ਜਾਣ ਵਾਲੀਆਂ ਸੇਵਾਵਾਂ ਤੇ ਟ੍ਰੈਫਿਕ ਨਿਯਮਾਂ ਸੰਬੰਧੀ ਜਾਣਕਾਰੀ ਦਿੱਤੀ ਗਈ । ਏ ਐਸ ਆਈ ਜਗਤਾਰ ਸਿੰਘ ਵੱਲੋਂ ਬੱਚਿਆਂ ਨੂੰ ਨਸ਼ਿਆਂ ਦੇ ਮਾੜੇ ਪ੍ਰਭਾਵਾਂ ਅਤੇ ਨਸ਼ਿਆਂ ਤੋਂ ਬਚ ਕੇ ਰਹਿਣ ਸੰਬੰਧੀ ਜਾਗਰੂਕ ਕੀਤਾ ਗਿਆ। ਲੇਡੀ ਸੀਨੀਅਰ ਸਿਪਾਹੀ ਅਮਨਦੀਪ ਕੌਰ ਵੱਲੋਂ ਔਰਤਾਂ, ਬੱਚਿਆਂ ਅਤੇ ਬਜ਼ੁਰਗਾਂ ਦੀ ਸਹਾਇਤਾ ਲਈ ਪੁਲਸ ਹੈਲਪ ਲਾਈਨ ਨੰਬਰ 181, 112 ਅਤੇ 1091 ਦੀ ਵਰਤੋਂ ਬਾਰੇ ਅਤੇ ਸ਼ਕਤੀ ਐਪ ਸੰਬੰਧੀ ਜਾਣਕਾਰੀ ਦਿੱਤੀ ਗਈ । ਇਸ ਮੌਕੇ ਡੀ ਏ ਵੀ ਹਾਈ ਸਕੂਲ ਕਰਤਾਰਪੁਰ ਦੇ ਪ੍ਰਿੰ. ਮੁਕੇਸ਼ ਕੁਮਾਰ ਵੱਲੋਂ ਬੱਚਿਆਂ ਨੂੰ ਆਪਣੇ ਮਾਤਾ ਪਿਤਾ ਤੇ ਟੀਚਰਾਂ ਦੇ ਆਗਿਆਕਾਰੀ ਬਣਨ, ਮਨ ਲਗਾ ਕੇ ਪੜ੍ਹਨ ਸੰਬੰਧੀ ਪ੍ਰੇਰਿਆ ਗਿਆ । ਸੈਮੀਨਾਰ ਵਿੱਚ ਸਕੂਲ ਦੀ ਪ੍ਰਿੰ. ਆਸ਼ੂ ਬਾਲਾ, ਰੇਨੂੰ ਬਾਲਾ ਲੈਕਚਰਾਰ, ਰੋਹਿਤ ਮਿਸ਼ਰਾ ਲੈਕਚਰਾਰ ਅਤੇ ਸਕੂਲ ਦਾ ਹੋਰ ਸਟਾਫ ਹਾਜ਼ਰ ਸੀ ।

27-MAY-PAGE-10.qxd 5/26/2023 9:52 PM Page 1

ਪਹਿਲਵਾਨ ਧੀਆਂ ਦੇ ਸੰਘਰਸ਼ ’ਚ ਹਮਾਇਤ ਜੁਟਾਉਣ ਲਈ ਪਹਿਲਵਾਨ ਜੋੜੀ ਸ੍ਰੀ ਫ਼ਤਹਿਗੜ੍ਹ ਸਾਹਿਬ ਵਿਖੇ ਪਹੁੰਚੀ

ਜਥੇਦਾਰ ਜਗਦੀਪ ਸਿੰਘ ਚੀਮਾ ਨੇ ਪਹਿਲਵਾਨ ਸੱਤਿਆਵਰਤ ਤੇ ਸਾਕਸ਼ੀ ਮਲਿਕ ਦਾ ਸਨਮਾਨ ਕਰਦਿਆਂ ਪੂਰਨ ਹਮਾਇਤ ਦਾ ਦਿੱਤਾ ਭਰੋਸਾ

ਸ੍ਰੀ ਫ਼ਤਹਿਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)

ਪਹਿਲਵਾਨ ਲੜਕੀਆਂ ਵੱਲੋਂ ਕੁਸ਼ਤੀ ਫੈਡਰੇਸ਼ਨ ਆਫ ਇੰਡੀਆ ਦੇ ਪ੍ਰਧਾਨ ਤੇ ਭਾਰਤੀ ਜਨਤਾ ਪਾਰਟੀ ਦੇ ਮੈਂਬਰ ਪਾਰਲੀਮੈਂਟ ਬ੍ਰਿਜ ਭੂਸ਼ਨ ਸਿੰਘ ’ਤੇ ਲਗਾਏ ਗਏ ਯੌਨ ਸ਼ੋਸ਼ਣ ਦੇ ਦੋਸ਼ਾਂ ਦੇ ਮਾਮਲੇ ’ਚ ਇਨਸਾਫ ਦੀ ਮੰਗ ਨੂੰ ਲੈ ਕੇ ਖੇਡਾਂ ਦੇ ਖੇਤਰ ’ਚ ਨਾਮਣਾ ਖੱਟਣ ਵਾਲੇ ਅਨੇਕਾਂ ਹੀ ਲੜਕੇ, ਲੜਕੀਆਂ ਵੱਲੋਂ ਬੀਤੇ ਕਰੀਬ ਇੱਕ ਮਹੀਨੇ ਤੋਂ ਦਿੱਲੀ ਦੇ ਜੰਤਰ-ਮੰਤਰ ਵਿਖੇ ਰੋਸ ਪ੍ਰਦਰਸ਼ਨ ਕੀਤਾ ਜਾ ਰਿਹਾ ਹੈ, ਪਰ ਦੇਸ਼ ਦੀ ਸਰਕਾਰ ਇਸ ਮਾਮਲੇ ’ਚ ਦੇਸ਼ ਦੀਆਂ ਧੀਆਂ ਨੂੰ ਇਨਸਾਫ ਦੇਣ ਦੀ ਬਜਾਏ ਇੰਨੇ ਗੰਭੀਰ ਦੋਸ਼ਾਂ ’ਚ ਘਿਰੇ ਆਪਣੇ ਚਹੇਤੇ ਨੂੰ ਬਚਾਉਣ ’ਚ ਲੱਗੀ ਹੋਈ ਹੈ, ਪਰ ਇਨਸਾਫ ਮਿਲਣ ਤੱਕ ਉਹ ਟਿਕ ਕੇ ਨਹੀਂ ਬੈਠਣਗੇ ਤੇ ਸੰਘਰਸ਼ ਦੀ ਇਸੇ ਲੜੀ ਤਹਿਤ ਆਉਂਦੀ 28 ਮਈ ਨੂੰ ਦੇਸ਼ ਦੀ ਨਵੀਂ ਪਾਰਲੀਮੈਂਟ ਸਾਹਮਣੇ ਮਹਿਲਾ ਸੰਮਾਨ ਮਹਾਂ ਪੰਚਾਇਤ ਕੀਤੀ ਜਾ ਰਹੀ ਹੈ, ਜਿਸ ਵਿੱਚ ਸਿੱਖ ਕੌਮ ਦਾ ਸਮਰਥਨ

ਉੱਘੀ ਪਹਿਲਵਾਨ ਜੋੜੀ ਸੱਤਿਆਵਰਤ ਤੇ ਸਾਕਸ਼ੀ ਮਲਿਕ ਦਾ ਸਨਮਾਨ ਕਰਦੇ ਜਥੇਦਾਰ ਜਗਦੀਪ ਸਿੰਘ ਚੀਮਾ ਤੇ ਹੋਰ।

ਜੁਟਾਉਣ ਦੇ ਮਕਸਦ ਨਾਲ ਉਹ ਇੱਥੇ ਪਹੁੰਚੇ ਹਨ। ਇਹ ਵਿਚਾਰ ਸ੍ਰੀ ਫ਼ਤਹਿਗੜ੍ਹ ਸਾਹਿਬ ਵਿਖੇ ਪਹੁੰਚੀ ਉੱਘੀ ਪਹਿਲਵਾਨ ਜੋੜੀ ਪਹਿਲਵਾਨ ਸੱਤਿਆਵਰਤ ਤੇ ਪਹਿਲਵਾਨ ਸਾਕਸ਼ੀ ਮਲਿਕ ਨੇ ਗੱਲਬਾਤ ਕਰਦਿਆਂ ਪ੍ਰਗਟ ਕੀਤੇ।

ਗੁਰਦੁਆਰਾ ਸ੍ਰੀ ਫ਼ਤਹਿਗੜ੍ਹ ਸਾਹਿਬ ਵਿਖੇ ਨਤਮਸਤਕ ਹੋਣ ਤੋਂ ਬਾਅਦ ਪਹਿਲਵਾਨ ਸਾਕਸ਼ੀ ਮਲਿਕ ਨੇ ਕਿਹਾ ਕਿ ਸਿੱਖ ਕੌਮ ਨੇ ਹਰ ਸੰਘਰਸ਼ ’ਚ ਮੋਹਰੀ ਰੋਲ ਨਿਭਾ ਕੇ ਹਮੇਸ਼ਾ ਸੱਚ ਦਾ ਸਾਥ ਦਿੱਤਾ ਹੈ ਤੇ ਰੋਜ਼ਾਨਾ ਪੰਜਾਬ ਤੋਂ ਕਿੰਨੇ ਹੀ ਕਿਸਾਨ ਆਗੂ ਤੇ ਹੋਰ ਲੋਕ ਉਨ੍ਹਾਂ ਦੀ ਹਮਾਇਤ ’ਚ ਦਿੱਲੀ ਪਹੁੰਚ ਰਹੇ ਹਨ ਤੇ ਅੱਜ ਵੀ ਇੱਥੇ ਪਹੁੰਚਣ ’ਤੇ ਸੀਨੀਅਰ ਅਕਾਲੀ ਆਗੂ ਜਥੇਦਾਰ ਜਗਦੀਪ ਸਿੰਘ ਚੀਮਾ ਤੇ ਉਨ੍ਹਾਂ ਦੇ ਸਾਥੀਆਂ ਨੇ ਉਨ੍ਹਾਂ ਦਾ ਸਨਮਾਨ ਕਰਦੇ ਹੋਏ ਉਨ੍ਹਾਂ ਨੂੰ ਵਿਸ਼ਵਾਸ ਦਿਵਾਇਆ ਕਿ ਦੇਸ਼ ਦੀਆਂ ਧੀਆਂ ਦੇ ਨਾਲ ਉਹ ਡੱਟ ਕੇ ਖੜੇ ਹਨ ਤੇ ਉਨ੍ਹਾਂ ਨੂੰ ਇਨਸਾਫ ਦਿਵਾਉਣ ਲਈ ਉਹ ਹਰ ਸੰਭਵ ਯਤਨ ਕਰਦੇ ਰਹਿਣਗੇ।

ਤਰਕਸ਼ੀਲ ਸੁਸਾਇਟੀ ਵੱਲੋਂ ਵਿਦਿਆਰਥੀ ਚੇਤਨਾ ਪਰਖ ਪ੍ਰੀਖਿਆ ਲਈ ਪ੍ਰਚਾਰ ਮੁਹਿੰਮ ਸ਼ੁਰੂ

ਰਾਮਪੁਰਾ ਫੂਲ (ਦਰਸ਼ਨ ਜਿੰਦਲ)-ਤਰਕਸ਼ੀਲ ਸੁਸਾਇਟੀ ਵੱਲੋਂ ਪਿਛਲੇ ਪੰਜ ਸਾਲਾਂ ਤੋਂ ਵਿਦਿਆਰਥੀ ਚੇਤਨਾ ਪਰਖ ਪ੍ਰੀਖਿਆ ਕਰਵਾਈ ਜਾ ਰਹੀ ਹੈ। ਇਸ ਵਾਰ ਦੀ ਪ੍ਰੀਖਿਆ ਦੇ ਸਮੁੱਚੇ ਪ੍ਰੋਗਰਾਮ ਦਾ ਐਲਾਨ ਕਰ ਦਿੱਤਾ ਗਿਆ ਹੈ ਤੇ ਸਕੂਲਾਂ ’ਚ ਜਾ ਕੇ ਇਹ ਪ੍ਰੀਖਿਆ ਦੀ ਪ੍ਰਚਾਰ ਮੁਹਿੰਮ ਸ਼ੁਰੂ ਕਰ ਦਿੱਤੀ ਗਈ ਹੈ। ਪੰਜਾਬ ਸੂਬਾ ਕਮੇਟੀ ਵੱਲੋਂ ਜਾਰੀ ਪ੍ਰੈੱਸ ਬਿਆਨ ਰਾਹੀਂ ਸੂਬਾ ਮੁਖੀ ਰਜਿੰਦਰ ਭਦੌੜ, ਚੇਤਨਾ ਪ੍ਰੀਖਿਆ ਮੁਖੀ ਰਾਮ ਸਵਰਨ ਲੱਖੇਵਾਲੀ, ਪ੍ਰੀਖਿਆ ਸਹਾਇਕ ਗੁਰਪ੍ਰੀਤ ਸਹਿਣਾ ਤੇ ਪ੍ਰੀਖਿਆ ਵੈੱਬਸਾਈਟ ਇੰਚਾਰਜ ਗਗਨ ਰਾਮਪੁਰਾ ਨੇ ਕਿਹਾ ਕਿ ਇਸ ਵਾਰ ਦੀ ਪ੍ਰੀਖਿਆ, ਜੀਵ ਵਿਕਾਸ ਦਾ ਸਿਧਾਂਤ ਦੇਣ ਵਾਲੇ ਵਿਗਿਆਨੀ ਚਾਰਲਸ ਡਾਰਵਿਨ ਨੂੰ ਸਮਰਪਤ ਹੋਵੇਗੀ। ਆਗੂਆਂ ਨੇ ਦੱਸਿਆ ਕਿ ਪ੍ਰੀਖਿਆ ’ਚ ਭਾਗ ਲੈਣ ਵਾਲੇ ਵਿਦਿਆਰਥੀਆਂ ਦੀ ਗਿਣਤੀ ’ਚ ਹਰ ਸਾਲ ਵਾਧਾ ਹੋ ਰਿਹਾ ਹੈ। ਪੰਜਾਬ ਦਾ ਕੋਈ ਵੀ ਸਕੂਲ ਚੇਤਨਾ ਪ੍ਰੀਖਿਆ ਦੇ ਵੈੱਬ ਪੋਰਟਲ ਤੋਂ ਆਪਣੇ ਇਲਾਕੇ ਦੇ ਤਰਕਸ਼ੀਲ ਆਗੂ ਦਾ ਸੰਪਰਕ ਨੰਬਰ ਲੈ ਸਕਦਾ ਹੈ ਤੇ ਵੈੱਬਸਾਈਟ ਉੱਪਰ ਵਿਦਿਆਰਥੀ ਰਜਿਸਟਰ ਕਰ ਸਕਦਾ ਹੈ। ਪ੍ਰੀਖਿਆ ਕਿਤਾਬ ਵਿੱਚ ਬੱਚਿਆਂ ਲਈ ਉਸਾਰੂ ਤੇ ਰੋਚਕ ਵਿਸ਼ੇ ਪਾਏ ਗਏ ਹਨ।

ਪ੍ਰੀਖਿਆ ਦਾ ਉਦੇਸ਼ ਹੈ ਕਿ ਵਿਦਿਆਰਥੀਆਂ ਦੀ ਸਮਝ ਵਿਗਿਆਨਕ ਬਣਾਈ ਜਾਵੇ, ਭਾਰਤ ਦੇ ਸ਼ਾਨਾਮੱਤੇ ਇਤਿਹਾਸ ਤੋਂ ਜਾਣੂ ਕਰਵਾਇਆ ਜਾਵੇ ਤੇ ਸਮਾਜ ਦੇ ਅਸਲ ਨਾਇਕਾਂ ਦੇ ਰੂਬਰੂ ਕਰਵਾਇਆ ਜਾਵੇ। ਹਰ ਵਿਦਿਆਰਥੀ ਲਈ ਪਾਰਟੀਸਿਪੇਸ਼ਨ ਸਰਟੀਫਿਕੇਟ ਤੇ ਇਕਾਈ, ਜ਼ੋਨ ਤੇ ਸਟੇਟ ’ਚੋਂ ਸ਼੍ਰੇਣੀਵਾਰ ਪਹਿਲੇ, ਦੂਜੇ ਤੇ ਤੀਜੇ ਸਥਾਨ ’ਤੇ ਰਹਿਣ ਵਾਲੇ ਵਿਦਿਆਰਥੀਆਂ ਨੂੰ ਇਨਾਮ ਦਿੱਤੇ ਜਾਣਗੇ। ਪ੍ਰੀਖਿਆ ਆਬਜੈਕਟਿਵ ਟਾਈਪ ਹੋਵੇਗੀ ਤੇ ਓ ਐੱਮ ਆਰ ਸ਼ੀਟ ’ਤੇ ਲਈ ਜਾਵਗੀ।

ਐੱਸ ਐੱਸ ਪੀ ਵੱਲੋਂ ਥਾਣਾ ਸਿਟੀ ਮਲੋਟ ਦੀ ਚੈਕਿੰਗ

ਮਲੋਟ (ਗੁਰਮੀਤ ਸਿੰਘ ਮੱਕੜ)

ਹਰਮਨਬੀਰ ਸਿੰਘ ਗਿੱਲ ਐੱਸ.ਐੱਸ.ਪੀ. ਸ੍ਰੀ ਮੁਕਤਸਰ ਸਾਹਿਬ ਵੱਲੋਂ ਲੋਕਾਂ ਦੀ ਸੁਰੱਖਿਆ ਨੂੰ ਮੁੱਖ ਰੱਖਦਿਆਂ ਸਿਟੀ ਮਲੋਟ ਵਿਖੇ ਪਹੁੰਚ ਕੇ ਅਚਨਚੇਤ ਚੈਕਿੰਗ ਕੀਤੀ ਗਈ। ਚੈਕਿੰਗ ਦੌਰਾਨ ਥਾਣੇ ਅੰਦਰ ਚੱਲ ਰਹੇ ਕੰਮ ਕਾਜ ਦਾ ਜਾਇਜ਼ਾ ਲਿਆ ਗਿਆ ਤੇ ਡਿਊਟੀ ਨੂੰ ਹੋਰ ਵੀ ਵਧੀਆ ਕਰਨ ਲਈ ਹਦਾਇਤਾਂ ਜਾਰੀ ਕੀਤੀ ਗਈਆਂ।ਇਸ ਮੌਕੇ ’ਤੇ ਸ. ਰਮਨਦੀਪ ਸਿੰਘ ਭੁੱਲਰ ਐੱਸ.ਪੀ. (ਡੀ) ਤੇ ਬਲਕਾਰ ਸਿੰਘ ਡੀ.ਐੱਸ.ਪੀ (ਮਲੋਟ) ਵੀ ਮੌਕੇ ’ਤੇ ਹਾਜ਼ਰ ਸਨ।

ਇਸ ਮੌਕੇ ਐੱਸ.ਐੱਸ.ਪੀ. ਨੇ ਦੱਸਿਆ ਕਿ ਜ਼ਿਲ੍ਹੇ ਅੰਦਰ ਸ਼ਰਾਰਤੀ ਅਨਸਰਾਂ ਤੇ ਨਸ਼ਿਆਂ ਖਿਲਾਫ ਵਿੱਢੀ ਮੁਹਿੰਮ ਤਹਿਤ ਤੇ ਲੋਕਾਂ ਦੀ ਸੁਰੱਖਿਆ ਨੂੰ ਮੁੱਖ ਰੱਖਦਿਆਂ ਜ਼ਿਲ੍ਹੇ ਅੰਦਰ ਸਖਤ ਸੁਰੱਖਿਆ ਪ੍ਰਬੰਧ ਕੀਤੇ ਗਏ ਹਨ, ਜਿਸ ਤਹਿਤ ਥਾਣਾ ਸਿਟੀ ਮਲੋਟ ਦੀ ਅਚਨਚੇਤ ਚੈਕਿੰਗ ਕੀਤੀ ਗਈ, ਜਿਸ ’ਤੇ ਥਾਣਿਆਂ ਅੰਦਰ ਅਸਲਾ, ਜੀ.ਓ. ਮੈੱਸ, ਮਾਲ ਖਾਨੇ ਦਾ ਰਿਕਾਰਡ, ਡਾਕ ਰਜਿਸਟਰ, ਬਿਲਡਿੰਗ, ਕੈਮਰੇ ਬਾਰੇ ਜਾਇਜ਼ਾ ਲਿਆ ਗਿਆ ਤੇ ਆਪਣੀਆਂ ਸ਼ਿਕਾਇਤਾਂ ਲੈ ਕੇ ਥਾਣੇ ਵਿੱਚ ਆਉਣ ਵਾਲੇ ਲੋਕਾਂ ਦੇ ਬੈਠਣ ਲਈ ਕੀਤੇ ਪ੍ਰਬੰਧਾਂ ਬਾਰੇ ਜਾਣਕਾਰੀ ਲਈ

ਮਲੋਟ ਥਾਣਾ ਸਿਟੀ ਦਾ ਜਾਇਜ਼ਾ ਲੈਣ ਸਮੇਂ ਐੱਸ.ਐੱਸ.ਪੀ. ਹਰਮਨਬੀਰ ਸਿੰਘ ਗਿੱਲ।

ਗਈ। ਉਨ੍ਹਾ ਦੱਸਿਆ ਕਿ ਪੁਲਸ ਮੁਲਾਜ਼ਮਾਂ ਨੂੰ ਹਦਾਇਤਾਂ ਕੀਤੀਆਂ ਗਈਆਂ ਕਿ ਲੋਕਾਂ ਦੀਆਂ ਸ਼ਿਕਾਇਤਾਂ ਦਾ ਸਮੇਂ ਸਿਰ ਨਿਪਟਾਰਾ ਕੀਤਾ ਜਾਵੇ ਤੇ ਪੈਂਡਿੰਗ ਪਏ ਮੁਕੱਦਮਿਆਂ ’ਚ ਤੇਜ਼ੀ ਲਿਆਂਦੀ ਜਾਵੇ।ਐੱਸ.ਐੱਸ.ਪੀ. ਨੇ ਦੱਸਿਆ ਕਿ ਥਾਣਿਆਂ ਅੰਦਰ ਸਪੈਸ਼ਲ ਤੌਰ ’ਤੇ ਲੇਡੀ ਪੁਲਸ ਸਟਾਫ ਤਾਇਨਾਤ ਕੀਤਾ ਗਿਆ ਹੈ, ਜੇਕਰ ਕਿਸੇ ਵੀ ਔਰਤ ਵੱਲੋਂ ਆਪਣੀ ਕੋਈ ਵੀ ਸ਼ਿਕਾਇਤ ਦਰਜ ਕਰਵਾਉਣੀ ਹੋਵੇ ਤਾਂ ਉਨ੍ਹਾਂ ਨੂੰ ਕੋਈ ਵੀ ਮੁਸ਼ਕਲ ਨਾ ਆਵੇ।ਉਨ੍ਹਾ ਕਿਹਾ ਕਿ ਡਿਊਟੀ ਤੋਂ ਕੁਤਾਹੀ ਕਰਨ ਵਾਲੇ ਪੁਲਸ ਮੁਲਾਜ਼ਮਾਂ ਨੂੰ ਬਖਸ਼ਿਆ ਨਹੀਂ ਜਾਵੇਗਾ ਤੇ ਵਧੀਆ ਡਿਊਟੀ ਕਰਨ ਵਾਲੇ ਪੁਲਸ ਮੁਲਾਜ਼ਮਾਂ ਨੂੰ ਸਰਟੀਫਿਕੇਟ ਦੇ ਕੇ ਸਨਮਾਨਤ ਕੀਤਾ ਜਾ ਰਿਹਾ ਹੈ। ਉਨ੍ਹਾ ਲੋਕਾਂ ਨੂੰ ਅਪੀਲ ਕੀਤੀ ਹੈ ਕਿ ਉਹ ਬਿਨਾਂ ਕਿਸੇ ਡਰ, ਭੈਅ ਤੋਂ ਆਪਣੀ ਸ਼ਿਕਾਇਤ ਥਾਣਿਆਂ ਅੰਦਰ ਦਰਜ ਕਰਵਾਉਣ ਤੇ ਜੇਕਰ ਤੁਸੀਂ ਸਾਡੇ ਨਾਲ ਕੋਈ ਜਾਣਕਾਰੀ ਸਾਂਝੀ ਕਰਨਾ ਚਾਹੁੰਦੇ ਹੋ ਤਾਂ ਤੁਸੀਂ ਸਾਡੇ ਹੈਲਪ ਲਾਈਨ ਨੰਬਰ 80549-42100 ਫੋਨ ਕਾਲ ਜਾਂ ਵੱਟਸਐਪ ’ਤੇ ਮੈਸਿਜ ਰਾਹੀਂ ਦੇ ਸਕਦੇ ਹੋ, ਜਾਣਕਾਰੀ ਦੇਣ ਵਾਲੇ ਦਾ ਨਾਮ ਗੁਪਤ ਰੱਖਿਆ ਜਾਵੇਗਾ।

ਕਾਤਰਾਂ

ਸਿਮਰਨਜੀਤ ਮਾਨ ਵੱਲੋਂ ਧੂਰੀ ਹਲਕੇ ਲਈ ਗਰਾਂਟਾਂ ਜਾਰੀ

ਧੂਰੀ (ਰਾਜੇਸ਼ਵਰ ਪਿੰਟੂ, ਬਿੰਨੀ ਗਰਗ)-ਸ਼੍ਰੋਮਣੀ ਅਕਾਲੀ ਦਲ (ਅੰਮ੍ਰਿਤਸਰ) ਦੇ ਸੀਨੀਅਰ ਆਗੂ ਹਰਬੰਸ ਸਿੰਘ ਸਲੇਮਪੁਰ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਲੋਕ ਸਭਾ ਹਲਕਾ ਸੰਗਰੂਰ ਤੋਂ ਸਾਂਸਦ ਸਿਮਰਨਜੀਤ ਸਿੰਘ ਮਾਨ ਨੇ ਧੂਰੀ ਹਲਕੇ ਦੇ ਪਿੰਡਾਂ ਨੂੰ ਵਿਕਾਸ ਕਾਰਜਾਂ ਲਈ ਲੱਖਾਂ ਰੁਪੈ ਦੀ ਗਰਾਂਟ ਜਾਰੀ ਕੀਤੀ ਹੈ। ਉਨ੍ਹਾ ਦੱਸਿਆ ਕਿ ਪਿੰਡ ਪੇਧਨੀ ਨੂੰ 1.50 ਲੱਖ, ਕੱਕੜਵਾਲ ਨੂੰ 1.25 ਲੱਖ, ਘਨੌਰ ਖੁਰਦ ਨੂੰ 1.25 ਲੱਖ, ਮੀਮਸਾ ਨੂੰ 1.25 ਲੱਖ, ਭੋਜੋਵਾਲੀ ਨੂੰ 1 ਲੱਖ, ਭੁੱਲਰਹੇੜੀ ਨੂੰ 1.25 ਲੱਖ, ਜੱਖਲਾਂ ਨੂੰ 1.25 ਲੱਖ, ਹਰਚੰਦਪੁਰਾ ਨੂੰ 1.25 ਲੱਖ, ਖੇੜੀ ਜੱਟਾਂ ਨੂੰ 1.40 ਲੱਖ, ਈਸਾਪੁਰ ਨੂੰ 1.25 ਲੱਖ ਦੀ ਗਰਾਂਟ ਜਾਰੀ ਕੀਤੀ ਗਈ ਹੈ, ਜਦਕਿ ਪਿੰਡ ਭਸੌੜ ਤੇ ਕਿਲ੍ਹਾ ਹਕੀਮਾਂ ਵਿਖੇ ਓਪਨ ਜਿੰਮ ਦਿੱਤੇ ਗਏ ਹਨ। ਉਨ੍ਹਾ ਕਿਹਾ ਕਿ ਹਲਕੇ ਦੇ ਬਾਕੀ ਪਿੰਡਾਂ ਨੂੰ ਵੀ ਜਲਦੀ ਹੀ ਗਰਾਂਟਾਂ, ਪਾਣੀ ਵਾਲੇ ਟੈਂਕਰ, ਜਿੰਮ, ਬੈਂਚ ਤੇ ਖੇਡ ਕਿੱਟਾਂ ਦਿੱਤੀਆਂ ਜਾ ਰਹੀਆਂ ਹਨ। ਅੰਗਹੀਣ ਵਿਅਕਤੀਆਂ ਨੂੰ ਇਲੈਕਟਰੌਨਿਕ ਟਰਾਈ ਸਾਈਕਲ ਵੀ ਵੰਡੇ ਜਾ ਰਹੇ ਹਨ।

ਸਿਮਰਨਜੀਤ ਕੌਰ ਨੇ ਚਮਕਾਇਆ ਮੁਕਤਸਰ ਜ਼ਿਲ੍ਹੇ ਦਾ ਨਾਂਅ



ਸ੍ਰੀ ਮੁਕਤਸਰ ਸਾਹਿਬ/ਗਿੱਦੜਬਾਹਾ (ਪੂਜਾ/ਜਸਵੰਤ ਗਿੱਲ)-ਸ੍ਰੀ ਮੁਕਤਸਰ ਸਾਹਿਬ ਜ਼ਿਲ੍ਹੇ ਦੇ ਪਿੰਡ ਮਹਾਂਬੱਧਰ ਦੀ ਜੰਮਪਲ ਸਿਮਰਨਜੀਤ ਕੌਰ ਪੁੱਤਰੀ ਸ੍ਰੀ ਹਰਗੋਪਾਲ ਸਿੰਘ ਨੇ ਬਾਰਵੀਂ ਕਲਾਸ ਦੀ ਪ੍ਰੀਖਿਆ ਵਿੱਚੋਂ 92 ਪ੍ਰਤੀਸ਼ਤ ਅੰਕ ਪ੍ਰਾਪਤ ਕਰਕੇ ਆਪਣੇ ਮਾਤਾ-ਪਿਤਾ ਤੇ ਇਲਾਕੇ ਦਾ ਨਾਮ ਰੌਸ਼ਨ ਕੀਤਾ ਹੈ। ਜ਼ਿਕਰਯੋਗ ਹੈ ਕਿ ਸਿਮਰਨਜੀਤ ਕੌਰ ਪਿੰਡ ਮਹਾਂਬੱਧਰ ਤੇ ਭਾਗਸਰ ਵਿਖੇ ਵੀ ਪੜ੍ਹਾਈ ਕਰਦੀ ਰਹੀ ਹੈ ਅਤੇ ਹੁਣ ਮੈਰੀਟੋਰੀਅਸ ਸਕੂਲ ਬਠਿੰਡਾ ਪਾਸੋਂ ਬਾਰਵੀਂ ਕਲਾਸ ’ਚ 92 ਪ੍ਰਤੀਸ਼ਤ ਅੰਕ ਪ੍ਰਾਪਤ ਕਰਕੇ ਜ਼ਿਲ੍ਹੇ ਦਾ ਨਾਮ ਰੌਸ਼ਨ ਕੀਤਾ।

ਬਾਰ੍ਹਵੀਂ ਜਮਾਤ ਦਾ ਨਤੀਜਾ ਸੌ ਪ੍ਰਤੀਸ਼ਤ



ਫਿਰੋਜ਼ਪੁਰ (ਅਸ਼ੋਕ ਸ਼ਰਮਾ)-ਸਥਾਨਕ ਨਿਊ ਗੁਰੂ ਤੇਗ ਬਹਾਦਰ ਪਬਲਿਕ ਸੀਨੀਅਰ ਸੈਕੰਡਰੀ ਸਕੂਲ ਮੁੱਦਕੀ ਦਾ ਬਾਰਵੀਂ ਜਮਾਤ ਦਾ ਨਤੀਜਾ 100 ਪ੍ਰਤੀਸ਼ਤ ਰਿਹਾ। ਵਿਦਿਆਰਥਣ ਅੰਜਲੀ ਸ਼ਰਮਾ ਪੁੱਤਰੀ ਜਗਦੀਪ ਸ਼ਰਮਾ ਨੇ 87.8 ਪ੍ਰਤੀਸ਼ਤ ਅੰਕ ਪ੍ਰਾਪਤ ਕਰਕੇ ਸਕੂਲ ਵਿੱਚੋਂ ਪਹਿਲਾ ਸਥਾਨ ਪ੍ਰਾਪਤ ਕੀਤਾ। ਹਰਮਨਪ੍ਰੀਤ ਸਿੰਘ ਪੁੱਤਰ ਨਛੱਤਰ ਸਿੰਘ ਨੇ 81 ਪ੍ਰਤੀਸ਼ਤ ਅੰਕ ਪ੍ਰਾਪਤ ਕਰਕੇ ਸਕੂਲ ’ਚੋਂ ਦੂਜਾ ਤੇ ਨਵਦੀਪ ਸਿੰਘ ਪੁੱਤਰ ਨਛੱਤਰ ਸਿੰਘ ਨੇ 80 ਪ੍ਰਤੀਸ਼ਤ ਅੰਕ ਪ੍ਰਾਪਤ ਕਰਕੇ ਸਕੂਲ ’ਚੋਂ ਤੀਜਾ ਸਥਾਨ ਪ੍ਰਾਪਤ ਕੀਤਾ। ਇਸ ਮੌਕੇ ਸਕੂਲ ਪ੍ਰਿੰਸੀਪਲ ਅੰਜੂ ਬਾਲਾ ਨੇ ਸਮੂਹ ਸਟਾਫ ਤੇ ਬੱਚਿਆਂ ਨੂੰ ਵਧਾਈ ਦਿੱਤੀ ਅਤੇ ਬੱਚਿਆਂ ਨੂੰ ਹੋਰ ਵੱਧ ਮਿਹਨਤ ਕਰਨ ਲਈ ਪ੍ਰੇਰਿਤ ਕੀਤਾ।

ਜਸਵੀਰ ਸਿੰਘ ਇੰਸਪੈਕਟਰ ਨੇ ਜ਼ਿਲ੍ਹਾ ਟ੍ਰੈਫਿਕ ਇੰਚਾਰਜ ਵਜੋਂ ਅਹੁਦਾ ਸੰਭਾਲਿਆ

ਮੁਕਤਸਰ ਸਾਹਿਬ (ਸ਼ਮਿੰਦਰਪਾਲ/ਪੂਜਾ)-ਵੱਖ-ਵੱਖ ਥਾਣਿਆਂ ਵਿੱਚ ਐਸ.ਐਚ.ਓ ਵਜੋਂ ਸੇਵਾ ਨਿਭਾਅ ਚੁੱਕੇ ਜਸਵੀਰ ਸਿੰਘ ਇੰਸਪੈਕਟਰ ਨੇ ਬਤੌਰ ਜ਼ਿਲ੍ਹਾ ਟ੍ਰੈਫਿਕ ਇੰਚਾਰਜ ਵਜੋਂ ਅਹੁਦਾ ਸੰਭਾਲਿਆ। ਅਹੁਦਾ ਸੰਭਾਲਦੇ ਹੀ ਪੀ ਸੀ ਆਰ ਦੇ ਇੰਚਾਰਜ ਸਬ ਇੰਸਪੈਕਟਰ ਸੁਖਦੇਵ ਸਿੰਘ ਅਤੇ ਜ਼ਿਲ੍ਹਾ ਸੜਕ ਸੁਰੱਖਿਆ ਕੌਂਸਲ ਦੇ ਮੈਂਬਰ ਅਤੇ ਟ੍ਰੈਫਿਕ ਮਾਰਸ਼ਲ ਜਸਪ੍ਰੀਤ ਸਿੰਘ ਛਾਬੜਾ ਨੇ ਉਨ੍ਹਾਂ ਨੂੰ ਜੀ ਆਇਆਂ ਕਿਹਾ ਇਸ ਦੌਰਾਨ ਜ਼ਿਲ੍ਹਾ ਟ੍ਰੈਫਿਕ ਇੰਚਾਰਜ ਜਸਵੀਰ ਸਿੰਘ ਨੇ ਕਿਹਾ ਕਿ ਮਾਨਯੋਗ ਐਸ.ਐਸ.ਪੀ ਹਰਮਨਬੀਰ ਸਿੰਘ ਗਿੱਲ ਦੇ ਦਿਸ਼ਾ-ਨਿਰਦੇਸ਼ ’ਤੇ ਸ਼ਹਿਰ ਵਿੱਚ ਟ੍ਰੈਫਿਕ ਸਮੱਸਿਆ ਖਤਮ ਕੀਤੀ ਜਾਵੇਗੀ ਅਤੇ ਰਾਹਗੀਰਾਂ ਨੂੰ ਕਿਸੇ ਵੀ ਪ੍ਰਕਾਰ ਦੀ ਪ੍ਰੇਸ਼ਾਨੀ ਨਹੀਂ ਆਉਣ ਦਿੱਤੀ ਜਾਵੇਗੀ। ਜਸਪ੍ਰੀਤ ਸਿੰਘ ਛਾਬੜਾ ਨੇ ਕਿਹਾ ਕਿ ਸਾਡੀ ਸੰਸਥਾ ਮੁਕਤੀਸਰ ਵੈਲਫੇਅਰ ਕਲੱਬ ਰਜਿ.) ਪਿਛਲੇ ਕਈ ਸਾਲਾਂ ਤੋਂ ਟ੍ਰੈਫਿਕ ਪੁਲਸ ਨਾਲ ਰਲ ਕੇ ਟ੍ਰੈਫਿਕ ਨਿਯਮਾਂ ਪ੍ਰਤੀ ਲੋਕਾਂ ਨੂੰ ਜਾਗਰੂਕ ਕਰ ਰਹੀ ਹੈ ਤੇ ਇਹ ਅਭਿਆਨ ਲਗਾਤਾਰ ਅੱਗੇ ਤੋਂ ਵੀ ਜਾਰੀ ਰਹੇਗਾ। ਇਸ ਮੌਕੇ ਟ੍ਰੈਫਿਕ ਪੁਲਸ ਦੇ ਮੁਨਸ਼ੀ ਯਾਦਵਿੰਦਰ ਸਿੰਘ, ਪੀ ਸੀ ਆਰ ਦੇ ਮੁੱਖ ਮੁਨਸੀ ਦਿਲਬਾਗ ਸਿੰਘ ਤੇ ਟ੍ਰੈਫਿਕ ਪੁਲਸ ਕ੍ਰਮਚਾਰੀ ਮੌਜੂਦ ਸਨ।

ਐੱਸ ਏ ਐੱਸ ਸਕੂਲ ਜੈਖਰ ਦਾ ਨਤੀਜਾ ਸ਼ਾਨਦਾਰ

ਪਾਤੜਾਂ (ਨਿਸ਼ਾਨ ਸਿੰਘ ਬਣਵਾਲਾ)-ਸ਼ੁਤਰਾਣਾ ਇਲਾਕੇ ਦੀ ਨਾਮਵਰ ਵਿੱਦਿਅਕ ਸੰਸਥਾ ਸਾਹਿਬਜ਼ਾਦਾ ਅਜੀਤ ਸਿੰਘ ਪਬਲਿਕ ਸੀਨੀਅਰ ਸੈਕੰਡਰੀ ਸਕੂਲ ਜੈਖਰ ਦੇ ਵਿਦਿਆਰਥੀਆਂ ਦਾ ਪੰਜਾਬ ਸਕੂਲ ਸਿੱਖਿਆ ਬੋਰਡ ਵੱਲੋਂ ਐਲਾਨਿਆ ਬਾਰਵੀਂ ਕਲਾਸ ਦਾ ਨਤੀਜਾ ਸੌ ਪ੍ਰਤੀਸ਼ਤ ਰਿਹਾ। ਜਾਣਕਾਰੀ ਦਿੰਦਿਆਂ ਸਕੂਲ ਦੇ ਪ੍ਰਿੰਸੀਪਲ ਨਿਧਾਨ ਸਿੰਘ ਨੇ ਦੱਸਿਆ ਕਿ ਬਾਰਵੀਂ ਕਲਾਸ ਵਿੱਚੋਂ ਰਸ਼ਨਦੀਪ ਕੌਰ ਨੇ 90.4% ਅੰਕ ਹਾਸਲ ਕਰਕੇ ਪਹਿਲਾ ਸਥਾਨ ਪ੍ਰਾਪਤ ਕੀਤਾ। ਦੂਸਰਾ ਸਥਾਨ ਮਨਪ੍ਰੀਤ ਕੌਰ ਪੁੱਤਰੀ ਸਾਹਿਬ ਸਿੰਘ ਬਕਰਾਹਾ ਨੇ 90% ਅੰਕ ਹਾਸਲ ਕਰਕੇ ਕੀਤਾ।

ਤੀਸਰਾ ਸਥਾਨ ਜ਼ੋਬਨਪ੍ਰੀਤ ਕੌਰ ਪੁੱਤਰੀ ਬਲਵਿੰਦਰ ਸਿੰਘ ਡਰੌਲੀ ਨੇ 87% ਅੰਕ ਹਾਸਲ ਕਰਕੇ ਕੀਤਾ। ਸਾਰੇ ਵਿਦਿਆਰਥੀ ਪਹਿਲੇ ਦਰਜੇ ’ਚ ਪਾਸ ਹਨ। ਸਕੂਲ ਦਾ ਨਤੀਜਾ ਪਿਛਲੇ ਸਾਲਾਂ ਦੀ ਤਰ੍ਹਾਂ 100 ਪ੍ਰਤੀਸ਼ਤ ਰਿਹਾ। ਉਨ੍ਹਾਂ ਕਿਹਾ ਕਿ ਬੋਰਡ ਦੀਆਂ ਕਲਾਸਾਂ ਦੇ ਨਤੀਜੇ ਚੰਗੇ ਆਉਣ ਦਾ ਸਿਹਰਾ ਮਿਹਨਤੀ ਸਟਾਫ ਤੇ ਮਾਪਿਆਂ ਦੇ ਪੂਰਨ ਸਹਿਯੋਗ ਸਿਰ ਜਾਂਦਾ ਹੈ। ਇਸ ਸਮੇਂ ਸਮੂਹ ਮਾਪਿਆਂ ਨੇ ਪ੍ਰਿੰਸੀਪਲ ਤੇ ਸਟਾਫ ਨੂੰ ਵਧਾਈ ਦਿੱਤੀ।

ਚੌਕੀਦਾਰਾ ਯੂਨੀਅਨ ਦਾ ਸੂਬਾ ਪ੍ਰਧਾਨ ਇਨਸਾਫ ਲਈ ਦਰ-ਦਰ ਭਟਕ ਰਿਹੈ!

ਸਮਰਾਲਾ (ਸੁਰਜੀਤ ਸਿੰਘ)

ਲਾਲ ਝੰਡਾ ਪੇਂਡੂ ਚੌਂਕੀਦਾਰਾ ਯੂਨੀਅਨ ਪੰਜਾਬ ਸੀਟੂ ਦੇ ਸੂਬਾ ਪ੍ਰਧਾਨ ਪਰਮਜੀਤ ਸਿੰਘ ਨੀਲੋਂ ਨੇ ਪ੍ਰੈੱਸ ਨੂੰ ਜਾਣਕਾਰੀ ਦਿੰਦਿਆਂ ਕਿਹਾ ਕਿ ਉਨ੍ਹਾਂ ਦਾ ਇੱਕ ਜੱਦੀ ਮਕਾਨ ਪਿੰਡ ਨੀਲੋਂ ਕਲਾਂ ਵਿੱਚ ਸੀ, ਜਿਸ ਦੀ ਮਾਲ ਰਿਕਾਰਡ ’ਚ ਉਨ੍ਹਾਂ ਦੇ ਪਿਤਾ ਪ੍ਰੀਤਮ ਸਿੰਘ ਦੇ ਨਾਮ ’ਤੇ ਹੈ। ਪਿਛਲੇ 23 ਫਰਵਰੀ ਨੂੰ ਉਨ੍ਹਾਂ ਮਕਾਨ ਗੁਰਪ੍ਰੀਤ ਸਿੰਘ ਪੁੱਤਰ ਮੇਹਰ ਸਿੰਘ, ਉਸ ਦੀ ਪਤਨੀ ਬੇਬੀ, ਉਸ ਦੇ ਸਾਲਿਆਂ ਤੇ ਮਨਮੋਹਨ ਲਾਲ ਉਰਫ ਗੋਰਾ ਲਾਲ, ਅਮਰੀਕ ਸਿੰਘ ਪੁੱਤਰ ਦਲੀਪ ਸਿੰਘ ਤੇ ਹੋਰ ਬਾਹਰੀ ਗੁੰਡੇ ਲੈ ਕੇ, ਢਾਹ ਕੇ ਕਬਜ਼ਾ ਕਰਕੇ ਸ਼ੈੱਡ ਬਣਾ ਲਿਆ ਅਤੇ ਮਕਾਨ ਦਾ ਮਲਬਾ ਇੱਟਾਂ, ਗਾਡਰ, ਬਾਲੇ ਵੀ ਚੋਰੀ ਕਰਕੇ ਵੇਚ ਦਿੱਤੇ ਗਏ, ਪਰ ਪੁਲਸ ਨੂੰ ਸੂਚਿਤ ਕੀਤਾ ਗਿਆ ਕਿ ਬਾਹਰੀ ਵਿਅਕਤੀਆਂ ਨਾਲ ਲੈ ਕੇ ਗੁੰਡੇ ਗਰਾਰੀ ਕਰਕੇ ਸ਼ੈੱਡ ਬਣਾ ਲਿਆ। ਇਸ ਸਬੰਧੀ 23 ਫਰਵਰੀ ਨੂੰ ਐੱਸ ਐੱਚ ਓ ਸਮਰਾਲਾ ਤੇ 27 ਫਰਵਰੀ ਨੂੰ ਡੀ ਐੱਸ ਪੀ ਸਮਰਾਲਾ ਨੂੰ ਇਨਸਾਫ ਦੇਣ ਸਬੰਧੀ ਦਰਖਾਸਤਾਂ ਦਿੱਤੀਆਂ, ਪਰ ਉਨ੍ਹਾਂ ’ਤੇ ਕੋਈ ਕਾਰਵਾਈ ਨਹੀਂ ਕੀਤੀ ਗਈ। ਹੁਣ ਤਿੰਨ ਮਹੀਨੇ ਬੀਤ ਜਾਣਾ ’ਤੇ ਦੁਬਾਰਾ ਦਰਖਾਸਤਾਂ 23 ਮਈ ਐੱਸ ਐੱਸ ਪੀ ਖੰਨਾ, ਐੱਸ ਐੱਚ ਓ ਸਮਰਾਲਾ ਨੂੰ ਦਿੱਤੀਆਂ ਗਈਆਂ, ਪਰ ਅਜੇ ਤੱਕ ਕੋਈ ਵੀ

ਇਨਸਾਫ ਨਹੀਂ ਮਿਲਿਆ। ਜੇਕਰ ਇੱਕ ਜ਼ਿੰਮੇਵਾਰ ਵਿਅਕਤੀ ਨੂੰ ਅਜੇ ਤੱਕ ਇਨਸਾਫ ਨਹੀਂ ਮਿਲਿਆ ਤਾਂ ਆਮ ਆਦਮੀ ਨੂੰ ਕਦੇ ਵੀ ਇਨਸਾਫ ਨਹੀਂ ਮਿਲ ਸਕਦਾ। ਪੰਜਾਬ ਵਿੱਚ ਆਮ ਆਦਮੀ ਪਾਰਟੀ ਲੋਕਾਂ ਨਾਲ ਵੱਡੇ ਵੱਡੇ ਦਾਅਵੇ ਕਰ ਰਹੀ ਹੈ ਕਿ ਹੁਣ ਕਿਸੇ ਨੂੰ ਇਨਸਾਫ ਲਈ ਦਰ ਦਰ ਭਟਕਣਾ ਨਹੀਂ ਪਵੇਗਾ, ਪਰ ਲਾਲ ਝੰਡਾ ਪੇਂਡੂ ਚੌਕੀਦਾਰਾ ਯੂਨੀਅਨ ਪੰਜਾਬ ਸੀਟੂ ਸੂਬਾ ਪ੍ਰਧਾਨ ਪਰਮਜੀਤ ਸਿੰਘ ਨੀਲੋਂ ਪਿਛਲੇ ਤਿੰਨ ਮਹੀਨਿਆਂ ਤੋਂ ਇਨਸਾਫ ਲਈ ਭਟਕ ਰਿਹਾ ਹੈ। ਨੀਲੋਂ ਨੇ ਮੰਗ ਕੀਤੀ ਕਿ ਉਸ ਨੂੰ ਇਨਸਾਫ ਦਿਵਾਇਆ ਜਾਵੇ ਤੇ ਮੇਰੇ ਜੱਦੀ ਮਕਾਨ ਦਾ ਕਬਜ਼ਾ ਦਿਵਾਇਆ ਜਾਵੇ। ਮਕਾਨ ਢਾਹੁਣ ਵਾਲੇ ਵਿਅਕਤੀਆਂ ’ਤੇ ਮੁਕੱਦਮਾ ਦਰਜ ਕੀਤਾ ਜਾਵੇ। ਹੁਣ ਵੀ ਜਲਦੀ ਇਨਸਾਫ ਨਾ ਮਿਲਿਆ ਤਾਂ ਪੰਜਾਬ ਭਰ ਚੌਕੀਦਾਰਾਂ ਨੂੰ ਬੁਲਾ ਕੇ ਐੱਸ ਐੱਸ ਪੀ ਖੰਨਾ ਦੇ ਦਫਤਰ ਅੱਗੇ ਧਰਨਾ ਲਾਉਣਗੇ। ਇਸ ਦੀ ਜ਼ਿੰਮੇਵਾਰੀ ਪ੍ਰਸ਼ਾਸਨ ਦੀ ਹੋਵੇਗੀ।

ਅੱਖਾਂ ਦੇ ਆਪ੍ਰੇਸ਼ਨ ਲਈ ਚੁਣੇ ਮਰੀਜ਼ ਬੁੱਟਰ ਹਸਪਤਾਲ ਭੇਜੇ

ਧਰਮਕੋਟ (ਗੁਰਦੀਪ ਸਿੰਘ ਭੁੱਲਰ)-ਪਰਦੀਪ ਧਵਨ ਸਮਾਜ ਸੇਵੀ ਸੰਸਥਾ ਭਾਰਤ ਵਿਕਾਸ ਪ੍ਰੀਸ਼ਦ ਧਰਮਕੋਟ ਵੱਲੋਂ ਪਹਿਲੇ ਗੇੜ ਵਿੱਚ 32 ਲੋੜਵੰਦ ਮਰੀਜ਼ਾਂ ਨੂੰ ਅੱਖਾਂ ਦੇ ਆਪ੍ਰੇਸ਼ਨ ਲਈ ਬੁੱਟਰ ਹਸਪਤਾਲ ਮੋਗਾ ਵਿਖੇ ਭੇਜਿਆ ਗਿਆ।

ਸੰਸਥਾ ਦੇ ਪ੍ਰਧਾਨ ਗੌਰਵ ਸ਼ਰਮਾ ਨੇ ਦੱਸਿਆ ਕਿ ਬਾਬਾ ਗੋਂਦੀ ਰਾਮ ਦੇ ਸਾਲਾਨਾ ਭੰਡਾਰੇ ’ਤੇ ਲੱਗੇ ਅੱਖਾਂ ਦੇ ਮੁਫਤ ਕੈਂਪ ਵਿੱਚ 64 ਮਰੀਜ਼ ਆਪ੍ਰੇਸ਼ਨ ਲਈ ਤਸਦੀਕ ਹੋਏ ਸਨ। ਇਨ੍ਹਾਂ ਵਿੱਚੋਂ 43 ਦੇ ਐਤਵਾਰ ਨੂੰ ਬਾਬੂ ਰਾਮਦਾਸ ਨਹੋਰੀਆ ਹਸਪਤਾਲ ਧਰਮਕੋਟ ਵਿਖੇ ਸ਼ੂਗਰ ਤੇ ਬਲੱਡ ਦੇ ਟੈਸਟ ਕੀਤੇ ਗਏ ਸਨ। ਜਿਨ੍ਹਾਂ ਦੇ ਟੈਸਟ ਨਾਰਮਲ ਸਨ, ਉਨ੍ਹਾਂ ਨੂੰ ਆਪ੍ਰੇਸ਼ਨ ਦੀਆਂ ਪਰਚੀਆਂ ਡੇਰਾ ਬਾਬਾ ਗੋਂਦੀ ਰਾਮ ਜੀ ਦੇ ਮੁੱਖ ਸੇਵਾਦਾਰ ਬਾਬਾ ਨਰੇਸ਼ ਸ਼ਰਮਾ ਵੱਲੋਂ ਦਿੱਤੀਆਂ ਗਈਆਂ। ਇਹ ਆਪ੍ਰੇਸ਼ਨ ਸ਼ਨੀਵਾਰ ਤੇ ਐਤਵਾਰ ਨੂੰ ਬੁੱਟਰ ਅੱਖਾਂ ਦੇ ਹਸਪਤਾਲ ਮੋਗਾ ’ਚ ਮਾਹਰ ਡਾਕਟਰ ਮਹਿੰਦਰਪਾਲ ਸ਼ਰਮਾ ਵੱਲੋਂ ਕੀਤੇ ਜਾਣਗੇ। ਬਾਕੀ ਰਹਿੰਦੇ ਆਪ੍ਰੇਸ਼ਨ ਦੂਜੇ ਗੇੜ ’ਚ ਜ਼ਰੂਰੀ ਟੈਸਟਾਂ ਤੋਂ ਬਾਅਦ ਕੀਤੇ ਜਾਣਗੇ।

ਇਸ ਸਮੇਂ ਪ੍ਰੋਜੈਕਟ ਇੰਚਾਰਜ ਨਵਦੀਪ ਅਹੂਜਾ ਬੱਬਲੂ, ਪੰਡਿਤ ਪ੍ਰੀਤਮ ਲਾਲ ਭਾਰਦਵਾਜ, ਰਮਨ ਜਿੰਦਲ, ਸਚਿਨ ਗਰੋਵਰ, ਬੌਬੀ ਕਟਾਰੀਆ, ਅਮਿਤ ਨੌਹਰੀਆ ਬੱਬੂ, ਚੇਅਰਮੈਨ ਅਤੁਲ ਨੌਹਰੀਅ, ਹਰਪ੍ਰੀਤ ਸਿੰਘ ਤੇ ਸਟਾਫ ਮੈਂਬਰ ਨੌਹਰੀਆ ਹਸਪਤਾਲ ਹਾਜ਼ਰ ਸਨ।

ਪੂਲ ਪਾਰਟੀ ਦਾ ਬੱਚਿਆਂ ਨੇ ਮਾਣਿਆ ਆਨੰਦ

ਬਾਘਾ ਪੁਰਾਣਾ (ਮਨੀ ਸਿੰਗਲਾ)-ਲਾਰੈਂਸ ਇੰਟਰਨੈਸ਼ਨਲ ਕਾਨਵੈਂਟ ਸੀਨੀਅਰ ਸੈਕੰਡਰੀ ਸਕੂਲ ਬਾਘਾ ਪੁਰਾਣਾ ਵਿਖੇ ਗਰਮੀਆਂ ਦਾ ਮੌਸਮ ਦੇਖਦੇ ਹੋਏ ਪੂਲ ਪਾਰਟੀ ਦਾ ਆਯੋਜਨ ਕੀਤਾ ਗਿਆ। ਨੰਨ੍ਹੇ-ਮੁੰਨੇ ਬੱਚਿਆਂ ਨੇ ਪਾਣੀ ਵਿੱਚ ਖੂਬ ਮੌਜ ਮਸਤੀ ਕੀਤੀ। ਬੱਚਿਆਂ ਨੇ ਸੈਲਫੀ ਪੁਆਇੰਟ ’ਤੇ ਫੋਟੋ ਖਿਚਵਾਏ। ਇਸ ਪਾਰਟੀ ਵਿੱਚ ਨਰਸਰੀ ਤੋਂ ਲੈ ਕੇ ਯੂ ਕੇ ਦੇ ਵਿਦਿਆਰਥੀਆਂ ਨੇ ਭਾਗ ਲਿਆ। ਇਸ ਵਿੱਚ ਬੱਚਿਆਂ ਲਈ ਰੇਲ ਡਾਂਸ ਦਾ ਪ੍ਰਬੰਧ ਕੀਤਾ ਗਿਆ ਤੇ ਉਨ੍ਹਾਂ ਨੂੰ ਤੈਰਾਕੀ ਦੇ ਟਿਪਸ ਵੀ ਦਿੱਤੇ ਗਏ। ਸਕੂਲ ਪ੍ਰਿੰਸੀਪਲ ਮਨੋਜ ਕੁਮਾਰ ਤੇ ਮੈਡਮ ਜ਼ੀਲਮ ਗਰਗ ਨੇ ਬੱਚਿਆਂ ਨੂੰ ਗਰਮੀਆਂ ਦੌਰਾਨ ਆਪਣੀ ਸਿਹਤ ਦਾ ਧਿਆਨ ਰੱਖਣ ਲਈ ਕਿਹਾ, ਮੌਸਮੀ ਫਲਾਂ ਦੀ ਮਹੱਤਤਾ ਦੱਸੀ ਤੇ ਉਨ੍ਹਾਂ ਦਾ ਸੇਵਨ ਕਰਨ ਲਈ ਕਿਹਾ। ਚੇਅਰਮੈਨ ਤਰਸੇਮ ਲਾਲ ਗਰਗ ਨੇ ਦੱਸਿਆ ਕਿ ਮੌਸਮ ਅਨੁਸਾਰ ਸਮੇਂ-ਸਮੇਂ ’ਤੇ ਐਕਟੀਵਿਟੀਆਂ ਕਰਵਾਈਆਂ ਜਾਂਦੀਆਂ ਹਨ।

ਟਰੱਕ ਯੂਨੀਅਨ ਦੇ ਸਾਬਕਾ ਪ੍ਰਧਾਨ ਸਮੇਤ ਕਈ ਪਤਵੰਤੇ ‘ਆਪ’ ’ਚ ਸ਼ਾਮਲ

ਪਾਤੜਾਂ (ਨਿਸ਼ਾਨ ਸਿੰਘ ਬਣਵਾਲਾ)-ਵਿਧਾਨ ਸਭਾ ਹਲਕਾ ਸ਼ੁਤਰਾਣਾ ’ਚ ਆਮ ਆਦਮੀ ਪਾਰਟੀ ਨੂੰ ਉਸ ਵੇਲੇ ਵੱਡਾ ਹੁੰਗਾਰਾ ਮਿਲਿਆ, ਜਦੋਂ ਟਰੱਕ ਯੂਨੀਅਨ ਦੇ ਸਾਬਕਾ ਪ੍ਰਧਾਨ ਤੇ ਨਗਰ ਕੌਂਸਲ ਪਾਤੜਾਂ ਦੇ ਮੀਤ ਪ੍ਰਧਾਨ ਰਹਿ ਚੁੱਕੇ ਸੀਨੀਅਰ ਅਕਾਲੀ ਆਗੂ ਸੁਖਜੀਤ ਸਿੰਘ ਹੈਪੀ ਕਾਲੇਕਾ ਨੇ ਸਾਥੀਆਂ ਸਮੇਤ ਅਕਾਲੀ ਦਲ ਨੂੰ ਅਲਵਿਦਾ ਕਹਿ ਕੇ ਹਲਕਾ ਵਿਧਾਇਕ ਕੁਲਵੰਤ ਸਿੰਘ ਬਾਜ਼ੀਗਰ ਪੰਜਾਬ ਇੰਡਸਟਰੀਅਲ ਡਿਵੈਲਪਮੈਂਟ ਕਾਰਪੋਰੇਸ਼ਨ ਦੇ ਚੇਅਰਮੈਨ ਜਸਬੀਰ ਸਿੰਘ ਕੁਦਨੀ ਦੀ ਮੌਜੂਦਗੀ ਵਿੱਚ ਆਮ ਆਦਮੀ ਪਾਰਟੀ ’ਚ ਸ਼ਾਮਲ ਹੋਣ ਦਾ ਐਲਾਨ ਕਰ ਦਿੱਤਾ। ਵਿਧਾਇਕ ਬਾਜ਼ੀਗਰ ਨੇ ਪਾਰਟੀ ਵਿੱਚ ਸ਼ਾਮਲ ਹੋਣ ਵਾਲਿਆਂ ਦਾ ਸਵਾਗਤ ਕਰਦਿਆਂ ਪਾਰਟੀ ਵਿੱਚ ਹਰ ਸੰਭਵ ਮਾਨ ਸਨਮਾਨ ਦਾ ਭਰੋਸਾ ਦਿੱਤਾ ਹੈ। ਯੂਥ ਅਕਾਲੀ ਆਗੂ ਸੁਖਜੀਤ ਸਿੰਘ ਹੈਪੀ ਕਾਲੇਕਾ ਦੀ ਅਗਵਾਈ ਵਿੱਚ ਸ਼ਾਮਲ ਹੋਏ ਕੋਆਪ੍ਰੇਟਿਵ ਸੁਸਾਇਟੀ ਪਾਤੜਾਂ ਦੇ ਪ੍ਰਧਾਨ ਗੁਰਪਿੰਦਰ ਸਿੰਘ, ਗੁਰਦੁਆਰਾ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਪਾਤੜਾਂ ਦੇ ਪ੍ਰਧਾਨ ਕਰਮਜੀਤ ਸਿੰਘ, ਗੁਰਬਚਨ ਸਿੰਘ ਰਿਟਾਇਰ ਅਫਸਰ ਮਾਰਕਿਟ ਕਮੇਟੀ ਪਾਤੜਾਂ ਤੇ ਗੁਰੂ ਤੇਗ ਬਹਾਦਰ ਸਕੂਲ ਟਰੱਸਟ ਦੇ ਵਾਈਸ ਚੇਅਰਮੈਨ, ਸਾਬਕਾ

ਸਰਪੰਚ ਕਰਨੈਲ ਸਿੰਘ ਪਾਤੜਾਂ, ਗੁਰਮੀਤ ਸਿੰਘ ਬਬਲੀ ਸਰਪੰਚ ਪਿੰਡ ਪਾਤੜਾਂ ਤੇ ਸਮਾਜ ਸੇਵੀ ਦਰਸ਼ਨ ਸਿੰਘ ਦਾ ਸਵਾਗਤ ਕਰਦਿਆਂ ਹਲਕਾ ਵਿਧਾਇਕ ਕੁਲਵੰਤ ਸਿੰਘ ਬਾਜ਼ੀਗਰ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਿੱਚ ਆਮ ਆਦਮੀ ਪਾਰਟੀ ਦੀ ਸਰਕਾਰ ਸੂਬੇ ਨੂੰ ਵਿਕਾਸ ਦੀਆਂ ਲੀਹਾਂ ’ਤੇ ਤੋਰਨ ਲਈ ਲਗਾਤਾਰ ਯਤਨਸ਼ੀਲ ਹੈ।

ਆਪਣੇ ਇੱਕ ਸਾਲ ਦੇ ਕਾਰਜਕਾਲ ਦੌਰਾਨ ਸਰਕਾਰ ਵੱਲੋਂ ਕੀਤੇ ਗਏ ਕੰਮਾਂ ਉਤੇ ਲੋਕਾਂ ਨੇ ਜਲੰਧਰ ਲੋਕ ਸਭਾ ਸੀਟ ਜਿਤਾ ਕੇ ਮੋਹਰ ਲਗਾ ਦਿੱਤੀ ਹੈ। ਇਸ ਮੌਕੇ ਹੋਰਨਾਂ ਤੋਂ ਇਲਾਵਾ ਯੂਥ ਆਗੂ ਕੁਲਦੀਪ ਸਿੰਘ ਥਿੰਦ, ਸਰਪੰਚ ਕਰਨੈਲ ਸਿੰਘ ਦੁਤਾਲ, ਠੇਕੇਦਾਰ ਬਲਜਿੰਦਰ ਸਿੰਘ ਸੋਨੀ ਹਾਜ਼ਰ ਸਨ।

ਚੰਦ ਸਿੰਘ ਗਿੱਲ ਵੱਲੋਂ ਜ਼ਿਲ੍ਹਾ ਬਾਰ ਐਸੋਸੀਏਸ਼ਨ ਨੂੰ 3 ਲੱਖ ਦੀ ਰਾਸ਼ੀ ਭੇਟ

ਫਿਰੋਜ਼ਪੁਰ (ਅਸ਼ੋਕ ਸ਼ਰਮਾ)-ਜ਼ਿਲ੍ਹਾ ਯੋਜਨਾ ਕਮੇਟੀ ਫ਼ਿਰੋਜ਼ਪੁਰ ਦੇ ਚੇਅਰਮੈਨ ਚੰਦ ਸਿੰਘ ਗਿੱਲ ਵੱਲੋਂ ਆਪਣੇ ਅਖ਼ਤਿਆਰੀ ਫੰਡਾਂ ਬੰਧਨ ਮੁਕਤ ਫੰਡ ਫਾਰ ਡੀ ਪੀ ਸੀ ਵਿੱਚੋਂ ਜ਼ਿਲ੍ਹਾ ਬਾਰ ਐਸੋਸੀਏਸ਼ਨ ਫਿਰੋਜ਼ਪੁਰ ਨੂੰ ਵਿਕਾਸ ਕਾਰਜਾਂ ਲਈ ਤਿੰਨ ਲੱਖ ਰੁਪਏ ਦੀ ਰਾਸ਼ੀ ਦਾ ਚੈੱਕ ਦਿੱਤਾ ਗਿਆ। ਇਸ ਦੌਰਾਨ ਚੰਦ ਸਿੰਘ ਗਿੱਲ ਨੇ ਕਿਹਾ ਕਿ ਇਸ ਰਾਸ਼ੀ ਨਾਲ ਕਰਵਾਏ ਜਾਣ ਵਾਲੇ ਵਿਕਾਸ ਕਾਰਜਾਂ ਦਾ ਬਾਰ ਐਸੋਸੀਏਸ਼ਨ ਤੇ ਆਮ ਪਬਲਿਕ ਨੂੰ ਲਾਭ ਮਿਲੇਗਾ। ਇਸ ਮੌਕੇ ਬਾਰ ਐਸੋਸੀਏਸ਼ਨ ਦੇ ਅਹੁਦੇਦਾਰਾਂ ਤੇ ਮੈਂਬਰਾਂ ਵੱਲੋਂ ਚੇਅਰਮੈਨ ਚੰਦ ਸਿੰਘ ਗਿੱਲ ਦਾ ਧੰਨਵਾਦ ਕੀਤਾ ਗਿਆ। ਇਸ ਮੌਕੇ ਬਾਰ ਐਸੋਸੀਏਸ਼ਨ ਦੇ ਪ੍ਰਧਾਨ ਗੁਰਸਾਹਿਬ ਸਿੰਘ ਮੱਲ, ਰਜੇਸ਼ ਕੁਮਾਰ ਮਹਿਤਾ ਵਾਈਸ ਪ੍ਰਧਾਨ, ਸਾਹਿਲ ਰੁਹੇਜਾ ਸੈਕਟਰੀ ਬਾਰ ਐਸੋਸੀਏਸ਼ਨ, ਸੰਦੀਪ ਮੋਂਗਾ ਜੁਆਇੰਟ ਸੈਕਟਰੀ, ਹਰੀਸ਼ ਕੰਬੋਜ ਕੈਸ਼ੀਅਰ ਹਾਜ਼ਰ ਸਨ।

ਲੋਕ ਸਭਾ ਮੈਂਬਰ ਵੱਲੋਂ ਸਨਮਤੀ ਵਿਮਲ ਜੈਨ ਸਕੂਲ ਦਾ ਦੌਰਾ



ਜਗਰਾਓਂ (ਅਮਿਤ ਖੰਨਾ)-ਲੋਕ ਸਭਾ ਮੈਂਬਰ ਰਵਨੀਤ ਸਿੰਘ ਬਿੱਟੂ ਤੇ ਜ਼ਿਲ੍ਹਾ ਦਿਹਾਤੀ ਪ੍ਰਧਾਨ ਮੇਜਰ ਸਿੰਘ ਮੁੱਲਾਂਪੁਰ ਨੇ ਜਗਰਾਓਂ ਦੀ ਪ੍ਰਸਿੱਧ ਵਿੱਦਿਅਕ ਸੰਸਥਾ ਸਨਮਤੀ ਵਿਮਲ ਜੈਨ ਸਕੂਲ ਦਾ ਦੌਰਾ ਕਰਕੇ ਡਾਇਰੈਕਟਰ ਸ਼ਸ਼ੀ ਜੈਨ, ਪ੍ਰਿੰਸੀਪਲ ਸੁਪ੍ਰੀਆ ਖੁਰਾਣਾ, ਪ੍ਰਧਾਨ ਰਮੇਸ਼ ਜੈਨ ਨਾਲ ਮੁਲਾਕਾਤ ਕਰਕੇ ਜਾਣਕਾਰੀ ਲਈ। ਇਸ ਦੌਰਾਨ ਬਾਰੇ ਡਾਇਰੈਕਟਰ ਸ਼ਸ਼ੀ ਜੈਨ ਨੇ ਆਪਣੇ ਸਕੂਲ ਬਾਰੇ ਵਿਸਥਾਰਪੂਰਵਕ ਜਾਣਕਾਰੀ ਦਿੰਦੇ ਦੱਸਿਆ ਕਿ ਇੱਥੇ ਬੱਚਿਆਂ ਨੂੰ ਮਿਆਰੀ ਸਿੱਖਿਆ ਦਿੱਤੀ ਜਾਂਦੀ ਹੈ। ਬੱਚਿਆਂ ਦਾ ਕੋਈ ਆਰਥਿਕ ਸ਼ੋਸ਼ਣ ਨਹੀਂ ਹੁੰਦਾ। ਪ੍ਰਿੰਸੀਪਲ ਨੇ ਆਏ ਹੋਏ ਸਾਰੇ ਮਹਿਮਾਨਾਂ ਦਾ ਧੰਨਵਾਦ ਕੀਤਾ। ਇਸ ਦੌਰਾਨ ਬਿੱਟੂ ਨੇ ਬੱਚਿਆਂ ਨਾਲ ਗੱਲਬਾਤ ਕੀਤੀ ਅਤੇ ਉਨ੍ਹਾਂ ਦੀ ਪੜ੍ਹਾਈ ਤੇ ਰੁਚੀਆਂ ਬਾਰੇ ਪੁੱਛਿਆ।

ਸਕੂਲ ਪਹੁੰਚਣ ’ਤੇ ਬੱਚਿਆਂ ਤੇ ਸਟਾਫ ਨੇ ਉਨ੍ਹਾਂ ਦਾ ਸਵਾਗਤ ਕੀਤਾ। ਇਸ ਮੌਕੇ ਸਾਬਕਾ ਵਿਧਾਇਕ ਜਗਤਾਰ ਸਿੰਘ ਜੱਗਾ ਹਿੱਸੋਵਾਲ, ਸਾਬਕਾ ਚੇਅਰਮੈਨ ਸਤਿੰਦਰਪਾਲ ਸਿੰਘ ਕਾਕਾ ਗਰੇਵਾਲ, ਰਵਿੰਦਰਪਾਲ ਰਾਜੂ, ਪ੍ਰਧਾਨ ਜਤਿੰਦਰਪਾਲ ਰਾਣਾ, ਵਿਨੋਦ ਕੁਮਾਰ, ਗੋਪਾਲ ਸ਼ਰਮਾ, ਗੁਰਜੀਤ ਸਿੰਘ, ਕੌਂਸਲਰ ਮੈਸੀ ਸਹੋਤਾ, ਮਨੀ ਗਰਗ, ਕੌਂਸਲਰ ਅਮਨ ਕਪੂਰ ਬੌਬੀ, ਕੌਂਸਲਰ ਵਿਕਰਮ ਜੱਸੀ ਪ੍ਰਸ਼ੋਤਮ ਲਾਲ ਖਲੀਫਾ, ਰਾਕੇਸ਼ ਜੈਨ ਤੇ ਰਾਜੇਸ਼ ਜੈਨ ਹਾਜ਼ਰ ਸਨ।

ਚੰਗੀਆਂ ਸਿਹਤ ਸਹੂਲਤਾਂ ਪ੍ਰਦਾਨ ਕਰਨ ਵਾਲੀਆਂ ਸੰਸਥਾਵਾਂ ਸਨਮਾਨਤ

ਫਤਿਹਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)-ਸਿਵਲ ਸਰਜਨ ਫਤਿਹਗੜ੍ਹ ਸਾਹਿਬ ਡਾ. ਦਵਿੰਦਰਜੀਤ ਕੌਰ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਡਿਪਟੀ ਮੈਡੀਕਲ ਕਮਿਸ਼ਨ ਡਾ. ਸਰਿਤਾ ਦੀ ਅਗਵਾਈ ਵਿੱਚ ਸਿਹਤ ਵਿਭਾਗ ਪੰਜਾਬ ਵੱਲੋਂ ਸਵੱਛ ਭਾਰਤ ਮਿਸ਼ਨ ਤਹਿਤ ਜ਼ਿਲ੍ਹਾ ਕਾਇਆਕਲਪ ਐਵਾਰਡ ਪ੍ਰੋਗਰਾਮ ਕਰਵਾਇਆ ਗਿਆ। ਇਸ ਮੌਕੇ ਸਿਵਲ ਸਰਜਨ ਡਾ. ਦਵਿੰਦਰਜੀਤ ਕੌਰ ਨੇ ਦੱਸਿਆ ਕਿ ਫਤਿਹਗੜ੍ਹ ਸਾਹਿਬ ਦੀਆਂ ਸਿਹਤ ਸੰਸਥਾਵਾਂ ਨੂੰ ਮਿਆਰੀ ਸੁਵਿਧਾਵਾਂ ਉਪਲੱਬਧ ਕਰਵਾਉਣ ਤੇ ਸਵੱਛਤਾ ਦੇ ਆਧਾਰ ’ਤੇ ਚੰਗਾ ਕੰਮ ਕਰਨ ਵਾਲੀਆਂ ਸਿਹਤ ਸੰਸਥਾਵਾਂ ਨੂੰ ਸਨਮਾਨਤ ਕੀਤਾ ਗਿਆ। ਇਸ ਸਬੰਧੀ ਜਾਣਕਾਰੀ ਦਿੰਦੇ ਹੋਏ ਉਨ੍ਹਾ ਦੱਸਿਆ ਕਿ ਮਿੰਨੀ ਪੀ.ਐੱਚ.ਸੀ. ਸੰਗਤਪੁਰ ਸੋਢੀਆਂ, ਬਾੜਾ, ਹੈਲਥ ਵੈਲਨੈਸ ਸੈਂਟਰ ਚੁੰਨੀ ਕਲਾਂ, ਤਰਖਾਣ ਮਾਜਰਾ, ਰਾਜਿੰਦਰਗੜ੍ਹ, ਲੱਖਾ ਸਿੰਘ ਵਾਲਾ, ਕੋਟਲਾ ਬਜਵਾੜਾ, ਬਡਵਾਲਾ, ਕੋਟਲਾ ਭਾਈਕਾ, ਪਮੌਰ, ਬਧੌਛੀ ਕਲਾਂ ਤੇ ਭਗੜਾਣਾ ਦੇ ਅਧਿਕਾਰੀਆਂ ਨੂੰ ਸਨਮਾਨਤ ਕੀਤਾ ਗਿਆ ਹੈ। ਉਨ੍ਹਾ ਨੇ ਇਨ੍ਹਾਂ ਸੰਸਥਾਵਾਂ ਦੇ ਸਮੁੱਚੇ ਸਟਾਫ ਨੂੰ ਵਧਾਈ ਦਿੱਤੀ ਤੇ ਭਵਿੱਖ ’ਚ ਸਾਰੀਆਂ ਸਿਹਤ ਸੰਸਥਾਵਾਂ ਨੂੰ ਕਾਇਆਕਲਪ ਦੇ ਮਾਪਦੰਡਾਂ ਅਨੁਸਾਰ ਮਿਹਨਤ ਕਰਨ ਲਈ ਕਿਹਾ। ਇਸ ਮੌਕੇ ਏ.ਐੱਚ.ਏ. ਡਾ. ਅਰਪਿਤ ਸ਼ਰਮਾ ਤੇ ਐਕਸਟਰਨਲ ਅਸੈਸਰ ਮੈਡਮ ਪ੍ਰਿਯੰਕਾ ਵੱਲੋਂ ਨੈਸ਼ਨਲ ਕੁਆਲਟੀ ਅਸ਼ੋਰਡ ਸਟੈਂਡਰਡ ਦੇ ਮਾਪਦੰਡਾਂ ਸਬੰਧੀ ਟ੍ਰੇਨਿੰਗ ਦਿੱਤੀ ਗਈ। ਇਸ ਮੌਕੇ ਜ਼ਿਲ੍ਹਾ ਸਮੂਹ ਸਿੱਖਿਆ ਤੇ ਸੂਚਨਾ ਅਫਸਰ ਕਰਨੈਲ ਸਿੰਘ, ਗੁਰਦੀਪ ਸਿੰਘ ਤੇ ਜ਼ਿਲ੍ਹਾ ਬੀ.ਸੀ.ਸੀ. ਕੁਆਡੀਨੇਟਰ ਅਮਰਜੀਤ ਸਿੰਘ ਤੇ ਉਕਤ ਸੰਸਥਾਵਾਂ ਦੇ ਅਧਿਕਾਰੀ ਤੇ ਕਰਮਚਾਰੀ ਮੌਜੂਦ ਸਨ।

ਥਰਮਲ ਪਲਾਂਟ ਵਿਖੇ ਇੱਕ ਰੋਜ਼ਾ ਸੇਫਟੀ ਟ੍ਰੇਨਿੰਗ ਪ੍ਰੋਗਰਾਮ

ਲਹਿਰਾ ਮੁਹੱਬਤ (ਭੀਮ ਸੈਨ ਹਦਵਾਰੀਆ)-ਗੁਰੂ ਹਰਗੋਬਿੰਦ ਥਰਮਲ ਪਲਾਂਟ ਲਹਿਰਾ ਮੁਹੱਬਤ ਵਿਖੇ ਪ੍ਰਬੰਧਕ ਮੈਨੇਜਮੈਂਟ ਵੱਲੋਂ ਇੱਕ ਰੋਜ਼ਾ ਸੇਫਟੀ ਟ੍ਰੇਨਿੰਗ ਪ੍ਰੋਗਰਾਮ ਕੀਤਾ ਗਿਆ। ਸੂਚਨਾ ਅਧਿਕਾਰੀ ਗੋਪਾਲ ਸ਼ਰਮਾ ਨੇ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਸੇਫਟੀ ਟ੍ਰੇਨਿੰਗ ਪ੍ਰੋਗਰਾਮ ਦਾ ਉਦਘਾਟਨ ਅਦਾਰੇ ਦੇ ਮੁੱਖ ਇੰਜੀਨੀਅਰ ਇੰਜੀ. ਮੰਗਤ ਰਾਮ ਬਾਸਲ ਨੇ ਕੀਤਾ। ਸਬ-ਫਾਇਰ ਅਫਸਰ ਰਘਵੀਰ ਸਿੰਘ, ਸੇਫਟੀ ਅਫਸਰ ਇੰਜੀ. ਰਕੇਸ਼ ਕੁਮਾਰ ਜੈਨ ਤੇ ਇੰਜੀ. ਇੰਦਰਜੀਤ ਸਿੰਘ ਸੰਧੂ ਨੇ ਥਰਮਲ ਕਾਮਿਆਂ ਨੂੰ ਸੇਫਟੀ, ਹਾਦਸੇ ਸਮੇਂ ਮੁੱਢਲੀ ਸਹਾਇਤਾ ਤੇ ਸਿਹਤ ਸਬੰਧੀ ਟ੍ਰੇਨਿੰਗ ਦਿੰਦੇ ਹੋਏ ਦੱਸਿਆ ਕਿ ਪਲਾਂਟ ਏਰੀਏ ਅੰਦਰ ਸੇਫਟੀ ਹੈਲਮੇਟ ਤੇ ਸੇਫਟੀ ਬੂਟ ਆਦਿ ਦੇ ਬਿਨਾਂ ਐਂਟਰੀ/ਦਾਖਲਾ ਵਰਜਿਤ ਹੈ। ਮੁੱਖ ਇੰਜੀਨੀਅਰ ਇੰਜੀ. ਬਾਂਸਲ ਨੇ ਅਦਾਰੇ ਅੰਦਰ ਸੇਫਟੀ ਸਬੰਧੀ ਜਾਗਰੂਕ ਕਰਨ ਵਾਲੇ ਸਾਇਨ ਬੋਰਡ ਲਗਾਉਣ ਦੀ ਸ਼ੁਰੂਆਤ ਕਰਵਾਈ। ਇਸ ਮੌਕੇ ਫੈਕਟਰੀ ਮੈਨੇਜਰ ਇੰਜੀ. ਬਰਿੰਦਰਜੀਤ ਸਿੰਘ ਸੋਹੀ, ਨਿਗਰਾਨ ਇੰਜੀਨੀਅਰ ਇੰਜੀ. ਸਰਵਜੀਤ ਸਿੰਘ ਸਿੱਧੂ, ਇੰਜੀ. ਪਰਮਰਾਲ ਸਿੰਘ ਜੌਹਲ, ਇੰਜੀ. ਅਸ਼ੋਕ ਕੁਮਾਰ ਅਰੋੜਾ ਤੇ ਮੁੱਖ ਭਲਾਈ ਅਫ਼ਸਰ ਅਮਨਦੀਪ ਕੌਰ ਆਦਿ ਹਾਜ਼ਰ ਸਨ।

ਰੌਬਿਨ ਸਕੂਲ ਦੀ ਅਮਨਦੀਪ ਸੂਬੇ ’ਚੋਂ 12ਵੇਂ ਸਥਾਨ ’ਤੇ

ਧੂਰੀ (ਰਾਜੇਸ਼ਵਰ ਪਿੰਟੂ, ਬਿੰਨੀ ਗਰਗ)-ਪੰਜਾਬ ਸਕੂਲ ਸਿੱਖਿਆ ਬੋਰਡ ਵੱਲੋਂ ਐਲਾਨੇ 12ਵੀਂ ਕਲਾਸ ਦੇ ਨਤੀਜਿਆਂ ਵਿੱਚ ਸਥਾਨਕ ਰੌਬਿਨ ਮਾਡਲ ਸੀਨੀ. ਸੈਕੰ. ਸਕੂਲ ਦੀ ਵਿਦਿਆਰਥਣ ਅਮਨਦੀਪ ਕੌਰ ਨੇ ਆਪਣਾ ਨਾਂਅ ਮੈਰਿਟ ਸੂਚੀ ’ਚ ਦਰਜ ਕਰਵਾਇਆ। ਅਮਨਦੀਪ ਕੌਰ ਨੇ ਪੰਜਾਬ ’ਚੋਂ 12ਵਾਂ ਤੇ ਜ਼ਿਲ੍ਹੇ ਵਿੱਚੋਂ ਦੂਜਾ ਰੈਂਕ ਹਾਸਲ ਕੀਤਾ। ਸਕੂਲ ਦੀ ਪ੍ਰਿੰਸੀਪਲ ਸ਼੍ਰੀਮਤੀ ਮਧੂ ਸ਼ਰਮਾ ਨੇ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਸਕੂਲ ਦੀ ਵਿਦਿਆਰਥਣ ਅਮਨਦੀਪ ਕੌਰ ਪੁੱਤਰੀ ਗੁਰਤੇਜ ਸਿੰਘ ਨੇ 488 ਅੰਕ ਪ੍ਰਾਪਤ ਕਰ ਸਕੂਲ, ਮਾਪਿਆਂ ਤੇ ਧੂਰੀ ਸ਼ਹਿਰ ਦਾ ਨਾਂਅ ਪੰਜਾਬ ’ਚ ਰੌਸ਼ਨ ਕੀਤਾ। ਸਕੂਲ ਦੇ ਕੁੱਲ 66 ਵਿਦਿਆਰਥੀਆਂ ਨੇ 12ਵੀਂ ਦੀ ਪ੍ਰੀਖਿਆ ਦਿੱਤੀ, ਜਿਸ ਵਿੱਚੋਂ ਸਾਰੇ ਵਿਦਿਆਰਥੀ ਵਧੀਆ ਅੰਕ ਲੈ ਕੇ ਪਾਸ ਹੋਏ ਹਨ। 18 ਵਿਦਿਆਰਥੀਆਂ ਨੇ 90% ਤੋਂ ਜ਼ਿਆਦਾ ਅੰਕ ਹਾਸਲ ਕੀਤੇ ਤੇ 33 ਵਿਦਿਆਰਥੀਆਂ ਦੇ ਅੰਕ 80% ਤੋਂ 90% ਵਿੱਚ ਆਏ ਹਨ। ਇਸ ਸ਼ਾਨਦਾਰ ਪ੍ਰਾਪਤੀ ਦਾ ਸਿਹਰਾ ਵਿਦਿਆਰਥੀਆਂ ਦੀ ਲਗਨ ਤੇ ਸਕੂਲ ਦੇ ਮਿਹਨਤੀ ਸਟਾਫ ਨੂੰ ਜਾਂਦਾ ਹੈ। ਅਮਨਦੀਪ ਕੌਰ 488 ਅੰਕ ਹਾਸਲ ਕਰ ਸਕੂਲ ’ਚੋਂ ਪਹਿਲੇ, ਪਰਨੀਤ ਕੌਰ 480 ਅੰਕ ਹਾਸਲ ਕਰ ਦੂਸਰੇ ਤੇ ਹੁਸਨਪ੍ਰੀਤ ਕੌਰ 477 ਅੰਕ ਹਾਸਲ ਕਰ ਤੀਜੇ ਸਥਾਨ ’ਤੇ ਰਹੀ। ਇਸ ਮੌਕੇ ਸਕੂਲ ਮੈਨੇਜਮੈਂਟ ਵੱਲੋਂ ਮੈਰਿਟ ’ਚ ਆਉਣ ਵਾਲੀ ਅਮਨਦੀਪ ਦਾ ਮਿੱਠਾ ਮੂੰਹ ਕਰਵਾ ਕੇ ਸਨਮਾਨ ਕੀਤਾ ਗਿਆ। ਪ੍ਰਿੰਸੀਪਲ ਨੇ ਮਾਤਾ-ਪਿਤਾ, ਸਕੂਲ ਸਟਾਫ ਨੂੰ ਮੁਬਾਰਕਬਾਦ ਦਿੱਤੀ ਤੇ ਵਧੀਆ ਅੰਕ ਪ੍ਰਾਪਤ ਕਰਨ ਵਾਲੇ ਵਿਦਿਆਰਥੀਆਂ ਨੂੰ ਭਵਿੱਖ ਵਿੱਚ ਹੋਰ ਕਾਮਯਾਬੀ ਲਈ ਪ੍ਰੇਰਿਤ ਕੀਤਾ।

ਵਿਦਿਆਰਥਣ ਦਾ ਸਨਮਾਨ ਕਰਦੇ ਹੋਏ ਸਕੂਲ ਪ੍ਰਬੰਧਕ।

ਜੰਗਲਾਤ ਮੰਤਰੀ ਨੇ ਚੱਕ ਸਰਕਾਰ ਦੋਨਾ ਜੈਮਲ ਸਿੰਘ ਵਾਲਾ ਵਿਖੇ ਚੇਨਲਿੰਕ ਫੈਂਸਿੰਗ ਦਾ ਰੱਖਿਆ ਨੀਂਹ ਪੱਥਰ

ਫੈਂਸਿੰਗ ਦੇ ਲੱਗਣ ਨਾਲ ਜੰਗਲੀ ਜਾਨਵਰਾਂ ਨਾਲ ਹੋਣ ਵਾਲੇ ਨੁਕਸਾਨ ਤੋਂ ਮਿਲੇਗੀ ਰਾਹਤ : ਕਟਾਰੂਚੱਕ

ਫਿਰੋਜ਼ਪੁਰ (ਅਸ਼ੋਕ ਸ਼ਰਮਾ)-ਵਣ ਤੇ ਜੰਗਲੀ ਜੀਵ ਮੰਤਰੀ ਪੰਜਾਬ ਸ੍ਰੀ ਲਾਲ ਚੰਦ ਕਟਾਰੂਚੱਕ ਨੇ ਫਿਰੋਜ਼ਪੁਰ ਰੇਂਜ ਅਧੀਨ ਚੱਕ ਸਰਕਾਰ ਦੋਨਾ ਜੈਮਲ ਸਿੰਘ ਵਾਲਾ ਵਿਖੇ ਕਰੀਬ 80 ਲੱਖ ਰੁਪਏ ਦੀ ਲਾਗਤ ਨਾਲ ਬਣਾਈ ਜਾਣ ਵਾਲੀ ਰਨਿੰਗ ਮੀਟਿਰ ਚੇਨਲਿੰਕ ਫੈਂਸਿੰਗ ਦਾ ਨੀਂਹ ਪੱਥਰ ਰੱਖਿਆ। ਇਸ ਮੌਕੇ ਉਨ੍ਹਾ ਨਾਲ ਵਿਧਾਇਕ ਫਿਰੋਜ਼ਪੁਰ ਦਿਹਾਤੀ ਰਜਨੀਸ਼ ਦਹੀਆ, ਵਿਧਾਇਕ ਗੁਰੂ ਹਰਸਹਾਏ ਫੌਜਾ ਸਿੰਘ ਸਰਾਰੀ, ਵਿਧਾਇਕ ਜ਼ੀਰਾ ਨਰੇਸ਼ ਕਟਾਰੀਆ ਵੀ ਵਿਸ਼ੇਸ਼ ਤੌਰ ’ਤੇ ਮੌਜੂਦ ਸਨ। ਇਸ ਮੌਕੇ ਸਮਾਗਮ ਨੂੰ ਸੰਬੋਧਨ ਕਰਦੇ ਹੋਏ ਜੰਗਲਾਤ ਮੰਤਰੀ ਲਾਲ ਚੰਦ ਕਟਾਰੂਚੱਕ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਨੋਟੀਫਿਕੇਸ਼ਨ ਦੇ ਤਹਿਤ ਇਹ ਖੇਤਰ ਰਿਜ਼ਰਵ ਜੰਗਲ ਘੋਸ਼ਿਤ ਕੀਤਾ ਗਿਆ ਹੈ। ਚੱਕ ਸਰਕਾਰ ਦੋਨਾ ਜੈਮਲ ਸਿੰਘ ਵਾਲਾ ਪਿੰਡ ਜੰਗਲ ਦੇ ਪੱਛਮ ਵੱਲ ਪਾਕਿਸਤਾਨ ਦੇ ਬਾਰਡਰ ’ਤੇ ਸਥਿਤ ਹੈ। ਇਸ ਜੰਗਲ ਦੀ ਹੱਦ ਨੂੰ ਸੁਰੱਖਿਅਤ ਰੱਖਣ ਲਈ ਬਣਾਈ ਜਾਣ ਵਾਲੀ ਰਨਿੰਗ ਮੀਟਿਰ ਚੇਨਲਿੰਕ ਫੈਂਸਿੰਗ 10.5 ਫੁੱਟ ਉੱਚੀ ਹੋਵੇਗੀ। ਇਹ ਫੈਂਸਿੰਗ 3 ਪੜਾਵਾਂ ਵਿੱਚ ਤਿਆਰ ਕੀਤੇ ਜਾਣ ਦੀ ਤਜਵੀਜ਼ ਹੈ, ਜਿਸ ਦੀ ਕੁੱਲ ਲੰਬਾਈ 11 ਕਿਲੋਮੀਟਰ ਬਣਦੀ ਹੈ। ਉਨ੍ਹਾ ਕਿਹਾ ਕਿ ਇਸ ਰਨਿੰਗ ਮੀਟਿਰ ਚੇਨਲਿੰਕ ਫੈਂਸਿੰਗ ਦੇ ਲੱਗਣ ਨਾਲ ਨੇੜਲੇ ਕਿਸਾਨਾਂ ਨੂੰ ਜੰਗਲੀ ਜਾਨਵਰ ਜਿਵੇਂ ਕਿ ਨੀਲ ਗਾਂ ਤੇ ਜੰਗਲੀ ਸੂਅਰ ਤੋਂ ਰਾਹਤ ਮਿਲੇਗੀ ਜੋ ਫਸਲਾਂ ਦਾ ਨੁਕਸਾਨ ਕਰਦੇ ਹਨ। ਉਨ੍ਹਾ ਨੇ ਕਿਹਾ ਕਿ 11 ਕਿਲੋਮੀਟਰ ਦੀ ਫੈਂਸਿੰਗ ਦੇ ਨਾਲ ਗੁਰੂ ਨਾਨਕ ਬਗੀਚੀ ਵੀ ਬਣਾਈ ਜਾਵੇਗੀ, ਜੋ ਇਸ ਦੀ ਸੁੰਦਰਤਾ ਨੂੰ ਹੋਰ ਵੀ ਵਧਾਏਗੀ। ਉਨ੍ਹਾ ਕਿਹਾ ਕਿ ਜੰਗਲਾਤ ਵਿਭਾਗ ਵੱਲੋਂ ਰਾਜ ’ਚ ਸਵਾ ਕਰੋੜ ਬੂਟੇ ਵੀ ਲਗਾਏ ਜਾਣਗੇ, ਜਿਸ ਨਾਲ ਪ੍ਰਦੂਸ਼ਣ ਤੋਂ ਤਾਂ ਮੁਕਤੀ ਮਿਲੇਗੀ ਹੀ, ਸਾਡੀ ਸਿਹਤ ਲਈ ਵੀ ਸਾਫ ਹਵਾ ਉਪਲਬਧ ਹੋਵੇਗੀ। ਉਨ੍ਹਾ ਕਿਹਾ ਕਿ ਉਨ੍ਹਾਂ ਦੀ ਸਰਕਾਰ ਨੇ ਜੋ ਵਾਅਦੇ ਕੀਤੇ ਸੀ, ਉਸ ਨੂੰ ਪੂਰਾ ਕੀਤਾ ਜਾ ਰਿਹਾ ਹੈ। ਪਿਛਲੇ ਦਿਨੀਂ ਬਕਾਇਆ ਡੀ ਏ ਦੀ ਰਾਸ਼ੀ ਦੀ ਕਿਸ਼ਤ ਜਾਰੀ ਕਰਨ ਸਬੰਧੀ ਵੀ ਘੋਸ਼ਣਾ ਕੀਤੀ ਗਈ ਹੈ। ਇਸ ਤੋਂ ਇਲਾਵਾ 14 ਮਹੀਨਿਆਂ ਦੌਰਾਨ 29 ਹਜ਼ਾਰ ਸਰਕਾਰੀ ਮੁਲਾਜ਼ਮਾਂ ਦੀ ਭਰਤੀ, 9 ਟੋਲ ਪਲਾਜ਼ੇ ਬੰਦ ਕਰਨ ਤੋਂ ਇਲਾਵਾ ਆਮ ਆਦਮੀ ਕਲੀਨਿਕ ਖੋਲ੍ਹੇ ਗਏ ਹਨ। ਉਨ੍ਹਾ ਕਿਹਾ ਕਿ ਇਸ ਇਲਾਕੇ ਦੇ ਲੋਕਾਂ ਦੀਆਂ ਜੰਗਲਾਤ ਵਿਭਾਗ ਸਬੰਧੀ ਹੋਰ ਵੀ ਜੋ ਸਮੱਸਿਆਵਾਂ ਹਨ, ਇਸ ਸਬੰਧੀ ਲਿਖਤੀ ਤੌਰ ’ਤੇ ਜਾਣਕਾਰੀ ਦਿੱਤੀ ਜਾਵੇ ਤਾਂ ਜੋ ਹਰ ਸਮੱਸਿਆ ਦਾ ਹੱਲ ਕੱਢਿਆ ਜਾ ਸਕੇ। ਇਸ ਦੌਰਾਨ ਉਨ੍ਹਾਂ ਨੇ ਜੰਗਲਤਾ ਵਿਭਾਗ ਵੱਲੋਂ ਮੁਹੱਈਆ ਕਰਵਾਏ ਗਏ ਟਰੈਕਟ ਨੂੰ ਹਰੀ ਝੰਡੀ ਵਿਖਾ ਕੇ ਰਵਾਨਾ ਕੀਤਾ। ਇਸ ਮੌਕੇ ਦੇ ਐੱਸ ਐੱਸ ਪੀ ਭੁਪਿੰਦਰ ਸਿੰਘ, ਸਹਾਇਕ ਕਮਿਸ਼ਨਰ ਸੂਰਜ, ਪਲੈਨਿੰਗ ਬੋਰਡ ਦੇ ਚੇਅਰਮੈਨ ਚੰਦ ਸਿੰਘ ਗਿੱਲ, ਡੀਐੱਫਓ ਅੰਮ੍ਰਿਤ ਪਾਲ ਸਿੰਘ, ਬੀਐੱਸਐੱਫ ਦੇ ਅਧਿਕਾਰੀ ਪੀਕੇ ਸਿੰਘ, ਵਣ ਰੇਂਜ ਅਫ਼ਸਰ ਫਿਰੋਜ਼ਪੁਰ ਬੋਹੜ ਸਿੰਘ, ਵਣ ਰੇਂਜ ਅਫ਼ਸਰ ਜ਼ੀਰਾ ਸਤਿੰਦਰਜੀਤ ਸਿੰਘ ਸੰਧੂ ਤੋਂ ਇਲਾਵਾ ਇਲਾਕਾ ਨਿਵਾਸੀ ਤੇ ਜੰਗਲਾਤ ਵਿਭਾਗ ਦੇ ਅਧਿਕਾਰੀ/ਕਰਮਚਾਰੀ ਹਾਜ਼ਰ ਸਨ।

ਆਪਣੇ ਹੱਕਾਂ ਪ੍ਰਤੀ ਜਾਗਰੂਕ ਹੋਣਾ ਸਮੇਂ ਦੀ ਮੁੱਖ ਲੋੜ : ਖਿਆਲੀ

ਮਹਿਲ ਕਲਾਂ (ਪ੍ਰਦੀਪ ਸਿੰਘ ਲੋਹਗੜ੍ਹ)-ਦੱਬੇ ਕੁਚਲੇ ਲੋਕਾਂ ਨੂੰ ਉਨ੍ਹਾਂ ਦੇ ਹੱਕਾਂ ਪ੍ਰਤੀ ਘਰ-ਘਰ ਜਾ ਕੇ ਚੇਤਨ ਕੀਤਾ ਜਾਵੇਗਾ। ਇਨ੍ਹਾਂ ਸ਼ਬਦਾਂ ਦਾ ਪ੍ਰਗਟਾਵਾ ਨੌਜਵਾਨ ਆਗੂ ਹਰਜੀਤ ਸਿੰਘ ਖਿਆਲੀ ਨੇ ਚੋਪੜਾ ਪੱਤੀ ਧਰਮਸ਼ਾਲਾ ਵਿਖੇ ਮੀਟਿੰਗ ਨੂੰ ਸੰਬੋਧਨ ਕਰਦਿਆਂ ਕੀਤਾ। ਉਨ੍ਹਾਂ ਕਿਹਾ ਕਿ ਕੋਈ ਵੀ ਸਰਕਾਰ ਅਜਿਹਾ ਨਹੀਂ ਚਾਹੁੰਦੀ, ਪਰ ਜ਼ਮੀਨੀ ਪੱਧਰ ’ਤੇ ਰਹਿ ਰਹੇ ਲੋਕਾਂ ਨੂੰ ਆਪਣੀਆਂ ਹੱਕੀ ਅਤੇ ਜਾਇਜ਼ ਮੰਗਾਂ ਦੀ ਪ੍ਰਾਪਤੀ ਲਈ ਜਾਗਰੂਕ ਹੋਣਾ ਪਵੇਗਾ। ਉਨ੍ਹਾਂ ਕਿਹਾ ਕਿ ਮਨਰੇਗਾ ਮਜ਼ਦੂਰ ਕਾਨੂੰਨਨ ਤੌਰ ’ਤੇ ਮਨਰੇਗਾ ਤਹਿਤ 100 ਦਿਨ ਦਾ ਰੁਜ਼ਗਾਰ ਪ੍ਰਾਪਤ ਕਰਨ ਦਾ ਹੱਕ ਰੱਖਦੇ ਹਨ, ਪਰ ਕੁਝ ਲੋਕਾਂ ਵੱਲੋਂ ਮਜ਼ਦੂਰਾਂ ਨੂੰ ਇਹ ਹੱਕ ਨਹੀਂ ਦਿੱਤਾ ਜਾ ਰਿਹਾ। ਇਸ ਵਰਤਾਰੇ ਵਿਰੁੱਧ ਮਜ਼ਦੂਰਾਂ ਲਾਮਬੰਦ ਹੋਣਾ ਲਾਜ਼ਮੀ ਹੈ। ਵਾਤਾਵਰਨ ਪ੍ਰੇਮੀ ਗੁਰਪ੍ਰੀਤ ਸਿੰਘ ਗਰੇਵਾਲ ਨੇ ਕਿਹਾ ਕਿ ਆਜ਼ਾਦੀ ਤੋਂ ਬਾਅਦ ਲੰਮਾਂ ਸਮਾਂ ਬੀਤਣ ’ਤੇ ਵੀ ਸਰਕਾਰਾਂ ਲੋਕਾਂ ਦੀਆਂ ਬੁਨਿਆਦੀ ਲੋੜਾਂ ਪੂਰੀਆਂ ਨਹੀਂ ਕਰ ਸਕੀਆਂ, ਇਸ ਲਈ ਹੁਣ ਇਨ੍ਹਾਂ ਲੋੜਾਂ ਨੂੰ ਸਰਕਾਰਾਂ ਤੋਂ ਪੂਰਾ ਕਰਾਉਣ ਵਾਸਤੇ ਲੋਕ ਇਕ ਮੰਚ ’ਤੇ ਇਕੱਠੇ ਹੋਣ। ਆਗੂਆਂ ਨੇ ਅਪੀਲ ਕੀਤੀ ਕਿ ਜੇਕਰ ਕਿਸੇ ਵੀ ਮਜ਼ਦੂਰ ਪਰਵਾਰ ਨਾਲ ਕੋਈ ਧੱਕੇਸ਼ਾਹੀ ਹੁੰਦੀ ਹੈ ਜਾਂ ਲੋੜਵੰਦ ਪਰਵਾਰਾਂ ਦੇ ਵਿਦਿਆਰਥੀਆਂ ਨੂੰ ਕਿਤਾਬਾਂ, ਵਰਦੀ ਜਾਂ ਕਿਸੇ ਹੋਰ ਪ੍ਰਕਾਰ ਦੀ ਮਦਦ ਦੀ ਜ਼ਰੂਰਤ ਹੈ ਤਾਂ ਉਹ ਉਨ੍ਹਾਂ ਨਾਲ ਸਿੱਧੇ ਤੌਰ ’ਤੇ ਸੰਪਰਕ ਕਰ ਸਕਦੇ ਹਨ। ਇਸ ਮੌਕੇ ਅਵਤਾਰ ਸਿੰਘ ਚੀਮਾ, ਰਾਜੂ ਸਿੰਘ, ਮਨਦੀਪ ਸਿੰਘ, ਰਵੀ ਸਿੰਘ, ਤਰਸੇਮ ਸਿੰਘ, ਰਛਪਾਲ ਸਿੰਘ, ਅਮਨਦੀਪ ਸਿੰਘ ਅਮਨੀ ਆਦਿ ਹਾਜ਼ਰ ਸਨ।

ਨਰੇਗਾ ਕੰਮ ਸਾਰਾ ਸਾਲ ਮਿਲੇ ਤੇ ਦਿਹਾੜੀ 700 ਰੁਪਏ ਕਰੇ ਸਰਕਾਰ : ਮਾੜੀਮੇਘਾ, ਗੁਰਦਿਆਲ

ਖਡੂਰ ਸਾਹਿਬ (ਨ ਜ਼ ਸ)—ਕਮਿਊਨਿਸਟ ਪਾਰਟੀ ਇੰਡੀਆ (ਸੀਪੀਆਈ) ਦੀ ਅਗਵਾਈ ਹੇਠ ਨਰੇਗਾ ਰੁਜ਼ਗਾਰ ਪ੍ਰਾਪਤ ਮਜ਼ਦੂਰ ਯੂਨੀਅਨ ਏਟਕ ਦੀ ਮੀਟਿੰਗ ਪਿੰਡ ਮੱਲਾ ਵਿਖੇ ਮੈਂਬਰ ਪੰਚਾਇਤ ਰਾਜਵਿੰਦਰ ਕੌਰ ਦੇ ਘਰ ਹੋਈ। ਮੀਟਿੰਗ ਨੂੰ ਸੰਬੋਧਨ ਕਰਦਿਆਂ ਸੀਪੀਆਈ ਦੇ ਕੌਮੀ ਕੌਂਸਲ ਮੈਂਬਰ ਪਿਰਥੀਪਾਲ ਸਿੰਘ ਮਾੜੀਮੇਘਾ ਤੇ ਖਡੂਰ ਸਾਹਿਬ ਬਲਾਕ ਦੇ ਸਕੱਤਰ ਗੁਰਦਿਆਲ ਸਿੰਘ ਖਡੂਰ ਸਾਹਿਬ ਨੇ ਕਿਹਾ ਕਿ ਮੋਦੀ ਦੀ ਸਰਕਾਰ ਨਰੇਗਾ ਕਾਨੂੰਨ ਬੰਦ ਕਰਨ ਦੇ ਰਾਹ ਤੁਰੀ ਹੈ। ਪਹਿਲਾਂ ਹੀ ਪਿੰਡਾਂ ਦਾ ਸਰਦਾਰਵਾਦ ਤੇ ਅਫਸਰਸ਼ਾਹੀ ਇਹ ਕਾਨੂੰਨ ਲਾਗੂ ਕਰਨ ਵਿੱਚ ਅੜਿੱਕੇ ਡਾਹ ਰਹੀ ਹੈ ਉਤੋਂ ਕੇਂਦਰ ਸਰਕਾਰ ਨੇ ਨਰੇਗਾ ਦਾ ਕੰਮ ਤੀਹ ਫੀਸਦੀ ਘੱਟਾ ਦਿੱਤਾ ਹੈ। ਜਦੋਂ ਤੀਹ ਫੀਸਦੀ ਨਰੇਗਾ ਦਾ ਬਜਟ ਘਟਾ ਦਿੱਤਾ ਗਿਆ ਹੈ ਤੇ ਇਸ ਦਾ ਮਤਲਬ ਤੀਹ ਫੀਸਦੀ ਕੰਮ ਘੱਟ ਗਿਆ ਹੈ। ਆਗੂਆਂ ਨੇ ਕਿਹਾ ਕਿ ਇਹ ਕਾਨੂੰਨ ਕਰੜੇ ਸੰਘਰਸ਼ਾਂ ਤੋਂ ਬਾਅਦ ਹੋਂਦ ਵਿੱਚ ਆਇਆ ਹੈ, ਇਸ ਲਈ ਇਹ ਕਾਨੂੰਨ ਖਤਮ ਨਹੀਂ ਹੋਣ ਦਿੱਤਾ ਜਾਵੇਗਾ। ਇਸ ਕਾਨੂੰਨ ਰਾਹੀਂ ਗਰੀਬਾਂ ਦੀ ਰੋਟੀ ਰੋਜ਼ੀ ਚਲਦੀ ਹੈ। ਇਹ ਕਾਨੂੰਨ ਗਰੀਬਾਂ ਦਾ ਸਹਾਰਾ ਹੈ। ਸਗੋਂ ਇਸ ਕਾਨੂੰਨ ਰਾਹੀਂ ਸਾਰਾ ਸਾਲ ਕੰਮ ਅਤੇ ਘੱਟੋ-ਘੱਟ 700 ਰੁਪਏ ਦਿਹਾੜੀ ਮਿਲਣੀ ਚਾਹੀਦੀ ਹੈ। ਨਰੇਗਾ ਰੁਜ਼ਗਾਰ ਪ੍ਰਾਪਤ ਯੂਨੀਅਨ ਦੇ ਜ਼ਿਲ੍ਹਾ ਆਗੂ ਮੇਜਰ ਸਿੰਘ ਨਾਗੋਕੇ ਨੇ ਕਿਹਾ ਕਿ ਤੁਸੀਂ ਸਾਡਾ ਸਾਥ ਦਿਓ ਤੇ ਸਭ ਚੋਰ ਦਰਵਾਜ਼ੇ ਬੰਦ ਕਰਵਾ ਦਿਆਂਗੇ। ਕੰਮ ਦੀਆਂ ਦਰਖਾਸਤਾਂ ਦਿਓ ਕੰਮ ਵੀ ਮਿਲੇਗਾ ਤੇ ਪੈਸੇ ਵੀ ਮਿਲਣਗੇ। ਸੰਬੋਧਨ ਕਰਨ ਵਾਲਿਆਂ ਵਿੱਚ ਜਸਵੰਤ ਸਿੰਘ ਖਡੂਰ ਸਾਹਿਬ ਤੇ ਕਮਲਜੀਤ ਸਿੰਘ ਭੱਟੀ ਵੀ ਸਨ। ਅੰਤ ਵਿੱਚ ਚੋਣ ਕੀਤੀ ਗਈ ਜਿਸ ਵਿੱਚ ਪ੍ਰਧਾਨ ਬਲਵਿੰਦਰ ਸਿੰਘ ਭੱਲਾ, ਸਕੱਤਰ ਕੁਲਵਿੰਦਰ ਕੌਰ ਤੇ ਖਜ਼ਾਨਚੀ ਦਵਿੰਦਰ ਸਿੰਘ ਤੋਂ ਇਲਾਵਾ ਕਮੇਟੀ ਮੈਂਬਰ ਹਰਮੀਤ ਕੌਰ, ਜਰਨੈਲ ਸਿੰਘ, ਮਨਜੀਤ ਕੌਰ ਤੇ ਹਰਜੀਤ ਸਿੰਘ ਚੁਣੇ ਗਏ।

ਕਲਾਨੌਰ ਤਹਿਸੀਲ ਨੂੰ ਖਤਮ ਕਰਨ ਦੇ ਨੋਟੀਫਿਕੇਸ਼ਨ ਦਾ ਕਿਸਾਨਾਂ ਵੱਲੋਂ ਵਿਰੋਧ

ਕਲਾਨੌਰ, (ਮਨਦੀਪ ਕੁਮਾਰ)-ਸਰਹੱਦੀ ਜ਼ਿਲ੍ਹਾ ਗੁਰਦਾਸਪੁਰ ਦੇ ਇਤਿਹਾਸਕ ਕਸਬਾ ਕਲਾਨੌਰ ਦੀ ਤਹਿਸੀਲ ਨੂੰ ਖਤਮ ਕਰਕੇ ਡੇਰਾ ਬਾਬਾ ਨਾਨਕ ਨਾਲ ਜੋੜਣ ਦੇ ਨੋਟੀਫਿਕੇਸ਼ਨ ਦੇ ਵਿਰੋਧ ਵਿੱਚ ਅੱਜ ਕਲਾਨੌਰ ਵਿੱਚ ਨਾਅਰੇਬਾਜ਼ੀ ਕਰਕੇ ਪ੍ਰਦਰਸ਼ਨ ਕੀਤਾ ਗਿਆ। ਇਹ ਪ੍ਰਦਰਸ਼ਨ ਜਮਹੂਰੀ ਕਿਸਾਨ ਸਭਾ ਦੇ ਜ਼ਿਲ੍ਹਾ ਪ੍ਰਧਾਨ ਕਿਸਾਨ ਆਗੂ ਹਰਜੀਤ ਸਿੰਘ ਕਾਹਲੋਂ ਦੀ ਅਗਵਾਈ ਹੇਠ ਕੀਤਾ ਗਿਆ ਜਿਸ ਵਿੱਚ ਪੰਜਾਬ ਸਰਕਾਰ ਦੇ ਮਾਲ, ਪੁਨਰਵਾਸ ਤੇ ਡਿਜ਼ਾਸਟਰ ਮੈਨੇਜਮੈਂਟ ਵਿਭਾਗ ਵੱਲੋਂ ਮੀਮੋ: ਨੰਬਰ ਜਾਰੀ ਕਰਕੇ ਕਲਾਨੌਰ ਸਬ-ਡਵੀਜ਼ਨ ਨੂੰ ਡੀਨੋਟੀਫਾਇਡ ਕਰਨ ਸਬੰਧੀ ਡਿਪਟੀ ਕਮਿਸ਼ਨਰ ਨੂੰ ਲਿਖੇ ਪੱਤਰ ਤੇ ਗੰਭੀਰਤਾ ਨਾਲ ਵਿਚਾਰ ਵਟਾਂਦਰਾ ਕੀਤਾ ਗਿਆ ਤੇ ਪੰਜਾਬ ਸਰਕਾਰ ਨੂੰ ਇਹ ਲੋਕ ਵਿਰੋਧੀ ਫੈਸਲਾ ਤੁਰੰਤ ਵਾਪਸ ਲੈਣ ਲਈ ਆਖਿਆ ਗਿਆ। ਜਮਹੂਰੀ ਕਿਸਾਨ ਸਭਾ ਦੇ ਜ਼ਿਲ੍ਹਾ ਪ੍ਰਧਾਨ ਹਰਜੀਤ ਸਿੰਘ ਕਾਹਲੋਂ ਨੇ ਦੱਸਿਆ ਕਿ 10 ਕੁ ਸਾਲ ਪਹਿਲਾਂ ਬਾਦਲ ਸਰਕਾਰ ਵੇਲੇ ਕਲਾਨੌਰ ਇਲਾਕੇ ਦੇ ਲੋਕਾਂ ਵੱਲੋਂ ਲੰਮਾ ਸੰਘਰਸ਼ ਕਰਨ ਕਰਕੇ ਕਲਾਨੌਰ ਤਹਿਸੀਲ ਬਣਾਈ ਗਈ ਸੀ ਹੁਣ ਪੰਜਾਬ ਸਰਕਾਰ ਵੱਲੋਂ ਜਿਹੜਾ ਕਲਾਨੌਰ ਸਬ ਡਵੀਜ਼ਨ ਅਤੇ ਫਤਿਹਗੜ੍ਹ ਚੂੜੀਆਂ ਸਬ ਡਵੀਜ਼ਨ ਨੂੰ ਖਤਮ ਕਰਕੇ ਡੇਰਾ ਬਾਬਾ ਨਾਨਕ ਨਾਲ ਜੋੜਨ ਸਬੰਧੀ ਨੋਟੀਫਿਕੇਸ਼ਨ ਜਾਰੀ ਕੀਤਾ ਗਿਆ ਹੈ। ਜੇਕਰ ਸਰਕਾਰ ਨੇ ਇਹ ਫੈਸਲਾ ਵਾਪਸ ਨਾ ਲਿਆ ਤਾਂ ਜਮਹੂਰੀ ਕਿਸਾਨ ਸਭਾ ਹੋਰ ਜਥੇਬੰਦੀਆਂ ਧਾਰਮਿਕ ਅਤੇ ਸਮਾਜਿਕ ਜਥੇਬੰਦੀਆਂ ਨੂੰ ਨਾਲ ਲੈ ਕੇ ਸੰਘਰਸ਼ ਦੀ ਰੂਪ ਰੇਖਾ ਤਿਆਰ ਕਰੇਗੀ। ਉਨ੍ਹਾਂ ਨੇ ਇਲਾਕੇ ਦੇ ਸਰਪੰਚਾਂ ਨੂੰ ਬੇਨਤੀ ਕੀਤੀ ਕਿ ਉਹ ਆਪੋ ਆਪਣੀਆਂ ਪੰਚਾਇਤਾਂ ਵਿੱਚ ਇਸ ਫੈਸਲੇ ਦੇ ਵਿਰੋਧ ਵਿੱਚ ਮਤੇ ਪਾ ਕੇ ਇਸ ਫੈਸਲੇ ਦਾ ਵਿਰੋਧ ਕਰਨ ਅਤੇ ਕੋਈ ਵੀ ਇਸ ਫੈਸਲੇ ਦੇ ਵਿੱਚ ਸਹਿਮਤੀ ਨਾ ਪ੍ਰਗਟਾਵੇ।

ਇਸ ਮੌਕੇ ਹੋਰਨਾਂ ਤੋਂ ਇਲਾਵਾ ਨਿਰਮਲ ਸਿੰਘ ਬਿੱਟੂ, ਬਲਜੀਤ ਸਿੰਘ ਗੋਰਾਇਆ, ਗੁਰਜੀਤ ਸਿੰਘ ਬੁਲਾਰੀਆ, ਮਾਸਟਰ ਸਰਦੂਲ ਸਿੰਘ ਬਰੀਲਾ, ਬਲਰਾਜ ਸਿੰਘ ਬਿਸ਼ਨਕੋਟ, ਵੀਰ ਸਿੰਘ, ਕੁਲਦੀਪ ਸਿੰਘ ਮਾਨ, ਹਰਦੀਪ ਸਿੰਘ, ਰਣਜੀਤ ਸਿੰਘ , ਸਤਨਾਮ ਸਿੰਘ ਫੌਜੀ, ਗੁਰਮੇਜ ਸਿੰਘ ਕਾਲਾ ਪੱਡਾ, ਗੁਰਦਿਆਲ ਸਿੰਘ ਠੇਕੇਦਾਰ, ਸੁਖਜਿੰਦਰ ਸਿੰਘ ਮੌੜ, ਗੁਰਿੰਦਰ ਸਿੰਘ ਸੋਨੂੰ, ਬਲਬੀਰ ਸਿੰਘ, ਹਰਜੀਤ ਸਿੰਘ ਅਤੇ ਰਮਨ ਆਦਿ ਵੀ ਹਾਜ਼ਰ ਸਨ।

3 ਕਾਰ ਸਵਾਰਾਂ ਤੋਂ 100 ਗ੍ਰਾਮ ਹੈਰੋਇਨ ਬਰਾਮਦ

ਗੁਰਦਾਸਪੁਰ, (ਜਨਕ ਮਹਾਜਨ)-ਥਾਣਾ ਸਦਰ ਗੁਰਦਾਸਪੁਰ ਵਲੋਂ ਇੱਕ ਕਾਰ ਸਵਾਰ ਤਿੰਨ ਵਿਅਕਤੀਆਂ ਪਾਸੋਂ 100 ਗ੍ਰਾਮ ਹੈਰੋਇਨ ਬ੍ਰਾਮਦ ਕਰਨ ਦਾ ਸਮਾਚਾਰ ਪ੍ਰਾਪਤ ਹੋਇਆ ਹੈ।

ਮਿਲੀ ਜਾਣਕਾਰੀ ਅਨੁਸਾਰ ਥਾਣਾ ਸਦਰ ਦੇ ਏ ਐੱਸਆਈ ਧਰਮਿੰਦਰ ਕੁਮਾਰ ਸਮੇਤ ਪੁਲਸ ਪਾਰਟੀ ਬੱਬਰੀ ਬਾਈਪਾਸ ਤੇ ਨਾਕਾ ਲਾ ਕੇ ਵਹੀਕਲਾ ਦੀ ਚੈਕਿੰਗ ਕਰ ਰਹੇ ਸਨ ਕਿ ਇਸ ਦੌਰਾਨ ਇੱਕ ਕਾਰ ਸਵਾਰਾਂ ਨੂੰ ਰੋਕ ਕੇ ਕਾਰ ਦੀ ਤਲਾਸ਼ੀ ਲਈ ਤਾਂ ਕਾਰ ਦੇ ਡੈਸ਼ ਬੋਰਡ ਤੋਂ ਇੱਕ ਮੋਮੀ ਲਿਫਾਫਾ ਬ੍ਰਾਮਦ ਹੋਇਆ ਜਿਸ ਵਿੱਚੋਂ 100 ਗ੍ਰਾਮ ਹੈਰੋਇਨ ਬ੍ਰਾਮਦ ਹੋਈ। ਕਾਰ ਸਵਾਰ ਸੁਖਦੇਵ ਸਿੰਘ ਪੁੱਤਰ ਹਰਦੀਪ ਸਿੰਘ ਵਾਸੀ ਅੰਮ੍ਰਿਤਸਰ, ਹਰਪਾਲ ਪੁੱਤਰ ਮੋਹਨ ਸਿੰਘ ਵਾਸੀ ਅੰਮ੍ਰਿਤਸਰ ਅਤੇ ਰਵਿੰਦਰਜੀਤ ਸਿੰਘ ਪੁੱਤਰ ਅਵਤਾਰ ਸਿੰਘ ਵਾਸੀ ਅੰਮ੍ਰਿਤਸਰ ਦੇ ਖਿਲਾਫ ਧਾਰਾ ਐੱਨਡੀਪੀਐੱਸ ਐਕਟ ਅਧੀਨ ਮਾਮਲਾ ਦਰਜ ਕਰਕੇ ਤਿੰਨਾਂ ਦੋਸ਼ੀਆਂ ਨੂੰ ਗ੍ਰਿਫਤਾਰ ਕਰ ਲਿਆ।

ਬੀਡੀਸਾਫਟ ਪੰਜਾਬ ਦੇ ਬਾਜ਼ਾਰਾਂ 'ਚ ਕਰੇਗਾ ਆਪਣਾ ਜ਼ੋਰਦਾਰ ਵਿਸਤਾਰ

ਅੰਮ੍ਰਿਤਸਰ : ਬੀ.ਡੀ. ਸਾਫਟਵੇਅਰ ਡਿਸਟ੍ਰੀਬਿਊਸ਼ਨ ਪ੍ਰਾਈਵੇਟ ਲਿਮਟਿ ਉਦਯੋਗ-ਮੋਹਰੀ ਖਪਤਕਾਰਾਂ, ਐਸਐਮਬੀ ਅਤੇ ਐਂਟਰਪ੍ਰਾਈਜ਼-ਪੱਧਰ ਦੇ ਹੱਲਾਂ ਦੀ ਪੇਸ਼ਕਸ਼ ਕਰਨ ਵਾਲਾ ਇੱਕ ਮੁੱਲ-ਵਰਧਿਤ ਆਈਟੀ ਸੁਰੱਖਿਆ ਵਿਤਰਕ, ਪੰਜਾਬ ਦੇ ਬਾਜ਼ਾਰਾਂ ਵਿੱਚ ਇੱਕ ਹਮਲਾਵਰ ਰੋਡਮੈਪ ਦਾ ਐਲਾਨ ਕਰਦਾ ਹੈ। ਉੱਤਰੀ ਭਾਰਤ ਵਿੱਚ ਆਪਣੀ ਮੌਜੂਦਗੀ ਨੂੰ ਹੋਰ ਮਜ਼ਬੂਤ ਕਰਦਾ ਹੈ। ਪਹਿਲੇ ਪੜਾਅ ਵਿੱਚ, ਚੰਡੀਗੜ੍ਹ, ਲੁਧਿਆਣਾ, ਅੰਮ੍ਰਿਤਸਰ ਅਤੇ ਜਲੰਧਰ ਫੋਕਸ ਖੇਤਰ ਬਣੇ ਰਹਿਣਗੇ ਕਿਉਂਕਿ ਇੰਟਰਨੈੱਟ ਤੇਜ਼ੀ ਨਾਲ ਵਧ ਰਿਹਾ ਹੈ ਅਤੇ ਇਸਨੇ ਇਨ੍ਹਾਂ ਸ਼ਹਿਰਾਂ ਵਿੱਚ ਡਿਜੀਟਲ ਕ੍ਰਾਂਤੀ ਨੂੰ ਬਲ ਦਿੱਤਾ ਹੈ। ਵਿਸਤਾਰ ਤੇ ਟਿੱਪਣੀ ਕਰਦੇ ਹੋਏ ਜ਼ਾਕਿਰ ਹੁਸੈਨ, ਸੀਈਓ, ਬੀਡੀ ਸਾਫਟ ਨੇ ਕਿਹਾ ਕਿ ਸਾਡਾ ਮੁੱਖ ਟੀਚਾ ਭਾਰਤ ਨੂੰ ਤਕਨਾਲੋਜੀ ਤੱਕ ਸੁਰੱਖਿਅਤ ਅਤੇ ਸੁਰੱਖਿਅਤ ਪਹੁੰਚ ਪ੍ਰਦਾਨ ਕਰਨਾ ਹੈ ਅਤੇ ਬ੍ਰਾਂਡ ਦੁਆਰਾ ਚੁੱਕੇ ਗਏ ਕਦਮ ਉੱਤਰੀ ਭਾਰਤ ਦੇ ਬਾਜ਼ਾਰ ਵਿੱਚ ਮਜ਼ਬੂਤ ਆਈਟੀ ਬੁਨਿਆਦੀ ਢਾਂਚੇ ਨੂੰ ਯਕੀਨੀ ਬਣਾਉਣਗੇ।

ਸਾਡੇ ਕੋਲ ਪਹਿਲਾਂ ਹੀ ਖੇਤਰ ਵਿੱਚ ਇੱਕ ਵਿਸਤ੍ਰਿਤ ਚੈਨਲ ਨੈਟਵਰਕ ਹੈ ।

ਡੇਅਰੀ ਵਿਭਾਗ ਨੇ ਦੁੱਧ ਜਾਗਰੂਕਤਾ ਕੈਂਪ ਲਗਾਇਆ

ਪੱਟੀ (ਬਲਦੇਵ ਸਿੰਘ ਕਿਰਤੋਵਾਲ/ਸ਼ਮਸ਼ੇਰ ਸਿੰਘ ਯੋਧਾ)-ਪੱਟੀ ਤੋਂ ਵਿਧਾਇਕ ਤੇ ਕੈਬਨਿਟ ਮੰਤਰੀ ਪਸ਼ੂ ਪਾਲਣ, ਮੱਛੀ ਪਾਲਣ, ਡੇਅਰੀ ਵਿਕਾਸ ਵਿਭਾਗ ਲਾਲਜੀਤ ਸਿੰਘ ਭੁੱਲਰ ਦੀ ਰਹਿਨੁਮਾਈ ਹੇਠ ਪੰਜਾਬ ਡੇਅਰੀ ਵਿਕਾਸ ਵਿਭਾਗ ਦੇ ਮਾਨਯੋਗ ਡਾਇਰੈਕਟਰ ਕੁਲਦੀਪ ਸਿੰਘ ਜੱਸੋਵਾਲ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਸਵਰਿਆਮ ਸਿੰਘ ਡਿਪਟੀ ਡਾਇਰੈਕਟਰ ਡੇਅਰੀ ਤਰਨਤਾਰਨ ਵੱਲੋਂ ਦੁੱਧ ਖਪਤਕਾਰ ਜਾਗਰੂਕਤਾ ਕੈਂਪ ਨਾਨਕਸਰ ਮੁਹੱਲਾ ਤਰਨਤਾਰਨ ਵਿਖੇ ਲਗਾਇਆ ਗਿਆ। ਇਸ ਮੌਕੇ 16 ਸੈਂਪਲ ਚੈੱਕ ਕੀਤੇ ਗਏ ਜਿਨਾਂ ਵਿੱਚੋਂ 4 ਸੈਂਪਲਾਂ ਵਿੱਚ ਵਾਧੂ ਪਾਣੀ ਪਾਇਆ ਗਿਆ। ਬਾਕੀ ਸੈਂਪਲ ਮਿਆਰਾਂ ਅਨੁਸਾਰ ਪਾਏ ਗਏ।

ਆਰਬੀਐੱਸਕੇ ਸਕੀਮ ਤਹਿਤ ਦਿਲ ਦੀ ਬਿਮਾਰੀ ਤੋਂ ਪੀੜਤ ਬੱਚੇ ਦਾ ਕਰਵਾਇਆ ਮੁਫਤ ਆਪਰੇਸ਼ਨ

ਪਠਾਨਕੋਟ (ਦਵਿੰਦਰ ਸਿੰਘ)-ਸਿਹਤ ਵਿਭਾਗ ਨੇ ਦਿਲ ਦੀ ਬਿਮਾਰੀ ਤੋਂ ਪੀੜਤ ਬੱਚੇ ਦਾ ਆਰ.ਬੀ.ਐਸ.ਕੇ. ਸਕੀਮ ਤਹਿਤ ਮੁਫਤ ਇਲਾਜ ਕਰਵਾਇਆ ਹੈ। ਸਿਵਲ ਸਰਜਨ ਡਾ. ਅਦਿੱਤੀ ਸਲਾਰੀਆ ਨੇ ਦੱਸਿਆ ਕਿ ਨਮਨ ਭਗਤ ਪੁੱਤਰ ਬਲਵੀਰ ਕੁਮਾਰ ਜੋ ਕਿ ਦਿਲ ਦੀ ਬਿਮਾਰੀ ਤੋਂ ਪੀੜਤ ਸੀ ਅਤੇ ਆਂਗਣਵਾੜੀ ਸੈਂਟਰ ਪਰਮਾਨੰਦ ਵਿਖੇ ਪੜ੍ਹਦਾ ਸੀ। ਆਰ.ਬੀ.ਐਸ.ਕੇ. ਟੀਮ ਘਰੋਟਾ ਵੱਲੋਂ ਆਂਗਣਵਾੜੀ ਸੈਂਟਰ ਵਿਖੇ ਜਾ ਕੇ ਬੱਚਿਆਂ ਦੇ ਨਿਰੀਖਣ ਦੌਰਾਨ ਇਹ ਬੱਚਾਂ ਜਮਾਂਦਰੂ ਦਿਲ ਦੀ ਬਿਮਾਰੀ ਤੋਂ ਪੀੜਤ ਪਾਇਆ ਗਿਆ ਅਤੇ ਬੱਚੇ ਨੂੰ ਸਿਵਲ ਹਸਪਤਾਲ ਪਠਾਨਕੋਟ ਵਿਖੇ ਰੈਫਰ ਕੀਤਾ ਗਿਆ। ਸਿਵਲ ਹਸਪਤਾਲ ਪਠਾਨਕੋਟ ਦੀ ਟੀਮ ਵੱਲੋਂ ਬੱਚੇ ਨੂੰ ਇਲਾਜ ਲਈ ਫੋਰਟਿਸ ਹਸਪਤਾਲ ਮੋਹਾਲੀ ਵਿਖੇ ਰੈਫਰ ਕਰ ਦਿੱਤਾ ਗਿਆ ਅਤੇ ਜਿਥੇ ਬੱਚੇ ਦੀ ਦਿਲ ਦੀ ਬਿਮਾਰੀ ਦਾ ਸਫਲ ਆਪਰੇਸ਼ਨ ਕੀਤਾ ਗਿਆ। ਇਸ ਮੌਕੇ ਸਿਵਲ ਸਰਜਨ ਪਠਾਨਕੋਟ ਵੱਲੋਂ ਬੱਚੇ ਨੂੰ ਸਕੂਲ ਬੈਗ ਅਤੇ ਕਿਤਾਬਾਂ ਦੇ ਕੇ ਸਨਮਾਨਿਤ ਕੀਤਾ ਗਿਆ। ਮਾਤਾ ਨੀਲਮ ਦੇਵੀ ਨੇ ਦੱਸਿਆ ਕਿ ਉਨਾਂ ਦਾ ਬੱਚਾ ਜੋ ਹੁਣ ਢਾਈ ਸਾਲ ਦਾ ਹੈ, ਉਹ ਜਨਮ ਤੋਂ ਹੀ ਦਿਲ ਦੀ ਬਿਮਾਰੀ ਤੋਂ ਪੀੜਤ ਸੀ। ਉਹ ਮਜ਼ਦੂਰ ਪਰਿਵਾਰ ਨਾਲ ਸਬੰਧਤ ਹਨ, ਇਸ ਲਈ ਬੱਚੇ ਦਾ ਇਲਾਜ ਕਰਵਾਉਣਾ ਔਖਾ ਸੀ। ਇਸ ਪੂਰੇ ਇਲਾਜ ਵਿੱਚ ਉਸ ਕੋਲੋਂ ਕਿਸੇ ਕਿਸਮ ਦਾ ਕੋਈ ਵੀ ਪੈਸਾ ਨਹੀਂ ਲਿਆ ਗਿਆ। ਇਸ ਮੌਕੇ ਜ਼ਿਲ੍ਹਾ ਟੀਕਾਕਰਨ ਅਫਸਰ ਡਾ. ਸੁਨਿਤਾ ਸ਼ਰਮਾ ਨੇ ਦੱਸਿਆ ਕਿ ਆਰ.ਬੀ.ਐਸ.ਕੇ. ਅਧੀਨ ਆਂਗਣਵਾੜੀ ਅਤੇ ਸਕੂਲ ਵਿੱਚ ਪੜਦੇ 0 ਤੋਂ 18 ਸਾਲ ਤੱਕ ਦੇ ਬੱਚਿਆਂ ਦੀਆਂ 30 ਬਿਮਾਰੀਆਂ ਦਾ ਇਲਾਜ ਕੀਤਾ ਜਾਂਦਾ ਹੈ। ਇਸ ਅਧੀਨ ਆਰ.ਬੀ.ਐਸ.ਕੇ. ਟੀਮਾਂ ਜਿਨ੍ਹਾਂ ਵਿੱਚ ਏ.ਐਮ.ਓ. ਮੇਲ ਅਤੇ ਫੀ-ਮੇਲ ਵੱਲੋਂ ਸਕੂਲਾਂ ਅਤੇ ਆਂਗਣਵਾੜੀ ਸੈਂਟਰਾਂ ਵਿੱਚ ਜਾ ਕੇ ਬੱਚਿਆਂ ਦਾ ਹੈਲਥ ਚੈਕ-ਅੱਪ ਕੀਤਾ ਜਾਂਦਾ ਹੈ ਅਤੇ ਉਨਾਂ ਦਾ ਇਲਾਜ ਸਬੰਧਤ ਸੀ.ਐਚ.ਸੀ. ਅਤੇ ਸਿਵਲ ਹਸਪਤਾਲ ਪਠਾਨਕੋਟ ਵਿਖੇ ਕੀਤਾ ਜਾਂਦਾ ਹੈ। ਜਿਨ੍ਹਾਂ ਬੱਚਿਆਂ ਦਾ ਇਲਾਜ ਸਿਵਲ ਹਸਪਤਾਲ ਪਠਾਨਕੋਟ ਵਿਖੇ ਨਹੀਂ ਹੋ ਸਕਦਾ, ਉਨ੍ਹਾਂ ਨੂੰ ਇਲਾਜ ਲਈ ਗੁਰੂ ਨਾਨਕ ਦੇਵ ਮੈਡੀਕਲ ਕਾਲਜ ਅੰਮ੍ਰਿਤਸਰ ਅਤੇ ਪੀ.ਜੀ.ਆਈ. ਚੰਡੀਗੜ੍ਹ ਵਿਖੇ ਰੈਫਰ ਕਰਕੇ ਮੁਫਤ ਇਲਾਜ ਕਰਵਾਇਆ ਜਾਂਦਾ ਹੈ। ਇਸ ਮੌਕੇ ਡਾ. ਵੰਦਨਾ ਕੁੰਡਲ ਡੀ.ਐਮ.ਸੀ., ਡਾ. ਰਾਜ ਕੁਮਾਰ ਜ਼ਿਲ੍ਹਾ ਪਰਿਵਾਰ ਭਲਾਈ ਅਫਸਰ, ਡਾ. ਮੋਨਿਕਾ ਡੋਗਰ, ਪੰਕਜ ਕੁਮਾਰ ਜ਼ਿਲ੍ਹਾ ਆਰਬੀਐਸਕੇ ਮੈਨੇਜਰ ਹਾਜ਼ਰ ਸਨ।

ਪਿੰਡ ਬਰਿਆਰ ਦਾ ਛਿੰਝ ਮੇਲਾ ਯਾਦਗਾਰੀ ਹੋ ਨਿੱਬੜਿਆ

ਦੀਨਾਨਗਰ (ਬਲਵਿੰਦਰ ਸਿੰਘ ਬਿੱਲਾ)-ਵਿਧਾਨ ਸਭਾ ਹਲਕਾ ਦੀਨਾਨਗਰ ਅਧੀਨ ਪੈਂਦੇ ਪਿੰਡ ਬਰਿਆਰ ਵਿੱਚ ਦਰਗਾਹ ਪੀਰ ਬਾਬਾ ਕੁੱਲੀ ਸ਼ਾਹ ਜੀ ਦਾ ਸਲਾਨਾ ਮੇਲਾ ਮੈਨੇਜਮੈਂਟ ਕਮੇਟੀ ਵੱਲੋਂ ਬਾਬਾ ਪੰਮਾ ਜੀ ਦੀ ਪ੍ਰਧਾਨਗੀ ਹੇਠ ਕਰਵਾਇਆ ਗਿਆ ਜਿਸ ਵਿੱਚ ਮਸ਼ਹੂਰ ਗਾਇਕ ਬਾਈ ਅਮਰਜੀਤ ਨੇ ਆਪਣੀ ਗਾਇਕੀ ਨਾਲ ਲੋਕਾਂ ਲੋਕਾਂ ਨੂੰ ਨਿਹਾਲ ਕੀਤਾ। ਇਸ ਮੇਲੇ ਵਿੱਚ ਆਮ ਆਦਮੀ ਪਾਰਟੀ ਦੇ ਦੀਨਾਨਗਰ ਤੋਂ ਹਲਕਾ ਇੰਚਾਰਜ ਸ਼ਮਸ਼ੇਰ ਸਿੰਘ ਨੇ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ ਜਿਨ੍ਹਾਂ ਨਾਲ ਆਸਟ੍ਰੇਲੀਅਨ ਫੈਰੈਸਟ ਹੋਟਲ ਦੇ ਮਾਲਿਕ ਅਤੇ ਉੱਘੇ ਸਮਾਜ ਸੇਵਕ ਹਰਜਿੰਦਰ ਸਿੰਘ ਬਿੱਟਾ ਆਪਣੀ ਪੂਰੀ ਟੀਮ ਨਾਲ ਸ਼ਾਮਿਲ ਹੋਏ। ਆਪਣੇ ਸੰਬੋਧਨ ਵਿੱਚ ਸ਼ਮਸ਼ੇਰ ਸਿੰਘ ਨੇ ਪੰਜਾਬ ਦੀ ਅਗਵਾਈ ਕਰ ਰਹੀ ਭਗਵੰਤ ਮਾਨ ਦੀ ਸਰਕਾਰ ਵੱਲੋਂ ਇਕ ਸਾਲ ਅੰਦਰ ਲੋਕ ਹਿੱਤ ਵਿੱਚ ਲਏ ਗਏ ਫੈਸਲਿਆਂ ਤੋਂ ਜਾਣੂ ਕਰਵਾਇਆ। ਉਨ੍ਹਾਂ ਪੰਜਾਬੀ ਸੂਫੀ ਗਾਇਕ ਦੀ ਤਾਰੀਫ ਵੀ ਕੀਤੀ। ਇਸ ਮੌਕੇ ਹਲਕਾ ਇੰਚਾਰਜ ਸ਼ਮਸ਼ੇਰ ਸਿੰਘ ਨੇ ਜੇਤੂ ਖਿਡਾਰੀਆਂ ਅਤੇ ਗਾਇਕ ਬਾਈ ਅਮਰਜੀਤ ਨੂੰ ਯਾਦਗਾਰੀ ਚਿੰਨ੍ਹ ਦੇ ਕੇ ਸਨਮਾਨਿਤ ਕੀਤਾ। ਇਸ ਮੌਕੇ ਹੋਰਨਾਂ ਤੋਂ ਇਲਾਵਾ ਸੁਖਦੇਵ ਰਾਜ, ਬਲਦੇਵ ਸਿੰਘ, ਕੁਲਦੀਪ ਸਿੰਘ, ਦਰਮੇਸ ਕੁਮਾਰ, ਪੰਮਾ ਜਸਵਿੰਦਰ ਸਿੰਘ ਆਦਿ ਹਾਜ਼ਰ ਸਨ।

ਭਵਨੀਤ ਕੌਰ ਡਾਕਟਰ ਬਣ ਕੇ ਕਰਨਾ ਚਾਹੁੰਦੀ ਹੈ ਲੋਕ-ਸੇਵਾ

ਤਰਨ ਤਾਰਨ (ਪ੍ਰਿਤਪਾਲ ਸਿੰਘ)-ਭਵਨੀਤ ਕੌਰ ਨੇ ਆਪਣੀ ਖੁਸ਼ੀ ਜ਼ਾਹਰ ਕਰਦਿਆਂ ਦੱਸਿਆ ਕਿ ਉਸਨੇ ਬਿਨ੍ਹਾਂ ਕਿਸੇ ਟਿਊਸ਼ਨ ਤੋਂ ਸਕੂਲ ਦੇ ਅਧਿਆਪਕਾਂ ਦੀ ਸਹੀ ਸੇਧ ਅਤੇ ਸਕੂਲ ਡਾਇਰੈਕਟਰ ਅਤੇ ਪ੍ਰਿੰਸੀਪਲ ਦੀ ਯੋਗ ਅਗਵਾਈ ਸਦਕਾ ਹੀ ਜ਼ਿਲ੍ਹੇ ਵਿੱਚੋਂ ਟਾਪ ਕੀਤਾ ਹੈ। ਇਥੇ ਦੱਸਣਯੋਗ ਹੈ ਕਿ ਭਵਨੀਤ ਕੌਰ ਮੈਡੀਕਲ ਦੀ ਪੜ੍ਹਾਈ ਕਰਕੇ ਐੱਮਬੀਬੀਐੱਸ ਬਣ ਕੇ ਲੋਕਾਂ ਦੀ ਸੇਵਾ ਕਰਨਾ ਚਾਹੁੰਦੀ ਹੈ। ਇੱਥੇ ਸੰਸਥਾ ਦੇ ਡਾਇਰੈਕਟਰ ਜਤਿੰਦਰਪਾਲ ਸਿੰਘ ਰੰਧਾਵਾ ਅਤੇ ਪ੍ਰਿੰਸੀਪਲ ਮਨੀਸ਼ਾ ਸੂਦ ਨੇ ਦੱਸਿਆ ਕਿ ਭਵਨੀਤ ਕੌਰ ਨਰਸਰੀ ਜਮਾਤ ਤੋਂ ਇਸ ਸਕੂਲ ਵਿਚ ਪੜ੍ਹ ਰਹੀ ਹੈ ਅਤੇ ਹਮੇਸ਼ਾ ਪੜ੍ਹਾਈ ਦੇ ਨਾਲ-ਨਾਲ ਦੂਜੀਆਂ ਗਤੀਵਿਧੀਆਂ ਵਿਚ ਵੀ ਅੱਗੇ ਹੀ ਰਹੀ ਹੈ।

ਭਵਨੀਤ ਕੌਰ ਇੱਕ ਮੱਧ ਵਰਗੀ ਕਿਸਾਨੀ ਪਰਿਵਾਰ ਨਾਲ ਸੰਬੰਧ ਰੱਖਦੀ ਹੈ ਜਿਸ ਨੇ ਵਿਦੇਸ਼ ਨਾ ਜਾ ਕੇ ਡਾਕਟਰ ਬਣ ਕੇ ਆਪਣੇ ਦੇਸ਼ ਦੀ ਸੇਵਾ ਕਰਨ ਦੀ ਮਨਸ਼ਾ ਜਤਾਈ ਹੈ।

ਪੁਲਸ ਤੋਂ ਇਨਸਾਫ਼ ਨਾ ਮਿਲਣ 'ਤੇ ਨੌਜਵਾਨ ਨੇ ਪੀਤੀ ਜ਼ਹਿਰੀਲੀ ਦਵਾਈ

ਪੱਟੀ, (ਬਲਦੇਵ ਸਿੰਘ ਕਿਰਤੋਵਾਲ/ਸ਼ਮਸ਼ੇਰ ਸਿੰਘ ਯੋਧਾ)-ਪਿੰਡ ਉਬੋਕੇ ਦੇ ਨੌਜਵਾਨ ਹਰਜੀਤ ਸਿੰਘ ਪੁੱਤਰ ਸਵਰਨ ਸਿੰਘ ਨੇ ਪੁਲਸ ਕੋਲੋਂ ਇਨਸਾਫ਼ ਨਾ ਮਿਲਣ ਕਰਕੇ ਜ਼ਹਿਰੀਲੀ ਦਵਾਈ ਪੀ ਲਈ। ਹਾਲਤ ਨਾਜ਼ੁਕ ਹੋਣ ਕਰਕੇ ਸਿਵਲ ਹਸਪਤਾਲ ਪੱਟੀ ਦੇ ਡਾਕਟਰਾਂ ਵੱਲੋਂ ਉਸ ਨੂੰ ਅੰਮ੍ਰਿਤਸਰ ਇਲਾਜ ਲਈ ਭੇਜ ਦਿੱਤਾ ਗਿਆ। ਹਰਜੀਤ ਸਿੰਘ ਦੇ ਪਿਤਾ ਸਵਰਨ ਸਿੰਘ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਉਨ੍ਹਾਂ ਦੇ ਲੜਕੇ ਦੇ ਕਿਸੇ ਲੜਕੀ ਨਾਲ ਪ੍ਰੇਮ ਸਬੰਧ ਹੋਣ ਕਰਕੇ ਬੀਤੀ 1 ਮਈ ਨੂੰ ਕੁਝ ਲੋਕਾਂ ਵੱਲੋਂ ਜਾਨੋਂ ਮਾਰਨ ਦੀ ਨੀਅਤ ਨਾਲ ਉਨ੍ਹਾਂ ਦੇ ਘਰ ਵਿੱਚ ਗੋਲੀਆਂ ਮਾਰੀਆ ਗਈਆਂ ਪਰ ਉਨ੍ਹਾਂ ਦੇ ਪਰਿਵਾਰ ਦਾ ਜਾਨੀ ਨੁਕਸਾਨ ਹੋਣੋਂ ਬਚਾਅ ਹੋ ਗਿਆ। ਉਨ੍ਹਾਂ ਵੱਲੋਂ ਮੁਲਜ਼ਮਾਂ ਖ਼ਿਲਾਫ਼ ਕਨੂੰਨੀ ਕਾਰਵਾਈ ਕਰਨ ਲਈ ਪੁਲਸ ਚੌਕੀ ਕੈਰੋਂ ਦੇ ਇੰਚਾਰਜ ਥਾਣੇਦਾਰ ਬਲਵਿੰਦਰ ਸਿੰਘ ਨੂੰ ਦਰਖ਼ਾਸਤ ਦਿੱਤੀ ਗਈ ਸੀ। ਇਸ ਤੋਂ ਇਲਾਵਾ ਉਹ ਡੀਐੱਸਪੀ ਪੱਟੀ ਅਤੇ ਐੱਸਐੱਸਪੀ ਤਰਨਤਾਰਨ ਨੂੰ ਮਿਲ ਕੇ ਇਨਸਾਫ਼ ਲਈ ਫ਼ਰਿਆਦ ਕਰ ਚੁੱਕੇ ਹਨ ਪਰ ਉਨ੍ਹਾਂ ਨੂੰ ਹੁਣ ਤੱਕ ਕੋਈ ਇਨਸਾਫ਼ ਨਹੀਂ ਮਿਲਿਆ। ਉਨ੍ਹਾਂ ਕਿਹਾ ਕਿ ਕੱਲ੍ਹ ਉਹ ਆਪਣੇ ਲੜਕੇ ਅਤੇ ਮੁਹਤਬਰਾਂ ਨੂੰ ਨਾਲ ਲੈ ਕਿ ਪੁਲਸ ਥਾਣਾ ਸਿਟੀ ਪੱਟੀ ਅੰਦਰ ਗਏ ਜਿੱਥੇ ਐੱਸਐੱਚਓ ਹਰਪ੍ਰੀਤ ਸਿੰਘ ਨੇ ਇਸ ਕੇਸ ਦਾ ਰਾਜ਼ੀਨਾਮਾ ਕਰਵਾਉਣ ਲਈ ਉਨ੍ਹਾਂ ਦੇ ਲੜਕੇ ਹਰਜੀਤ ਸਿੰਘ ਨੂੰ ਹਵਾਲਾਤ ਵਿੱਚ ਬੰਦ ਕਰ ਦਿੱਤਾ। ਦੱਸਣਯੋਗ ਹੈ ਕਿ ਨੌਜਵਾਨ ਹਰਜੀਤ ਸਿੰਘ ਵੱਲੋਂ ਜ਼ਹਿਰੀਲੀ ਦਵਾਈ ਪੀਣ ਤੋਂ ਪਹਿਲਾਂ ਵੀਡੀਓ ਬਣਾ ਕੇ ਪੁਲਸ ਚੌਕੀ ਕੈਰੋਂ ਦੇ ਇੰਚਾਰਜ ਥਾਣੇਦਾਰ ਬਲਵਿੰਦਰ ਸਿੰਘ 'ਤੇ ਇਲਜ਼ਾਮ ਲਗਾਏ ਕਿ ਉਸਦੀ ਦਰਖਾਸਤ 'ਤੇ ਕਾਰਵਾਈ ਨਹੀਂ ਕੀਤੀ ਗਈ ਸਗੋਂ ਉਕਤ ਥਾਣੇਦਾਰ ਨੇ ਉਸ ਨੂੰ ਧਮਕਾਇਆ ਕਿ ਉਹ ਮੇਰੇ ਤੇ ਮੇਰੇ ਪਰਿਵਾਰ ਉਪਰ ਪਰਚਾ ਦਰਜ ਕਰਵਾ ਦੇਵੇਗਾ ਜਿਸ ਕਾਰਨ ਉਹ ਜ਼ਹਿਰੀਲੀ ਦਵਾਈ ਪੀ ਰਿਹਾ ਹੈ ਪਰ ਜੇਕਰ ਉਸਦੀ ਮੌਤ ਹੁੰਦੀ ਹੈ ਤਾਂ ਪੁਲਸ ਥਾਣੇਦਾਰ ਬਲਵਿੰਦਰ ਸਿੰਘ ਤੇ ਉਸ ਦੇ ਘਰ ਗੋਲੀਆਂ ਮਾਰਨ ਵਾਲੇ ਜ਼ੁੰਮੇਵਾਰ ਹੋਣਗੇ। ਇਸ ਸਬੰਧੀ ਕੈਰੋਂ ਪੁਲਸ ਚੌਕੀ ਦੇ ਇੰਚਾਰਜ ਨੇ ਦੋਸ਼ਾਂ ਨੂੰ ਨਕਾਰਦਿਆਂ ਕਿਹਾ ਕਿ ਮਾਮਲੇ ਤੇ ਜਾਣਕਾਰੀ ਲਈ ਪੁਲਸ ਥਾਣਾ ਸਿਟੀ ਪੱਟੀ ਨਾਲ ਗੱਲ ਕਰ ਸਕਦੇ ਹਨ । ਥਾਣਾ ਸਿਟੀ ਪੱਟੀ ਦੇ ਐੱਸਐੱਚਓ ਹਰਪ੍ਰੀਤ ਸਿੰਘ ਨੇ ਦੱਸਿਆ ਕਿ ਉਕਤ ਨੌਜਵਾਨ ਦੇ ਘਰ ਗੋਲੀਆਂ ਵੱਜਣ ਦੀ ਘਟਨਾ ਉਨ੍ਹਾਂ ਦੀ ਤਇਨਾਤੀ ਤੋਂ ਪਹਿਲਾਂ ਦੀ ਹੈ ਤੇ ਪੁਲਸ ਮੁਤਾਬਕ ਉਕਤ ਘਟਨਾ ਸ਼ੱਕੀ ਹੈ। ਉਨ੍ਹਾਂ ਦੱਸਿਆ ਕਿ ਇਸ ਮਾਮਲੇ ਤੇ ਕੱਲ੍ਹ ਦੋਵੇਂ ਧਿਰਾਂ ਪੁਲਸ ਥਾਣੇ ਅੰਦਰ ਇੱਕਠੀਆਂ ਹੋਈਆਂ ਸੀ ਅਤੇ ਦੋਹਾਂ ਧਿਰਾਂ ਨੇ ਸਹਿਮਤੀ ਨਾਲ ਰਾਜ਼ੀਨਾਮਾਂ ਕਰਨ ਲਈ ਇੱਕਠੇ ਹੋਣਾ ਸੀ। ਡੀਐੱਸਪੀ ਪੱਟੀ ਸਤਨਾਮ ਸਿੰਘ ਨੇ ਕਿਹਾ ਕਿ ਉਹ ਇਸ ਘਟਨਾਂ ਸਬੰਧੀ ਤੱਥਾਂ ਦੀ ਜਾਂਚ ਕਰਨਗੇ ਤੇ ਪੁਲਸ ਵੱਲੋਂ ਕੁਝ ਵੀ ਗਲਤ ਨਹੀਂ ਕੀਤਾ ਜਾਵੇਗਾ।

ਖਾਦ ਵਿਕ੍ਰੇਤਾ ਦੁਕਾਨਾਂ ਦੇ ਬਾਹਰ ਖਾਦਾਂ ਦੇ ਸਟਾਕ ਬੋਰਡ ਲਗਾ ਉਨ੍ਹਾਂ ਨੂੰ ਰੋਜ਼ਾਨਾ ਅਪਡੇਟ ਕਰਨ : ਡਾ. ਢਿੱਲੋਂ

ਡੇਰਾ ਬਾਬਾ ਨਾਨਕ (ਰਮੇਸ਼ ਸ਼ਰਮਾ)-ਡਿਪਟੀ ਕਮਿਸ਼ਨਰ ਡਾ. ਹਿਮਾਂਸ਼ੂ ਅਗਰਵਾਲ ਦੇ ਦਿਸ਼ਾ-ਨਿਰਦੇਸ਼ਾਂ ਤਹਿਤ ਮੁੱਖ ਖੇਤੀਬਾੜੀ ਅਫ਼ਸਰ, ਗੁਰਦਾਸਪੁਰ ਡਾ. ਕਿਰਪਾਲ ਸਿੰਘ ਢਿੱਲੋਂ ਦੀ ਅਗਵਾਈ ਹੇਠ ਜ਼ਿਲ੍ਹੇ ਦੇ ਸਮੂਹ ਖਾਦ ਹੋਲਸੇਲਰਾਂ ਦੀ ਮੀਟਿੰਗ ਕੀਤੀ ਗਈ। ਇਸ ਮੀਟਿੰਗ ਦਾ ਵਿਸ਼ਾ ਸਾਉਣੀ ਸੀਜ਼ਨ ਦੌਰਾਨ ਖਾਦਾਂ ਦੇ ਨਾਲ ਬੇਲੋੜੀਆਂ ਖਾਦਾਂ ਅਤੇ ਦਵਾਈਆਂ ਦੀ ਟੈਗਿੰਗ ਨਾ ਕਰਨ ਸਬੰਧੀ ਸੀ। ਮੀਟਿੰਗ ਦੀ ਪ੍ਰਧਾਨਗੀ ਕਰਦਿਆਂ ਮੁੱਖ ਖੇਤੀਬਾੜੀ ਅਫ਼ਸਰ ਡਾ. ਕਿਰਪਾਲ ਸਿੰਘ ਢਿੱਲੋਂ ਨੇ ਸਮੂਹ ਖਾਦ ਹੋਲਸੇਲਰਾਂ ਨੂੰ ਹਦਾਇਤਾਂ ਕੀਤੀ ਕਿ ਸਾਉਣੀ ਸੀਜ਼ਨ ਦੌਰਾਨ ਖਾਦਾਂ ਦੇ ਨਾਲ ਕਿਸੇ ਵੀ ਬੇਲੋੜੀ ਖਾਦ, ਦਵਾਈ ਦੀ ਟੈਗਿੰਗ ਬਿਲਕੁਲ ਨਾ ਕੀਤੀ ਜਾਵੇ। ਉਨ੍ਹਾਂ ਕਿਹਾ ਕਿ ਕਿਸਾਨਾਂ ਨੂੰ ਉਨਾਂ ਦੀ ਮੰਗ ਮੁਤਾਬਿਕ ਬਿੱਲ ਕੱਟ ਕੇ ਹੀ ਖਾਦਾਂ ਤੇ ਦਵਾਈਆਂ ਦਿੱਤੀਆਂ ਜਾਣ। ਉਨ੍ਹਾਂ ਕਿਹਾ ਕਿ ਖਾਦਾਂ ਦੇ ਸਟਾਕ ਬੋਰਡ ਆਪਣੀਆਂ ਦੁਕਾਨਾਂ ਦੇ ਬਾਹਰ ਲਗਾਏ ਜਾਣ ਅਤੇ ਇਨ੍ਹਾਂ ਨੂੰ ਰੋਜ਼ਾਨਾ ਅਪਡੇਟ ਕੀਤਾ ਜਾਵੇ।

ਮੁੱਖ ਖੇਤੀਬਾੜੀ ਅਫ਼ਸਰ, ਗੁਰਦਾਸਪੁਰ ਨੇ ਕਿਹਾ ਕਿ ਜੇਕਰ ਕੋਈ ਖਾਦ ਵਿਕਰੇਤਾ ਖਾਦ ਨਾਲ ਕਿਸੇ ਵੀ ਬੇਲੋੜੀ ਖਾਦ ਦਵਾਈ ਦੀ ਟੈਗਿੰਗ ਕਰਦਾ ਪਾਇਆ ਗਿਆ ਤਾਂ ਉਸ ਖਿਲਾਫ ਖਾਦ ਕੰਟਰੋਲ ਆਰਡਰ, 1985 ਅਧੀਨ ਸਖਤ ਕਾਨੂੰਨੀ ਕਾਰਵਾਈ ਅਮਲ ਵਿੱਚ ਲਿਆਂਦੀ ਜਾਵੇਗੀ। ਇਸ ਮੌਕੇ ਮਨਪ੍ਰੀਤ ਸਿੰਘ ਖੇਤੀਬਾੜੀ ਵਿਕਾਸ ਅਫ਼ਸਰ, (ਪੀ.ਪੀ), ਅਮ੍ਰਿਤਪਾਲ ਸਿੰਘ ਖੇਤਬਾੜੀ ਵਿਕਾਸ ਅਫ਼ਸਰ (ਇਨਫੋਰਸਮੈਂਟ), ਮਨਜੀਤ ਸਿੰਘ ਬਲਾਕ ਖੇਤੀਬਾੜੀ ਅਫ਼ਸਰ, ਬਲਾਕ ਗੁਰਦਾਸਪੁਰ ਅਤੇ ਜ਼ਿਲ੍ਹੇ ਦੇ ਸਮੂਹ ਖਾਦ ਹੋਲਸੇਲਰ ਮੌਜੂਦ ਸਨ।

ਪੰਜਾਬ ਐਂਡ ਸਿੰਧ ਬੈਂਕ ਨੇ ਠੰਡੇ-ਮਿੱਠੇ ਜਲ ਦੀ ਛਬੀਲ ਤੇ ਲੰਗਰ ਲਗਾਇਆ

ਧਾਰੀਵਾਲ/ਗੁਰਦਾਸਪੁਰ, (ਮਨਦੀਪ ਸਿੰਘ ਵਿੱਕੀ, ਜਨਕ ਮਹਾਜਨ)-ਸ੍ਰੀ ਗੁਰੂ ਅਰਜਨ ਦੇਵ ਜੀ ਦੀ ਸ਼ਹੀਦੀ ਦਿਵਸ ਦੇ ਸਬੰਧ ਵਿੱਚ ਪੰਜਾਬ ਐਂਡ ਸਿੰਧ ਬੈਂਕ ਗੁਰਦਾਸਪੁਰ ਵਲੋਂ ਠੰਡੇ ਮਿੱਠੇ ਜਲ ਦੀ ਛਬੀਲ ਅਤੇ ਲੰਗਰ ਲਗਾਇਆ ਗਿਆ।

ਇਸ ਮੌਕੇ ਜ਼ੋਨਲ ਮੈਨੇਜਰ ਹਰਜਿੰਦਰ ਸਿੰਘ ਦੀ ਅਗਵਾਈ ਹੇਠ ਪੰਜਾਬ ਐਂਡ ਸਿੰਧ ਬੈਂਕ ਦੀ ਪੁਲਸ ਲਾਈਨਜ਼ ਰੋਡ ਗੁਰਦਾਸਪੁਰ ਸ਼ਾਖਾ ਦੇ ਪ੍ਰਬੰਧਾਂ ਵਿੱਚ ਲਗਾਈ ਠੰਡੇ ਮਿੱਠੇ ਜਲ ਦੀ ਛਬੀਲ ਅਤੇ ਲੰਗਰ ਦੀ ਸ਼ੁਰੂਆਤ ਕਰਨ ਤੋਂ ਪਹਿਲਾਂ ਭਾਈ ਸੇਵਾ ਸਿੰਘ ਵਲੋਂ ਸਰਬੱਤ ਦੇ ਭਲੇ ਲਈ ਅਰਦਾਸ ਕੀਤੀ ਗਈ। ਇਸ ਮੌਕੇ ਆਉਣ ਜਾਣ ਵਾਲੇ ਰਾਹਗੀਰਾਂ ਤੇ ਹੋਰ ਸੰਗਤਾਂ ਨੇ ਲੰਗਰ ਅਤੇ ਠੰਡਾ ਮਿਠਾ ਜਲ ਛਕਿਆ। ਇਸ ਮੌਕੇ ਪੰਜਾਬ ਐਂਡ ਸਿੰਧ ਬੈਂਕ ਦੇ ਜ਼ੋਨਲ ਮੈਨੇਜਰ ਹਰਜਿੰਦਰ ਸਿੰਘ, ਸਨੀਅਰ ਮੈਨੇਜਰ ਅਸ਼ੋਕ ਕੁਮਾਰ, ਸਹਾਇਕ ਪ੍ਰਬੰਧਕ ਸੁਰੇਸ਼ ਪਾਲ, ਹੇਮੰਤ ਥਾਪਰ, ਅਮਿਤ ਸਾਰੰਗਲ, ਰਜਨੀ ਬਨਾਲ, ਅਮਰਜੀਤ ਸਿੰਘ, ਅਭਿਨੇਸ਼ ਆਦਿ ਸਮੇਤ ਬੈਂਕ ਦੇ ਸਮੂਹ ਸਟਾਫ ਮੈਂਬਰਾਂ ਨੇ ਸੇਵਾ ਵਿੱਚ ਹਿੱਸਾ ਲਿਆ।

ਪੰਜਾਬ 'ਚ ਵਧ ਰਹੇ ਨਸ਼ਿਆਂ ਦਾ ਰੁਝਾਨ ਬਹੁਤ ਵੱਡੀ ਚਿੰਤਾ ਦਾ ਵਿਸ਼ਾ : ਡਾ. ਸੰਧੂ

ਤਰਸਿੱਕਾ (ਤਰਸੇਮ ਸਿੰਘ ਸਾਧਪੁਰ)-ਪੰਜ ਦਰਿਆਵਾਂ ਦੀ ਧਰਤੀ ਜਿਸ ਨੂੰ ਪੰਜਾਬ ਦੇ ਨਾਂ ਨਾਲ ਵੀ ਜਾਣਿਆ ਜਾਂਦਾ ਹੈ, ਵਿੱਚ ਦਿਨੋਂ-ਦਿਨ ਵਧ ਰਿਹਾ ਨਸ਼ਿਆਂ ਦਾ ਰੁਝਾਨ ਇੱਕ ਬਹੁਤ ਹੀ ਵੱਡੀ ਚਿੰਤਾ ਦਾ ਵਿਸ਼ਾ ਹੈ ਤੇ ਦੁੱਖ ਨਾਲ ਕਹਿਣਾ ਪੈ ਰਿਹਾ ਹੈ ਕਿ ਤੇ ਕੋਈ ਵੀ ਸਰਕਾਰ ਨਸ਼ਿਆਂ ਰੂਪੀ ਦੈਂਤ ਨੂੰ ਨਕੇਲ ਨਹੀਂ ਪਾ ਸਕੀ ਜੋ ਇੱਕ ਬਹੁਤ ਹੀ ਵੱਡੀ ਚਿੰਤਾ ਦਾ ਵਿਸ਼ਾ ਹੈ। ਇਨਾਂ ਵਿਚਾਰਾਂ ਦਾ ਪ੍ਰਗਟਾਵਾ ਅੱਡਾ ਡੱਡੂਆਣਾ ਵਿਖੇ ਸੰਧੂ ਹਸਪਤਾਲ ਦੇ ਐਮਡੀ ਡਾ. ਤੇਜਪਾਲ ਸਿੰਘ ਸੰਧੂ ਤੇ ਉਨਾਂ ਦੇ ਸਟਾਫ ਮੈਂਬਰਾਂ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕੀਤਾ। ਉਨਾਂ ਕਿਹਾ ਕਿ ਨਸ਼ਿਆਂ ਦੇ ਇਸ ਦੈਂਤ ਨੇ ਹੁਣ ਤੱਕ ਅਨੇਕਾਂ ਜਵਾਨੀਆਂ ਨਿਗਲ ਲਈਆਂ ਹਨ ਤੇ ਕਈਆਂ ਘਰਾਂ ਦੇ ਚਿਰਾਗ ਵੀ ਬੁਝ ਗਏ, ਕਈ ਸੁਹਾਗਣਾਂ ਇਸ ਨਸੇ ਰੂਪੀ ਦੈਂਤ ਨੇ ਰੰਡੀਆਂ ਕਰਤੀਆਂ, ਪਰ ਨਸ਼ਿਆਂ ਦੇ ਇਸ ਦੈਂਤ ਦਾ ਢਿੱਡ ਭਰਨ ਦਾ ਨਾਮ ਹੀ ਨਹੀਂ ਲੈ ਰਿਹਾ। ਉਨਾਂ ਕਿਹਾ ਕਿ ਸੋਸ਼ਲ ਮੀਡੀਆ ਤੇ ਵਾਇਰਲ ਹੋ ਰਹੀਆਂ ਨਸ਼ੇੜੀਆਂ ਦੀਆਂ ਵੀਡੀਓਜ਼ ਪੰਜਾਬ ਨੂੰ ਪੂਰੀ ਤਰ੍ਹਾਂ ਬਦਨਾਮ ਕਰ ਰਹੀਆਂ ਹਨ ਜਿਸ ਨਾਲ ਪੂਰੇ ਵਿਸ਼ਵ ਵਿੱਚ ਪੰਜਾਬੀਆਂ ਨੂੰ ਨਮੋਸ਼ੀ ਦਾ ਸਾਹਮਣਾ ਕਰਨਾ ਪੈ ਰਿਹਾ ਹੈ। ਇਸ ਮੌਕੇ ਪੀਆਰਓ ਅਵਤਾਰ ਸਿੰਘ, ਦਲੇਰ ਸਿੰਘ ਜੌਹਲ, ਮੈਡਮ ਰਾਜ, ਕੁਲਵਿੰਦਰ ਕੌਰ, ਸੁਖਵਿੰਦਰ ਕੌਰ, ਰਣਜੀਤ ਕੌਰ, ਸੰਦੀਪ ਕੌਰ, ਐਮਡੀ ਜਗਦੀਸ ਸਿੰਘ, ਨਾਨਕ ਸਿੰਘ ਨਵਾਂ ਪਿੰਡ, ਇੰਜੀ. ਬਲਜੀਤ ਸਿੰਘ ਜੰਮੂ ਐਮਬੀਐਸ ਰਿਜ਼ੋਰਟ ਵਾਲੇ, ਕਲਾਕਾਰ ਦੇਵ ਜੌਹਲ, ਸੁਖਬਾਜ ਸਿੰਘ ਰੰਧਾਵਾ ਆਦਿ ਨੇ ਵੀ ਪੰਜਾਬ ਵਿੱਚ ਵਧ ਰਹੇ ਨਸ਼ਿਆਂ ਦੇ ਰੁਝਾਨ 'ਤੇ ਚਿੰਤਾ ਦਾ ਪ੍ਰਗਟਾਵਾ ਕੀਤਾ ਤੇ ਨਾਲ ਹੀ ਸਰਕਾਰ ਤੋਂ ਮੰਗ ਕੀਤੀ ਕਿ ਨਸ਼ਿਆਂ ਨੂੰ ਖਤਮ ਕਰਨ ਲਈ ਕਾਰਗਰ ਕਦਮ ਚੁੱਕੇ ਜਾਣ ਤਾਂ ਕਿ ਪੰਜਾਬ ਦੀ ਜਵਾਨੀ ਨੂੰ ਬਚਾਇਆ ਜਾ ਸਕੇ.

ਬਾਬਾ ਗੁਰਮੁੱਖ ਸਿੰਘ ਬਾਬਾ ਉੱਤਮ ਸਿੰਘ ਸਕੂਲ ਦਾ 12ਵੀਂ ਜਮਾਤ ਦਾ ਨਤੀਜਾ ਸ਼ਾਨਦਾਰ

ਖਡੂਰ ਸਾਹਿਬ (ਸਰਬਜੋਤ ਸਿੰਘ ਸੰਧਾ)-ਬਾਬਾ ਸੇਵਾ ਸਿੰਘ ਜੀ ਕਾਰ ਸੇਵਾ ਖਡੂਰ ਸਾਹਿਬ ਵਾਲਿਆਂ ਦੀ ਸਰਪ੍ਰਸਤੀ ਅਧੀਨ ਚੱਲ ਰਹੇ ਬਾਬਾ ਗੁਰਮੁਖ ਸਿੰਘ ਬਾਬਾ ਉੱਤਮ ਸਿੰਘ ਸੀਨੀ. ਸੈਕੰ. ਸਕੂਲ ਖਡੂਰ ਸਾਹਿਬ ਦੇ ਵਿਦਿਆਰਥੀਆਂ ਨੇ ਪੰਜਾਬ ਸਕੂਲ ਐਜੂਕੇਸ਼ਨ ਬੋਰਡ ਵੱਲੋਂ ਐਲਾਨੇ ਗਏ 12ਵੀਂ ਕਲਾਸ ਦੇ ਨਤੀਜਿਆਂ ਵਿੱਚ ਚੰਗੀ ਕਾਰਗੁਜ਼ਾਰੀ ਕਰਦੇ ਹੋਏ ਪੰਜਾਬ ਵਿੱਚੋਂ 12ਵਾਂ, 14ਵਾਂ ਅਤੇ 15ਵਾਂ ਸਥਾਨ ਪ੍ਰਾਪਤ ਕੀਤਾ। ਇਸ ਮੌਕੇ ਸਕੂਲ ਦੇ ਡਾਇਰੈਕਟਰ ਹਰਜਿੰਦਰ ਸਿੰਘ ਨੇ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਸਕੂਲ ਦੀ ਵਿਦਿਆਰਥਣ ਰਜਨੀ ਸ਼ਰਮਾ ਨੇ 500 'ਚੋਂ 488 ਅੰਕ ਪ੍ਰਾਪਤ ਕਰਕੇ ਪੰਜਾਬ ਭਰ ਦੀ ਮੈਰਿਟ ਵਿੱਚੋਂ 12ਵਾਂ ਸਥਾਨ ਅਤੇ ਤਰਨ ਤਾਰਨ ਜ਼ਿਲ੍ਹੇ ਵਿੱਚੋਂ ਪਹਿਲਾ ਸਥਾਨ ਪ੍ਰਾਪਤ ਕੀਤਾ। ਇਸੇ ਤਰ੍ਹਾਂ ਮਨਪ੍ਰੀਤ ਕੌਰ (ਕਾਮਰਸ) ਨੇ 500 ਵਿੱਚੋਂ 486 ਅੰਕ ਪ੍ਰਾਪਤ ਕਰਕੇ ਪੰਜਾਬ ਵਿੱਚੋਂ 14ਵਾਂ ਸਥਾਨ ਅਤੇ ਖੁਸ਼ਪ੍ਰੀਤ ਕੌਰ (ਸਾਇੰਸ) ਨੇ 500 ਵਿੱਚੋ 485 ਅੰਕਾਂ ਨਾਲ ਪੰਜਾਬ ਵਿੱਚੋਂ 15ਵਾਂ ਸਥਾਨ ਹਾਸਲ ਕਰਕੇ ਸਕੂਲ ਅਤੇ ਆਪਣੇ ਮਾਪਿਆਂ ਦਾ ਨਾਮ ਰੋਸ਼ਨ ਕੀਤਾ। ਸਕੂਲ ਦੇ ਪ੍ਰਿੰਸੀਪਲ ਮੈਡਮ ਮਮਤਾ ਕੌਰ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਸਕੂਲ ਦੇ ਕੁੱਲ 89 ਵਿਦਿਆਰਥੀਆਂ ਨੇ ਬਾਰ੍ਹਵੀ ਜਮਾਤ ਦੀ ਪ੍ਰੀਖਿਆ ਦਿੱਤੀ, ਜਿਸ ਵਿੱਚ ਸਕੂਲ ਦਾ ਨਤੀਜਾ 100 ਫੀਸਦੀ ਰਿਹਾ ਹੈ ਅਤੇ ਇਹ ਬੜ੍ਹੇ ਮਾਣ ਵਾਲੀ ਗੱਲ ਹੈ ਕਿ ਸਕੂਲ ਦੇ ਸਾਰੇ ਵਿਦਿਆਰਥੀਆਂ ਨੇ 80 ਪ੍ਰਤੀਸ਼ਤ ਤੋਂ ਉੱਪਰ ਨੰਬਰ ਪ੍ਰਾਪਤ ਕੀਤੇ। ਇਸ ਮੌਕੇ ਬਾਬਾ ਸੇਵਾ ਸਿੰਘ ਨੇ ਵਿਦਿਆਰਥੀਆਂ ਤੇ ਸਮੂਹ ਸਟਾਫ ਨੂੰ ਵਧਾਈ ਦਿੱਤੀ ਅਤੇ ਵਿਦਿਆਰਥੀਆਂ ਨੂੰ ਇਸੇ ਤਰ੍ਹਾਂ ਹੀ ਮਿਹਨਤ ਕਰਕੇ ਆਪਣੀ ਜ਼ਿੰਦਗੀ ਦੇ ਟੀਚੇ ਪ੍ਰਾਪਤ ਕਰਨ ਲਈ ਪ੍ਰੇਰਿਕ ਕੀਤਾ। ਇਸ ਮੌਕੇ ਸਕੂਲ ਦੇ ਸਕੱਤਰ ਭਾਈ ਵਰਿਆਮ ਸਿੰਘ ਅਤੇ ਸਕੂਲ ਦੇ ਅਧਿਆਪਕ ਨਰਿੰਦਰ ਸ਼ਰਮਾ, ਨਵਪ੍ਰੀਤ ਸਿੰਘ, ਜਗਮੋਹਨ ਸ਼ਰਮਾ, ਗੁਰਸੇਵਕ ਸਿੰਘ, ਰਾਜਵਿੰਦਰ ਸਿੰਘ, ਹਰਅਵਤਾਰ ਸਿੰਘ, ਕਮਲਜੀਤ ਸਿੰਘ, ਮਨਪ੍ਰੀਤ ਸਿੰਘ, ਸੁਖਮਨਪ੍ਰੀਤ ਕੌਰ, ਨਵਦੀਪ ਕੌਰ (ਪੰਜਾਬੀ), ਰਾਜਨਪ੍ਰੀਤ ਕੌਰ, ਪਰਵਿੰਦਰ ਕੌਰ ਆਦਿ ਹਾਜ਼ਰ ਸਨ।

ਪੈਨਸ਼ਨ ਲਾਭਪਾਤਰੀਆਂ ਨੂੰ ਅਪ੍ਰੈਲ ਦੇ ਮਹੀਨੇ 'ਚ 37,29,33,000 ਰੁਪਏ ਦੀ ਰਾਸ਼ੀ ਵੰਡੀ : ਡੀ ਸੀ

ਅੰਮ੍ਰਿਤਸਰ, (ਨਰਿੰਦਰਜੀਤ ਸਿੰਘ)-ਆਮ ਆਦਮੀ ਪਾਰਟੀ ਦੀ ਸਰਕਾਰ ਰਾਜ ਵਿੱਚ ਲੋਕ ਹਿੱਤ ਲਈ ਕੰਮ ਕਰਨ ਦੇ ਮਨਸ਼ੇ ਨਾਲ ਸੱਤਾ ਵਿੱਚ ਆਈ ਸੀ ਅਤੇ ਲੋਕਾਂ ਦੀਆਂ ਸਮੱਸਿਆਵਾਂ ਦਾ ਹੱਲ ਪਹਿਲ ਦੇ ਅਧਾਰ 'ਤੇ ਕਰਨ ਲਈ ਵਚਨਬੱਧ ਹੈ। ਇਨ੍ਹਾਂ ਸ਼ਬਦਾ ਦਾ ਪ੍ਰਗਟਾਵਾ ਡਿਪਟੀ ਕਮਿਸ਼ਨਰ ਅੰਮ੍ਰਿਤਸਰ ਅਮਿਤ ਤਲਵਾੜ ਨੇ ਕਰਦਿਆਂ ਦੱਸਿਆ ਕਿ ਸਮਾਜਿਕ ਸੁਰੱਖਿਆ ਇਸਤਰੀ ਤੇ ਬਾਲ ਵਿਕਾਸ ਵਿਭਾਗ, ਪੰਜਾਬ ਦੇ ਜਿਲ੍ਹਾ ਅੰਮ੍ਰਿਤਸਰ ਵੱਲੋਂ ਬੁਢਾਪਾ ਪੈਨਸ਼ਨ ਅਤੇ ਹੋਰ ਵਿੱਤੀ ਸਹਾਇਤਾ ਸਕੀਮਾਂ ਤਹਿਤ 1500 ਰੁਪਏ ਪ੍ਰਤੀ ਮਹੀਨਾ ਕੁੱਲ 2 ਲੱਖ 48 ਹਜ਼ਾਰ 622 ਲਾਭਪਾਤਰੀ ਜਿਸ ਦੀ ਕੁੱਲ ਰਾਸ਼ੀ 37,29,33,000 ਰੁਪਏ ਦੀ ਅਦਾਇਗੀ ਮਹੀਨਾ ਅਪ੍ਰੈਲ ਦੌਰਾਨ ਕੀਤੀ ਗਈ ਹੈ। ਉਨ੍ਹਾਂ ਦੱਸਿਆ ਕਿ ਵਿਭਾਗ ਦੀਆਂ ਭਲਾਈ ਸਕੀਮਾਂ ਦਾ ਲਾਭ ਲੈਣ ਲਈ ਲੋੜਵੰਦ ਵਿਅਕਤੀ ਨੇੜੇ ਦੇ ਸੁਵਿਧਾ ਕੇਂਦਰਾਂ ਅਤੇ ਬਾਲ ਵਿਕਾਸ ਪ੍ਰੋਜੈਕਟ ਦਫਤਰਾਂ ਰਾਹੀਂ ਜਾਂ ਖੁਦ ਵੀ ਈ ਸੇਵਾ ਪੋਰਟਲ ਰਾਹੀ ਇਨ੍ਹਾਂ ਸਕੀਮਾਂ ਦਾ ਲਾਭ ਲੈ ਸਕਦੇ ਹਨ। ਸ਼੍ਰੀ ਤਲਵਾੜ ਨੇ ਕਿਹਾ ਕਿ ਵਿਭਾਗ ਵੱਲੋਂ ਵਿੱਤੀ ਸਹਾਇਤਾ ਸਕੀਮਾਂ ਅਧੀਨ 4 ਸਕੀਮਾਂ ਚਲਾਈਆਂ ਜਾਂਦੀਆਂ ਹਨ। ਉਨ੍ਹਾਂ ਕਿਹਾ ਕਿ ਬੁਢਾਪਾ ਪੈਨਸ਼ਨ ਲਈ ਮਰਦ ਦੀ ਉਮਰ ਘੱਟੋ ਘੱਟ 65 ਸਾਲ ਅਤੇ ਇਸਤਰੀਆਂ ਲਈ 58 ਸਾਲ ਹੋਣੀ ਚਾਹੀਦੀ ਹੈ। ਬੁਢਾਪਾ ਪੈਨਸ਼ਨ ਪੇਂਡੂ ਖੇਤਰ ਲਈ ਜ਼ਮੀਨ ਦੀ ਹੱਦ ਪਤੀ ਪਤਨੀ ਦੋਹਾਂ ਦੇ ਨਾਮ 'ਤੇ ਢਾਈ ਏਕੜ ਨਹਿਰੀ/5 ਏਕੜ ਬਰਾਨੀ ਤੋਂ ਵੱਧ ਨਾ ਹੋਵੇ। ਉਨ੍ਹਾਂ ਕਿਹਾ ਕਿ ਕਿਹਾ ਕਿ ਬੁਢਾਪਾ ਪੈਨਸ਼ਨ ਸ਼ਹਿਰੀ ਖੇਤਰ ਲਈ ਰਿਹਾਇਸ਼ੀ ਮਕਾਨ 200 ਵਰਗ ਮੀਟਰ ਤੋਂ ਜ਼ਿਆਦਾ ਅਤੇ ਬੁਢਾਪਾ ਪੈਨਸ਼ਨ ਲਈ ਸਾਰੇ ਵਸੀਲਿਆ ਤੋਂ ਹੋਣ ਵਾਲੀ ਆਮਦਨ 60000 ਰੁਪਏ ਸਲਾਨਾ ਤੋਂ ਵੱਧ ਨਹੀਂ ਹੋਣੀ ਚਾਹੀਦੀ। ਉਨ੍ਹਾਂ ਦੱਸਿਆ ਕਿ ਬੁਢਾਪਾ ਪੈਨਸ਼ਨ ਲਾਭਪਾਤਰੀਆਂ ਦੀ ਕੁੱਲ ਗਿਣਤੀ 1 ਲੱਖ 68 ਹਜਾਰ 638 ਹੈ।

ਸ ਸ ਸ ਸਕੂਲ ਵਿਛੋਆ ਦਾ ਨਤੀਜਾ 100 ਫ਼ੀਸਦੀ ਰਿਹਾ

ਅਜਨਾਲਾ, (ਸੁਖਤਿੰਦਰ ਸਿੰਘ ਰਾਜੂ)-ਪੰਜਾਬ ਸਿੱਖਿਆ ਬੋਰਡ ਵੱਲੋਂ ਬੀਤੇ ਦਿਨ ਐਲਾਨੇ ਗਏ ਬਾਰ੍ਹਵੀਂ ਜਮਾਤ ਦੇ ਨਤੀਜਿਆਂ 'ਚ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਵਿਛੋਆ ਦਾ ਨਤੀਜਾ ਸੌ ਫੀਸਦੀ ਰਿਹਾ। ਇਸ ਸਬੰਧੀ ਜਾਣਕਾਰੀ ਦਿੰਦਿਆਂ ਸਕੂਲ ਦੇ ਪ੍ਰਿੰਸੀਪਲ ਮੈਡਮ ਰੁਪਿੰਦਰ ਕੌਰ ਰੰਧਾਵਾ ਨੇ ਦੱਸਿਆ ਕਿ 12ਵੀਂ ਜਮਾਤ ਵਿੱਚ 116 ਵਿਦਿਆਰਥੀ ਅਪੀਅਰ ਹੋਏ ਸਨ ਜਿਨ੍ਹਾਂ ਵਿੱਚੋਂ 10 ਵਿਦਿਆਰਥੀਆਂ ਨੇ 90 ਫੀਸਦੀ ਤੋਂ ਵੱਧ ਅੰਕ ਲਏ ਤੇ 52 ਵਿਦਿਆਰਥੀਆਂ ਨੇ 80 ਫੀਸਦੀ ਤੋਂ ਉੱਪਰ ਨੰਬਰ ਲਏ, ਜਦੋਂਕਿ ਬਾਕੀ ਵਿਦਿਆਰਥੀਆਂ ਨੇ 70 ਫੀਸਦੀ ਤੋਂ ਵੱਧ ਨੰਬਰ ਲੈ ਕੇ ਬਾਰ੍ਹਵੀਂ ਕਲਾਸ ਪਾਸ ਕੀਤੀ।

ਇਸ ਮੌਕੇ ਪ੍ਰਿੰਸੀਪਲ ਰੰਧਾਵਾ ਵੱਲੋਂ ਸਮੂਹ ਵਿਦਿਆਰਥੀਆਂ, ਮਾਪਿਆਂ ਤੇ ਅਧਿਆਪਕਾਂ ਨੂੰ ਉਨ੍ਹਾਂ ਦੇ ਸ਼ਾਨਦਾਰ ਨਤੀਜੇ ਲਈ ਵਧਾਈਆਂ ਦਿੱਤੀਆਂ।

ਏਡਿਡ ਮੈਨੇਜਮੈਂਟ ਫੈਡਰੇਸ਼ਨ ਨੇ ਪੋਰਟਲ ਸਬੰਧੀ ਵਾਪਸ ਲਏ ਫੈਸਲੇ 'ਤੇ ਮੁੱਖ ਮੰਤਰੀ ਦਾ ਕੀਤਾ ਧੰਨਵਾਦ

ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ)-ਗੈਰ-ਸਰਕਾਰੀ ਏਡਿਡ ਕਾਲਜਿਜ਼ ਮੈਨੇਜਮੈਂਟ ਫੈਡਰੇਸ਼ਨ ਦੀ ਇਕ ਹੰਗਾਮੀ ਮੀਟਿੰਗ ਅੱਜ ਦੇਵਕੀ ਦੇਵੀ ਜੈਨ ਮੈਮੋਰੀਅਲ ਕਾਲਜ ਫ਼ਾਰ ਵੂਮੈਨ, ਲੁਧਿਆਣਾ ਵਿਖੇ ਹੋਈ, ਜਿਸ 'ਚ ਕਾਰਜਕਾਰਨੀ ਮੈਂਬਰਾਂ ਨੇ ਸਰਬਸੰਮਤੀ ਨਾਲ ਪੰਜਾਬ ਦੇ ਮੁੱਖ ਮੰਤਰੀ ਸ: ਭਗਵੰਤ ਸਿੰਘ ਮਾਨ ਅਤੇ ਉਨ੍ਹਾਂ ਦੀ ਸਰਕਾਰ ਦਾ ਪੰਜਾਬ ਅਤੇ ਚੰਡੀਗੜ੍ਹ ਦੇ ਕਾਲਜਾਂ 'ਚ ਦਾਖਲੇ ਸਬੰਧੀ ਕੇਂਦਰੀਕ੍ਰਿਤ ਦਾਖਲਾ ਪੋਰਟਲ ਸਬੰਧੀ ਫੈਸਲੇ ਨੂੰ ਵਾਪਸ ਲੈਣ ਲਈ ਧੰਨਵਾਦ ਕਰਦਿਆਂ ਸ਼ਲਾਘਾ ਕੀਤੀ। ਇਸ ਸਬੰਧੀ ਫੈਡਰੇਸ਼ਨ ਦੁਆਰਾ ਕੇਂਦਰੀਕ੍ਰਿਤ ਦਾਖਲਾ ਪੋਰਟਲ ਬਾਰੇ ਸੂਬਾ ਸਰਕਾਰ ਵੱਲੋਂ ਨੋਟੀਫ਼ਿਕੇਸ਼ਨ ਨੂੰ ਛੇਤੀ ਤੋਂ ਛੇਤੀ ਜਾਰੀ ਕਰਨ ਦੀ ਅਪੀਲ ਵੀ ਕੀਤੀ ਗਈ। ਇਸ ਦੌਰਾਨ ਫ਼ੈਡਰੇਸ਼ਨ ਪ੍ਰਧਾਨ ਰਜਿੰਦਰ ਮੋਹਨ ਸਿੰਘ ਛੀਨਾ ਦੀ ਅਗਵਾਈ ਹੇਠ ਹੋਈ ਮੀਟਿੰਗ 'ਚ ਮੁੱਖ ਮੰਤਰੀ ਨੂੰ ਇਸ ਸਬੰਧੀ ਲੋੜੀਂਦਾ ਨੋਟੀਫਿਕੇਸ਼ਨ ਜਲਦ ਤੋਂ ਜਲਦ ਜਾਰੀ ਕਰਨ ਦੀ ਪੁਰਜ਼ੋਰ ਅਪੀਲ ਕੀਤੀ ਤਾਂ ਜੋ ਉਕਤ ਮੁੱਦੇ ਸਬੰਧੀ ਅਜੇ ਵੀ ਜੋ ਅਨਿਸ਼ਚਿਤਤਾਵਾਂ ਹਨ, ਨੂੰ ਦੂਰ ਕੀਤਾ ਜਾ ਸਕੇ। ਉਨ੍ਹਾਂ ਕਿਹਾ ਕਿ ਪਟੀਸ਼ਨਾਂ ਸੁਣਨ ਅਤੇ ਕੇਂਦਰੀਕ੍ਰਿਤ ਦਾਖਲਾ ਪੋਰਟਲ ਨੂੰ ਵਾਪਸ ਲੈਣ ਦਾ ਭਰੋਸਾ ਦੇਣ ਲਈ ਮੁੱਖ ਮੰਤਰੀ ਅਤੇ ਉਨ੍ਹਾਂ ਦੀ ਸਰਕਾਰ ਦੇ ਧੰਨਵਾਦੀ ਹਨ।

ਸ: ਛੀਨਾ ਨੇ ਪੰਜਾਬ ਸਰਕਾਰ ਨੂੰ ਅਪੀਲ ਕਰਦਿਆਂ ਕਿਹਾ ਕਿ ਇਸ ਬਾਰੇ ਸਬੰਧਿਤ ਵਿਭਾਗ ਨੂੰ ਨੋਟੀਫਿਕੇਸ਼ਨ ਦੇ ਰੂਪ 'ਚ ਲੋੜੀਂਦੀਆਂ ਹਦਾਇਤਾਂ ਜਾਰੀ ਕੀਤੀਆਂ ਜਾਣ।



ਮੀਟਿੰਗ ਦੌਰਾਨ ਉੱਚ ਵਿੱਦਿਅਕ ਅਦਾਰਿਆਂ ਨੂੰ ਦਰਪੇਸ਼ ਮਸਲਿਆਂ ਦੇ ਹੱਲ ਸਬੰਧੀ ਵੱਖ-ਵੱਖ ਮੁੱਦਿਆਂ 'ਤੇ ਵਿਸਥਾਰ ਨਾਲ ਚਰਚਾ ਵੀ ਕੀਤੀ ਗਈ। ਇਸ ਮੌਕੇ ਕਾਰਜਕਾਰਨੀ ਨੇ ਮੁੱਖ ਮੰਤਰੀ ਅਤੇ ਪੰਜਾਬ ਦੇ ਸਿੱਖਿਆ ਮੰਤਰੀ ਸ: ਹਰਜੋਤ ਸਿੰਘ ਬੈਂਸ ਨੂੰ ਪੱਤਰ ਲਿਖ ਕੇ ਸੂਬੇ ਦੇ ਕਾਲਜਾਂ ਨੂੰ ਹੋਰਨਾਂ ਦਰਪੇਸ਼ ਮੁੱਦਿਆਂ 'ਤੇ ਵਿਚਾਰ ਚਰਚਾ ਕਰਨ ਲਈ ਉਨ੍ਹਾਂ ਨਾਲ ਮੁਲਾਕਾਤ ਕਰਨ ਦੀ ਮੰਗ ਦਾ ਵੀ ਫੈਸਲਾ ਲਿਆ ਫ਼ਿਡਰੇਸ਼ਨ ਵੱਲੋਂ ਜਲੰਧਰ ਉਪ ਚੋਣ ਦੌਰਾਨ ਮੁੱਖ ਮੰਤਰੀ, ਸਿੱਖਿਆ ਮੰਤਰੀ ਅਤੇ ਵਿੱਤ ਮੰਤਰੀ ਪੰਜਾਬ ਹਰਪਾਲ ਸਿੰਘ ਚੀਮਾ ਨਾਲ ਇਕ ਉੱਚ ਪੱਧਰੀ ਮੀਟਿੰਗ ਕੀਤੀ ਗਈ ਸੀ ਅਤੇ ਉਨ੍ਹਾਂ ਦੁਆਰਾ ਭਰੋਸਾ ਦਿੱਤਾ ਗਿਆ ਸੀ ਕਿ ਉਹ ਮਈ ਦੇ ਅੰਤ 'ਚ ਫ਼ੈਡਰੇਸ਼ਨ ਦੇ ਵਫ਼ਦ ਨੂੰ ਦੁਬਾਰਾ ਮਿਲਣਗੇ। ਫੈਡਰੇਸ਼ਨ ਦੇ ਸਕੱਤਰ ਐਸ. ਐਮ. ਸ਼ਰਮਾ ਨੇ ਕਿਹਾ ਪੱਤਰ 'ਚ ਵੱਖ-ਵੱਖ ਮੁੱਦਿਆਂ 'ਤੇ ਉਨ੍ਹਾਂ ਦਾ ਧਿਆਨ ਕੇਂਦਰਿਤ ਕਰਨ ਲਈ ਹੁਣ ਸਮੂਹ ਵਫ਼ਦ ਨੂੰ ਦੁਬਾਰਾ ਮਿਲਣ ਲਈ ਉਨ੍ਹਾਂ ਤੋਂ ਸਮਾਂ ਲੈਣ ਦੀ ਮੰਗ ਕੀਤੀ ਗਈ ਹੈ।

ਇਸ ਮੌਕੇ ਕਾਰਜਕਾਰਨੀ ਨੇ ਇਹ ਵੀ ਐਲਾਨ ਕੀਤਾ ਕਿ ਪੰਜਾਬ ਅਤੇ ਚੰਡੀਗੜ੍ਹ ਦੇ ਸਾਰੇ 170 ਕਾਲਜਾਂ ਦੀ ਨੁਮਾਇੰਦਗੀ ਕਰਨ ਵਾਲੀ ਫੈਡਰੇਸ਼ਨ ਦੇ ਜਨਰਲ ਹਾਊਸ ਦੀ ਮੀਟਿੰਗ ਅਗਲੇ ਮਹੀਨੇ ਖ਼ਾਲਸਾ ਕਾਲਜ ਅੰਮ੍ਰਿਤਸਰ ਵਿਖੇ ਹੋਵੇਗੀ ਤਾਂ ਜੋ ਸੂਬੇ ਦੀਆਂ ਉੱਚ ਸਿੱਖਿਆ ਸੰਸਥਾਵਾਂ ਨੂੰ ਦਰਪੇਸ਼ ਵੱਖ-ਵੱਖ ਮੁੱਦਿਆਂ 'ਤੇ ਚਰਚਾ ਕੀਤੀ ਜਾ ਸਕੇ। ਇਸ ਦੌਰਾਨ ਕਾਰਜਕਾਰਨੀ ਮੈਂਬਰਾਂ ਨੇ ਬਕਾਇਆ ਗ੍ਰਾਂਟਾਂ, 75% ਗ੍ਰਾਂਟਾਂ ਅਧੀਨ ਭਰੀਆਂ ਸਾਰੀਆਂ ਸਹਾਇਤਾ ਪ੍ਰਾਪਤ ਅਸਾਮੀਆਂ ਨੂੰ 95% ਗ੍ਰਾਂਟਾਂ 'ਚ ਤਬਦੀਲ ਕਰਨ ਸਮੇਤ ਕਈ ਅਹਿਮ ਮੁੱਦਿਆਂ 'ਤੇ ਚਰਚਾ ਕੀਤੀ। ਇਸ ਮੌਕੇ ਦੇਵਕੀ ਦੇਵੀ ਕਾਲਜ ਮੈਨੇਜਮੈਂਟ ਦੇ ਪ੍ਰਧਾਨ ਨੰਦ ਕੁਮਾਰ ਜੈਨ, ਫ਼ੈਡਰੇਸ਼ਨ ਦੇ ਮੀਤ ਪ੍ਰਧਾਨ ਰਮੇਸ਼ ਕੁਮਾਰ ਕੌੜਾ, ਤੇਜਿੰਦਰ ਕੌਰ ਧਾਲੀਵਾਲ, ਸਲਾਹਕਾਰ ਰਵਿੰਦਰ ਜੋਸ਼ੀ, ਪ੍ਰਿੰਸੀਪਲ ਡਾ. ਮਹਿਲ ਸਿੰਘ ਆਦਿ ਹਾਜ਼ਰ ਸਨ।

ਬੀਬੀ ਕੌਲਾਂ ਜੀ ਭਲਾਈ ਕੇਂਦਰ ਵਿਖੇ ਸ਼ਹੀਦੀ ਦਿਹਾੜਾ ਮਨਾਇਆ

ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ) ਬੀਬੀ ਕੌਲਾਂ ਜੀ ਭਲਾਈ ਕੇਂਦਰ ਟਰੱਸਟ ਵਿਖੇ ਸ੍ਰੀ ਗੁਰੂ ਅਰਜਨ ਦੇਵ ਜੀ ਦਾ ਸ਼ਹੀਦੀ ਦਿਹਾੜਾ ਅਤੇ ਟਰੱਸਟ ਅਧੀਨ ਦਿੱਲੀ ਵਿਖੇ ਚਲ ਰਹੇ ਭਾਈ ਮਤੀਦਾਸ ਜੀ ਚੈਰੀਟੇਬਲ ਟਰੱਸਟ ਯਮਨਾ ਪਾਰ ਦੇ 22ਵੇਂ ਸਾਲਾਨਾ ਸ਼ੁਕਰਾਨਾ ਸਮਾਗਮ ਕਰਵਾਏ ਗਏ। ਸਮਾਗਮ ਦੀ ਆਰੰਭਤਾ ਸ੍ਰੀ ਜਪੁਜੀ ਸਾਹਿਬ ਚੌਪਈ ਸਾਹਿਬ ਦੇ ਸੰਗਤ ਰੂਪੀ ਪਾਠ ਉਪਰੰਤ ਭਾਈ ਹਰਵਿੰਦਰਪਾਲ ਸਿੰਘ ਲਿਟਲ ਸਿੰਘ ਸਾਹਿਬ ਗਿਆਨੀ ਬਲਵਿੰਦਰ ਸਿੰਘ ਸ੍ਰੀ ਦਰਬਾਰ ਸਾਹਿਬ ਨੇ ਕਥਾ ਕੀਰਤਨ ਦੀਆਂ ਹਾਜ਼ਰੀਆਂ ਭਰੀਆਂ। ਉਪਰੰਤ ਭਾਈ ਗੁਰਇਕਬਾਲ ਸਿੰਘ ਨੇ, ਤੁਸੀਂ ਤਾਂ ਸਾਰਿਆਂ ਦੁੱਖਾਂ ਦੇ ਦਾਰੂ ਧੰਨ ਸ੍ਰੀ ਗੁਰੂ ਅਰਜਨ ਦੇਵ ਜੀ, ਅਰਦਾਸ ਬੇਨਤੀ ਦੇ ਸ਼ਬਦ ਅਤੇ ਸ੍ਰੀ ਗੁਰੂ ਅਰਜਨ ਦੇਵ ਜੀ ਦਾ ਸ਼ਹੀਦੀ ਇਤਿਹਾਸ ਸਰਵਣ ਕਰਾ ਕੇ ਸੰਗਤਾਂ ਨੂੰ ਨਿਹਾਲ ਕੀਤਾ। ਇਸ ਮੌਕੇ ਵਿਸ਼ੇਸ਼ ਤੌਰ ਤੇ ਅਰਦਾਸੀਏ ਭਾਈ ਪ੍ਰੇਮ ਸਿੰਘ, ਭਾਈ ਗੁਰਸੇਵਕ ਸਿੰਘ ਸ੍ਰੀ ਦਰਬਾਰ ਸਾਹਿਬ, ਭਾਈ ਮਤੀ ਦਾਸ ਜੀ ਚੈਰੀਟੇਬਲ ਸੁਸਾਇਟੀ ਦੇ ਸਮੂਹ ਮੈਂਬਰਾਂ ਤੋਂ ਇਲਾਵਾ ਬੀਬੀ ਜਗਜੀਤ ਕੌਰ ਦਿੱਲੀ ਵਾਲੇ, ਪਟਿਆਲੇ ਤੋਂ ਜਸਵਿੰਦਰ ਸਿੰਘ, ਬੀਬੀ ਪਰਮਜੀਤ ਕੌਰ ਪੰਮਾ ਭੈਣ ਨੇ ਹਾਜ਼ਰੀਆਂ ਭਰੀਆਂ। ਉਪਰੰਤ ਗੁਰੂ ਕੇ ਲੰਗਰ ਅਟੁੱਟ ਵਰਤਾਏ ਗਏ।

27-May-PAGE- 12.qxd 5/26/2023 9:50 PM Page 1

ਤੇਜ਼ ਝੱਖੜ ਤੇ ਮੀਂਹ ਕਾਰਨ ਫਤਿਹਪੁਰ ਜਾਮਾ ਮਸਜਿਦ ਦੀ ਦੀਵਾਰ ਡਿੱਗੀ

ਮੋਰਿੰਡਾ (ਜੈਜੀ ਸਰਦਾਰ)- ਬੀਤੀ ਰਾਤ ਆਏ ਤੇਜ਼ ਝੱਖੜ ਅਤੇ ਮੀਂਹ ਕਾਰਨ ਮੋਰਿੰਡਾ ਦੇ ਵਾਰਡ ਨੰਬਰ 7 ਵਿੱਚ ਸਥਿਤ ਫਤਿਹਪੁਰ ਜਾਮਾ ਮਸਜਿਦ ਦੀ ਦੀਵਾਰ ਡਿੱਗਣ ਕਾਰਨ ਮਸਜਿਦ ਦੀ ਪੂਰੀ ਬਿਲਡਿੰਗ ਨੂੰ ਕਾਫੀ ਨੁਕਸਾਨ ਪੁੱਜਾ ਪਰੰਤੂ ਕਿਸੇ ਵੀ ਤਰ੍ਹਾਂ ਦੇ ਜਾਨੀ ਨੁਕਸਾਨ ਤੋਂ ਬਚਾ ਰਿਹਾ। ਇਸ ਸੰਬੰਧੀ ਜਾਣਕਾਰੀ ਦਿੰਦਿਆਂ ਮੁਸਲਿਮ ਕਮੇਟੀ ਦੇ ਪ੍ਰਧਾਨ ਹਾਜੀ ਸਦੀਕ ਨੇ ਦੱਸਿਆ ਕਿ ਇਹ ਪੁਰਾਤਨ ਮਸਜਿਦ 1857 ਦੀ ਬਣੀ ਹੋਈ ਸੀ, ਜਿਸ ਵਿੱਚ ਮੁਸਲਿਮ ਭਾਈਚਾਰੇ ਦੇ ਲੋਕ ਆਪਣੇ ਤਿੱਥ ਤਿਉਹਾਰਾਂ ਨੂੰ ਨਮਾਜ਼ ਅਦਾ ਕਰਨ ਲਈ ਜੁੜਦੇ ਸਨ ਪਰੰਤੂ ਬੀਤੀ ਰਾਤ ਆਏ ਤੇਜ਼ ਤੂਫਾਨ ਅਤੇ ਬਾਰਸ਼ ਕਾਰਨ ਮਸਜਿਦ ਦੀ ਇੱਕ ਕੰਧ ਮਸਜਿਦ ਦੇ ਅੰਦਰ ਹੀ ਡਿਗ ਗਈ। ਉਨ੍ਹਾ ਦੱਸਿਆ ਕਿ ਮਸਜਿਦ ਮੁਹੱਲੇ ਵਿੱਚ ਸਥਿਤ ਹੋਣ ਕਾਰਨ ਇਸ ਦੇ ਆਲੇ ਦੁਆਲੇ ਦੇ ਘਰਾਂ ਵਿੱਚ ਲੋਕ ਆਪੋ ਆਪਣੇ ਬੱਚਿਆਂ ਨਾਲ ਰਹਿੰਦੇ ਹਨ ਪਰੰਤੂ ਮਸਜਿਦ ਦੀ ਕੰਧ ਅੰਦਰਲੇ ਪਾਸੇ ਹੀ ਡਿਗ ਜਾਣ ਕਾਰਨ ਕਿਸੇ ਵੀ ਤਰ੍ਹਾਂ ਦੇ ਜਾਨੀ ਨੁਕਸਾਨ ਤੋਂ ਬਚਾ ਰਿਹਾ। ਇਸੇ ਦੌਰਾਨ ਫਤਿਹਪੁਰ ਜਾਮਾ ਮਸਜਿਦ ਵਿੱਚ ਮੌਜੂਦ ਮੁਹੰਮਦ ਰਸੀਦ, ਇਮਤਿਆਜ, ਮਾਨਕੀ, ਕੁਰਬਾਨ, ਰਜਾਕ, ਇਮਾਮ ਅਸਲਮ , ਸੋਨੀ ਖਾਨ ਅਤੇ ਡਾਕਟਰ ਲਤੀਫ ਆਦਿ ਨੇ ਦੱਸਿਆ ਕਿ ਤੇਜ਼ ਝੱਖੜ ਅਤੇ ਮੀਂਹ ਕਾਰਨ ਮਸਜਿਦ ਦੀ ਇੱਕ ਦੀਵਾਰ ਦੇ ਸ਼ਹੀਦ ਹੋ ਜਾਣ ਕਾਰਨ ਭਾਈਚਾਰੇ ਵੱਲੋਂ ਸਮੁੱਚੀ ਮਸਜਿਦ ਨੂੰ ਹੀ ਸ਼ਹੀਦ ਕਰਕੇ ਦੁਬਾਰਾ ਬਣਾਉਣ ਦਾ ਫੈਸਲਾ ਲਿਆ ਗਿਆ ਹੈ।

ਇਨ੍ਹਾਂ ਆਗੂਆਂ ਨੇ ਪੰਜਾਬ ਸਰਕਾਰ ਅਤੇ ਵਕਫ ਬੋਰਡ ਪੰਜਾਬ ਦੇ ਚੇਅਰਮੈਨ ਤੋਂ ਮਸਜਿਦ ਦੇ ਨਵਨਿਰਮਾਣ ਲਈ ਗ੍ਰਾਂਟ ਜਾਰੀ ਕਰਨ ਦੀ ਮੰਗ ਕਰਦਿਆਂ ਸਮੂਹ ਹਿੰਦੂ, ਮੁਸਲਿਮ ਅਤੇ ਸਿੱਖ ਭਾਈਚਾਰੇ ਨੂੰ ਮਸਜਿਦ ਦੇ ਨਵਨਿਰਮਾਣ ਲਈ ਸਹਿਯੋਗ ਦੇਣ ਦੀ ਅਪੀਲ ਕੀਤੀ ਹੈ।

ਤਰਕਸ਼ੀਲ ਸੁਸਾਇਟੀ ਜਲੰਧਰ ਜ਼ੋਨ ਵੱਲੋਂ ਦੇਸ਼ ਭਗਤ ਯਾਦਗਾਰ ਹਾਲ ਨੂੰ ਆਰਥਕ ਮਦਦ

ਜਲੰਧਰ (ਨਵਾਂ ਜ਼ਮਾਨਾ ਸਰਵਿਸ) ਤਰਕਸ਼ੀਲ ਸੁਸਾਇਟੀ ਪੰਜਾਬ ਜਲੰਧਰ ਜੋਨ ਕਮੇਟੀ ਨੇ 19,000 ਰੁਪਏ ਸਹਾਇਤਾ ਦੇਸ਼ ਭਗਤ ਯਾਦਗਾਰ ਕਮੇਟੀ ਦੇ ਸਹਾਇਕ ਸਕੱਤਰ ਚਰੰਜੀ ਲਾਲ ਕੰਗਣੀਵਾਲ, ਕਮੇਟੀ ਮੈਂਬਰ ਸੁਰਿੰਦਰ ਕੁਮਾਰੀ ਕੋਛੜ ਅਤੇ ਅਮੋਲਕ ਸਿੰਘ ਰਾਹੀਂ ਭੇਂਟ ਕੀਤੇ। ਕਮੇਟੀ ਨੇ ਤਰਕਸ਼ੀਲ ਸੁਸਾਇਟੀ ਦੇ ਅਹੁਦੇਦਾਰਾਂ ਅਤੇ ਮੈਂਬਰਾਂ ਨਸੀਬ ਚੰਦ ਬੱਬੀ, ਅਮਨ ਬਾਗਪੁਰ, ਜਸਵਿੰਦਰ ਫਗਵਾੜਾ, ਸੁਰਜੀਤ ਟਿੱਬਾ, ਵਿਜੈ ਰਾਹੀ, ਪ੍ਰਿੰਸੀਪਲ ਮਨਜੀਤ ਸਿੰਘ, ਸੁਰਿੰਦਰ ਪੱਦੀ ਜਗੀਰ, ਜਸਬੀਰ ਸਿੰਘ ਸੂਜੋਕਾਲੀਆ ਅਤੇ ਪਰਮਜੀਤ ਜਲੰਧਰ ਨੂੰ ਕਿਤਾਬਾਂ ਦੇ ਸੈੱਟ ਨਾਲ ਸਨਮਾਨਿਤ ਕਰਦਿਆਂ ਸਹਾਇਤਾ ਲਈ ਤਹਿ ਦਿਲੋਂ ਧੰਨਵਾਦ ਕੀਤਾ। ਜ਼ਿਕਰਯੋਗ ਹੈ ਕਿ ਕਮੇਟੀ, ਗਦਰੀ ਬਾਬਾ ਜਵਾਲਾ ਸਿੰਘ ਹਾਲ ਦੀ ਇਮਾਰਤ ਦੀ ਛੱਤ ਦਾ ਕੰਮ ਕਰਵਾ ਰਹੀ ਹੈ ਜੋ ਕਿ ਵੱਡੇ ਖਰਚੇ ਦਾ ਕੰਮ ਹੈ। ਇਸ ਤੋਂ ਇਲਾਵਾ ਮਿਊਜ਼ੀਅਮ ਅਤੇ ਵੱਡੇ ਹਾਲ 'ਚ ਲੋੜੀਂਦੇ ਸਾਜੋ ਸਾਮਾਨ ਦੀ ਪੂਰਤੀ ਦੇ ਕਾਰਜ ਵੀ ਹੱਥ ਲਏ ਜਾ ਰਹੇ ਹਨ।

ਕਮੇਟੀ ਨੇ ਆਰਥਿਕ ਸਹਾਇਤਾ ਅਪੀਲ ਜਾਰੀ ਕੀਤੀ ਹੋਈ ਹੈ।

ਕਲੀਨੀਕਲ ਅਸਿਸਟੈਂਟ ਯੂਨੀਅਨ ਪੰਜਾਬ ਦੀ ਹੋਈ ਸੂਬਾਈ ਕਨਵੈਨਸ਼ਨ

ਜਲੰਧਰ (ਰਾਜੇਸ਼ ਥਾਪਾ)- ਪੰਜਾਬ ਸਰਕਾਰ ਵੱਲੋਂ ਖੋਲ੍ਹੇ ਗਏ ਨਵੇਂ ਮੁਹੱਲਾ ਕਲੀਨਕਾਂ ਵਿੱਚ ਕੰਮ ਕਰਦੇ ਮੁਲਾਜ਼ਮਾਂ ਦੀ ਜਥੇਬੰਦਕ ਕਨਵੈਨਸ਼ਨ ਦੇਸ਼ ਭਗਤ ਯਾਦਗਾਰ ਹਾਲ ਜਲੰਧਰ ਵਿਖੇ ਜਸਵੀਰ ਕੌਰ ਮਲੇਰਕੋਟਲਾ, ਸੰਦੀਪ ਕੌਰ ਬਰਨਾਲਾ, ਰਣਵੀਰ ਕੌਰ ਫਤਹਿਗੜ੍ਹ ਸਾਹਿਬ, ਸੁਸ਼ਮਾ ਜਲੰਧਰ, ਪ੍ਰਵੀਨ ਮੋਹਾਲੀ, ਨਿਰਭੈ ਸਿੰਘ ਲੁਧਿਆਣਾ ਅਤੇ ਰਣਜੀਤ ਸਿੰਘ ਸੰਗਰੂਰ 'ਤੇ ਅਧਾਰਤ ਪ੍ਰਧਾਨਗੀ ਮੰਡਲ ਦੀ ਅਗਵਾਈ ਹੇਠ ਆਯੋਜਿਤ ਕੀਤੀ ਗਈ। ਕਨਵੈਨਸ਼ਨ ਦਾ ਉਦਘਾਟਨ ਕਰਦਿਆਂ ਪ.ਸ.ਸ.ਫ. ਦੇ ਸੂਬਾ ਜਨਰਲ ਸਕੱਤਰ ਅਤੇ ਕੁੱਲ ਹਿੰਦ ਰਾਜ ਸਰਕਾਰੀ ਮੁਲਾਜ਼ਮ ਫੈਡਰੇਸ਼ਨ ਦੇ ਕੇਂਦਰੀ ਕਮੇਟੀ ਮੈਂਬਰ ਤੀਰਥ ਸਿੰਘ ਬਾਸੀ ਨੇ ਕਿਹਾ ਕਿ ਕੇਂਦਰ ਸਰਕਾਰ ਅਤੇ ਰਾਜ ਸਰਕਾਰਾਂ ਮੁਲਾਜ਼ਮਾਂ ਦੀ ਰੈਗੂਲਰ ਭਰਤੀ ਕਰਨ ਦੀ ਬਜਾਏ ਠੇਕੇ 'ਤੇ ਅਤੇ ਮਾਣ ਭੱਤੇ 'ਤੇ ਭਰਤੀ ਕਰਕੇ ਮੁਲਾਜ਼ਮਾਂ ਦਾ ਆਰਥਕ, ਸਮਾਜਕ ਅਤੇ ਮਾਨਸਕ ਸ਼ੋਸ਼ਸ਼ ਕਰ ਰਹੀਆਂ ਹਨ। ਉਨ੍ਹਾਂ ਆਪਣੀਆਂ ਮੰਗਾਂ ਦੀ ਪ੍ਰਾਪਤੀ ਲਈ ਅਤੇ ਆਪਣੀਆਂ ਸੇਵਾਵਾਂ ਨੂੰ ਬਚਾਉਣ ਲਈ ਬੱਝਵੇਂ ਅਤੇ ਜਥੇਬੰਦਕ ਸੰਘਰਸ਼ ਕਰਨ ਲਈ ਪ੍ਰੇਰਿਆ। ਕਨਵੈਨਸ਼ਨ ਵਿੱਚ ਇਨ੍ਹਾਂ ਮੁਲਾਜ਼ਮਾਂ ਨੂੰ ਪੂਰੇ ਸਕੇਲ ਦੇਣ, ਰੈਗੂਲਰ ਇਸਤਰੀ ਮੁਲਾਜ਼ਮਾਂ ਵਾਲੀਆਂ ਬਨਦੀਆਂ ਛੁੱਟੀਆਂ ਦੇਣ, ਇਨ੍ਹਾਂ ਦੀਆਂ ਨਿਯੁਕਤੀਆਂ ਉਨ੍ਹਾਂ ਦੇ ਬਲਾਕ ਵਿੱਚ ਕਰਨ ਅਤੇ ਉਨ੍ਹਾਂ ਨੂੰ ਵਰਦੀਆਂ ਦੇਣ ਆਦਿ ਮੰਗਾਂ ਸੰਬੰਧੀ ਮਤੇ ਪਾਸ ਕੀਤੇ ਗਏ। ਇਸ ਕਨਵੈਨਸ਼ਨ ਵਿੱਚ ਜਗਦੀਪ ਕੌਰ ਮੋਗਾ, ਰਾਜਵੰਤ ਕੌਰ, ਪ੍ਰਭਜੋਤ ਕੌਰ, ਮਨਜੀਤ ਕੌਰ, ਸੁਖਪ੍ਰੀਤ ਕੌਰ ਕਪੂਰਥਲਾ, ਸੁਚੇਤਾ, ਸਿਮਰਨਜੀਤ ਕੌਰ ਮਾਨਸਾ, ਗਗਨਦੀਪ ਕੌਰ ਸੰਗਰੂਰ, ਅਰਸ਼ਦੀਪ ਕੌਰ, ਸ਼ਮਸ਼ੇਰ ਕੌਰ, ਮੋਨਿਕਾ ਨੇ ਵੀ ਆਪਣੇ ਵਿਚਾਰ ਪੇਸ਼ ਕੀਤੇ। ਇਸ ਮੌਕੇ ਕਲੀਨੀਕਲ ਅਸਿਸਟੈਂਟ ਯੂਨੀਅਨ ਪੰਜਾਬ ਦੀ 41 ਮੈਂਬਰੀ ਸੂਬਾ ਕਮੇਟੀ ਦੀ ਚੋਣ ਕੀਤੀ ਗਈ। ਜਿਸ ਅਨੁਸਾਰ ਸਰਪ੍ਰਸਤ ਸੰਦੀਪ ਕੌਰ ਬਰਨਾਲਾ,ਪ੍ਰਧਾਨ ਜਸਵੀਰ ਕੌਰ ਧਨੌਲਾ, ਸੀਨੀਅਰ ਮੀਤ ਪ੍ਰਧਾਨ ਅਰਸ਼ਦੀਪ ਕੌਰ, ਸੁਨੀਤਾ, ਰਾਜਵੰਤ ਕੌਰ, ਜੱਸੀ, ਪ੍ਰਵੀਨ ਮੋਹਾਲੀ, ਮੀਤ ਪ੍ਰਧਾਨ ਸਰੋਜ ਰਾਣੀ, ਮਨਜੀਤ ਕੌਰ ਜਲੰਧਰ, ਪ੍ਰਭਜੋਤ ਕੌਰ, ਰਾਜਬੀਰ ਕੌਰ ਅੰਮ੍ਰਿਤਸਰ, ਜਨਰਲ ਸਕੱਤਰ ਕਿਰਨ ਬਾਲਾ ਫਾਜ਼ਿਲਕਾ, ਜੁਆਇੰਟ ਸਕੱਤਰ ਮਨਦੀਪ ਕੌਰ ਪਠਾਨਕੋਟ, ਹਿਮਾਨੀ, ਸਰਬਜੀਤ ਕੌਰ, ਗਗਨਦੀਪ ਕੌਰ ਬਰਨਾਲਾ, ਰਣਬੀਰ ਕੌਰ ਫਤਹਿਗੜ੍ਹ ਸਾਹਿਬ, ਕੈਸ਼ੀਅਰ ਗੁਰਪ੍ਰੀਤ ਕੌਰ ਹੁਸ਼ਿਆਰਪੁਰ, ਪ੍ਰੈਸ ਸਕੱਤਰ ਸੁਸ਼ਮਾ ਜਲੰਧਰ, ਸਹਾਇਕ ਪ੍ਰੈਸ ਸਕੱਤਰ ਜਗਦੀਪ ਕੌਰ ਮੋਗਾ, ਸੁਖਪ੍ਰੀਤ ਕੌਰ ਕਪੂਰਥਲਾ, ਮੋਨਿਕਾ, ਸੰਦੀਪ ਕੌਰ, ਜਥੇਬੰਦਕ ਸਕੱਤਰ ਅਮਨਦੀਪ ਕੌਰ, ਸਿਮਰਨਜੀਤ ਕੌਰ ਮਾਨਸਾ, ਰਾਜਬੰਤ ਕੌਰ ਫਿਰੋਜ਼ਪੁਰ, ਸ਼ਮਸ਼ੇਰ ਕੌਰ ਸੂਬਾ ਕਮੇਟੀ ਮੈਂਬਰ, ਮਨਜੀਤ ਕੌਰ ਮਲੇਰਕੋਟਲਾ, ਗਗਨਦੀਪ ਕੌਰ ਸੰਗਰੂਰ ਸੁਚੇਤਾ, ਮਮਤਾ, ਲਖਵਿੰਦਰ ਕੌਰ ਮੋਗਾ, ਰਣਜੀਤ , ਕੌਰ, ਸਰਬਜੀਤ ਕੌਰ ਰੋਪੜ, ਕਿਰਨਾ ਰਾਣੀ ਅੰਮ੍ਰਿਤਸਰ ਅਤੇ ਰਣਜੀਤ ਸਿੰਘ ਈਸਾਪੁਰ ਮੁੱਖ ਸਲਾਹਕਾਰ ਚੁਣੇ ਗਏ। ਕਨਵੈਨਸਨ ਦੇ ਅਖੀਰ ਵਿੱਚ ਨਵੇਂ ਚੁਣੇ ਗਏ ਪ੍ਰਧਾਨ ਜਸਵੀਰ ਕੌਰ ਮਲੇਰਕੋਟਲਾ ਨੇ ਹਾਜ਼ਰੀਨ ਦਾ ਧੰਨਵਾਦ ਕੀਤਾ।

ਪੀ ਟੀ ਐੱਮ ਆਰੀਆ ਸਕੂਲ ਦਾ ਬਾਰ੍ਹਵੀਂ ਦਾ ਨਤੀਜਾ 100 ਫੀਸਦੀ

ਨੂਰਮਹਿਲ(ਬਾਲ ਕ੍ਰਿਸਨ ਬਾਲੀ)- ਸਥਾਨ ਪੀ ਟੀ ਐੱਮ ਆਰੀਆ ਸੀ. ਸੈ. ਸਕੂਲ ਨੂਰਮਹਿਲ ਦੀ ਬਾਰ੍ਹਵੀਂ ਜਮਾਤ ਦਾ ਨਤੀਜਾ ਸ਼ਾਨਦਾਰ ਰਿਹਾ। ਬਾਰ੍ਹਵੀਂ ਜਮਾਤ ਕਾਮਰਸ ਗਰੁੱਪ ਦੀ ਵਿਦਿਆਰਥਣ ਨਵਦੀਪ ਕੌਰ ਨੇ 88.8 ਫੀਸਦੀ ਅੰਕ ਹਾਸਲ ਕਰਕੇ ਪਹਿਲਾਂ, ਬਲਜਿੰਦਰ ਕੌਰ 88.4 ਫੀਸਦੀ ਅੰਕ ਹਾਸਲ ਕਰਕੇ ਦੂਸਰਾ ਅਤੇ ਅੰਕਿਤਾ ਨੇ 80.2 ਫੀਸਦੀ ਅੰਕ ਹਾਸਲ ਕਰਕੇ ਤੀਸਰਾ ਸਥਾਨ ਪ੍ਰਾਪਤ ਕੀਤਾ। ਇਸੇ ਤਰ੍ਹਾਂ ਹੀ 80 ਫੀਸਦੀ ਤੋਂ ਵੱਧ ਅੰਕ ਪ੍ਰਾਪਤ ਕਰਨ ਵਾਲੇ 4 ਵਿਦਿਆਰਥੀ ਅਤੇ 70 ਫੀਸਦੀ ਤੋਂ ਵੱਧ ਅੰਕ ਪ੍ਰਾਪਤ ਕਰਨ ਵਾਲੇ 7 ਵਿਦਿਆਰਥੀ, 64 ਤੋਂ 69 ਫੀਸਦੀ ਦੇ ਵਿਚਕਾਰ ਅੰਕ ਹਾਸਲ ਕਰਨ ਵਾਲੇ 4 ਵਿਦਿਆਰਥੀ ਰਹੇ। ਇਸ ਤਰ੍ਹਾਂ ਸਾਰੇ ਵਿਦਿਆਰਥੀਆਂ ਦਾ ਨਤੀਜਾ 100 ਫੀਸਦੀ ਰਿਹਾ। ਸਾਰੇ ਵਿਦਿਆਰਥੀ ਪਹਿਲਾ ਦਰਜਾ ਹਾਸਲ ਕਰਕੇ ਪਾਸ ਹੋਏ।

ਟਰਾਂਸਪੋਰਟ ਮੰਤਰੀ ਭੁੱਲਰ ਅੱਖਾਂ ਦਾਨ ਕਰਨ ਵਾਲੇ ਪੰਜਾਬ ਦੇ ਪਹਿਲੇ ਕੈਬਨਿਟ ਮੰਤਰੀ ਬਣੇ

ਚੰਡੀਗੜ੍ਹ, (ਗੁਰਜੀਤ ਬਿੱਲਾ)-ਪੰਜਾਬ ਦੇ ਟਰਾਂਸਪੋਰਟ ਮੰਤਰੀ ਲਾਲਜੀਤ ਸਿੰਘ ਭੁੱਲਰ ਆਪਣੀਆਂ ਅੱਖਾਂ ਦਾਨ ਕਰਨ ਸਬੰਧੀ ਪ੍ਰਣ ਲੈਣ ਵਾਲੇ ਪੰਜਾਬ ਦੇ ਪਹਿਲੇ ਕੈਬਨਿਟ ਮੰਤਰੀ ਬਣ ਗਏ ਹਨ। ਉਨ੍ਹਾਂ ਰੋਟਰੀ ਆਈ ਬੈਂਕ ਅਤੇ ਕਾਰਨੀਆਂ ਟ੍ਰਾਂਸਪਲਾਂਟੇਸ਼ਨ ਸੁਸਾਇਟੀ ਹੁਸ਼ਿਆਰਪੁਰ ਦੇ ਨੁਮਾਇੰਦਿਆਂ ਨਾਲ ਮੀਟਿੰਗ ਦੌਰਾਨ ਅੱਖਾਂ ਦਾਨ ਕਰਨ ਸਬੰਧੀ ਆਪਣਾ ਫਾਰਮ ਭਰਿਆ। ਆਪਣੇ ਦਫਤਰ ਵਿਖੇ ਮੀਟਿੰਗ ਦੌਰਾਨ ਕੈਬਨਿਟ ਮੰਤਰੀ ਨੇ ਪੰਜਾਬ ਵਾਸੀਆਂ ਨੂੰ ਵੀ ਅਪੀਲ ਕੀਤੀ ਕਿ ਉਹ ਵੱਧ ਤੋਂ ਵੱਧ ਗਿਣਤੀ ਵਿੱਚ ਇਸ ਨੇਕ ਕਾਰਜ ਵਿੱਚ ਹਿੱਸਾ ਪਾਉਣ।

ਰੋਟਰੀ ਆਈ ਬੈਂਕ ਅਤੇ ਕਾਰਨੀਆਂ ਟ੍ਰਾਂਸਪਲਾਂਟੇਸ਼ਨ ਸੁਸਾਇਟੀ ਦੇ ਚੇਅਰਮੈਨ ਜੇ.ਬੀ. ਬਹਿਲ ਦੀ ਅਗਵਾਈ 'ਚ ਮਿਲੇ ਵਫਦ ਨੇ ਦੱਸਿਆ ਕਿ ਉਨ੍ਹਾਂ ਦੀ ਸੰਸਥਾ ਲੋਕਾਂ ਨੂੰ ਮਰਨ ਉਪਰੰਤ ਅੱਖਾਂ ਦਾਨ ਕਰਨ ਲਈ ਪ੍ਰੇਰਿਤ ਕਰਦੀ ਹੈ ਅਤੇ ਉਹ ਹੁਣ ਤੱਕ 3800 ਤੋਂ ਵੱਧ ਲੋਕਾਂ ਨੂੰ ਅੱਖਾਂ ਦੀ ਰੌਸ਼ਨੀ ਦਿਵਾ ਚੁੱਕੇ ਹਨ। ਉਨ੍ਹਾਂ ਦੱਸਿਆ ਕਿ ਇਨ੍ਹਾਂ ਵਿੱਚੋਂ 400 ਦੇ ਲਗਭਗ 6 ਮਹੀਨੇ ਤੋਂ 16 ਸਾਲ ਤੱਕ ਦੀ ਉਮਰ ਵਾਲੇ ਹਨ। ਉਨ੍ਹਾਂ ਦੱਸਿਆ ਕਿ ਭਾਰਤ ਸਰਕਾਰ ਵੱਲੋਂ ਹਾਲ ਹੀ ਵਿੱਚ ਨੋਟੀਫੀਕੇਸ਼ਨ ਜਾਰੀ ਕਰਕੇ ਯੂਰਪੀਨ ਦੇਸ਼ਾਂ ਦੀ ਤਰਜ 'ਤੇ ਭਾਰਤ ਵਿੱਚ ਵੀ ਲਾਇਸੈਂਸ ਬਣਾਉਣ ਸਮੇਂ ਫਾਰਮ ਵਿੱਚ ਬਿਨੈਕਾਰ ਵੱਲੋਂ ਹਾਦਸੇ ਵਿੱਚ ਮੌਤ ਹੋਣ ਦੀ ਸੂਰਤ ਵਿੱਚ ਆਪਣੇ ਅੰਗ/ਅੱਖਾਂ ਦਾਨ ਕਰਨ ਲਈ ਸਹਿਮਤ/ਅਸਹਿਮਤ ਹੋਣ ਸਬੰਧੀ ਖਾਨਾ ਭਰਨਾ ਸ਼ੁਰੂ ਹੋ ਗਿਆ ਹੈ। ਭੁੱਲਰ ਨੇ ਵਿਭਾਗ ਦੇ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਉਹ ਸਮੂਹ ਰੀਜਨਲ ਟਰਾਂਸਪੋਰਟ ਅਥਾਰਿਟੀ ਸਕੱਤਰਾਂ ਨੂੰ ਪੱਤਰ ਜਾਰੀ ਕਰਕੇ ਡਰਾਇਵਿੰਗ ਲਾਈਸੈਂਸ ਬਨਵਾਉਣ ਜਾਂ ਰੀ-ਨਿਊ ਕਰਵਾਉਣ ਸਮੇਂ ਹਰ ਵਿਅਕਤੀ ਨੂੰ, ਸੜਕੀ ਹਾਦਸੇ ਵਿੱਚ ਮੌਤ ਹੋਣ ਦੀ ਸੂਰਤ ਵਿੱਚ ਅੱਖਾਂ ਦਾਨ ਕਰਨ ਲਈ ਪ੍ਰੇਰਿਤ ਕਰਨ ਤਾਂ ਜੋ ਪੰਜਾਬ ਭਾਰਤ ਦਾ ਸਭ ਤੋਂ ਵੱਧ ਨੇਤਰਦਾਨੀ ਰਾਜ ਬਣ ਸਕੇ।

ਸੀਨੀਅਰ ਸੈਕੰਡਰੀ ਸਕੂਲ ਲੜਕੀਆਂ ਅਹੀਆਪੁਰ ਦੀਆਂ ਹੋਣਹਾਰ ਵਿਦਿਆਰਥਣਾਂ ਸਨਮਾਨਤ

ਟਾਂਡਾ ਉੜਮੁੜ (ਜਸਵਿੰਦਰ ਸੰਧੂ, ਉਂਕਾਰ ਸਿੰਘ)-ਪੰਜਾਬ ਸਕੂਲ ਸਿੱਖਿਆ ਬੋਰਡ ਵੱਲੋਂ ਐਲਾਨੇ ਗਏ 12ਵੀਂ ਕਲਾਸ ਦੇ ਸਲਾਨਾ ਨਤੀਜੇ 'ਚੋਂ ਮੈਰਿਟ ਵਿਚ ਸਥਾਨ ਹਾਸਲ ਕਰਨ ਵਾਲੀਆ ਡਾ.ਅਮੀਰ ਸਿੰਘ ਕਾਲਕਟ ਯਾਦਗਾਰੀ ਸੀਨੀਅਰ ਸਕੈਡਰੀ ਸਕੂਲ ਲੜਕੀਆਂ ਅਹੀਆਪੁਰ ਟਾਂਡਾ ਦੀਆਂ ਹੋਣਹਾਰ ਵਿੱਦਿਆਰਥਣਾਂ ਨਵਨੀਤ ਕੌਰ ਅਤੇ ਸਿਮਰਨਪ੍ਰੀਤ ਕੌਰ ਨੂੰ ਸਕੂਲ ਸਟਾਫ ਵੱਲੋਂ ਸਨਮਾਨਤ ਕੀਤਾ ਗਿਆ। ਪ੍ਰਿੰਸੀਪਲ ਹਰਦੀਪ ਸਿੰਘ ਦੀ ਅਗਵਾਈ ਵਿੱਚ ਹੋਏ ਸਮਾਗਮ ਦੌਰਾਨ ਹੋਣਹਾਰ ਵਿਦਿਆਰਥਣ ਨਵਨੀਤ ਕੌਰ ਪੁੱਤਰੀ ਅਵਤਾਰ ਸਿੰਘ ਵਾਸੀ ਪਿੰਡ ਗਿੱਲ ਜਿਸ ਨੇ 500/490 ਅੰਕ ਪ੍ਰਾਪਤ ਕਰਕੇ ਪੰਜਾਬ ਭਰ ਚੋਂ 10ਵਾਂ ਅਤੇ ਸਿਮਰਨਪ੍ਰੀਤ ਕੌਰ ਪੁੱਤਰੀ ਮਾਸਟਰ ਗੁਰਦਿਆਲ ਸਿੰਘ ਵਾਸੀ ਮੂਨਕ ਕਲਾਂ ਜਿਸ ਨੇ 500/487 ਅੰਕ ਪ੍ਰਾਪਤ ਕਰਕੇ ਪੰਜਾਬ ਭਰ ਵਿਚੋਂ 13ਵਾਂ ਸਥਾਨ ਹਾਸਲ ਕਰਨ ਵਾਲੀਆਂ ਵਿਦਿਆਰਥਣਾਂ ਨੂੰ ਸਨਮਾਨਿਤ ਕਰਨ ਦੇ ਨਾਲ-ਨਾਲ ਇਹਨਾਂ ਹੋਣਹਾਰ ਵਿਦਿਆਰਥਣਾਂ ਦੇ ਅਧਿਆਪਕ ਸਤਨਾਮ ਸਿੰਘ, ਜਗਤਾਰ ਸਿੰਘ, ਰਾਜ ਕੁਮਾਰ, ਬਲਵਿੰਦਰ ਕੌਰ, ਸੁਖਵਿੰਦਰ ਕੌਰ, ਸੰਦੀਪ ਕੌਰ, ਸਰਬਜੀਤ ਕੌਰ ਨੂੰ ਵੀ ਸਨਮਾਨਤ ਕੀਤਾ ਗਿਆ। ਪ੍ਰਿੰਸੀਪਲ ਹਰਦੀਪ ਸਿੰਘ ਨੇ ਸਕੂਲ ਦੀਆਂ ਹੋਰਨਾਂ ਵਿਦਿਆਰਥਣਾਂ ਨੂੰ ਵੀ ਪ੍ਰੇਰਣਾ ਲੈ ਕੇ ਮਿਹਨਤ ਲਗਨ ਨਾਲ ਪੜ੍ਹਾਈ ਕਰਨ ਲਈ ਪ੍ਰੇਰਿਤ ਕੀਤਾ। ਇਸ ਮੌਕੇ ਅਮਿਤ ਸ਼ਰਮਾ, ਕਵਿਤਾ ਮਹਿੰਦਰੂ, ਰਿਤੇਸ਼ਵਰ ਵਾਲੀਆ, ਮਿਨੀ ਸ਼ਰਮਾ, ਦਲਜੀਤ ਕੌਰ,ਕਮਲੇਸ਼ ਰਾਣੀ, ਨਵਨੀਤ ਕੌਰ, ਸਨੇਹ ਲਤਾ, ਪਰਮਿੰਦਰ ਕੌਰ, ਸਤਵੀਰ ਸਿੰਘ, ਅਮ੍ਰਿਤਾ ਭੱਟੀ ਨੀਰਜ ਸ਼ਰਮਾ, ਸ਼ਸ਼ੀ ਕਾਜਲ ਆਦਿ ਵੀ ਹਾਜਰ ਸਨ ।

ਚੂਹੜ ਮਾਜਰੇ ਵਿਖੇ ਬੱਚਿਆਂ ਦੇ ਮੁਕਾਬਲੇ ਕਰਵਾਏ

ਸ੍ਰੀ ਚਮਕੌਰ ਸਾਹਿਬ (ਕੁਲਵਿੰਦਰ ਕਾਲਾ)-ਗੁਰਦੁਆਰਾ ਸਹੀਦ ਸਿੰਘਾਂ ਪਿੰਡ ਚੂਹੜ ਮਾਜਰੇ ਵਿਖੇ ਸ੍ਰੀ ਗੁਰੂ ਅਰਜਨ ਦੇਵ ਜੀ ਦੀ ਸ਼ਹਾਦਤ ਨੂੰ ਸਮਰਪਿਤ ਤਿੰਨ ਰੋਜਾ ਗੁਰਮਤਿ ਟ੍ਰੇਨਿੰਗ ਕੈਂਪ ਲਗਾਇਆ ਗਿਆ। ਰਣਜੀਤ ਸਿੰਘ ਨੇ ਦੱਸਿਆ ਕਿ ਕੈਂਪ ਦੌਰਾਨ ਬੱਚਿਆਂ ਨੂੰ ਸਿੱਖ ਰਹਿਤ ਮਰਯਾਦਾ ਸ਼ੁੱਧ ਮੂਲਮੰਤ੍ਰ ਦੇ ਨਾਲ ਨਾਲ ਸਿੱਖ ਇਤਿਹਾਸ ਦੀ ਜਾਣਕਾਰੀ ਦਿੱਤੀ ਗਈ। ਕੈਂਪ ਦੀ ਸਮਾਪਤੀ ਦੌਰਾਨ ਬੱਚਿਆਂ ਦੇ ਸ਼ਬਦ ਕਵਿਤਾ ਅਤੇ ਭਾਸ਼ਣ ਮੁਕਾਬਲੇ ਕਰਵਾਏ ਗਏ। ਕੁਲਵਿੰਦਰ ਸਿੰਘ ਰਸੂਲਪੁਰ ਨੇ ਕਿਹਾ ਕਿ ਅਜੋਕੇ ਪਦਾਰਥਵਾਦੀ ਯੁੱਗ ਵਿੱਚ ਸਾਨੂੰ ਆਪਣੇ ਬੱਚਿਆਂ ਨੂੰ ਸਿੱਖੀ ਸਿਧਾਂਤਾਂ ਨਾਲ ਜੋੜਨ ਲਈ ਅਜਿਹੇ ਸਮਾਗਮ ਕਰਨੇ ਚਾਹੀਦੇ ਹਨ। ਭਾਈ ਹਰਬੰਸ ਸਿੰਘ ਦਾਤਾਰਪੁਰ ਨੇ ਕਿਹਾ ਕਿ ਜ਼ਿੰਦਗੀ ਵਿੱਚ ਕਾਮਯਾਬ ਹੋਣ ਲਈ ਜਿੱਥੇ ਸਾਨੂੰ ਮੇਹਨਤ ਕਰਨ ਦੀ ਜਰੂਰਤ ਹੈ ਉਥੇ ਅਧਿਆਤਮਿਕ ਜੀਵਨ ਲਈ ਵੀ ਗੁਰਬਾਣੀ ਦੀ ਵੀਚਾਰਧਾਰਾ ਨੂੰ ਆਪਣੀ ਜ਼ਿੰਦਗੀ ਵਿੱਚ ਧਾਰਨ ਦੀ ਲੋੜ ਹੈ। ਇਸ ਸਮੇਂ ਸਾਧੂ ਸਿੰਘ, ਨਛੱਤਰ ਸਿੰਘ, ਤਰਲੋਚਨ ਸਿੰਘ, ਪਾਲ ਸਿੰਘ, ਜੁਆਲਾ ਸਿੰਘ, ਕਾਕਾ ਸਿੰਘ, ਜਿੰਦਰ ਸਿੰਘ, ਰਣਜੀਤ ਸਿੰਘ ਅਤੇ ਲਖਵਿੰਦਰ ਸਿੰਘ ਹਾਜਰ ਸਨ।

ਮੇਹਰਚੰਦ ਪੋਲੀਟੈਕਨਿਕ ਕਾਲਜ ਦੇ ਵਿਦਿਆਰਥੀਆਂ ਦਾ ਆਟੋਮੇਸ਼ਨ ਇੰਡਸਟਰੀ 'ਚੋਂ ਨਵੇਕਲਾ ਉਪਰਾਲਾ

ਜਲੰਧਰ -(ਸ਼ੈਲੀ ਐਲਬਰਟ)- ਪ੍ਰਿੰਸੀਪਲ ਡਾ. ਜਗਰੂਪ ਸਿੰਘ ਦੀ ਰਹਨੁਮਾਈ ਹੇਠ ਮੁੱਖੀ ਵਿਭਾਗ ਦਿੱਲਦਾਰ ਸਿੰਘ ਰਾਣਾ ਅਤੇ ਪ੍ਰੋ. ਕਸ਼ਮੀਰ ਕੁਮਾਰ ਦੀ ਯੋਗ ਅਗਵਾਈ ਵਿੱਚ ਮੇਹਰ ਚੰਦ ਪੋਲੀਟੈਕਨਿਕ ਕਾਲਜ ਜਲੰਧਰ ਇਲੈਕਟ੍ਰੀਕਲ ਵਿਭਾਗ ਦੇ ਵਿੱਦਿਆਰਥੀਆਂ ਨੇ ਆਪਣੇ ਪ੍ਰੋਜੈਕਟ ਆਟੋਮੇਸ਼ਨ ਇੰਨ ਇੰਨਡਸਟ੍ਰੀ ਰਾਹੀਂ ਉਦਯੋਗਾਂ ਨੂੰ ਨਵੀਂ ਦਿਸ਼ਾ ਦੇਣ ਦਾ ਇੱਕ ਨਵੇਕਲਾ ਉਪਰਾਲਾ ਕੀਤਾ । ਇਹ ਪ੍ਰੋਜੈਕਟ ਪੰਜਾਬ ਭਰ ਵਿੱਚੋ ਪੀ.ਟੀ.ਆਈ.ਐਸ ਦੁਆਰਾ ਪਟਿਆਲਾ ਵਿੱਖੇ ਕਰਵਾਏ ਗਏ । ਟੈਕ ਫੇਸਟ ਮੁਕਾਬਲੇ ਵਿੱਚੋਂ ਪਹਿਲੇ ਸਥਾਨ 'ਤੇ ਰਿਹਾ ਜਿਸ ਵਿੱਚ ਗੋਲਡ ਮੈਡਲ ਅਤੇ 5000/- ਰੁਪਏ ਦਾ ਨਕਦ ਇਨਾਮ ਜਿੱਤਆ।ਐਨ.ਆਈ.ਟੀ ਜਲੰਧਰ ਅਤੇ ਡੀ.ਏ.ਵੀ ਯੂਨੀਵਰਸਿਟੀ ਜਲੰਧਰ ਦੇ ਮਾਹਿਰਾਂ ਨੇ ਇਸ ਪ੍ਰੋਜੈਕਟ ਦੀ ਸ਼ਲਾਘਾ ਕਰਦਿਆ ਇਸ ਨੂੰ ਸਮੇਂ ਦੀ ਲੋੜ ਦੱਸਿਆ। ਪੁਸ਼ਪਾ ਗੁਜ਼ਰਾਲ ਸਾਇੰਸ ਸਿਟੀ ਜਲੰਧਰ ਵਿੱਖੇ ਵੀ ਇਸ ਪ੍ਰੋਜੈਕਟ ਨੇ ਆਪਣੀ ਪ੍ਰਸਿੱਧੀ ਹਾਸਿਲ ਕੀਤੀ । ਇਲੈਕਟ੍ਰੀਕਲ ਦੇ ਵਿੱਦਿਆਰਥੀਆਂ ਅਨਮੋਲ ਸਿੰਘ, ਅਰਸ਼ਦੀਪ ਸਿੰਘ, ਪਰਦੀਪ ਸਿੰਘ ਅਤੇ ਅਭਿਸ਼ੇਕ ਨੇ ਪ੍ਰੋ. ਅਰਵਿੰਦ ਦੱਤਾ ਦੀ ਯੋਗ ਅਗਵਾਈ ਵਿੱਚ ਇਹ ਪ੍ਰੋਜੈਕਟ ਤਿਆਰ ਕੀਤਾ ।ਪਹਿਲਾ ਇਨਾਮ ਜਿੱਤਣ ਤੇ ਪ੍ਰਿੰਸੀਪਲ ਡਾ. ਜਗਰੂਪ ਸਿੰਘ ਨੇ ਇਲੈਕਟ੍ਰੀਕਲ ਵਿਭਾਗ ਅਤੇ ਜੇਤੂ ਵਿੱਦਿਆਰਥੀਆਂ ਨੂੰ ਵਧਾਈ ਦਿੰਦਿਆਂ ਉਨ੍ਹਾਂ ਦੀ ਹੌਸਲਾ ਅਫਜਾਈ ਕੀਤੀ।

ਡਿਪਸ ਦੇ ਵਿਦਿਆਰਥੀਆਂ ਨੇ ਵਧੀਆ ਅੰਕ ਪ੍ਰਾਪਤ ਕੀਤੇ

ਜਲੰਧਰ (ਇਕਬਾਲ ਸਿੰਘ ਉਭੀ)-) ਡਿਪਸ ਚੇਨ ਅਧੀਨ ਆਉਂਦੇ ਜੀਬੀ ਸਕੂਲ ਦੇ ਵਿਦਿਆਰਥੀਆਂ ਨੇ ਪੰਜਾਬ ਸਕੂਲ ਸਿੱਖਿਆ ਬੋਰਡ ਵੱਲੋਂ ਲਏ ਗਏ ਨਤੀਜਿਆਂ ਵਿੱਚ ਸ਼ਾਨਦਾਰ ਅੰਕ ਪ੍ਰਾਪਤ ਕੀਤੇ ਹਨ। ਕਾਮਰਸ ਵਿੱਚ ਡਿਪਸ ਸਕੂਲ ਢਿਲਵਾਂ ਦੇ ਜਗਜੀਤ ਸਿੰਘ ਨੇ 91.6 ਅੰਕ ਪ੍ਰਾਪਤ ਕਰਕੇ ਪਹਿਲਾ ਸਥਾਨ ਹਾਸਲ ਕੀਤਾ। ਡਿਪਸ ਚੇਨ ਦੇ ਐਮ.ਡੀ ਤਰਵਿੰਦਰ ਸਿੰਘ, ਸੀ.ਏ.ਓ ਰਮਨੀਕ ਸਿੰਘ, ਜਸ਼ਨ ਸਿੰਘ ਅਤੇ ਸੀ.ਈ.ਓ ਮੋਨਿਕਾ ਮੰਡੋਤਰਾ ਨੇ ਚੰਗੇ ਅੰਕ ਪ੍ਰਾਪਤ ਕਰਨ ਵਾਲੇ ਵਿਦਿਆਰਥੀਆਂ ਨੂੰ ਵਧਾਈ ਦਿੱਤੀ ਅਤੇ ਬਾਕੀ ਵਿਦਿਆਰਥੀਆਂ ਨੂੰ ਵੀ ਅਗਲੀ ਪ੍ਰੀਖਿਆ ਵਿੱਚ ਹੋਰ ਵੀ ਵਧੀਆ ਅੰਕ ਪ੍ਰਾਪਤ ਕਰਨ ਲਈ ਪ੍ਰੇਰਿਤ ਕੀਤਾ। ਜੀ.ਬੀ.ਪਬਲਿਕ ਸਕੂਲ ਢਿਲਵਾਂ ਤੋਂ ਆਰਟਸ ਵਿੱਚ ਹਰਪ੍ਰੀਤ ਨੇ 91.2, ਕਾਮਰਸ ਵਿੱਚ ਨੈਨਾ ਨੇ 90.4, ਕਾਮਿਨੀ , ਹਰਮਨਦੀਪ ਕੌਰ ਨੇ 90.2, ਜੀ.ਬੀ.ਬੈਗੋਵਾਲ ਤੋਂ ਆਰਟਸ ਵਿੱਚ ਸੁਖਮੀਤ ਕੌਰ ਨੇ 90., ਜੀ.ਬੀ.ਪਬਲਿਕ ਸਕੂਲ ਢਿਲਵਾਂ ਤੋਂ ਮਨਜੀਤ ਕੌਰ ਨੇ ਆਰਟਸ ਵਿੱਚ 89.8, ਬਲਜੀਤ ਕੌਰ, ਹਰਮਨਜੀਤ ਸਿੰਘ, ਜੀ.ਬੀ.ਬਾਗੋਵਾਲ ਤੋਂ ਹਰਪ੍ਰੀਤ ਕੌਰ ਨੇ 89.4 ਅੰਕ, ਜੀ.ਬੀ.ਪਬਲਿਕ ਸਕੂਲ ਢਿਲਵਾਂ ਕਾਮਰਸ ਵਿੱਚੋਂ ਪਲਵਿੰਦਰ ਕੌਰ ਨੇ, ਤਨੂਸ ਨੇ 89.2, ਜੀਬੀ ਬੇਗੋਵਾਲ ਤੋਂ ਸੁਖਦੀਪ ਕੌਰ ਨੇ ਮੈਡੀਕਲ ਵਿੱਚ 89, ਜੀਬੀ ਪਬਲਿਕ ਸਕੂਲ ਢਿਲਵਾਂ ਤੋਂ ਕਾਮਰਸ ਵਿੱਚ ਰਮਨਦੀਪ ਕੌਰ, ਹਰਮਨਪ੍ਰੀਤ ਕੌਰ, ਜੀਬੀ ਬੇਗੋਵਾਲ ਤੋਂ ਨਾਨ ਮੈਡਿਕਲ ਵਿੱਚ ਸੰਦੀਪ ਕੌਰ ਨੇ 88.8, ਆਰਟਸ 'ਚ ਪਰਮਿੰਦਰ ਕੌਰ ਨੇ 88.6, ਜੀ.ਬੀ.ਪਬਲਿਕ ਸਕੂਲ ਢਿਲਵਾਂ ਤੋਂ ਕਾਮਰਸ 'ਚ ਕੋਮਲਪ੍ਰੀਤ, ਹਰਨੂਰ ਕੌਰ ਨੇ 88.2, ਜੀ.ਬੀ.ਬਾਗੋਵਾਲ ਤੋਂ ਆਰਟਸ 'ਚ ਕੋਮਲਪ੍ਰੀਤ ਕੌਰ ਨੇ 87.6, ਜੀ.ਬੀ.ਢਿੱਲਵਾਂ ਤੋਂ ਆਰਟਸ 'ਚ ਪ੍ਰਿਆ ,ਕਾਮਰਸ 'ਚ ਮੀਨਲ, ਨਾਨ ਮੈਡੀਕਲ 'ਚੋਂ ਜੀ.ਬੀ.ਬਾਗੋਵਾਲ ਤੋਂ ਮਨਦੀਪ ਕੌਰ ਨੇ ਆਰਟਸ 'ਚੋਂ 87.4, ਆਰਟਸ 'ਚੋਂ ਮਨਪ੍ਰੀਤ ਕੌਰ, ਕਾਜਲ ਨੇ 87.2, ਨਵਜੋਤ ਸਿੰਘ ਨੇ 86.6, ਜੀ.ਬੀ.ਪਬਲਿਕ ਸਕੂਲ ਢਿਲਵਾਂ ਤੋਂ ਨਵਦੀਪ 86.2, ਕਾਮਰਸ 'ਚ ਦੀਆ, ਜੀ.ਬੀ.ਬਾਗੋਵਾਲ ਨਾਨ ਮੈਡੀਕਲ 'ਚੋਂ ਪਲਕਪ੍ਰੀਤ ਕੌਰ ਨੇ 85.6, ਜੀ.ਬੀ. ਸਕੂਲ ਪਬਲਿਕ ਢਿਲਵਾਂ ਵਿੱਚੋਂ ਨੀਲਮ, ਸਿਮਰਨਪ੍ਰੀਤ ਕੌਰ ਨੇ ਕਾਮਰਸ ਵਿੱਚੋਂ 85 ਫੀਸਦੀ ਅੰਕ ਪ੍ਰਾਪਤ ਕੀਤੇ।

ਫਾਰਮੇਸੀ ਕਾਲਜ ਬੇਲਾ ਨੇ ਇੱਕ ਪੇਟੈਂਟ ਪ੍ਰਾਪਤ ਕੀਤਾ

ਸ੍ਰੀ ਚਮਕੌਰ ਸਾਹਿਬ (ਕੁਲਵਿੰਦਰ ਕਾਲਾ)- ਅਮਰ ਸ਼ਹੀਦ ਬਾਬਾ ਅਜੀਤ ਸਿੰਘ ਜੁਝਾਰ ਸਿੰਘ ਮੈਮੋਰੀਅਲ (ਆਟੋਨੋਮਸ) ਕਾਲਜ ਆਫ ਫਾਰਮੇਸੀ ਬੇਲਾ ਨੇ ਆਪਣੀ ਨਵੀਂ ਕਾਢ ਲਈ ਯੂਕੇ ਦਾ ਪੇਟੈਂਟ ਪ੍ਰਾਪਤ ਕੀਤਾ ਹੈ। ਫਾਰਮਾਕੋਲੋਜੀ ਵਿਭਾਗ ਤੋਂ ਡਾ. ਰਾਹੁਲ ਕੁਮਾਰ ਸ਼ਰਮਾ ਅਤੇ ਉਨ੍ਹਾਂ ਦੀ ਪੂਰੀ ਟੀਮ ਨੇ ਐਕਟੋਫੋਮੀਟਰ ਦੇ ਨਵੇਂ ਡਿਜ਼ਾਈਨ ਲਈ ਯੂ.ਕੇ. ਦਾ ਪੇਟੈਂਟ ਪ੍ਰਾਪਤ ਕੀਤਾ। ਦਿੱਤਾ। ਇਹ ਇੱਕ ਕਮਾਲ ਦੀ ਪ੍ਰਾਪਤੀ ਹੈ, ਜੋ ਉਨ੍ਹਾਂ ਦੀ ਸਖਤ ਮਿਹਨਤ ਅਤੇ ਨਿਵੇਕਲੀ ਸੋਚ ਦਾ ਪ੍ਰਮਾਣ ਹੈ। ਵਿਗਿਆਨਕ ਅਤੇ ਤਕਨੀਕੀ ਖੇਤਰਾਂ ਨੂੰ ਅੱਗੇ ਵਧਾਉਣ ਵਿੱਚ ਨਵੀਨਤਾ ਮੁੱਖ ਭੂਮਿਕਾ ਨਿਭਾਉਂਦੀ ਹੈ, ਅਤੇ ਇਹ ਪ੍ਰਾਪਤੀ ਟੀਮ ਦੇ ਸਮਰਪਣ ਅਤੇ ਮਹਾਰਤ ਨੂੰ

ਮਹਾਰਾਜਾ ਜੱਸਾ ਸਿੰਘ ਰਾਮਗੜ੍ਹੀਆ ਐਸੋਸੀਏਸ਼ਨ ਵੱਲੋਂ ਸੇਹਰਾ ਦਾ ਸਨਮਾਨ

ਕਰਤਾਰਪੁਰ,(ਹਰਮੇਸ਼ ਦੱਤ)- ਮਹਾਰਾਜਾ ਜੱਸਾ ਸਿੰਘ ਰਾਮਗੜ੍ਹੀਆ ਸਿੱਖਿਆ ਸਕੂਲ ਦੇ ਮੁਖੀ ਮਹਿੰਦਰਪਾਲ ਸਿੰਘ ਸੇਹਰਾ ਦੇ ਸ਼ਾਨਦਾਰ ਯੋਗਦਾਨ ਲਈ ਰਾਮਗੜ੍ਹੀਆ ਵੈਲਫੇਅਰ ਐਸੋਸੀਏਸ਼ਨ ਕਰਤਾਰਪੁਰ ਵੱਲੋਂ ਪ੍ਰਧਾਨ ਸਤਨਾਮ ਸਿੰਘ ਵਿਰਦੀ, ਸਰਪ੍ਰਸਤ ਸੇਵਾ ਸਿੰਘ ਦੀ ਦੇਖ-ਰੇਖ ਹੇਠ ਯਾਦਗਾਰੀ ਚਿੰਨ੍ਹ ਦੇ ਕੇ ਸਨਮਾਨਤ ਕੀਤਾ ਗਿਆ। ਮਹਿੰਦਰਪਾਲ ਸਿੰਘ ਸੇਹਰਾ ਨੇ ਸਾਰਿਆਂ ਦਾ ਧੰਨਵਾਦ ਕਰਦਿਆਂ ਕਿਹਾ ਕਿ ਉਹ ਭਾਈਚਾਰਕ ਸਾਂਝ ਦੇ ਕੰਮਾਂ ਵਿੱਚ ਹਮੇਸ਼ਾ ਆਪਣਾ ਯੋਗਦਾਨ ਪਾਉਂਦੇ ਰਹਿਣਗੇ।

ਇਸ ਮੌਕੇ ਸਰਪੰਚ ਸੇਵਾ ਸਿੰਘ, ਪ੍ਰਧਾਨ ਸਤਨਾਮ ਸਿੰਘ ਵਿਰਦੀ, ਸੰਨੀ ਸੇਹਰਾ, ਮਾਸਟਰ ਅਮਰੀਕ ਸਿੰਘ, ਅਮਰਜੀਤ ਸਿੰਘ ਭੰਵਰਾ, ਲਖਬੀਰ ਸਿੰਘ, ਰਣਜੀਤ ਸਿੰਘ, ਹਰਜੀਤ ਸਿੰਘ ਫੁੱਲ ਆਦਿ ਹਾਜ਼ਰ ਸਨ।

31 ਮਾਰਚ 2023 ਨੂੰ ਖ਼ਤਮ ਹੋਈ ਤਿਮਾਹੀ ਤੇ ਸਾਲ ਲਈ ਸਟੈਂਡਲੋਨ ਆਡਿਟਸ਼ੁਦਾ ਮਾਲੀ ਨਤੀਜਿਆਂ ਦਾ ਸਾਰ

(ਰਕਮ ਲੱਖਾਂ 'ਚ ਸਿਵਾਏ ਈ ਪੀ ਐੱਸ ਡਾਟਾ)

ਲੜੀ ਨੰ:	ਵੇਰਵੇ	ਤਿਮਾਹੀ ਖਤਮ	ਤਿਮਾਹੀ ਖਤਮ	ਤਿਮਾਹੀ ਖਤਮ	ਸਾਲ ਖਤਮ	ਸਾਲ ਖਤਮ
		31.03.2023	31.12.2022	31.03.2022	31.03.2023	31.03.2022
		(ਪੜਤਾਲੇ)	(ਅਣ-ਪੜਤਾਲੇ)	(ਪੜਤਾਲੇ)	(ਪੜਤਾਲੇ)	(ਪੜਤਾਲੇ)
1.	ਕਾਰੋਬਾਰਾਂ (ਨੈੱਟ) ਤੋਂ ਕੁੱਲ ਆਮਦਨ	35716.90	35388.78	30962.48	138734.63	93249.03
2.	ਸਮੇਂ ਲਈ ਸ਼ੁੱਧ ਲਾਭ (ਟੈਕਸ ਤੋਂ ਪਹਿਲਾਂ, ਅਸਧਾਰਨ ਅਤੇ/ਜਾਂ ਗੈਰ ਸਧਾਰਨ ਆਇਟਮਾਂ)	5018.24	5013.32	3009.84	15720.04	8704.54
3.	ਟੈਕਸ ਤੋਂ ਪਹਿਲਾਂ ਸਮੇਂ ਲਈ ਸ਼ੁੱਧ ਲਾਭ (ਖਾਸ ਅਤੇ/ਜਾਂ ਅਸਧਾਰਨ ਆਈਟਮਾਂ ਮਗਰੋਂ)	5018.24	5013.32	3009.84	15720.04	8704.54
4.	ਟੈਕਸ ਮਗਰੋਂ ਸਮੇਂ ਲਈ ਸ਼ੁੱਧ ਲਾਭ (ਖਾਸ ਅਤੇ/ਜਾਂ ਅਸਧਾਰਨ ਆਈਟਮਾਂ ਮਗਰੋਂ)	3773.94	3746.14	2248.34	11766.79	6497.79
5.	ਸਮੇਂ ਲਈ ਕੁੱਲ ਵਿਆਪਕ ਆਮਦਨ	3773.94	3746.14	2248.34	11766.79	6497.79
6.	ਇਕੁਇਟੀ ਸ਼ੇਅਰ ਕੈਪੀਟਲ	1034.67	1034.67	1034.67	1034.67	1034.67
7.	ਰਿਜ਼ਰਵਜ਼ (ਰੀਵੈਲੂਏਸ਼ਨ ਰਿਜ਼ਰਵ ਤੋਂ ਬਗੈਰ)				59811.01	39920.55
8.	ਕਮਾਈ ਪ੍ਰਤੀ ਸ਼ੇਅਰ (ਰੁ: 2/- ਹਰੇਕ) (ਚਾਲੂ ਕੀਤੇ ਅਤੇ ਬੰਦ ਕੀਤੇ ਕਾਰੋਬਾਰਾਂ ਲਈ) *					
	ਬੇਸਿਕ	7.33	7.23	4.35	22.76	12.57
	ਡਿਲਿਊਟਡ	7.33	7.23	4.35	22.76	12.57

ਉਪਰੋਕਤ, ਨਤੀਜੇ ਸੇਬੀ (ਲਿਸਟਿੰਗ ਆਬਲੀਗੇਸ਼ਨਜ਼ ਐਂਡ ਡਿਸਕਲੋਜ਼ਰ ਰਿਕੁਆਇਰਮੈਂਟਸ) ਰੈਗੂਲੇਸ਼ਨਜ਼ 2015 ਦੇ ਰੈਗੂਲੇਸ਼ਨ 33 ਤਹਿਤ 31.03.2023 ਨੂੰ ਖਤਮ ਹੋਈ ਚੌਥੀ ਤਿਮਾਹੀ ਅਤੇ ਸਾਲ ਦੇ ਸਟੈਂਡਲੋਨ ਆਡਿਟਸ਼ੁਦਾ ਵਿੱਤੀ ਨਤੀਜਿਆਂ ਦੀ ਸਟਾਕ ਐਕਸਚੇਂਜਜ਼ (ਬੀ ਐੱਸ ਈ ਤੇ ਐੱਨ ਐੱਸ ਈ) ਨੂੰ ਫਾਈਲ ਕੀਤਾ ਸਟੇਟਮੈਂਟ ਦੇ ਵਿਸਥਾਰਤ ਫਾਰਮਟ ਦਾ ਸਾਰ ਹੈ। 31.03.2023 ਨੂੰ ਖਤਮ ਹੋਈ ਚੌਥੀ ਤਿਮਾਹੀ ਅਤੇ ਸਾਲ ਦੇ ਸਟੈਂਡਲੋਨ ਆਡਿਟਸ਼ੁਦਾ ਵਿੱਤੀ ਨਤੀਜਿਆਂ ਦੀ ਸਟੇਟਮੈਂਟ ਦਾ ਪੂਰਾ ਫਾਰਮਟ, ਬੀ ਐੱਸ ਈ ਦੀ ਸਟਾਕ ਐਕਸਚੇਂਜਜ਼ ਵੈੱਬਸਾਈਟ (www.bseindia.com) ਅਤੇ ਐੱਨ ਐੱਸ ਈ ਵੈੱਬਸਾਈਟ (www.nseindia.com) ਨਾਲ ਹੀ ਕੰਪਨੀ ਦੀ ਵੈੱਬਸਾਈਟ (www.clsel.in) 'ਤੇ ਉਪਲੱਬਧ ਹੈ।

ਡਾਇਰੈਕਟਰਾਂ ਦੇ ਬੋਰਡ ਨੇ 31.3.2023 ਨੂੰ ਖਤਮ ਹੋਏ ਸਾਲ ਵਾਸਤੇ @ 50% ਅਰਥਾਤ ਰੁਪਏ 1 ਹਰੇਕ ਇਕੁਇਟੀ ਸ਼ੇਅਰ ਲਈ ਡਿਵੀਡੈਂਡ ਦੀ ਸਿਫਾਰਸ਼ ਕੀਤੀ ਹੈ, ਜੋ ਕਿ ਕੰਪਨੀ ਦੀ ਹੋਣ ਵਾਲੀ ਸਾਲਾਨਾ ਜਨਰਲ ਮੀਟਿੰਗ 'ਚ ਸ਼ੇਅਰ ਹੋਲਡਰਾਂ ਦੀ ਮਰਜ਼ੀ 'ਤੇ ਨਿਰਭਰ ਹੈ।

ਵਾਸਤੇ ਚਮਨ ਲਾਲ ਸੇਤੀਆ ਐਕਸਪੋਰਟਸ ਲਿਮ:
(ਰਾਜੀਵ ਸੇਤੀਆ)
ਜਾਇੰਟ ਮੈਨੇਜਿੰਗ ਡਾਇਰੈਕਟਰ ਅਤੇ ਸੀ ਐੱਫ ਓ
(ਡੀ ਆਈ ਐੱਨ 01125921)

ਸਥਾਨ : ਗੁਰੂਗ੍ਰਾਮ
ਮਿਤੀ : 26.05.2023

ਚਮਨ ਲਾਲ ਸੇਤੀਆ ਐਕਸਪੋਰਟਸ ਲਿਮ:
(ਸਰਕਾਰ ਵੱਲੋਂ ਮਾਨਤਾ ਪ੍ਰਾਪਤ ਸਟਾਰ ਐਕਸਪੋਰਟ ਹਾਊਸ) ਸੀ ਆਈ ਐੱਨ : L51909PB 1994 PLC015083

Maharani Basmati Rice | Zafar | GREEN World | Mithas Reserve Basmati Rice | Roopalee | Begum

Regd. Office: Meerankot Road, P.O. Central Jail, Ajnala Road, AMRITSAR-143002 (INDIA)
Corpt. Office: 472, Udyog Vihar Phase 3, Gurugram RICE MILLS: Karnal - Kaithal Road| Gujarat - Gandhidham
Ph: +91 124 4745900 E-mail: clsetia@rediffmail.com Website: www.clsel.in, www.maharanirice.in

ਮਾਪਿਆਂ ਦਾ ਨਾਂਅ ਰੌਸ਼ਨ ਕੀਤਾ



ਮਾਹਿਲਪੁਰ / (ਸਫਰੀ) - ਐਸ ਜੀ ਜੀ ਐਸ ਖਾਲਸਾ ਕਾਲਜ ਮਾਹਿਲਪੁਰ ਦੀ ਵਿਦਿਆਰਥਣ ਅੰਛਿਤਾ ਅਰੋੜਾ ਨੇ +2 ਵਿਚੋਂ 87. 2% ਅੰਕ ਪ੍ਰਾਪਤ ਕਰਕੇ ਸ਼ਾਨਦਾਰ ਸਥਾਨ ਪ੍ਰਾਪਤ ਕੀਤਾ। ਇਸੇ ਤਰ੍ਹਾਂ ਅੰਛਿਕਾ ਅਰੋੜਾ ਨੇ +2 ਆਰਟਸ ਅੰਗਰੇਜੀ ਵਿਚੋਂ ਵਧੀਆ ਅੰਕ ਪ੍ਰਾਪਤ ਕਰਕੇ ਆਪਣੇ ਕਾਲਜ ਅਤੇ ਮਾਪਿਆਂ ਦਾ ਨਾਂਅ ਰੌਸ਼ਨ ਕੀਤਾ ।

ਸ੍ਰੀ ਗੁਰੂ ਤੇਗ ਬਹਾਦਰ ਪਬਲਿਕ ਸਕੂਲ ਦਾ ਨਤੀਜਾ ਸ਼ਾਨਦਾਰ

ਭੋਗਪੁਰ। (ਕੁਲਵੀਰ ਸਿੰਘ ਕਾਹਲੋਂ)- ਦਸਵੀਂ ਜਮਾਤ ਦੇ ਸੀ.ਬੀ.ਐਸ.ਈ ਦੇ ਐਲਾਨੇ ਗਏ ਨਤੀਜਿਆਂ ਵਿੱਚ ਸ੍ਰੀ ਗੁਰੂ ਤੇਗ ਬਹਾਦਰ ਪਬਲਿਕ ਸਕੂਲ ਸਨੌਰਾ ਦੇ ਵਿਦਿਆਰਥੀਆਂ ਨੇ ਮੱਲਾਂ ਮਾਰੀਆਂ। ਹਰਸਿਮਰਨਜੀਤ ਸਿੰਘ ਨੇ 92.6%, ਯੁਵਰਾਜ ਸੰਧੂ ਨੇ 91%, ਮਨਦੀਪ ਕੌਰ ਨੇ 87.8%, ਹਰਜੋਤ ਸਿੰਘ ਨੇ 87.2%, ਜੈਸਮੀਨ ਕੌਰ ਅਤੇ ਗੁਰਲੀਨ ਕੌਰ ਨੇ 86.4% ਅੰਕ ਹਾਸਲ ਕਰਕੇ ਸਕੂਲ ਦਾ ਨਾਂਅ ਰੋਸ਼ਨ ਕੀਤਾ। ਸਕੂਲ ਚੇਅਰਮੈਨ ਸੁਖਜਿੰਦਰ ਸਿੰਘ ਅਤੇ ਪ੍ਰਿੰਸੀਪਲ ਨਵਦੀਪ ਕੌਰ ਨੇ ਅੱਵਲ ਰਹੇ ਵਿਦਿਆਰਥੀਆਂ ਨੂੰ ਵਧਾਈ ਦਿੱਤੀ ਅਤੇ ਭਵਿੱਖ ਲਈ ਸ਼ੁੱਭਕਾਮਨਾਵਾਂ ਦਿੱਤੀਆਂ।

ਦਲਿਤ ਵਿਦਿਆਰਥੀ ਨੂੰ ਇੰਸਟੀਚਿਊਟ 'ਚੋਂ ਬਾਹਰ ਕੱਢਣ ਦੀ ਸਖਤ ਨਿਖੇਧੀ

ਚੰਡੀਗੜ੍ਹ- ਪੰਜਾਬ ਸਟੂਡੈਂਟਸ ਯੂਨੀਅਨ ਵੱਲੋਂ ਐੱਫ ਟੀ ਆਈ ਆਈ (ਫਿਲਮ ਐਂਡ ਟੈਲੀਵਿਜ਼ਨ ਇੰਸਟੀਚਿਊਟ ਆਫ ਇੰਡੀਆ) ਪੂਨੇ ਵਿਖੇ ਦਲਿਤ ਵਿਦਿਆਰਥੀ ਨੂੰ ਹਾਜ਼ਰੀ ਘੱਟ ਹੋਣ ਕਾਰਨ ਇੰਸਟੀਚਿਊਟ ਚੋਂ ਬਾਹਰ ਕੱਢਣ ਦੀ ਸਖਤ ਨਿਖੇਧੀ ਕਰਦਿਆਂ ਮੰਗ ਕਰਦੀ ਹੈ ਕਿ ਵਿਦਿਆਰਥੀ ਨਾਲ ਜਾਤੀ ਵਿਤਕਰਾ ਛੱਡ ਤੁਰੰਤ ਬਹਾਲ ਕੀਤਾ ਜਾਵੇ। ਇਸ ਮੌਕੇ ਪੀ ਐੱਸ ਯੂ ਦੇ ਸੂਬਾ ਪ੍ਰਧਾਨ ਰਣਵੀਰ ਸਿੰਘ ਰੰਧਾਵਾ, ਜਨਰਲ ਸਕੱਤਰ ਅਮਨਦੀਪ ਸਿੰਘ ਖਿਓਵਾਲੀ ਅਤੇ ਪ੍ਰੈਸ ਸਕੱਤਰ ਮੰਗਲਜੀਤ ਪੰਡੋਰੀ ਨੇ ਕਿਹਾ ਕਿ ਪਹਿਲਾਂ ਪੰਜ ਵਿਦਿਆਰਥੀਆਂ ਨੂੰ ਇੰਸਟੀਚਿਊਟ 'ਚ ਘੱਟ ਹਾਜ਼ਰੀਆਂ ਹੋਣ ਕਰਕੇ ਬਾਹਰ ਕੱਢ ਦਿੱਤਾ ਗਿਆ ਸੀ। ਚਾਰ ਵਿਦਿਆਰਥੀਆਂ ਨੂੰ ਤਾਂ ਬਾਅਦ ਵਿਚ ਬਹਾਲ ਕਰ ਦਿੱਤਾ ਗਿਆ ਪਰ ਦਲਿਤ ਵਿਦਿਆਰਥੀ ਨੂੰ ਜਾਤ-ਪਾਤ ਕਾਰਨ ਬਹਾਲ ਨਹੀਂ ਕੀਤਾ ਜਦਕਿ ਉਸ ਨੇ ਵੀ ਬਾਕੀ ਵਿਦਿਆਰਥੀਆਂ ਵਾਂਗ ਆਪਣੀਆਂ ਘੱਟ ਹਾਜ਼ਰੀਆਂ ਦੇ ਕਾਰਨ ਨੂੰ ਠੋਸ ਰੂਪ 'ਚ ਰੱਖਿਆ ਸੀ। ਉਸ ਨੇ ਆਪਣੇ ਬਿਮਾਰ ਹੋਣ ਦਾ ਮੈਡੀਕਲ ਸਰਟੀਫਿਕੇਟ ਵੀ ਦਿੱਤਾ । ਪਰ ਜਾਤੀ ਹੰਕਾਰ ਨਾਲ ਭਰੇ ਪ੍ਰਸ਼ਾਸਨ ਵੱਲੋਂ ਉਸ ਨੂੰ ਬਹਾਲ ਨਹੀਂ ਕੀਤਾ ਗਿਆ। ਜਿਸ ਖਿਲਾਫ ਵਿਦਿਆਰਥੀਆਂ ਵੱਲੋਂ ਪਹਿਲਾਂ ਸ਼ਾਂਤਮਈ ਮਹੀਨਾ ਭਰ ਪ੍ਰਦਰਸ਼ਨ ਕੀਤਾ ਗਿਆ, ਹੁਣ ਵਿਦਿਆਰਥੀ ਇਨਸਾਫ ਲਈ ਮਰਨ ਵਰਤ 'ਤੇ ਬੈਠੇ ਹਨ। ਯੂਨੀਅਨ ਵਿਦਿਆਰਥੀਆਂ ਦੇ ਸੰਘਰਸ਼ ਦੀ ਹਮਾਇਤ ਕਰਦੀ ਹੈ ਤੇ ਮੰਗ ਕਰਦੀ ਹੈ ਕਿ ਦਲਿਤ ਵਿਦਿਆਰਥੀ ਨੂੰ ਤੁਰੰਤ ਬਹਾਲ ਕੀਤਾ ਜਾਵੇ।

ਨਜਾਇਜ਼ ਸ਼ਰਾਬ ਸਮੇਤ ਕਾਬੂ

ਨਵਾਂਸ਼ਹਿਰ (ਮਨੋਜ ਲਾਡੀ) ਸਥਾਨਕ ਪੁਲਸ ਨੇ ਨਾਜਾਇਜ਼ ਸ਼ਰਾਬ ਸਮੇਤ ਇੱਕ ਵਿਅਕਤੀ ਖਿਲਾਫ ਮਾਮਲਾ ਦਰਜ ਕੀਤਾ । ਏ ਐਸ ਆਈ ਵਿਜੇ ਕੁਮਾਰ ਵਲੋਂ ਆਪਣੇ ਸਾਥੀਆਂ ਸਮੇਤ ਲਿੰਕ ਰੋਡ ਸਾਸੀ ਕਾਲੋਨੀ ਲੰਗੜੋਆ ਨਜਦੀਕ ਇੱਕ ਚਿੱਟੇ ਰੰਗ ਦੀ ਕਾਰ ਸਵਿਫਟ ਆਈ ਨੂੰ ਰੁਕਣ ਦਾ ਇਸ਼ਾਰਾ ਕੀਤਾ ਗਿਆ ਪਰ ਕਾਰ ਦਾ ਡਰਾਈਵਰ ਆਪਣੀ ਕਾਰ ਨੂੰ ਪਿੱਛੇ ਮੋੜਨ ਲੱਗਾ ਤਾਂ ਕਾਰ ਅਚਾਨਕ ਬੰਦ ਹੋ ਗਈ। ਸਾਥੀ ਕਰਮਚਾਰੀਆਂ ਦੀ ਮਦਦ ਨਾਲ ਉਕਤ ਕਾਰ ਡਰਾਇਵਰ ਨੂੰ ਕਾਬੂ ਕਰਕੇ ਨਾਂਅ ਪਤਾ ਪੁੱਛਿਆ ਜਿਸਨੇ ਆਪਣੀ ਪਹਿਚਾਣ ਜਸਕੀਰਤ ਸਿੰਘ ਪੁੱਤਰ ਪ੍ਰਿਤਪਾਲ ਸਿੰਘ ਵਾਸੀ ਬਗੋਰਾ ਥਾਣਾ ਸਦਰ ਨਵਾਂਸ਼ਹਿਰ ਦੱਸੀ। ਕਾਰ ਦੀ ਤਲਾਸ਼ੀ ਲੈਣ 'ਤੇ ਡਿੱਗੀ 'ਚੋਂ 34 ਬੋਤਲਾਂ ਸ਼ਰਾਬ ਮਾਰਕਾ ਪੰਜਾਬ ਫਸਟ ਚੁਆਇਸ ਬਰਾਮਦ ਹੋਈਆਂ। ਪੁਲਸ ਵਲੋਂ ਕਥਿਤ ਦੋਸ਼ੀ 'ਤੇ ਮਾਮਲਾ ਦਰਜ ਕੀਤਾ ਗਿਆ।

ਲਾਇਲਪੁਰ ਖ਼ਾਲਸਾ ਕਾਲਜ ਵਿਖੇ ਸ੍ਰੀ ਗੁਰੂ ਅਰਜਨ ਦੇਵ ਜੀ ਦਾ ਸ਼ਹੀਦੀ ਦਿਹਾੜਾ ਮਨਾਇਆ

ਜਲੰਧਰ (ਸ਼ੈਲੀ ਐਲਬਰਟ)- ਲਾਇਲਪੁਰ ਖ਼ਾਲਸਾ ਕਾਲਜ ਜਲੰਧਰ ਵਿਖੇ ਪੰਚਮ ਪਾਤਸ਼ਾਹ ਸ਼ਹੀਦਾਂ ਦੇ ਸਰਤਾਜ ਸ੍ਰੀ ਗੁਰੂ ਅਰਜਨ ਦੇਵ ਜੀ ਦਾ ਸ਼ਹੀਦੀ ਦਿਹਾੜਾ ਬੜੀ ਸ਼ਰਧਾ ਅਤੇ ਸਤਿਕਾਰ ਨਾਲ ਮਨਾਇਆ ਗਿਆ । ਪਹਿਲਾਂ ਕਾਲਜ ਦੇ ਗੁਰਦੁਆਰਾ ਸਾਹਿਬ ਵਿਖੇ ਸਹਿਜ ਪਾਠ ਦੇ ਭੋਗ ਪਾਏ ਗਏ । ਇਸ ਉਪਰੰਤ ਕਾਲਜ ਦੇ ਵਿਦਿਆਰਥੀ ਸ਼ਰਨਦੀਪ ਸਿੰਘ ਸੋਢੀ, ਅੰਤਰ ਪ੍ਰੀਤ ਸਿੰਘ ਅਤੇ ਪ੍ਰੋ. ਗੁਨਵੀਰ ਸਿੰਘ ਦੁਆਰਾ ਕੀਰਤਨ ਕੀਤਾ ਗਿਆ ਅਤੇ ਫਿਰ ਕਾਲਜ ਦੇ ਗੇਟ 'ਤੇ ਆਉਂਦੀਆਂ ਜਾਂਦੀਆਂ ਸੰਗਤਾਂ ਨੂੰ ਸੇਵਾਦਾਰਾਂ ਵੱਲੋਂ ਸਤਿਕਾਰ ਨਾਲ ਸ਼ੀਤਲ ਮਿੱਠੇ ਜਲ ਤੇ ਪ੍ਰਸ਼ਾਦ ਵੰਡ ਕੇ ਪੰਚਮ ਪਾਤਸ਼ਾਹ ਨੂੰ ਆਪਣੀ ਸ਼ਰਧਾ ਦੇ ਫੁੱਲ ਭੇਂਟ ਕੀਤੇ।ਗੁਰੂ ਕਾ ਅਤੁੱਟ ਲੰਗਰ ਵਰਤਾਇਆ ਗਿਆ। ਇਸ ਸਮੇਂ ਕਾਲਜ ਦੇ ਪ੍ਰਧਾਨ ਬਲਬੀਰ ਕੌਰ, ਪ੍ਰਬੰਧਕ ਕਮੇਟੀ ਦੇ ਮੈਂਬਰਾਨ, ਪ੍ਰਿੰਸੀਪਲ ਪ੍ਰੋ. ਜਸਰੀਨ ਕੌਰ, ਸਮੂਹ ਸਟਾਫ ਅਤੇ ਵਿਦਿਆਰਥੀਆਂ ਨੇ ਬਹੁਤ ਸ਼ਰਧਾ ਨਾਲ ਸੇਵਾ ਨਿਭਾਈ। ਪ੍ਰਧਾਨ ਗਵਰਨਿੰਗ ਕੌਂਸਲ ਸਰਦਾਰਨੀ ਬਲਬੀਰ ਕੌਰ ਨੇ ਕਿਹਾ ਕਿ ਸ੍ਰੀ ਗੁਰੂ ਅਰਜਨ ਦੇਵ ਜੀ ਦੀਆਂ ਸਿੱਖਿਆਵਾਂ ਸਮਾਜ ਵਿਚ ਸੇਵਾ ਅਤੇ ਕੁਰਬਾਨੀ ਵਰਗੀਆਂ ਕਦਰਾਂ-ਕੀਮਤਾਂ ਨੂੰ ਬਰਕਰਾਰ ਰੱਖਦੀਆਂ ਹਨ ਅਤੇ ਇਹ ਹਰ ਸਮੇਂ ਪ੍ਰਸੰਗਿਕ ਹਨ । ਪ੍ਰਿੰਸੀਪਲ ਪ੍ਰੋ. ਜਸਰੀਨ ਕੌਰ ਨੇ ਕਿਹਾ ਕਿ ਕਾਲਜ ਆਪਣੀਆਂ ਰਿਵਾਇਤਾਂ ਨੂੰ ਕਾਇਮ ਰੱਖਦੇ ਹੋਏ ਨੌਜਵਾਨਾਂ ਨੂੰ ਸਿੱਖ ਧਰਮ ਦੀ ਰਹਿਤ ਮਰਿਆਦਾ ਨਾਲ ਜੋੜਨ ਲਈ ਅਜਿਹੇ ਸਮਾਗਮ ਕਰਦਾ ਆ ਰਿਹਾ ਹੈ ਅਤੇ ਭੱਵਿਖ ਵਿਚ ਵੀ ਕਰਦਾ ਰਹੇਗਾ।

ਪਲੇਸਮੈਂਟ ਕੈਂਪ 'ਚ 17 ਉਮੀਦਵਾਰਾਂ ਦੀ ਰੁਜ਼ਗਾਰ ਲਈ ਚੋਣ

ਜਲੰਧਰ, (ਸੁਰਿੰਦਰ ਕੁਮਾਰ) ਜ਼ਿਲ੍ਹਾ ਰੁਜ਼ਗਾਰ ਅਤੇ ਕਾਰੋਬਾਰ ਬਿਊਰੋ (ਡੀ ਬੀ ਈ ਈ) ਵੱਲੋਂ ਆਪਣੇ ਦਫਤਰ ਵਿਖੇ ਲਗਾਏ ਗਏ ਪਲੇਸਮੈਂਟ ਕੈਂਪ 'ਚ 17 ਉਮੀਦਵਾਰਾਂ ਦੀ ਰੁਜ਼ਗਾਰ ਲਈ ਚੋਣ ਕੀਤੀ ਗਈ। ਰੁਜ਼ਗਾਰ ਉਤਪਤੀ, ਹੁਨਰ ਵਿਕਾਸ ਤੇ ਸਿਖਲਾਈ ਅਫਸਰ ਰਣਜੀਤ ਕੌਰ ਨੇ ਇਸ ਸੰਬੰਧੀ ਜਾਣਕਾਰੀ ਦਿੰਦਿਆਂ ਦੱਸਿਆ ਕਿ ਪਲੇਸਮੈਂਟ ਕੈਂਪ 'ਚ ਯੈੱਸ ਬੈਂਕ ਵਿਸ਼ਲ ਗਰੁੱਪ ਓ ਕੇ ਟੂਲਜ਼ ਅਤੇ ਕੇਨ ਗਰੋਸ ਵੱਲੋਂ ਸ਼ਿਰਕਤ ਕੀਤੀ ਗਈ ਅਤੇ 24 ਉਮੀਦਵਾਰਾਂ ਨੇ ਭਾਗ ਲਿਆ, ਜਿਨ੍ਹਾਂ 'ਚੋਂ 17 ਉਮੀਦਵਾਰਾਂ ਦੀ ਮੌਕੇ 'ਤੇ ਰੋਜ਼ਗਾਰ ਲਈ ਚੋਣ ਕੀਤੀ ਗਈ। ਰਣਜੀਤ ਕੌਰ ਨੇ ਕਿਹਾ ਕਿ ਜ਼ਿਲ੍ਹਾ ਪ੍ਰਸ਼ਾਸਨ ਦੀ ਅਗਵਾਈ ਵਿੱਚ ਜਿਲ੍ਹਾ ਰੁਜ਼ਗਾਰ ਤੇ ਕਾਰੋਬਾਰ ਬਿਊਰੋ ਵੱਲੋਂ ਨੌਜਵਾਨਾਂ ਨੂੰ ਰੋਜ਼ਗਾਰ ਦੇ ਵੱਧ ਤੋਂ ਵੱਧ ਮੌਕੇ ਮੁਹੱਈਆ ਕਰਵਾਉਣ ਲਈ ਸਮੇਂ-ਸਮੇਂ 'ਤੇ ਅਜਿਹੇ ਪਲੇਸਮੈਂਟ ਕੈਂਪ ਲਗਾਏ ਜਾਂਦੇ ਹਨ।